ਸ਼ੁੱਕਰਵਾਰ, 2 ਅਕਤੂਬਰ, 2026
16 ਅੱਸੂ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 122

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 2 OCTOBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

# ਮਾਵਾਂ-ਧੀਆਂ ਲਈ ਦੂਜੀ ਕਿਸ਼ਤ ਜਾਰੀ : ਮਾਨ

**ਗੋਇੰਦਵਾਲ/ਖਡੂਰ ਸਾਹਿਬ/ਤਰਨ ਤਾਰਨ (ਕਾਬਲ ਸਿੰਘ ਮੱਲ੍ਹੀ/ਸਰਬਜੀਤ ਸਿੰਘ ਸੰਧਾ/ਪ੍ਰਿਤਪਾਲ ਸਿੰਘ)**



ਪੰਜਾਬ ਸਰਕਾਰ ਦੀ 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਵੀਰਵਾਰ ਨੂੰ ਗੋਇੰਦਵਾਲ ਸਾਹਿਬ (ਤਰਨ ਤਾਰਨ) ਵਿਖੇ ਇੱਕ ਰਾਜ ਪੱਧਰੀ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਇਸ ਸਮਾਗਮ ਵਿੱਚ ਸ਼ਾਮਲ ਹੋਏ। ਮੁੱਖ ਮੰਤਰੀ ਨੇ ਇਸ ਯੋਜਨਾ ਤਹਿਤ ਪੰਜਾਬ ਦੀਆਂ ਲਗਭਗ 37 ਲੱਖ ਔਰਤਾਂ ਦੇ ਖਾਤਿਆਂ ਵਿੱਚ ਅਕਤੂਬਰ, ਨਵੰਬਰ ਅਤੇ ਦਸੰਬਰ ਦੀਆਂ ਕਿਸ਼ਤਾਂ ਜਾਰੀ ਕੀਤੀਆਂ। ਜਨਰਲ ਵਰਗ ਦੀਆਂ ਯੋਗ ਔਰਤਾਂ ਨੂੰ ਪ੍ਰਤੀ ਮਹੀਨਾ 1,000 ਰੁਪਏ ਪ੍ਰਾਪਤ ਹੋਏ, ਜਦੋਂ ਕਿ ਅਨੁਸੂਚਿਤ ਜਾਤੀਆਂ ਦੀਆਂ ਯੋਗ ਔਰਤਾਂ ਨੂੰ ਪ੍ਰਤੀ ਮਹੀਨਾ 1,500 ਰੁਪਏ ਪ੍ਰਾਪਤ ਹੋਏ। ਮੁੱਖ ਮੰਤਰੀ ਨੇ ਆਪਣੇ ਸੰਬੋਧਨ ਵਿਚ ਕਿਹਾ ਕਿ ਤਰਨ ਤਾਰਨ ਦੀ ਪਵਿੱਤਰ ਧਰਤੀ ਗੋਇੰਦਵਾਲ ਸਾਹਿਬ ਨੂੰ ਇਸ ਪ੍ਰੋਗਰਾਮ ਲਈ ਚੁਣਿਆ ਗਿਆ ਹੈ। ਸਰਕਾਰ ਦਾ ਕੰਮ ਲੋਕਾਂ ਤੋਂ ਟੈਕਸ ਇਕੱਠਾ ਕਰਨਾ ਅਤੇ ਉਹ ਪੈਸਾ ਵੱਖ-ਵੱਖ ਤਰੀਕਿਆਂ ਨਾਲ ਉਨ੍ਹਾਂ ਨੂੰ ਵਾਪਸ ਕਰਨਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਲੋਕਾਂ ਨੂੰ ਲਾਭ ਦੇਣ ਲਈ ਵੱਖ-ਵੱਖ ਪੱਧਰਾਂ 'ਤੇ ਕੰਮ ਕਰ ਰਹੀ ਹੈ। ਭਾਵੇਂ ਇਹ ਨੌਜਵਾਨਾਂ ਨੂੰ ਨੌਕਰੀਆਂ ਦੇਣਾ ਹੋਵੇ, ਮੁਫ਼ਤ ਬਿਜਲੀ ਦੀ ਸਪਲਾਈ ਹੋਵੇ ਜਾਂ ਕਿਸਾਨਾਂ ਦੇ ਖੇਤਾਂ ਨੂੰ ਨਹਿਰੀ ਪਾਣੀ ਦੇਣਾ ਹੋਵੇ, ਸਰਕਾਰ ਦਾ ਟੀਚਾ ਲੋਕਾਂ ਨੂੰ ਲਾਭ ਪ੍ਰਦਾਨ ਕਰਨਾ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਦੀਆਂ ਯੋਜਨਾਵਾਂ ਦਾ ਉਦੇਸ਼ ਸਿੱਧੇ ਤੌਰ 'ਤੇ ਲੋਕਾਂ ਨੂੰ ਲਾਭ ਪਹੁੰਚਾਉਣਾ ਹੈ।

ਜਲੰਧਰ ਵਿਖੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਭਾਸ਼ਣ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਅਮਿਤ ਸ਼ਾਹ ਨੇ ਜਲੰਧਰ ਵਿੱਚ ਆਪਣੇ ਪੂਰੇ ਭਾਸ਼ਣ ਦੌਰਾਨ ਮੈਨੂੰ ਨਿਸ਼ਾਨਾ ਬਣਾਇਆ ਜਦ ਕਿ ਪੰਜਾਬ ਸਰਕਾਰ, ਦੇਸ਼ ਦੀ ਸਭ ਤੋਂ ਵਧੀਆ ਕਾਰਗੁਜ਼ਾਰੀ ਵਾਲੀ ਸਰਕਾਰ ਹੈ ਅਤੇ ਹਰ ਖੇਤਰ ਵਿੱਚ ਮੋਹਰੀ ਹੈ।ਉਨ੍ਹਾਂ ਕਿਹਾ, "ਜੇ ਵਿਰੋਧੀ ਪਾਰਟੀਆਂ ਦੀ ਸਰਕਾਰ ਸੱਤਾ ਵਿੱਚ ਆਉਂਦੀ ਹੈ ਤਾਂ ਉਹ 'ਮਾਵਾਂ-ਧੀਆਂ ਸਤਿਕਾਰ ਯੋਜਨਾ', ਔਰਤਾਂ ਲਈ ਮੁਫ਼ਤ ਬੱਸ ਸਫ਼ਰ ਅਤੇ ਹੋਰ ਜਨਤਕ ਭਲਾਈ ਸਕੀਮਾਂ ਬੰਦ ਕਰ ਦੇਣਗੀਆਂ।" 'ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ' ਦੀ ਪਹਿਲੀ ਕਿਸ਼ਤ, ਤਿੰਨ ਮਹੀਨਿਆਂ ਦੀ ਰਕਮ ਜੁਲਾਈ 2026 ਵਿੱਚ ਜਾਰੀ ਕੀਤੀ ਗਈ ਸੀ। ਜਨਰਲ ਸ਼੍ਰੇਣੀ ਦੀਆਂ ਔਰਤਾਂ ਨੂੰ 3,000 ਅਤੇ ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਨੂੰ 4,500 ਮਿਲੇ ਸਨ। ਪੰਜਾਬ ਸਰਕਾਰ ਨੇ ਵਿੱਤੀ ਸਾਲ 2026-27 ਦੇ ਆਪਣੇ ਬਜਟ ਵਿੱਚ ਇਸ ਯੋਜਨਾ ਲਈ 9300 ਕਰੋੜ ਰੁਪਏ ਅਲਾਟ ਕੀਤੇ ਹਨ। ਸਰਕਾਰ ਦਾ ਅਨੁਮਾਨ ਹੈ ਕਿ ਲਗਭਗ 97 ਫੀਸਦੀ ਔਰਤਾਂ ਇਸ ਯੋਜਨਾ ਦੇ ਘੇਰੇ ਵਿੱਚ ਆਉਣਗੀਆਂ। 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ 3,000 ਤੇ 4,500 ਰੁਪਏ ਸਿੱਧੇ ਖਾਤਿਆਂ ਵਿੱਚ ਤਬਦੀਲ ਹੋਣ ਦੀ ਪੁਸ਼ਟੀ ਵਾਲੇ 'ਟੂੰ-ਟੂੰ' ਦੇ ਸੁਨੇਹੇ ਮਿਲਦਿਆਂ ਹੀ ਪੰਜਾਬ ਦੀਆਂ ਔਰਤਾਂ ਦੇ ਚਿਹਰਿਆਂ 'ਤੇ ਛਾਈ ਖ਼ੁਸ਼ੀ ਨੇ ਇਸ ਭਲਾਈ ਸਕੀਮ ਦੇ ਉਸਾਰੂ ਪ੍ਰਭਾਵ 'ਤੇ ਮੋਹਰ ਲਾ ਦਿੱਤੀ ਹੈ, ਜਿਸ ਦੇ ਚੱਲਦਿਆਂ ਸੂਬੇ ਭਰ ਦੀਆਂ ਔਰਤਾਂ ਮੁੜ ਭਗਵੰਤ ਮਾਨ ਸਰਕਾਰ ਲਿਆਉਣ ਦੇ ਹੱਕ ਵਿੱਚ ਨਾਅਰੇ ਮਾਰ ਰਹੀਆਂ ਹਨ।

## ਜਤਿੰਦਰ ਪਨੂੰ ਦੀ ਕਿਤਾਬ 'ਪੰਜਾਬ ਦੇ ਲੋਕਤੰਤਰੀ ਇਤਿਹਾਸ ਦਾ ਸੰਖੇਪ ਸਾਰ' ਲੋਕ ਅਰਪਣ



**ਲੁਧਿਆਣਾ (ਰੈਕਟਰ ਕਥੂਰੀਆ)**

ਪ੍ਰਗਤੀਸ਼ੀਲ ਲੇਖਕ ਸੰਘ ਲੁਧਿਆਣਾ ਵੱਲੋਂ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਸਹਿਯੋਗ ਨਾਲ ਜਤਿੰਦਰ ਪਨੂੰ ਦੀ ਕਿਤਾਬ 'ਪੰਜਾਬ ਦੇ ਲੋਕਤੰਤਰੀ ਇਤਿਹਾਸ ਦਾ ਸੰਖੇਪ ਸਾਰ' ਲੋਕ ਅਰਪਣ ਕੀਤੀ ਗਈ।ਸਮਾਗਮ ਦੀ ਪ੍ਰਧਾਨਗੀ ਡਾ. ਸਰਦਾਰਾ ਸਿੰਘ ਜੌਹਲ ਨੇ ਕੀਤੀ।

ਪ੍ਰਗਤੀਸ਼ੀਲ ਲੇਖਕ ਸੰਘ ਲੁਧਿਆਣਾ ਦੇ ਪ੍ਰਧਾਨ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਵਿਧੀਵਤ ਤਰੀਕੇ ਨਾਲ ਸਭ ਨੂੰ ਜੀ ਆਇਆਂ ਨੂੰ ਕਹਿੰਦਿਆਂ ਸਮਾਗਮ ਬਾਰੇ ਸੰਖੇਪ ਜਾਣਕਾਰੀ ਸਾਂਝੀ ਕੀਤੀ।ਉਨ੍ਹਾ ਕਿਹਾ ਕਿ ਕਿਤਾਬ ਲੋਕ ਅਰਪਣ ਕਰਨ ਤੋਂ ਪਹਿਲਾਂ ਕਿਤਾਬ ਪੜ੍ਹੀ ਹੋਈ ਜਾਂ ਲੇਖਕ ਪੜ੍ਹਿਆ ਹੋਇਆ ਹੋਣਾ ਚਾਹੀਦਾ ਹੈ।ਅਸੀਂ ਲੇਖਕ ਨੂੰ ਚੰਗੀ ਤਰ੍ਹਾਂ ਜਾਣਦੇ ਵੀ ਹਾਂ ਤੇ ਪੜ੍ਹਿਆ ਹੋਇਆ ਵੀ ਹੈ।ਸੰਘ ਦੇ ਜਨਰਲ ਸਕੱਤਰ ਜਸਵੀਰ ਝੱਜ ਨੇ ਕਿਹਾ ਕਿ ਜਤਿੰਦਰ ਪਨੂੰ ਉੱਘੇ ਪੱਤਰਕਾਰ ਹੀ ਨਹੀਂ, ਖੋਜੀ ਲੇਖਕ ਵੀ ਹਨ।ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਜਤਿੰਦਰ ਪਨੂੰ ਅਤੇ ਕਿਤਾਬ ਦੀ ਜਾਣ-ਪਛਾਣ ਕਰਵਾਉਂਦਿਆਂ ਕਿਹਾ ਕਿ ਇਹ ਵੱਡ-ਆਕਾਰੀ ਕਿਤਾਬ ਹੀ ਨਹੀਂ, ਸਗੋਂ ਇਕ ਵਡਮੁੱਲਾ ਦਸਤਾਵੇਜ਼ ਹੈ, ਜਿਸ ਵਿਚ ਵੱਖ-ਵੱਖ ਖੇਤਰਾਂ ਵਿਚ ਨਾਮਣਾ ਖੱਟ ਚੁੱਕੇ ਜਾਂ ਆਪਣਾ ਯੋਗਦਾਨ ਪਾਉਣ ਵਾਲੀਆਂ ਉੱਚ ਸ਼ਖ਼ਸੀਅਤਾਂ ਦਾ ਇਤਿਹਾਸ ਦਰਜ ਹੈ।

ਪ੍ਰਧਾਨਗੀ ਭਾਸ਼ਣ ਦਿੰਦਿਆਂ ਡਾ. ਜੌਹਲ ਨੇ ਕਿਹਾ ਕਿ ਜਤਿੰਦਰ ਪਨੂੰ ਨੇ ਅਜੇ ਤਾਂ ਇਸ ਕਿਤਾਬ ਵਿਚ ਸੰਖੇਪ ਸਾਰ ਹੀ ਲਿਖਿਆ ਹੈ, ਜੇ ਘਟਨਾਵਾਂ ਤੇ ਵਿਅਕਤੀਆਂ ਨੂੰ ਵਿਸਥਾਰ ਦਿੱਤਾ ਹੁੰਦਾ • ਬਾਕੀ ਸਫਾ 2 'ਤੇ

## ਵੜਿੰਗ ਨੇ ਖੁਦ ਨੂੰ ਸਾਬਕਾ ਪ੍ਰਧਾਨ ਐਲਾਨਿਆ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**

ਪੰਜਾਬ ਕਾਂਗਰਸ ਦੇ ਨਵੇਂ ਪ੍ਰਧਾਨ ਦੇ ਐਲਾਨ ਤੋਂ ਐਨ ਪਹਿਲਾਂ ਸੰਸਦ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਖ਼ੁਦ ਹੀ ਆਪਣੇ-ਆਪ ਨੂੰ ਹੁਣ ਪੰਜਾਬ ਕਾਂਗਰਸ ਦੇ ਸਾਬਕਾ ਪ੍ਰਧਾਨ ਹੋਣ ਦੀ ਪੁਸ਼ਟੀ ਕਰ ਦਿੱਤੀ ਹੈ। ਕਾਂਗਰਸੀ ਆਗੂ ਵੜਿੰਗ ਨੇ ਵੀਰਵਾਰ ਨੂੰ ਆਪਣੇ ਐਕਸ ਖਾਤੇ 'ਤੇ ਖ਼ੁਦ ਹੀ ਆਪਣੇ ਆਪ ਨੂੰ 'ਸਾਬਕਾ ਪ੍ਰਧਾਨ' ਐਲਾਨ ਦਿੱਤਾ ਹੈ। ਰਾਜਾ ਵੜਿੰਗ ਦੇ ਇਸ ਐਲਾਨ ਤੋਂ ਸਾਫ਼ ਹੈ ਕਿ ਕਾਂਗਰਸ ਹਾਈਕਮਾਂਡ ਨੇ ਉਨ੍ਹਾਂ ਦਾ ਅਸਤੀਫ਼ਾ ਪ੍ਰਵਾਨ ਕਰ ਲਿਆ ਹੈ ਤੇ ਨਵੇਂ ਪ੍ਰਧਾਨ ਦਾ ਐਲਾਨ ਕਿਸੇ ਵੇਲੇ ਵੀ ਹੋ ਸਕਦਾ ਹੈ। ਓਧਰ ਆਲ ਇੰਡੀਆ ਕਾਂਗਰਸ ਕਮੇਟੀ (ਏ.ਆਈ.ਸੀ.ਸੀ.) ਦੇ ਸੰਯੁਕਤ ਖ਼ਜ਼ਾਨਚੀ ਅਤੇ ਸੰਗਰੂਰ ਤੋਂ ਸਾਬਕਾ ਲੋਕ ਸਭਾ ਮੈਂਬਰ ਵਿਜੈਇੰਦਰ ਸਿੰਗਲਾ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਜਗ੍ਹਾ ਲੈਣ ਲਈ ਸਭ ਤੋਂ ਮੋਹਰੀ ਉਮੀਦਵਾਰ ਵਜੋਂ ਉੱਭਰ ਰਹੇ ਹਨ, ਜਿਨ੍ਹਾਂ ਨੂੰ ਜਲਦੀ ਹੀ ਬਦਲੇ ਜਾਣ ਦੀ ਸੰਭਾਵਨਾ ਹੈ। ਮੀਡੀਆ ਰਿਪੋਰਟਾਂ ਅਨੁਸਾਰ ਸਿੰਗਲਾ ਪਹਿਲਾਂ ਵੀ ਵੜਿੰਗ ਦੀ ਥਾਂ ਲੈਣ ਲਈ ਪਸੰਦੀਦਾ ਆਗੂ ਸਨ ਪਰ ਇਸ ਫ਼ੈਸਲੇ ਨੂੰ ਉਸ ਸਮੇਂ ਰੋਕ ਦਿੱਤਾ ਗਿਆ ਸੀ, ਜਦੋਂ ਪੰਜਾਬ ਭਾਜਪਾ ਨੇ ਕੇਵਲ ਸਿੰਘ ਢਿੱਲੋਂ ਨੂੰ ਸੂਬਾ ਪ੍ਰਧਾਨ ਨਿਯੁਕਤ ਕੀਤਾ ਸੀ। ਪਾਰਟੀ ਨੇ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਪਣੀ ਰਣਨੀਤੀ ਨੂੰ ਮੁੜ ਤੋਂ ਤਿਆਰ ਕਰਨ ਦਾ ਫ਼ੈਸਲਾ ਕੀਤਾ ਹੈ।

ਸਚਿਨ ਪਾਇਲਟ ਨੂੰ ਪੰਜਾਬ ਕਾਂਗਰਸ ਦਾ ਇੰਚਾਰਜ ਨਿਯੁਕਤ ਕੀਤੇ ਜਾਣ ਨਾਲ ਸੂਬੇ ਦੀ ਲੀਡਰਸ਼ਿਪ 'ਤੇ ਮੁੜ ਧਿਆਨ ਕੇਂਦਰਤ ਹੋ ਗਿਆ ਹੈ। ਮੀਡੀਆ ਰਿਪੋਰਟਾਂ ਅਨੁਸਾਰ ਪਾਇਲਟ ਨੇ ਪੰਜਾਬ ਕਾਂਗਰਸ ਵਿੱਚ ਲੀਡਰਸ਼ਿਪ ਬਦਲਣ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ਹੈ। ਮੁੱਖ ਮੰਤਰੀ ਦੇ ਅਹੁਦੇ ਲਈ ਕਈ ਜੱਟ ਸਿੱਖ ਦਾਅਵੇਦਾਰਾਂ ਨੂੰ ਸ਼ਾਂਤ ਕਰਨ ਲਈ ਕਿਸੇ ਹਿੰਦੂ ਚਿਹਰੇ ਨੂੰ ਆਗੂ ਵਜੋਂ ਸਾਹਮਣੇ ਲਿਆਂਦਾ ਜਾ ਸਕਦਾ ਹੈ। ਕਾਂਗਰਸ ਪੰਜਾਬ ਵਿੱਚ ਵੀ ਕੇਰਲ ਦੀ ਤਰਜ਼ 'ਤੇ ਰਣਨੀਤੀ ਅਪਣਾ ਸਕਦੀ ਹੈ, ਜਿਸ ਵਿੱਚ ਸੂਬੇ ਦੀ ਵਾਗਡੋਰ ਸੂਬੇ ਦੇ ਆਗੂਆਂ ਨੂੰ ਸੌਂਪੀ ਜਾਵੇਗੀ ਅਤੇ ਲੋਕ ਸਭਾ ਮੈਂਬਰਾਂ ਨੂੰ ਪਿੱਛੇ ਰਹਿ ਕੇ ਚੋਣ ਮੁਹਿੰਮ ਦੀ ਅਗਵਾਈ ਕਰਨ ਲਈ ਕਿਹਾ ਜਾਵੇਗਾ। ਰਾਜਾ ਵੜਿੰਗ, ਚਰਨਜੀਤ ਸਿੰਘ ਚੰਨੀ, ਸੁਖਜਿੰਦਰ ਸਿੰਘ ਰੰਧਾਵਾ ਅਤੇ ਗੁਰਜੀਤ ਸਿੰਘ ਔਜਲਾ, ਜੋ ਕਿ ਪੰਜਾਬ ਵਿੱਚ ਇਸ ਉੱਚ ਅਹੁਦੇ ਦੇ ਹੋਰ ਦਾਅਵੇਦਾਰ ਹਨ, ਸਾਰੇ ਮੌਜੂਦਾ ਲੋਕ ਸਭਾ ਮੈਂਬਰ ਹਨ। ਵਿਜੈਇੰਦਰ ਸਿੰਗਲਾ ਸੰਸਦ ਮੈਂਬਰ ਨਹੀਂ ਹਨ ਅਤੇ ਉਹ ਸੂਬੇ ਦੇ ਸਾਬਕਾ ਮੰਤਰੀ ਰਹਿ ਚੁੱਕੇ ਹਨ। ਨਵੇਂ ਪ੍ਰਧਾਨ ਸੰਬੰਧੀ ਐਲਾਨ ਕਿਸੇ ਵੀ ਸਮੇਂ ਕੀਤਾ ਜਾ ਸਕਦਾ ਹੈ। ਸਿੰਗਲਾ ਕਾਂਗਰਸ ਵਰਕਿੰਗ ਕਮੇਟੀ ਦੇ ਮੈਂਬਰ, ਏ.ਆਈ.ਸੀ.ਸੀ. ਦੇ ਸੰਯੁਕਤ ਖ਼ਜ਼ਾਨਚੀ ਅਤੇ ਏ.ਆਈ.ਸੀ.ਸੀ. ਦੀਆਂ ਸਾਰੀਆਂ ਜਾਇਦਾਦਾਂ ਅਤੇ ਪ੍ਰਾਪਰਟੀ ਦੇ ਇੰਚਾਰਜ ਹਨ। ਉਹ ਰਾਹੁਲ ਗਾਂਧੀ ਦੇ ਕਰੀਬੀ ਸਾਥੀ ਹਨ।

## ਐੱਲ ਪੀ ਯੂ ਹਿੰਸਾ ਮਾਮਲੇ 'ਚ 3 ਗ੍ਰਿਫ਼ਤਾਰ

**ਜਲੰਧਰ** : ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਵਿੱਚ ਇੱਕ ਵਿਦਿਆਰਥਣ ਨਾਲ ਕਥਿਤ ਬਲਾਤਕਾਰ ਦੀਆਂ ਖਬਰਾਂ ਤੋਂ ਬਾਅਦ ਭੜਕੀ ਹਿੰਸਾ ਦੇ ਸੰਬੰਧ ਵਿੱਚ ਪੁਲਸ ਨੇ ਤਿੰਨ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਇਹ ਤਿੰਨੇ ਮੁਲਜ਼ਮ ਯੂਨੀਵਰਸਿਟੀ ਵਿੱਚ ਭੰਨ-ਤੋੜ ਦੀਆਂ ਘਟਨਾਵਾਂ ਵਿੱਚ ਸ਼ਾਮਲ ਸਨ। ਪੁਲਸ ਨੇ ਡਿਜੀਟਲ ਸਬੂਤਾਂ ਦੀ ਵਰਤੋਂ ਕਰਕੇ ਉਨ੍ਹਾਂ ਦੀ ਪਛਾਣ ਕੀਤੀ।

ਗ੍ਰਿਫ਼ਤਾਰੀ ਤੋਂ ਬਾਅਦ ਮੁਲਜ਼ਮਾਂ ਨੂੰ ਫਗਵਾੜਾ ਅਦਾਲਤ ਵਿੱਚ ਪੇਸ਼ ਕੀਤਾ ਗਿਆ ਅਤੇ ਤਿੰਨ ਦਿਨਾਂ ਦੇ ਪੁਲਸ ਰਿਮਾਂਡ 'ਤੇ ਭੇਜ ਦਿੱਤਾ ਗਿਆ । ਮੁਲਜ਼ਮਾਂ ਦੀ ਪਛਾਣ ਗਗਨ, ਜੇਮਸ ਦਹੀਆ ਅਤੇ ਅਭੀ ਵਜੋਂ ਹੋਈ ਹੈ, ਇਹ ਸਾਰੇ ਫਗਵਾੜਾ ਦੇ ਟਿੱਬੀ ਮੁਹੱਲੇ ਦੇ ਰਹਿਣ ਵਾਲੇ ਹਨ।

## ਭਾਰਤੀ ਪਾਇਲਟ ਦੀ ਦੁਨੀਆ ਭਰ 'ਚ ਸ਼ਲਾਘਾ

**ਚੰਡੀਗੜ੍ਹ** : ਦੁਬਈ ਤੋਂ ਤਲ ਅਵੀਵ ਜਾ ਰਹੀ ਫਲਾਈਦੁਬਈ ਦੀ ਉਡਾਣ 6 ਜੈਡ 1073 ਨਾਲ 30 ਸਤੰਬਰ ਨੂੰ ਹਵਾ ਵਿੱਚ ਹੀ ਇੱਕ ਵੱਡਾ ਹਾਦਸਾ ਵਾਪਰਨੋਂ ਵਾਲ-ਵਾਲ ਬਚ ਗਿਆ। ਇਸ ਜਹਾਜ਼ ਵਿੱਚ 27 ਬੱਚਿਆਂ ਸਮੇਤ ਕੁੱਲ 174 ਯਾਤਰੀ ਸਵਾਰ ਸਨ। ਉਡਾਣ ਦੌਰਾਨ ਸਹਿ-ਪਾਇਲਟ ਨੇ ਜਹਾਜ਼ ਨੂੰ ਕ੍ਰੈਸ਼ ਕਰਨ ਦੀ ਸਾਜ਼ਿਸ਼ ਰਚੀ ਅਤੇ ਮੁੱਖ ਕੈਪਟਨ ਉੱਤੇ ਚਾਕੂ ਨਾਲ ਹਮਲਾ ਕਰ ਦਿੱਤਾ, ਪਰ ਭਾਰਤੀ ਪਾਇਲਟ ਸਮਿਤ ਮੱਛਾਰ ਦੀ ਮੁਸਤੈਦੀ ਕਾਰਨ ਸਾਰੇ ਯਾਤਰੀਆਂ ਦੀ ਜਾਨ ਬਚ ਗਈ। ਗੰਭੀਰ ਰੂਪ ਵਿੱਚ ਜ਼ਖ਼ਮੀ ਅਤੇ ਖ਼ੂਨ ਨਾਲ ਲੱਥਪੱਥ ਹੋਣ ਦੇ ਬਾਵਜੂਦ ਕੈਪਟਨ ਸਮਿਤ ਨੇ ਕਾਕਪਿਟ ਦਾ ਦਰਵਾਜ਼ਾ ਖੋਲ੍ਹਣ ਵਾਲਾ ਰਿਲੀਜ਼ ਬਟਨ ਦਬਾ ਦਿੱਤਾ। ਦਰਵਾਜ਼ਾ ਖੁੱਲ੍ਹਦੇ ਹੀ ਯਾਤਰੀਆਂ ਅਤੇ ਕੈਬਿਨ ਕਰੂ ਦੇ ਮੈਂਬਰਾਂ ਨੇ ਕਾਕਪਿਟ ਵਿੱਚ ਦਾਖਲ ਹੋ ਕੇ ਹਮਲਾਵਰ ਸਹਿ-ਪਾਇਲਟ ਨੂੰ ਕਾਬੂ ਕਰ ਲਿਆ। ਇਸ ਤੋਂ ਬਾਅਦ ਜਹਾਜ਼ ਵਿੱਚ ਸਵਾਰ ਹੋਰ ਪਾਇਲਟਾਂ ਅਤੇ ਅਮਲੇ ਦੀ ਮਦਦ ਨਾਲ 14000 ਫੁੱਟ ਹੇਠਾਂ ਆ ਚੁੱਕੇ ਜਹਾਜ਼ ਨੂੰ ਸੰਤੁਲਿਤ ਕੀਤਾ ਗਿਆ ਅਤੇ ਸਾਊਦੀ ਅਰਬ ਦੇ ਤਬੂਕ ਵਿਖੇ ਐਮਰਜੈਂਸੀ ਲੈਂਡਿੰਗ ਕਰਵਾਈ ਗਈ। ਇਸ ਬਹਾਦਰੀ ਭਰੇ ਕਾਰਨਾਮੇ ਤੋਂ ਬਾਅਦ ਦੁਨੀਆ ਭਰ ਦੇ ਵੱਡੇ ਨੇਤਾਵਾਂ ਨੇ ਕੈਪਟਨ ਸਮਿਤ ਮੱਛਾਰ ਦੀ ਭਰਪੂਰ ਤਾਰੀਫ਼ ਕੀਤੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਲਿਖਿਆ, 'ਕੈਪਟਨ ਸਮਿਤ ਮੱਛਾਰ ਇੱਕ ਹੀਰੋ ਹਨ। ਪੂਰੇ ਭਾਰਤ ਨੂੰ ਉਨ੍ਹਾਂ ਦੀ ਬਹਾਦਰੀ 'ਤੇ ਮਾਣ ਹੈ। ਇਜ਼ਰਾਈਲ ਦੇ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਨੇ ਸਮਿਤ ਮੱਛਾਰ ਨੂੰ 'ਸੱਚਾ ਹੀਰੋ' ਕਰਾਰ ਦਿੱਤਾ। 'ਮੈਨੂੰ ਲੱਗਦਾ ਹੈ ਕਿ ਜੋ ਹੋਇਆ ਉਹ ਬਹਾਦਰੀ ਦਾ ਇੱਕ ਜ਼ਬਰਦਸਤ ਕੰਮ ਸੀ, ਜਿਸ ਨੇ ਇੱਕ ਹੋਰ 9/11 ਵਰਗਾ ਕਾਂਡ ਹੋਣ ਤੋਂ ਰੋਕਿਆ' ਨੇਤਨਯਾਹੂ ਨੇ ਕਿਹਾ। ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਵੀ ਪਾਇਲਟ ਦੀ ਬਹਾਦਰੀ ਦੀ ਸਰਾਹਨਾ ਕੀਤੀ ਅਤੇ ਇਸ ਨੂੰ ਇੱਕ ਅਦਭੁੱਤ ਘਟਨਾ ਦੱਸਿਆ। ਸਮਿਤ ਮੱਛਾਰ ਨੂੰ ਸਾਊਦੀ ਅਰਬ ਦੇ ਤਬੂਕ ਸ਼ਹਿਰ ਦੇ ਇੱਕ ਹਸਪਤਾਲ ਵਿੱਚ ਭਰਤੀ • ਬਾਕੀ ਸਫਾ 2 'ਤੇ

## ਝੋਨੇ ਦੀ ਸਰਕਾਰੀ ਖਰੀਦ ਸ਼ੁਰੂ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਬੇਸ਼ੱਕ ਪੰਜਾਬ ਦੀਆਂ ਮੰਡੀਆਂ 'ਚ ਅਗੇਤੀ ਕਿਸਮ ਅਤੇ ਬਾਸਮਤੀ ਦੇ ਝੋਨੇ ਦੀ ਆਮਦ ਪਿਛਲੇ 10-12 ਦਿਨਾਂ ਤੋਂ ਜਾਰੀ ਹੈ ਅਤੇ ਪ੍ਰਾਈਵੇਟ ਵਪਾਰੀਆਂ ਵੱਲੋਂ ਖਰੀਦ ਕੀਤੀ ਜਾ ਰਹੀ ਹੈ, ਪ੍ਰੰਤੂ ਸੂਬੇ ਅੰਦਰ 1 ਅਕਤੂਬਰ ਤੋਂ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਹੋ ਗਈ ਹੈ। ਪੰਜਾਬ ਦੀਆਂ ਮੰਡੀਆਂ ਵਿਚ ਪਨਸਪ, ਪਨਗ੍ਰੇਨ, ਮਾਰਕਫੈੱਡ ਅਤੇ ਪੰਜਾਬ ਵੇਅਰ ਕਾਰਪੋਰੇਸ਼ਨ ਤੋਂ ਇਲਾਵਾ ਕੇਂਦਰੀ ਖਰੀਦ ਏਜੰਸੀ ਐੱਫ ਸੀ ਆਈ ਵੱਲੋਂ ਝੋਨੇ ਦੀ ਖਰੀਦ ਕੀਤੀ ਜਾਵੇਗੀ। ਸੰਬੰਧਤ ਵਿਭਾਗਾਂ ਨੂੰ ਆਪਣਾ ਖੇਤਰੀ ਫੀਲਡ ਅਮਲਾ ਮੰਡੀਆਂ 'ਚ ਤੈਨਾਤ ਕਰਨ ਦੀਆਂ ਸਰਕਾਰ ਵੱਲੋਂ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਕਿਸਾਨਾਂ ਵੱਲੋਂ ਮੰਡੀਆਂ ਵਿਚ ਲਿਆਂਦੇ ਜਾਣ ਵਾਲੇ ਝੋਨੇ ਦੀ ਭਰਤੀ ਕਰਨ ਲਈ ਵਿਭਾਗ ਵੱਲੋਂ 5 ਲੱਖ ਗੱਠਾਂ ਬਾਰਦਾਨਾ ਵੀ ਪ੍ਰਾਪਤ ਹੋ ਚੁੱਕਾ ਹੈ।ਸੂਬੇ ਨੂੰ ਸੀਜ਼ਨ 2026-27 ਲਈ 180 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਦਾ ਟੀਚਾ ਮਿਲਿਆ ਹੈ।ਉਨ੍ਹਾ ਅੱਗੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਕਿਸਾਨਾਂ ਦੇ ਝੋਨੇ ਦੀ 2461 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਖਰੀਦ ਕੀਤੀ ਜਾਵੇਗੀ।

## ਡਾ. ਤੇਜਿੰਦਰ ਸਿੰਘ ਰਿਆੜ ਦੀ ਮਾਤਾ ਨਮਿੱਤ ਅੰਤਿਮ ਅਰਦਾਸ 6 ਨੂੰ



**ਲੁਧਿਆਣਾ (ਰੈਕਟਰ ਕਥੂਰੀਆ)**-ਪੀ ਏ ਯੂ ਦੇ ਐਡੀਸ਼ਨਲ ਡਾਇਰੈਕਟਰ ਸੰਚਾਰ ਡਾ. ਤੇਜਿੰਦਰ ਸਿੰਘ ਰਿਆੜ ਦੇ ਮਾਤਾ ਸੁਰਜੀਤ ਕੌਰ ਪਤਨੀ ਜੋਗਿੰਦਰ ਸਿੰਘ ਰਿਆੜ ਨੰਬਰਦਾਰ ਨਮਿੱਤ ਸ੍ਰੀ ਅਖੰਡ ਪਾਠ ਦਾ ਭੋਗ ਅਤੇ ਅੰਤਿਮ ਅਰਦਾਸ 6 ਅਕਤੂਬਰ ਨੂੰ ਗੁਰਦੁਆਰਾ ਬਾਬਾ ਰਾਜਾ ਰਾਮ ਜੀ, ਗੁਰਦਾਸਪੁਰ ਰੋਡ, ਹਰਚੋਵਾਲ ਵਿਖੇ ਹੋਵੇਗੀ। ਪੀ ਏ ਯੂ ਦੇ ਸਮੂਹ ਉੱਚ ਅਧਿਕਾਰੀਆਂ, ਡੀਨ, ਵੱਖ-ਵੱਖ ਵਿਭਾਗਾਂ ਦੇ ਮੁਖੀਆਂ, ਅਧਿਆਪਕਾਂ ਤੇ ਕਰਮਚਾਰੀਆਂ ਅਤੇ ਵਿਦਿਆਰਥੀਆਂ ਨੇ ਡਾ. ਰਿਆੜ ਦੇ ਦੁੱਖ ਵਿਚ ਸਾਂਝੀਦਾਰ ਹੁੰਦਿਆਂ ਗਹਿਰੇ ਸ਼ੋਕ ਦਾ ਪ੍ਰਗਟਾਵਾ ਕੀਤਾ ਹੈ।

## ਗਿਆਨੇਸ਼ ਕੁਮਾਰ ਫੌਰੀ ਅਸਤੀਫਾ ਦੇਵੇ : ਧਾਲੀਵਾਲ

### ਦਰਿਆਈ ਪਾਣੀਆਂ 'ਤੇ ਸਿਰਫ ਪੰਜਾਬ ਦਾ ਹੱਕ : ਮਾੜੀਮੇਘਾ, ਮਹੇਸਰੀ, ਸੋਹਲ

**ਖਡੂਰ ਸਾਹਿਬ (ਨਵਾਂ ਜ਼ਮਾਨਾ ਸਰਵਿਸ)**



ਸ੍ਰੀ ਗੁਰੂ ਅੰਗਦ ਦੇਵ ਜੀ ਦੇ ਗੁਰਗੱਦੀ ਦਿਵਸ 'ਤੇ ਇਤਿਹਾਸਕ ਨਗਰ ਖਡੂਰ ਸਾਹਿਬ ਵਿਖੇ ਜੋੜ ਮੇਲੇ 'ਤੇ ਭਾਰਤੀ ਕਮਿਊਨਿਸਟ ਪਾਰਟੀ ਵੱਲੋਂ ਸਿਆਸੀ ਕਾਨਫਰੰਸ ਅਤੇ ਸੱਭਿਆਚਾਰਕ ਪ੍ਰੋਗਰਾਮ ਕੀਤਾ ਗਿਆ, ਜਿਸ ਦੀ ਪ੍ਰਧਾਨਗੀ ਕਿਸਾਨ ਆਗੂ ਦਰਸ਼ਨ ਸਿੰਘ ਬਿਹਾਰੀਪੁਰ, ਇਸਤਰੀ ਸਭਾ ਦੀ ਆਗੂ ਹਰਜੀਤ ਕੌਰ ਫਤਿਆਬਾਦ, ਜਗੀਰ ਸਿੰਘ ਭਰੋਵਾਲ ਤੇ ਜਸਵੰਤ ਸਿੰਘ ਖਡੂਰ ਸਾਹਿਬ ਨੇ ਕੀਤੀ।

ਸੰਬੋਧਨ ਦੌਰਾਨ ਸੀ ਪੀ ਆਈ ਦੇ ਸੂਬਾ ਸਕੱਤਰ ਨਿਰਮਲ ਸਿੰਘ ਧਾਲੀਵਾਲ ਨੇ ਕਿਹਾ ਕਿ ਕੇਂਦਰ ਦੀ ਹਕੂਮਤ ਨੇ ਆਪਣੇ ਰਾਜ ਦੀ ਉਮਰ ਲੰਮੀ ਕਰਨ ਵਾਸਤੇ ਐੱਸ ਆਈ ਆਰ ਭਾਵ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਮੁਹਿੰਮ ਦੇਸ਼ ਭਰ ਵਿੱਚ ਆਰੰਭੀ ਹੋਈ ਹੈ, ਜਿਸ ਤਹਿਤ ਪੰਜਾਬ 'ਚ ਵੀ 26 ਲੱਖ ਦੇ ਕਰੀਬ ਵੋਟਰਾਂ ਦੀ ਵੋਟ ਕੱਟੀ ਜਾ ਚੁੱਕੀ ਹੈ ਤੇ ਹਾਲੇ ਮੁਹਿੰਮ ਜਾਰੀ ਹੈ। ਭਾਜਪਾ ਨੇ ਬਿਹਾਰ ਤੇ ਪੱਛਮੀ ਬੰਗਾਲ ਦੀਆਂ ਚੋਣਾਂ ਵੋਟਾਂ ਦੀ ਕਟਾਈ ਕਰਕੇ ਜਿੱਤੀਆਂ ਹਨ।ਧਾਲੀਵਾਲ ਨੇ ਕਿਹਾ ਕਿ ਵੋਟਾਂ ਦੀ ਕਟਾਈ ਮੁਹਿੰਮ ਵਿਰੁੱਧ ਸੀ ਪੀ ਆਈ, ਸੀ ਪੀ ਆਈ (ਐੱਮ) ਤੇ ਦੂਜੀਆਂ ਖੱਬੀਆਂ ਧਿਰਾਂ ਵੱਲੋਂ ਦੇਸ਼ ਪੱਧਰ 'ਤੇ ਦਿੱਤੇ ਸੱਦੇ ਅਨੁਸਾਰ ਪੰਜਾਬ ਭਰ ਵਿੱਚ ਵੀ 2 ਅਕਤੂਬਰ ਤੱਕ ਸਾਂਝੇ ਪ੍ਰਦਰਸ਼ਨ ਕੀਤੇ ਜਾ ਰਹੇ ਹਨ।ਪ੍ਰਦਰਸ਼ਨਾਂ ਵਿੱਚ ਜ਼ੋਰਦਾਰ ਮੰਗ ਉਠਾਈ ਗਈ ਹੈ ਕਿ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਆਪਣੇ ਅਹੁਦੇ ਤੋਂ ਅਸਤੀਫਾ ਦੇਵੇ।ਇੰਡੀਆ ਗੱਠਜੋੜ ਨੇ ਮੀਟਿੰਗ ਕਰਕੇ ਭਾਜਪਾ ਦੀ ਵੋਟ ਕੱਟਣ ਵਾਲੀ ਮੁਹਿੰਮ ਵਿਰੁੱਧ 2 ਅਕਤੂਬਰ ਤੋਂ ਦੇਸ਼ ਭਰ ਵਿੱਚ ਪ੍ਰਦਰਸ਼ਨ ਕਰਨ ਉਪਰੰਤ ਅਤੇ 6 ਅਕਤੂਬਰ ਨੂੰ ਦਿੱਲੀ ਵਿਖੇ ਚੋਣ ਕਮਿਸ਼ਨ ਵੱਲ ਮਾਰਚ ਕਰਨ ਦਾ ਐਲਾਨ ਕੀਤਾ ਹੈ।

ਉਹਨਾ ਕਿਹਾ ਕਿ ਆਮ ਪਾਰਟੀ ਦੀ ਸਰਕਾਰ ਲੋਕਾਂ ਨੇ ਵੋਟਾਂ ਰਾਹੀਂ ਬੜੇ ਚਾਵਾਂ ਨਾਲ ਚੁਣੀ ਸੀ ਕਿ ਇਹ ਸਰਕਾਰ ਮਿਹਨਤਕਸ਼ ਆਵਾਮ ਦੀਆਂ ਸਮੱਸਿਆਵਾਂ ਦੇ ਹੱਲ ਕੱਢੇਗੀ।ਰਿਸ਼ਵਤਖੋਰੀ, ਜੋ ਰਾਜ ਕਰਦੀਆਂ ਧਿਰਾਂ ਦੇ ਹੱਡਾਂ ਵਿੱਚ ਰਚ ਗਈ ਹੈ, ਤੋਂ ਸ਼ਾਇਦ ਛੁਟਕਾਰਾ ਮਿਲ ਜਾਵੇਗਾ, ਪਰ ਹੋਇਆ ਇਸ ਦੇ ਉਲਟ ਹੈ।ਆਮ ਆਦਮੀ ਪਾਰਟੀ ਦੇ ਕਰਤਿਆਂ ਨੇ ਪੰਜ ਸਾਲਾਂ ਵਿੱਚ ਆਵਾਮ ਨੂੰ ਇਕੱਲਾ ਲੁੱਟਿਆ ਹੀ ਨਹੀਂ, ਕੁੱਟਣ ਵਿੱਚ ਵੀ ਕੋਈ ਕਸਰ ਨਹੀਂ ਛੱਡੀ।ਇਸ ਵਰਤਾਰੇ ਕਰਕੇ 'ਆਪ' ਦੇ ਕਈ ਮੰਤਰੀ ਜੇਲ੍ਹ ਵਿੱਚ ਚੱਕੀ ਪੀਸ ਰਹੇ ਹਨ।ਧਾਲੀਵਾਲ ਨੇ ਕਿਹਾ ਪੰਜ ਸਾਲਾਂ ਵਿੱਚ ਮਹਿੰਗਾਈ ਸਿਖਰਾਂ 'ਤੇ ਪਹੁੰਚ ਗਈ ਹੈ, ਕਿਰਤੀ ਵਰਗ ਨੂੰ ਦੋ ਵਕਤ ਦੀ ਰੋਟੀ ਖਾਣੀ ਮੁਸ਼ਕਲ ਹੋਈ ਪਈ ਹੈ। ਜੁਆਨੀ ਨੂੰ ਰੁਜ਼ਗਾਰ ਨਾਮਾਤਰ ਹੀ ਮਿਲਿਆ ਹੈ।ਮਹਿੰਗੀ ਹੋਈ ਵਿਦਿਆ ਗਰੀਬ ਤੇ ਮੱਧ ਵਰਗ ਦੇ ਬੱਚੇ ਲੈਣ ਤੋਂ ਹੀ ਅਸਮਰਥ ਹਨ।ਉਨ੍ਹਾ ਕਿਹਾ ਕਿ ਕੇਂਦਰ ਦੀ ਭਾਜਪਾ ਦੀ ਅਗਵਾਈ ਵਾਲੀ ਹਕੂਮਤ ਨੇ ਬੁੱਧੀਜੀਵੀਆਂ ਦਾ ਬੋਲਣਾ ਤੇ ਲਿਖਣਾ ਬੰਦ ਕੀਤਾ ਹੋਇਆ ਹੈ।ਕਈ ਬੁੱਧੀਜੀਵੀ ਜੇਲ੍ਹਾਂ ਵਿੱਚ ਡੱਕੇ ਹੋਏ ਹਨ।

'ਨਵਾਂ ਜ਼ਮਾਨਾ' ਨੂੰ ਚਲਾਉਣ ਵਾਲੀ ਸੰਸਥਾ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਸਕੱਤਰ ਤੇ ਸੀ ਪੀ ਆਈ ਦੇ ਸੂਬਾ ਸਕੱਤਰੇਤ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ, ਸਰਬ ਭਾਰਤ ਨੌਜਵਾਨ ਸਭਾ ਦੇ ਕੁੱਲ ਹਿੰਦ ਜਨਰਲ ਸਕੱਤਰ ਸੁਖਜਿੰਦਰ ਸਿੰਘ ਮਹੇਸਰੀ ਤੇ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਦਵਿੰਦਰ ਸੋਹਲ ਨੇ ਕਿਹਾ ਕਿ ਚੰਡੀਗੜ੍ਹ ਪੰਜਾਬ ਦੇ ਖਰੜ ਇਲਾਕੇ ਦੇ 38 ਪਿੰਡ ਉਜਾੜ ਕੇ ਵਸਾਇਆ ਗਿਆ ਸੀ, ਇਸ ਲਈ ਚੰਡੀਗੜ੍ਹ 'ਤੇ ਪੰਜਾਬ ਵਾਸੀਆਂ ਦਾ ਹੱਕ ਹੈ ਤੇ ਪੰਜਾਬ ਨੂੰ ਮਿਲਣਾ ਚਾਹੀਦਾ ਹੈ।ਪੰਜਾਬ ਦੇ ਦਰਿਆਵਾਂ ਦੇ ਪਾਣੀ ਰਿਪੇਰੀਅਨ ਕਾਨੂੰਨ ਅਨੁਸਾਰ ਪੰਜਾਬ ਦੇ ਹਨ, ਇਸ ਲਈ ਦਰਿਆਵਾਂ ਦਾ ਪਾਣੀ ਸਿਰਫ ਪੰਜਾਬ ਨੂੰ ਮਿਲਣਾ ਚਾਹੀਦਾ ਹੈ।ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪਾਵਰ ਦਾ ਅਧਿਕਾਰ ਪੰਜਾਬ ਦਾ ਸੀ ਤੇ ਸੈਂਟਰ ਹਕੂਮਤ ਨੇ ਪੰਜਾਬ ਦਾ ਹੱਕ ਖਤਮ ਕਰ ਦਿੱਤਾ ਹੈ। ਸਾਡੀ ਮੰਗ ਹੈ ਕਿ ਉਹ ਹੱਕ ਮੁੜ ਬਹਾਲ ਕੀਤਾ ਜਾਵੇ।

ਆਗੂਆਂ ਕਿਹਾ ਕਿ ਹਿੰਦੁਸਤਾਨ ਦੀ ਹਕੂਮਤ ਨੇ ਨਰੇਗਾ ਕਾਨੂੰਨ ਦੀ ਜਗ੍ਹਾ ਨਵਾਂ ਕਾਨੂੰਨ • ਬਾਕੀ ਸਫਾ 2 'ਤੇ

## ਲੋਕਾਂ ਦਾ ਮੁੱਖ ਚੋਣ ਕਮਿਸ਼ਨਰ 'ਤੇ ਭਰੋਸਾ ਨਹੀਂ ਰਿਹਾ : ਬੰਤ ਬਰਾੜ

**ਮੋਹਾਲੀ (ਨ ਜ਼ ਸ)**




ਮੁਹਾਲੀ ਤੇ ਚੰਡੀਗੜ੍ਹ ਜ਼ਿਲ੍ਹੇ ਦੇ ਸਾਂਝੇ ਪ੍ਰੋਗਰਾਮ ਤਹਿਤ ਵੀਰਵਾਰ ਸੀ ਪੀ ਆਈ ਵੱਲੋਂ ਇੱਕ ਵਿਸ਼ਾਲ ਧਰਨਾ ਮੁਹਾਲੀ ਦੇ ਡਿਪਟੀ ਕਮਿਸ਼ਨਰ ਆਫ਼ਿਸ ਦੇ ਸਾਹਮਣੇ ਦਿੱਤਾ ਗਿਆ। ਸੀ ਪੀ ਆਈ ਦੇ ਕੌਮੀ ਸਕੱਤਰ ਬੰਤ ਬਰਾੜ ਨੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਅੰਦਰ ਮੁੱਖ ਚੋਣ ਕਮਿਸ਼ਨਰ ਪ੍ਰਤੀ ਲੋਕਾਂ ਦਾ ਵਿਸ਼ਵਾਸ ਖਤਮ ਹੋ ਚੁੱਕਾ ਹੈ ਤੇ ਐੱਸ ਆਈ ਆਰ ਬੰਦ ਕਰਕੇ ਪੁਰਾਣੀਆਂ ਵੋਟਰ ਸੂਚੀਆਂ ਜਾਰੀ ਕੀਤੀਆਂ ਜਾਣ ਤੇ ਮੁੱਖ ਚੋਣ ਕਮਿਸ਼ਨਰ ਨੂੰ ਤੁਰੰਤ ਅਸਤੀਫ਼ਾ ਦੇਣਾ ਚਾਹੀਦਾ ਹੈ। ਵਰਕਰਾਂ ਨੇ ਮੋਦੀ-ਸ਼ਾਹ ਅਤੇ ਮੁੱਖ ਚੋਣ ਕਮਿਸ਼ਨਰ ਮੁਰਦਾਬਾਦ ਦੇ ਨਾਹਰੇ ਲਾਏ।ਧਰਨੇ ਤੋਂ ਬਾਅਦ ਡੀ ਸੀ ਦਫ਼ਤਰ ਤੱਕ ਰੋਸ ਮਾਰਚ ਕੱਢਿਆ ਗਿਆ, ਜਿਸ ਦੀ ਅਗਵਾਈ ਚੰਡੀਗੜ੍ਹ ਦੇ ਜ਼ਿਲ੍ਹਾ ਸਕੱਤਰ ਰਾਜ ਕੁਮਾਰ ਅਤੇ ਮੁਹਾਲੀ ਦੇ ਜਿਲ੍ਹਾ ਸਕੱਤਰ ਐਡਵੋਕੇਟ ਜਸਪਾਲ ਸਿੰਘ ਦੱਪਰ, ਹਰਮੇਲ ਸਿੰਘ ਪ੍ਰਧਾਨ ਬਿਜਲੀ ਬੋਰਡ ਤੇ ਸੁਰਿੰਦਰ ਸਿੰਘ ਨੇ ਕੀਤੀ।

ਇਸ ਤੋਂ ਇਲਾਵਾ ਸੁਖਪਾਲ ਸਿੰਘ ਹੁੰਦਲ, ਸੂਬਾ ਕੌਂਸਲ ਮੈਂਬਰ ਮਹਿੰਦਰ ਪਾਲ ਸਿੰਘ, ਪ੍ਰੀਤਮ ਸਿੰਘ ਹੁੰਦਲ, ਪ੍ਰਲਾਦ ਸਿੰਘ ਪ੍ਰੈੱਸ ਸਕੱਤਰ ਚੰਡੀਗੜ੍ਹ, ਮੋਹਨ ਸਿੰਘ, ਸੁਭਾਸ਼ ਚੰਦ ਚੰਡੀਗੜ੍ਹ, ਭਾਗ ਸਿੰਘ, ਗੁਰਦਿਆਲ ਸਿੰਘ ਖਰੜ, ਗੁਰਮੀਤ ਸਿੰਘ ਪੰਜਾਬ ਰੋਡਵੇਜ਼ ਨੇ ਵੀ ਧਰਨੇ ਵਿਚ ਸ਼ਿਰਕਤ ਕੀਤੀ। ਦਿਲਦਾਰ ਸਿੰਘ ਨੇ ਵੀ ਧਰਨੇ ਨੂੰ ਸੰਬੋਧਨ ਕੀਤਾ।ਵਿਨੋਦ ਚੁੱਘ ਸੂਬਾ ਕੌਂਸਲ ਮੈਂਬਰ ਡੇਰਾ ਬੱਸੀ ਤੋਂ ਵੱਡੀ ਗਿਣਤੀ ਆਪਣੇ ਵਰਕਰਾਂ ਨਾਲ ਪਹੁੰਚੇ ਹੋਏ ਸਨ।

## ਸਰਕਾਰ ਨੇ ਸ੍ਰੀ ਅਕਾਲ ਤਖ਼ਤ ਨੂੰ ਭੇਜੀ 7 ਮੈਂਬਰੀ ਕਮੇਟੀ ਦੀ ਸੂਚਨਾ

**ਅੰਮ੍ਰਿਤਸਰ (ਨ ਜ਼ ਸ)**-ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ 2026 ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਵੱਲੋਂ ਨਿਰਧਾਰਤ ਕੀਤੇ ਦੋ ਮਹੀਨੇ ਦੇ ਸਮੇਂ ਦੇ ਆਖਰੀ ਦਿਨ ਸਰਕਾਰ ਨੇ ਇਸ ਸੰਬੰਧੀ ਇੱਕ ਕਮੇਟੀ ਬਣਾਉਣ ਦੀ ਸੂਚਨਾ ਸ੍ਰੀ ਅਕਾਲ ਤਖ਼ਤ ਨੂੰ ਭੇਜੀ ਹੈ। ਵੀਰਵਾਰ ਨੂੰ ਇਸ ਸੰਬੰਧੀ ਪੱਤਰ ਸ੍ਰੀ ਅਕਾਲ ਤਖ਼ਤ ਦੇ ਸਕੱਤਰੇਤ ਵਿਖੇ ਸੌਂਪਿਆ ਗਿਆ ਹੈ। ਇਸ ਦੀ ਪੁਸ਼ਟੀ ਸ੍ਰੀ ਅਕਾਲ ਤਖ਼ਤ ਸਕੱਤਰੇਤ ਦੇ ਸੂਤਰਾਂ ਵੱਲੋਂ ਕੀਤੀ ਗਈ ਹੈ। ਸੂਬੇ ਦੇ ਗ੍ਰਹਿ ਵਿਭਾਗ ਵੱਲੋਂ ਜਾਰੀ ਕੀਤੇ ਗਏ ਇਸ ਪੱਤਰ ਵਿੱਚ ਇਸ ਸੰਬੰਧੀ ਗਠਿਤ ਕੀਤੀ ਗਈ ਸੱਤ ਮੈਂਬਰੀ ਕਮੇਟੀ ਅਤੇ ਕਮੇਟੀ ਦੇ ਮੈਂਬਰਾਂ ਦੇ ਨਾਵਾਂ ਦਾ ਜ਼ਿਕਰ ਸ਼ਾਮਲ ਹੈ। ਸਰਕਾਰ ਵੱਲੋਂ ਬਣਾਈ ਗਈ ਇਸ ਸੱਤ ਮੈਂਬਰੀ ਕਮੇਟੀ ਸੋਧ ਐਕਟ ਮਾਮਲੇ ਵਿੱਚ ਸ੍ਰੀ ਅਕਾਲ ਤਖ਼ਤ ਵੱਲੋਂ ਬਣਾਈ ਗਈ ਪੰਜ ਮੈਂਬਰੀ ਕਮੇਟੀ ਨਾਲ ਤਾਲਮੇਲ ਕਰੇਗੀ ਤਾਂ ਜੋ ਸ੍ਰੀ ਅਕਾਲ ਤਖ਼ਤ ਵੱਲੋਂ ਪ੍ਰਗਟਾਏ ਗਏ ਇਤਰਾਜ਼ਾਂ ਦੇ ਮਾਮਲੇ 'ਤੇ ਚਰਚਾ ਕੀਤੀ ਜਾ ਸਕੇ। ਸਰਕਾਰ ਵੱਲੋਂ ਬਣਾਈ ਗਈ ਸੱਤ ਮੈਂਬਰੀ ਕਮੇਟੀ ਵਿੱਚ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ, ਦਮਦਮੀ ਟਕਸਾਲ ਦੇ ਮੁਖੀ ਬਾਬਾ ਹਰਨਾਮ ਸਿੰਘ ਖਾਲਸਾ, ਬਾਬਾ ਸੇਵਾ ਸਿੰਘ ਰਾਮਪੁਰ ਖੇੜਾ ਵਾਲੇ, ਸੇਵਾ ਮੁਕਤ ਜਸਟਿਸ ਜਸਪਾਲ ਸਿੰਘ, ਸੇਵਾ-ਮੁਕਤ ਜਸਟਿਸ ਗੁਰਬੀਰ ਸਿੰਘ, ਸੇਵਾ-ਮੁਕਤ ਪੁਲਸ ਅਧਿਕਾਰੀ ਜਤਿੰਦਰ ਸਿੰਘ ਔਲਖ ਅਤੇ ਕਾਨੂੰਨ ਅਧਿਕਾਰੀ ਪ੍ਰੀਤ ਇੰਦਰਪਾਲ ਸਿੰਘ ਸ਼ਾਮਲ ਹਨ। ਇਸ ਕਮੇਟੀ ਦੇ ਨੋਡਲ ਅਧਿਕਾਰੀ ਹਰਜੀਤ ਸਿੰਘ ਸੰਧੂ ਨੂੰ ਬਣਾਇਆ ਗਿਆ ਹੈ, ਜੋ ਅਕਾਲ ਤਖ਼ਤ ਵੱਲੋਂ ਬਣਾਈ ਗਈ ਕਮੇਟੀ ਨਾਲ ਤਾਲਮੇਲ ਕਰਨਗੇ।

## ਈ ਵੀ ਐੱਮ ਭਰੋਸੇਯੋਗ ਨਹੀਂ : ਦੀਪਕੇ

**ਮੁੰਬਈ (ਨ ਜ਼ ਸ)**-2 ਅਕਤੂਬਰ ਨੂੰ ਮੁੰਬਈ ਦੇ ਸ਼ਿਵਾਜੀ ਪਾਰਕ ਤੋਂ 'ਜੇਲ੍ਹ ਭਰੋ ਅੰਦੋਲਨ' ਸ਼ੁਰੂ ਕਰਨ ਤੋਂ ਪਹਿਲਾਂ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਬਾਨੀ ਅਭਿਜੀਤ ਦੀਪਕੇ ਨੇ ਵੀਰਵਾਰ ਐਲਾਨਿਆ ਕਿ ਮੁੱਖ ਚੋਣ ਕਮਿਸ਼ਨਰ ਗਿਆਨੇਸ਼ ਕੁਮਾਰ ਵਿਰੁੱਧ ਉਨ੍ਹਾ ਦਾ ਅੰਦੋਲਨ ਗੋਆ, ਬੇਂਗਲੁਰੂ, ਕੋਲਕਾਤਾ ਅਤੇ ਹੋਰ ਸ਼ਹਿਰਾਂ ਵਿੱਚ ਵੀ ਫੈਲ ਜਾਵੇਗਾ।

ਦੀਪਕੇ ਨੇ ਸੌਰਵ ਦਾਸ ਸਮੇਤ ਸਾਥੀ ਨੇਤਾਵਾਂ ਨਾਲ ਪ੍ਰੈੱਸ ਕਾਨਫਰੰਸ ਵਿੱਚ ਗਿਆਨੇਸ਼ ਕੁਮਾਰ ਵਿਰੁੱਧ ਫੌਜਦਾਰੀ ਕਾਰਵਾਈ ਦੀ ਮੰਗ ਕੀਤੀ। ਦੀਪਕੇ ਨੇ ਸਿਆਸੀ ਪਾਰਟੀਆਂ ਨੂੰ ਵੀ ਅੰਦੋਲਨ ਵਿੱਚ ਸ਼ਾਮਲ ਹੋਣ ਦੀ • ਬਾਕੀ ਸਫਾ 2 'ਤੇ

## ਅੱਜ-ਨਾਮਾ

ਸਕਦਾ ਏਂ ਬਚ ਤਾਂ ਬਚੀਂ ਪੰਜਾਬ ਸਿੰਘਾ,
ਤੇਰੇ ਵੱਲ ਹੋਈ ਹੈ ਨਵੀਂ ਚੜ੍ਹਾਈ ਬੇਲੀ।
ਗਲੀਆਂ ਵੱਲ ਨਿਕਲੀ ਧਾੜ ਲੀਡਰਾਂ ਦੀ,
ਅਗਲੀ ਚੋਣ ਨੇੜੇ ਵੇਖੀ ਜੇ ਆਈ ਬੇਲੀ।
ਸੋਚ ਕੇ ਬੋਲਣ ਦੀ ਕੋਈ ਨਾ ਲੋੜ ਹੁੰਦੀ,
ਜਾਂਦੇ ਆਪੋ ਵਿੱਚ ਦੋਸ਼ ਆ ਲਾਈ ਬੇਲੀ।
ਸਿਆਣਾ ਆਪ ਨੂੰ ਸਮਝਦੇ ਸਭ ਲੀਡਰ,
ਸਮਝਦੇ ਲੋਕ ਨੇ ਸਿਰਫ ਸ਼ੁਦਾਈ ਬੇਲੀ।
ਅੱਖੀਂ ਘੱਟਾ ਤਾਂ ਪਾਉਣ ਸੀ ਲੋਕ ਕਹਿੰਦੇ,
ਅੱਖੀਂ ਮਿਰਚਾਂ ਇਹ ਰਹੇ ਆ ਸੁੱਟ ਬੇਲੀ।
ਏਧਰ-ਓਧਰ ਚੁਪਾਸਿਉਂ ਆਉਣ ਧਾੜਾਂ,
ਬੜੇ ਲੁਟੇਰਿਆਂ ਦੇ ਬਣੇ ਪਏ ਜੁੱਟ ਬੇਲੀ।

-ਤੀਸ ਮਾਰ ਖਾਂ

## ਰੋਮਾਂਚਕ ਮੁਕਾਬਲੇ 'ਚ ਭਾਰਤ ਨੇ ਪਾਕਿਸਤਾਨ ਨੂੰ 4-3 ਨਾਲ ਹਰਾਇਆ

**ਨਗੋਅ (ਨਵਾਂ ਜ਼ਮਾਨਾ ਸਰਵਿਸ)**



ਏਸ਼ੀਅਨ ਖੇਡਾਂ ਦੇ ਹਾਕੀ ਦੇ ਸੈਮੀਫਾਈਨਲ ਮੈਚ ਵਿੱਚ ਭਾਰਤ ਨੇ ਪਾਕਿਸਤਾਨ ਨੂੰ 4-3 ਨਾਲ ਹਰਾ ਕੇ ਫਾਈਨਲ ਵਿਚ ਜਗ੍ਹਾ ਬਣਾ ਲਈ ਹੈ। ਭਾਰਤ ਲਈ ਹਰਮਨਪ੍ਰੀਤ ਸਿੰਘ (5ਵੇਂ ਅਤੇ 13ਵੇਂ ਮਿੰਟ), ਸੁਖਜੀਤ ਸਿੰਘ (23ਵੇਂ ਮਿੰਟ) ਅਤੇ ਅਭਿਸ਼ੇਕ (59ਵੇਂ ਮਿੰਟ) ਨੇ ਗੋਲ ਕੀਤੇ। ਪਾਕਿਸਤਾਨ ਲਈ ਕਪਤਾਨ ਅਬੂ ਮੁਹੰਮਦ (30ਵੇਂ ਮਿੰਟ), ਸ਼ਾਹਿਦ ਹਨਾਨ (45ਵੇਂ ਮਿੰਟ) ਅਤੇ ਰਾਣਾ ਵਹੀਦ (49ਵੇਂ ਮਿੰਟ) ਨੇ ਗੋਲ ਕੀਤੇ।

ਪਾਕਿਸਤਾਨ ਨੇ ਪਿਛਲੇ 10 ਸਾਲਾਂ ਵਿੱਚ ਭਾਰਤ ਵਿਰੁੱਧ ਕੋਈ ਹਾਕੀ ਮੈਚ ਨਹੀਂ ਜਿੱਤਿਆ ਹੈ। ਇਹ 21 ਮੈਚਾਂ ਵਿੱਚ ਉਸ ਦੀ 19ਵੀਂ ਹਾਰ ਸੀ, ਜਿਸ ਵਿੱਚ ਦੋ ਡਰਾਅ ਰਹੇ। ਇਸ ਜਿੱਤ ਨਾਲ ਭਾਰਤ ਨੇ ਸੋਨ ਤਗਮੇ ਦੇ ਮੈਚ ਵਿੱਚ ਆਪਣੀ ਜਗ੍ਹਾ ਪੱਕੀ ਕਰ ਲਈ, ਜਿੱਥੇ ਉਸ ਦਾ ਸਾਹਮਣਾ ਮਲੇਸ਼ੀਆ ਨਾਲ 3 ਅਕਤੂਬਰ ਨੂੰ ਹੋਵੇਗਾ। ਮਲੇਸ਼ੀਆ ਨੇ ਸੈਮੀਫਾਈਨਲ ਵਿੱਚ ਦੱਖਣੀ ਕੋਰੀਆ ਨੂੰ ਹਰਾਇਆ।

ਨਿਸ਼ਿਨ ਈਸ਼ਾਨ ਕਿਸ਼ਨ ਦੀਆਂ ਨਾਬਾਦ 80 ਦੌੜਾਂ ਦੀ ਬਦੌਲਤ ਭਾਰਤ ਨੇ ਵੀਰਵਾਰ ਨੂੰ ਇੱਥੇ ਏਸ਼ੀਅਨ ਗੇਮਜ਼ ਵਿੱਚ ਸ੍ਰੀਲੰਕਾ ਨੂੰ 124 ਦੌੜਾਂ ਨਾਲ ਹਰਾ ਕੇ ਪਾਕਿਸਤਾਨ ਵਿਰੁੱਧ ਫਾਈਨਲ ਵਿੱਚ ਆਪਣਾ ਸਥਾਨ ਪੱਕਾ ਕਰ ਲਿਆ ਹੈ। ਪਹਿਲਾਂ ਬੱਲੇਬਾਜ਼ੀ ਕਰਨ ਲਈ ਸੱਦਾ ਦਿੱਤੇ ਜਾਣ 'ਤੇ ਭਾਰਤ ਨੇ 7 ਵਿਕਟਾਂ 'ਤੇ 169 ਦੌੜਾਂ ਬਣਾਈਆਂ। ਸਲਾਮੀ ਬੱਲੇਬਾਜ਼ ਵੈਭਵ ਸੂਰਯਵੰਸ਼ੀ ਨੇ 21 ਗੇਂਦਾਂ 'ਤੇ ਤੇਜ਼ 38 ਦੌੜਾਂ ਬਣਾਈਆਂ । ਭਾਰਤ ਨੇ ਫਿਰ ਸ੍ਰੀਲੰਕਾ ਨੂੰ 9.5 ਓਵਰਾਂ ਵਿੱਚ 45 ਦੌੜਾਂ 'ਤੇ ਆਲ ਆਊਟ ਕਰ ਦਿੱਤਾ, ਜਿਸ ਵਿੱਚ ਜਸਪ੍ਰੀਤ ਬੁਮਰਾਹ (2/7), ਅਕਸ਼ਰ ਪਟੇਲ (2/8), ਅਭਿਸ਼ੇਕ ਸ਼ਰਮਾ (2/2) ਅਤੇ ਵਾਸ਼ਿੰਗਟਨ ਸੁੰਦਰ (1/18) ਵਿਕਟ ਲੈਣ ਵਾਲੇ ਖਿਡਾਰੀ ਸਨ।

## ਐੱਸ ਜੀ ਪੀ ਸੀ ਔਰਤ ਬਾਰੇ ਰਿਕਾਰਡ ਪੁਲਸ ਨੂੰ ਦੇਵੇ : ਬਲਤੇਜ ਪੰਨੂ

**ਚੰਡੀਗੜ੍ਹ (ਗੁਰਜੀਤ ਬਿੱਲਾ)**



ਆਮ ਆਦਮੀ ਪਾਰਟੀ ਪੰਜਾਬ ਨੇ ਵੀਰਵਾਰ ਐੱਸ ਜੀ ਪੀ ਸੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਦੀ ਐੱਸ ਜੀ ਪੀ ਸੀ ਦੁਆਰਾ ਸੰਚਾਲਿਤ ਸਰਾਂ ਵਿੱਚ ਇੱਕ ਔਰਤ ਦੇ ਅੱਠ ਮਹੀਨੇ ਠਹਿਰਨ ਦੇ ਮਾਮਲੇ ਵਿੱਚ ਸੀ ਬੀ ਆਈ ਜਾਂਚ ਦੀ ਮੰਗ ਉੱਤੇ ਸਵਾਲ ਚੁੱਕਦਿਆਂ ਪੁੱਛਿਆ ਕਿ ਐੱਸ ਜੀ ਪੀ ਸੀ ਪੰਜਾਬ ਪੁਲਸ ਦਾ ਸਹਿਯੋਗ ਕਰਨ ਤੋਂ ਕਿਉਂ ਭੱਜ ਰਹੀ ਹੈ, ਜੋ ਪਹਿਲਾਂ ਹੀ ਇਸ ਮਾਮਲੇ ਦੀ ਜਾਂਚ ਕਰ ਰਹੀ ਹੈ। ਆਪ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਕਿਸੇ ਹੋਰ ਏਜੰਸੀ ਤੋਂ ਜਾਂਚ ਮੰਗਣ ਦੀ ਬਜਾਏ ਧਾਮੀ ਨੂੰ ਔਰਤ ਦੇ ਠਹਿਰਨ ਨਾਲ ਜੁੜੇ ਬੁਨਿਆਦੀ ਸਵਾਲਾਂ ਦੇ ਜਵਾਬ ਦੇਣੇ ਚਾਹੀਦੇ ਹਨ ਅਤੇ ਐੱਸ ਜੀ ਪੀ ਸੀ ਕੋਲ ਉਪਲੱਬਧ ਸਾਰੇ ਸੰਬੰਧਤ ਰਿਕਾਰਡ ਪੰਜਾਬ ਪੁਲਸ ਨੂੰ ਮੁਹੱਈਆ ਕਰਵਾਉਣੇ ਚਾਹੀਦੇ ਹਨ। ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਪੰਨੂ ਨੇ ਕਿਹਾ, 'ਮੁੱਖ ਸਵਾਲ ਇਹ ਹਨ ਕਿ ਔਰਤ ਨੂੰ ਸ੍ਰੀ ਅਨੰਦਪੁਰ ਸਾਹਿਬ ਕਿਉਂ ਲਿਆਂਦਾ ਗਿਆ, ਉਸ ਦੇ ਠਹਿਰਨ ਦਾ ਪ੍ਰਬੰਧ ਕਿਸ ਨੇ ਕੀਤਾ, ਉਹ ਅੱਠ ਮਹੀਨੇ ਉੱਥੇ ਕਿਉਂ ਰਹੀ ਅਤੇ ਐੱਸ ਜੀ ਪੀ ਸੀ ਨੇ ਉਸ ਨੂੰ ਵਾਹਨ, ਸੇਵਾਦਾਰ ਅਤੇ ਹੋਰ ਖਰਚੇ ਕਿਉਂ ਮੁਹੱਈਆ ਕਰਵਾਏ?'

ਉਨ੍ਹਾ ਕਿਹਾ, 'ਜਦੋਂ ਤੱਥਾਂ ਨੂੰ ਸਥਾਪਤ ਕਰਨ ਲਈ ਲੋੜੀਂਦੇ ਰਿਕਾਰਡ ਸੰਸਥਾ ਦੇ ਆਪਣੇ ਕੋਲ ਹਨ, ਤਾਂ ਐੱਸ ਜੀ ਪੀ ਸੀ ਸੀ ਬੀ ਆਈ ਜਾਂਚ ਦੀ ਮੰਗ ਕਿਉਂ ਕਰ ਰਹੀ ਹੈ? • ਬਾਕੀ ਸਫਾ 2 'ਤੇ

## 'ਆਪ' ਲੀਗਲ ਵਿੰਗ ਦੇ ਸੂਬਾ ਪ੍ਰਧਾਨ ਵੱਲੋਂ ਵਕੀਲ ਭਾਈਚਾਰੇ ਨਾਲ ਮੀਟਿੰਗ

### ਵਕੀਲ ਦੀਆਂ ਜਾਇਜ਼ ਮੰਗਾਂ ਸਰਕਾਰ ਤੱਕ ਪਹੁੰਚਾ ਕੇ ਹੱਲ ਲਈ ਕਰਾਂਗੇ ਯਤਨ : ਐਡਵੋਕੇਟ ਮੰਗੂ



ਮੋਗਾ (ਇਕਬਾਲ ਸਿੰਘ ਖਹਿਰਾ)-ਆਮ ਆਦਮੀ ਪਾਰਟੀ ਲੀਗਲ ਵਿੰਗ ਪੰਜਾਬ ਦੇ ਸੂਬਾ ਪ੍ਰਧਾਨ ਐਡਵੋਕੇਟ ਗਿਆਨ ਸਿੰਘ ਮੰਗੂ ਵੱਲੋਂ ਮੋਗਾ ਬਾਰ ਐਸੋਸੀਏਸ਼ਨ ਦੇ ਅਹੁਦੇਦਾਰਾਂ ਤੇ ਵਕੀਲ ਭਾਈਚਾਰੇ ਨਾਲ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਵਕੀਲਾਂ ਨੂੰ ਦਰਪੇਸ਼ ਸਮੱਸਿਆਵਾਂ, ਬੁਨਿਆਦੀ ਸਹੂਲਤਾਂ ਤੇ ਵੱਖ-ਵੱਖ ਮੰਗਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਐਡਵੋਕੇਟ ਮੰਗੂ ਨੇ ਕਿਹਾ ਕਿ ਵਕੀਲ ਭਾਈਚਾਰੇ ਵੱਲੋਂ ਰੱਖੀਆਂ ਗਈਆਂ ਮੰਗਾਂ ਨੂੰ ਪੰਜਾਬ ਸਰਕਾਰ ਦੇ ਸਬੰਧਤ ਪੱਧਰ ਤੱਕ ਪਹੁੰਚਾ ਕੇ ਉਨ੍ਹਾਂ ਦੇ ਹੱਲ ਲਈ ਯਤਨ ਕੀਤੇ ਜਾਣਗੇ।ਐਡਵੋਕੇਟ ਗਿਆਨ ਸਿੰਘ ਮੰਗੂ ਨੇ ਕਿਹਾ ਕਿ ਪੰਜਾਬ ਦੀਆਂ ਵੱਖ-ਵੱਖ ਬਾਰ ਐਸੋਸੀਏਸ਼ਨਾਂ ਵਿੱਚ ਜਾ ਕੇ ਵਕੀਲਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਬਾਰੇ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ।ਇਸੇ ਕੜੀ ਤਹਿਤ ਮੋਗਾ ਬਾਰ ਐਸੋਸੀਏਸ਼ਨ ਦੇ ਅਹੁਦੇਦਾਰਾਂ ਤੇ ਵਕੀਲਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਮੰਗਾਂ ਨੂੰ ਸੁਣਿਆ ਗਿਆ।ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਮਕਸਦ ਕਿਸੇ ਮੰਗ ਨੂੰ ਤੁਰੰਤ ਮਨਜ਼ੂਰ ਕਰਵਾਉਣ ਦਾ ਦਾਅਵਾ ਕਰਨਾ ਨਹੀਂ, ਸਗੋਂ ਵਕੀਲ ਭਾਈਚਾਰੇ ਦੀਆਂ ਮੰਗਾਂ ਨੂੰ ਸਰਕਾਰ ਤੱਕ ਪਹੁੰਚਾ ਕੇ ਹੱਲ ਲਈ ਸਾਂਝੇ ਤੌਰ 'ਤੇ ਯਤਨ ਕਰਨਾ ਹੈ।ਐਡਵੋਕੇਟ ਮੰਗੂ ਨੇ ਕਿਹਾ ਕਿ ਰੈਵੇਨਿਊ ਐਕਟ ਨਾਲ ਸਬੰਧਤ ਕੁਝ ਮੁੱਦਿਆਂ ਤੇ ਕਮਰਸ਼ੀਅਲ ਤੋਂ ਡੋਮੈਸਟਿਕ ਸ਼੍ਰੇਣੀ ਵਿੱਚ ਤਬਦੀਲੀ ਨਾਲ ਜੁੜੀਆਂ ਸਮੱਸਿਆਵਾਂ ਨੂੰ ਵੀ ਸਬੰਧਤ ਵਿਭਾਗਾਂ ਤੇ ਪੰਜਾਬ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ।ਇਸ ਮੌਕੇ ਮੋਗਾ ਬਾਰ ਐਸੋਸੀਏਸ਼ਨ ਦੇ ਅਹੁਦੇਦਾਰਾਂ ਵੱਲੋਂ ਐਡਵੋਕੇਟ ਗਿਆਨ ਸਿੰਘ ਮੰਗੂ ਦਾ ਸਵਾਗਤ ਕੀਤਾ ਗਿਆ ਤੇ ਵਕੀਲ ਭਾਈਚਾਰੇ ਨੂੰ ਦਰਪੇਸ਼ ਵੱਖ-ਵੱਖ ਸਮੱਸਿਆਵਾਂ ਤੋਂ ਜਾਣੂ ਕਰਵਾਇਆ ਗਿਆ।ਮੀਟਿੰਗ ਵਿੱਚ ਬਾਰ ਐਸੋਸੀਏਸ਼ਨ ਦੇ ਅਹੁਦੇਦਾਰਾਂ ਸਮੇਤ ਵੱਡੀ ਗਿਣਤੀ ਵਿੱਚ ਵਕੀਲ ਹਾਜ਼ਰ ਰਹੇ।

## ਨਗਰ ਕੌਂਸਲ ਸਨੌਰ ਦੀ ਮੀਟਿੰਗ 'ਚ 4.50 ਕਰੋੜ ਦੇ ਵਿਕਾਸ ਪ੍ਰੋਜੈਕਟਾਂ ਦੇ ਮਤੇ ਸਰਬਸੰਮਤੀ ਨਾਲ ਪਾਸ

### ਹਲਕਾ ਇੰਚਾਰਜ ਹਡਾਣਾ ਦੀ ਰਹਿਨੁਮਾਈ ਹੇਠ ਸ਼ਹਿਰ ਦੇ ਸਰਬਪੱਖੀ ਵਿਕਾਸ ਨੂੰ ਮਿਲੀ ਵੱਡੀ ਰਫ਼ਤਾਰ



ਸਨੌਰ (ਰਾਜਿੰਦਰ ਸਿੰਘ ਥਿੰਦ)-ਸਨੌਰ ਸ਼ਹਿਰ ਨੂੰ ਵਿਕਾਸ ਪੱਖੋਂ ਮੋਹਰੀ ਬਣਾਉਣ ਤੇ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਦੇ ਮਕਸਦ ਨਾਲ ਨਗਰ ਕੌਂਸਲ ਸਨੌਰ ਦੇ ਦਫ਼ਤਰ ਵਿਖੇ ਹਾਊਸ ਦੀ ਵਿਸ਼ੇਸ਼ ਮੀਟਿੰਗ ਹੋਈ।ਇਹ ਮੀਟਿੰਗ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ. ਰਣਜੋਧ ਸਿੰਘ ਹਡਾਣਾ ਦੀ ਰਹਿਨੁਮਾਈ ਤੇ ਨਗਰ ਕੌਂਸਲ ਪ੍ਰਧਾਨ ਪ੍ਰਦੀਪ ਜੋਸ਼ਨ ਦੀ ਪ੍ਰਧਾਨਗੀ ਹੇਠ ਸੰਪੰਨ ਹੋਈ। ਮੀਟਿੰਗ ਦੌਰਾਨ ਸ਼ਹਿਰ ਦੇ ਵਿਕਾਸ ਕਾਰਜਾਂ, ਸੀਵਰੇਜ ਸਿਸਟਮ, ਜਲ ਸਪਲਾਈ ਤੇ ਮੁਲਾਜ਼ਮਾਂ ਦੀਆਂ ਮੰਗਾਂ ਨਾਲ ਸਬੰਧਤ ਲਗਭਗ 4.50 ਕਰੋੜ ਰੁਪਏ ਦੇ ਅਹਿਮ ਮਤੇ ਵਿਚਾਰ-ਵਟਾਂਦਰੇ ਉਪਰੰਤ ਸਰਬਸੰਮਤੀ ਨਾਲ ਪਾਸ ਕੀਤੇ ਗਏ।ਇਸ ਮੌਕੇ ਹਲਕਾ ਇੰਚਾਰਜ ਸ. ਰਣਜੋਧ ਸਿੰਘ ਹਡਾਣਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਸ਼ਹਿਰਾਂ ਦੇ ਬੁਨਿਆਦੀ ਢਾਂਚੇ ਨੂੰ ਨਵੀਂ ਦਿਸ਼ਾ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਆਖਿਆ ਕਿ ਸਨੌਰ ਸ਼ਹਿਰ ਦੇ ਵਸਨੀਕਾਂ ਨੂੰ ਸਾਫ਼ ਪੀਣ ਵਾਲਾ ਪਾਣੀ, ਨਿਕਾਸੀ ਪ੍ਰਬੰਧ, ਸਾਫ਼-ਸੁਥਰੀਆਂ ਸੜਕਾਂ ਤੇ ਆਧੁਨਿਕ ਸਹੂਲਤਾਂ ਦੇਣਾ ਉਨ੍ਹਾਂ ਦੀ ਮੁੱਖ ਤਰਜੀਹ ਹੈ।ਹਡਾਣਾ ਨੇ ਦੱਸਿਆ ਕਿ ਲੰਮੇ ਸਮੇਂ ਤੋਂ ਸੇਵਾਵਾਂ ਨਿਭਾ ਰਹੇ ਕੱਚੇ ਕਾਮਿਆਂ ਨੂੰ ਪੱਕਾ ਕਰਨ ਦੀ ਨੀਤੀ ਤਹਿਤ ਸਫ਼ਾਈ ਸੇਵਕਾਂ ਤੇ ਦਫ਼ਤਰੀ ਸਟਾਫ਼ ਨੂੰ ਵੱਡੀ ਰਾਹਤ ਦਿੱਤੀ ਗਈ ਹੈ।ਮੀਟਿੰਗ ਦੇ ਫ਼ੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਪ੍ਰਧਾਨ ਪ੍ਰਦੀਪ ਜੋਸ਼ਨ ਨੇ ਦੱਸਿਆ ਕਿ ਪੰਜਾਬ ਸਰਕਾਰ ਦੀ ਨੀਤੀ ਅਧੀਨ ਕੰਟਰੈਕਟ ਬੇਸਿਸ 'ਤੇ ਕੰਮ ਕਰ ਰਹੇ ਸਫ਼ਾਈ ਸੇਵਕਾਂ ਨੂੰ ਰੈਗੂਲਰ ਕਰਨ ਤੇ ਆਊਟਸੋਰਸ 'ਤੇ ਕੰਮ ਕਰ ਰਹੇ ਸਫ਼ਾਈ ਸਟਾਫ਼ ਸਮੇਤ ਦਫ਼ਤਰੀ ਮੁਲਾਜ਼ਮਾਂ (ਦਰਜਾ-3 ਤੇ ਦਰਜਾ-4) ਨੂੰ ਇਨਸੋਰਸ ਕਰਨ ਦਾ ਮਤਾ ਪਾਸ ਕੀਤਾ ਗਿਆ।ਇਸ ਤੋਂ ਇਲਾਵਾ ਪੰਜਾਬ ਵਾਟਰ ਸਪਲਾਈ ਤੇ ਸੀਵਰੇਜ ਬੋਰਡ ਵੱਲੋਂ ਵਾਰਡ ਨੰਬਰ 1 (ਅਨਾਜ ਮੰਡੀ ਰੋਡ) ਵਿੱਚ ਡੀ.ਆਈ.-ਕੇ 7 ਪਾਈਪਾਂ ਰਾਹੀਂ ਵਾਟਰ ਸਪਲਾਈ ਲਾਈਨ ਲਈ 11.88 ਲੱਖ ਰੁਪਏ ਤੇ ਵਾਰਡ ਨੰਬਰ 5 ਵਿੱਚ ਪਾਈਪ ਲਾਈਨ ਪਾਉਣ ਲਈ 12.31 ਲੱਖ ਰੁਪਏ ਦੇ ਤਖ਼ਮੀਨੇ ਪਾਸ ਕੀਤੇ ਗਏ।ਸ਼ਹਿਰ ਅੰਦਰ ਜਨਤਕ ਪਖਾਨੇ ਬਣਾਉਣ ਤੇ ਭੂਰੀ ਹਾਊਸ ਤੋਂ ਬੱਸ ਸਟੈਂਡ ਫ਼ਿਰਨੀ ਤੱਕ ਐੱਨ.ਪੀ.-3 ਆਰ.ਸੀ.ਸੀ. ਸੀਵਰੇਜ ਪਾਈਪ ਪਾਉਣ ਲਈ 95.77 ਲੱਖ ਰੁਪਏ ਦੇ ਪ੍ਰੋਜੈਕਟ ਨੂੰ ਵੀ ਹਰੀ ਝੰਡੀ ਦਿੱਤੀ ਗਈ।ਹਾਊਸ ਵੱਲੋਂ ਨਗਰ ਕੌਂਸਲ ਹਦੂਦ ਅੰਦਰ ਪੈਂਦੀਆਂ ਸਾਂਝੀਆਂ, ਸ਼ਾਮਲਾਤ ਤੇ ਸਰਕਾਰੀ ਜ਼ਮੀਨਾਂ ਦੀ ਨਿਸ਼ਾਨਦੇਹੀ ਕਰਵਾਉਣ, ਰਿਟਾਇਰਡ ਪਟਵਾਰੀ ਦੀਆਂ ਸੇਵਾਵਾਂ ਲੈਣ ਤੇ ਸ਼ਹਿਰ ਵਿੱਚ ਸੁੰਦਰ ਪਾਰਕ ਤਿਆਰ ਕਰਕੇ ਉਸ ਵਿੱਚ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਜੀ ਦਾ ਆਦਮਕੱਦ ਬੁੱਤ ਸਥਾਪਤ ਕਰਨ ਸਬੰਧੀ ਮਤੇ ਨੂੰ ਵੀ ਪ੍ਰਵਾਨਗੀ ਦਿੱਤੀ ਗਈ।ਇਸ ਮੌਕੇ ਕਾਰਜ ਸਾਧਕ ਅਫ਼ਸਰ ਲਖਵਿੰਦਰ ਸਿੰਘ, ਐੱਮ.ਈ. ਅਮਿਤ ਕੁਮਾਰ, ਜੇ.ਈ. ਜਗਦੀਪ ਸਿੰਘ, ਕੌਂਸਲਰ, ਆਪ ਆਗੂ ਸਮੇਤ ਨਗਰ ਕੌਂਸਲ ਦਾ ਸਟਾਫ਼ ਹਾਜ਼ਰ ਸੀ।

## ਐੱਚ ਐੱਮ ਈ ਐੱਲ-ਏਮਜ਼ ਬਠਿੰਡਾ ਵੱਲੋਂ ਬਾਘਾ 'ਚ ਮੈਗਾ ਸਿਹਤ ਕੈਂਪ

### 256 ਪੇਂਡੂਆਂ ਨੂੰ ਮਿਲੀਆਂ ਮਾਹਰ ਡਾਕਟਰੀ ਸੇਵਾਵਾਂ



ਤਲਵੰਡੀ ਸਾਬੋ (ਜਗਦੀਪ ਗਿੱਲ)-ਪੇਂਡੂ ਭਾਈਚਾਰੇ ਨੂੰ ਉਨ੍ਹਾਂ ਦੇ ਘਰ-ਦੁਆਰ ਦੇ ਨੇੜੇ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਐੱਚਐੱਮਈਐੱਲ ਗੁਰੂ ਗੋਬਿੰਦ ਸਿੰਘ ਰਿਫਾਇਨਰੀ ਵੱਲੋਂ ਏਮਜ਼ ਬਠਿੰਡਾ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਮੋਬਾਈਲ ਮੈਡੀਕਲ ਯੂਨਿਟ ਤੇ ਟੈਲੀਮੈਡੀਸਨ ਸਹੂਲਤ ਤਹਿਤ ਪਿੰਡ ਬਾਘਾ ਵਿੱਚ ਮੈਗਾ ਸਿਹਤ ਕੈਂਪ ਲਗਾਇਆ ਗਿਆ।ਪਿੰਡ ਦੇ ਗੁਰਦੁਆਰਾ ਸਾਹਿਬ ਵਿਖੇ ਲਗਾਏ ਗਏ ਇਸ ਕੈਂਪ ਦੌਰਾਨ 256 ਪੇਂਡੂਆਂ ਦੀ ਸਿਹਤ ਜਾਂਚ ਕੀਤੀ ਗਈ ਤੇ ਉਨ੍ਹਾਂ ਨੂੰ ਮੌਕੇ 'ਤੇ ਹੀ ਡਾਕਟਰੀ ਸਲਾਹ ਤੇ ਲੋੜੀਂਦੀਆਂ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ। ਕੈਂਪ ਦੌਰਾਨ ਏਮਜ਼ ਬਠਿੰਡਾ ਦੇ ਮਾਹਰ ਡਾਕਟਰਾਂ ਵੱਲੋਂ ਹੱਡੀਆਂ ਦੇ ਰੋਗ, ਅੱਖਾਂ ਦੇ ਰੋਗ, ਦੰਦਾਂ ਦੀ ਜਾਂਚ ਤੇ ਆਮ ਬਿਮਾਰੀਆਂ ਸਮੇਤ ਵੱਖ-ਵੱਖ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਗਈਆਂ।ਇਸ ਤੋਂ ਇਲਾਵਾ ਟੈਲੀਮੈਡੀਸਨ ਰਾਹੀਂ ਏਮਜ਼ ਦੇ ਮਾਹਰ ਡਾਕਟਰਾਂ ਤੋਂ ਸਲਾਹ ਲੈਣ ਦੀ ਸਹੂਲਤ ਵੀ ਉਪਲਬਧ ਕਰਵਾਈ ਗਈ।ਕੈਂਪ ਦੌਰਾਨ ਔਰਤਾਂ ਨਾਲ ਸਬੰਧਤ ਬਿਮਾਰੀਆਂ ਦੇ ਮਾਹਰਾਂ ਦੀ ਮੌਜੂਦਗੀ ਵਿੱਚ ਵੀ ਵੱਡੀ ਗਿਣਤੀ ਵਿੱਚ ਪੇਂਡੂਆਂ ਨੇ ਮਾਹਰ ਡਾਕਟਰੀ ਸਲਾਹ ਦਾ ਲਾਭ ਲਿਆ।ਮੋਬਾਈਲ ਮੈਡੀਕਲ ਯੂਨਿਟ ਦੀ ਸਹੂਲਤ ਸ਼ੁਰੂ ਹੋਣ ਤੋਂ ਪਹਿਲਾਂ ਆਸ-ਪਾਸ ਦੇ ਪੇਂਡੂਆਂ ਨੂੰ ਮਾਹਰ ਡਾਕਟਰੀ ਸੇਵਾਵਾਂ ਲਈ ਲਗਭਗ 40 ਕਿਲੋਮੀਟਰ ਦਾ ਸਫ਼ਰ ਤੈਅ ਕਰਕੇ ਏਮਜ਼ ਬਠਿੰਡਾ ਜਾਣਾ ਪੈਂਦਾ ਸੀ।ਦੂਰੀ ਤੇ ਸਮੇਂ ਦੀ ਕਮੀ ਕਾਰਨ ਕਈ ਵਾਰ ਪੇਂਡੂ ਸਮੇਂ ਸਿਰ ਡਾਕਟਰੀ ਸਲਾਹ ਨਹੀਂ ਲੈ ਸਕਦੇ ਸਨ। ਹੁਣ ਮੋਬਾਈਲ ਮੈਡੀਕਲ ਯੂਨਿਟ ਰਾਹੀਂ ਮਾਹਰ ਸਿਹਤ ਸੇਵਾਵਾਂ ਪਿੰਡਾਂ ਤੱਕ ਪਹੁੰਚਣ ਨਾਲ ਪੇਂਡੂਆਂ ਨੂੰ ਆਪਣੇ ਘਰ-ਦੁਆਰ ਦੇ ਨੇੜੇ ਹੀ ਸਮੇਂ ਸਿਰ ਸਿਹਤ ਜਾਂਚ, ਡਾਕਟਰੀ ਸਲਾਹ ਤੇ ਇਲਾਜ ਦੀ ਸਹੂਲਤ ਮਿਲ ਰਹੀ ਹੈ।ਇਥੇ ਡਾਕਟਰੀ ਸਲਾਹ ਲੈਣ ਵਾਲੇ ਮਰੀਜ਼ਾਂ ਨੂੰ ਏਮਜ਼ ਬਠਿੰਡਾ ਵਿੱਚ ਅੱਗੇ ਇਲਾਜ ਕਰਵਾਉਣ ਲਈ ਦੁਬਾਰਾ ਰਜਿਸਟ੍ਰੇਸ਼ਨ ਕਰਵਾਉਣ ਦੀ ਲੋੜ ਨਹੀਂ ਪੈਂਦੀ।ਕੈਂਪ ਦੌਰਾਨ ਜਾਰੀ ਕੀਤੀ ਗਈ ਪਰਚੀ ਦੇ ਆਧਾਰ 'ਤੇ ਉਹ ਏਮਜ਼ ਵਿੱਚ ਲੋੜੀਂਦਾ ਇਲਾਜ ਤੇ ਡਾਕਟਰੀ ਸਲਾਹ ਪ੍ਰਾਪਤ ਕਰ ਸਕਦੇ ਹਨ।ਪਿੰਡ ਬਾਘਾ ਵਿੱਚ ਸਿਹਤ ਕੈਂਪ ਦੇ ਸਫਲ ਆਯੋਜਨ ਵਿੱਚ ਸਥਾਨਕ ਭਾਈਚਾਰੇ ਦੀ ਸਰਗਰਮ ਭਾਗੀਦਾਰੀ ਰਹੀ। ਗ੍ਰਾਮ ਪੰਚਾਇਤ, ਬਾਘਾ ਵੱਲੋਂ ਕੈਂਪ ਦੇ ਆਯੋਜਨ ਵਿੱਚ ਪੂਰਾ ਸਹਿਯੋਗ ਦਿੱਤਾ ਗਿਆ, ਜਦਕਿ ਗੁਰਦੁਆਰਾ ਬਾਘਾ ਦੀ ਪ੍ਰਬੰਧਕ ਕਮੇਟੀ ਨੇ ਲੋੜੀਂਦੇ ਪ੍ਰਬੰਧ ਕਰਕੇ ਲਾਭਪਾਤਰੀਆਂ ਲਈ ਸੁਵਿਧਾਜਨਕ ਤੇ ਸੁਚੱਜਾ ਮਾਹੌਲ ਯਕੀਨੀ ਬਣਾਇਆ।ਕੈਂਪ ਦੇ ਸਫ਼ਲ ਸੰਚਾਲਨ ਵਿੱਚ ਐੱਚਐੱਮਈਐੱਲ ਕਰਮਚਾਰੀਆਂ ਨੇ ਸਵੈ-ਸੇਵਕਾਂ ਵਜੋਂ ਸਰਗਰਮ ਭੂਮਿਕਾ ਨਿਭਾਈ ਤੇ ਰਜਿਸਟ੍ਰੇਸ਼ਨ, ਮਾਰਗਦਰਸ਼ਨ ਤੇ ਹੋਰ ਪ੍ਰਬੰਧਾਂ ਵਿੱਚ ਸਹਿਯੋਗ ਦਿੱਤਾ।

## ਮਾਪੇ-ਅਧਿਆਪਕ ਮਿਲਣੀ ਤੇ ਸਾਲਾਨਾ ਨਤੀਜੇ ਦਾ ਐਲਾਨ




ਅਜੀਤਵਾਲ (ਨਛੱਤਰ ਸੰਧੂ)-ਹੋਲੀ ਹਾਰਟ ਸਕੂਲ ਵਿਖੇ ਮਾਪੇ-ਅਧਿਆਪਕ ਮਿਲਣੀ ਤੇ ਸਾਲਾਨਾ ਪ੍ਰੀਖਿਆਵਾਂ ਦੇ ਨਤੀਜੇ ਐਲਾਨਣ ਲਈ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ।ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਦੇ ਮਾਪਿਆਂ ਨੇ ਹਿੱਸਾ ਲਿਆ।ਸਮਾਗਮ ਦਾ ਮੁੱਖ ਮਨੋਰਥ ਵਿਦਿਆਰਥੀਆਂ ਦੀ ਸਾਲਾਨਾ ਕਾਰਗੁਜ਼ਾਰੀ, ਉਨ੍ਹਾਂ ਦੀਆਂ ਅਕਾਦਮਿਕ ਪ੍ਰਾਪਤੀਆਂ ਤੇ ਸਰਬਪੱਖੀ ਵਿਕਾਸ 'ਤੇ ਚਰਚਾ ਕਰਨਾ ਸੀ।ਪ੍ਰੋਗਰਾਮ ਦੀ ਸ਼ੁਰੂਆਤ ਸਕੂਲ ਪ੍ਰਬੰਧਕਾਂ ਚੇਅਰਮੈਨ ਸੁਭਾਸ਼ ਪਲਤਾ ਤੇ ਡਾਇਰੈਕਟਰ ਅਮਿਤ ਪਲਤਾ, ਸ਼੍ਰੇਆ ਪਲਤਾ, ਸ਼ਿਵਾਨੀ ਅਰੋੜਾ ਤੇ ਰਮਨ ਅਰੋੜਾ, ਨਾਲ ਹੀ ਸਕੂਲ ਦੇ ਪ੍ਰਿੰਸੀਪਲ ਸ਼ਾਕਸ਼ੀ ਗੁਲੇਰੀਆ ਤੇ ਅਧਿਆਪਕਾਂ ਦੁਆਰਾ ਆਏ ਹੋਏ ਮਾਪਿਆਂ ਦੇ ਨਿੱਘੇ ਸਵਾਗਤ ਨਾਲ ਹੋਈ।ਮੀਟਿੰਗ ਦੌਰਾਨ ਅਧਿਆਪਕਾਂ ਨੇ ਮਾਪਿਆਂ ਨਾਲ ਬੱਚਿਆਂ ਦੀਆਂ ਪੜ੍ਹਾਈ ਵਿੱਚ ਪ੍ਰਗਤੀ, ਵਿਹਾਰ ਤੇ ਜਮਾਤ ਦੀਆਂ ਹੋਰ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ।ਅਧਿਆਪਕਾਂ ਨੇ ਮਾਪਿਆਂ ਨੂੰ ਸੁਝਾਅ ਦਿੱਤੇ ਕਿ ਬੱਚਿਆਂ ਨੂੰ ਘਰ ਵਿੱਚ ਵੀ ਪੜ੍ਹਾਈ ਲਈ ਢੁਕਵਾਂ ਮਾਹੌਲ ਦਿੱਤਾ ਜਾਵੇ ਅਤੇ ਉਨ੍ਹਾਂ ਦੀਆਂ ਰੋਜ਼ਾਨਾ ਆਦਤਾਂ 'ਤੇ ਧਿਆਨ ਦਿੱਤਾ ਜਾਵੇ।ਇਸ ਤੋਂ ਬਾਅਦ ਵੱਖ-ਵੱਖ ਜਮਾਤਾਂ ਦੇ ਸਾਲਾਨਾ ਪ੍ਰੀਖਿਆਵਾਂ ਦੇ ਨਤੀਜੇ ਐਲਾਨੇ ਗਏ।ਸਕੂਲ ਦੇ ਬੱਚਿਆਂ ਨੇ ਇਨ੍ਹਾਂ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ। ਸਕੂਲ ਚੇਅਰਮੈਨ ਸੁਭਾਸ਼ ਪਲਤਾ ਨੇ ਕਿਹਾ ਕਿ ਸਕੂਲ ਦਾ ਮੁੱਖ ਮਕਸਦ ਬੱਚਿਆਂ ਨੂੰ ਮਿਆਰੀ ਸਿੱਖਿਆ ਦੇਣ ਦੇ ਨਾਲ-ਨਾਲ ਉਨ੍ਹਾਂ ਦੇ ਅੰਦਰ ਨੈਤਿਕ ਕਦਰਾਂ-ਕੀਮਤਾਂ ਦਾ ਸੰਚਾਰ ਕਰਨਾ ਹੈ।ਉਨ੍ਹਾਂ ਕਿਹਾ ਕਿ ਬੱਚਿਆਂ ਦੇ ਸਰਬਪੱਖੀ ਵਿਕਾਸ ਲਈ ਮਾਪਿਆਂ ਤੇ ਅਧਿਆਪਕਾਂ ਦਾ ਆਪਸੀ ਤਾਲਮੇਲ ਬਹੁਤ ਜ਼ਰੂਰੀ ਹੈ। ਪ੍ਰਿੰਸੀਪਲ ਨੇ ਵੀ ਅਧਿਆਪਕਾਂ ਦੀ ਮਿਹਨਤ ਅਤੇ ਮਾਪਿਆਂ ਦੇ ਸਹਿਯੋਗ ਦੀ ਸ਼ਲਾਘਾ ਕੀਤੀ।

## ਅਮਨ-ਕਾਨੂੰਨ ਕਾਇਮ ਰੱਖਣਾ ਤੇ ਲੋਕਾਂ ਨੂੰ ਇਨਸਾਫ਼ ਦਿਵਾਉਣਾ ਪਹਿਲੀ ਤਰਜੀਹ : ਥਾਣਾ ਮੁਖੀ



ਕੋਟ ਈਸੇ ਖਾਂ (ਅਰੋੜਾ)-ਥਾਣਾ ਕੋਟ ਈਸੇ ਖਾਂ ਦੇ ਨਵੇਂ ਥਾਣਾ ਮੁਖੀ ਸਬ ਇੰਸਪੈਕਟਰ ਕਮਲਜੀਤ ਸਿੰਘ ਵੱਲੋਂ ਚਾਰਜ ਸੰਭਾਲਣ ਉਪਰੰਤ ਪ੍ਰੈੱਸ ਕਲੱਬ ਕੋਟ ਈਸੇ ਖਾਂ ਸਬ ਡਵੀਜ਼ਨ ਧਰਮਕੋਟ ਮੋਗਾ ਦੇ ਅਹੁਦੇਦਾਰਾਂ ਤੇ ਪੱਤਰਕਾਰਾਂ ਨਾਲ ਵਿਸ਼ੇਸ਼ ਮਿਲਣੀ ਕੀਤੀ ਗਈ।ਇਸ ਮੌਕੇ ਥਾਣਾ ਮੁਖੀ ਵੱਲੋਂ ਪੱਤਰਕਾਰਾਂ ਨਾਲ ਚਾਹ ਦਾ ਕੱਪ ਸਾਂਝਾ ਕਰਦਿਆਂ ਇਲਾਕੇ ਦੀਆਂ ਵੱਖ-ਵੱਖ ਸਮੱਸਿਆਵਾਂ ਤੇ ਪੁਲਸ-ਪ੍ਰੈੱਸ ਤਾਲਮੇਲ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਸਬ ਇੰਸਪੈਕਟਰ ਕਮਲਜੀਤ ਸਿੰਘ ਨੇ ਕਿਹਾ ਕਿ ਪੁਲਸ ਦਾ ਮੁੱਖ ਮਕਸਦ ਲੋਕਾਂ ਦੀ ਸੁਰੱਖਿਆ, ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣਾ ਤੇ ਲੋਕਾਂ ਨੂੰ ਬਿਹਤਰ ਪੁਲਸ ਸੇਵਾਵਾਂ ਮੁਹੱਈਆ ਕਰਵਾਉਣਾ ਹੈ।ਉਨ੍ਹਾਂ ਕਿਹਾ ਕਿ ਥਾਣਾ ਕੋਟ ਈਸੇ ਖਾਂ ਅਧੀਨ ਆਉਂਦੇ ਸ਼ਹਿਰ ਤੇ ਪਿੰਡਾਂ ਵਿੱਚ ਜੇਕਰ ਕਿਸੇ ਵੀ ਵਿਅਕਤੀ ਨੂੰ ਕੋਈ ਜਨਤਕ ਸਮੱਸਿਆ ਦਰਪੇਸ਼ ਆਉਂਦੀ ਹੈ ਜਾਂ ਕੋਈ ਮਾਮਲਾ ਪ੍ਰੈੱਸ ਦੇ ਧਿਆਨ ਵਿੱਚ ਆਉਂਦਾ ਹੈ ਤਾਂ ਉਹ ਪੁਲਸ ਦੇ ਧਿਆਨ ਵਿੱਚ ਲਿਆਂਦਾ ਜਾਵੇ, ਜਿਸ 'ਤੇ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।ਮਿਲਣੀ ਦੌਰਾਨ ਪ੍ਰੈੱਸ ਕਲੱਬ ਦੇ ਅਹੁਦੇਦਾਰਾਂ ਵੱਲੋਂ ਕੋਟ ਈਸੇ ਖਾਂ ਸ਼ਹਿਰ ਵਿੱਚ ਟ੍ਰੈਫਿਕ ਦੀ ਸਮੱਸਿਆ ਸਬੰਧੀ ਨਵੇਂ ਥਾਣਾ ਮੁਖੀ ਨੂੰ ਜਾਣੂ ਕਰਵਾਇਆ ਗਿਆ। ਇਸ ਤੋਂ ਇਲਾਵਾ ਸ਼ਹਿਰ ਤੇ ਆਸ-ਪਾਸ ਦੇ ਇਲਾਕਿਆਂ ਨਾਲ ਸਬੰਧਤ ਲੋਕਾਂ ਦੀਆਂ ਹੋਰ ਸਮੱਸਿਆਵਾਂ ਤੇ ਜਨਤਕ ਮੁੱਦੇ ਵੀ ਉਨ੍ਹਾਂ ਦੇ ਧਿਆਨ ਵਿੱਚ ਲਿਆਂਦੇ ਗਏ।ਥਾਣਾ ਮੁਖੀ ਸਬ ਇੰਸਪੈਕਟਰ ਕਮਲਜੀਤ ਸਿੰਘ ਨੇ ਪ੍ਰੈੱਸ ਕਲੱਬ ਦੇ ਅਹੁਦੇਦਾਰਾਂ ਨੂੰ ਭਰੋਸਾ ਦਿਵਾਇਆ ਕਿ ਟ੍ਰੈਫਿਕ ਦੀ ਸਮੱਸਿਆ ਦੇ ਹੱਲ ਲਈ ਜਲਦ ਹੀ ਲੋੜੀਂਦੇ ਕਦਮ ਚੁੱਕੇ ਜਾਣਗੇ।ਉਨ੍ਹਾਂ ਕਿਹਾ ਕਿ ਲੋਕਾਂ ਨਾਲ ਸਬੰਧਤ ਹੋਰ ਮੁੱਦਿਆਂ ਨੂੰ ਵੀ ਗੰਭੀਰਤਾ ਨਾਲ ਲੈਂਦਿਆਂ ਨਿਯਮਾਂ ਅਨੁਸਾਰ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਉਨ੍ਹਾਂ ਨਸ਼ਾ ਤਸਕਰਾਂ ਤੇ ਨਸ਼ਿਆਂ ਦੀ ਵਰਤੋਂ ਕਰਨ ਵਾਲਿਆਂ ਨੂੰ ਵੀ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਨਸ਼ਿਆਂ ਦੇ ਗੈਰ-ਕਾਨੂੰਨੀ ਕਾਰੋਬਾਰ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਜੇਕਰ ਕੋਈ ਵਿਅਕਤੀ ਨਸ਼ਾ ਵੇਚਦਾ ਜਾਂ ਨਸ਼ਿਆਂ ਦੀ ਗੈਰ-ਕਾਨੂੰਨੀ ਗਤੀਵਿਧੀ ਵਿੱਚ ਸ਼ਾਮਲ ਪਾਇਆ ਗਿਆ ਤਾਂ ਉਸ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਪ੍ਰੈੱਸ ਕਲੱਬ ਕੋਟ ਈਸੇ ਖਾਂ ਸਬ ਡਵੀਜ਼ਨ ਧਰਮਕੋਟ ਮੋਗਾ ਵੱਲੋਂ ਸਬ ਇੰਸਪੈਕਟਰ ਕਮਲਜੀਤ ਸਿੰਘ ਦਾ ਨਵੇਂ ਥਾਣਾ ਮੁਖੀ ਵਜੋਂ ਚਾਰਜ ਸੰਭਾਲਣ 'ਤੇ ਸਵਾਗਤ ਕੀਤਾ ਗਿਆ।ਇਸ ਮੌਕੇ ਚੇਅਰਮੈਨ ਖੇਤਪਾਲ ਸਿੰਘ, ਪ੍ਰਧਾਨ ਜਗਰਾਜ ਸਿੰਘ ਗਿੱਲ, ਸੀਨੀਅਰ ਮੀਤ ਪ੍ਰਧਾਨ ਡਾ. ਕੁਲਵੰਤ ਸਿੰਘ ਸੰਧੂ, ਸਕੱਤਰ ਬਖ਼ਸ਼ੀਸ਼ ਵਰਮਾ, ਜਨਰਲ ਸਕੱਤਰ ਡਾ. ਗੁਰਦੇਵ ਮਨੇਸ਼, ਖ਼ਜ਼ਾਨਚੀ ਮਨੀ ਅਰੋੜਾ ਤੋਂ ਇਲਾਵਾ ਹੋਰ ਪੱਤਰਕਾਰ ਸਾਥੀ ਹਾਜ਼ਰ ਸਨ।

## ਪੀ ਜੀ ਆਈ ਵੱਲੋਂ ਨੌਜਵਾਨਾਂ ਨੂੰ ਮਾਨਸਿਕ ਚੁਣੌਤੀਆਂ ਸੰਬੰਧੀ ਪ੍ਰੋਗਰਾਮ




ਸਮਰਾਲਾ (ਸੁਰਜੀਤ ਸਿੰਘ)-ਪੀਜੀਆਈ ਚੰਡੀਗੜ੍ਹ ਵੱਲੋਂ ਨੌਜਵਾਨਾਂ ਦਰਪੇਸ਼ ਮਾਨਸਿਕ ਚੁਣੌਤੀਆਂ ਬਾਰੇ ਵਿਚਾਰ ਚਰਚਾ ਕਰਨ ਲਈ ਇੱਕ ਰੋਜ਼ਾ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਉੱਤਰੀ ਭਾਰਤ ਤੋਂ ਲਗਭਗ 120 ਡੈਲੀਗੇਟਾਂ, ਜਿਨ੍ਹਾਂ 'ਚ ਅਧਿਆਪਕ, ਕਾਊਂਸਲਰ, ਬਾਲਰੋਗ ਮਾਹਰ, ਮਨੋਵਿਗਿਆਨੀ, ਮਾਨਸਿਕ ਸਿਹਤ ਪੇਸ਼ੇਵਰ ਤੇ ਵਿਦਿਆਰਥੀਆਂ ਨੇ ਹਿੱਸਾ ਲਿਆ।ਇਸ ਮੌਕੇ ਪੀਜੀਆਈਐੱਮਈਆਰ, ਏਮਜ਼ ਮੋਹਾਲੀ, ਐਮਿਟੀ ਯੂਨੀਵਰਸਿਟੀ ਤੇ ਐੱਮਸੀਐੱਮ ਡੀਏਵੀ ਕਾਲਜ, ਫੋਰਟਿਸ ਤੇ ਪਲਾਕਸ਼ਾ ਯੂਨੀਵਰਸਿਟੀ ਦੇ ਪੇਸ਼ੇਵਰਾਂ ਨੇ ਅੱਜਕੱਲ੍ਹ ਕਿਸ਼ੋਰਾਂ ਨੂੰ ਦਰਪੇਸ਼ ਸਭ ਤੋਂ ਗੰਭੀਰ ਚੁਣੌਤੀਆਂ 'ਤੇ ਚਰਚਾ ਕਰਨ ਲਈ ਇਕੱਠੇ ਹੋਏ, ਜਿਨ੍ਹਾਂ ਵਿੱਚ ਵਿਕਾਸਸ਼ੀਲ ਕਿਸ਼ੋਰ ਦਿਮਾਗ, ਬਚਪਨ ਦੇ ਮਾੜੇ ਤਜਰਬੇ, ਰਿਸ਼ਤੇ ਤੇ ਅਸਵੀਕਾਰ, ਸੋਸ਼ਲ ਮੀਡੀਆ ਤੇ ਮਾਨਸਿਕ ਸਿਹਤ, ਵੇਪਿੰਗ ਤੇ ਨਸ਼ੀਲੇ ਪਦਾਰਥਾਂ ਦੀ ਵਰਤੋਂ, ਸਵੈ-ਨੁਕਸਾਨ, ਮਨੋ-ਸਮਾਜਿਕ ਮੁਲਾਂਕਣ ਤੇ ਨਿਊਰੋਡਾਇਵਰਸ ਕਿਸ਼ੋਰਾਂ ਲਈ ਸਹਾਇਤਾ ਸ਼ਾਮਲ ਹਨ। ਪ੍ਰੋਗਰਾਮ ਦਾ ਮੁੱਖ ਆਕਰਸ਼ਣ ਡਾ. ਭਵਨੀਤ ਭਾਰਤੀ ਪ੍ਰੋਫੈਸਰ ਤੇ ਮੁਖੀ ਸੋਸ਼ਲ ਪੀਡੀਆਟ੍ਰਿਕਸ ਨੇ ਸਕੂਲ-ਅਧਾਰਤ ਅਧਿਐਨ ਤੋਂ ਸ਼ੁਰੂਆਤੀ ਨਿਰੀਖਣ ਸਾਂਝੇ ਕੀਤੇ।ਇਸ ਪ੍ਰੋਜੈਕਟ ਦਾ ਉਦੇਸ਼ ਨਾ ਸਿਰਫ ਸਕੂਲ ਜਾਣ ਵਾਲੇ ਕਿਸ਼ੋਰਾਂ ਵਿੱਚ ਏ ਸੀ ਈ ਦੀ ਵਿਆਪਕਤਾ ਤੇ ਪੈਟਰਨ ਨੂੰ ਨਿਰਧਾਰਤ ਕਰਨਾ ਹੈ, ਸਗੋਂ ਸਕੂਲਾਂ ਵਿੱਚ ਮਾਨਸਿਕ ਸਿਹਤ, ਲਚਕੀਲਾਪਣ ਤੇ ਭਾਵਨਾਤਮਕ ਤੰਦਰੁਸਤੀ ਨੂੰ ਉਤਸ਼ਾਹਤ ਕਰਨ ਲਈ ਇੱਕ ਟਰਾਮਾ-ਇਨਫਾਰਮਡ ਦਖਲਅੰਦਾਜ਼ੀ ਵਿਕਸਤ ਕਰਨਾ ਤੇ ਲਾਗੂ ਕਰਨਾ ਵੀ ਹੈ।ਡਾ. ਭਾਰਤੀ ਨੇ ਦੱਸਿਆ ਕਿ ਏ ਸੀ ਈ ਵਿੱਚ ਬਚਪਨ ਦੇ ਗੰਭੀਰ ਤਣਾਅ ਜਿਵੇਂ ਕਿ ਭਾਵਨਾਤਮਕ, ਸਰੀਰਕ ਤੇ ਜਿਨਸੀ ਸ਼ੋਸ਼ਣ, ਅਣਗਹਿਲੀ ਤੇ ਨਾ-ਕਾਰਜਸ਼ੀਲ ਘਰੇਲੂ ਮਾਹੌਲ ਦੇ ਸੰਪਰਕ ਵਿੱਚ ਆਉਣਾ ਸ਼ਾਮਲ ਹੈ।ਡਾ. ਭਾਰਤੀ ਨੇ ਕਿਹਾ ਕਿ ਉਦੇਸ਼ ਸਿਰਫ਼ ਮੁਸੀਬਤਾਂ ਨੂੰ ਗਿਣਨਾ ਨਹੀਂ ਹੈ।ਅਸਲ ਟੀਚਾ ਜਲਦੀ ਪਛਾਣ, ਬਿਹਤਰ ਮਾਨਸਿਕ ਸਿਹਤ, ਸੁਰੱਖਿਅਤ ਤੇ ਵਧੇਰੇ ਸਹਾਇਕ ਸਕੂਲ ਤੇ ਲਚਕੀਲੇ ਕਿਸ਼ੋਰ ਹਨ।ਸਕੂਲ ਇੱਕ ਨੌਜਵਾਨ ਵਿਅਕਤੀ ਦੇ ਵਿਕਾਸ ਦੇ ਰਾਹ ਨੂੰ ਬਦਲਣ ਲਈ ਸਾਡੇ ਸਭ ਤੋਂ ਮਜ਼ਬੂਤ ਪਲੇਟਫਾਰਮਾਂ ਵਿੱਚੋਂ ਇੱਕ ਬਣ ਸਕਦੇ ਹਨ।ਸੋਸ਼ਲ ਮੀਡੀਆ, ਡਿਜੀਟਲ ਜੋਖਮਾਂ ਤੇ ਮਾਨਸਿਕ ਸਿਹਤ 'ਤੇ ਇੱਕ ਸੈਸ਼ਨ, ਜਿਸ ਵਿੱਚ ਡਾ. ਮਨਜੀਤ ਸਿੱਧੂ, ਡਾ. ਮਹਿਰਾਜ ਸੰਧੂ (ਫੋਰਟਿਸ ਮੋਹਾਲੀ) ਤੇ ਡਾ. ਪ੍ਰਕਾਸ਼ ਸਿੰਘ, (ਪਲਾਕਸ਼ਾ ਯੂਨੀਵਰਸਿਟੀ) ਸ਼ਾਮਲ ਸਨ, ਨੇ ਜਾਂਚ ਕੀਤੀ ਕਿ ਕਿਸ਼ੋਰਾਂ ਦੀ ਵੱਧ ਰਹੀ ਡਿਜੀਟਲ ਸਮਾਜਿਕ ਦੁਨੀਆ ਰਿਸ਼ਤਿਆਂ, ਵਿਵਹਾਰ ਤੇ ਮਨੋਵਿਗਿਆਨਕ ਤੰਦਰੁਸਤੀ ਨੂੰ ਕਿਵੇਂ ਪ੍ਰਭਾਵਿਤ ਕਰ ਸਕਦੀ ਹੈ।

## ਭੋਲਾ ਸ਼ਰਮਾ 11ਵੀਂ ਵਾਰ ਪ੍ਰੈੱਸ ਕਲੱਬ ਦੇ ਪ੍ਰਧਾਨ ਬਣੇ



ਜੈਤੋ (ਸਤੀਸ਼ ਕੁਮਾਰ ਭੀਰੀ)-ਸ਼ੇਖ਼ ਫ਼ਰੀਦ ਪ੍ਰੈੱਸ ਕਲੱਬ ਦੇ ਅਹੁਦੇਦਾਰਾਂ ਦੀ ਹੋਈ ਸਾਲਾਨਾ ਚੋਣ ਵਿਚ ਸੀਨੀਅਰ ਪੱਤਰਕਾਰ ਭੋਲਾ ਸ਼ਰਮਾ ਸਰਬਸੰਮਤੀ ਨਾਲ ਸੰਸਥਾ ਦੇ ਲਾਗਤਾਰ 11ਵੀਂ ਵਾਰ ਪ੍ਰਧਾਨ ਚੁਣੇ ਗਏ। ਸਾਲਾਨਾ ਚੋਣ ਲਈ ਹੋਈ ਬੈਠਕ ਵਿਚ ਪੱਤਰਕਾਰਾਂ ਨੂੰ ਦਰਪੇਸ਼ ਮੁਸ਼ਕਲਾਂ ਤੇ ਚੁਣੌਤੀਆਂ ਬਾਰੇ ਗੰਭੀਰ ਚਰਚਾ ਕਰਨ ਸਮੇਤ ਇਨ੍ਹਾਂ ਨਾਲ ਸਿੱਝਣ ਬਾਰੇ ਵੀ ਵਿਚਾਰਾਂ ਹੋਈਆਂ।ਲਾਇਨਜ਼ ਕਲੱਬ (ਆਈ ਕੇਅਰ ਸੈਂਟਰ) ਵਿਚ ਕਲੱਬ ਦੇ ਪ੍ਰਧਾਨ ਭੋਲਾ ਸ਼ਰਮਾ ਦੀ ਸਦਾਰਤ ਹੇਠ ਅਹਿਮ ਮੀਟਿੰਗ ਹੋਈ।ਮੀਟਿੰਗ ਵਿਚ ਸਰਬਸੰਮਤੀ ਨਾਲ ਭੋਲਾ ਸ਼ਰਮਾ ਨੂੰ ਪ੍ਰਧਾਨ ਚੁਣ ਲਿਆ ਗਿਆ।ਨਵ-ਨਿਯੁਕਤ ਪ੍ਰਧਾਨ ਭੋਲਾ ਸ਼ਰਮਾ ਨੇ ਆਖਿਆ ਕਿ ਕਲੱਬ ਵੱਲੋਂ ਲਾਗਤਾਰ 11ਵੀਂ ਵਾਰ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪਹਿਲਾਂ ਦੀ ਤਰ੍ਹਾਂ ਤਨਦੇਹੀ ਤੇ ਨਿਸ਼ਠਾ ਨਾਲ ਨਿਭਾਉਣਗੇ।ਉਨ੍ਹਾਂ ਫ਼ਰਜ਼ਾਂ 'ਤੇ ਪਹਿਰੇਦਾਰੀ ਕਰਨ ਦਾ ਅਹਿਦ ਕਰਦਿਆਂ ਭਰੋਸਾ ਦਿੱਤਾ ਕਿ ਸਮਾਜ ਅੰਦਰ ਨਿਵੇਕਲੀਆਂ ਪਿਰਤਾਂ ਪ੍ਰਦਾਨ ਕਰਨ ਲਈ ਸੰਸਥਾ ਨੂੰ ਨਵੇਂ ਟਰੈਕ 'ਤੇ ਪਾਉਣਗੇ।ਉਨ੍ਹਾਂ ਸਮੂਹ ਸਹਿ-ਕਰਮੀਆਂ ਪਾਸੋਂ ਇਨ੍ਹਾਂ ਕਾਰਜਾਂ ਲਈ ਪੂਰਨ ਸਹਿਯੋਗ ਦੀ ਪੁਰਜ਼ੋਰ ਮੰਗ ਵੀ ਕੀਤੀ।

## ਗੁਰਪ੍ਰੀਤ ਕਾਂਗੜ ਵੱਲੋਂ ਅੱਗਰਵਾਲ ਧਰਮਸ਼ਾਲਾ ਲਈ ਰਾਸ਼ੀ ਭੇਟ



ਬਠਿੰਡਾ (ਰਾਜੀਵ ਗੋਇਲ)-ਸਾਬਕਾ ਮੰਤਰੀ ਤੇ ਹਲਕਾ ਰਾਮਪੁਰਾ ਫੂਲ ਦੇ ਸੀਨੀਅਰ ਕਾਂਗਰਸੀ ਨੇਤਾ ਗੁਰਪ੍ਰੀਤ ਸਿੰਘ ਕਾਂਗੜ ਵੱਲੋਂ ਜ਼ਿਲ੍ਹੇ ਦੇ ਕਸਬਾ ਭਗਤਾ ਭਾਈਕਾ ਦੀ ਅੱਗਰਵਾਲ ਧਰਮਸ਼ਾਲਾ ਵਿਖੇ ਚੱਲ ਰਹੀ ਸ਼੍ਰੀਮਦ ਭਾਗਵਤ ਕਥਾ ਵਿੱਚ ਸ਼ਿਰਕਤ ਕੀਤੀ ਗਈ। ਇਸ ਮੌਕੇ ਕਾਂਗੜ ਵੱਲੋਂ ਧਰਮਸ਼ਾਲਾ ਕਮੇਟੀ ਨੂੰ 1,11,000/- ਰੁਪਏ ਦੀ ਰਾਸ਼ੀ ਵੀ ਭੇਟ ਕੀਤੀ ਗਈ। ਕਾਂਗੜ ਤੇ ਉਨ੍ਹਾਂ ਦੇ ਸਮਰਥਕਾਂ ਵੱਲੋਂ ਸ਼੍ਰੀਮਦ ਭਾਗਵਤ ਕਥਾ ਦਾ ਆਨੰਦ ਮਾਣਿਆ ਗਿਆ। ਉਧਰ ਕਮੇਟੀ ਵੱਲੋਂ ਸਮੂਹ ਲੀਡਰਾਂ ਨੂੰ ਜੀ ਆਇਆਂ ਆਖਦੇ ਹੋਏ ਸਹਾਇਤਾ ਰਾਸ਼ੀ ਦੇਣ 'ਤੇ ਕਾਂਗੜ ਪਰਵਾਰ ਦਾ ਧੰਨਵਾਦ ਕੀਤਾ ਗਿਆ। ਦੱਸਣਾ ਬਣਦਾ ਹੈ ਕਿ ਅਗਰਵਾਲ ਧਰਮਸ਼ਾਲਾ ਵਿਖੇ ਚੱਲ ਰਹੀ ਸ਼੍ਰੀਮਦ ਭਾਗਵਤ ਕਥਾ ਨੂੰ ਲੈ ਕੇ ਸ਼ਹਿਰ ਵਾਸੀਆਂ ਵਿੱਚ ਪੂਰਾ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ ਤੇ ਲੋਕਾਂ ਵੱਲੋਂ ਵਧ ਚੜ੍ਹ ਕੇ ਧਰਮਸ਼ਾਲਾ ਲਈ ਸਹਾਇਤਾ ਕੀਤੀ ਜਾ ਰਹੀ ਹੈ।

## ਬਾਬਾ ਸ਼ੇਰ ਸਿੰਘ ਨਮਿਤ ਅੰਤਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਹੋਇਆ



ਤਲਵੰਡੀ ਸਾਬੋ (ਜਗਦੀਪ ਗਿੱਲ)-ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਨਿਹੰਗ ਸਿੰਘਾਂ ਦੇ ਹੈੱਡਕੁਆਰਟਰ ਗੁਰਦੁਆਰਾ ਬੇਰ ਸਾਹਿਬ ਦੇਗਸਰ ਦੇ ਸਾਬਕਾ ਹੈਡ ਗ੍ਰੰਥੀ ਬਾਬਾ ਸ਼ੇਰ ਸਿੰਘ ਨਿਹੰਗ ਸਿੰਘ ਨਮਿੱਤ ਅੰਤਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਬੁੱਢਾ ਦਲ ਛਾਉਣੀ ਵਿਖੇ ਹੋਇਆ।ਉਨ੍ਹਾਂ ਨਮਿਤ ਪਹਿਲਾਂ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਗੁਰਦੁਆਰਾ ਬੇਰ ਸਾਹਿਬ ਦੇਗਸਰ ਸਾਹਿਬ ਵਿਖੇ ਖੁੱਲ੍ਹੇ ਕੀਰਤਨ ਦਰਬਾਰ, ਅਰਦਾਸ ਤੇ ਸ਼ਰਧਾਂਜਲੀ ਸਮਾਗਮ ਹੋਇਆ, ਜਿਸ ਵਿੱਚ ਕੀਰਤਨ ਦੀਆਂ ਹਾਜ਼ਰੀਆਂ ਸੰਤ ਬਾਬਾ ਅਵਤਾਰ ਸਿੰਘ ਬੁੰਗਾ ਮਸਤੂਆਣਾ ਸਾਹਿਬ ਵੱਲੋਂ ਭਰੀਆਂ ਗਈਆਂ।ਅਰਦਾਸ ਬੁੱਢਾ ਦਲ ਦੇ ਪ੍ਰਚਾਰਕ ਸੈਕਟਰੀ ਭਾਈ ਸੁਖਵਿੰਦਰ ਸਿੰਘ ਮੋਰ ਨੇ ਕੀਤੀ।ਪੰਥ ਬੁੱਢਾ ਦਲ ਵੱਲੋਂ ਬਾਬਾ ਸੁਰਜੀਤ ਸਿੰਘ ਮਹਿਰੋਂ, ਜਥੇਦਾਰ ਟੇਕ ਸਿੰਘ ਧਨੌਲਾ ਤਖਤ ਸ੍ਰੀ ਦਮਦਮਾ ਸਾਹਿਬ ਵੱਲੋਂ ਹੈਡ ਗ੍ਰੰਥੀ ਭਾਈ ਜਗਤਾਰ ਸਿੰਘ ਤੇ ਸਾਬਕਾ ਮੈਨੇਜਰ ਭਾਈ ਭਰਪੂਰ ਸਿੰਘ ਨੇ ਜਥੇਦਾਰ ਬਾਬਾ ਸ਼ੇਰ ਸਿੰਘ ਦੇ ਜੀਵਨ ਤੇ ਜਾਣਕਾਰੀ ਭਰਪੂਰ ਚਾਨਣਾ ਪਾਇਆ। ਪੰਥ ਬੁੱਢਾ ਦਲ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਬੁੰਗਾ ਮਸਤੂਆਣਾ ਸਾਹਿਬ ਤੇ ਹੋਰ ਨਿਹੰਗ ਸਿੰਘ ਦਲਾਂ ਵੱਲੋਂ ਜਥੇਦਾਰ ਬਾਬਾ ਸ਼ੇਰ ਸਿੰਘ ਦੇ ਸਪੁੱਤਰ ਭਾਈ ਮਾਨ ਸਿੰਘ ਲਿਖਾਰੀ ਬੁੱਢਾ ਦਲ ਦੀ ਦਸਤਾਰਬੰਦੀ ਕੀਤੀ ਗਈ।ਭਾਈ ਮਾਨ ਸਿੰਘ ਲਿਖਾਰੀ ਦੀ ਦਸਤਾਰਬੰਦੀ ਮੌਕੇ ਜਥੇਦਾਰ ਬਾਬਾ ਜੱਸਾ ਸਿੰਘ ਪੀਏ, ਹੈਡ ਗ੍ਰੰਥੀ ਭਾਈ ਜਗਤਾਰ ਸਿੰਘ ਤਖਤ ਸਾਹਿਬ, ਬਾਬਾ ਸੁਰਜੀਤ ਸਿੰਘ ਮਹਿਰੋਂ, ਬਾਬਾ ਰਾਜਾ ਸਿੰਘ ਕਾਲਝਰਾਣੀ, ਮੀਤ ਗ੍ਰੰਥੀ ਭਾਈ ਗੁਰਜੰਟ ਸਿੰਘ ਤਖਤ ਸਾਹਿਬ, ਬਾਬਾ ਗਿਆਨ ਸਿੰਘ ਹੈਡ ਗ੍ਰੰਥੀ ਮੰਜੀ ਸਾਹਿਬ, ਗਿਆਨੀ ਬਲਵੰਤ ਸਿੰਘ ਸਾਬਕਾ ਹੈਡ ਗ੍ਰੰਥੀ ਤਖਤ ਸਾਹਿਬ, ਬਾਬਾ ਗੁਰਬਚਨ ਸਿੰਘ ਬਿਧੀਚੰਦ ਛਾਉਣੀ, ਬਾਬਾ ਜੋਗਾ ਸਿੰਘ ਮਹੰਤ ਤਰਨਾ ਦਲ, ਬਾਬਾ ਗੁਰਦਿਆਲ ਸਿੰਘ ਲੰਗੇਆਣਾ, ਗਿਆਨੀ ਕਰਮਵੀਰ ਸਿੰਘ ਦਮਦਮੀ ਟਕਸਾਲ, ਮੈਨੇਜਰ ਭਾਈ ਗੁਰਸੇਵਕ ਸਿੰਘ ਕਿੰਗਰਾ, ਬਾਬਾ ਜੋਗਾ ਸਿੰਘ ਹਨੂੰਮਾਨਗੜ੍ਹ, ਬਾਬਾ ਦਲੇਰ ਸਿੰਘ ਮੁੱਖ ਸੇਵਾਦਾਰ ਬੇਰ ਸਾਹਿਬ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਮਾਊਂਟ ਲਿਟਰਾ ਜ਼ੀ ਸਕੂਲ 'ਚ ਵਿਸ਼ੇਸ਼ ਅਸੈਂਬਲੀ




ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦੇ ਜਨਮ ਦਿਵਸ ਦੇ ਮੌਕੇ 'ਤੇ ਮਾਊਂਟ ਲਿਟਰਾ ਜ਼ੀ ਸਕੂਲ, ਵਿਖੇ ਛੇਵੀਂ ਇਨੋਵੇਟਰਜ਼ ਕਲਾਸ ਦੁਆਰਾ ਇੱਕ ਵਿਸ਼ੇਸ਼ ਅਸੈਂਬਲੀ ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸਵੇਰ ਦੀ ਪ੍ਰਾਰਥਨਾ ਨਾਲ ਹੋਈ।ਇਸ ਤੋਂ ਬਾਅਦ ਵਿਦਿਆਰਥੀਆਂ ਨੇ ਗੀਤ ਪੇਸ਼ ਕੀਤਾ।ਵਿਸ਼ੇਸ਼ ਪ੍ਰਾਰਥਨਾ ਸਭਾ ਵਿੱਚ, ਵਿਦਿਆਰਥੀਆਂ ਨੇ ਮਹਾਤਮਾ ਗਾਂਧੀ ਦੇ ਜੀਵਨ, ਉਨ੍ਹਾਂ ਦੇ ਸੰਘਰਸ਼ ਅਤੇ ਸੱਚਾਈ ਅਤੇ ਅਹਿੰਸਾ ਦੇ ਸਿਧਾਂਤਾਂ 'ਤੇ ਅਧਾਰਤ ਇੱਕ ਨੁੱਕੜ ਨਾਟਕ ਪੇਸ਼ ਕੀਤਾ।ਆਪਣੀਆਂ ਭਾਵੁਕ ਪੇਸ਼ਕਾਰੀਆਂ ਰਾਹੀਂ, ਵਿਦਿਆਰਥੀਆਂ ਨੇ ਗਾਂਧੀ ਜੀ ਦੇ ਆਦਰਸ਼ਾਂ ਅਤੇ ਉਨ੍ਹਾਂ ਦੇ ਵਿਚਾਰਾਂ ਨੂੰ ਸਾਰਿਆਂ ਦੇ ਸਾਹਮਣੇ ਪੇਸ਼ ਕੀਤਾ।ਇਸ ਮੌਕੇ ਵਿਦਿਆਰਥੀਆਂ ਨੇ ਸੱਚਾਈ, ਅਹਿੰਸਾ, ਸਫਾਈ, ਅਨੁਸ਼ਾਸਨ ਤੇ ਦੇਸ਼ ਭਗਤੀ ਦੀਆਂ ਕਦਰਾਂ-ਕੀਮਤਾਂ ਨੂੰ ਅਪਣਾਉਣ ਦਾ ਪ੍ਰਣ ਲਿਆ।ਪ੍ਰੋਗਰਾਮ ਦੀ ਸਮਾਪਤੀ ਇੱਕ ਵਿਸ਼ੇਸ਼ ਪ੍ਰਾਰਥਨਾ ਸਭਾ ਨਾਲ ਹੋਈ, ਜਿਸਦਾ ਅੰਤ ਰਾਸ਼ਟਰੀ ਗੀਤ ਗਾਇਨ ਨਾਲ ਹੋਇਆ।ਸਕੂਲ ਪ੍ਰਧਾਨ ਗਗਨ ਬਾਂਸਲ, ਜਨਰਲ ਸਕੱਤਰ ਨਮਿਤਾ ਬਾਂਸਲ ਤੇ ਸਕੂਲ ਪ੍ਰਿੰਸੀਪਲ ਗੀਤਾ ਪਿੱਲੈ ਨੇ ਵਿਦਿਆਰਥੀਆਂ ਦੇ ਸੁੰਦਰ ਪ੍ਰਦਰਸ਼ਨ ਦੀ ਪ੍ਰਸ਼ੰਸਾ ਕੀਤੀ ਤੇ ਉਨ੍ਹਾਂ ਨੂੰ ਮਹਾਤਮਾ ਗਾਂਧੀ ਦੇ ਆਦਰਸ਼ਾਂ ਨੂੰ ਅਪਣਾਉਣ ਤੇ ਜ਼ਿੰਮੇਵਾਰ ਨਾਗਰਿਕ ਬਣਨ ਲਈ ਉਤਸ਼ਾਹਤ ਕੀਤਾ।

## ਲੁੱਟ ਦਾ ਯਤਨ ਕਰਦੇ ਤਿੰਨ ਨਸ਼ੇੜੀ ਕਾਬੂ, ਪੁਲਸ ਪੁੱਜਣ 'ਚ ਦੇਰੀ ਕਰਕੇ ਹੰਗਾਮਾ



ਮਲੋਟ (ਰਜਿੰਦਰ ਜੁਨੇਜਾ)-ਮਲੋਟ ਫਾਜ਼ਿਲਕਾ ਹਾਈਵੇ 'ਤੇ ਪਿੰਡ ਬੋਦੀਵਾਲਾ ਖੜਕ ਸਿੰਘ ਵਿਚ ਉਸ ਵੇਲੇ ਹੰਗਾਮਾ ਹੋ ਗਿਆ, ਜਦੋਂ ਤਿੰਨ ਲੜਕਿਆਂ ਵੱਲੋਂ ਪਹਿਲਾਂ ਇਕ ਸਬਜੀ ਫਰੂਟ ਦੀ ਰੇਹੜੀ ਦੀ ਲੁੱਟ ਕੀਤੀ, ਜਿਸ 'ਤੇ ਰੌਲਾ ਪੈਣ ਤੇ ਪਿੰਡ ਦੇ ਕੁਝ ਨੌਜਵਾਨਾਂ ਵੱਲੋਂ ਉਕਤ ਲੁਟੇਰਿਆਂ ਦਾ ਪਿੱਛਾ ਕੀਤਾ ਤਾਂ ਅੱਗੋਂ ਉਹ ਕਾਪਾ ਲੈਕੇ ਨੌਜਵਾਨਾਂ ਤੇ ਹਮਲਾ ਕਰਨ ਲੱਗੇ।ਇਥੇ ਹੀ ਨਹੀਂ ਭੱਜ ਕਿ ਕਿਸੇ ਦੇ ਘਰ ਵਿੱਚ ਦਾਖਲ ਹੋਏ, ਜਿਥੇ ਇਕੱਲੀ ਬਜ਼ੁਰਗ ਔਰਤ ਸੀ।ਰੌਲਾ ਪੈਣ 'ਤੇ ਪਿੰਡ ਵਾਸੀਆਂ ਨੇ ਇਕੱਠੇ ਹੋਕੇ ਉਕਤ ਤਿੰਨਾਂ ਬਦਮਾਸ਼ਾਂ ਨੂੰ ਕਾਬੂ ਕੀਤਾ।ਜਿਸ ਤੋਂ ਬਾਅਦ ਪੁਲਸ ਨੂੰ ਸੂਚਨਾ ਦਿੱਤੀ।ਪੀ ਸੀ ਆਰ ਦੇ ਨੌਜਵਾਨ ਪੁੱਜ ਗਏ, ਪਰ ਪਿੰਡ ਵਾਸੀਆਂ ਦਾ ਕਹਿਣਾ ਸੀ ਕਿ ਕੋਈ ਥਾਣਾ ਇੰਚਾਰਜ ਖੁਦ ਮੌਕੇ 'ਤੇ ਆਇਇਸ ਨੂੰ ਲੈਕੇ ਕਾਫ਼ੀ ਸਮਾਂ ਤਕਰਾਰ ਬਾਜੀ ਚੱਲਦੀ ਰਹੀ।ਪਿੰਡ ਵਾਸੀਆਂ ਨੇ ਹਾਈਵੇ ਤੇ ਜਾਮ ਲਾਕੇ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ ਵੀ ਕੀਤੀ।ਕਿਸਾਨ ਆਗੂ ਬਲਜੀਤ ਸਿੰਘ ਸਮੇਤ ਆਗੂਆਂ ਦਾ ਦੋਸ਼ ਸੀ ਕਿ ਉਕਤ ਲੜਕੇ ਪਹਿਲਾਂ ਕਿਸੇ ਘਰ ਨਸ਼ਾ ਦੇਕੇ ਆਏ ਹਨ ਉਸ ਤੋਂ ਬਾਅਦ ਇਨ੍ਹਾਂ ਰੇਹੜੀ ਵਾਲੇ ਨੂੰ ਲੁੱਟਣ ਦੀ ਕੋਸ਼ਿਸ਼ ਕੀਤੀ, ਜਿਸ 'ਤੇ ਪਿੰਡ ਵਾਸੀਆਂ ਨੇ ਇਨ੍ਹਾਂ ਨੂੰ ਕਾਬੂ ਕੀਤਾ।ਪੁਲਸ ਵੱਲੋਂ ਪੁੱਜਣ ਵਿਚ ਦੇਰੀ ਕੀਤੀ ਹੈ।ਉਨ੍ਹਾਂ ਦਾ ਕਹਿਣਾ ਸੀ ਕਿ ਇਹ ਨੌਜਵਾਨ ਨਸ਼ਾ ਵੇਚਣ ਤੇ ਲੁੱਟ ਖੋਹ ਕਰਨ ਆਏ ਸੀ ਅਤੇ ਪਿੰਡ ਵਾਸੀਆਂ ਨੇ ਇਨ੍ਹਾਂ ਪਾਸੋਂ ਚਿੱਟਾ ਵੀ ਬਰਾਮਦ ਕੀਤਾ ਹੈ।ਹਾਲਾਂਕਿ ਇਸ ਰੌਲੇ ਰੱਪੇ ਵਿਚ ਕਿਸੇ ਨੇ ਬਰਾਮਦ ਕੀਤਾ ਨਸ਼ਾ ਵਿਖਾਇਆ ਨਹੀਂ।ਉਧਰ ਹਾਲਾਤ ਵਿਗੜਦੇ ਵੇਖ ਐਸ.ਐਚ.ਓ.ਕਬਰਵਾਲਾ ਵਰੁਣ ਕੁਮਾਰ ਯਾਦਵ ਮੌਕੇ 'ਤੇ ਪੁੱਜੇ।ਉਨ੍ਹ ਉਨ੍ਹਾਂ ਕਿਹਾ ਕਿ ਪੁਲਸ ਕ੍ਰਮਚਾਰੀ ਫੋਨ ਕਰਨ 'ਤੇ ਨਾਲ ਦੀ ਨਾਲ ਹੀ ਪੁੱਜ ਗਏ ਸਨ।

## ਫੱਤਣਵਾਲਾ ਨੇ ਕੀਤਾ ਸਰਬਜੀਤ ਸਿੰਘ ਦਰਦੀ ਦੇ ਦਿਹਾਂਤ 'ਤੇ ਦੁੱਖ ਸਾਂਝਾ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਸੀਨੀਅਰ ਪੱਤਰਕਾਰ ਸਵ. ਇੰਦਰ ਸਿੰਘ ਦਰਦੀ ਦੇ ਪੁੱਤਰ ਰਿਟਾ. ਐਸ.ਡੀ.ਓ ਸਰਬਜੀਤ ਸਿੰਘ ਦਰਦੀ, ਜਿਨ੍ਹਾਂ ਦਾ ਬੀਤੇ ਦਿਨੀਂ ਦਿਹਾਂਤ ਹੋ ਗਿਆ ਸੀ, ਦੇ ਪੁੱਤਰ ਤੇਜਵਿੰਦਰ ਸਿੰਘ ਤੇ ਰਵਨੀਤ ਨਾਲ ਦੁੱਖ ਸਾਂਝਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਕੌਮੀ ਮੀਤ ਪ੍ਰਧਾਨ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਹਮਦਰਦੀ ਪ੍ਰਗਟ ਕੀਤੀ।ਉਨ੍ਹਾਂ ਕਿਹਾ ਕਿ ਸਰਬਜੀਤ ਸਿੰਘ ਦਰਦੀ ਇੱਕ ਨੇਕ ਦਿਲ, ਮਿਲਣਸਾਰ ਤੇ ਧਾਰਮਿਕ ਵਿਚਾਰਾਂ ਦੇ ਮਾਲਕ ਸਨ।ਉਨ੍ਹਾਂ ਦੇ ਚਲੇ ਜਾਣ ਨਾਲ ਪਰਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਇਸ ਮੌਕੇ ਵਰਿੰਦਰਪਾਲ ਸਿੰਘ ਗਲੋਰੀ, ਮਨਿੰਦਰ ਸਿੰਘ ਮਹਿੰਦੀ, ਟਵਿੰਕਲ ਸਿੰਘ, ਪਰਮਪਾਲ ਸਿੰਘ, ਗੁਰਦੀਪ ਸਿੰਘ ਤੋਂ ਇਲਾਵਾ ਰਿਸ਼ਤੇਦਾਰ ਤੇ ਸ਼ਹਿਰ ਦੇ ਪਤਵੰਤੇ ਹਾਜ਼ਰ ਸਨ।

## ਬੌਂਦਲੀ 'ਚ ਲੱਗਾ ਵਿਰਾਸਤੀ ਗੀਤਾਂ ਦਾ ਮੇਲਾ



ਸਮਰਾਲਾ (ਸੁਰਜੀਤ ਸਿੰਘ)-ਪਿੰਡ ਬੌਂਦਲੀ ਵਿਖੇ ਸਮੂਹ ਨਗਰ ਨਿਵਾਸੀਆਂ ਵੱਲੋਂ ਆਪਣੇ ਪੁਰਾਤਨ ਵਿਰਸੇ ਨੂੰ ਸੰਭਾਲਣ ਲਈ ਪੁਰਾਣੇ ਵਿਰਸੇ ਨਾਲ ਜੁੜੇ ਢੱਡ ਸਾਰੰਗੀ ਤੇ ਧਾਰਮਿਕ ਗੀਤਾਂ ਵਾਲੇ ਗਾਇਕਾਂ ਨੂੰ ਬੁਲਾ ਕੇ ਸ਼ਾਮ ਮੌਕੇ ਮਹਿਫ਼ਲ ਸਜਾਈ ਗਈ, ਜੋ ਦੇਰ ਰਾਤ ਤੱਕ ਚੱਲੀ, ਜਿਸਦਾ ਸਮੂਹ ਨਗਰ ਨਿਵਾਸੀਆਂ ਜਿਨ੍ਹਾਂ ਵਿੱਚ ਵੱਡੀ ਉਮਰ ਦੇ ਬਜ਼ੁਰਗਾਂ ਤੋਂ ਇਲਾਵਾ ਇਲਾਕਾ ਨਿਵਾਸੀਆਂ ਨੇ ਖੂਬ ਅਨੰਦ ਮਾਣਿਆ।ਇਸ ਮੌਕੇ ਪੁੱਜੇ ਗਾਇਕਾਂ ਨੇ ਪੁਰਾਤਨ ਵਿਰਸੇ ਨਾਲ ਜੁੜੇ ਗਇਕਾਂ, ਜਿਨ੍ਹਾਂ ਵਿੱਚ ਜਗਤਾਰ ਸਿੰਘ ਸਰੋਆ, ਗੁਰਮੀਤ ਸਿੰਘ ਦਿਆਲ ਸੂਫੀ ਵਾਲੇ ਤੇ ਅਨੇਕਾਂ ਹੋਰ ਗਾਇਕਾਂ ਨੇ ਪੁਰਾਤਨ ਰੰਗ ਬੰਨ੍ਹਿਆ, ਜਿਸ ਵਿੱਚ ਪੁਰਾਣੀਆਂ ਲੋਕ ਗਥਾਵਾਂ, ਮਿਰਜ਼ਾ-ਸਾਹਿਬਾਂ, ਹੀਰ-ਰਾਂਝੇ ਦਾ ਕਿੱਸਾ ਤੇ ਹੋਰ ਪ੍ਰੇਮ ਗਥਾਵਾਂ ਬਾਰੇ ਪੂਰੀ ਸਮੀਖਿਆ ਨਾਲ ਗਾਏ।ਵੱਡੀ ਉਮਰ ਦੇ ਬਜ਼ੁਰਗਾਂ ਵੱਲੋਂ ਪਿੰਡ ਬੌਂਦਲੀ ਵਾਸੀਆਂ ਵੱਲੋਂ ਅਜਿਹੀ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਇਸ ਮੌਕੇ ਪਿੰਡ ਦੀਆਂ ਔਰਤਾਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਪ੍ਰੋਗਰਾਮ ਵਿੱਚ ਪਰਮਜੀਤ ਸਿੰਘ ਢਿੱਲੋਂ ਅਕਾਲੀ ਦਲ ਦੇ ਹਲਕਾ ਸਮਰਾਲਾ ਦੇ ਇੰਚਾਰਜ ਨੇ ਵੀ ਸ਼ਿਰਕਤ ਕੀਤੀ।

## ਸਫਾ 1 ਦੇ ਬਾਕੀ...

### ਜਤਿੰਦਰ ਪਨੂੰ ਦੀ ਕਿਤਾਬ...

ਤਾਂ ਇਸ ਕਿਤਾਬ ਦਾ ਆਕਾਰ ਬਹੁਤ ਵੱਡਾ ਹੋਣਾ ਸੀ।ਇਸ ਕਿਤਾਬ ਵਿੱਚੋਂ ਆਮ ਲੋਕਾਂ ਅਤੇ ਸਰਕਾਰੀ ਅਫ਼ਸਰਾਂ ਨੂੰ ਭਰਪੂਰ ਜਾਣਕਾਰੀ ਮਿਲੇਗੀ।

ਕਿਤਾਬ ਦੇ ਲੇਖਕ ਜਤਿੰਦਰ ਪਨੂੰ ਨੇ ਕਿਹਾ, 'ਮੈਂ ਕਦੇ ਸੋਚਿਆ ਨਹੀਂ ਸੀ ਕਿ ਪੱਤਰਕਾਰ ਬਣਾਂਗਾ।ਇਸ ਕਿਤਾਬ ਨੂੰ ਲਿਖਣ ਦਾ ਕਾਰਨ ਹੈ ਕਿ ਅਸੀਂ ਪਿਛੋਕੜ ਭੁੱਲਦੇ ਜਾਂਦੇ ਹਾਂ।ਪਹਿਲਾਂ ਐੱਮ ਐੱਲ ਏ, ਐੱਮ ਪੀ ਕੌਣ ਸੀ।ਅਗਲਾ ਆਉਣ ਤੋਂ ਪਹਿਲਾ ਕੌਣ ਸੀ ਪਿਛਲਾ ਭੁੱਲ ਜਾਂਦੇ ਹਾਂ।ਇਥੋਂ ਤੱਕ ਕਿ ਸਰਕਾਰੀ ਰਿਕਾਰਡਾਂ ਵਿਚ ਵੀ ਉਕਤਾਈਆਂ ਦਰਜ ਸਨ।ਪਹਿਲੀ ਕੀਤੀ ਹੋਈ ਗਲਤੀ ਨੂੰ ਲਗਾਤਾਰ ਦੁਹਰਾਇਆ ਜਾ ਰਿਹਾ ਹੈ।ਹੋਰ ਤਾਂ ਹੋਰ ਇਥੋਂ ਤੱਕ ਕਿ ਸਾਬਕਾ ਮੁੱਖ ਮੰਤਰੀ ਪ੍ਰਤਾਪ ਸਿੰਘ ਕੈਰੋਂ ਦੀ ਮੌਤ ਤੋਂ ਬਾਅਦ ਜ਼ਿਮਨੀ ਚੋਣ ਜਿੱਤਣ ਵਾਲੀ ਉਸ ਦੀ ਪਤਨੀ ਦਾ ਨਾਂਅ ਕਿਤੇ ਵੀ ਦਰਜ ਨਹੀਂ।' ਅੰਤ ਵਿਚ ਪ੍ਰਗਤੀਸ਼ੀਲ ਲੇਖਕ ਸੰਘ ਦੀ ਸੀਨੀਅਰ ਮੀਤ ਪ੍ਰਧਾਨ ਇੰਦਰਜੀਤ ਪਾਲ ਕੌਰ ਨੇ ਹਾਜ਼ਰੀਨ ਦਾ ਧੰਨਵਾਦ ਕੀਤਾ।ਇਸ ਮੌਕੇ ਜਨਾਬ ਖ਼ਾਲਿਦ ਹੁਸੈਨ, ਬਲਬੀਰ ਪਰਵਾਨਾ, ਪ੍ਰੋ. ਰਵਿੰਦਰ ਸਿੰਘ ਭੱਠਲ, ਡਾ. ਨਿਰਮਲ ਜੌੜਾ, ਡਾ. ਜਸਵਿੰਦਰ ਜੋਧਾ, ਗੁਰਪ੍ਰੀਤ ਸਿੰਘ ਤੂਰ, ਕੇ ਸਾਧੂ ਸਿੰਘ, ਪ੍ਰੋ. ਕਿਸ਼ਨ ਸਿੰਘ, ਡਾ. ਗੁਰਇਕਬਾਲ ਸਿੰਘ, ਤੇਜ ਪ੍ਰਤਾਪ ਸਿੰਘ ਸੰਧੂ, ਰਾਜਦੀਪ ਤੂਰ, ਬਰਜਿੰਦਰ ਕੌਰ ਬਿਸਰਾਓ, ਸੁਰਿੰਦਰ ਦੀਪ, ਹਰਵਿੰਦਰ ਥਰੀਕੇ, ਮਲਕੀਅਤ ਸਿੰਘ ਔਲਖ, ਤਰਲੋਚਨ ਝਾਂਡੇ, ਭਗਵਾਨ ਢਿੱਲੋਂ, ਦਲਵੀਰ ਲੁਧਿਆਣਵੀ, ਹਰੀਸ਼ ਮੋਦਗਿੱਲ, ਵਿਜੇ, ਅਸ਼ਵਨੀ ਜੇਤਲੀ ਪ੍ਰੇਮ, ਅਮਨ ਖਟਕੜ, ਡਾ. ਤਰਲੋਚਨ ਸਿੰਘ, ਡਾ. ਦੁਲਚਾ ਸਿੰਘ ਬਰਾੜ ਸਮੇਤ ਕਾਫ਼ੀ ਗਿਣਤੀ ਵਿਚ ਲੇਖਕ ਤੇ ਸਰੋਤੇ ਹਾਜ਼ਰ ਸਨ।

### ਭਾਰਤੀ ਪਾਇਲਟ ਦੀ...

ਕਰਵਾਇਆ ਗਿਆ, ਜਿੱਥੇ ਉਸ ਦੀ ਸਫਲ ਸਰਜਰੀ ਹੋਈ। ਉਸ ਦੀ ਹਾਲਤ ਹੁਣ ਸਥਿਰ ਹੈ। ਸਾਊਦੀ ਅਰਬ ਦੇ ਸੁਰੱਖਿਆ ਅਧਿਕਾਰੀਆਂ ਨੇ ਦੋਸ਼ੀ ਸਹਿ-ਪਾਇਲਟ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਇਸ ਘਟਨਾ ਦੇ ਅਸਲ ਕਾਰਨਾਂ ਅਤੇ ਪਿਛੋਕੜ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ। 'ਮੈਨੂੰ ਲੱਗਦਾ ਹੈ ਕਿ ਜੋ ਹੋਇਆ, ਉਹ ਬਹਾਦਰੀ ਦਾ ਇੱਕ ਜ਼ਬਰਦਸਤ ਕੰਮ ਸੀ, ਜਿਸ ਨੇ ਇੱਕ ਹੋਰ 9/11 ਵਰਗਾ ਕਾਂਡ ਹੋਣ ਤੋਂ ਰੋਕਿਆ' ਨੇਤਨਯਾਹੂ ਨੇ ਕਿਹਾ।

### ਗਿਆਨੇਸ਼ ਕੁਮਾਰ ਫੌਰੀ ...

ਬਣਾ ਕੇ ਨਰੇਗਾ ਕਾਨੂੰਨ ਦੀ ਜਿੰਦ-ਜਾਨ ਹੀ ਖਤਮ ਕਰ ਦਿੱਤੀ।ਨਰੇਗਾ ਕਾਮੇ ਕੰਮ ਲੈਣ ਲਈ ਦਫ਼ਤਰਾਂ ਦੇ ਧੱਕੇ ਖਾ ਖਾ ਕੇ ਥੱਕੇ-ਟੁੱਟੇ ਘਰਾਂ ਵਿੱਚ ਬੈਠ ਗਏ ਹਨ, ਉਨ੍ਹਾਂ ਨੂੰ ਨਵੇਂ ਕਾਨੂੰਨ ਅਨੁਸਾਰ ਕੰਮ ਨਹੀਂ ਦਿੱਤਾ ਜਾ ਰਿਹਾ।ਉਨ੍ਹਾਂ ਨੂੰ ਫੌਰੀ ਤੌਰ 'ਤੇ ਕੰਮ ਮਿਲਣਾ ਚਾਹੀਦਾ ਹੈ।ਹਰੇਕ ਵਿਅਕਤੀ ਨੂੰ ਰੁਜ਼ਗਾਰ ਦੇਣ ਵਾਸਤੇ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਪਾਰਲੀਮੈਂਟ ਵਿੱਚ ਪਾਸ ਕੀਤਾ ਜਾਵੇ।

ਸੀ ਪੀ ਆਈ ਦੇ ਜ਼ਿਲ੍ਹਾ ਤਰਨ ਤਾਰਨ ਦੇ ਮੀਤ ਸਕੱਤਰ ਗੁਰਦਿਆਲ ਸਿੰਘ ਖਡੂਰ ਸਾਹਿਬ, ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਆਗੂ ਗੁਰਪ੍ਰੀਤ ਸਿੰਘ ਗੰਡੀਵਿੰਡ, ਸੀ ਪੀ ਆਈ ਬਲਾਕ ਸਕੱਤਰ ਬਲਜੀਤ ਸਿੰਘ ਫਤਿਆਬਾਦ ਤੇ ਕਿਸਾਨ ਆਗੂ ਬਲਦੇਵ ਸਿੰਘ ਧੂੰਦਾ ਨੇ ਕਿਹਾ ਕਿ ਖਡੂਰ ਸਾਹਿਬ ਦੀ ਧਰਤੀ ਬਹੁਤ ਮਹਾਨ ਹੈ, ਜਿਥੇ ਸ੍ਰੀ ਗੁਰੂ ਅੰਗਦ ਦੇਵ ਜੀ ਨੇ ਗੁਰਮੁਖੀ ਲਿਪੀ ਦਾ ਸੁਧਾਰ ਕੀਤਾ, ਉਨ੍ਹਾ ਦੀ ਪਤਨੀ ਮਾਤਾ ਖੀਵੀ ਜੀ ਨੇ ਲੰਗਰ ਮੁਹਿੰਮ ਚਲਾਉਣ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ।ਇਸ ਵੇਲੇ ਉਹ ਲੰਗਰ ਮਾਤਾ ਖੀਵੀ ਦੇ ਨਾਂਅ 'ਤੇ ਚੱਲ ਰਿਹਾ ਹੈ।ਗੁਰੂ ਅੰਗਦ ਦੇਵ ਜੀ ਨੇ ਜੁਆਨੀ ਦਾ ਸਰੀਰ ਤੰਦਰੁਸਤ ਰੱਖਣ ਵਾਸਤੇ ਮੱਲ ਅਖਾੜਿਆਂ ਦੀ ਸ਼ੁਰੂਆਤ ਕੀਤੀ।ਅਖਾੜਿਆਂ ਵਿੱਚ ਘੋਲਾਂ ਦੇ ਨਾਲ ਹੋਰ ਵੀ ਸਰੀਰਕ ਸਿੱਖਿਆ ਦਿੱਤੀ ਜਾਂਦੀ ਸੀ।ਇਸੇ ਕਰਕੇ ਹੀ ਸੀ ਪੀ ਆਈ ਗੁਰੂਆਂ ਦੀ ਸੋਚ ਦਾ ਸਮਾਜ ਸਿਰਜਣ ਲਈ ਹਰ ਸਾਲ ਜੋੜ ਮੇਲੇ 'ਤੇ ਕਾਨਫਰੰਸ ਕਰਕੇ ਲੋਕਾਂ ਨੂੰ ਚੇਤਨ ਕਰਦੀ ਹੈ।

ਸੀ ਪੀ ਆਈ ਬਲਾਕ ਦੇ ਮੀਤ ਸਕੱਤਰ ਜਗਤਾਰ ਸਿੰਘ ਖਡੂਰ ਸਾਹਿਬ ਤੇ ਮੇਜਰ ਸਿੰਘ ਦਾਰਾਪੁਰ, ਰਾਜ ਗੋਬਿੰਦ ਸਿੰਘ ਤੇ ਚਰਨ ਸਿੰਘ ਤਰਨ ਤਾਰਨ, ਰਛਪਾਲ ਸਿੰਘ ਬਾਠ, ਗੁਰਚਰਨ ਸਿੰਘ ਕੰਢਾ ਫਤਿਹਾਬਾਦ, ਭਗਵੰਤ ਸਿੰਘ ਤੇ ਘੁੱਕ ਸਿੰਘ ਵੇਈਂਪੂਈਂ, ਲਵਪ੍ਰੀਤ ਸਿੰਘ ਖਡੂਰ ਸਾਹਿਬ, ਪਰਮਜੀਤ ਸਿੰਘ ਚੋਹਲਾ ਸਾਹਿਬ ਨੇ ਵੀ ਵਿਚਾਰ ਰੱਖੇ।

### ਈ ਵੀ ਐੱਮ ...

ਅਪੀਲ ਕੀਤੀ, ਪਰ ਐਲਾਨਿਆ ਕਿ ਸੀ ਜੇ ਪੀ ਇੰਡੀਆ ਬਲਾਕ ਦੇ ਵਿਰੋਧ ਪ੍ਰਦਰਸ਼ਨਾਂ ਦਾ ਹਿੱਸਾ ਨਹੀਂ ਬਣੇਗੀ।

ਗਿਆਨੇਸ਼ ਕੁਮਾਰ ਨੂੰ ਕਠਪੁਤਲੀ ਦੱਸਦੇ ਹੋਏ ਦੀਪਕੇ ਨੇ ਕਿਹਾ ਕਿ ਅਗਲੇ ਚੋਣ ਕਮਿਸ਼ਨਰਾਂ ਦੀ ਚੋਣ ਪਾਰਦਰਸ਼ੀ ਢੰਗ ਨਾਲ ਹੋਣੀ ਚਾਹੀਦੀ ਹੈ ਅਤੇ ਸਿਵਲ ਸੁਸਾਇਟੀ ਨੂੰ ਇਸ ਪ੍ਰਕਿਰਿਆ ਵਿੱਚ ਹਿੱਸਾ ਲੈਣ ਦੀ ਇਜਾਜ਼ਤ ਦਿੱਤੀ ਜਾਣੀ ਚਾਹੀਦੀ ਹੈ।

ਅਜਿੰਕਿਆ ਸ਼ਿੰਦੇ ਨੇ ਕਿਹਾ, 'ਮੁੰਬਈ, ਗੋਆ, ਬੇਂਗਲੁਰੂ, ਕੋਲਕਾਤਾ ਤੇ ਰਾਂਚੀ ਤੋਂ ਬਾਅਦ ਅੰਦੋਲਨ ਮਹੀਨੇ ਦੇ ਅੰਤ ਵਿੱਚ ਜੰਤਰ-ਮੰਤਰ ਪਹੁੰਚੇਗਾ।' ਦੀਪਕੇ ਨੇ ਕਿਹਾ, 'ਲੋਕਤੰਤਰ ਦਾ ਇੱਕ ਭਰਮ ਹੈ। ਈ ਵੀ ਐੱਮ ਭਰੋਸੇਯੋਗ ਨਹੀਂ, ਕਿਉਂਕਿ ਹਰ ਇਲੈਕਟ੍ਰਾਨਿਕ ਮਸ਼ੀਨ ਵਿੱਚ ਹੇਰਾਫੇਰੀ ਕੀਤੀ ਜਾ ਸਕਦੀ ਹੈ।' ਸੀ ਜੇ ਪੀ ਦੇ ਮੁੰਬਈ ਕੋਆਰਡੀਨੇਟਰ ਪ੍ਰਣਯ ਅਹੀਰ ਨੇ ਸੀ ਜੇ ਪੀ ਦੇ ਵਿਰੋਧ ਪ੍ਰਦਰਸ਼ਨ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਬੈਨਰ ਜਾਂ ਪਾਰਟੀ ਦੇ ਝੰਡੇ ਨਾ ਲੈ ਕੇ ਆਉਣ ਦੀ ਅਪੀਲ ਕੀਤੀ। ਉਨ੍ਹਾ ਕਿਹਾ ਕਿ ਰਾਸ਼ਟਰੀ ਝੰਡਾ ਲੈ ਕੇ ਆਓ। ਜੇ ਸੰਭਵ ਹੋਵੇ ਤਾਂ ਗਾਂਧੀ ਟੀ-ਸ਼ਰਟ ਅਤੇ ਸਨਸਕ੍ਰੀਨ ਪਹਿਨੋ।

### ਐੱਸ ਜੀ ਪੀ ਸੀ ...

ਸਰਾਂ ਦੇ ਰਜਿਸਟਰਾਂ ਤੋਂ ਸਪੱਸ਼ਟ ਹੋਣਾ ਚਾਹੀਦਾ ਹੈ ਕਿ ਔਰਤ ਦੇ ਠਹਿਰਨ ਦੀ ਸਿਫਾਰਸ਼ ਕਿਸ ਨੇ ਕੀਤੀ, ਉਸ ਦੀ ਰਿਹਾਇਸ਼ ਦੀ ਮਨਜ਼ੂਰੀ ਕਿਸ ਨੇ ਦਿੱਤੀ ਅਤੇ ਉਸ ਲਈ ਕੀਤੇ ਗਏ ਹੋਰ ਪ੍ਰਬੰਧਾਂ ਨੂੰ ਕਿਸ ਨੇ ਪ੍ਰਵਾਨਗੀ ਦਿੱਤੀ।' ਉਨ੍ਹਾ ਕਿਹਾ ਕਿ ਐੱਸ ਜੀ ਪੀ ਸੀ ਨੂੰ ਔਰਤ ਨੂੰ ਦਿੱਤੀ ਗਈ ਗੱਡੀ, ਉਸ ਨਾਲ ਤਾਇਨਾਤ ਕੀਤੇ ਗਏ ਸੇਵਾਦਾਰ, ਉਸ ਦੇ ਠਹਿਰਨ 'ਤੇ ਹੋਏ ਖਰਚੇ ਅਤੇ ਇਸ ਨਾਲ ਸੰਬੰਧਤ ਸਾਰੇ ਵਿੱਤੀ ਲੈਣ-ਦੇਣ ਦੇ ਪੂਰੇ ਵੇਰਵੇ ਪੰਜਾਬ ਪੁਲਸ ਨੂੰ ਸੌਂਪਣੇ ਚਾਹੀਦੇ ਹਨ।ਬਲਤੇਜ ਪੰਨੂ ਨੇ ਸਵਾਲ ਉਠਾਇਆ ਕਿ ਐੱਸ ਜੀ ਪੀ ਸੀ ਪ੍ਰਧਾਨ ਪੰਜਾਬ ਪੁਲਸ ਦੀ ਜਾਂਚ ਨੂੰ ਅੱਗੇ ਵਧਣ ਦੇਣ ਦੀ ਬਜਾਏ ਸੀ ਬੀ ਆਈ ਜਾਂਚ ਦੀ ਮੰਗ ਕਿਉਂ ਕਰ ਰਹੇ ਹਨ। 2015 ਦੇ ਬੇਅਦਬੀ ਮਾਮਲਿਆਂ ਦੀ ਸੀ ਬੀ ਆਈ ਵੱਲੋਂ ਕੀਤੀ ਗਈ ਪਹਿਲੀ ਜਾਂਚ ਦਾ ਹਵਾਲਾ ਦਿੰਦਿਆਂ ਉਨ੍ਹਾ ਕਿਹਾ ਕਿ ਜਾਂਚ ਏਜੰਸੀ ਨੂੰ ਸੌਂਪਣ ਤੋਂ ਬਾਅਦ ਸੀ ਬੀ ਆਈ ਨੇ ਆਖਰਕਾਰ ਕਲੋਜ਼ਰ ਰਿਪੋਰਟ ਦਾਇਰ ਕਰ ਦਿੱਤੀ ਸੀ। ਉਨ੍ਹਾ ਕਿਹਾ ਕਿ ਇਸ ਤਜਰਬੇ ਤੋਂ ਇਹ ਸਵਾਲ ਉਠਦਾ ਹੈ ਕਿ ਕੀ ਮੌਜੂਦਾ ਮਾਮਲੇ ਨੂੰ ਕਿਸੇ ਹੋਰ ਏਜੰਸੀ ਨੂੰ ਸੌਂਪਣ ਨਾਲ ਇਹ ਮੁੱਦਾ ਵੀ ਪਿੱਛੇ ਧੱਕ ਦਿੱਤਾ ਜਾਵੇਗਾ। ਉਨ੍ਹਾ ਕਿਹਾ, 'ਇਸ ਮਾਮਲੇ ਨੂੰ ਕਿਸੇ ਹੋਰ ਏਜੰਸੀ ਦੇ ਹਵਾਲੇ ਕਰਕੇ ਮਹਿਜ਼ ਲਾਂਭੇ ਨਹੀਂ ਕੀਤਾ ਜਾ ਸਕਦਾ। ਸ੍ਰੀ ਅਨੰਦਪੁਰ ਸਾਹਿਬ ਦੀ ਸਰਾਂ ਵਿੱਚ ਜੋ ਹੋਇਆ, ਉਸ ਬਾਰੇ ਗੰਭੀਰ ਸਵਾਲ ਹਨ ਅਤੇ ਉਨ੍ਹਾਂ ਸਵਾਲਾਂ ਲਈ ਪਾਰਦਰਸ਼ਤਾ ਅਤੇ ਜਵਾਬਾਂ ਦੀ ਲੋੜ ਹੈ।' ਬਲਤੇਜ ਪੰਨੂ ਨੇ ਅਕਾਲੀ ਦਲ (ਬਾਦਲ) ਦੇ ਆਗੂ ਬੰਟੀ ਰੋਮਾਣਾ ਦੇ ਬਿਆਨਾਂ 'ਤੇ ਵੀ ਸਵਾਲ ਚੁੱਕੇ। ਉਨ੍ਹਾ ਕਿਹਾ ਕਿ ਬੰਟੀ ਰੋਮਾਣਾ ਨੇ ਦਾਅਵਾ ਕੀਤਾ ਸੀ ਕਿ ਔਰਤ ਨੇ ਸੁਖਬੀਰ ਸਿੰਘ ਬਾਦਲ ਨਾਲ ਪਹੁੰਚ ਕੀਤੀ ਸੀ ਅਤੇ ਉਸ ਨੂੰ ਪੁਲਸ ਕੋਲ ਪਹੁੰਚ ਕਰਕੇ ਐੱਫ ਆਈ ਆਰ ਦਰਜ ਕਰਵਾਉਣ ਲਈ ਕਿਹਾ ਗਿਆ ਸੀ। ਉਨ੍ਹਾ ਪੁੱਛਿਆ, 'ਜੇਕਰ ਅਕਾਲੀ ਦਲ (ਬਾਦਲ) ਦੀ ਲੀਡਰਸ਼ਿਪ ਚਾਹੁੰਦੀ ਸੀ ਕਿ ਔਰਤ ਪੁਲਸ ਕੋਲ ਜਾਵੇ ਅਤੇ ਐੱਫ ਆਈ ਆਰ ਦਰਜ ਕਰਵਾਏ, ਤਾਂ ਹੁਣ ਸੀ ਬੀ ਆਈ ਨੂੰ ਇਸ ਮਾਮਲੇ ਲਈ ਢੁਕਵੀਂ ਏਜੰਸੀ ਵਜੋਂ ਕਿਉਂ ਪੇਸ਼ ਕੀਤਾ ਜਾ ਰਿਹਾ ਹੈ? ਜੇਕਰ ਸੀ ਬੀ ਆਈ ਹੀ ਪਸੰਦੀਦਾ ਏਜੰਸੀ ਸੀ, ਤਾਂ ਉਸ ਨੂੰ ਪਹਿਲੀ ਵਾਰ ਉੱਥੇ ਕਿਉਂ ਨਹੀਂ ਭੇਜਿਆ ਗਿਆ?'

## ਭਾਜਪਾ ਕਾਰਪੋਰੇਟ ਘਰਾਣਿਆਂ ਦੀ ਹੱਥਠੋਕਾ ਬਣੀ : ਸ਼ੇਰਗੜ੍ਹ, ਬਾਠ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਭਾਰਤੀ ਜਨਤਾ ਪਾਰਟੀ ਦੀ ਕੇਂਦਰੀ ਹਕੂਮਤ ਸਰਕਾਰ ਵੱਲੋਂ ਕਣਕ ਦੇ ਭਾਅ ਵਿੱਚ ਕੀਤੇ ਨਿਗੂਣੇ ਵਾਧੇ ਨੂੰ ਨਾਮਨਜ਼ੂਰ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਖੋਸਾ ਵੱਲੋਂ ਸਰਕਾਰ ਨੂੰ ਕਿਸਾਨ ਵਿਰੋਧੀ ਹੋਣ ਤੇ ਕੇਂਦਰ ਨੂੰ ਕਾਰਪੋਰੇਟ ਘਰਾਣਿਆਂ ਦਾ ਹੱਥ ਠੋਕਾ ਕਰਾਰ ਦਿੱਤਾ ਹੈ।ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਸ਼ੇਰਗੜ੍ਹ ਤੇ ਪ੍ਰੈਸ ਸਕੱਤਰ ਯੁਵਰਾਜ ਸਿੰਘ ਬਾਠ ਨੇ ਦੱਸਿਆ ਕਿ ਕੇਂਦਰ ਸਰਕਾਰ ਵੱਲੋਂ ਕਣਕ ਦੇ ਭਾਅ ਵਿੱਚ ਮਹਿਜ਼ 25 ਰੁਪਏ ਪ੍ਰਤੀ ਕਿਲੋ ਵਾਧਾ ਕਰਕੇ ਕਿਸਾਨਾਂ ਨਾਲ ਮਜ਼ਾਕ ਨਹੀਂ ਕੀਤਾ, ਸਗੋਂ ਆਪਣਾ ਕਿਸਾਨ ਵਿਰੋਧੀ ਹੋਣ ਦਾ ਸਬੂਤ ਵੀ ਪੇਸ਼ ਕਰ ਦਿੱਤਾ ਹੈ, ਕਿਉਂਕਿ ਮੌਜੂਦਾ ਸਮੇਂ ਪੈਟਰੋਲ, ਡੀਜ਼ਲ ਰਸੋਈ ਗੈਸ ਸਮੇਤ ਹੋਰ ਜ਼ਰੂਰੀ ਵਸਤਾਂ ਦੇ ਭਾਅ ਕੇਂਦਰ ਵੱਲੋਂ ਡੇਢ ਗੁਣਾ ਤੱਕ ਵਧਾ ਦਿੱਤੇ ਗਏ ਹਨ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਕੀਤਾ ਗਿਆ ਵਾਧਾ ਐਮਐਸ ਸਵਾਮੀਨਾਥਨ ਕਮਿਸ਼ਨ ਵੱਲੋਂ ਕੀਤੀਆਂ ਸਿਫ਼ਾਰਸ਼ਾਂ ਅਨੁਸਾਰ ਨਹੀਂ ਕੀਤਾ ਗਿਆ, ਜਦਕਿ ਸਵਾਮੀਨਾਥਨ ਕਮਿਸ਼ਨ ਵੱਲੋਂ ਖੇਤੀਬਾੜੀ ਨੂੰ ਲਾਹੇਵੰਦ, ਟਿਕਾਊ ਤੇ ਭਰੋਸੇਯੋਗ ਧੰਦਾ ਬਣਾਉਣ ਵਾਸਤੇ ਸੀ ਟੂ ਜਮ੍ਹਾਂ ਪੰਜਾਹ ਪ੍ਰਤੀਸ਼ਤ ਵਾਧੇ ਦੀ ਸਿਫਾਰਸ਼ ਕੀਤੀ ਗਈ ਸੀ।ਉਨ੍ਹਾਂ ਕਿਹਾ ਕਿ ਜੇਕਰ ਕੇਂਦਰ ਸਰਕਾਰ ਮਿਥੇ ਗਏ ਭਾਅ ਵਿੱਚ ਸੋਧ ਕਰਕੇ ਦੁਬਾਰਾ ਵਾਧਾ ਨਹੀਂ ਕਰਦੀ ਹੈ ਤਾਂ ਯੂਨੀਅਨ ਵੱਲੋਂ ਸਰਕਾਰ ਖ਼ਿਲਾਫ਼ ਪ੍ਰਦਰਸ਼ਨ ਕਰਨ ਦੇ ਨਾਲ ਅਤੇ ਧਰਨੇ ਦਿੱਤੇ ਜਾਣਗੇ, ਜਿਸ ਦੀ ਜ਼ਿੰਮੇਵਾਰੀ ਕੇਂਦਰ ਸਰਕਾਰ ਦੀ ਹੋਵੇਗੀ, ਕਿਉਂਕਿ ਸਰਕਾਰ ਅਡਾਨੀਆਂ ਅੰਬਾਨੀਆਂ ਨੂੰ ਫ਼ਾਇਦਾ ਪੁਚਾਉਣ ਲਈ ਉਨ੍ਹਾਂ ਦਾ ਹੱਥ ਠੋਕਾ ਬਣ ਕੇ ਕਿਸਾਨਾਂ ਦੀ ਬਲੀ ਲੈਣ ਦੇ ਨਾਲ ਉਨ੍ਹਾਂ ਨੂੰ ਖੇਤੀ ਵਿਚੋਂ ਬਾਹਰ ਕੱਢਣਾ ਚਾਹੁੰਦੀ ਹੈ।

## ਮਾਰਕੀਟ ਕਮੇਟੀ ਦੇ ਨਵੇਂ ਸਕੱਤਰ ਨੇ ਅਹੁਦਾ ਸੰਭਾਲਿਆ



ਮਮਦੋਟ (ਹਰਪਾਲ ਸੋਢੀ)-ਪਿਛਲੇ ਦਿਨੀਂ ਸਕੱਤਰ ਮਾਰਕੀਟ ਕਮੇਟੀ ਮਮਦੋਟ ਮਨਦੀਪ ਰਹੇਜਾ ਦੇ ਮਮਦੋਟ ਤੋਂ ਪੰਜੇ ਕੇ ਉਤਾੜ ਤਬਦੀਲ ਹੋ ਜਾਣ 'ਤੇ ਮੰਡੀ ਬੋਰਡ ਪੰਜਾਬ ਤੇ ਹੁਕਮਾਂ ਮੁਤਾਬਿਕ ਰਜਿੰਦਰ ਕੁਮਾਰ ਨੇ ਮਮਦੋਟ ਮਾਰਕੀਟ ਕਮੇਟੀ ਦੇ ਸਕੱਤਰ ਵਜੋਂ ਚਾਰਜ ਸੰਭਾਲ ਲਿਆ। ਉਨ੍ਹਾਂ ਨੂੰ ਜੀ ਆਇਆ ਕਹਿੰਦੇ ਹੋਏ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ ਬਲਰਾਜ ਸਿੰਘ ਸੰਧੂ ਗੁਲਦਸਤ ਭੇਂਟ ਕੀਤਾ। ਇਸ ਮੌਕੇ ਤੇ ਬੋਲਦਿਆਂ ਹੋਇਆ ਰਜਿੰਦਰ ਕੁਮਾਰ ਸਕੱਤਰ ਮਾਰਕੀਟ ਕਮੇਟੀ ਮਮਦੋਟ ਨੇ ਕਿਹਾ ਕਿ ਉਹ ਕਿਸਾਨਾਂ ਤੇ ਆੜ੍ਹਤੀਆਂ ਦੀ ਭਲਾਈ ਲਈ ਹਮੇਸ਼ਾ ਤਤਪਰ ਰਹਿਣਗੇ।

## ਵਿਕਾਸ ਕਾਰਜਾਂ ਤੇ ਇਲਾਕੇ ਦੀਆਂ ਸਮੱਸਿਆਵਾਂ ਸੰਬੰਧੀ ਕੀਤਾ ਵਿਚਾਰ-ਵਟਾਂਦਰਾ



ਭਵਾਨੀਗੜ੍ਹ (ਰਾਜ ਖੁਰਮੀ)-ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ 'ਮਿੰਕੂ' ਜਵੰਧਾ ਨੇ ਪਿੰਡ ਭੜੋ ਵਿਖੇ ਬਲਾਕ ਪ੍ਰਧਾਨ ਰਣਜੀਤ ਸਿੰਘ ਦੇ ਗ੍ਰਹਿ ਵਿਖੇ ਇਲਾਕਾ ਨਿਵਾਸੀਆਂ ਅਤੇ ਸੰਗਤਾਂ ਨਾਲ ਵਿਸ਼ੇਸ਼ ਮੁਲਾਕਾਤ ਕੀਤੀ।ਇਸ ਦੌਰਾਨ ਪਿੰਡ ਦੇ ਵਿਕਾਸ, ਲੋਕਾਂ ਨਾਲ ਸਬੰਧਤ ਸਮੱਸਿਆਵਾਂ ਅਤੇ ਇਲਾਕੇ ਦੀਆਂ ਭਵਿੱਖੀ ਲੋੜਾਂ ਨੂੰ ਲੈ ਕੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।ਮੁਲਾਕਾਤ ਦੌਰਾਨ ਪਿੰਡ ਵਾਸੀਆਂ ਨੇ ਆਪਣੇ ਇਲਾਕੇ ਨਾਲ ਸਬੰਧਤ ਵੱਖ-ਵੱਖ ਸਮੱਸਿਆਵਾਂ ਤੇ ਲੋੜਾਂ ਡਾ. ਜਵੰਧਾ ਦੇ ਧਿਆਨ ਵਿੱਚ ਲਿਆਂਦੀਆਂ।ਡਾ. ਜਵੰਧਾ ਨੇ ਲੋਕਾਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਦੀਆਂ ਗੱਲਾਂ ਸੁਣੀਆਂ ਅਤੇ ਇਲਾਕੇ ਦੇ ਵਿਕਾਸ ਨੂੰ ਹੋਰ ਗਤੀ ਦੇਣ ਸਬੰਧੀ ਸੁਝਾਅ ਵੀ ਵਿਚਾਰੇ।ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਕਿਹਾ ਕਿ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਸਥਾਨਕ ਲੋਕਾਂ ਨਾਲ ਸਿੱਧਾ ਸੰਵਾਦ ਬੇਹੱਦ ਜ਼ਰੂਰੀ ਹੈ।ਲੋਕਾਂ ਦੀਆਂ ਲੋੜਾਂ ਅਤੇ ਸੁਝਾਵਾਂ ਨੂੰ ਸਮਝ ਕੇ ਹੀ ਵਿਕਾਸ ਦੀਆਂ ਯੋਜਨਾਵਾਂ ਨੂੰ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਲਿਜਾਇਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਪਿਆਰ, ਸਹਿਯੋਗ ਅਤੇ ਵਿਸ਼ਵਾਸ ਉਨ੍ਹਾਂ ਲਈ ਵੱਡੀ ਪ੍ਰੇਰਨਾ ਹੈ।

ਨਵਾਂ ਜ਼ਮਾਨਾ
ਪੋਸਟ ਬਕਸ ਨੰ. 134

Printed and Published by Printer, Publisher and Executive Editor : **Resham Singh** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਕਾਰਜਕਾਰੀ ਸੰਪਾਦਕ : **ਰੇਸ਼ਮ ਸਿੰਘ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਕਟਾਰੂ ਚੱਕ ਨੇ ਰਈਆ ਮੰਡੀ ਵਿਖੇ ਝੋਨੇ ਦੀ ਖ਼ਰੀਦ ਦਾ ਜਾਇਜ਼ਾ ਲਿਆ

**ਬਿਆਸ (ਪਰਮਜੀਤ ਸਿੰਘ ਰੱਖੜਾ)** ਸੂਬੇ ਦੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਦੀ ਰਈਆ ਦਾਣਾ ਮੰਡੀ ਵਿਖੇ ਪਹੁੰਚ ਕੇ ਝੋਨੇ ਦੀ ਖ਼ਰੀਦ ਦਾ ਜਾਇਜ਼ਾ ਲਿਆ ਗਿਆ। ਇਸ ਮੌਕੇ ਉਨ੍ਹਾਂ ਨਾਲ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਸ. ਦਲਬੀਰ ਸਿੰਘ ਟੌਂਗ, ਨਗਰ ਕੌਂਸਲ ਰਈਆ ਦੇ ਪ੍ਰਧਾਨ ਸੰਜੀਵ ਭੰਡਾਰੀ, ਜਥੇਦਾਰ ਬਲਦੇਵ ਸਿੰਘ ਬੋਦੇਵਾਲ ਮੈਂਬਰ ਬਲਾਕ ਸੰਮਤੀ, ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਰਜੀਵ ਭੰਡਾਰੀ, ਜ਼ਿਲ੍ਹਾ ਖੁਰਾਕ ਅਤੇ ਸਿਵਲ ਸਪਲਾਈ ਕੰਟਰੋਲਰ ਸ੍ਰੀ ਜਤਿਨ ਵਰਮਾ, ਵੱਖ-ਵੱਖ ਖਰੀਦ ਏਜੰਸੀਆਂ ਦੇ ਅਧਿਕਾਰੀ ਵੀ ਮੌਜੂਦ ਸਨ। ਰਈਆ ਦਾਣਾ ਮੰਡੀ ਵਿੱਚ ਕੈਬਨਿਟ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਨੇ ਝੋਨੇ ਦੀ ਸ਼ੁਰੂ ਹੋਈ ਖਰੀਦ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਕਿਸਾਨਾਂ ਨੂੰ ਖਰੀਦ ਸੀਜ਼ਨ ਸ਼ੁਰੂ ਹੋਣ ਦੀ ਵਧਾਈ ਦਿੱਤੀ। ਇਸ ਮੌਕੇ ਉਨ੍ਹਾਂ ਕਿਸਾਨ ਗਗਨਦੀਪ ਸਿੰਘ ਗਗੜੇਵਾਲ ਅਤੇ ਪਰਮਿੰਦਰ ਸਿੰਘ ਜੱਲੂਪੁਰ ਦਾ ਉਨ੍ਹਾਂ ਦੀ ਫਸਲ ਖਰੀਦਣ 'ਤੇ ਮੂੰਹ ਮਿੱਠਾ ਕਰਵਾਇਆ।ਇਸ ਦੌਰਾਨ ਉਨ੍ਹਾਂ ਮੰਡੀ ਵਿੱਚ ਝੋਨੇ ਦੀ ਫਸਲ ਵੇਚਣ ਆਏ ਹੋਰ ਕਿਸਾਨਾਂ, ਮਜ਼ਦੂਰਾਂ ਅਤੇ ਆੜ੍ਹਤੀਆਂ ਨਾਲ ਵੀ ਗੱਲਬਾਤ ਕੀਤੀ। ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬੇ ਭਰ ਵਿੱਚ ਅੱਜ 01 ਅਕਤੂਬਰ ਤੋਂ ਝੋਨੇ ਦੀ ਸਰਕਾਰੀ ਖਰੀਦ ਆਰੰਭ ਹੋ ਗਈ ਹੈ ਅਤੇ ਸੂਬੇ ਭਰ ਦੀਆਂ ਮੰਡੀਆਂ ਵਿੱਚ ਕਿਸਾਨਾਂ ਦੀ ਸਹੂਲਤ ਲਈ ਛਾਂ, ਪੀਣ ਵਾਲੇ ਸਾਫ਼ ਪਾਣੀ, ਸਫ਼ਾਈ, ਬਿਜਲੀ ਸਮੇਤ ਲੋੜੀਂਦੇ ਪ੍ਰਬੰਧ ਮੁਕੰਮਲ ਕੀਤੇ ਗਏ ਹਨ। ਉਨ੍ਹਾ ਦੱਸਿਆ ਕਿ ਸੂਬੇ ਨੂੰ ਸੀਜ਼ਨ 2026-27 ਲਈ 180 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਦਾ ਟੀਚਾ ਮਿਲਿਆ ਹੈ। ਉਨ੍ਹਾ ਕਿਹਾ ਕਿ ਖਰੀਦ ਕਾਰਜਾਂ ਨੂੰ ਨਿਰਵਿਘਨ ਅਤੇ ਸੁਚਾਰੂ ਢੰਗ ਨਾਲ ਚਲਾਉਣ ਲਈ ਰਾਜ ਭਰ ਵਿੱਚ ਹੁਣ ਤੱਕ 1887 ਮੰਡੀਆਂ ਨੋਟੀਫਾਈ ਕੀਤੀਆਂ ਜਾ ਚੁੱਕੀਆਂ ਹਨ ਅਤੇ ਜ਼ਰੂਰਤ ਅਨੁਸਾਰ ਹੋਰ ਮੰਡੀਆਂ ਵੀ ਕਾਰਜਸ਼ੀਲ ਕੀਤੀਆਂ ਜਾਣਗੀਆਂ। ਉਨ੍ਹਾ ਦੱਸਿਆ ਕਿ ਭਾਰਤ ਸਰਕਾਰ ਵੱਲੋਂ ਖਰੀਦ ਲਈ ਝੋਨੇ ਵਿੱਚ ਵੱਧ ਤੋਂ ਵੱਧ 17 ਫ਼ੀਸਦੀ ਨਮੀ ਦੀ ਹੱਦ ਨਿਰਧਾਰਤ ਕੀਤੀ ਗਈ ਹੈ। ਉਨ੍ਹਾ ਕਿਸਾਨਾਂ ਨੂੰ ਅਪੀਲ ਕੀਤੀ ਕਿ ਝੋਨੇ ਦੀ ਕਟਾਈ ਫ਼ਸਲ ਦੇ ਪੂਰੀ ਤਰ੍ਹਾਂ ਪੱਕਣ ਤੋਂ ਬਾਅਦ ਹੀ ਕੀਤੀ ਜਾਵੇ ਅਤੇ ਮੰਡੀ ਵਿੱਚ ਸੁੱਕਾ ਝੋਨਾ ਲਿਆਂਦਾ ਜਾਵੇ।



# ਸਾਬਕਾ ਸੈਨਿਕਾਂ, ਵੀਰ ਨਾਰੀਆਂ ਤੇ ਪਰਵਾਰਾਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਕੈਂਪ

**ਗੁਰਦਾਸਪੁਰ (ਜਨਕ ਮਹਾਜਨ)**- ਸ਼ਹੀਦ ਹੋਏ ਸੈਨਿਕਾਂ ਦੇ ਪਰਵਾਰਾਂ, ਨਕਾਰਾ ਸੈਨਿਕਾਂ (ਓਪਰੇਸ਼ਨਾਂ ਦੌਰਾਨ), ਸਾਬਕਾ ਸੈਨਿਕਾਂ, ਵਿਧਵਾਵਾਂ ਅਤੇ ਆਸ਼ਰਿਤਾਂ ਦੀ ਭਲਾਈ ਲਈ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਕੀਮਾਂ ਤੋਂ ਜਾਣੂੰ ਕਰਵਾਉਣ ਅਤੇ ਉਨ੍ਹਾਂ ਨੂੰ ਦਰਪੇਸ਼ ਮੁਸ਼ਕਿਲਾਂ/ਸ਼ਿਕਾਇਤਾਂ ਦੇ ਨਿਪਟਾਰੇ ਲਈ ਜ਼ਿਲ੍ਹਾ ਗੁਰਦਾਸਪੁਰ ਵਿਖੇ ਪਹਿਲਾ ਕੈਂਪ ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਦਫ਼ਤਰ ਗੁਰਦਾਸਪੁਰ ਵੱਲੋਂ ਲਗਾਇਆ ਗਿਆ। ਇਸ ਕੈਂਪ ਵਿਚ ਗੁਰਦਾਸਪੁਰ ਤਹਿਸੀਲ ਦੇ ਸਾਬਕਾ ਸੈਨਿਕਾਂ, ਵੀਰ ਨਾਰੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਵਲੋਂ ਵੱਡੀ ਗਿਣਤੀ ਵਿਚ ਹਾਜ਼ਰੀ ਭਰੀ ਗਈ। ਸਮਾਗਮ ਦੀ ਸ਼ੁਰੂਆਤ ਕਰਦਿਆਂ ਕਮਾਂਡਰ ਬਲਜਿੰਦਰ ਵਿਰਕ (ਰਿਟਾ.), ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਗੁਰਦਾਸਪੁਰ ਵਲੋਂ ਪੰਜਾਬ ਸਰਕਾਰ, ਵਿਭਾਗ ਅਤੇ ਦਫ਼ਤਰ ਵਲੋਂ ਸਾਬਕਾ ਸੈਨਿਕਾਂ, ਵੀਰ ਨਾਰੀਆਂ ਤੇ ਉਨ੍ਹਾਂ ਦੇ ਪਰਵਾਰਾਂ ਦੀ ਭਲਾਈ ਲਈ ਕੀਤੇ ਜਾ ਰਹੇ ਕੰਮਾਂ ਅਤੇ ਚਲਾਈਆਂ ਜਾ ਰਹੀਆਂ ਸਕੀਮਾਂ ਸੰਬੰਧੀ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਕਮਾਂਡਰ ਬਲਜਿੰਦਰ ਵਿਰਕ (ਰਿਟਾ.) ਵੱਲੋਂ ਕੈਂਪ ਵਿਚ ਪਹੁੰਚੇ ਸਾਬਕਾ ਸੈਨਿਕਾਂ ਅਤੇ ਵੀਰ ਨਾਰੀਆਂ ਤੋਂ ਉਨ੍ਹਾਂ ਨੂੰ ਦਰਪੇਸ਼ ਸਮੱਸਿਆਵਾਂ ਸੰਬੰਧੀ ਜਾਣਕਾਰੀ ਲਈ ਗਈ। ਇਸ ਮੌਕੇ ਐਸ.ਡੀ.ਐਮ. ਦਫ਼ਤਰ ਦੇ ਨੁਮਾਇੰਦੇ ਵੀ ਹਾਜ਼ਰ ਸਨ। ਕੈਂਪ ਦੌਰਾਨ ਸਾਬਕਾ ਸੈਨਿਕਾਂ ਅਤੇ ਵੀਰ ਨਾਰੀਆਂ ਵਲੋਂ ਆਪਣੀਆਂ ਵੱਖ-ਵੱਖ ਸਮੱਸਿਆਵਾਂ ਸਬੰਧੀ ਜਾਣੂੰ ਕਰਵਾਇਆ ਗਿਆ, ਜਿਨ੍ਹਾਂ ਨੂੰ ਮੌਕੇ 'ਤੇ ਹੀ ਹੱਲ ਕਰਨ ਲਈ ਲੋੜੀਂਦੀ ਕਾਰਵਾਈ ਕੀਤੀ ਗਈ। ਇਸ ਮੌਕੇ ਅਧਿਕਾਰੀਆਂ ਵਲੋਂ ਕੈਂਪ ਵਿਚ ਪਹੁੰਚੀਆਂ ਵੀਰ ਨਾਰੀਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਸਮਾਗਮ ਦੇ ਅੰਤ ਵਿਚ ਕਮਾਂਡਰ ਬਲਜਿੰਦਰ ਵਿਰਕ (ਰਿਟਾ.), ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰ ਗੁਰਦਾਸਪੁਰ ਵਲੋਂ ਪ੍ਰਸ਼ਾਸਨ ਵਲੋਂ ਪਹੁੰਚੇ ਅਧਿਕਾਰੀ, ਸਮੂਹ ਸਾਬਕਾ ਸੈਨਿਕਾਂ ਅਤੇ ਵੀਰ ਨਾਰੀਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਚਾਹ-ਪਾਣੀ ਦਾ ਵੀ ਪ੍ਰਬੰਧ ਕੀਤਾ ਗਿਆ।



# ਐੱਸ ਡੀ ਓ ਨਾਲ ਮੀਟਿੰਗ ਦੌਰਾਨ ਕਾਲੋਨੀ ਦੀਆਂ ਗਲੀਆਂ ਬਾਰੇ ਵਿਚਾਰ-ਚਰਚਾ



**ਬਿਆਸ (ਪਰਮਜੀਤ ਸਿੰਘ ਰੱਖੜਾ)** ਐੱਸ ਡੀ ਓ ਤਰਲੋਚਨ ਸਿੰਘ ਪੀ ਡਬਲਯੂ ਡੀ ਵਿਭਾਗ ਬਿਆਸ ਨਾਲ ਬਿਆਸ ਦਫ਼ਤਰ ਵਿਖੇ ਮੀਟਿੰਗ ਕੀਤੀ ਗਈ ਅਤੇ ਉਹਨਾ ਨਾਲ ਗਲੀ ਨੰਬਰ 1 ਤੋਂ 4 ਤੱਕ, ਜੋ ਪਿਛਲੇ ਲੰਮੇ ਸਮੇਂ ਤੋਂ ਨਹੀਂ ਬਣ ਰਹੀ, ਉਸ ਸੰਬੰਧੀ ਵਿਚਾਰ-ਚਰਚਾ ਕੀਤੀ ਗਈ। ਐੱਸ ਡੀ ਓ ਨੇ ਵਿਸ਼ਵਾਸ ਦਿੱਤਾ ਕਿ ਜਲਦ ਹੀ ਇਸ ਦਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ ਅਤੇ 1-2 ਦਿਨ ਤੱਕ ਐੱਸ ਡੀ ਓ ਵੱਲੋਂ ਇਸ ਗਲੀ ਨੂੰ ਵਿਜ਼ਿਟ ਕਰਕੇ ਇਸ ਦੀ ਸਥਿਤੀ ਦਾ ਜਾਇਜ਼ਾ ਲਿਆ ਜਾਵੇਗਾ। ਇਹ ਗਲੀ 10 ਫੁੱਟ ਪਾਸ ਕੀਤੀ ਗਈ ਹੈ, ਜਿਸ ਵਿੱਚ 80 ਐੱਮ ਐੱਮ ਡੀ ਟਾਇਲ ਲਗਾਈ ਜਾਵੇਗੀ ਅਤੇ ਇਸ ਸੜਕ ਦੀ ਚੌੜਾਈ 12 ਫੁੱਟ ਤੱਕ ਕਰਵਾ ਦਿੱਤੀ ਜਾਵੇਗੀ। ਇਸ ਮੌਕੇ ਸਰਪੰਚ ਹਰਪ੍ਰੀਤ ਸਿੰਘ ਸੋਨੂ, ਬਲਜੀਤ ਸਿੰਘ , ਮੈਂਬਰ ਪੰਚਾਇਤ ਜੱਸੀ ਸ਼ਰਮਾ ਆਦਿ ਹਾਜ਼ਰ ਸਨ।

# ਗੁ: ਬਾਬੇ ਸ਼ਹੀਦ ਨਿੱਝਰ ਕਮੇਟੀ ਦੀ ਚੋਣ, ਮਾ: ਸੁਰਿੰਦਰ ਸਿੰਘ ਪ੍ਰਧਾਨ ਬਣੇ

**ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)**- ਗੁਰਦੁਆਰਾ ਬਾਬੇ ਸ਼ਹੀਦ ਨਿੱਝਰ ਦੀ ਚੋਣ ਸਰਬ ਸੰਮਤੀ ਨਾਲ ਹੋਈ, ਜਿਸ ਵਿੱਚ ਮਾਸਟਰ ਸੁਰਿੰਦਰ ਸਿੰਘ ਪ੍ਰਧਾਨ, ਦਿਲਬਾਗ ਸਿੰਘ ਬਾਗੀ ਜ: ਸਕੱਤਰ ਅਤੇ ਸੁਖਰਾਜ ਸਿੰਘ ਰਾਜੂ ਖਜ਼ਾਨਚੀ ਚੁਣੇ ਗਏ । ਇਸ ਤੋਂ ਇਲਾਵਾ ਹਰਜਿੰਦਰ ਸਿੰਘ ਸਾਬਕਾ ਸਰਪੰਚ, ਗੁਰਮੇਜ ਸਿੰਘ, ਲਖਵਿੰਦਰ ਸਿੰਘ, ਕਾਬਲ ਸਿੰਘ, ਨਰਿੰਦਰ ਸਿੰਘ, ਹਰਪ੍ਰੀਤ ਸਿੰਘ, ਰਣਬੀਰ ਸਿੰਘ ਰਾਣਾ, ਮਨਜੀਤ ਸਿੰਘ ਆਦਿ ਮੈਂਬਰ ਚੁਣੇ ਗਏ । ਇਸ ਮੌਕੇ ਬਾਬਾ ਗੁਰਪਾਲ ਸਿੰਘ ਮੁੱਖ ਗ੍ਰੰਥੀ, ਬਾਬਾ ਸਵਰਨ ਸਿੰਘ, ਸੂਬੇਦਾਰ ਹਰਜਿੰਦਰ ਸਿੰਘ ਨਿੱਝਰ, ਰਾਜਾ ਸਰਪੰਚ, ਪਰਮਜੀਤ ਸਿੰਘ, ਬਲਕਾਰ ਸਿੰਘ ਬਿੱਲਾ ਫੌਜੀ, ਮਨਦੀਪ ਸਿੰਘ, ਮੇਜਰ ਸਿੰਘ, ਬਲਕਾਰ ਸਿੰਘ, ਪਰਮਜੀਤ ਸਿੰਘ ਸਾਬਕਾ ਸਰਪੰਚ, ਕਰਤਾਰ ਸਿੰਘ, ਗੁਲਜ਼ਾਰ ਸਿੰਘ, ਬਲਕਾਰ ਸਿੰਘ ਬਿੱਲਾ ਆਦਿ ਹਾਜ਼ਰ ਸਨ ।



# ਬਸਪਾ ਵਰਕਰਾਂ ਨੂੰ 9 ਨੂੰ ਆਦਮਪੁਰ ਪਹੁੰਚਣ ਦੀ ਅਪੀਲ

**ਬੰਗਾ (ਅਵਤਾਰ ਕਲੇਰ)**- ਬੰਗਾ ਹਲਕੇ ਦੇ ਪਿੰਡ ਬਾਲੋ ਬਸਪਾ ਆਗੂ ਸੁਚਾ ਰਾਮ ਦੇ ਗ੍ਰਹਿ ਵਿਖੇ ਮੀਟਿੰਗ ਦੌਰਾਨ ਪਿੰਡ ਵਾਸੀਆਂ ਨੂੰ 9 ਅਕਤੂਬਰ ਨੂੰ ਆਦਮਪੁਰ ਦੇ ਨਜ਼ਦੀਕ ਪਿੰਡ ਉਦੇਸੀਆਂ ਬਸਪਾ ਪੰਜਾਬ ਦੇ ਜਨਰਲ ਸਕੱਤਰ ਪ੍ਰਵੀਨ ਬੰਗਾ ਪਹੁੰਚਣ ਦੀ ਅਪੀਲ ਕੀਤੀ। ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਬੰਗਾ ਨੇ ਕਿਹਾ ਕਿ ਪੰਜਾਬ ਸੰਭਾਲੋ ਮੁਹਿੰਮ ਨੂੰ ਅਸ਼ੀਰਵਾਦ ਦੇਣ ਦੀ ਅਪੀਲ ਕੀਤੀ ਤੇ ਪਿੰਡ ਵਿੱਚ ਬੂਥ ਕਮੇਟੀ ਵਿੱਚ ਪੁਰਾਣੇ ਸਾਥੀਆਂ ਦੇ ਨਾਲ ਨਾਲ ਨੌਜਵਾਨਾਂ ਦੀ ਸ਼ਮੂਲੀਅਤ ਕਰਕੇ ਚੋਣ ਕੀਤੀ। ਇਸ ਮੌਕੇ ਵਿਜੈ ਗੁਣਾਚੌਰ, ਮੋਹਣ ਲਾਲ,ਹਰਪ੍ਰੀਤ, ਸਤਨਾਮ ਹੀਰ, ਸੁੱਚਾ ਰਾਮ, ਹੰਸ ਰਾਜ, ਸੁਖਵਿੰਦਰ ਹੀਰਾ, ਗਿਆਨ ਚੰਦ, ਸਕੱਤਰ ਬੰਗੜ, ਚਮਨ ਲਾਲ, ਸਤਨਾਮ ਹੀਰ, ਗੁਰਵਿੰਦਰ ਸਿੰਘ, ਰਣਜੀਤ ਸਿੰਘ,ਠੇਕੇਦਾਰ ਅਜੀਤ ਰਾਮ ਤੋਂ ਇਲਾਵਾ ਵੱਡੀ ਗਿਣਤੀ ਵਿਚ ਪੁਰਾਣੇ ਤੇ ਨਵੇਂ ਸਾਥੀ ਹਾਜ਼ਰ ਹੋਏ ਤੇ ਪਿੰਡ ਵਾਸੀਆਂ ਨੇ ਆਦਮਪੁਰ ਪਹੁੰਚਣ ਦਾ ਭਰੋਸਾ ਦਿੱਤਾ।



# ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦੇ ਵਿਦਿਆਰਥੀ ਜ਼ਿਲ੍ਹਾ ਪੱਧਰੀ ਫੁੱਟਬਾਲ ਮੈਚ 'ਚ ਜੇਤੂ



**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਬੀਤੇ ਦਿਨੀਂ ਪੰਜਾਬ ਸਰਕਾਰ ਵੱਲੋਂ 70ਵੀਆਂ ਜ਼ਿਲ੍ਹਾ ਪੱਧਰੀ ਸਕੂਲ ਖੇਡਾਂ 2026-27 ਕਰਵਾਈਆਂ ਗਈਆਂ ਜਿਸ ਵਿੱਚ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦੇ ਵਿਦਿਆਰਥੀਆਂ ਨੇ ਫੁੱਟਬਾਲ (ਅੰਡਰ-19) ਲੜਕਿਆਂ ਦੀ ਟੀਮ ਨੇ ਜ਼ਿਲ੍ਹੇ ਵਿੱਚੋਂ ਦੂਜਾ ਸਥਾਨ ਹਾਸਲ ਕੀਤਾ। ਇਹ ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ ਏ.ਈ.ਓ. ਮਨਿੰਦਰ ਸਿੰਘ ਅਤੇ ਜ਼ਿਲ੍ਹਾ ਖੇਡ ਕੋਆਰਡੀਨੇਟਰ ਜੁਗਰਾਜ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਸੇਵਾ ਦੇਵੀ ਕਾਲਜ ਤਰਨ ਤਾਰਨ ਵਿਖੇ ਕਰਵਾਏ ਗਏ। ਜਿਨ੍ਹਾਂ ਦਾ ਮਕਸਦ ਸਕੂਲ ਦੇ ਬੱਚਿਆਂ ਨੂੰ ਮਾਨਸਿਕ ਅਤੇ ਸਰੀਰਕ ਪੱਖੋਂ ਮਜ਼ਬੂਤ ਬਣਾਉਣਾ ਸੀ। ਇਨ੍ਹਾਂ ਜ਼ਿਲ੍ਹਾ-ਪੱਧਰੀ ਖੇਡ ਮੁਕਾਬਲਿਆਂ ਵਿੱਚ ਜ਼ੋਨ ਗੋਇੰਦਵਾਲ ਸਾਹਿਬ ਵੱਲੋਂ ਗੁਰੂ ਅਮਰਦਾਸ ਆਦਰਸ਼ ਇੰਸਟੀਚਿਊਟ ਦੇ ਵਿਦਿਆਰਥੀਆਂ ਨੇ ਆਪਣੀ ਸਖ਼ਤ ਮਿਹਨਤ ਸਦਕਾ ਅਤੇ ਕੋਚ ਸੁਖਵਿੰਦਰ ਸਿੰਘ ਤੇ ਕੋਚ ਰੇਸ਼ਮ ਸਿੰਘ ਦੀ ਸਹੀ ਸੇਧ ਸਦਕਾ ਫੁੱਟਬਾਲ ਅੰਡਰ-19 (ਲੜਕਿਆਂ) ਦੀ ਟੀਮ ਨੇ ਜ਼ਿਲ੍ਹੇ ਵਿੱਚੋਂ ਦੂਜਾ ਸਥਾਨ ਪ੍ਰਾਪਤ ਕੀਤਾ ।ਇਸ ਮੌਕੇ ਆਪਣੀ ਖੁਸ਼ੀ ਜ਼ਾਹਰ ਕਰਦਿਆਂ ਸੰਸਥਾ ਦੇ ਡਾਇਰੈਕਟਰ ਡਾ. ਜਤਿੰਦਰਪਾਲ ਸਿੰਘ ਰੰਧਾਵਾ ਅਤੇ ਸਕੂਲ ਦੇ ਪ੍ਰਿੰਸੀਪਲ ਮਨੀਸ਼ਾ ਸੂਦ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਅਗਾਂਹ ਹੋਣ ਵਾਲੀਆਂ ਖੇਡਾਂ ਵਿੱਚ ਉੱਚ ਕੋਟੀ ਦਾ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ।

# 500 ਡਰੋਨਾਂ ਨੇ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਤੇ ਫਲਸਫ਼ੇ ਨੂੰ ਕੀਤਾ ਪੇਸ਼

**ਕਾਦੀਆਂ (ਡਾਕਟਰ ਮਲਵਿੰਦਰ ਸਿੰਘ, ਯਾਦਵਿੰਦਰ ਸਿੰਘ)**- ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਪੰਜਾਬ ਸਰਕਾਰ ਵੱਲੋਂ ਕਾਦੀਆਂ ਵਿਖੇ ਸ਼ਾਨਦਾਰ ਡਰੋਨ ਸ਼ੋਅ ਕਰਾਇਆ ਗਿਆ ਜਿਸ ਵਿੱਚ 500 ਡਰੋਨਾਂ ਨੇ ਅਸਮਾਨ ਨੂੰ ਰੁਸ਼ਨਾਉਂਦਿਆਂ ਗੁਰੂ ਜੀ ਦੇ ਜੀਵਨ ਅਤੇ ਸਿੱਖਿਆਵਾਂ ਬਾਰੇ ਬਾਕਮਾਲ ਪੇਸ਼ਕਾਰੀ ਕੀਤੀ ।ਇਸ ਸ਼ੋਅ ਦੌਰਾਨ 500 ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਫਲਸਫ਼ੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ ਗਿਆ ਜਿਸ ਵਿੱਚ ਗੁਰੂ ਜੀ ਦੇ ਬਰਾਬਰੀ, ਭਾਈਚਾਰਕ ਸਾਂਝ, ਦਇਆ, ਸਮਾਜਿਕ ਨਿਆਂ ਅਤੇ ਮਨੁੱਖੀ ਸਨਮਾਨ ਦਾ ਸਦੀਵੀ ਸੰਦੇਸ਼ ਦੀ ਪੇਸ਼ਕਾਰੀ ਕੀਤੀ ਗਈ ।ਸੰਗਤ ਨੂੰ ਸੰਬੋਧਨ ਕਰਦਿਆਂ ਹਲਕਾ ਕਾਦੀਆਂ ਦੇ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਨੇ ਕਿਹਾ ਕਿ ਇਹ ਸ਼ਾਨਦਾਰ ਡਰੋਨ ਸ਼ੋਅ ਸ੍ਰੀ ਗੁਰੂ ਰਵਿਦਾਸ ਜੀ ਨੂੰ ਢੁਕਵੀਂ ਸ਼ਰਧਾਂਜਲੀ ਹੈ ਅਤੇ ਉਨ੍ਹਾਂ ਦੇ ਸਦੀਵੀ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਨਿਵੇਕਲਾ ਉਪਰਾਲਾ ਹੈ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਪੂਰੀ ਸ਼ਰਧਾ ਨਾਲ ਮਨਾਉਂਦਿਆਂ ਆਧੁਨਿਕ ਮਾਧਿਅਮਾਂ ਰਾਹੀਂ ਗੁਰੂ ਜੀ ਦੇ ਸਰਬ-ਸਾਂਝੇ ਫਲਸਫ਼ੇ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ।ਡਰੋਨ ਸ਼ੋਅ ਤੋਂ ਪਹਿਲਾਂ ਰਾਗੀ ਭਾਈ ਜਸਬੀਰ ਸਿੰਘ ਜਲੰਧਰ ਵਾਲੇ, ਭਾਈ ਹਰਵਿੰਦਰ ਸਿੰਘ, ਭਾਈ ਜਗਤਾਰ ਸਿੰਘ ਨੇ ਗੁਰਬਾਣੀ ਦੇ ਸ਼ਬਦ ਅਤੇ ਕੀਰਤਨ ਰਾਹੀਂ ਸੰਗਤ ਨੂੰ ਨਿਹਾਲ ਕੀਤਾ।ਸਮਾਗਮ ਵਿੱਚ ਜਰਨੈਲ ਸਿੰਘ ਮਾਹਲ, ਐੱਸ ਡੀ ਐਮ ਬਟਾਲਾ ਸਾਰੰਗਪ੍ਰੀਤ ਸਿੰਘ ਔਜਲਾ, ਤਹਿਸੀਲਦਾਰ ਅਰਜਨ ਸਿੰਘ ਗਰੇਵਾਲ, ਗੁਰਦਿਲਬਾਗ ਸਿੰਘ ਨੀਟਾ ਮਾਹਲ, ਕਰਨ ਮਾਹਲ, ਰਾਜਵਿੰਦਰ ਸਿੰਘ ਸਮੇਤ ਹਲਕੇ ਦੀ ਸੰਗਤ ਵੱਡੀ ਗਿਣਤੀ ਵਿੱਚ ਮੌਜੂਦ ਸੀ।



# ਨਸ਼ਾ ਮੁਕਤੀ ਮੋਰਚੇ ਦੀਆਂ ਟੀਮਾਂ ਲੋਕਾਂ ਨੂੰ ਜਾਗਰੂਕ ਕਰਨਗੀਆਂ : ਡਾ. ਅਰਸ਼ਦੀਪ ਸਿੰਘ

**ਸ੍ਰੀ ਹਰਗੋਬਿੰਦਪੁਰ ਸਾਹਿਬ/ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਡਾ. ਅਰਸ਼ਦੀਪ ਸਿੰਘ, ਜ਼ਿਲ੍ਹਾ ਇੰਚਾਰਜ ਨਸ਼ਾ ਮੁਕਤੀ ਮੋਰਚਾ ਗੁਰਦਾਸਪੁਰ ਵਲੋਂ ਪਿੰਡ ਮਾੜੀ ਬੁੱਚੀਆਂ ਵਿਖੇ ਯੁੱਧ ਨਸ਼ਿਆਂ ਵਿਰੁੱਧ ਦੇ ਸੰਬੰਧ ਵਿੱਚ ਮੀਟਿੰਗ ਕੀਤੀ ਗਈ ਅਤੇ ਇਸ ਮੁਹਿੰਮ ਦੇ ਨਾਲ 551 ਦਿਨ ਮੁਕੰਮਲ ਹੋਣ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਸਰਪੰਚ ਨਿਸ਼ਾਨ ਸਿੰਘ, ਬਲਾਕ ਸੰਮਤੀ ਮੈਂਬਰ ਲਾਲ ਸਿੰਘ, ਸਰਪੰਚ ਜਗਪ੍ਰੀਤ ਸਿੰਘ, ਮੈਂਬਰ ਮੋਹਨ ਸਿੰਘ, ਦਲਜੀਤ ਸਿੰਘ ਹਲਕਾ ਕੁਆਰਡੀਨੇਟਰ ਕਿਸਾਨ ਵਿੰਗ ਹਾਜ਼ਰ ਸਨ । ਮੀਟਿੰਗ ਦੌਰਾਨ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਵਚਨਬੱਧ ਹੈ ਅਤੇ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਵਿਰੁੱਧ ਸਖ਼ਤ ਰੁਖ਼ ਅਪਣਾਇਆ ਜਾ ਰਿਹਾ ਹੈ।ਜ਼ਿਲ੍ਹਾ ਇੰਚਾਰਜ ਡਾ. ਅਰਸ਼ਦੀਪ ਸਿੰਘ ਨੇ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ 551 ਦਿਨਾਂ ਦੌਰਾਨ 76 ਹਜ਼ਾਰ ਤੋਂ ਵੱਧ ਗ੍ਰਿਫ਼ਤਾਰੀਆਂ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਦਾ ਆਪਣਾ ਦ੍ਰਿੜ੍ਹ ਸੰਕਲਪ ਦਿਖਾਇਆ ਹੈ।

ਉਨ੍ਹਾਂ ਦੱਸਿਆ ਕਿ ਹੁਣ ਨਸ਼ਾ ਮੁਕਤੀ ਮੋਰਚੇ ਦੀਆਂ ਟੀਮਾਂ ਪਿੰਡ-ਪਿੰਡ ਅਤੇ ਵਾਰਡ-ਵਾਰਡ ਜਾ ਕੇ ਲੋਕਾਂ ਨੂੰ ਜਾਗਰੂਕ ਕਰਨਗੀਆਂ। ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਨਸ਼ਿਆਂ ਨੂੰ ਲੋਕਾਂ ਦੇ ਸਹਿਯੋਗ ਨਾਲ ਸੂਬੇ ਅੰਦਰੋਂ ਖਤਮ ਕਰਨ ਲਈ ਦ੍ਰਿੜ੍ਹ ਸੰਕਲਪ ਹੈ।



# ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ 'ਅੱਖਰ' ਮੈਗਜ਼ੀਨ ਰਿਲੀਜ਼

**ਬਿਆਸ, ਬਾਬਾ ਬਕਾਲਾ ਸਾਹਿਬ (ਪਰਮਜੀਤ ਸਿੰਘ ਰੱਖੜਾ, ਜਸਪਾਲ ਸਿੰਘ)** ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਮੀਟਿੰਗ ਹਾਲ ਬਾਬਾ ਮੱਖਣ ਸ਼ਾਹ ਲੁਬਾਣਾ ਸਰਾਂ, ਬਾਬਾ ਬਕਾਲਾ ਸਾਹਿਬ ਵਿਖੇ ਕਰਵਾਇਆ ਗਿਆ। ਇਸ ਮੌਕੇ ਡਾ: ਵਿਕਰਮਜੀਤ ਸਿੰਘ ਦੁਆਰਾ ਸੰਪਾਦਿਤ ਕੀਤੇ ਜਾਣ ਵਾਲੇ ਮੈਗਜ਼ੀਨ 'ਅੱਖਰ' ਨੂੰ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤਾ ਗਿਆ । ਇਸ ਮੌਕੇ ਸ਼੍ਰੋਮਣੀ ਸ਼ਾਇਰ ਡਾ: ਰਵਿੰਦਰ, ਡਾ: ਆਸਾ ਸਿੰਘ ਘੁੰਮਣ (ਸਰਪ੍ਰਸਤ ਸਿਰਜਣਾ ਕੇਂਦਰ ਕਪੂਰਥਲਾ), ਅਵਤਾਰ ਸਿੰਘ ਬੁੱਲਰ (ਸਾਬਕਾ ਏ ਡੀ ਸੀ), ਡਾ: ਗੋਪਾਲ ਸਿੰਘ ਬੁੱਟਰ (ਸਹਾਇਕ ਸਕੱਤਰ ਦੇਸ਼ ਭਗਤ ਯਾਦਗਾਰ ਹਾਲ ਕਮੇਟੀ), ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸੀਨੀਅਰ ਮੀਤ ਪ੍ਰਧਾਨ ਮੱਖਣ ਕੁਹਾੜ, ਮੀਤ ਪ੍ਰਧਾਨ ਸ਼ੈਲਿੰਦਰਜੀਤ ਸਿੰਘ ਰਾਜਨ, ਦਫਤਰ ਸਕੱਤਰ ਦੀਪ ਦਵਿੰਦਰ ਸਿੰਘ, ਕਾਰਜਕਾਰਨੀ ਮੈਂਬਰ ਮਾ: ਮਨਜੀਤ ਸਿੰਘ ਵੱਸੀ ਅਤੇ ਡਾ: ਪਰਮਜੀਤ ਸਿੰਘ ਬਾਠ, ਡਾ: ਗਗਨ (ਪਧਾਨ ਮਝੈਲਾਂ ਦੀ ਸੱਥ), ਜਸਵਿੰਦਰ ਸਿੰਘ ਢਿੱਲੋਂ (ਪ੍ਰਧਾਨ ਪੰਜਾਬੀ ਸਾਹਿਤ ਸਭਾ ਅਤੇ ਸੱਭਿਆਚਾਰਕ ਕੇਂਦਰ ਤਰਨ ਤਾਰਨ), ਹਰਦਰਸ਼ਨ ਸਿੰਘ ਕਮਲ (ਜਨਰਲ ਸਕੱਤਰ ਮਜਲਸ), ਕੁਲਵਿੰਦਰ ਸਿੰਘ ਗਾਖਲ (ਪੰਜਾਬ ਸਾਹਿਤਕ ਮੰਚ ਜਲੰਧਰ), ਹਰਕੰਵਲਜੀਤ ਸਾਹਿਲ (ਸੰਪਾਦਕ 7 ਰੰਗ), ਡਾ: ਵਿਕਰਮਜੀਤ (ਸੰਪਾਦਕ ਅੱਖਰ), ਪ੍ਰਿੰ: ਬਖਤਾਵਰ ਧਾਲੀਵਾਲ (ਸੰਪਾਦਕ ਮੰਤਵ), ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ ਅਤੇ ਸੀਨੀਅਰ ਮੀਤ ਪ੍ਰਧਾਨ ਮੱਖਣ ਭੈਣੀਵਾਲਾ ਨੇ 'ਅੱਖਰ' ਨੂੰ ਸਾਂਝੇ ਤੌਰ 'ਤੇ ਲੋਕ ਅਰਪਿਤ ਕੀਤਾ ਅਤੇ ਕਿਹਾ ਕਿ ਮਰਹੂਮ ਸ਼ਾਇਰ ਪਰਮਿੰਦਰਜੀਤ ਦੀਆਂ ਯਾਦਾਂ ਨੂੰ ਤਾਜ਼ਾ ਕਰਨ ਲਈ 'ਅੱਖਰ' ਟੀਮ ਵੱਲੋਂ ਨਿਰੰਤਰ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ।



# ਖਾਲਸਾ ਕਾਲਜ ਗੁਰਦਾਸ ਨੰਗਲ ਦੀ ਭੰਗੜਾ ਟੀਮ ਯੂਨੀਵਰਸਿਟੀ ਦੇ ਜ਼ੋਨਲ ਯੁਵਕ ਮੇਲੇ 'ਚੋਂ ਪਹਿਲੇ ਸਥਾਨ 'ਤੇ ਰਹੀ

**ਧਾਰੀਵਾਲ, (ਮਨਦੀਪ ਵਿੱਕੀ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਵਿਦਿਆ ਸਕੱਤਰ ਸੁਖਮਿੰਦਰ ਸਿੰਘ ਦੀ ਸਰਪ੍ਰਸਤੀ ਹੇਠ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਦੀ ਦੇਖ-ਰੇਖ ਅਧੀਨ ਚੱਲ ਰਹੇ ਬਾਬਾ ਅਜੈ ਸਿੰਘ ਖ਼ਾਲਸਾ ਕਾਲਜ ਗੁਰਦਾਸਨੰਗਲ ਦੀ ਭੰਗੜਾ ਟੀਮ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਕਰਵਾਏ ਗਏ ਜ਼ੋਨਲ ਯੁਵਕ ਮੇਲੇ ਵਿੱਚੋਂ ਜੇਤੂ ਰਹੀ ਹੈ।

ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਦੀ ਭੰਗੜਾ ਟੀਮ ਆਪਣੇ ਸ਼ਾਨਦਾਰ ਤੇ ਬੇਮਿਸਾਲ ਪ੍ਰਦਰਸ਼ਨ ਕਰਕੇ ਪਹਿਲੇ ਸਥਾਨ ਹਾਸਿਲ ਕਰਕੇ ਆਪਣੇ ਸੰਸਥਾ ਤੇ ਮਾਤਾ ਪਿਤਾ ਦਾ ਨਾਂ ਰੌਸ਼ਨ ਕੀਤਾ ਹੈ।ਕਾਲਜ ਪ੍ਰਿੰਸੀਪਲ ਡਾਕਟਰ ਗੁਰਜੀਤ ਸਿੰਘ ਨੇ ਦੱਸਿਆ ਕਾਲਜ ਦੀ ਭੰਗੜਾ ਟੀਮ ਦਾ ਵਿਦਿਆਰਥੀ ਹਰਮਨਪ੍ਰੀਤ ਸਿੰਘ ਲਗਾਤਾਰ ਤੀਸਰੀ ਵਾਰ ਬੈਸਟ ਪਰਫਾਰਮਰ ਚੁਣਿਆ ਗਿਆ, ਜੋ ਕਿ ਕਾਲਜ ਲਈ ਬੜੇ ਮਾਣ ਵਾਲੀ ਗੱਲ ਹੈ।ਕਾਲਜ ਵਿਦਿਆਰਥੀਆਂ ਨੇ ਯੁਵਕ ਮੇਲੇ ਦੌਰਾਨ ਕਰਵਾਏ ਜਾ ਰਹੇ ਮੁਕਾਬਲਿਆਂ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ।ਭੰਗੜੇ ਤੋਂ ਇਲਾਵਾ ਕਾਲਜ ਦੇ ਸੰਗੀਤ ਵਿਭਾਗ ਦੇ ਵਿਦਿਆਰਥੀਆਂ ਨੇ ਆਪਣੇ ਸੁਰਾਂ ਦੀ ਬਾਕਮਾਲ ਪੇਸ਼ਕਾਰੀ ਕਰਦੇ ਹੋਏ ਗਜ਼ਲ ਗਾਇਨ ਮੁਕਾਬਲੇ ਵਿੱਚੋਂ ਦੂਸਰਾ ਸਥਾਨ ਅਤੇ ਲੋਕ ਗੀਤ ਤੇ ਮਿਊਜ਼ਿਕ ਇੰਸਟਰੂਮੈਂਟ ਵਿੱਚੋਂ ਤੀਸਰਾ ਸਥਾਨ ਹਾਸਲ ਕੀਤਾ।ਕੋਲਾਜ ਮੇਕਿੰਗ ਮੁਕਾਬਲਿਆਂ ਵਿੱਚੋਂ ਤੀਸਰਾ ਸਥਾਨ ਹਾਸਲ ਕੀਤਾ।ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਭੰਗੜਾ ਟੀਮ ਅਤੇ ਹੋਰ ਜੇਤੂ ਰਹੇ ਵਿਦਿਆਰਥੀਆਂ ਦਾ ਕਾਲਜ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਤੇ ਉਨ੍ਹਾਂ ਦੀ ਜਿੱਤ 'ਤੇ ਵਧਾਈ ਵੀ ਦਿੱਤੀ। ਪ੍ਰਿੰਸੀਪਲ ਨੇ ਸੱਭਿਆਚਾਰਕ ਗਤੀਵਿਧੀਆਂ ਦੇ ਇੰਚਾਰਜ ਡਾ. ਆਤਮਾ ਸਿੰਘ, ਪ੍ਰੋ. ਹਰਜੀਤ ਕੌਰ ਅਤੇ ਮਿਊਜ਼ਿਕ ਵਿਭਾਗ ਦੇ ਪ੍ਰੋ. ਕਰਨਵੀਰ ਸਿੰਘ ਨੂੰ ਉਹਨਾਂ ਦੇ ਵਿਦਿਆਰਥੀਆਂ ਦੀਆਂ ਕਾਲਜ ਲਈ ਕੀਤੀਆਂ ਵਿਸ਼ੇਸ਼ ਪ੍ਰਾਪਤੀਆਂ ਲਈ ਵਧਾਈ ਦਿੱਤੀ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਅੰਤਰ-ਜ਼ੋਨਲ ਅਤੇ ਅੰਤਰ-ਵਰਸਿਟੀ ਮੁਕਾਬਲੇ ਜਿੱਤ ਕੇ ਕਾਲਜ ਦਾ ਨਾਮ ਰੌਸ਼ਨ ਕਰਨ ਲਈ ਉਤਸ਼ਾਹਿਤ ਕੀਤਾ।ਇਸ ਮੌਕੇ ਕਾਲਜ ਦੇ ਸਮੂਹ ਸਟਾਫ਼ ਮੈਂਬਰ ਹਾਜ਼ਰ ਸਨ।



# ਸ਼ੈਰੀ ਕਲਸੀ ਵੱਲੋਂ ਗਲੀ ਦੇ ਵਿਕਾਸ ਕਾਰਜਾਂ ਦਾ ਉਦਘਾਟਨ

**ਬਟਾਲਾ, (ਤਰਲੋਕ ਬੱਗਾ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਮਾਤਾ ਕਾਲੀ ਦੁਆਰਾ ਮੰਦਰ ਵਿਖੇ ਨਤਮਸਤਕ ਹੋ ਕੇ ਆਸ਼ੀਰਵਾਦ ਲਿਆ ਅਤੇ ਗਲੀ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।ਇਸ ਮੌਕੇ ਮਹੰਤ ਅਮਿਤ ਸ਼ਾਹ, ਮੇਅਰ ਭੁਪਿੰਦਰ ਸਿੰਘ ਬਾਜਵਾ, ਹਨੀ ਚੌਹਾਨ, ਪਰਦੀਪ ਕੁਮਾਰ, ਵਿਜੇ ਸੌਨੀ ਵੀ ਮੌਜੂਦ ਸਨ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਸ਼ਹਿਰ ਅੰਦਰ ਵਿਕਾਸ ਕਾਰਜ ਨਿਰੰਤਰ ਜਾਰੀ ਹਨ ਅਤੇ ਸ਼ਹਿਰ ਵਾਸੀਆਂ ਦੀਆਂ ਲੰਮੇ ਸਮੇਂ ਤੋਂ ਲਮਕਦੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਵਿਧਾਇਕ ਸ਼ੈਰੀ ਕਲਸੀ ਨੇ ਵਾਰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸ਼ਹਿਰ ਵਾਸੀਆਂ ਦੀਆਂ ਮੁੱਢਲੀਆਂ ਲੋੜਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਦਹਾਕਿਆਂ ਤੋਂ ਗਲੀਆਂ ਨਾ ਬਣਨ ਕਾਰਨ ਲੋਕਾਂ ਨੂੰ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ ਪਰ ਹੁਣ ਉਹ ਖੁਦ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਬਟਾਲਾ ਸ਼ਹਿਰ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕੀਤਾ ਗਿਆ ਹੈ ਅਤੇ ਹੁਣ ਲੋਕਾਂ ਦੀ ਬਾਂਹ ਫੜਦਿਆਂ ਉਨ੍ਹਾਂ ਦੀਆਂ ਚਿਰੋਕਣੀਆਂ ਮੰਗਾਂ ਪੂਰੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਵੱਖ-ਵੱਖ ਵਿਕਾਸ ਕਾਰਜ ਪ੍ਰਗਤੀ ਅਧੀਨ ਹਨ।

ਇਸ ਮੌਕੇ ਦੁਕਾਨਦਾਰਾਂ ਅਤੇ ਵਸਨੀਕਾਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਿਛਲੇ ਲੰਬੇ ਸਮੇਂ ਤੋਂ ਗਲੀ ਨਾ ਬਣਨ ਕਰਕੇ ਲੋਕ ਮੁਸ਼ਕਲ ਦਾ ਸਾਹਮਣਾ ਕਰ ਰਹੇ ਸਨ ਪਰ ਹੁਣ ਉਨ੍ਹਾਂ ਦੀ ਸਾਰ ਲਈ ਗਈ ਹੈ, ਜਿਸ ਨਾਲ ਇਥੋਂ ਦੇ ਵਾਸੀਆਂ ਨੂੰ ਵੱਡੀ ਰਾਹਤ ਮਿਲੀ ਹੈ।



# ਵਿੱਤ ਮੰਤਰੀ ਵੱਲੋਂ ਆਂਗਣਵਾੜੀ ਵਰਕਰਾਂ ਦਾ ਮਾਣਭੱਤਾ 15 ਦਿਨਾਂ 'ਚ ਦੁੱਗਣਾ ਕਰਨ ਦਾ ਵਾਅਦਾ; ਭਲਕ ਦਾ ਧਰਨਾ ਮੁਅੱਤਲ

**ਧਾਰੀਵਾਲ (ਮਨਦੀਪ ਵਿੱਕੀ)** ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਵਲੋਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਸੰਬੰਧੀ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਇਕ ਅਹਿਮ ਮੀਟਿੰਗ ਚੰਡੀਗੜ੍ਹ ਸੈਕਟਰੀਏਟ ਵਿਖੇ ਹੋਈ। ਮੀਟਿੰਗ ਵਿੱਚ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਦੇ ਡਾਇਰੈਕਟਰ ਸ਼ੇਨਾ ਅਗਰਵਾਲ ਅਤੇ ਡਿਪਟੀ ਡਾਇਰੈਕਟਰ ਸੁਮਨਦੀਪ ਕੌਰ ਵੀ ਮੌਜੂਦ ਸਨ।ਆਂਗਣਵਾੜੀ ਯੂਨੀਅਨ ਦੀ ਜ਼ਿਲ੍ਹਾ ਗੁਰਦਾਸਪੁਰ ਦੀ ਪ੍ਰਧਾਨ ਕੰਵਲਜੀਤ ਕੌਰ ਚਾਹਲ ਨੇ ਦੱਸਿਆ ਮੀਟਿੰਗ ਵਿੱਚ ਯੂਨੀਅਨ ਦੀ ਪੰਜਾਬ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ ਦੀ ਅਗਵਾਈ ਵਿੱਚ ਸੂਬਾ ਜਨਰਲ ਸਕੱਤਰ ਹਰਪ੍ਰੀਤ ਕੌਰ, ਮੀਤ ਪ੍ਰਧਾਨ ਸਤਵਿੰਦਰ ਕੌਰ ਅਤੇ ਵਿੱਤ ਸਕੱਤਰ ਹਰਪ੍ਰੀਤ ਕੌਰ ਨੇ ਵੀ ਸ਼ਿਰਕਤ ਕੀਤੀ। ਸੂਬਾ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ ਨੇ ਵਿੱਤ ਮੰਤਰੀ ਨੂੰ ਦੱਸਿਆ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਪ ਪਾਰਟੀ ਵੱਲੋਂ ਵਰਕਰਾਂ ਦਾ ਮਾਣਭੱਤਾ ਦੁੱਗਣਾ ਕਰਨ ਦਾ ਕੀਤਾ ਵਾਅਦਾ ਸਾਢੇ ਚਾਰ ਸਾਲ ਦਾ ਲੰਮਾ ਕਾਰਜਕਾਲ ਬੀਤ ਜਾਣ ਦੇ ਬਾਵਜੂਦ ਵੀ ਪੂਰਾ ਨਹੀਂ ਕੀਤਾ ਗਿਆ। ਪਹਿਲ ਦੇ ਆਧਾਰ 'ਤੇ ਮਾਣਭੱਤਾ ਦੁੱਗਣਾ ਕੀਤਾ ਜਾਵੇ, ਸਲਾਨਾ ਇੰਕਰੀਮੈਂਟ ਨੂੰ ਵਧਾ ਕੇ ਦੁੱਗਣਾ ਕੀਤਾ ਜਾਵੇ ਆਦਿ ਸਮੇਤ ਹੋਰ ਜਾਇਜ਼ ਮੰਗਾਂ ਪ੍ਰਵਾਨ ਕਰਨ ਦੀ ਮੰਗ ਕੀਤੀ। ਸੁਖਾਵੇਂ ਮਾਹੌਲ ਵਿੱਚ ਹੋਈ ਇਸ ਮੀਟਿੰਗ ਦੌਰਾਨ ਵਿੱਤ ਮੰਤਰੀ ਨੇ ਜਥੇਬੰਦੀ ਦੀਆਂ ਮੰਗਾਂ ਨੂੰ ਬਹੁਤ ਹੀ ਹਮਦਰਦੀ ਅਤੇ ਗੰਭੀਰਤਾ ਨਾਲ ਸੁਣਿਆ ਅਤੇ 15 ਦਿਨਾਂ ਦੇ ਅੰਦਰ-ਅੰਦਰ ਆਂਗਣਵਾੜੀ ਵਰਕਰਾਂ ਦਾ ਮਾਣਭੱਤਾ ਦੁੱਗਣਾ ਕਰਨ ਦਾ ਵਾਅਦਾ ਕੀਤਾ ਅਤੇ ਸੇਵਾ ਮੁਕਤੀ ਦੌਰਾਨ ਮਿਲਣ ਵਾਲੀ ਰਕਮ ਨੂੰ ਵਧਾ ਕੇ ਬੰਗਾਲ ਦੀ ਤਰਜ਼ 'ਤੇ ਪੰਜ ਲੱਖ ਵਰਕਰ ਨੂੰ ਦੇਣ ਅਤੇ ਤਿੰਨ ਲੱਖ ਹੈਲਪਰ ਨੂੰ ਦੇਣ ਦੀ ਸਹਿਮਤੀ ਪ੍ਰਗਟਾਈ ਅਤੇ ਯੂਨੀਅਨ ਦੀਆਂ ਬਾਕੀ ਮੰਗਾਂ 'ਤੇ ਵੀ ਵਿਚਾਰ ਕਰਨ ਦਾ ਭਰੋਸਾ ਦਿੱਤਾ। ਇਸ ਤੋਂ ਬਾਅਦ ਜਥੇਬੰਦੀ ਨੇ ਆਪਣੇ ਸੰਘਰਸ਼ ਨੂੰ ਫਿਲਹਾਲ ਰੋਕਣ ਦਾ ਫੈਸਲਾ ਲਿਆ ਹੈ ਅਤੇ 3 ਅਕਤੂਬਰ ਦਾ ਧਰਨਾ ਮੁਅੱਤਲ ਕਰ ਦਿੱਤਾ ਗਿਆ ਹੈ। ਸੂਬਾ ਪ੍ਰਧਾਨ ਛੀਨਾ ਨੇ ਆਖਿਆ ਜੇਕਰ ਮਿੱਥੇ ਸਮੇਂ ਅੰਦਰ ਸਰਕਾਰ ਨੇ ਵਰਕਰਾਂ ਦਾ ਮਾਣਭੱਤਾ ਦੁੱਗਣਾ ਕਰਨ ਦਾ ਵਾਅਦਾ ਪੂਰਾ ਨਾ ਕੀਤਾ ਤਾਂ ਜਥੇਬੰਦੀ ਵੱਡੇ ਪੱਧਰ 'ਤੇ ਇਕੱਠ ਕਰਕੇ ਜ਼ਿਲ੍ਹਾ ਸੰਗਰੂਰ ਵਿਖੇ ਦੁਬਾਰਾ 18 ਅਕਤੂਬਰ ਨੂੰ ਰੋਸ ਮੁਜ਼ਾਹਰਾ ਕਰਕੇ ਅਣਮਿੱਥੇ ਸਮੇਂ ਲਈ ਪ੍ਰਦਰਸ਼ਨ ਸ਼ੁਰੂ ਕੀਤੇ ਜਾਣਗੇ।



# ਚੇਅਰਮੈਨ ਮਾਨਿਕ ਮਹਿਤਾ ਨੇ ਝੋਨੇ ਦੇ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਦੇ ਦਿਸ਼ਾ-ਨਿਰਦੇਸ਼ਾਂ ਹੇਠ ਮਾਨਿਕ ਮਹਿਤਾ, ਚੇਅਰਮੈਨ ਮਾਰਕਿਟ ਕਮੇਟੀ ਬਟਾਲਾ ਵਲੋਂ ਝੋਨੇ ਦੇ ਸ਼ੀਜਨ ਪ੍ਰਬੰਧਾਂ ਨੂੰ ਮੁੱਖ ਰੱਖਦਿਆਂ ਹੋਏ ਕਿਸਾਨਾਂ, ਮਜ਼ਦੂਰਾਂ ਅਤੇ ਆੜ੍ਹਤੀਆਂ ਨੂੰ ਕੋਈ ਮੁਸ਼ਕਿਲ ਨਾ ਆਵੇ, ਦਾਣਾ ਮੰਡੀ ਬਟਾਲਾ ਵਿਖੇ ਕੀਤੇ ਗਏ ਪ੍ਰਬੰਧਾਂ ਦਾ ਜ਼ਾਇਜਾ ਲਿਆ ਗਿਆ।ਇਸ ਮੌਕੇ ਪ੍ਰਧਾਨ ਮਨਬੀਰ ਸਿੰਘ ਕਾਹਲੋਂ, ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਗੁਰਬਿੰਦਰ ਸਿੰਘ ਜੌਲੀ ਅਤੇ ਅਧਿਕਾਰੀ ਮੌਜੂਦ ਸਨ।ਇਸ ਮੌਕੇ ਗੱਲ ਕਰਦਿਆਂ ਚੇਅਰਮੈਨ ਮਾਨਿਕ ਮਹਿਤਾ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਝੋਨੇ ਦੇ ਸੀਜ਼ਨ ਨੂੰ ਮੁੱਖ ਰੱਖਦਿਆਂ ਖਰੀਦ ਪ੍ਰਬੰਧਾਂ ਦੀਆਂ ਤਿਆਰੀਆਂ ਕੀਤੀਆਂ ਗਈਆਂ ਹਨ ਤਾਂ ਜੋ ਕਿਸਾਨਾਂ ਭਰਾਵਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਿਲ ਪੇਸ਼ ਨਾ ਆਵੇ।ਉਨ੍ਹਾਂ ਸਬੰਧਿਤ ਅਧਿਕਾਰੀਆਂ ਅਤੇ ਆੜ੍ਹਤੀਆ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਕਿਸਾਨਾਂ ਨੂੰ ਆਪਣੀ ਫਸਲ ਵੇਚਣ ਦੌਰਾਨ ਕੋਈ ਮੁਸ਼ਕਿਲ ਨਾ ਆਵੇ, ਇਸ ਨੂੰ ਸੁਨਿਸ਼ਚਿਤ ਕੀਤਾ ਜਾਵੇ।

ਚੇਅਰਮੈਨ ਮਾਨਿਕ ਮਹਿਤਾ ਨੇ ਕਿਹਾ ਪੰਜਾਬ ਸਰਕਾਰ ਦਾਣਾ ਮੰਡੀਆਂ ਵਿੱਚ ਕਿਸਾਨਾਂ ਨੂੰ ਸਹੂਲਤ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਅਤੇ ਨਿਯਮਿਤ ਸਮੇਂ ਫਸਲ ਦੀ ਖਰੀਦ, ਚੁਕਾਈ ਅਤੇ ਅਦਾਇਗੀ ਨੂੰ ਸੁਨਿਸ਼ਚਿਤ ਕੀਤਾ ਜਾਵੇਗਾ।



# ਪ੍ਰਤਾਪ ਵਰਲਡ ਸਕੂਲ ਪਠਾਨਕੋਟ ਵੱਲੋਂ ਸਾਈਕਲ ਯਾਤਰੀਆਂ ਦਾ ਸਵਾਗਤ

**ਪਠਾਨਕੋਟ, (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ ਪਠਾਨਕੋਟ ਵੱਲੋਂ ਜੁਆਇਨ ਇੰਡੀਅਨ ਆਰਮੀ ਇੰਟਰੈਕਸ਼ਨ ਪ੍ਰੋਗਰਾਮ ਵਿੱਚ ਭਾਗ ਲੈ ਰਹੇ ਸਾਈਕਲ ਯਾਤਰੀਆਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ।ਇਹ ਪ੍ਰੋਗਰਾਮ 16 ਸਤੰਬਰ ਤੋਂ 3 ਅਕਤੂਬਰ ਤੱਕ ਆਯੋਜਿਤ ਕੀਤਾ ਜਾ ਰਿਹਾ ਹੈ।ਇਸ ਪਹਿਲਕਦਮੀ ਦਾ ਉਦੇਸ਼ ਨੌਜਵਾਨਾਂ ਵਿੱਚ ਤੰਦਰੁਸਤੀ, ਅਨੁਸ਼ਾਸਨ, ਸਾਹਸ, ਦ੍ਰਿੜਤਾ ਅਤੇ ਰਾਸ਼ਟਰ ਸੇਵਾ ਵਰਗੀਆਂ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਭਾਰਤੀ ਫੌਜ ਵਿੱਚ ਉਪਲਬਧ ਮੌਕਿਆਂ ਅਤੇ ਫੌਜੀ ਜੀਵਨ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ।ਇਸ ਮੌਕੇ ਵਿਦਿਆਰਥੀਆਂ ਨੂੰ ਸਾਈਕਲ ਯਾਤਰੀਆਂ ਨਾਲ ਗੱਲਬਾਤ ਕਰਨ ਅਤੇ ਇਸ ਪ੍ਰੇਰਨਾਦਾਇਕ ਯਾਤਰਾ ਲਈ ਲੋੜੀਂਦੇ ਦ੍ਰਿੜ ਨਿਸ਼ਚਾ, ਅਨੁਸ਼ਾਸਨ ਅਤੇ ਵਚਨਬੱਧਤਾ ਨੂੰ ਸਮਝਣ ਦਾ ਮੌਕਾ ਮਿਲਿਆ।ਇਹ ਪ੍ਰੋਗਰਾਮ ਰਾਸ਼ਟਰੀ ਚੇਅਰਮੈਨ ਅਤੇ ਸੰਸਥਾਪਕ ਐੱਸ. ਪ੍ਰੀਤਪਾਲ ਸਿੰਘ ਪੰਨੂ ਅਤੇ ਸਰਬਪ੍ਰੀਤ ਸਿੰਘ ਦੇ ਮਾਰਗਦਰਸ਼ਨ ਅਤੇ ਦੇਖ-ਰੇਖ ਹੇਠ ਆਯੋਜਿਤ ਕੀਤਾ ਜਾ ਰਿਹਾ ਹੈ।ਪ੍ਰੋਗਰਾਮ ਨੌਜਵਾਨਾਂ ਨੂੰ ਸਰਗਰਮ ਜੀਵਨਸ਼ੈਲੀ ਅਪਣਾਉਣ, ਦ੍ਰਿੜਤਾ ਵਿਕਸਿਤ ਕਰਨ ਅਤੇ ਤੰਦਰੁਸਤੀ, ਸਾਹਸ ਅਤੇ ਰਾਸ਼ਟਰ ਭਾਵਨਾ ਨੂੰ ਇਕੱਠੇ ਉਤਸ਼ਾਹਿਤ ਕਰਨ ਵਾਲੀਆਂ ਅਜਿਹੀਆਂ ਪ੍ਰੇਰਨਾਦਾਇਕ ਪਹਿਲਕਦਮੀਆਂ ਨਾਲ ਜੁੜਨ ਲਈ ਪ੍ਰੇਰਿਤ ਕਰਨ ਦਾ ਇੱਕ ਸਾਂਝਾ ਯਤਨ ਹੈ।ਇਸ ਮੌਕੇ ਪ੍ਰਿੰਸੀਪਲ ਸ਼ੁਭਰਾ ਰਾਣੀ ਨੇ ਕਿਹਾ ਕਿ ਪ੍ਰਤਾਪ ਵਰਲਡ ਸਕੂਲ ਵਿੱਚ ਸਾਈਕਲ ਯਾਤਰੀਆਂ ਦਾ ਸਵਾਗਤ ਕਰਦੇ ਹੋਏ ਸਾਨੂੰ ਬੇਹੱਦ ਖ਼ੁਸ਼ੀ ਹੋ ਰਹੀ ਹੈ।ਪ੍ਰਤਾਪ ਵਰਲਡ ਸਕੂਲ ਨੇ ਸਾਰੇ ਸਾਈਕਲ ਯਾਤਰੀਆਂ ਦਾ ਗਰਮਜੋਸ਼ੀ ਨਾਲ ਸਵਾਗਤ ਕਰਦਿਆਂ ਪੂਰੀ ਟੀਮ ਨੂੰ ਉਨ੍ਹਾਂ ਦੀ ਅਗਲੀ ਯਾਤਰਾ ਲਈ ਸੁਰੱਖਿਅਤ, ਸਫਲ ਅਤੇ ਪ੍ਰੇਰਨਾਦਾਇਕ ਸਫ਼ਰ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।



# ਪੀ ਐੱਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਦੇ ਵਿਦਿਆਰਥੀਆਂ ਕੀਤਾ ਗਿਆਨਵਰਧਕ ਦੌਰਾ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਪੀ ਐਮ ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਾਦੀਆਂ ਵੱਲੋਂ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਪ੍ਰਯੋਗਿਕ, ਇਤਿਹਾਸਕ ਅਤੇ ਸੱਭਿਆਚਾਰਕ ਗਿਆਨ ਪ੍ਰਦਾਨ ਕਰਨ ਦੇ ਉਦੇਸ਼ ਨਾਲ ਫਤਿਹਗੜ੍ਹ ਸਾਹਿਬ ਅਤੇ ਸਰਹਿੰਦ ਦਾ ਵਿਦਿਅਕ ਦੌਰਾ ਕਰਵਾਇਆ ਗਿਆ। ਇਹ ਦੌਰਾ ਸਕੂਲ ਦੀ ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ (ਸਟੇਟ ਐਵਾਰਡੀ) ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ।ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਇਤਿਹਾਸਕ ਸਥਾਨਾਂ ਨਾਲ ਸਿੱਧੇ ਤੌਰ 'ਤੇ ਜੋੜਨਾ ਅਤੇ ਉਨ੍ਹਾਂ ਨੂੰ ਕਲਾਸਰੂਮ ਦੀ ਪੜ੍ਹਾਈ ਤੋਂ ਬਾਹਰ ਪ੍ਰਯੋਗਿਕ ਸਿੱਖਿਆ ਦਾ ਅਨੁਭਵ ਪ੍ਰਦਾਨ ਕਰਨਾ ਸੀ। ਵਿਦਿਆਰਥੀਆਂ ਨੇ ਫਤਿਹਗੜ੍ਹ ਸਾਹਿਬ ਅਤੇ ਸਰਹਿੰਦ ਦੇ ਮਹੱਤਵਪੂਰਨ ਇਤਿਹਾਸਕ ਸਥਾਨਾਂ ਦਾ ਦੌਰਾ ਕਰਕੇ ਪੰਜਾਬ ਦੇ ਗੌਰਵਮਈ ਇਤਿਹਾਸ ਅਤੇ ਵਿਰਾਸਤ ਬਾਰੇ ਜਾਣਕਾਰੀ ਹਾਸਲ ਕੀਤੀ। ਪ੍ਰਿੰਸੀਪਲ ਡਾ. ਸੁਨੀਤਾ ਕੌਸ਼ਲ (ਸਟੇਟ ਐਵਾਰਡੀ) ਨੇ ਕਿਹਾ ਕਿ ਵਿਦਿਆਰਥੀਆਂ ਲਈ ਸਿੱਖਿਆ ਸਿਰਫ਼ ਕਿਤਾਬਾਂ ਤੱਕ ਸੀਮਿਤ ਨਹੀਂ ਹੋਣੀ ਚਾਹੀਦੀ। ਇਤਿਹਾਸਕ ਅਤੇ ਵਿਦਿਅਕ ਸਥਾਨਾਂ ਦੇ ਦੌਰੇ ਉਨ੍ਹਾਂ ਨੂੰ ਅਸਲ ਜੀਵਨ ਨਾਲ ਜੋੜਦੇ ਹਨ ਅਤੇ ਸਿੱਖਿਆ ਨੂੰ ਹੋਰ ਪ੍ਰਭਾਵਸ਼ਾਲੀ ਤੇ ਰੁਚਿਕਰ ਬਣਾਉਂਦੇ ਹਨ।

ਉਨ੍ਹਾਂ ਕਿਹਾ ਕਿ ਸਕੂਲ ਵੱਲੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਅਜਿਹੀਆਂ ਗਤੀਵਿਧੀਆਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ, ਤਾਂ ਜੋ ਵਿਦਿਆਰਥੀਆਂ ਵਿੱਚ ਗਿਆਨ ਦੇ ਨਾਲ-ਨਾਲ ਆਪਣੀ ਵਿਰਾਸਤ ਪ੍ਰਤੀ ਮਾਣ ਅਤੇ ਜ਼ਿੰਮੇਵਾਰੀ ਦੀ ਭਾਵਨਾ ਵੀ ਪੈਦਾ ਹੋਵੇ ।




# ਅੰਡਰ-14 ਕੁੜੀਆਂ ਦੀ ਕਬੱਡੀ ਟੀਮ ਨੂੰ ਪਹਿਲਾ ਸਥਾਨ ਪ੍ਰਾਪਤ

**ਬਟਾਲਾ (ਡਾ. ਮਲਵਿੰਦਰ ਸਿੰਘ, ਤਰਲੋਕ ਬੱਗਾ)**- ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੀ ਅੰਡਰ-14 ਕੁੜੀਆਂ ਦੀ ਕਬੱਡੀ ਟੀਮ ਨੇ ਖੇਡਾਂ ਵਤਨ ਪੰਜਾਬ ਦੀਆਂ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਤੇ ਬਲਾਕ ਪੱਧਰ 'ਤੇ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਖੇਡ ਪ੍ਰਾਪਤੀ ਨੇ ਸਕੂਲ ਕੈਂਪਸ ਵਿੱਚ ਖੁਸ਼ੀ ਅਤੇ ਉਤਸ਼ਾਹ ਲਿਆ ਦਿੱਤਾ।ਕਬੱਡੀ ਮੁਕਾਬਲੇ ਵਿੱਚ ਕੁੜੀਆਂ ਨੇ ਆਪਣੇ ਮੈਚਾਂ ਵਿੱਚ ਪੂਰੇ ਆਤਮਵਿਸ਼ਵਾਸ, ਸਮਰਪਣ ਅਤੇ ਖੇਡ ਭਾਵਨਾ ਨਾਲ ਸ਼ਾਨਦਾਰ ਪ੍ਰਦਰਸ਼ਨ ਕੀਤਾ ਤੇ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸ ਸ਼ਾਨਦਾਰ ਪ੍ਰਾਪਤੀ ਦੇ ਨਾਲ ਸਕੂਲ ਦੀਆਂ 12 ਪ੍ਰਤਿਭਾਸ਼ਾਲੀ ਵਿਦਿਆਰਥਣਾਂ ਨੂੰ ਜ਼ਿਲ੍ਹਾ ਪੱਧਰੀ ਮੁਕਾਬਲੇ ਲਈ ਚੁਣਿਆ ਗਿਆ ਹੈ। ਜ਼ਿਲ੍ਹਾ ਪੱਧਰ 'ਤੇ ਚੁਣੇ ਗਏ ਵਿਦਿਆਰਥੀਆਂ ਨੇ ਸਕੂਲ ਲਈ ਇੱਕ ਨਵੀਂ ਪ੍ਰਾਪਤੀ ਦਾ ਰਾਹ ਪੱਧਰਾ ਕੀਤਾ ਹੈ ।ਸਕੂਲ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੇ ਖੋਸਲਾ ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਸਰਦਾਰ ਰਾਜਬੀਰ ਸਿੰਘ ਅਤੇ ਰਾਜਬੀਰ ਕੌਰ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਦੀ ਪ੍ਰਸੰਸਾ ਕਰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਇੱਕ ਮਹੱਤਵਪੂਰਨ ਮਾਧਿਅਮ ਹਨ ਅਤੇ ਉਮੀਦ ਪ੍ਰਗਟ ਕੀਤੀ ਕਿ ਇਹ ਪ੍ਰਤਿਭਾਸ਼ਾਲੀ ਵਿਦਿਆਰਥੀ ਆਉਣ ਵਾਲੇ ਖੇਡ ਮੁਕਾਬਲਿਆਂ ਵਿੱਚ ਵੀ ਯੋਗ ਪ੍ਰਦਰਸ਼ਨ ਕਰਦੇ ਹੋਏ ਆਪਣੇ ਸਕੂਲ ਤੇ ਖੇਤਰ ਦਾ ਨਾਂਅ ਰੋਸ਼ਨ ਕਰਨਗੇ।



# ਐੱਸ ਡੀ ਐੱਮ ਨੇ ਝੋਨੇ ਦੇ ਖਰੀਦ ਪ੍ਰਬੰਧਾਂ ਸੰਬੰਧੀ ਮੰਡੀ 'ਚ ਜਾ ਕੇ ਲਿਆ ਜਾਇਜ਼ਾ



**ਗੁਰਦਾਸਪੁਰ, (ਜਨਕ ਮਹਾਜਨ)**- ਐੱਸ.ਡੀ.ਐਮ ਗੁਰਦਾਸਪੁਰ ਅਸ਼ੋਕ ਕੁਮਾਰ ਨੇ ਝੋਨੇ ਦੀ ਖਰੀਦ ਪ੍ਰਬੰਧਾਂ ਸਬੰਧੀ ਗੁਰਦਾਸਪੁਰ ਮੰਡੀ ਵਿਚ ਜਾ ਕੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿਚ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਚੇਅਰਮੈਨ ਗਗਨਦੀਪ ਸਿੰਘ, ਸਕੱਤਰ ਵਿਜੇ ਕੁਮਾਰ, ਸਰਬਜੀਤ ਸਿੰਘ ਮੱਲ੍ਹੀ ਵੀ ਮੌਜੂਦ ਸਨ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੀ ਅਗਵਾਈ ਹੇਠ ਮੰਡੀਆਂ ਵਿੱਚ ਝੋਨੇ ਦੀ ਖਰੀਦ ਲਈ ਸੁਚਾਰੂ ਢੰਗ ਨਾਲ ਪ੍ਰਬੰਧ ਕੀਤੇ ਗਏ ਹਨ ਅਤੇ ਸਰਕਾਰੀ ਨਿਯਮਾਂ ਤਹਿਤ ਮੰਡੀਆਂ ਵਿੱਚ ਝੋਨੇ ਦੀ ਸਰਕਾਰੀ ਖਰੀਦ ਹੋਵੇਗੀ। ਉਨ੍ਹਾਂ ਕਿਸਾਨਾਂ ਨੂੰ ਮੰਡੀਆਂ ਵਿਚ ਸੁੱਕਾ ਝੋਨਾ ਲੈ ਕੇ ਆਉਣ ਦੀ ਅਪੀਲ ਕੀਤੀ ਤਾਂ ਜੋ ਉਨ੍ਹਾਂ ਨੂੰ ਫ਼ਸਲ ਵੇਚਣ ਵਿਚ ਕੋਈ ਵੀ ਮੁਸ਼ਕਲ ਨਾ ਆਵੇ। ਉਨ੍ਹਾਂ ਅੱਗੇ ਕਿਹਾ ਕਿ ਮੰਡੀ ਵਿਚ ਝੋਨਾ ਲਿਆਉਣ ਸਮੇਂ ਉਸ ਵਿਚ ਨਮੀ ਦੀ ਮਾਤਰਾ 17 ਫੀਸਦੀ ਤੱਕ ਹੋਣੀ ਚਾਹੀਦੀ ਹੈ ਕਿਉਂਕਿ ਸਰਕਾਰ ਵਲੋਂ ਨਮੀ ਦੀ ਮਾਤਰਾ 17 ਫੀਸਦੀ ਨਿਰਧਾਰਤ ਕੀਤੀ ਗਈ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰ ਵਲੋਂ ਕਿਸਾਨਾਂ ਨੂੰ ਉਹਨਾਂ ਦੀ ਫਸਲ ਦੀ ਅਦਾਇਗੀ ਵੱਧ ਤੋਂ ਵੱਧ 48 ਘੰਟਿਆਂ ਅੰਦਰ ਕੀਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਝੋਨੇ ਦੀ ਕਟਾਈ ਦਿਨ ਵੇਲੇ ਹੀ ਕਰਨ ਤਾਂ ਜੋ ਨਮੀ ਦੀ ਮਾਤਰਾ ਵੱਧ ਨਾ ਹੋਵੇ। ਰਾਤ ਵੇਲੇ ਝੋਨੇ ਦੀ ਕਟਾਈ ਨਾ ਕੀਤੀ ਜਾਵੇ।

# ਚੀਮਾ ਵੱਲੋਂ ਆਂਗਣਵਾੜੀ ਵਰਕਰਾਂ ਦਾ ਮਾਣ-ਭੱਤਾ ਦੁੱਗਣਾ ਕਰਨ ਦਾ ਵਾਅਦਾ

**ਧਾਰੀਵਾਲ, (ਮਨਦੀਪ ਵਿੱਕੀ)**- ਸਰਬ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਦੀ ਮੀਟਿੰਗ ਪੰਜਾਬ ਦੇ ਵਿੱਤ ਮੰਤਰੀ/ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਵਿੱਤ ਮੰਤਰੀ ਪੰਜਾਬ, ਵਿਭਾਗ ਦੇ ਡਾਇਰੈਕਟਰ ਸ਼ੇਨਾ ਅਗਰਵਾਲ ਅਤੇ ਡਿਪਟੀ ਡਾਇਰੈਕਟਰ ਸੁਮਨਦੀਪ ਕੌਰ ਨਾਲ ਚੰਡੀਗੜ੍ਹ ਸੈਕਟਰੀਏਟ ਵਿਖੇ ਹੋਈ ਜਿਸ ਵਿੱਚ ਯੂਨੀਅਨ ਦੇ ਚਾਰ ਨੁਮਾਇੰਦਿਆਂ ਸੂਬਾ ਪ੍ਰਧਾਨ ਬਰਿੰਦਰਜੀਤ ਕੌਰ ਛੀਨਾ ਦੀ ਅਗਵਾਈ ਵਿੱਚ ਹਰਪ੍ਰੀਤ ਕੌਰ ਜਨਰਲ ਸਕੱਤਰ ਪੰਜਾਬ, ਸਤਵਿੰਦਰ ਕੌਰ ਮੀਤ ਪ੍ਰਧਾਨ ਪੰਜਾਬ ਅਤੇ ਹਰਪ੍ਰੀਤ ਕੌਰ ਵਿੱਤ ਸਕੱਤਰ ਨੇ ਸ਼ਿਰਕਤ ਕੀਤੀ।ਮੀਟਿੰਗ ਵਿੱਚ ਵਰਕਰਾਂ ਦੀ ਮੁੱਖ ਮੰਗ ਮਾਣ ਭੱਤਾ ਦੁਗਣਾ ਕਰਨ ਦੀ ਸੀ।ਆਂਗਣਵਾੜੀ ਆਗੂਆਂ ਨੇ ਮਾਨ ਸਰਕਾਰ ਦੇ ਵਿੱਤ ਮੰਤਰੀ ਨੂੰ ਦੱਸਿਆ ਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਆਪ ਦੀ ਪਾਰਟੀ ਵੱਲੋਂ ਮਾਣਭੱਤਾ ਦੁਗਣਾ ਕਰਨ ਦਾ ਵਾਅਦਾ ਕੀਤਾ ਸੀ ਜੋ ਸਾਢੇ ਚਾਰ ਸਾਲ ਦਾ ਲੰਮਾ ਕਾਰਜਕਾਲ ਬੀਤ ਜਾਣ ਦੇ ਬਾਵਜੂਦ ਵੀ ਪੂਰਾ ਨਹੀਂ ਕੀਤਾ ਗਿਆ।ਜਥੇਬੰਦੀ ਦੀ ਮੰਗ ਹੈ ਕਿ ਪਹਿਲ ਦੇ ਆਧਾਰ ਤੇ ਮਾਣ ਭੱਤਾ ਦੁੱਗਣਾ ਕੀਤਾ ਜਾਵੇ, ਸਾਲਾਨਾ ਇੰਕਰੀਮੈਂਟ ਵਧਾ ਕੇ ਦੁੱਗਣਾ ਕੀਤਾ ਜਾਵੇ।ਆਂਗਣਵਾੜੀ ਯੂਨੀਅਨ ਆਗੂਆਂ ਨੇ ਦੱਸਿਆ ਕਿ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਮੀਟਿੰਗ ਦੌਰਾਨ 15 ਦਿਨਾਂ ਦੇ ਅੰਦਰ ਮਾਣ ਭੱਤਾ ਦੁੱਗਣਾ ਕਰਨ ਦਾ ਵਾਅਦਾ ਕੀਤਾ ਗਿਆ ਜਿਸ ਕਰਕੇ ਜਥੇਬੰਦੀ ਨੇ 3 ਅਕਤੂਬਰ ਦਾ ਧਰਨਾ ਮੁਅੱਤਲ ਕਰਨ ਦਾ ਫ਼ੈਸਲਾ ਕੀਤਾ ਹੈ। ਆਂਗਣਵਾੜੀ ਆਗੂਆਂ ਨੇ ਚੇਤਾਵਨੀ ਦਿੱਤੀ ਹੈ ਕਿ ਜੇਕਰ 15 ਦਿਨ ਦੇ ਅੰਦਰ ਅੰਦਰ ਮਾਣ ਭੱਤਾ ਦੁੱਗਣਾ ਨਾ ਕੀਤਾ ਗਿਆ ਤਾਂ ਜਥੇਬੰਦੀ ਬਹੁਤ ਵੱਡੇ ਪੱਧਰ ਤੇ ਇਕੱਠ ਕਰਕੇ ਜ਼ਿਲ੍ਹਾ ਸੰਗਰੂਰ ਵਿਖੇ ਦੁਬਾਰਾ 18 ਅਕਤੂਬਰ ਨੂੰ ਰੋਸ ਮੁਜ਼ਾਹਰਾ ਅਣਮਿੱਥੇ ਸਮੇਂ ਲਈ ਕਰੇਗੀ।ਇਸ ਤੋਂ ਇਲਾਵਾ ਪ੍ਰੀ ਨਰਸਰੀ ਟੀਚਰ ਦੇ ਦਰਜੇ ਦੀ ਮੰਗ ਕੀਤੀ ਗਈ।ਮਾਵਾਂ ਧੀਆਂ ਸਤਿਕਾਰ ਯੋਜਨਾ ਦੇ ਸੰਬੰਧ ਵਿੱਚ ਗੱਲਬਾਤ ਹੋਈ।ਮੈਡਮ ਛੀਨਾ ਵਲੋਂ ਦੱਸਿਆ ਗਿਆ ਕਿ ਆਂਗਣਵਾੜੀ ਵਰਕਰ ਨੂੰ ਫਾਰਮ ਭਰਨ ਲਈ ਸਿਰਫ 25 ਰੁਪਏ ਦੇਣ ਬਾਰੇ ਕਿਹਾ ਗਿਆ ਜਦਕਿ ਹੈਲਪਰ ਨੂੰ ਇੱਕ ਰੁਪਿਆ ਵੀ ਦੇਣ ਦੀ ਗੱਲ ਨਹੀਂ ਕੀਤੀ ਗਈ ਅਤੇ ਸਖੀਆਂ ਨੂੰ 300 ਰੁਪਏ ਦੇਣ ਬਾਰੇ ਕਿਹਾ ਗਿਆ।ਇਸ ਸਬੰਧੀ ਜਦੋਂ ਸਾਡੇ ਵੱਲੋਂ ਵਿੱਤ ਮੰਤਰੀ ਚੀਮਾ ਨੂੰ ਦੱਸਿਆ ਗਿਆ ਤਾਂ ਉਹਨਾਂ ਨੇ ਵਿਭਾਗ ਦੇ ਡਾਇਰੈਕਟਰ ਸ਼ੇਨਾ ਅਗਰਵਾਲ ਨੂੰ ਜਲਦ ਤੋਂ ਜਲਦ ਬਜਟ ਰਿਲੀਜ਼ ਕਰਨ ਦੀ ਹਦਾਇਤ ਕੀਤੀ ।ਇਸ ਤੋਂ ਇਲਾਵਾ ਮੁੱਖ ਮੰਗ ਮਾਣ ਭੱਤਾ ਦੁੱਗਣਾ ਕਰਨ ਅਤੇ ਸਾਲਾਨਾ ਇੰਕਰੀਮੈਂਟ ਵਧਾਉਣ ਉਤੇ ਜ਼ੋਰ ਦਿੱਤਾ ਗਿਆ। ਮੀਟਿੰਗ ਵਿੱਚ ਕਾਫੀ ਲੰਮਾ ਸਮਾਂ ਵਿਸਤਾਰ ਨਾਲ ਗੱਲਬਾਤ ਹੋਈ, ਜਿਸ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਮੀਟਿੰਗ ਕਰਵਾਉਣ ਅਤੇ ਮਾਣ ਭੱਤਾ ਦੁੱਗਣਾ ਕਰਨ ਅਤੇ ਸਾਲਾਨਾ ਇੰਕਰੀਮੈਂਟ ਦੁੱਗਣਾ ਕਰਨ ਦੀ ਮੰਗ ਰੱਖੀ ਗਈ। ਆਂਗਣਵਾੜੀ ਵਰਕਰ ਕਮ ਕਰੈਚ ਵਰਕਰ ਅਤੇ ਹੈਲਪਰਾਂ ਨੂੰ 58 ਸਾਲ ਦੀ ਉਮਰ ਪੂਰੀ ਕਰ ਚੁੱਕੇ ਕੇਡਰ ਅਤੇ ਵਿਧਵਾ, ਅੰਗਹੀਣ ਨੂੰ ਪੰਜਾਬ ਸਰਕਾਰ ਵੱਲੋਂ ਦਿੱਤੀ ਜਾਣ ਵਾਲੀ ਪੈਨਸ਼ਨ ਨੂੰ ਲਾਗੂ ਕਰਨ ਬਾਰੇ ਕਿਹਾ ਗਿਆ।2020 ਸੈਂਟਰ ਦੀ ਪਾਲਿਸੀ ਅਨੁਸਾਰ ਪ੍ਰੀ ਨਰਸਰੀ ਟੀਚਰ ਦੀ ਟ੍ਰੇਨਿੰਗ ਦੇਣ ਲਈ ਡਾਇਰੈਕਟਰ ਮੈਡਮ ਨੂੰ ਨਿਰਦੇਸ਼ ਦਿੱਤੇ ਗਏ।ਪੀਐੱਮਐੱਮਵੀਵਾਈ ਦੀ ਪੇਮੈਂਟ ਹਰਿਆਣਾ ਸਰਕਾਰ ਦੀ ਤਰਜ਼ ਤੇ 250, ਵਰਕਰ 150 ਹੈਲਪਰ ਨੂੰ ਦੇਣ ਦੀ ਮੰਗ ਕੀਤੀ ਗਈ।600-300 ਰਹਿੰਦਾ ਪੰਜ ਮਹੀਨਿਆਂ ਦਾ ਬਕਾਇਆ ਜਲਦ ਹੀ ਖਾਤਿਆਂ ਵਿੱਚ ਪਾ ਦਿੱਤਾ ਜਾਵੇਗਾ।ਸੇਵਾ ਮੁਕਤੀ ਦੌਰਾਨ ਮਿਲਣ ਵਾਲੀ ਰਕਮ ਨੂੰ ਵਧਾ ਕੇ ਬੰਗਾਲ ਦੀ ਤਰਜ਼ 'ਤੇ ਪੰਜ ਲੱਖ ਵਰਕਰ ਨੂੰ ਅਤੇ ਤਿੰਨ ਲੱਖ ਹੈਲਪਰ ਨੂੰ ਦੇਣ ਦੀ ਸਹਿਮਤੀ ਪ੍ਰਗਟਾਈ ਗਈ ਅਤੇ ਚਾਇਲਡ ਵੈੱਲਫੇਅਰ ਅਧੀਨ ਚੱਲ ਰਹੇ ਤਿੰਨ ਬਲਾਕਾਂ ਨੂੰ ਜਲਦੀ ਹੀ ਵਿਭਾਗ ਵਿੱਚ ਸ਼ਾਮਲ ਕਰਨ ਦਾ ਭਰੋਸਾ ਦਿੱਤਾ ਗਿਆ।



# ਤਰੱਕੀ ਮਿਲਣ 'ਤੇ ਨਰਿੰਦਰ ਸ਼ਰਮਾ ਦਾ ਸਨਮਾਨ



**ਛੇਹਰਟਾ, (ਮਨੋਜ ਕੁਮਾਰ)** : ਨਗਰ ਨਿਗਮ, ਅੰਮ੍ਰਿਤਸਰ ਦੇ ਐੱਮਟੀਪੀ ਨਰਿੰਦਰ ਸ਼ਰਮਾ ਨੂੰ ਤਰੱਕੀ ਦੇ ਕੇ ਐੱਸਟੀਪੀ ਬਣਾ ਦਿੱਤਾ ਗਿਆ ਹੈ। ਇਸ 'ਤੇ ਸਮਾਜ ਸੇਵਕ ਅਨੁਜ ਖੇਮਕਾ ਨੇ ਆਪਣੀ ਟੀਮ ਦੇ ਨਾਲ ਉਨ੍ਹਾਂ ਦੇ ਦਫ਼ਤਰ ਜਾ ਕੇ ਨਰਿੰਦਰ ਸ਼ਰਮਾ ਨੂੰ ਗੁਲਦਸਤਾ ਦੇ ਕੇ ਸਨਮਾਨਿਤ ਕੀਤਾ ਤੇ ਵਧਾਈ ਦਿੱਤੀ। ਅਨੁਜ ਖੇਮਕਾ ਦੇ ਨਾਲ ਲਵ ਭੱਟੀ ਤੇ ਦਿਲਬਾਗ ਸਿੰਘ ਬੱਗਾ ਨੇ ਵੀ ਨਰਿੰਦਰ ਸ਼ਰਮਾ ਨੂੰ ਆਪਣੀਆਂ ਸ਼ੁੱਭ ਕਾਮਨਾਵਾਂ ਦਿੱਤੀਆਂ।




'ਨਸ਼ਾ ਮੁਕਤ ਪੰਜਾਬ ਯਾਤਰਾ' ਦੀ ਸਮਾਪਤੀ 'ਤੇ ਭਾਜਪਾ ਵੱਲੋਂ ਜਲੰਧਰ ਵਿੱਚ ਕੀਤੀ ਗਈ ਰੈਲੀ ਲਈ ਰਵਾਨਾ ਹੋਣ ਮੌਕੇ ਪੁਤਲੀਘਰ ਮੰਡਲ ਦੇ ਪ੍ਰਧਾਨ ਮੋਹਿਤ ਵਰਮਾ, ਜਨਰਲ ਸਕੱਤਰ ਪਵਨ ਮਹਿਰਾ, ਪੀ. ਕੇ. ਸ਼ਰਮਾ, ਸੀਨੀਅਰ ਉਪ ਪ੍ਰਧਾਨ ਸਾਜਨ ਕੁਮਾਰ, ਉਪ ਪ੍ਰਧਾਨ ਦਿਨੇਸ਼ ਅਰੋੜਾ, ਬਲਕਾਰ ਸਿੰਘ ਸੋਹਲ, ਸ਼ਸ਼ੀ ਬਜਾਜ, ਸੋਨੀਆ ਤੇ ਹੋਰ।
(ਤਸਵੀਰ ਤੇ ਵੇਰਵਾ : ਮਨੋਜ ਕੁਮਾਰ, ਛੇਹਰਟਾ)

ਨਵਾਂ ਜ਼ਮਾਨਾ
ਸ਼ੁੱਕਰਵਾਰ, 2 ਅਕਤੂਬਰ 2026

# ਧਰਮ-ਵਾਰ ਵੇਰਵੇ

ਕੇਂਦਰ ਸਰਕਾਰ ਦੀ ਆਬਾਦੀ ਤਬਦੀਲੀ ਬਾਰੇ ਕਮੇਟੀ ਰਾਜਾਂ ਤੋਂ ਜਨਮ, ਵੋਟਰ ਅਤੇ ਵਾਹਨ ਰਜਿਸਟ੍ਰੇਸ਼ਨ, ਸਕੂਲ ਦਾਖਲੇ, ਜਾਇਦਾਦ ਦੇ ਲੈਣ-ਦੇਣ ਅਤੇ ਆਧਾਰ ਤੇ ਰਾਸ਼ਨ ਕਾਰਡ ਰਜਿਸਟ੍ਰੇਸ਼ਨਾਂ ਵਿੱਚ ਅਸਾਧਾਰਨ ਵਾਧੇ ਸਮੇਤ ਕਈ ਤਰ੍ਹਾਂ ਦੇ ਡੈਟਾ 'ਤੇ ਧਰਮ-ਵਾਰ ਵੇਰਵੇ ਮੰਗ ਰਹੀ ਹੈ। ਰਿਟਾਇਰਡ ਜਸਟਿਸ ਪ੍ਰਕਾਸ਼ ਪ੍ਰਭਾਕਰ ਨੌਲੇਕਰ ਦੀ ਪ੍ਰਧਾਨਗੀ ਵਾਲੀ 'ਆਬਾਦੀ ਤਬਦੀਲੀਆਂ ਬਾਰੇ ਉੱਚ-ਪੱਧਰੀ ਕਮੇਟੀ' ਨੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਤੋਂ ਪਿਛਲੇ 15 ਸਾਲਾਂ ਦਾ ਧਰਮ-ਵਾਰ ਡੈਟਾ ਮੰਗਿਆ ਹੈ। ਕਈ ਰਾਜ ਸਰਕਾਰਾਂ ਨੇ ਕਿਹਾ ਹੈ ਕਿ ਉਨ੍ਹਾਂ ਦੇ ਵਿਭਾਗ ਨਿਯਮਿਤ ਤੌਰ 'ਤੇ ਅਜਿਹੇ 'ਧਰਮ-ਵਾਰ' ਅੰਕੜੇ ਨਹੀਂ ਰੱਖਦੇ। ਖਾਸ ਤੌਰ 'ਤੇ, ਆਧਾਰ ਦੇ ਮਾਮਲੇ ਵਿੱਚ ਯੂ ਆਈ ਡੀ ਏ ਆਈ ਖੁਦ ਕਹਿੰਦਾ ਹੈ ਕਿ ਇਸ ਦਾ ਡੈਟਾਬੇਸ ਧਰਮ, ਜਾਤ, ਭਾਈਚਾਰੇ, ਆਮਦਨ ਜਾਂ ਸਿਹਤ ਬਾਰੇ ਜਾਣਕਾਰੀ ਨਹੀਂ ਰੱਖਦਾ।

ਧਾਰਮਿਕ/ਨਸਲੀ ਪਛਾਣ ਦੇ ਆਧਾਰ 'ਤੇ ਆਬਾਦੀ ਦਾ ਵਰਗੀਕਰਨ ਨਾਜ਼ੀ ਸ਼ਾਸਨ ਦੀ ਯਾਦ ਦਿਵਾਉਂਦਾ ਹੈ। ਹਾਲਾਂਕਿ ਭਾਰਤੀ ਸੰਵਿਧਾਨ ਰਾਜ ਨੂੰ ਧਰਮ, ਨਸਲ, ਜਾਤ, ਲਿੰਗ ਜਾਂ ਜਨਮ ਸਥਾਨ ਦੇ ਆਧਾਰ 'ਤੇ ਵਿਤਕਰਾ ਕਰਨ ਤੋਂ ਵਰਜਦਾ ਹੈ। ਇਹ ਧਾਰਾ 15(1) ਵਿੱਚ ਸਪੱਸ਼ਟ ਤੌਰ 'ਤੇ ਦੱਸਿਆ ਗਿਆ ਹੈ। ਧਾਰਾ 16(2) ਸਰਕਾਰੀ ਨੌਕਰੀ ਵਿੱਚ ਵੀ ਧਰਮ, ਨਸਲ ਆਦਿ ਦੇ ਆਧਾਰ 'ਤੇ ਵਿਤਕਰਾ ਕਰਨ ਦੀ ਮਨਾਹੀ ਕਰਦੀ ਹੈ। ਧਾਰਾ 14 ਕਾਨੂੰਨ ਸਾਹਮਣੇ ਸਮਾਨਤਾ ਦੀ ਗਰੰਟੀ ਦਿੰਦੀ ਹੈ ਅਤੇ ਸੰਵਿਧਾਨ ਭਾਰਤ ਨੂੰ ਇੱਕ ਧਰਮ-ਨਿਰਪੱਖ ਲੋਕਤੰਤਰੀ ਗਣਰਾਜ ਵਜੋਂ ਸਥਾਪਤ ਕਰਦਾ ਹੈ। ਹਾਲਾਂਕਿ ਸੰਵਿਧਾਨ ਸਰਕਾਰ ਨੂੰ ਕੋਈ ਵੀ ਧਾਰਮਿਕ ਡੈਟਾ ਇਕੱਠਾ ਕਰਨ ਤੋਂ ਵਰਜਿਤ ਨਹੀਂ ਕਰਦਾ। ਸਰਕਾਰ ਜਨਗਣਨਾ ਦੇ ਉਦੇਸ਼ਾਂ ਜਾਂ ਹੋਰ ਜਾਇਜ਼ ਪ੍ਰਸ਼ਾਸਕੀ ਅਤੇ ਭਲਾਈ ਉਦੇਸ਼ਾਂ ਲਈ ਕੁਝ ਸਮਾਜਿਕ-ਧਾਰਮਿਕ ਡੈਟਾ ਇਕੱਠਾ ਕਰ ਸਕਦੀ ਹੈ। ਮਿਸਾਲ ਵਜੋਂ, ਭਾਰਤੀ ਜਨਗਣਨਾ ਨੇ ਲੰਬੇ ਸਮੇਂ ਤੋਂ ਧਾਰਮਿਕ ਭਾਈਚਾਰਿਆਂ ਲਈ ਆਬਾਦੀ ਡੈਟਾ ਪ੍ਰਕਾਸ਼ਤ ਕੀਤਾ ਹੈ। 2027 ਦੀ ਜਨਗਣਨਾ ਵਿੱਚ ਜਾਤੀ ਜਨਗਣਨਾ ਨੂੰ ਸ਼ਾਮਲ ਕਰਨ ਦਾ ਫੈਸਲਾ ਕੀਤਾ ਗਿਆ ਹੈ।

ਪਰ ਜੇ ਅਸੀਂ ਹਾਕਮ ਜਮਾਤ ਦੇ ਮੁਸਲਮਾਨਾਂ ਨੂੰ ਉਨ੍ਹਾਂ ਦੇ ਕੱਪੜਿਆਂ ਤੋਂ ਪਛਾਣਨ ਦੇ ਸੱਦੇ, ਸ਼ਮਸ਼ਾਨਘਾਟ-ਕਬਰਸਤਾਨ, 80-20, ਬਟੇ ਤੋ ਕਟੇ ਆਦਿ ਵਰਗੇ ਮੁੱਦਿਆਂ ਅਤੇ ਖੁੱਲ੍ਹੇਆਮ ਨਫ਼ਰਤ-ਅਧਾਰਤ ਦੁਰਾਚਾਰੀ ਵਿਵਹਾਰ, ਮੁਸਲਮਾਨਾਂ ਵਿਰੁੱਧ ਹਿੰਸਾ ਅਤੇ ਦਮਨ, ਵੱਖ-ਵੱਖ ਰਾਜਾਂ ਵਿੱਚ ਵੱਡੇ ਨਜ਼ਰਬੰਦੀ ਕੇਂਦਰਾਂ ਦੀ ਉਸਾਰੀ, ਐੱਸ ਆਈ ਆਰ ਪ੍ਰਕਿਰਿਆ ਵਿੱਚ ਮੁਸਲਮ ਬਹੁਲਤਾ ਵਾਲੇ ਖੇਤਰਾਂ ਵਿੱਚ ਵੋਟਰ ਸੂਚੀ ਵਿੱਚੋਂ ਜ਼ਿਆਦਾਤਰ ਲੋਕਾਂ ਦੇ ਨਾਂਅ ਹਟਾਉਣ ਅਤੇ ਹੁਣ ਧਾਰਮਿਕ ਆਧਾਰ 'ਤੇ ਡੈਟਾ ਇਕੱਠਾ ਕਰਨ ਵਰਗੇ ਮੁੱਦਿਆਂ 'ਤੇ ਨਜ਼ਰ ਮਾਰੀਏ ਤਾਂ ਸਰਕਾਰ ਦਾ ਇਰਾਦਾ ਸਪੱਸ਼ਟ ਹੋ ਜਾਂਦਾ ਹੈ। ਸਰਕਾਰੀ/ਮੀਡੀਆ ਰਿਕਾਰਡ ਦਿਖਾਉਂਦੇ ਹਨ ਕਿ ਅਸਾਮ, ਦਿੱਲੀ, ਕਰਨਾਟਕ, ਰਾਜਸਥਾਨ, ਪੱਛਮੀ ਬੰਗਾਲ, ਗੁਜਰਾਤ, ਤਾਮਿਲਨਾਡੂ ਆਦਿ ਵਿੱਚ ਨਜ਼ਰਬੰਦੀ ਸੈਂਟਰ ਬਣਾਏ ਜਾ ਰਹੇ ਹਨ। ਰਾਜਾਂ ਨੂੰ ਗ੍ਰਹਿ ਮੰਤਰਾਲੇ ਦੇ 2019 ਦੇ ਮਾਡਲ ਡਿਟੈਂਸ਼ਨ ਸੈਂਟਰ/ਹੋਲਡਿੰਗ ਸੈਂਟਰ/ਕੈਂਪ ਮੈਨੂਅਲ ਅਨੁਸਾਰ ਅਜਿਹੇ ਸੈਂਟਰ ਸਥਾਪਤ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਡਿਟੈਂਸ਼ਨ ਸੈਂਟਰਾਂ ਨੂੰ ਨਿਯਮਤ ਜੇਲ੍ਹਾਂ ਤੋਂ ਵੱਖਰੇ ਤੌਰ 'ਤੇ ਦੇਖਿਆ ਜਾਂਦਾ ਹੈ ਅਤੇ ਇਨ੍ਹਾਂ ਵਿੱਚ ਭੋਜਨ, ਰਿਹਾਇਸ਼, ਸਿਹਤ ਅਤੇ ਸੈਨੀਟੇਸ਼ਨ ਵਰਗੀਆਂ ਬੁਨਿਆਦੀ ਸਹੂਲਤਾਂ ਹੋਣੀਆਂ ਚਾਹੀਦੀਆਂ ਹਨ। ਨਾਜ਼ੀ ਸ਼ਾਸਨ ਵਾਂਗ ਭਾਰਤ ਸਰਕਾਰ ਉਨ੍ਹਾਂ ਦੀ ਕੁੱਲ ਗਿਣਤੀ ਬਾਰੇ ਕੇਂਦਰੀ ਡੈਟਾ ਨਹੀਂ ਰੱਖਦੀ। ਇਸ ਲਈ ਭਾਰਤ ਵਿੱਚ ਕਿੰਨੇ ਨਜ਼ਰਬੰਦੀ ਕੇਂਦਰ ਹਨ, ਲਈ ਕੋਈ ਅਧਿਕਾਰਤ ਆਲ-ਇੰਡੀਆ ਅੰਕੜਾ ਨਹੀਂ ਹੈ।

ਐੱਸ ਆਈ ਆਰ ਪ੍ਰਕਿਰਿਆ ਨਾ ਸਿਰਫ ਲੋਕਾਂ ਨੂੰ ਆਪਣੀ 'ਵੈਧ ਵੋਟਰ ਸਥਿਤੀ' ਸਾਬਤ ਕਰਨ ਲਈ ਗੈਰ-ਸੰਵਿਧਾਨਕ ਤੌਰ 'ਤੇ ਚੁਣੌਤੀ ਦਿੰਦੀ ਹੈ, ਸਗੋਂ ਉਨ੍ਹਾਂ ਦੀ ਨਾਗਰਿਕਤਾ ਖੋਹ ਕੇ ਨਜ਼ਰਬੰਦੀ ਕੇਂਦਰਾਂ ਵਿੱਚ ਭੇਜਣ ਦੀ ਵੀ ਕੋਸ਼ਿਸ਼ ਕਰਦੀ ਹੈ। ਨਾਜ਼ੀ ਸ਼ਾਸਨ ਨੇ 1935 ਦੇ ਨੂਰਮਬਰਗ ਨਸਲੀ ਕਾਨੂੰਨਾਂ ਰਾਹੀਂ ਜਨਮ, ਯਹੂਦੀ ਭਾਈਚਾਰੇ ਦੇ ਰਿਕਾਰਡ ਅਤੇ ਕਬਰਾਂ ਵਰਗੇ ਦਸਤਾਵੇਜ਼ਾਂ ਦੀ ਵਰਤੋਂ ਵੀ ਕੀਤੀ। ਇਸ ਵਰਗੀਕਰਨ ਦੀ ਵਰਤੋਂ ਬਾਅਦ ਵਿੱਚ ਯਹੂਦੀਆਂ ਸਮੇਤ ਹੋਰ ਸਮੂਹਾਂ ਨੂੰ ਯੋਜਨਾਬੱਧ ਢੰਗ ਨਾਲ ਸਤਾਉਣ ਅਤੇ ਨਾਗਰਿਕ ਅਧਿਕਾਰਾਂ ਤੋਂ ਇਨਕਾਰ ਕਰਨ ਲਈ ਕੀਤੀ ਗਈ। ਜਰਮਨ ਨਾਜ਼ੀ ਸ਼ਾਸਨ ਦੇ ਕੰਮਕਾਜ ਦੇ ਸੰਦਰਭ ਵਿੱਚ, ਇਹ 'ਧਰਮ-ਵਾਰ' ਸਰਵੇਖਣ ਸਰਕਾਰ ਅਤੇ ਹਾਕਮ ਜਮਾਤ ਦੇ ਇਰਾਦੇ ਨੂੰ ਸਪੱਸ਼ਟ ਤੌਰ 'ਤੇ ਦਰਸਾਉਂਦਾ ਹੈ ਕਿ ਉਹ ਇਹ ਸਭ ਕਿਉਂ ਕਰ ਰਹੇ ਹਨ।

## ਨਾ ਕੋਈ ਆਇਆ ਬਾਜ਼ !

ਸਾਰੇ ਬੈਠ ਸਲਾਹਾਂ ਕਰਦੇ, ਬਾਹਰ ਨਾ ਨਿਕਲੇ ਰਾਜ਼,
ਖੰਘ-ਮੁਸ਼ਕ ਤੇ ਕਾਮ ਅਵੱਲੇ, ਛੁਪੀ ਨਹੀਂ ਰਹਿੰਦੀ ਖਾਜ।
ਇੱਕ-ਦੂਜੇ ਦੇ ਪਿੱਛੇ ਲੁਕਦੇ, ਜਦ ਕੋਈ ਡਿਗਦੀ ਗਾਜ਼,
ਚਾਰ-ਚੁਫੇਰੇ ਚੁੱਪ ਪਸਰੀ ਹੈ, ਨਾ ਕੋਈ ਆਇਆ ਬਾਜ਼।
ਬੋਚ-ਬੋਚ ਕੇ ਪੈਰ ਟਿਕਾਓ, ਧਰਤੀ ਹੈ ਇਹ ਗੋਲ,
ਲੱਗੇ ਕੈਮਰੇ ਬਾਜ਼ ਤੋਂ ਤਿੱਖੇ, ਪਲ ਵਿੱਚ ਖੋਹਲਣ ਪੋਲ।

-ਗੁਲਪੁਰ

# ਹੁਣ ਦੁਨੀਆ ਵਿੱਚ ਫੈਲਣ ਲੱਗਾ ਜੌਮਬੀ ਦਾ ਪ੍ਰਕੋਪ


ਗੁਰਚਰਨ ਸਿੰਘ ਨੂਰਪੁਰ

ਇਸ ਸਮੇਂ ਪੂਰੀ ਦੁਨੀਆ ਦੇ ਦੇਸ਼ ਇੱਕ ਬੇਹੱਦ ਭਿਆਨਕ ਨਸ਼ੇ 'ਜੌਮਬੀ ਨੂੰ ਲੈ ਕੇ ਭੈਭੀਤ ਹੋ ਰਹੇ ਹਨ। ਜੌਮਬੀ ਨਸ਼ਾ ਇੱਕ ਬੇਹੱਦ ਗੰਭੀਰ ਵਿਸ਼ਵ ਪੱਧਰੀ ਨਸ਼ਾ ਹੈ, ਜੋ ਬੜੀ ਤੇਜ਼ੀ ਨਾਲ ਫੈਲ ਰਿਹਾ ਹੈ। ਇਸ ਨਵੇਂ ਅਤੇ ਖਤਰਨਾਕ ਨਸ਼ੇ ਨੇ ਦੁਨੀਆਂ ਭਰ ਦੇ ਸਿਹਤ ਮਾਹਰਾਂ, ਸਰਕਾਰਾਂ ਅਤੇ ਸਮਾਜ ਨੂੰ ਗਹਿਰੀ ਚਿੰਤਾ ਵਿੱਚ ਪਾ ਦਿੱਤਾ ਹੈ। ਇਸ ਸਮੇਂ ਇਹ ਨਸ਼ਾ ਬੜੀ ਤੇਜ਼ੀ ਨਾਲ ਅਮਰੀਕਾ ਦੇ ਕਈ ਰਾਜਾਂ, ਕੈਨੇਡਾ ਅਤੇ ਮੈਕਸੀਕੋ ਤੇ ਕੁਝ ਹੋਰ ਦੇਸ਼ਾਂ ਵਿੱਚ ਫੈਲ ਰਿਹਾ ਹੈ। ਹਾਲ ਹੀ ਵਿੱਚ ਕੁਝ ਯੂਰਪੀ ਦੇਸ਼ਾਂ ਵਿੱਚ ਵੀ ਇਸ ਦੇ ਮਾਮਲੇ ਸਾਹਮਣੇ ਆਏ ਹਨ, ਜਿਸ ਕਾਰਨ ਦੁਨੀਆਂ ਭਰ ਦੀਆਂ ਸਿਹਤ ਏਜੰਸੀਆਂ ਇਕਦਮ ਹਰਕਤ ਵਿੱਚ ਆ ਗਈਆਂ ਹਨ। ਜੌਮਬੀ ਡਰੱਗ ਨੂੰ ਲੈ ਜ਼ਿਆਦਾ ਚਿੰਤਾ ਇਸ ਕਰਕੇ ਹੋ ਰਹੀ ਹੈ ਕਿ ਇਹ ਬੜੀ ਤੇਜ਼ੀ ਨਾਲ ਲੋਕਾਂ ਨੂੰ ਆਪਣੀ ਗ੍ਰਿਫਤ ਵਿੱਚ ਲੈ ਰਿਹਾ ਹੈ।

**ਜੌਮਬੀ ਤੋਂ ਕੀ ਭਾਵ ਹੈ ? :** 'ਜੌਮਬੀ' ਇੱਕ ਫਿਲਮਾਂ ਵਿੱਚ ਵਰਤਿਆ ਜਾਣ ਵਾਲਾ ਅਜਿਹਾ ਕਾਲਪਨਿਕ ਮੁਰਦਾ ਇਨਸਾਨ ਪਾਤਰ ਹੁੰਦਾ ਹੈ, ਜੋ ਮਰ ਕੇ ਵੀ ਆਪਣੀ ਕਬਰ ਵਿੱਚੋਂ ਉੱਠ ਪੈਂਦਾ ਹੈ। ਕੁਝ ਬੋਲਦਾ ਨਹੀਂ, ਕੁਝ ਸੋਚਦਾ ਨਹੀਂ, ਮਰ ਚੁੱਕਾ ਹੁੰਦਾ ਹੈ, ਪਰ ਫਿਰ ਵੀ ਅਰਧ ਮਰੀ ਹਾਲਤ ਵਿੱਚ ਹੁੰਦਾ ਹੈ ਅਤੇ ਸਨਸਨੀਖੇਜ਼ ਮਾਨਵ ਵਿਰੋਧੀ ਘਟਨਾਵਾਂ ਨੂੰ ਅੰਜਾਮ ਦਿੰਦਾ ਹੈ। ਇਸ ਨੂੰ ਫਿਲਮਾਂ (ਖਾਸ ਕਰਕੇ ਪੱਛਮੀ ਫਿਲਮਾਂ) ਵਿੱਚ ਦੂਜੇ ਲੋਕਾਂ ਨੂੰ ਨੁਕਸਾਨ ਪਹੁੰਚਾਉਂਦਾ ਅਤੇ ਮਨੁੱਖਾਂ ਨੂੰ ਮਾਰ ਕੇ ਇਹਨਾਂ ਦਾ ਮਾਸ ਖਾਂਦਾ ਦਰਸਾਇਆ ਜਾਂਦਾ ਹੈ। ਇਸ ਨੂੰ ਅਜੀਬ ਅਣਹੋਣੀਆਂ ਹਰਕਤਾਂ ਕਰਦਿਆਂ ਵਿਖਾਇਆ ਜਾਂਦਾ ਹੈ। ਇਸ ਕੋਲ ਸੋਚਣ, ਸਮਝਣ ਜਾਂ ਬੋਲਣ ਦੀ ਸ਼ਕਤੀ ਨਹੀਂ ਹੁੰਦੀ, ਇਹ ਕੁਝ ਨਾਵਲਾਂ ਜਾਂ ਹਾਲੀਵੁੱਡ ਫਿਲਮਾਂ ਵਿੱਚ ਇਸ ਨੂੰ ਵੱਖ-ਵੱਖ ਤਰ੍ਹਾਂ ਦੇ ਕੰਮ ਕਰਦੇ, ਜਿਵੇਂ ਕੋਈ ਵਾਇਰਸ ਫੈਲਾਉਂਦੇ ਵਿਖਾਇਆ ਜਾਂਦਾ ਹੈ। ਦੂਜੇ ਅਰਥਾਂ ਵਿੱਚ ਜੌਮਬੀ ਨੂੰ ਇੱਕ ਅਜਿਹੀ ਲਾਸ਼ ਕਿਹਾ ਜਾ ਸਕਦਾ ਹੈ, ਜੋ ਕਿਸੇ ਕਾਲਪਨਿਕ ਢੰਗ ਨਾਲ ਜ਼ਿੰਦਾ ਕਰ ਲਈ ਗਈ ਹੋਵੇ। ਫਿਰ ਇਹ ਕਿਸੇ ਹੋਰ, ਕਿਸੇ ਹੋਰ ਇਨਸਾਨ ਨੂੰ ਕੱਟ ਲਵੇ ਜਾਂ ਆਪਣਾ ਪ੍ਰਭਾਵ ਪਾ ਦੇਵੇ ਤੇ ਦੂਜਾ ਚੰਗਾ ਭਲਾ ਇਨਸਾਨ ਵੀ ਜੌਮਬੀ ਬਣ ਜਾਵੇ ਅਤੇ ਅਜੀਬ ਹਰਕਤਾਂ ਕਰਨ ਲੱਗ ਪਵੇ।

**ਕੀ ਹੈ ਜੌਮਬੀ ਡਰੱਗ ? :** ਇਹ ਨਸ਼ਾ, ਜੋ ਦੋ ਦਵਾਈਆਂ ਦੇ ਮਿਸ਼ਰਣ ਤੋਂ ਬਣਦਾ ਹੈ, ਇਸ ਦਾ ਕੋਈ ਖਾਸ ਨਾਮ ਨਹੀਂ, ਪਰ ਇਸ ਨੂੰ ਲੈਣ ਨਾਲ ਬੰਦਾ ਇੱਕ ਤਰ੍ਹਾਂ ਦੀ ਜ਼ਿੰਦਾ ਲਾਸ਼ ਬਣ ਜਾਂਦਾ ਹੈ। ਪੂਰੀ ਦੁਨੀਆਂ ਵਿੱਚ ਹੀ ਇਸ ਨੂੰ ਜੌਮਬੀ ਕਿਹਾ ਜਾਣ ਲੱਗਾ ਹੈ। ਅਸੀਂ ਕਹਿ ਸਕਦੇ ਹਾਂ ਜੌਮਬੀ ਡਰੱਗ ਆਮ ਲੋਕਾਂ ਵੱਲੋਂ ਘੜਿਆ ਅਤੇ ਪ੍ਰਚਾਰਿਆ ਜਾ ਰਿਹਾ ਨਾਂਅ ਹੈ। ਇਸ ਨਸ਼ੇ ਦਾ ਅਸਲ ਨਾਂਅ ਜ਼ਾਈਲਾਜ਼ੀਨ ਹੈ। ਇਹ ਇੱਕ ਖਾਸ ਪ੍ਰਕਾਰ ਦੀ ਪਸ਼ੂਆਂ ਲਈ, ਉਹ ਵੀ ਵੱਡੇ ਪਸ਼ੂਆਂ ਜਿਵੇਂ ਹਾਥੀ, ਗੈਂਡੇ, ਘੋੜੇ ਅਤੇ ਗਾਵਾਂ ਆਦਿ ਲਈ ਤਿਆਰ ਕੀਤੀ ਗਈ ਦਵਾਈ ਹੈ, ਜੋ ਇਹਨਾਂ ਜਾਨਵਰਾਂ ਨੂੰ ਇਲਾਜ ਵਗੈਰਾ ਦੀ ਲੋੜ ਪੈਣ 'ਤੇ ਬੇਹੋਸ਼ ਕਰਨ ਲਈ ਦਿੱਤੀ ਜਾਂਦੀ ਹੈ, ਪਰ ਇਸ ਦਵਾਈ ਨਾਲ ਇੱਕ ਹੋਰ ਦਵਾਈ ਫੈਂਟਾਨਿਲ ਨੂੰ ਮਿਲਾ ਕੇ ਜੌਮਬੀ ਦਾ ਨਸ਼ਾ ਤਿਆਰ ਕੀਤਾ ਜਾਂਦਾ ਹੈ।

**ਮਨੁੱਖਾਂ 'ਤੇ ਜੌਮਬੀ ਦਾ ਪ੍ਰਭਾਵ:** ਇਸ ਨਸ਼ੇ ਨੂੰ ਲੈਣ ਵਾਲੇ ਘੰਟਿਆਬੱਧੀ ਇੱਕੋ ਥਾਂ 'ਤੇ ਖੜ੍ਹੇ ਰਹਿੰਦੇ ਹਨ। ਇਸ ਨਾਲ ਦਿਮਾਗ ਪੂਰੀ ਤਰ੍ਹਾਂ ਸੁੰਨ ਹੋ ਜਾਂਦਾ ਹੈ। ਜਿਸ ਹਾਲਤ ਵਿੱਚ ਬੰਦਾ ਖੜ੍ਹਾ ਹੁੰਦਾ ਹੈ, ਉਸੇ ਹਾਲਤ ਵਿੱਚ ਹੀ ਇੱਕ ਤਰ੍ਹਾਂ ਨਾਲ ਪੱਥਰ ਦੇ ਬੁੱਤ ਵਾਂਗ ਖੜ੍ਹਾ ਰਹਿੰਦਾ ਹੈ। ਸਰੀਰ ਦੀ ਹਰ ਹਰਕਤ ਧੀਮੀ ਹੋ ਜਾਂਦੀ ਹੈ। ਆਲੇ-ਦੁਆਲੇ ਦੀ ਸਮਝ ਖਤਮ ਹੋ ਜਾਂਦੀ ਹੈ। ਸਾਹ ਲੈਣ ਦੀ ਪ੍ਰਕਿਰਿਆ ਮੱਠੀ ਹੋ ਜਾਂਦੀ ਹੈ। ਬਲੱਡ ਪ੍ਰੈਸ਼ਰ ਘਟ ਜਾਂਦਾ ਹੈ, ਦਿਲ ਦੀ ਧੜਕਣ ਵੀ ਮੱਠੀ ਪੈ ਜਾਂਦੀ ਹੈ। ਅਕਸਰ ਲੋਕਾਂ ਦੀ ਅਜਿਹੀ ਹਾਲਤ ਵਿੱਚ ਮੌਤ ਵੀ ਹੋ ਜਾਂਦੀ ਹੈ। ਇਹਨਾਂ ਨਸ਼ਿਆਂ ਦੇ ਸੇਵਨ ਕਰਨ ਵਾਲਿਆਂ ਦੀ ਬੜੀ ਜਲਦੀ ਮੌਤ ਹੋਣ ਲੱਗਦੀ ਹੈ, ਇਸ ਦੇ ਬਾਵਜੂਦ ਲੋਕ ਇਸ ਨਸ਼ੇ ਦਾ ਸੇਵਨ ਕਰਦੇ ਰਹਿੰਦੇ ਹਨ। ਭਾਵ ਨਸ਼ਾ ਲੈਣ ਵਾਲਿਆਂ ਦੀ ਸੁੱਧ-ਬੁੱਧ ਗਵਾਚ ਜਾਂਦੀ ਹੈ। ਖੂਨ ਦੀਆਂ ਨਸਾਂ ਸੁੰਗੜ ਜਾਂਦੀਆਂ ਹਨ। ਪੂਰੇ ਸਰੀਰ ਅਤੇ ਚਮੜੀ ਵਿੱਚ ਆਕਸੀਜਨ ਦੀ ਸਪਲਾਈ ਘੱਟ ਹੋਣ ਲੱਗ ਪੈਂਦੀ ਹੈ, ਜਿਸ ਨਾਲ ਚਮੜੀ 'ਤੇ ਗੰਭੀਰ ਰੋਗ ਜਿਵੇਂ ਥਾਂ-ਥਾਂ 'ਤੇ ਜ਼ਖਮ ਹੋਣ ਲਗਦੇ ਹਨ। ਸਰੀਰ ਦੇ ਟਿਸ਼ੂ ਹੌਲੀ-ਹੌਲੀ ਮਰਨ ਲੱਗਦੇ ਹਨ। ਹੱਥਾਂ ਪੈਰਾਂ 'ਤੇ ਸੋਜ਼ ਭਾਵ ਗੈਂਗਰੀਨ ਹੋਣ ਲੱਗਦੀ ਹੈ। ਇੱਥੋਂ ਤੱਕ ਕਿ ਕਈ ਮਰੀਜ਼ਾਂ ਦੇ ਹੱਥ-ਪੈਰ ਕੱਟਣ ਤੱਕ ਦੀ ਨੌਬਤ ਵੀ ਆ ਜਾਂਦੀ ਹੈ। ਦੱਸਣਯੋਗ ਗੱਲ ਇਹ ਵੀ ਹੈ ਕਿ ਨਸ਼ਿਆਂ ਦੇ ਅਸਰ ਨੂੰ ਖਤਮ ਕਰਨ ਲਈ ਵਰਤੀ ਜਾਣ ਵਾਲੀ ਦਵਾਈ ਨੈਲੋਕਸੋਨ ਵੀ ਇਸ ਨਸ਼ੇ ਨੂੰ ਕੰਟਰੋਲ ਕਰਨ ਵਿੱਚ ਬੇਅਸਰ ਸਾਬਤ ਹੁੰਦੀ ਹੈ।

**ਜੌਮਬੀ ਦੀ ਸ਼ੁਰੂਆਤ :** ਸੰਯੁਕਤ ਰਾਜ ਅਮਰੀਕਾ ਦਾ ਇੱਕ ਦੇਸ਼ ਪਿਊਰਟੋ ਰੀਕੋ ਹੈ, ਜੋ ਛੋਟੇ-ਛੋਟੇ ਟਾਪੂਆਂ ਦਾ ਸਮੂਹ ਹੈ। ਸਭ ਤੋਂ ਪਹਿਲਾਂ ਜੌਮਬੀ ਇਸ ਦੇਸ਼ ਤੋਂ ਹੋਰ ਇਲਾਕਿਆਂ ਵੱਲ ਫੈਲਣਾ ਸ਼ੁਰੂ ਹੋਇਆ। ਇਹ ਦੇਸ਼ ਸਪੇਨੀ, ਅਫਰੀਕੀ ਅਤੇ ਸਥਾਨਕ ਤਾਈਨੋ ਲੋਕਾਂ ਦਾ ਸੁਮੇਲ ਹੈ। ਇੱਥੋਂ ਸ਼ੁਰੂ ਹੋਇਆ ਇਹ ਨਸ਼ਾ ਇਸ ਸਮੇਂ ਬੜੀ ਤੇਜ਼ੀ ਨਾਲ ਹੋਰ ਮੁਲਕਾਂ ਤੱਕ ਫੈਲ ਰਿਹਾ ਹੈ ਅਤੇ ਲੋਕਾਂ ਦੀ ਜਾਨ ਦਾ ਖੌਅ ਬਣ ਰਿਹਾ ਹੈ।

**ਸਮਾਜਿਕ ਹਾਲਾਤ :** ਇਹ ਸ਼ਾਇਦ ਦੁਨੀਆ ਇੱਕੋ-ਇੱਕ ਅਜਿਹਾ ਨਸ਼ਾ ਹੈ, ਜਿਸ ਦਾ ਨਾਂਅ ਵੀ ਜੌਮਬੀ ਪੈ ਗਿਆ ਅਤੇ ਇਸ ਨੂੰ ਲੈਣ ਵਾਲੇ ਨੂੰ ਵੀ ਜੌਮਬੀ ਕਿਹਾ ਜਾਂਦਾ ਹੈ। ਅਮਰੀਕਾ ਦੇ ਕੁਝ ਇਲਾਕਿਆਂ ਦੇ ਇਸ ਸਮੇਂ ਹਾਲਾਤ ਇਹ ਹਨ ਕਿ ਚੌਕਾਂ, ਸੜਕਾਂ, ਬਾਜ਼ਾਰਾਂ ਵਿੱਚ ਇਸ ਨਸ਼ੇ ਦੀ ਵਰਤੋਂ ਕਰਕੇ ਲੋਕ ਇੰਝ ਬੁੱਤ ਬਣ ਕੇ ਖੜ੍ਹੇ ਦਿਸਦੇ ਹਨ, ਜਿਵੇਂ ਇਹ ਸਾਡੀ ਦੁਨੀਆਂ ਦੇ ਨਹੀਂ, ਬਲਕਿ ਕਿਸੇ ਹੋਰ ਦੁਨੀਆਂ ਦੇ ਲੋਕ ਹੋਣ। ਥਾਂ-ਥਾਂ 'ਤੇ ਸੁੰਨ ਹੋ ਕੇ ਖੜ੍ਹੇ ਇਹਨਾਂ ਲੋਕਾਂ ਨੂੰ ਵੇਖ ਕੇ ਇੰਝ ਲੱਗਦਾ ਹੈ, ਜਿਵੇਂ ਇੱਥੋਂ ਦਾ ਸਮਾਜ ਹੀ ਬਿਮਾਰ ਹੋ ਰਿਹਾ ਹੋਵੇ। ਨਸ਼ੇ ਨਾਲ ਧੁੱਤ ਹੋ ਕੇ ਬੁੱਤ ਬਣੇਂ ਨੌਜਵਾਨ ਲੜਕੇ-ਲੜਕੀਆ ਇੱਥੋਂ ਤੱਕ ਕਿ ਵੱਡੀ ਉਮਰ ਦੇ ਵੀ ਬੰਦੇ, ਔਰਤਾਂ ਦੀਆਂ ਤਸਵੀਰਾਂ, ਵੀਡੀਓਜ਼ ਵੇਖਣ ਵਾਲਿਆਂ ਨੂੰ ਬੜੀਆਂ ਵਿਚਲਤ ਕਰਦੀਆਂ ਹਨ। ਦੂਜਿਆਂ ਨਸ਼ਿਆਂ ਦੇ ਮੁਕਾਬਲੇ ਕੁਝ ਸਸਤਾ ਹੋਣ ਕਰਕੇ ਇਸ ਨਸ਼ੇ ਦਾ ਪ੍ਰਭਾਵ ਬੜੀ ਤੇਜ਼ੀ ਨਾਲ ਲੋਕਾਂ ਵਿੱਚ ਫੈਲ ਰਿਹਾ ਹੈ। ਇਸ ਸਮੇਂ ਪੂਰੀ ਦੁਨੀਆਂ 'ਤੇ ਇਸ ਦਾ ਪ੍ਰਕੋਪ ਵਧਣ ਦਾ ਖਤਰਾ ਪੈਦਾ ਹੋ ਗਿਆ ਹੈ। ਸਮਝਿਆ ਇਹ ਜਾ ਰਿਹਾ ਹੈ ਕਿ ਇਸ ਨਾਲ ਨਸ਼ੇ ਦੀ ਤਸਕਰੀ ਅਤੇ ਅਪਰਾਧਾਂ ਵਿੱਚ ਵਾਧਾ ਹੋ ਸਕਦਾ ਹੈ। ਐਮਰਜੈਂਸੀ ਸੇਵਾਵਾਂ 'ਤੇ ਭਾਰੀ ਦਬਾਅ ਪੈ ਸਕਦਾ ਹੈ। ਭਵਿੱਖ ਵਿੱਚ ਜੌਮਬੀ ਜੇਕਰ ਹੋਰ ਦੇਸ਼ਾਂ ਵਿੱਚ ਤੇਜ਼ੀ ਨਾਲ ਫੈਲਦਾ ਹੈ ਤਾਂ ਇਸ ਦੇ ਸਿੱਟੇ ਬੇਹੱਦ ਭਿਆਨਕ ਹੋਣ ਵਾਲੇ ਹਨ। ਅਮਰੀਕਾ, ਕੈਨੇਡਾ ਵਿੱਚ ਸਿਹਤ ਸਹੂਲਤਾਂ ਦੀ ਸਥਿਤੀ ਏਨੀ ਵਧੀਆ ਨਹੀਂ ਕਿ ਕਿਸੇ ਮਰੀਜ਼ ਦਾ ਝੱਟ-ਪੱਟ ਇਲਾਜ ਸੰਭਵ ਹੋ ਸਕੇ।

**ਬਚਾਅ ਲਈ ਯਤਨ :** ਜਿੱਥੇ ਹਰ ਤਰ੍ਹਾਂ ਦੇ ਨਸ਼ਿਆਂ ਨੂੰ ਰੋਕਣ ਲਈ ਸਰਕਾਰਾਂ ਨੂੰ ਢੁਕਵੇ ਯਤਨ ਕਰਨ ਦੀ ਲੋੜ ਹੈ, ਉਥੇ ਨਸ਼ਿਆਂ ਨੂੰ ਰੋਕਣ ਲਈ ਰਵਾਇਤੀ ਢੰਗਾਂ ਦੀ ਬਜਾਏ ਨਵੀਨਤਮ ਢੰਗ ਤਰੀਕੇ ਖੋਜੇ ਜਾਣ ਦੀ ਲੋੜ ਹੈ। ਮੌਜੂਦਾ ਪ੍ਰਸ਼ਾਸਨਿਕ ਵਿਵਸਥਾ ਨਸ਼ਿਆਂ ਦੇ ਪ੍ਰਕੋਪ ਨੂੰ ਰੋਕਣ ਲਈ ਨਾ-ਕਾਫੀ ਹੈ। ਨਸ਼ੇ ਕਰਨ ਵਾਲਿਆਂ ਦਾ ਇਲਾਜ ਕਰਨ ਦੇ ਨਾਲ-ਨਾਲ ਨਸ਼ਿਆਂ ਦੀਆਂ ਸਪਲਾਈ ਲਾਈਨਾਂ ਕੱਟਣ ਲਈ ਵੱਡੇ ਪੱਧਰ 'ਤੇ ਯਤਨ ਕੀਤੇ ਜਾਣੇ ਚਾਹੀਦੇ ਹਨ। ਨਸ਼ਿਆਂ ਦੀ ਰੋਕਥਾਮ ਲਈ ਸਭ ਤੋਂ ਵੱਧ ਨਸ਼ਿਆਂ ਦੇ ਸਰੋਤਾਂ ਨੂੰ ਬੰਦ ਕਰਨ ਲਈ ਢੁਕਵੇਂ ਕਦਮ ਚੁੱਕੇ ਜਾਣ ਦੀ ਲੋੜ ਹੈ। ਨਸ਼ੇ ਅਤੇ ਅਪਰਾਧ ਦਾ ਆਪਸੀ ਗੂੜ੍ਹਾ ਸੰਬੰਧ ਹੈ, ਜੇਕਰ ਕਿਸੇ ਸਮਾਜ ਵਿੱਚ ਨਸ਼ਿਆਂ ਦਾ ਪ੍ਰਕੋਪ ਵਧੇਗਾ ਤਾਂ ਨਿਸਚਤ ਹੈ ਕਿ ਅਪਰਾਧ ਵੀ ਵਧ ਜਾਣਗੇ।

ਇਸ ਸਬੰਧੀ ਸਿਹਤ ਮਾਹਰਾਂ ਨੂੰ ਗੰਭੀਰ ਵਿਚਾਰ-ਚਰਚਾ ਕਰਨ ਦੀ ਲੋੜ ਹੈ। ਸਕੂਲਾਂ, ਕਾਲਜਾਂ ਵਿੱਚ ਨਸ਼ੇ ਅਤੇ ਇਹਨਾਂ ਨਾਲ ਹੋਣ ਵਾਲੇ ਸਰੀਰਕ ਅਤੇ ਮਾਨਸਿਕ ਰੋਗਾਂ ਸੰਬੰਧੀ ਬੱਚਿਆਂ ਨੂੰ ਸੁਚੇਤ ਕਰਨ ਦੀ ਲੋੜ ਹੈ। ਮਨ ਦੀ ਬੇਚੈਨੀ, ਉਦਾਸੀ ਅਤੇ ਨਿਰਾਸ਼ਾ ਨੂੰ ਕਿਸੇ ਨਸ਼ੇ ਨਾਲ ਦੂਰ ਕਰਨ ਦੀ ਬਜਾਏ, ਕਿਵੇਂ ਇਸ 'ਚੋਂ ਬਾਹਰ ਨਿਕਲਣਾ ਹੈ, ਇਸ ਸੰਬੰਧੀ ਵੀ ਸਾਡੇ ਸਮਾਜ ਨੂੰ ਸਿੱਖਿਅਤ ਕਰਨ ਦੀ ਲੋੜ ਹੈ।

ਨਸ਼ਾ ਕੋਈ ਵੀ ਹੋਵੇ, ਇਸ ਨੂੰ ਲੈਣ ਨਾਲ ਸਾਡੀ ਸਰੀਰਕ ਸਿਹਤ, ਮਾਨਸਿਕ ਸਿਹਤ, ਘਰ ਦੀ ਅਰਥ ਵਿਵਸਥਾ, ਸਾਡਾ ਮਾਣ-ਸਨਮਾਨ ਇਹ ਸਭ ਕੁਝ ਤਬਾਹ ਹੋਣ ਲੱਗਦੇ ਹਨ। ਹੁਣ ਤੱਕ ਨਸ਼ਿਆਂ ਨੇ ਲੱਖਾਂ ਨੌਜਵਾਨਾਂ ਅਤੇ ਅਨੇਕਾਂ ਪ੍ਰਤਿਭਾਵਾਂ ਨੂੰ ਖਤਮ ਕਰ ਦਿੱਤਾ ਹੈ। ਲੱਖਾਂ ਘਰ ਨਸ਼ਿਆਂ ਦੀ ਤਬਾਹੀ ਨਾਲ ਖਤਮ ਹੋ ਗਏ ਹਨ। ਨਸ਼ਿਆਂ ਤੋਂ ਬਚਾਅ ਅਤੇ ਮਨੁੱਖ ਦੀ ਮਾਨਸਿਕ ਸਿਹਤ ਨੂੰ ਤੰਦਰੁਸਤ ਰੱਖਣ ਲਈ ਵੱਡੇ ਪੱਧਰ 'ਤੇ ਯਤਨ ਕੀਤੇ ਜਾਣ ਦੀ ਲੋੜ ਹੈ। ਨਸ਼ਿਆਂ ਦੀ ਰੋਕਥਾਮ ਲਈ ਸਾਡੀਆਂ ਸਰਕਾਰਾਂ ਨੂੰ ਰਵਾਇਤੀ ਲੀਹਾਂ ਤੋਂ ਹਟ ਕੇ ਸੋਚਣ, ਵਿਚਾਰਨ ਅਤੇ ਕੰਮ ਕਰਨ ਦੀ ਲੋੜ ਹੈ।

**# ਸੰਪਰਕ: 98550-51099**

# ਸਾਦਗੀ, ਦ੍ਰਿੜ੍ਹ ਸੰਕਲਪ ਅਤੇ ਰਾਸ਼ਟਰ ਸੇਵਾ ਦੇ ਮਹਾਂਨਾਇਕ : ਲਾਲ ਬਹਾਦਰ ਸ਼ਾਸਤਰੀ

**ਵਿਜੈ ਕੁਮਾਰ ਗੁਪਤਾ**

2 ਅਕਤੂਬਰ ਦਾ ਦਿਨ ਭਾਰਤੀ ਇਤਿਹਾਸ ਵਿੱਚ ਦੋਹਰੀ ਮਹਾਨਤਾ ਲੈ ਕੇ ਆਉਂਦਾ ਹੈ। ਜਿਥੇ ਇਸ ਦਿਨ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਦਾ ਜਨਮ ਹੋਇਆ ਸੀ, ਜਿਨ੍ਹਾ ਨੇ ਪੂਰੀ ਦੁਨੀਆ ਨੂੰ ਅਹਿੰਸਾ ਅਤੇ ਸੱਚਾਈ ਦਾ ਸੰਦੇਸ਼ ਦਿੱਤਾ, ਉੱਥੇ ਹੀ ਭਾਰਤ ਦੇ ਦੂਜੇ ਪ੍ਰਧਾਨ ਮੰਤਰੀ ਸ੍ਰੀ ਲਾਲ ਬਹਾਦਰ ਸ਼ਾਸਤਰੀ ਨੇ ਵੀ ਆਪਣੀ ਸਾਦਗੀ, ਇਮਾਨਦਾਰੀ ਅਤੇ ਦੂਰਦਰਸ਼ੀ ਸੋਚ ਨਾਲ ਭਾਰਤੀ ਰਾਜਨੀਤੀ ਵਿੱਚ ਇੱਕ ਵਿਲੱਖਣੀ ਪਹਿਚਾਣ ਕਾਇਮ ਕੀਤੀ।

*'ਕੱਦ ਭਾਵੇਂ ਛੋਟਾ ਸੀ ਧਰਤੀ ਤੋਂ, ਸੋਚ ਸੀ ਅੰਬਰਾਂ ਜਿੱਡੀ,*
*ਸਾਦਗੀ ਦੇ ਵਿੱਚ ਲੁਕੀ ਹੋਈ ਸੀ, ਹਿੰਮਤ ਪਹਾੜਾਂ ਜਿੱਡੀ।'*

2 ਅਕਤੂਬਰ 1904 ਨੂੰ ਮੁਗਲਸਰਾਏ (ਹੁਣ ਦੀਨ ਦਿਆਲ ਉਪਾਧਿਆ ਨਗਰ) ਜ਼ਿਲ੍ਹਾ ਚੰਦੌਲੀ, ਉੱਤਰ ਪ੍ਰਦੇਸ਼ ਵਿੱਚ ਜਨਮੇ ਲਾਲ ਬਹਾਦਰ ਸ਼ਾਸਤਰੀ, ਜਿਨ੍ਹਾ ਦੀ ਮਾਤਾ ਦਾ ਨਾਂਅ ਰਾਮ ਦੁਲਾਰੀ ਅਤੇ ਪਿਤਾ ਜੀ ਦਾ ਨਾਂਅ ਸ੍ਰੀ ਸ਼ਾਰਦਾ ਪ੍ਰਸਾਦ ਸ੍ਰੀਵਾਸਤਵ ਸੀ। ਸ਼ਾਸਤਰੀ ਜੀ ਦੀ ਉਮਰ ਡੇਢ ਸਾਲ ਦੀ ਸੀ, ਜਦੋਂ ਇਨ੍ਹਾ ਦੇ ਪਿਤਾ ਜੀ ਦਾ ਦੇਹਾਂਤ ਹੋ ਗਿਆ। ਘੋਰ ਗ਼ਰੀਬੀ ਦਾ ਮੁਕਾਬਲਾ ਕਰਦਿਆਂ ਹੋਇਆਂ ਪੜ੍ਹਾਈ ਵਿੱਚ ਹੁਸ਼ਿਆਰ ਸ਼ਾਸਤਰੀ ਜੀ ਨੇ ਕਾਸ਼ੀ ਵਿਦਿਆਪੀਠ ਤੋਂ 'ਸ਼ਾਸਤਰੀ' ਦੀ ਉਪਾਧੀ ਹਾਸਲ ਕੀਤੀ, ਜੋ ਬਾਅਦ ਵਿੱਚ ਉਨ੍ਹਾ ਦੇ ਨਾਂਅ ਦਾ ਹਿੱਸਾ ਬਣ ਗਈ। ਗੰਗਾ ਨਦੀ ਤੈਰ ਕੇ ਪਾਰ ਕਰਕੇ ਸਕੂਲ ਜਾਣ ਦੀ ਉਨ੍ਹਾ ਦੀ ਕਹਾਣੀ ਅੱਜ ਵੀ ਲੋਕਾਂ ਨੂੰ ਪ੍ਰੇਰਨਾ ਦਿੰਦੀ ਹੈ। ਮਹਾਤਮਾ ਗਾਂਧੀ ਦੇ ਅਸੂਲਾਂ ਤੋਂ ਪ੍ਰਭਾਵਿਤ ਹੋ ਕੇ ਸ਼ਾਸਤਰੀ ਜੀ ਨੇ ਆਜ਼ਾਦੀ ਦੇ ਅੰਦੋਲਨਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲਿਆ ਅਤੇ ਕਈ ਵਾਰ ਜੇਲ੍ਹ ਵੀ ਗਏ, ਪਰ ਉਨ੍ਹਾ ਦਾ ਹੌਸਲਾ ਕਦੇ ਨਹੀਂ ਟੁੱਟਿਆ।

ਪੰਡਿਤ ਜਵਾਹਰ ਲਾਲ ਨਹਿਰੂ ਜੀ ਦੇ ਦੇਹਾਂਤ ਤੋਂ ਬਾਅਦ 9 ਜੂਨ 1964 ਨੂੰ ਸ਼ਾਸਤਰੀ ਜੀ ਨੇ ਭਾਰਤ ਦੇ ਦੂਜੇ ਪ੍ਰਧਾਨ ਮੰਤਰੀ ਵਜੋਂ ਅਹੁਦਾ ਸੰਭਾਲਿਆ। ਇਹ ਸਮਾਂ ਦੇਸ਼ ਲਈ ਚੁਣੌਤੀ ਭਰਿਆ ਸੀ, ਅਨਾਜ ਦੀ ਕਮੀ ਅਤੇ 1965 ਵਿੱਚ ਪਾਕਿਸਤਾਨ ਦਾ ਹਮਲਾ। ਅਜਿਹੇ ਨਾਜ਼ੁਕ ਸਮੇਂ ਵਿੱਚ ਸ਼ਾਸਤਰੀ ਜੀ ਨੇ ਆਪਣੀ ਦੂਰਦਰਸ਼ੀ ਸੋਚ ਨਾਲ ਦੇਸ਼ ਦੀ ਅਗਵਾਈ ਕੀਤੀ। 1965 ਦੀ ਭਾਰਤ-ਪਾਕਿ ਜੰਗ ਦੌਰਾਨ ਸ਼ਾਸਤਰੀ ਜੀ ਨੇ "ਜੈ ਜਵਾਨ, ਜੈ ਕਿਸਾਨ" ਦਾ ਨਾਅਰਾ ਦੇ ਕੇ ਸਮੁੱਚੇ ਦੇਸ਼ ਵਾਸੀਆਂ ਲਈ ਨਵਾਂ ਜੋਸ਼ ਭਰ ਦਿੱਤਾ। ਸ਼ਾਸਤਰੀ ਜੀ ਦਾ ਨਾਂਅ ਅੱਜ ਵੀ ਉਨ੍ਹਾਂ ਦੇ ਇਸ ਇਤਿਹਾਸਕ ਨਾਅਰੇ "ਜੈ ਜਵਾਨ, ਜੈ ਕਿਸਾਨ" ਨਾਲ ਬੜੇ ਮਾਣ ਨਾਲ ਯਾਦ ਕੀਤਾ ਜਾਂਦਾ ਹੈ:

*"ਸਰਹੱਦ 'ਤੇ ਖੜ੍ਹਾ ਜਵਾਨ ਭੀ ਸੀ, ਖੇਤਾਂ ਦਾ ਕਿਸਾਨ ਭੀ ਸੀ,*
*ਦੋਨਾਂ ਦੇ ਹੌਸਲੇ ਵਿੱਚ ਹੀ, ਦੇਸ਼ ਦੀ ਪਹਿਚਾਣ ਭੀ ਸੀ।"*

ਸ਼ਾਸਤਰੀ ਜੀ ਨੇ ਕਿਹਾ, ਦੇਸ਼ ਦੀ ਅਸਲੀ ਤਾਕਤ ਕਿਸਾਨ ਔਰ ਸੈਨਿਕ ਹੀ ਹਨ। ਇਨ੍ਹਾਂ ਦੋਨਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ। ਇਸ ਨਾਅਰੇ ਸਦਕਾ ਦੇਸ਼ ਦੇ ਕਿਸਾਨਾਂ ਨੇ ਹਰੀ ਕ੍ਰਾਂਤੀ ਵੱਲ ਕਦਮ ਵਧਾਏ ਅਤੇ ਸੰਕਟ ਦੇ ਸਮੇਂ ਦੇਸ਼ ਨੂੰ ਆਤਮ-ਨਿਰਭਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਈ।



ਪ੍ਰਧਾਨ ਮੰਤਰੀ ਦੇ ਅਹੁਦੇ 'ਤੇ ਰਹਿੰਦਿਆਂ ਵੀ ਸ਼ਾਸਤਰੀ ਜੀ ਦੀ ਸਾਦਗੀ ਵਿੱਚ ਕੋਈ ਫ਼ਰਕ ਨਹੀਂ ਆਇਆ। ਕਿਹਾ ਜਾਂਦਾ ਹੈ ਕਿ ਉਨ੍ਹਾਂ ਆਪਣੀ ਤਨਖ਼ਾਹ ਵਿੱਚੋਂ ਵੀ ਕਟੌਤੀ ਕਰਵਾ ਕੇ ਦੇਸ਼ ਦੀ ਆਰਥਿਕ ਹਾਲਤ ਸੁਧਾਰਨ ਵਿੱਚ ਯੋਗਦਾਨ ਪਾਇਆ। ਉਨ੍ਹਾਂ ਦਾ ਕੱਦ ਭਾਵੇਂ ਛੋਟਾ ਸੀ। ਪਰ ਸ਼ਖਸੀਅਤ ਬਹੁਤ ਵੱਡੀ ਸੀ।

1965 ਦੀ ਜੰਗ ਤੋਂ ਬਾਅਦ ਸੋਵੀਅਤ ਸੰਘ ਦੀ ਵਿਚੋਲਗੀ ਹੇਠ 10 ਜਨਵਰੀ 1966 ਨੂੰ ਤਾਸ਼ਕੰਦ ਵਿੱਚ ਸਮਝੌਤਾ ਹੋਇਆ। ਦੁੱਖ ਦੀ ਗੱਲ ਇਹ ਹੈ ਕਿ ਸਮਝੌਤੇ 'ਤੇ ਦਸਤਖ਼ਤ ਕਰਨ ਤੋਂ ਕੁਝ ਘੰਟੇ ਬਾਅਦ 11 ਜਨਵਰੀ 1966 ਦੀ ਰਾਤ ਨੂੰ ਸ਼ਾਸਤਰੀ ਜੀ ਦਾ ਰਹੱਸਮਈ ਹਾਲਾਤ ਵਿੱਚ ਦੇਹਾਂਤ ਹੋ ਗਿਆ। ਇਹ ਖ਼ਬਰ ਸੁਣ ਕੇ ਸਮੁੱਚੇ ਦੇਸ਼ ਵਿੱਚ ਸੋਗ ਦੀ ਲਹਿਰ ਦੌੜ ਗਈ।

ਸ਼ਾਸਤਰੀ ਜੀ ਅਕਸਰ ਕਿਹਾ ਕਰਦੇ ਸਨ: "ਮਿਹਨਤ ਪ੍ਰਾਰਥਨਾ ਕਰਨ ਦੇ ਬਰਾਬਰ" ਹੈ। ਇਹ ਵਿਚਾਰ ਉਨ੍ਹਾਂ ਦੀ ਪੂਰੀ ਜੀਵਨ ਯਾਤਰਾ ਦਾ ਦਰਪਣ ਜਾਪਦਾ ਹੈ। ਮਹਾਤਮਾ ਗਾਂਧੀ ਜੀ ਦੇ ਨਾਲ ਮਿਲਦੇ - ਜੁਲਦੇ ਵਿਚਾਰ ਰੱਖਣ ਵਾਲੇ ਲਾਲ ਬਹਾਦਰ ਸ਼ਾਸਤਰੀ ਜੀ ਭਾਰਤੀ ਸੰਸਕ੍ਰਿਤੀ ਦੀ ਅਹਿਮ ਪਹਿਚਾਣ ਸਨ।

ਲਾਲ ਬਹਾਦਰ ਸ਼ਾਸਤਰੀ ਜੀ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਮਹਾਨਤਾ ਵੱਡੇ ਅਹੁਦੇ ਜਾਂ ਧੰਨ-ਦੌਲਤ ਦੀ ਮੋਹਤਾਜ ਨਹੀਂ, ਸਗੋਂ ਸਾਦੇ ਵਿਚਾਰਾਂ ਦੀ ਪਵਿੱਤਰਤਾ ਅਤੇ ਦੇਸ਼ ਪ੍ਰਤੀ ਸਮਰਪਣ ਦੀ ਲੋੜ ਹੁੰਦੀ ਹੈ। ਉਨ੍ਹਾ ਨੇ ਸਾਬਤ ਕਰ ਦਿੱਤਾ ਕਿ ਇਕ ਸਾਦਾ ਮਨੁੱਖ ਵੀ ਆਪਣੇ ਉੱਚੇ ਆਦਰਸ਼ਾਂ ਅਤੇ ਦ੍ਰਿੜ੍ਹ ਇਰਾਦੇ ਨਾਲ ਪੂਰੇ ਦੇਸ਼ ਦੀ ਅਗਵਾਈ ਕਰ ਸਕਦਾ ਹੈ।

ਆਓ, ਇਸ ਪਾਵਨ ਦਿਨ 'ਤੇ ਅਸੀਂ ਸਾਰੇ ਇਸ ਮਹਾਨ ਦੇਸ਼ ਭਗਤ ਨੂੰ ਸੱਚੀ ਸ਼ਰਧਾਂਜਲੀ ਭੇਟ ਕਰਦੇ ਹੋਏ ਉਨ੍ਹਾਂ ਦੇ ਦੂਰ-ਅੰਦੇਸ਼ੀ ਵਿਚਾਰਾਂ ਤੋਂ ਪ੍ਰੇਰਣਾ ਹਾਸਲ ਕਰਕੇ ਇਮਾਨਦਾਰੀ, ਸਾਦਗੀ, ਦ੍ਰਿੜ੍ਹ ਸੰਕਲਪ ਅਤੇ ਦੇਸ਼ ਪ੍ਰੇਮ ਨੂੰ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਈਏ।

**# ਸੰਪਰਕ : 98555-50246**

# ਅਰਬਪਤੀਆਂ ਦੀ ਦੌਲਤ ਬਨਾਮ ਆਮ ਆਦਮੀ ਦਾ ਸੰਘਰਸ਼

**ਵਿਕਲਜੀਤ ਸਿੰਘ ਸਰਾ**

ਕਿਸੇ ਮੁਲਕ ਦੀ ਖ਼ੁਸ਼ਹਾਲੀ ਦਾ ਲੇਖਾ-ਜੋਖਾ ਉਸ ਦੇ ਸਿਖ਼ਰਲੇ ਇੱਕ ਹਜ਼ਾਰ ਅਮੀਰਾਂ ਦੀ ਤਿਜੌਰੀ ਤੋਂ ਲਾਉਣਾ ਓਨਾ ਹੀ ਅਧੂਰਾ ਅਤੇ ਭਰਮਾਊ ਹੈ, ਜਿੰਨਾ ਕਿਸੇ ਸ਼ਹਿਰ ਦੀ ਨੁਹਾਰ ਨੂੰ ਉਸ ਦੇ ਚੰਦ ਚਮਕਦੇ ਬੁਰਜਾਂ ਰਾਹੀਂ ਮਿਣਨਾ। ਉੱਚੀਆਂ ਅਸਮਾਨ-ਛੂੰਹਦੀਆਂ ਇਮਾਰਤਾਂ ਬਿਨਾਂ ਸ਼ੱਕ ਕਿਸੇ ਸ਼ਹਿਰ ਦਾ ਸ਼ਿੰਗਾਰ ਹੋ ਸਕਦੀਆਂ ਹਨ, ਪਰ ਉਨ੍ਹਾਂ ਦੀ ਡੂੰਘੀ ਛਾਂ ਹੇਠ ਸਾਹ ਘੁੱਟ ਕੇ ਜਿਉਂਦੇ ਲੋਕਾਂ ਦਾ ਦਰਦ ਵੀ ਉਸੇ ਜ਼ਮੀਨੀ ਹਕੀਕਤ ਦਾ ਅਟੁੱਟ ਹਿੱਸਾ ਹੁੰਦਾ ਹੈ। ਤਾਜ਼ਾ 'ਹੁਰਨ ਇੰਡੀਆ ਰਿਚ ਲਿਸਟ' ਮੁਤਾਬਕ ਅੱਜ ਦੇਸ਼ ਅੰਦਰ ਘੱਟੋ-ਘੱਟ 1,000 ਕਰੋੜ ਦੀ ਜਾਇਦਾਦ ਵਾਲੇ 1,810 ਮਹਾਂ-ਧਨਾਢ ਮੌਜੂਦ ਹਨ। ਇਕੱਲੇ ਬੀਤੇ ਇੱਕ ਵਰ੍ਹੇ ਦੌਰਾਨ ਹੀ ਇਸ ਸੂਚੀ ਵਿੱਚ 128 ਨਵੇਂ ਚਿਹਰੇ ਸ਼ਾਮਲ ਹੋ ਗਏ ਹਨ। ਇਨ੍ਹਾਂ ਦੀ ਕੁੱਲ ਦੌਲਤ ਦਾ ਅੰਦਾਜ਼ਾ ਲਗਭਗ 187.5 ਲੱਖ ਕਰੋੜ ਲਾਇਆ ਗਿਆ ਹੈ ਅਤੇ ਡਾਲਰ ਦੇ ਲਿਹਾਜ਼ ਨਾਲ ਅਰਬਪਤੀਆਂ ਦੀ ਗਿਣਤੀ 391 ਤੱਕ ਪਹੁੰਚ ਚੁੱਕੀ ਹੈ। ਇਹ ਅੰਕੜੇ ਦੇਸ਼ ਅੰਦਰ ਬੇਥਾਹ ਪੂੰਜੀ-ਸਿਰਜਣਾ ਦੀ ਚਮਕਦੀ ਤਸਵੀਰ ਤਾਂ ਜ਼ਰੂਰ ਪੇਸ਼ ਕਰਦੇ ਹਨ, ਪਰ ਇਹ ਚਮਕ 140 ਕਰੋੜ ਆਮ ਭਾਰਤੀਆਂ ਦੇ ਜੀਵਨ-ਸੰਘਰਸ਼ ਦਾ ਬਦਲ ਨਹੀਂ ਹੋ ਸਕਦੀ।

ਕਿਸੇ ਵੀ ਵਿਕਾਸਸ਼ੀਲ ਅਰਥ ਵਿਵਸਥਾ ਵਿੱਚ ਪੂੰਜੀ ਦਾ ਇਕੱਠਾ ਹੋਣਾ ਸੁਭਾਵਿਕ ਤੌਰ 'ਤੇ ਗਰੀਬ ਦੇ ਹੋਰ ਗਰੀਬ ਹੋਣ ਦਾ ਪ੍ਰਤੱਖ ਪ੍ਰਮਾਣ ਨਹੀਂ ਮੰਨਿਆ ਜਾ ਸਕਦਾ। ਸਨਅਤ, ਨਿਵੇਸ਼ ਅਤੇ ਕਾਰੋਬਾਰ ਜਿੱਥੇ ਦੌਲਤ ਪੈਦਾ ਕਰਦੇ ਹਨ, ਉੱਥੇ ਰੋਜ਼ਗਾਰ ਦੇ ਮੌਕੇ ਵੀ ਸਿਰਜਦੇ ਹਨ, ਪ੍ਰੰਤੂ, ਜਦੋਂ ਅਖ਼ਬਾਰਾਂ ਦੇ ਮੁੱਖ ਪੰਨਿਆਂ 'ਤੇ ਅਮੀਰੀ ਦੇ ਅੰਬਾਰਾਂ ਦੇ ਸੋਹਲੇ ਗਾਏ ਜਾਣ, ਤਾਂ ਨਿਰਪੱਖ ਪੱਤਰਕਾਰੀ ਦਾ ਇਹ ਸੰਜੀਦਾ ਫ਼ਰਜ਼ ਬਣ ਜਾਂਦਾ ਹੈ ਕਿ ਉਹ ਉਸੇ ਸਫ਼ੇ 'ਤੇ ਇਹ ਤਲਖ਼ ਸਵਾਲ ਵੀ ਖੜ੍ਹਾ ਕਰੇ ਕਿ ਹੇਠਲੇ ਅੱਧੇ ਭਾਰਤ ਦੀ ਇਸ ਖ਼ੁਸ਼ਹਾਲੀ ਵਿੱਚ ਕੀ ਹਿੱਸੇਦਾਰੀ ਹੈ ?

ਗਰੀਬੀ ਘਟਣ ਦੀ ਹਕੀਕਤ ਅਤੇ ਅੰਕੜਿਆਂ ਦੀ ਓਟ ਵਿੱਚ ਲੁਕਿਆ ਸੱਚ ਭਾਰਤ ਦੀ ਸਮਾਜਿਕ ਅਤੇ ਆਰਥਿਕ ਸਥਿਤੀ ਦਾ ਗੰਭੀਰ ਵਿਸ਼ਲੇਸ਼ਣ ਕਰਦਿਆਂ ਇਸ ਸੱਚਾਈ ਤੋਂ ਵੀ ਅੱਖਾਂ ਨਹੀਂ ਮੀਟੀਆਂ ਜਾ ਸਕਦੀਆਂ ਕਿ ਬੀਤੇ ਇੱਕ ਦਹਾਕੇ ਦੌਰਾਨ ਗਰੀਬੀ ਦੇ ਦਾਇਰੇ ਵਿੱਚ ਕਾਫ਼ੀ ਕਮੀ ਦਰਜ ਕੀਤੀ ਗਈ ਹੈ। ਵਿਸ਼ਵ ਬੈਂਕ ਦੀ ਭਾਰਤ ਵਿਕਾਸ ਰਿਪੋਰਟ ਅਨੁਸਾਰ ਭਾਰਤ ਵਰਗੇ ਹੇਠਲੇ-ਮੱਧਮ ਆਮਦਨ ਵਾਲੇ ਦੇਸ਼ਾਂ ਲਈ ਨਿਰਧਾਰਤ 4.20 ਡਾਲਰ ਪ੍ਰਤੀ ਵਿਅਕਤੀ ਪ੍ਰਤੀ ਦਿਨ ਦੀ ਖਰੀਦ-ਸਮਰੱਥਾ ਅਧਾਰਿਤ ਗਰੀਬੀ-ਰੇਖਾ ਹੇਠ ਰਹਿਣ ਵਾਲੀ ਵਸੋਂ ਸਾਲ 2011-12 ਦੇ 57.7 ਪ੍ਰਤੀਸ਼ਤ ਤੋਂ ਘਟ ਕੇ 2023-24 ਵਿੱਚ 16.1 ਪ੍ਰਤੀਸ਼ਤ ਰਹਿ ਗਈ ਹੈ। ਅੰਕੜਿਆਂ ਦੇ ਹਿਸਾਬ ਨਾਲ ਲਗਭਗ 49.6 ਕਰੋੜ ਲੋਕ ਇਸ ਗਰੀਬੀ-ਰੇਖਾ ਤੋਂ ਬਾਹਰ ਆਏ ਹਨ, ਜਿਸ ਨੂੰ ਕਿਸੇ ਵੀ ਤਰ੍ਹਾਂ ਛੋਟੀ ਪ੍ਰਾਪਤੀ ਨਹੀਂ ਮੰਨਿਆ ਜਾ ਸਕਦਾ।

ਪਰ ਇਸੇ ਰਿਪੋਰਟ ਦੀ ਅਗਲੀ ਸਤਰ ਸਾਡੇ ਅੰਦਰ ਠੰਢੀ ਕੰਬਣੀ ਛੇੜਨ ਲਈ ਕਾਫ਼ੀ ਹੈ। 2023-24 ਵਿੱਚ ਇਸੇ ਮਾਪਦੰਡ ਅਨੁਸਾਰ ਦੇਸ਼ ਦੇ ਲਗਭਗ 23.2 ਕਰੋੜ ਲੋਕ ਅਜੇ ਵੀ ਗਰੀਬੀ ਦੀ ਦਲਦਲ ਵਿੱਚ ਧਸੇ ਹੋਏ ਹਨ। ਇਸ ਤੋਂ ਵੀ ਹੇਠਾਂ, 3 ਡਾਲਰ ਪ੍ਰਤੀ ਦਿਨ ਵਾਲੀ ਅਤਿ-ਗਰੀਬੀ ਦੀ ਭਿਆਨਕ ਹੱਦ ਹੇਠ ਲਗਭਗ 3.5 ਕਰੋੜ ਲੋਕ ਜੀਵਨ ਬਸਰ ਕਰ ਰਹੇ ਹਨ। ਭਾਵੇਂ ਅਤਿ-ਗਰੀਬੀ ਦੀ ਦਰ 27.1 ਪ੍ਰਤੀਸ਼ਤ ਤੋਂ ਘਟ ਕੇ 2.6 ਪ੍ਰਤੀਸ਼ਤ 'ਤੇ ਆ ਗਈ ਹੈ, ਪਰ ਇਹ 3.5 ਕਰੋੜ ਜਿਉਂਦੇ-ਜਾਗਦੇ ਮਨੁੱਖ ਕਿਸੇ ਸਰਕਾਰੀ ਦਸਤਾਵੇਜ਼ ਦੇ ਗੋਲ-ਮੋਲ ਅੰਕੜਿਆਂ ਵਿੱਚ ਗੁੰਮ ਹੋਣ ਵਾਲੀਆਂ ਬੇਜਾਨ ਇਕਾਈਆਂ ਨਹੀਂ ਹਨ। ਇਸ ਲਈ ਇਹ ਦੋਵੇਂ ਗੱਲਾਂ ਬਰਾਬਰ ਸੱਚ ਹਨ ਕਿ ਦੇਸ਼ ਵਿੱਚ ਗਰੀਬੀ ਘਟੀ ਹੈ, ਪਰ ਇਸ ਦੇ ਬਾਵਜੂਦ ਕਰੋੜਾਂ ਰੂਹਾਂ ਅੱਜ ਵੀ ਭੁੱਖ ਤੇ ਤੰਗੀ ਦੀ ਮਾਰ ਹੇਠ ਹਨ।

**ਦੌਲਤ ਦੀ ਅਸਮਾਨ ਵੰਡ ਅਤੇ ਆਮਦਨ ਦਾ ਕੇਂਦਰੀਕਰਨ :** ਅਸਲ ਚੁਣੌਤੀ ਸਿਰਫ਼ ਗਰੀਬੀ-ਰੇਖਾ ਨੂੰ ਪਾਰ ਕਰ ਲੈਣ ਦੀ ਹੀ ਨਹੀਂ, ਸਗੋਂ ਪੈਦਾ ਹੋ ਰਹੀ ਦੌਲਤ ਦੀ ਨਾਬਰਾਬਰ ਵੰਡ ਦੀ ਵੀ ਹੈ। ਹਾਲੀਆ ਅਧਿਐਨਾਂ ਦੇ ਅਨੁਮਾਨ ਦਰਸਾਉਂਦੇ ਹਨ ਕਿ ਸਾਲ 2022-23 ਦੌਰਾਨ ਭਾਰਤ ਦੇ ਸਿਰਫ਼ ਉਪਰਲੇ 1 ਪ੍ਰਤੀਸ਼ਤ ਧਨਾਢਾਂ ਦੇ ਹੱਥਾਂ ਵਿੱਚ ਦੇਸ਼ ਦੀ ਕੁੱਲ ਆਮਦਨ ਦਾ 23.3 ਪ੍ਰਤੀਸ਼ਤ ਅਤੇ ਕੁੱਲ ਸੰਪਤੀ ਦਾ 40.1 ਪ੍ਰਤੀਸ਼ਤ ਹਿੱਸਾ ਕੇਂਦਰਤ ਸੀ। ਇਹ ਅਧਿਐਨ ਇਸ ਤੱਥ ਪ੍ਰਤੀ ਵੀ ਸੁਚੇਤ ਕਰਦਾ ਹੈ ਕਿ ਭਾਰਤ ਅੰਦਰ ਅਸਮਾਨਤਾ ਅਤੇ ਦੌਲਤ ਦੇ ਵੇਰਵਿਆਂ ਨੂੰ ਸਹੀ ਢੰਗ ਨਾਲ ਮਾਪਣ ਵਿੱਚ ਅੰਕੜਾਤਮਕ ਕਮੀਆਂ ਮੌਜੂਦ ਹਨ। ਫਿਰ ਵੀ, ਇਹ ਤੱਥ ਬਿਲਕੁਲ ਸਾਫ਼ ਹੋ ਜਾਂਦਾ ਹੈ ਕਿ ਇੱਕ ਪਾਸੇ ਗਰੀਬੀ ਦੇ ਅੰਕੜੇ ਘਟ ਸਕਦੇ ਹਨ ਅਤੇ ਦੂਜੇ ਪਾਸੇ ਦੌਲਤ ਦਾ ਵੱਡਾ ਹਿੱਸਾ ਮੁੱਠੀ-ਭਰ ਸਰਮਾਏਦਾਰਾਂ ਦੇ ਘਰਾਂ ਵਿੱਚ ਇਕੱਠਾ ਹੋ ਸਕਦਾ ਹੈ। ਇਸ ਦੇ ਨਾਲ ਹੀ ਅਰਬਪਤੀਆਂ ਦੀ ਸੰਪਤੀ ਦੀ ਸਿੱਧੀ ਤੁਲਨਾ ਦੇਸ਼ ਦੇ ਕੁੱਲ ਘਰੇਲੂ ਉਤਪਾਦ ਨਾਲ ਕਰਕੇ ਸਿੱਟੇ ਕੱਢਣਾ ਆਰਥਿਕ ਨਜ਼ਰੀਏ ਤੋਂ ਪੂਰੀ ਤਰ੍ਹਾਂ ਸਹੀ ਨਹੀਂ

ਸਮਾਜਿਕ ਵਰਗਾਂ ਅਤੇ ਜਾਤੀ ਦੇ ਆਧਾਰ 'ਤੇ ਇਹ ਅਸਮਾਨਤਾ ਹੋਰ ਵੀ ਪ੍ਰਤੱਖ ਦਿਖਾਈ ਦਿੰਦੀ ਹੈ। ਪਿੰਡਾਂ ਵਿੱਚ ਅਨੁਸੂਚਿਤ ਜਨਜਾਤੀ ਪਰਵਾਰਾਂ ਦਾ ਔਸਤ ਮਹੀਨਾਵਾਰ ਪ੍ਰਤੀ ਵਿਅਕਤੀ ਖਰਚ 3,363, ਅਨੁਸੂਚਿਤ ਜਾਤੀਆਂ ਦਾ 3,878, ਪਿਛੜੇ ਵਰਗਾਂ ਦਾ 4,206 ਅਤੇ ਹੋਰਨਾਂ ਵਰਗਾਂ ਦਾ 4,642 ਦਰਜ ਕੀਤਾ ਗਿਆ। ਸ਼ਹਿਰਾਂ ਵਿੱਚ ਇਹ ਅੰਕੜਾ ਕ੍ਰਮਵਾਰ 6,030, 5,775, 6,738 ਅਤੇ 7,832 ਰਿਹਾ। ਭਾਵੇਂ ਇਹ ਔਸਤ ਅੰਕੜੇ ਹਨ ਅਤੇ ਹਰੇਕ ਪਰਵਾਰ ਦੀ ਨਿੱਜੀ ਹਾਲਤ ਵੱਖਰੀ ਹੋ ਸਕਦੀ ਹੈ, ਪਰ ਲਗਾਤਾਰ ਬਣਿਆ ਇਹ ਅੰਤਰ ਸਾਫ਼ ਦਰਸਾਉਂਦਾ ਹੈ ਕਿ ਮੁਲਕ ਦੀ ਆਰਥਿਕ ਤਰੱਕੀ ਦੀਆਂ ਕਿਰਨਾਂ ਸਮਾਜ ਦੇ ਸਭ ਤੋਂ ਹੇਠਲੇ ਤਬਕੇ ਦੇ ਵਿਹੜੇ ਤੱਕ ਅਜੇ ਪੂਰੀ ਤਰ੍ਹਾਂ ਨਹੀਂ ਪਹੁੰਚ ਸਕੀਆਂ।

ਆਦਿਵਾਸੀ ਬੱਚਿਆਂ ਦੇ ਪੋਸ਼ਣ ਦੇ ਵੇਰਵੇ ਇਸ ਸਮਾਜਿਕ ਬੇਇਨਸਾਫ਼ੀ ਦੀ ਪੁਰਾਣੀ ਪਰ ਡੂੰਘੀ ਗਵਾਹੀ ਭਰਦੇ ਹਨ। ਰਾਸ਼ਟਰੀ ਪਰਵਾਰ ਸਿਹਤ ਸਰਵੇਖਣ (2019-21) ਅਨੁਸਾਰ ਪੰਜ ਸਾਲ ਤੋਂ ਘੱਟ ਉਮਰ ਦੇ ਅਨੁਸੂਚਿਤ ਜਨਜਾਤੀ ਬੱਚਿਆਂ ਵਿੱਚ ਕੱਦ ਦੇ ਹਿਸਾਬ ਨਾਲ ਘੱਟ ਵਿਕਾਸ (ਸਟੰਟਿੰਗ) ਦੀ ਦਰ 40.9 ਪ੍ਰਤੀਸ਼ਤ ਸੀ, ਜਦਕਿ ਕੌਮੀ ਔਸਤ 35.5 ਪ੍ਰਤੀਸ਼ਤ ਸੀ। ਇਸੇ ਵਰਗ ਵਿੱਚ ਘੱਟ ਵਜ਼ਨ ਵਾਲੇ ਬੱਚੇ 39.5 ਪ੍ਰਤੀਸ਼ਤ ਸਨ, ਜੋ ਕਿ ਦੇਸ਼ ਦੀ 32.1 ਪ੍ਰਤੀਸ਼ਤ ਔਸਤ ਨਾਲੋਂ ਕਿਤੇ ਜ਼ਿਆਦਾ ਸਨ। ਭਾਵੇਂ ਇਹ ਪੁਰਾਣੇ ਸਰਵੇਖਣ ਦੇ ਹਵਾਲੇ ਹਨ, ਪ੍ਰੰਤੂ ਇਹ ਕੌੜਾ ਯਥਾਰਥ ਚੇਤੇ ਕਰਵਾਉਂਦਾ ਹੈ ਕਿ ਸਮਾਜਿਕ ਬਰਾਬਰੀ ਦੀ ਮੰਜ਼ਲ ਅਜੇ ਕਿੰਨੀ ਦੂਰ ਹੈ।

ਮਹੀਨਾਵਾਰ ਮਜ਼ਦੂਰ ਸਰਵੇਖਣ (ਅਗਸਤ 2026) ਅਨੁਸਾਰ ਦੇਸ਼ ਵਿੱਚ 15 ਸਾਲ ਤੋਂ ਵੱਧ ਉਮਰ ਵਾਲਿਆਂ ਦੀ ਬੇਰੁਜ਼ਗਾਰੀ ਦਰ 5.0 ਪ੍ਰਤੀਸ਼ਤ ਦੱਸੀ ਗਈ ਹੈ, ਜਿਸ ਵਿੱਚ ਪੇਂਡੂ ਖੇਤਰਾਂ ਵਿੱਚ 4.1 ਅਤੇ ਸ਼ਹਿਰਾਂ ਵਿੱਚ 6.8 ਪ੍ਰਤੀਸ਼ਤ ਸ਼ਾਮਲ ਹੈ। ਮਹਿਲਾ ਕਾਰਜ-ਬਲ ਦੀ ਭਾਗੀਦਾਰੀ ਵੀ ਵਧ ਕੇ 34.8 ਪ੍ਰਤੀਸ਼ਤ ਤੱਕ ਪਹੁੰਚੀ ਹੈ, ਪਰ ਕਾਗ਼ਜ਼ੀ ਬੇਰੁਜ਼ਗਾਰੀ ਦਰ ਕਦੇ ਵੀ ਕੰਮ ਦੀ ਗੁਣਵੱਤਾ ਅਤੇ ਸੁਰੱਖਿਆ ਦੀ ਗਵਾਹੀ ਨਹੀਂ ਭਰ ਸਕਦੀ।

ਸਾਲ 2025 ਵਿੱਚ ਕੁੱਲ ਕੰਮਕਾਜੀ ਵਸੋਂ ਦਾ 56.2 ਪ੍ਰਤੀਸ਼ਤ ਹਿੱਸਾ ਸਵੈ-ਰੋਜ਼ਗਾਰ ਨਾਲ ਜੁੜਿਆ ਹੋਇਆ ਸੀ, ਜਦਕਿ ਨਿਯਮਿਤ ਤਨਖ਼ਾਹ ਵਾਲੇ ਸੁਰੱਖਿਅਤ ਰੋਜ਼ਗਾਰ ਦਾ ਹਿੱਸਾ ਸਿਰਫ਼ 23.6 ਪ੍ਰਤੀਸ਼ਤ ਸੀ। ਅੱਜ ਵੀ 43.0 ਪ੍ਰਤੀਸ਼ਤ ਕਾਮੇ ਖੇਤੀਬਾੜੀ ਸੈਕਟਰ 'ਤੇ ਨਿਰਭਰ ਹਨ। ਅਸਲੀਅਤ ਇਹ ਹੈ ਕਿ ਇੱਕ ਦਿਹਾੜੀਦਾਰ ਮਜ਼ਦੂਰ, ਰੇਹੜੀ-ਫੜ੍ਹੀ ਵਾਲਾ ਜਾਂ ਪਰਵਾਰਕ ਧੰਦੇ ਵਿੱਚ ਮਾਮੂਲੀ ਹੱਥ ਵਟਾਉਣ ਵਾਲਾ ਵਿਅਕਤੀ ਸਰਕਾਰੀ ਤੌਰ 'ਤੇ ਤਾਂ ਰੋਜ਼ਗਾਰਸ਼ੁਦਾ ਗਿਣਿਆ ਜਾਂਦਾ ਹੈ, ਪਰ ਉਸ ਦੀ ਮਹੀਨਾਵਾਰ ਕਮਾਈ ਘਰ ਦੀਆਂ ਬੁਨਿਆਦੀ ਲੋੜਾਂ ਪੂਰੀਆਂ ਕਰਨ ਜੋਗੀ ਵੀ ਨਹੀਂ ਹੁੰਦੀ।

**ਮਹਿੰਗਾਈ ਦਾ ਗਣਿਤ ਅਤੇ ਰਸੋਈ ਦੀਆਂ ਅਸਲ ਚਿੰਤਾਵਾਂ :** ਅਗਸਤ 2026 ਦੌਰਾਨ ਦੇਸ਼ ਦੀ ਖੁਦਰਾ ਮਹਿੰਗਾਈ ਦਰ 4.82 ਪ੍ਰਤੀਸ਼ਤ ਰਹੀ, ਪਰ ਖ਼ੁਰਾਕੀ ਵਸਤਾਂ ਦੀ ਮਹਿੰਗਾਈ 5.95 ਪ੍ਰਤੀਸ਼ਤ ਦੇ ਪੱਧਰ 'ਤੇ ਸੀ। ਪੇਂਡੂ ਖੇਤਰਾਂ ਵਿੱਚ ਇਹ ਸਥਿਤੀ ਹੋਰ ਗੰਭੀਰ ਰਹੀ, ਜਿੱਥੇ ਕੁੱਲ ਮਹਿੰਗਾਈ 5.23 ਪ੍ਰਤੀਸ਼ਤ ਅਤੇ ਖਾਣ-ਪੀਣ ਦੀਆਂ ਵਸਤਾਂ ਦੀ ਮਹਿੰਗਾਈ 6.13 ਪ੍ਰਤੀਸ਼ਤ ਤੱਕ ਪਹੁੰਚ ਗਈ।

ਇੱਕ ਆਮ ਕਿਰਤੀ ਪਰਵਾਰ ਲਈ ਇਹ ਅੰਕੜੇ ਸਿਰਫ਼ ਕਾਗ਼ਜ਼ੀ ਹਿਸਾਬ ਨਹੀਂ ਹਨ। ਪੇਂਡੂ ਭਾਰਤ ਵਿੱਚ ਔਸਤ ਘਰੇਲੂ ਬਜਟ ਦਾ ਲਗਭਗ 47 ਪ੍ਰਤੀਸ਼ਤ ਅਤੇ ਸ਼ਹਿਰਾਂ ਵਿੱਚ 40 ਪ੍ਰਤੀਸ਼ਤ ਹਿੱਸਾ ਸਿਰਫ਼ ਰੋਜ਼ਾਨਾ ਦੇ ਖਾਣ-ਪੀਣ 'ਤੇ ਖ਼ਰਚ ਹੁੰਦਾ ਹੈ। ਦਾਲਾਂ, ਸਬਜ਼ੀਆਂ, ਤੇਲ, ਆਟਾ ਅਤੇ ਦੁੱਧ ਦੀਆਂ ਕੀਮਤਾਂ ਵਿੱਚ ਮਾਮੂਲੀ ਵਾਧਾ ਵੀ ਗਰੀਬ ਅਤੇ ਹੇਠਲੇ ਮੱਧਮ ਵਰਗ ਦੀ ਕਮਰ ਤੋੜ ਕੇ ਰੱਖ ਦਿੰਦਾ ਹੈ। ਜਦੋਂ ਮਹਿੰਗਾਈ ਦਰ 7 ਪ੍ਰਤੀਸ਼ਤ ਤੋਂ ਘਟ ਕੇ 4 ਪ੍ਰਤੀਸ਼ਤ ਹੁੰਦੀ ਹੈ, ਤਾਂ ਇਸ ਦਾ ਮਤਲਬ ਭਾਅ ਘਟਣਾ ਨਹੀਂ ਹੁੰਦਾ, ਸਗੋਂ ਕੀਮਤਾਂ ਦੇ ਵਧਣ ਦੀ ਰਫ਼ਤਾਰ ਮੱਠੀ ਪੈਣਾ ਹੁੰਦਾ ਹੈ। ਅੰਕੜਾ ਮਾਹਰ ਭਾਵੇਂ ਇਸ ਨੂੰ ਰਾਹਤ ਕਹਿਣ, ਪਰ ਰਸੋਈ ਚਲਾਉਣ ਵਾਲੀਆਂ ਗ੍ਰਹਿਣੀਆਂ ਲਈ ਮਹਿੰਗਾਈ ਦਾ ਭਾਰ ਉਸੇ ਤਰ੍ਹਾਂ ਬਰਕਰਾਰ ਰਹਿੰਦਾ ਹੈ।

**ਨੋਟਬੰਦੀ ਦੇ ਪ੍ਰਭਾਵਾਂ ਦਾ ਮੁਲਾਂਕਣ :** ਸਾਲ 2016 ਦੀ ਨੋਟਬੰਦੀ ਭਾਰਤ ਦੇ ਆਰਥਿਕ ਇਤਿਹਾਸ ਦਾ ਇੱਕ ਅਜਿਹਾ ਵੱਡਾ ਨੀਤੀਗਤ ਕਦਮ ਸੀ, ਜਿਸ ਨੇ ਰਾਤੋ-ਰਾਤ ਪ੍ਰਚੱਲਤ ਨਕਦੀ ਦਾ 86 ਪ੍ਰਤੀਸ਼ਤ ਹਿੱਸਾ ਬੰਦ ਕਰ ਦਿੱਤਾ ਸੀ। ਰਿਜ਼ਰਵ ਬੈਂਕ ਅਨੁਸਾਰ 15.31 ਲੱਖ ਕਰੋੜ ਦੀ ਰਕਮ ਬੈਂਕਿੰਗ ਪ੍ਰਣਾਲੀ ਵਿੱਚ ਵਾਪਸ ਆ ਗਈ ਸੀ।

ਆਰਥਿਕ ਅਧਿਐਨਾਂ ਨੇ ਪ੍ਰਮਾਣਿਤ ਕੀਤਾ ਹੈ ਕਿ ਉਸ ਵੇਲੇ ਨਕਦੀ ਦੀ ਤੋੜ ਕਾਰਨ 2016 ਦੀ ਆਖ਼ਰੀ ਤਿਮਾਹੀ ਦੌਰਾਨ ਰੋਜ਼ਗਾਰ ਅਤੇ ਕੁੱਲ ਆਰਥਿਕ ਗਤੀਵਿਧੀਆਂ 'ਤੇ ਲਗਭਗ 2 ਪ੍ਰਤੀਸ਼ਤ ਅੰਕ ਦਾ ਅਸਥਾਈ ਪਰ ਡੂੰਘਾ ਮਾਰੂ ਅਸਰ ਪਿਆ ਸੀ ਅਤੇ ਕਰਜ਼ਿਆਂ ਦੇ ਵਿਕਾਸ ਦੀ ਰਫ਼ਤਾਰ ਵੀ ਮੱਠੀ ਪਈ ਸੀ। ਭਾਵੇਂ ਬਾਅਦ ਵਿੱਚ ਅਰਥ-ਵਿਵਸਥਾ ਨੇ ਰਫ਼ਤਾਰ ਫੜੀ ਅਤੇ ਡਿਜੀਟਲ ਭੁਗਤਾਨਾਂ ਵਿੱਚ ਭਾਰੀ ਉਛਾਲ ਆਇਆ, ਪਰ ਨਕਦੀ 'ਤੇ ਚੱਲਣ ਵਾਲੇ ਅਸੰਗਠਿਤ ਛੋਟੇ ਵਪਾਰ ਅਤੇ ਦਿਹਾੜੀਦਾਰਾਂ ਨੇ ਇਸ ਝਟਕੇ ਨੂੰ ਸਭ ਤੋਂ ਵੱਧ ਝੱਲਿਆ। ਇਸ ਲਈ ਨੋਟਬੰਦੀ ਦੇ ਤੁਰੰਤ ਝਟਕਿਆਂ ਨੂੰ ਮੰਨਣਾ ਜ਼ਰੂਰੀ ਹੈ, ਪਰ ਦਹਾਕੇ ਬਾਅਦ ਦੀ ਹਰ ਸਮੱਸਿਆ ਦਾ ਦੋਸ਼ ਸਿਰਫ਼ ਉਸੇ ਫ਼ੈਸਲੇ ਸਿਰ ਮੜ੍ਹ ਦੇਣਾ ਵੀ ਆਰਥਿਕ ਵਿਸ਼ਲੇਸ਼ਣ ਦੇ ਅਸੂਲਾਂ ਦੇ ਉਲਟ ਹੋਵੇਗਾ।

**ਕੋਰੋਨਾ ਮਹਾਂਮਾਰੀ ਦੀ ਦੋਹਰੀ ਮਾਰ ਅਤੇ ਸਮਾਜਿਕ ਪਾੜਾ :** ਸਾਲ 2020-21 ਦੌਰਾਨ ਕੋਵਿਡ-19 ਮਹਾਂਮਾਰੀ ਦੀ ਮਾਰ ਕਾਰਨ ਭਾਰਤ ਦੇ ਕੁੱਲ ਘਰੇਲੂ ਉਤਪਾਦ ਵਿੱਚ 5.8 ਪ੍ਰਤੀਸ਼ਤ ਦਾ ਵੱਡਾ ਨਿਘਾਰ ਆਇਆ ਸੀ। ਹਾਲਾਂਕਿ ਇਸ ਤੋਂ ਅਗਲੇ ਸਾਲਾਂ ਵਿੱਚ ਅਰਥ ਵਿਵਸਥਾ ਨੇ ਤੇਜ਼ੀ ਨਾਲ ਵਾਪਸੀ ਕੀਤੀ, ਪਰ ਇਸ ਆਫ਼ਤ ਨੇ ਵੱਖ-ਵੱਖ ਵਰਗਾਂ ਨੂੰ ਜਿਸ ਅਸਮਾਨ ਢੰਗ ਨਾਲ ਨਪੀੜਿਆ, ਉਸ ਦੇ ਜ਼ਖ਼ਮ ਅੱਜ ਵੀ ਅੱਲੇ ਹਨ।

ਅੰਤਰਰਾਸ਼ਟਰੀ ਮਜ਼ਦੂਰ ਸੰਸਥਾ ਮੁਤਾਬਕ ਪਹਿਲੀ ਤਾਲਾਬੰਦੀ ਦੌਰਾਨ ਤਕਰੀਬਨ 10.4 ਕਰੋੜ ਗੈਰ-ਸੰਗਠਿਤ ਕਾਮੇ ਸਿੱਧੀ ਮਾਰ ਹੇਠ ਆਏ ਸਨ, ਅਤੇ ਪਾਬੰਦੀਆਂ ਹਟਣ ਮਗਰੋਂ ਵੀ ਲਗਭਗ 6.95 ਕਰੋੜ ਮਜ਼ਦੂਰ ਅਨਿਸਚਿਤਤਾ ਵਿੱਚ ਭਟਕ ਰਹੇ ਸਨ। ਜਿਨ੍ਹਾਂ ਕੋਲ ਘਰ ਬੈਠ ਕੇ ਕੰਮ ਕਰਨ (ਵਰਕ ਫਰਾਮ ਹੋਮ) ਦੀ ਸਹੂਲਤ, ਬੈਂਕ ਬੈਲੇਂਸ ਜਾਂ ਪੱਕੀ ਤਨਖ਼ਾਹ ਸੀ, ਉਨ੍ਹਾਂ ਦਾ ਜੀਵਨ ਅਤੇ ਪੈਦਲ ਹੀ ਆਪਣੇ ਪਿੰਡਾਂ ਨੂੰ ਤੁਰ ਪਏ ਪ੍ਰਵਾਸੀ ਮਜ਼ਦੂਰਾਂ ਦੀ ਹੋਣੀ ਜ਼ਮੀਨ-ਅਸਮਾਨ ਵਾਂਗ ਵੱਖਰੀ ਸੀ। ਇਹ ਵੀ ਸੱਚ ਹੈ ਕਿ ਸਰਕਾਰੀ ਮੁਫ਼ਤ ਰਾਸ਼ਨ ਅਤੇ ਹੋਰ ਸਹਾਇਤਾ ਯੋਜਨਾਵਾਂ ਨੇ ਕਰੋੜਾਂ ਲੋਕਾਂ ਨੂੰ ਭੁੱਖਮਰੀ ਦੇ ਮੂੰਹੋਂ ਕੱਢਣ ਵਿੱਚ ਵੱਡਾ ਸਹਾਰਾ ਦਿੱਤਾ। ਇਸ ਲਈ ਮਹਾਂਮਾਰੀ ਦਾ ਦੌਰ ਤਬਾਹੀ ਅਤੇ ਸੁਰਜੀਤੀ, ਦੋਵਾਂ ਦੇ ਸੁਮੇਲ ਦੀ ਅਜਿਹੀ ਦਾਸਤਾਨ ਹੈ ਜਿਸ ਨੂੰ ਭੁਲਾਇਆ ਨਹੀਂ ਜਾ ਸਕਦਾ।

**ਤਰੱਕੀ ਅਤੇ ਬਦਹਾਲੀ ਦੇ ਦੋਰਾਹੇ 'ਤੇ ਖੜ੍ਹਾ ਵਿਸ਼ਾਲ ਮੁਲਕ :** ਮੌਜੂਦਾ ਵਿੱਤੀ ਸਾਲ (2026-27) ਦੀ ਪਹਿਲੀ ਤਿਮਾਹੀ ਵਿੱਚ ਦੇਸ਼ ਦਾ ਕੁੱਲ ਘਰੇਲੂ ਉਤਪਾਦ 7.8 ਪ੍ਰਤੀਸ਼ਤ ਦੀ ਦਰ ਨਾਲ ਵਧਿਆ ਹੈ, ਜੋ ਵਿਸ਼ਵ ਪੱਧਰ 'ਤੇ ਮਜ਼ਬੂਤ ਆਰਥਿਕ ਵਿਕਾਸ ਦਾ ਸੂਚਕ ਹੈ। ਗਰੀਬੀ ਦੇ ਅਨੁਪਾਤ ਵਿੱਚ ਕਮੀ ਆਈ ਹੈ, ਪਿੰਡਾਂ ਅਤੇ ਸ਼ਹਿਰਾਂ ਵਿਚਲਾ ਖਪਤ-ਪਾੜਾ ਘਟਿਆ ਹੈ ਅਤੇ ਔਰਤਾਂ ਦੀ ਕਾਰਜ-ਖੇਤਰ ਵਿੱਚ ਸ਼ਮੂਲੀਅਤ ਵਧੀ ਹੈ। ਇਹ ਸਾਰੇ ਸੁਧਾਰ ਪ੍ਰਸ਼ੰਸਾਯੋਗ ਹਨ।

ਇਸ ਤਸਵੀਰ ਦਾ ਦੂਜਾ ਪਾਸਾ ਇਹ ਵੀ ਹੈ ਕਿ 23.2 ਕਰੋੜ ਭਾਰਤੀ ਅੱਜ ਵੀ ਬੁਨਿਆਦੀ ਗਰੀਬੀ-ਰੇਖਾ ਤੋਂ ਹੇਠਾਂ ਹਨ। 56.2 ਪ੍ਰਤੀਸ਼ਤ ਕਿਰਤੀ ਅਸੁਰੱਖਿਅਤ ਸਵੈ-ਰੋਜ਼ਗਾਰ 'ਤੇ ਨਿਰਭਰ ਹਨ, 43 ਪ੍ਰਤੀਸ਼ਤ ਰੋਜ਼ਗਾਰ ਅੱਜ ਵੀ ਘਾਟੇਵੰਦੀ ਖੇਤੀ ਨਾਲ ਬੱਝਿਆ ਹੋਇਆ ਹੈ, ਪਿੰਡਾਂ ਵਿੱਚ ਖਾਣ-ਪੀਣ ਦੀ ਮਹਿੰਗਾਈ 6.13 ਪ੍ਰਤੀਸ਼ਤ 'ਤੇ ਹੈ ਅਤੇ ਕੁੱਲ ਦੌਲਤ ਦਾ ਵੱਡਾ ਹਿੱਸਾ ਉੱਪਰਲੇ 1 ਪ੍ਰਤੀਸ਼ਤ ਲੋਕਾਂ ਦੇ ਕਬਜ਼ੇ ਵਿੱਚ ਹੈ।

ਕਿਸੇ ਵੀ ਮੁਲਕ ਨੂੰ ਆਪਣੇ ਉਦਯੋਗਪਤੀਆਂ ਅਤੇ ਅਰਬਪਤੀਆਂ ਦੀਆਂ ਪ੍ਰਾਪਤੀਆਂ 'ਤੇ ਮਾਣ ਹੋ ਸਕਦਾ ਹੈ, ਪਰ ਉਸੇ ਦੇਸ਼ ਦੀ ਸਰਕਾਰ ਅਤੇ ਸਮਾਜ ਦਾ ਇਹ ਅਹਿਮ ਫ਼ਰਜ਼ ਹੈ ਕਿ ਉਹ ਖੇਤਾਂ ਵਿੱਚ ਖ਼ੂਨ-ਪਸੀਨਾ ਵਹਾਉਂਦੇ ਕਿਸਾਨ ਦੀ ਆਮਦਨ, ਮਜ਼ਦੂਰ ਦੀ ਦਿਹਾੜੀ, ਬੱਚਿਆਂ ਦੇ ਪੋਸ਼ਣ ਅਤੇ ਔਰਤਾਂ ਦੀ ਸਮਾਜਿਕ-ਆਰਥਿਕ ਸੁਰੱਖਿਆ ਬਾਰੇ ਵੀ ਓਨੀ ਹੀ ਸੰਵੇਦਨਸ਼ੀਲਤਾ ਨਾਲ ਵਿਚਾਰ ਕਰੇ।

ਮਿੱਟੀ ਨਾਲ ਮਿੱਟੀ ਹੋ ਰਹੇ ਮਜ਼ਦੂਰ ਦਾ ਇਸ ਗੱਲ ਨਾਲ ਕੋਈ ਸਰੋਕਾਰ ਨਹੀਂ ਕਿ ਦੇਸ਼ ਵਿੱਚ ਅਰਬਪਤੀ 300 ਹਨ ਜਾਂ 400। ਉਸ ਦਾ ਸਵਾਲ ਬੜਾ ਸਰਲ ਅਤੇ ਦਿਲ ਨੂੰ ਛੂਹਣ ਵਾਲਾ ਹੈ—ਕੀ ਮਹੀਨੇ ਦੇ ਅੰਤ 'ਤੇ ਆਟਾ-ਦਾਲ, ਬੱਚਿਆਂ ਦੀਆਂ ਸਕੂਲ ਫ਼ੀਸਾਂ, ਬਜ਼ੁਰਗਾਂ ਦੀ ਦਵਾਈ ਅਤੇ ਬਿਜਲੀ ਦਾ ਬਿੱਲ ਭਰਨ ਤੋਂ ਬਾਅਦ ਉਸ ਦੀ ਜੇਬ ਵਿੱਚ ਕੋਈ ਪੈਸਾ ਬਚਦਾ ਹੈ? ਕਿਸਾਨ ਲਈ ਤਰੱਕੀ ਦਾ ਮਾਪ ਇਹ ਹੈ ਕਿ ਕੁਦਰਤ ਦੀ ਕਰੋਪੀ ਨਾਲ ਮਾਰੀ ਗਈ ਇੱਕ ਫ਼ਸਲ ਉਸ ਦੇ ਗਲ਼ ਵਿੱਚ ਕਰਜ਼ੇ ਦੀ ਫਾਹੀ ਪਾਉਂਦੀ ਹੈ ਜਾਂ ਨਹੀਂ। ਔਰਤ ਲਈ ਵਿਕਾਸ ਇਹ ਹੈ ਕਿ ਉਸ ਨੂੰ ਮਿਲੇ ਕੰਮ ਨੇ ਉਸ ਦੇ ਆਤਮ-ਸਨਮਾਨ ਅਤੇ ਫ਼ੈਸਲੇ ਲੈਣ ਦੀ ਆਜ਼ਾਦੀ ਵਿੱਚ ਕਿੰਨਾ ਵਾਧਾ ਕੀਤਾ। ਦਲਿਤਾਂ ਅਤੇ ਆਦਿਵਾਸੀਆਂ ਲਈ ਪ੍ਰਾਪਤੀ ਇਹ ਹੈ ਕਿ ਕੀ ਸਿੱਖਿਆ, ਸਿਹਤ ਅਤੇ ਜੀਵਨ-ਪੱਧਰ ਵਿੱਚ ਉਨ੍ਹਾਂ ਨਾਲ ਸਦੀਆਂ ਤੋਂ ਹੁੰਦਾ ਆ ਰਿਹਾ ਵਿਤਕਰਾ ਘਟਿਆ ਹੈ?

ਭਾਰਤ ਦੀ ਸਭ ਤੋਂ ਸੱਚੀ ਅਤੇ ਪ੍ਰਮਾਣਿਕ ਆਰਥਿਕ ਖ਼ਬਰ ਇਹ ਨਹੀਂ ਕਿ ਸਭ ਤੋਂ ਵੱਡੇ ਸਰਮਾਏਦਾਰ ਦੀ ਸੰਪਤੀ ਕਿੰਨੇ ਅਰਬ ਡਾਲਰ ਹੋ ਗਈ। ਅਸਲ ਖ਼ਬਰ ਇਹ ਹੈ ਕਿ ਮੁਲਕ ਦੀ ਸਭ ਤੋਂ ਕਮਜ਼ੋਰ ਝੁੱਗੀ ਅਤੇ ਸਭ ਤੋਂ ਆਖ਼ਰੀ ਢਾਰੇ ਵਿੱਚ ਰਹਿੰਦੇ ਪਰਵਾਰ ਦੇ ਜੀਵਨ ਵਿੱਚ ਬੀਤੇ ਦਹਾਕੇ ਦੌਰਾਨ ਕੀ ਬਦਲਾਅ ਆਇਆ ਹੈ।

**# ਸੰਪਰਕ : : 95014-77889**

# ਮਨਮਾਨੀਆਂ ਕਰਨ ਵਾਲੇ ਭਲਾਈ ਅਫਸਰਾਂ ਖ਼ਿਲਾਫ਼ ਹੋਵੇ ਸਖ਼ਤ ਕਾਰਵਾਈ : ਐਡਵੋਕੇਟ ਢਾਬਾਂ, ਧਰਮੂਵਾਲਾ

## ਏ ਆਈ ਐੱਸ ਐੱਫ ਤੇ ਕੰਸਟਰਕਸ਼ਨ ਵਰਕਰ ਯੂਨੀਅਨ ਇਟਕ ਵੱਲੋਂ ਵਿਧਾਇਕ ਨੂੰ ਮੰਗ ਪੱਤਰ



ਜਲਾਲਾਬਾਦ (ਜੀਤ ਕੁਮਾਰ, ਜੰਗੀਰ ਕੌਰ, ਬਲਵਿੰਦਰ ਸਿੰਘ)- ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ (ਏਆਈਐੱਸਐੱਫ) ਤੇ ਕੰਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ ਇਟਕ ਦਾ ਇੱਕ ਵਫ਼ਦ ਨੇ ਮਿਲ ਕੇ ਵਿਧਾਇਕ ਜਲਾਲਾਬਾਦ ਜਗਦੀਪ ਕੰਬੋਜ ਗੋਲਡੀ ਨੂੰ ਮੰਗ ਪੱਤਰ ਦਿੱਤਾ ਗਿਆ। ਇਸ ਮੌਕੇ ਏਆਈਐੱਸਐੱਫ ਦੇ ਸੂਬਾ ਪ੍ਰਧਾਨ ਰਮਨ ਧਰਮੂਵਾਲਾ, ਜ਼ਿਲ੍ਹਾ ਸਕੱਤਰ ਸਟਾਲਿਨ ਲਮੋਚੜ, ਕੰਸਟਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ (ਰਜਿ:) ਇਟਕ ਦੇ ਸੂਬਾ ਡਿਪਟੀ ਜਨਰਲ ਸਕੱਤਰ ਐਡਵੋਕੇਟ ਪਰਮਜੀਤ ਢਾਬਾਂ, ਜ਼ਿਲ੍ਹਾ ਸਕੱਤਰ ਸੋਨਾ ਧੁੰਨਕੀਆਂ, ਮਨਜਿੰਦਰ ਕੌਰ ਬੱਘੇਕੇ ਦੀ ਅਗਵਾਈ 'ਚ ਹਲਕੇ ਦੇ ਵਿਧਾਇਕ ਨੂੰ ਮੈਮੋਰੰਡਮ ਦਿੱਤਾ ਗਿਆ। ਆਗੂਆਂ ਵੱਲੋਂ ਦੋਸ਼ ਲਗਾਇਆ ਗਿਆ ਕਿ ਤਹਿਸੀਲ ਭਲਾਈ ਅਫਸਰ ਫਾਜ਼ਿਲਕਾ ਵੱਲੋਂ ਅਣ-ਅਧਿਕਾਰਿਤ ਤੌਰ 'ਤੇ ਵੱਖ ਵੱਖ ਸਕੂਲਾਂ ਤੇ ਕਾਲਜਾਂ ਨੂੰ ਮੈਸੇਜ ਭੇਜ ਕੇ ਉਸਾਰੀ ਕਿਰਤੀਆਂ ਦੇ ਬੱਚਿਆਂ ਨੂੰ ਮਿਲਣ ਵਾਲੇ ਵਜ਼ੀਫੇ ਦੇ ਲਾਭ ਤੋਂ ਰੋਕਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਵਿਦਿਆਰਥੀਆਂ ਕਾਲਜਾਂ ਨੂੰ ਦੂਹਰੇ ਵਜ਼ੀਫੇ ਲੈਣ ਸਬੰਧੀ ਪੱਤਰ ਜਾਰੀ ਕਰ ਦਿੱਤੇ ਜਾਣਗੇ। ਵਿਧਾਇਕ ਕੰਬੋਜ ਵੱਲੋਂ ਪੋਰਟਲ 'ਤੇ ਵਜ਼ੀਫ਼ੇ ਭਰਨ ਸਬੰਧੀ ਆ ਰਹੀ ਸਮੱਸਿਆ ਨੂੰ ਲੈ ਕੇ ਚੰਡੀਗੜ੍ਹ ਫੋਨ 'ਤੇ ਗੱਲਬਾਤ ਕੀਤੀ ਗਈ, ਜਿਸ ਨੂੰ ਜਲਦ ਹੱਲ ਕਰਵਾਉਣ ਦਾ ਵਿਸ਼ਵਾਸ ਦਵਾਇਆ ਗਿਆ। ਆਗੂਆਂ ਵੱਲੋਂ ਵਿਧਾਇਕ ਦੁਆਰਾ ਕੀਤੀ ਗਈ ਪਹਿਲ ਕਦਮੀ ਦਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਵੱਲੋਂ ਇੱਕ ਮਸਲਾ ਤੁਰੰਤ ਹੱਲ ਕਰ ਦਿੱਤਾ ਗਿਆ ਹੈ ਤੇ ਦੂਜਾ ਜਲਦ ਹੀ ਹੱਲ ਕਰਵਾ ਯਤਨ ਕਰਨਗੇ। ਇਸ ਮੌਕੇ ਐਡਵੋਕੇਟ ਪਰਮਜੀਤ ਢਾਬਾਂ ਤੇ ਵਿਦਿਆਰਥੀਆਂ ਦੇ ਸੂਬਾ ਪ੍ਰਧਾਨ ਰਮਨ ਧਰਮੂ ਵਾਲਾ ਨੇ ਪੰਜਾਬ ਸਰਕਾਰ ਨੂੰ ਅਪੀਲ ਕਰਦਿਆਂ ਕਿਹਾ ਕਿ ਮਨਮਰਜ਼ੀ ਦੇ ਹੁਕਮ ਪਾਸ ਕਰਨ ਵਾਲੇ ਲੋਕਾਂ ਦੀ ਭਲਾਈ ਲਈ ਲੱਗੇ ਅਫਸਰਾਂ ਵੱਲੋਂ ਦਿੱਤਾ ਕਿ ਉਹ ਕਿਸੇ ਸਕੂਲ ਕਾਲਜ ਨੂੰ ਗੈਰ-ਕਾਨੂੰਨੀ ਤਰੀਕੇ ਨਾਲ ਵਿਦਿਆਰਥੀਆਂ ਨੂੰ ਵਜ਼ੀਫੇ ਦੇ ਲਾਭ ਲੈਣ ਤੋਂ ਰੋਕਣ ਲਈ ਮੈਸਜ ਕਰੇ। ਉਸ ਖ਼ਿਲਾਫ਼ ਕਾਰਵਾਈ ਕਰਨੀ ਚਾਹੀਦੀ ਹੈ।

ਵੱਲੋਂ ਸਰਕਾਰੀ ਕਾਲਜ ਲੜਕੀਆਂ ਵਿੱਚ ਲਾਈਟ ਦੀ ਸਮੱਸਿਆ ਨੂੰ ਲੈ ਕੇ ਵੀ ਵਿਧਾਇਕ ਨਾਲ ਗੱਲਬਾਤ ਕੀਤੀ ਗਈ।

ਵਿਧਾਇਕ ਵੱਲੋਂ ਮੀਡੀਆ ਸਾਹਮਣੇ ਤਹਿਸੀਲ ਭਲਾਈ ਅਫਸਰ ਨਾਲ ਫੋਨ 'ਤੇ ਗੱਲ ਕਰਨ 'ਤੇ ਉਕਤ ਮਾਮਲੇ ਨੂੰ ਸੁਲਝਾ ਲਿਆ ਗਿਆ ਹੈ। ਤਹਿਸੀਲ ਭਲਾਈ ਅਫਸਰ ਵੱਲੋਂ ਵਿਧਾਇਕ ਨੂੰ ਵਿਸ਼ਵਾਸ ਦਵਾਇਆ ਗਿਆ ਕਿ ਉਨ੍ਹਾਂ ਵੱਲੋਂ ਸਕੂਲ

# ਪੰਜਾਬੀ ਯੂਨੀਵਰਸਿਟੀ 'ਤੇ ਪੇਪਰ 'ਚੋਂ ਪਾਸ ਕਰਾਉਣ ਬਦਲੇ ਰੁਪਏ ਠੱਗਣ ਦਾ ਦੋਸ਼

ਪਟਿਆਲਾ (ਰਾਜਿੰਦਰ ਸਿੰਘ ਥਿੰਦ)- ਪੰਜਾਬੀ ਯੂਨੀਵਰਸਿਟੀ ਵਿਖੇ ਉੱਤਰ ਪੱਤਰੀਆਂ 'ਚੋਂ ਪੰਨੇ ਬਦਲਣ ਦਾ ਮਸਲਾ ਅਜੇ ਹੱਲ ਨਹੀਂ ਹੋਇਆ ਸੀ ਕਿ ਹੁਣ ਪਾਸ ਕਰਾਉਣ ਵਾਲੇ ਪੈਸੇ ਲੈਣ ਦਾ ਮਾਮਲਾ ਸਾਹਮਣੇ ਆ ਗਿਆ ਹੈ। ਯੂਨੀਵਰਸਿਟੀ ਦੇ ਇੱਕ ਚੌਥਾ ਦਰਜਾ ਮੁਲਾਜ਼ਮ ਤੇ ਵਿਦਿਆਰਥੀ ਨੂੰ ਪ੍ਰੀਖਿਆ 'ਚੋਂ ਪਾਸ ਕਰਾਉਣ ਦਾ ਝਾਂਸਾ ਦੇ ਕੇ 40 ਹਜ਼ਾਰ ਰੁਪਏ ਲੈਣ ਦੇ ਦੋਸ਼ ਲੱਗ ਰਹੇ ਹਨ। ਪੈਸੇ ਦੇਣ ਦੇ ਬਾਵਜੂਦ ਜਦੋਂ ਵਿਦਿਆਰਥੀ ਪਾਸ ਨਾ ਹੋ ਸਕਿਆ ਤਾਂ ਪ੍ਰੀਖਿਆ ਵਿਚੋਂ ਫੇਲ੍ਹ ਹੋ ਗਿਆ, ਤਾਂ ਉਸ ਨੇ ਮੁਲਾਜ਼ਮ ਖ਼ਿਲਾਫ਼ ਪ੍ਰਸ਼ਾਸਨ ਅਤੇ ਪੁਲਸ ਕੋਲ ਲਿਖਤੀ ਸ਼ਿਕਾਇਤ ਦਰਜ ਕਰਾਈ। ਜਾਣਕਾਰੀ ਅਨੁਸਾਰ ਮੁਲਜ਼ਮ ਮੁਲਾਜ਼ਮ ਯੂਨੀਵਰਸਿਟੀ ਦੀ ਪ੍ਰੀਖਿਆ ਸ਼ਾਖਾ ਵਿੱਚ ਤਾਇਨਾਤ ਸੀ। ਵਿਦਿਆਰਥੀ ਨੇ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਮੁਲਾਜ਼ਮ ਨੇ ਉਸ ਨੂੰ ਭਰੋਸਾ ਦਿੱਤਾ ਸੀ ਕਿ ਉਹ ਉਸ ਨੂੰ ਪ੍ਰੀਖਿਆ ਵਿੱਚੋਂ ਅਸਾਨੀ ਨਾਲ ਪਾਸ ਕਰਾ ਦੇਵੇਗਾ। ਇਸ ਵਿਚ ਖ਼ਬਰਾਂ ਮੁਲਜ਼ਮ ਨੇ ਉਸ ਕੋਲੋਂ 40 ਹਜ਼ਾਰ ਰੁਪਏ ਦੀ ਰਕਮ ਹਾਸਲ ਕਰ ਲਈ। ਨਤੀਜਾ ਆਉਣ ਤੇ ਵਿਦਿਆਰਥੀ ਨੂੰ ਪਤਾ ਲੱਗਾ ਕਿ ਉਹ ਪਾਸ ਹੋਣ ਦੀ ਬਜਾਏ ਫੇਲ੍ਹ ਹੋ ਗਿਆ ਹੈ। ਖ਼ੁਦ ਨੂੰ ਠੱਗਿਆ ਮਹਿਸੂਸ ਕਰਦਿਆਂ ਵਿਦਿਆਰਥੀ ਨੇ ਮੁਲਾਜ਼ਮ ਖ਼ਿਲਾਫ਼ ਸਖ਼ਤ ਕਾਨੂੰਨੀ ਤੇ ਪ੍ਰਸ਼ਾਸਨਿਕ ਕਾਰਵਾਈ ਦੀ ਮੰਗ ਕੀਤੀ ਹੈ। ਭੈੜੀ ਮੁਲਜ਼ਮ ਦਾ ਤਬਾਦਲਾ, ਜਾਂਚ ਕਮੇਟੀ ਦਾ ਗਠਨ ਇਹ ਮਾਮਲਾ ਸਾਹਮਣੇ ਆਉਂਦੇ ਹੀ ਯੂਨੀਵਰਸਿਟੀ ਪ੍ਰਸ਼ਾਸਨ ਹਰਕਤ ਵਿੱਚ ਆ ਗਿਆ। ਅਥਾਰਟੀ ਨੇ ਕਾਰਵਾਈ ਕਰਦਿਆਂ ਮੁਲਜ਼ਮ ਦਾ ਤਬਾਦਲਾ ਤੁਰੰਤ ਪ੍ਰਭਾਵ ਨਾਲ ਪ੍ਰੀਖਿਆ ਸ਼ਾਖਾ ਤੋਂ ਅਮਲਾ ਸ਼ਾਖਾ ਵਿੱਚ ਕਰ ਦਿੱਤਾ ਹੈ, ਤਾਂ ਜੁ ਉਹ ਜਾਂਚ ਪ੍ਰਕਿਰਿਆ ਜਾਂ ਰਿਕਾਰਡ ਨੂੰ ਪ੍ਰਭਾਵਿਤ ਨਾ ਕਰ ਸਕੇ। ਇਸ ਦੇ ਨਾਲ ਹੀ ਪੂਰੇ ਮਾਮਲੇ ਦੀ ਨਿਰਪੱਖ ਪੜਤਾਲ ਲਈ ਇੱਕ ਵਿਸ਼ੇਸ਼ ਜਾਂਚ ਕਮੇਟੀ ਦਾ ਗਠਨ ਕੀਤਾ ਗਿਆ ਹੈ। ਯੂਨੀਵਰਸਿਟੀ ਅਧਿਕਾਰੀਆਂ ਦਾ ਕਹਿਣਾ ਹੈ ਕਿ ਜਾਂਚ ਰਿਪੋਰਟ ਆਉਣ ਤੋਂ ਬਾਅਦ ਦੋਸ਼ੀ ਪਾਏ ਜਾਣ ਤੇ ਮੁਲਜ਼ਮ ਖ਼ਿਲਾਫ਼ ਨਿਯਮਾਂ ਅਨੁਸਾਰ ਸਖ਼ਤ ਵਿਭਾਗੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਦੂਜੇ ਪਾਸੇ ਪੁਲਿਸ ਵੱਲੋਂ ਵੀ ਵਿਦਿਆਰਥੀ ਦੀ ਸ਼ਿਕਾਇਤ ਦੇ ਆਧਾਰ 'ਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਦੱਸਣਾ ਬਣਦਾ ਹੈ ਕਿ ਬੀਤੇ ਮਹੀਨੇ ਪ੍ਰਧਾਨ ਮੁਲਾਜ਼ਮ ਵੱਲੋਂ ਵੱਖ ਪੰਨਿਆਂ ਵਿਚ ਵੀ ਹੇਰ-ਫੇਰ ਦਾ ਮਾਮਲਾ ਸਾਹਮਣੇ ਆ ਚੁੱਕਿਆ ਹੈ, ਜਿਸ ਵਿੱਚ ਵਿਦਿਆਰਥੀਆਂ ਦੀਆਂ ਉੱਤਰ ਪੱਤਰੀਆਂ ਦੇ ਪੰਨਿਆਂ ਨੂੰ ਬਦਲ ਦਿੱਤਾ ਜਾਂਦਾ ਸੀ। ਉੱਤਰ ਪੱਤਰੀਆਂ ਦੇ ਪੰਨਿਆਂ ਵਿਚ ਲਿਖਾਈ ਤੇ ਨੰਬਰਾਂ ਦਾ ਮੇਲ ਨਾ ਹੋਣ 'ਤੇ ਜਾਂਚ ਸ਼ੁਰੂ ਕੀਤੀ ਗਈ ਤਾਂ ਸਾਹਮਣੇ ਆਇਆ ਕਿ ਇੱਕ ਵਿਸ਼ੇ ਦੇ ਕਈ ਵਿਦਿਆਰਥੀਆਂ ਦੀਆਂ ਉੱਤਰ ਪੱਤਰੀਆਂ ਬਦਲੀਆਂ ਜਾ ਚੁੱਕੀਆਂ ਹਨ, ਹਾਲਾਂਕਿ ਉਸ ਸਮੇਂ 'ਵਰਸਿਟੀ ਵੱਲੋਂ ਮਾਮਲੇ ਦੀ ਜਾਂਚ ਲਈ ਉੱਚ ਪੱਧਰੀ ਕਮੇਟੀ ਦਾ ਗਠਨ ਕੀਤਾ ਸੀ, ਪਰ ਜਾਂਚ ਰਿਪੋਰਟ ਅਜੇ ਤੱਕ ਜਨਤਕ ਨਹੀਂ ਹੋ ਸਕੀ ਹੈ।

# ਐੱਨ ਐੱਚ ਐੱਮ ਮੁਲਾਜ਼ਮਾਂ ਵੱਲੋਂ ਭੁੱਲਰ ਦੇ ਦਫ਼ਤਰ ਅੱਗੇ ਰੋਸ ਧਰਨਾ

## ਵਿਧਾਇਕ ਵੱਲੋਂ ਮੰਗਾਂ ਮੁੱਖ ਮੰਤਰੀ ਤੱਕ ਪਹੁੰਚਾਉਣ ਦਾ ਭਰੋਸਾ



ਫਿਰੋਜ਼ਪੁਰ (ਅਸ਼ੋਕ ਸ਼ਰਮਾ)- ਐੱਨ.ਐੱਚ.ਐੱਮ. ਮੁਲਾਜ਼ਮ ਯੂਨੀਅਨ ਪੰਜਾਬ ਦੇ ਸੱਦੇ 'ਤੇ ਅੱਜ ਜ਼ਿਲ੍ਹਾ ਫਿਰੋਜ਼ਪੁਰ ਦੇ ਐੱਨ.ਐੱਚ.ਐੱਮ. ਮੁਲਾਜ਼ਮਾਂ ਵੱਲੋਂ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਰੋਸ ਮਾਰਚ ਕੀਤਾ ਗਿਆ। ਇਹ ਰੋਸ ਮਾਰਚ ਸਿਵਲ ਹਸਪਤਾਲ ਫਿਰੋਜ਼ਪੁਰ ਤੋਂ ਸ਼ੁਰੂ ਹੋਇਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਐੱਨ.ਐੱਚ.ਐੱਮ. ਮੁਲਾਜ਼ਮਾਂ ਨੇ ਸ਼ਮੂਲੀਅਤ ਕੀਤੀ। ਰੋਸ ਮਾਰਚ ਕਰਦੇ ਹੋਏ ਮੁਲਾਜ਼ਮ ਵਿਧਾਇਕ ਸ. ਰਣਬੀਰ ਸਿੰਘ ਭੁੱਲਰ ਦੇ ਦਫ਼ਤਰ ਅੱਗੇ ਪਹੁੰਚੇ, ਜਿੱਥੇ ਉਨ੍ਹਾਂ ਵੱਲੋਂ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਆਪਣੀਆਂ ਮੰਗਾਂ ਦੇ ਹੱਕ ਵਿੱਚ ਨਾਅਰੇਬਾਜ਼ੀ ਕੀਤੀ ਗਈ। ਇਸ ਉਪਰੰਤ ਮੁਲਾਜ਼ਮਾਂ ਨੇ ਵਿਧਾਇਕ ਦੇ ਦਫ਼ਤਰ ਅੱਗੇ ਧਰਨਾ ਲਗਾ ਕੇ ਬੈਠ ਗਏ। ਇਸ ਮੌਕੇ ਵਿਧਾਇਕ ਰਣਬੀਰ ਸਿੰਘ ਭੁੱਲਰ ਖ਼ੁਦ ਮੁਲਾਜ਼ਮਾਂ ਦੇ ਵਿਚਕਾਰ ਪਹੁੰਚੇ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਧਿਆਨ ਨਾਲ ਸੁਣਿਆ। ਇਸ ਮੌਕੇ ਮੁਲਾਜ਼ਮ ਆਗੂ ਨਰਿੰਦਰ ਸਿੰਘ ਕਮਿਊਨਿਟੀ ਹੈਲਥ ਅਫਸਰ ਤੇ ਬਾਗੀਚ ਸਿੰਘ ਵੱਲੋਂ ਵਿਧਾਇਕ ਨੂੰ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਸੌਂਪਿਆ ਗਿਆ। ਵਿਧਾਇਕ ਨੇ ਮੁਲਾਜ਼ਮਾਂ ਦੀਆਂ ਮੰਗਾਂ ਨੂੰ ਜਾਇਜ਼ ਦੱਸਦਿਆਂ ਭਰੋਸਾ ਦਿੱਤਾ ਕਿ ਉਹ ਇਨ੍ਹਾਂ ਮੰਗਾਂ ਨੂੰ ਮੁੱਖ ਮੰਤਰੀ ਤੇ ਸਿਹਤ ਮੰਤਰੀ ਦੇ ਧਿਆਨ ਵਿੱਚ ਲਿਆਉਣਗੇ ਤੇ ਇਨ੍ਹਾਂ ਦੇ ਹੱਲ ਲਈ ਯਤਨ ਕਰਨਗੇ।

ਇਸ ਮੌਕੇ ਮੁਲਾਜ਼ਮ ਆਗੂ ਡਾ: ਪ੍ਰੀਤ ਮੁਖੀਜਾ ਤੇ ਹਰਜਿੰਦਰ ਸਿੰਘ ਨੇ ਕਿਹਾ ਕਿ ਐੱਨ.ਐੱਚ.ਐੱਮ. ਮੁਲਾਜ਼ਮ ਪਿਛਲੇ ਲੰਬੇ ਸਮੇਂ ਤੋਂ ਸਿਹਤ ਵਿਭਾਗ ਵਿੱਚ ਪੂਰੀ ਤਨਦੇਹੀ ਤੇ ਇਮਾਨਦਾਰੀ ਨਾਲ ਆਪਣੀਆਂ ਸੇਵਾਵਾਂ ਨਿਭਾਅ ਰਹੇ ਹਨ। ਕੋਰੋਨਾ ਮਹਾਂਮਾਰੀ ਦੌਰਾਨ ਵੀ ਮੁਲਾਜ਼ਮਾਂ ਨੇ ਆਪਣੀ ਜਾਨ ਦੀ ਪ੍ਰਵਾਹ ਕੀਤੇ ਬਿਨਾਂ ਲੋਕਾਂ ਦੀ ਸਿਹਤ ਸੰਭਾਲ ਵਿੱਚ ਅਹਿਮ ਭੂਮਿਕਾ ਨਿਭਾਈ। ਇਸ ਦੇ ਬਾਵਜੂਦ ਸਰਕਾਰ ਵੱਲੋਂ ਉਨ੍ਹਾਂ ਦੀਆਂ ਹੱਕੀ ਮੰਗਾਂ ਦਾ ਹੱਲ ਨਹੀਂ ਕੀਤਾ ਜਾ ਰਿਹਾ। ਆਗੂਆਂ ਨੇ ਮੰਗ ਕੀਤੀ ਕਿ ਐੱਨ.ਐੱਚ.ਐੱਮ. ਮੁਲਾਜ਼ਮਾਂ ਨੂੰ ਰੈਗੂਲਰ ਕੀਤਾ ਜਾਵੇ, ਬਰਾਬਰ ਕੰਮ ਬਦਲੇ ਬਰਾਬਰ ਤਨਖ਼ਾਹ ਦਿੱਤੀ ਜਾਵੇ, ਲਾਇਲਟੀ ਬੋਨਸ ਦਿੱਤਾ ਜਾਵੇ ਤੇ ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ। ਇਸ ਤੋਂ ਇਲਾਵਾ ਮੁਲਾਜ਼ਮਾਂ ਦੀਆਂ ਹੋਰ ਮੰਗਾਂ ਵਿੱਚ ਪਿਛਲੀਆਂ ਮੀਟਿੰਗਾਂ ਵਿੱਚ ਹੋਏ ਫ਼ੈਸਲਿਆਂ ਨੂੰ ਲਾਗੂ ਕਰਨਾ, ਮੰਗਾਂ ਦੇ ਹੱਲ ਲਈ ਗਠਿਤ ਕਮੇਟੀਆਂ ਦੀਆਂ ਮੀਟਿੰਗਾਂ ਕਰਵਾਉਣਾ, ਮੁਲਾਜ਼ਮਾਂ ਦੀਆਂ ਤਨਖ਼ਾਹਾਂ ਵਿੱਚ ਵਾਧਾ ਕਰਨਾ ਤੇ ਮਹਿੰਗਾਈ ਭੱਤੇ ਸਬੰਧੀ ਮੰਗਾਂ ਨੂੰ ਪੂਰਾ ਕਰਨਾ ਸ਼ਾਮਲ ਹੈ। ਮੁਲਾਜ਼ਮਾਂ ਨੇ ਮੰਗ ਕੀਤੀ ਕਿ ਸਿਹਤ ਵਿਭਾਗ ਵਿੱਚ ਕੰਮ ਕਰ ਰਹੇ ਐੱਨ.ਐੱਚ.ਐੱਮ. ਮੁਲਾਜ਼ਮਾਂ ਦੀਆਂ ਸੇਵਾ ਸ਼ਰਤਾਂ ਵਿੱਚ ਸੁਧਾਰ ਕਰਕੇ ਉਨ੍ਹਾਂ ਨੂੰ ਬਣਦੇ ਹੱਕ ਤੇ ਸਹੂਲਤਾਂ ਦਿੱਤੀਆਂ ਜਾਣ। ਮੁਲਾਜ਼ਮ ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਵਾਰ-ਵਾਰ ਭਰੋਸੇ ਦੇਣ ਦੇ ਬਾਵਜੂਦ ਮੰਗਾਂ ਦਾ ਹੱਲ ਨਾ ਹੋਣ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਜੇਕਰ ਸਰਕਾਰ ਨੇ ਜਲਦ ਮੰਗਾਂ ਪ੍ਰਵਾਨ ਨਾ ਕੀਤੀਆਂ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਸੰਘਰਸ਼ ਦੀ ਅਗਲੀ ਕੜੀ ਵਜੋਂ 9 ਅਕਤੂਬਰ 2026 ਨੂੰ ਧੂਰੀ ਵਿਖੇ ਸੂਬਾ ਪੱਧਰੀ ਰੈਲੀ ਕੀਤੀ ਜਾਵੇਗੀ। ਇਸ ਉਪਰੰਤ ਮੁਲਾਜ਼ਮਾਂ ਵੱਲੋਂ ਰੋਸ ਮਾਰਚ ਕਰਕੇ ਮੁੱਖ ਮੰਤਰੀ ਪੰਜਾਬ ਦੇ ਦਫ਼ਤਰ ਦਾ ਘਿਰਾਓ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਜਦੋਂ ਤੱਕ ਮੁਲਾਜ਼ਮਾਂ ਦੀਆਂ ਮੰਗਾਂ ਦਾ ਠੋਸ ਹੱਲ ਨਹੀਂ ਕੀਤਾ ਜਾਂਦਾ, ਉਦੋਂ ਤੱਕ ਸੰਘਰਸ਼ ਜਾਰੀ ਰਹੇਗਾ।

## ਕਾਤਰਾਂ

### ਜਗਦੀਸ਼ ਸਿੰਗਲਾ ਦੇ ਵਿਛੋੜੇ 'ਤੇ ਦੁੱਖ ਪ੍ਰਗਟ



ਧੂਰੀ (ਮਹਿੰਦਰ ਗਰਗ, ਮਨੋਹਰ ਸੱਗੂ)- ਪ੍ਰੈੱਸ ਫੈਡਰੇਸ਼ਨ ਆਫ਼ ਇੰਡੀਆ ਦੇ ਪ੍ਰਧਾਨ ਐਡਵੋਕੇਟ ਰਾਜੇਸ਼ਵਰ ਚੌਧਰੀ ਦੇ ਸਤਿਕਾਰਯੋਗ ਮਾਮਾ ਤੇ ਆਲ ਪੰਜਾਬ ਟਰੱਕ ਏਕਤਾ ਪੰਜਾਬ ਦੇ ਸੂਬਾ ਪ੍ਰਧਾਨ ਅਜੇ ਸਿੰਗਲਾ ਦਿੜ੍ਹਬਾ ਦੇ ਸਤਿਕਾਰਯੋਗ ਚਾਚਾ ਜਗਦੀਸ਼ ਰਾਏ ਸਿੰਗਲਾ, ਸਾਬਕਾ ਚੇਅਰਮੈਨ ਮਾਰਕਿਟ ਕਮੇਟੀ ਦਿੜ੍ਹਬਾ, ਜੋ ਬੀਤੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਨ, ਪਰਵਾਰ ਨਾਲ ਰਾਜਨੀਤਕ, ਧਾਰਮਿਕ, ਸਮਾਜਿਕ, ਵਪਾਰਕ ਸ਼ਖ਼ਸੀਅਤਾਂ ਦੇ ਆਗੂਆਂ ਨੇ ਦੁੱਖ ਸਾਂਝਾ ਕੀਤਾ ਹੈ। ਪਰਿਵਾਰਕ ਸੂਤਰਾਂ ਮੁਤਾਬਿਕ ਸ੍ਰੀ ਜਗਦੀਸ਼ ਰਾਏ ਸਿੰਗਲਾ ਦੀ ਆਤਮਿਕ ਸ਼ਾਂਤੀ ਨਮਿੱਤ ਸ੍ਰੀ ਗਰੁੜ ਪੁਰਾਣ ਦੀ ਕਥਾ ਦਾ ਭੋਗ 9 ਅਕਤੂਬਰ ਦੁਪਹਿਰ 01:00 ਵਜੇ ਤੋਂ 02:00 ਵਜੇ ਤੱਕ ਗੀਤਾ ਭਵਨ ਲਿੰਕ ਰੋਡ ਦਿੜ੍ਹਬਾ ਵਿਖੇ ਪਵੇਗਾ।

### ਸ੍ਰੀ ਰਾਮਲੀਲ੍ਹਾ ਦਾ ਮੰਚਨ 11 ਤੋਂ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪ੍ਰਜਾ)-ਸ੍ਰੀ ਰਾਮ ਸੇਵਾ ਸੰਮਤੀ ਵੱਲੋਂ ਪਿਛਲੇ ਸਾਲ ਵਾਂਗ ਇਸ ਵਾਰ ਵੀ ਟੌਂਡ ਕਰਮ ਭਵਨ ਵਿੱਚ ਸ੍ਰੀ ਰਾਮਲੀਲ੍ਹਾ ਦਾ ਮੰਚਨ ਕਰਵਾਇਆ ਜਾ ਰਿਹਾ ਹੈ, ਜਿਸ ਦਾ 11 ਅਕਤੂਬਰ ਤੋਂ ਅਯੋਧਿਆ ਦੇ ਕਲਾਕਾਰ ਸ੍ਰੀ ਮੁਕਤਸਰ ਸਾਹਿਬ ਵਿੱਚ ਰਾਮਲੀਲ੍ਹਾ ਦੇ ਮੰਚਨ ਆਗਾਜ਼ ਕਰਨਗੇ, ਜਦਕਿ 20 ਅਕਤੂਬਰ ਨੂੰ ਵਿਜੇਦਸ਼ਮੀ (ਦੁਸਹਿਰਾ) ਦਾ ਤਿਉਹਾਰ ਵੀ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਸ ਸਬੰਧੀ ਸੰਮਤੀ ਵੱਲੋਂ ਕੋਟਕਪੂਰਾ ਰੋਡ ਸਥਿਤ ਵਿੱਕੀ ਸਵੀਟਸ ਵਿਖੇ ਪ੍ਰੈੱਸ ਕਾਨਫਰੰਸ ਕਰਕੇ ਕਾਰਡ ਵੀ ਜਾਰੀ ਕੀਤਾ ਗਿਆ। ਇਸ ਮੌਕੇ ਪ੍ਰਧਾਨ ਰਮਨ ਗਿਰਧਰ ਤੇ ਚੇਅਰਮੈਨ ਰਾਹੁਲ ਢੂੰਮ, ਜੈਜੀਵ ਬੱਤਰਾ, ਜੈਜੀਵ ਗਾਵੜੀ, ਐਡਵੋਕੇਟ ਜੈਜੀਵ ਗੁਪਤਾ, ਅੰਮ੍ਰਿਤ ਲਾਲ ਖੁਰਾਣਾ, ਸੁਰਿੰਦਰ ਧਵਨ, ਰਾਕੇਸ਼ ਬਾਬਾ ਵਾਸ, ਮਿਕਲ ਬਜਾਜ, ਮਨਿੰਦਰ ਸਿੰਘ ਕੁੰਦਨ, ਤਰਸੇਮ ਬਤਰਾ ਲਾਡੀ, ਪ੍ਰੋਜੈਕਟ ਇੰਚਾਰਜ ਅਸ਼ਵਨੀ ਆਰਿਆ ਮੌਜੂਦ ਸਨ।

### ਆਈ.ਡੀ.ਪੀ.ਡੀ. ਵੱਲੋਂ ਵਿਚਾਰ-ਵਟਾਂਦਰਾ ਸੈਸ਼ਨ ਅੱਜ

ਲੁਧਿਆਣਾ (ਐੱਮ ਐੱਸ ਭਾਟੀਆ)-ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈ.ਡੀ.ਪੀ.ਡੀ.) ਵੱਲੋਂ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਮੌਜੂਦਾ ਭੂ-ਰਾਜਨੀਤਕ ਉੱਥਲ-ਪੁੱਥਲ ਦੇ ਦੌਰ ਵਿੱਚ ਗਾਂਧੀ ਨੂੰ ਯਾਦ ਕਰਦਿਆਂ ਵਿਸ਼ੇ 'ਤੇ ਵਿਚਾਰ-ਵਟਾਂਦਰਾ ਸੈਸ਼ਨ ਕਰਵਾਇਆ ਜਾ ਰਿਹਾ ਹੈ। ਇਹ ਸੈਸ਼ਨ 2 ਅਕਤੂਬਰ ਨੂੰ ਦੁਪਹਿਰ 3 ਵਜੇ ਤੋਂ ਸ਼ਾਮ 5 ਵਜੇ ਤੱਕ ਡਾ. ਗਗਨਦੀਪ ਹਸਪਤਾਲ, ਸਿਵਲ ਹਸਪਤਾਲ ਦੇ ਸਾਹਮਣੇ, ਲੁਧਿਆਣਾ ਵਿਖੇ ਹੋਵੇਗਾ। ਆਈ.ਡੀ.ਪੀ.ਡੀ. ਵੱਲੋਂ ਕਿਹਾ ਗਿਆ ਹੈ ਕਿ ਮੌਜੂਦਾ ਭੂ-ਰਾਜਨੀਤਕ ਹਾਲਾਤ, ਜੰਗਾਂ ਤੇ ਵਧ ਰਹੇ ਤਣਾਅ ਦੇ ਦੌਰ ਵਿੱਚ ਮਹਾਤਮਾ ਗਾਂਧੀ ਦੇ ਅਹਿੰਸਾ, ਸ਼ਾਂਤੀ ਤੇ ਮਨੁੱਖੀ ਸਹਿਹੋਂਦ ਨਾਲ ਜੁੜੇ ਵਿਚਾਰਾਂ ਨੂੰ ਯਾਦ ਕਰਨਾ ਅਤੇ ਉਨ੍ਹਾਂ ਦੀ ਪ੍ਰਸੰਗਿਕਤਾ 'ਤੇ ਵਿਚਾਰ ਕਰਨਾ ਮਹੱਤਵਪੂਰਨ ਹੈ। ਇਸ ਉਦੇਸ਼ ਨਾਲ ਸੈਸ਼ਨ ਵਿੱਚ ਵੱਖ-ਵੱਖ ਪੱਖਾਂ 'ਤੇ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਸੰਸਥਾ ਵੱਲੋਂ ਦੋਸਤਾਂ ਤੇ ਸ਼ਾਂਤੀ-ਪ੍ਰੇਮੀਆਂ ਨੂੰ ਸਮੇਂ ਸਿਰ ਪਹੁੰਚ ਕੇ ਆਪਣੇ ਵਿਚਾਰ ਸਾਂਝੇ ਕਰਨ ਤੇ ਸੈਸ਼ਨ ਨੂੰ ਸਾਰਥਕ ਬਣਾਉਣ ਦਾ ਸੱਦਾ ਦਿੱਤਾ ਗਿਆ ਹੈ। ਸੈਸ਼ਨ ਦੇ ਆਯੋਜਨ ਨਾਲ ਡਾ. ਅਰੁਣ ਮਿੱਤਰਾ, ਡਾ. ਗਗਨਦੀਪ ਸਿੰਘ, ਡਾ. ਸੁਰਜ ਸਿੰਘ ਤੇ ਡਾ. ਪ੍ਰਗਿਆ ਸ਼ਰਮਾ ਜੁੜੇ ਹੋਏ ਹਨ।

# ਪ੍ਰੇਮ ਸਬੰਧਾਂ ਦੇ ਚਲਦਿਆਂ ਪ੍ਰੇਮੀ ਨਾਲ ਮਿਲ ਕੇ ਪਤੀ ਦਾ ਕਤਲ

ਬਠਿੰਡਾ (ਪਰਵਿੰਦਰ ਜੀਤ ਸਿੰਘ)-ਸਬ ਡਵੀਜ਼ਨ ਮੌੜ ਦੇ ਪਿੰਡ ਕੋਟਲੀ ਖੁਰਦ ਵਿਖੇ ਪਤਨੀ ਵੱਲੋਂ ਆਪਣੇ ਪ੍ਰੇਮੀ ਨਾਲ ਮਿਲ ਕੇ ਆਪਣੇ ਪਤੀ ਦਾ ਕਤਲ ਕਰਕੇ ਉਸ ਨੂੰ ਫਾਹੇ ਲਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਥਾਣਾ ਮੌੜ ਦੇ ਮੁਖੀ ਤਰੁਣਦੀਪ ਸਿੰਘ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅੱਜ ਸਵੇਰ ਪੁਲਸ ਨੂੰ ਸੂਚਨਾ ਮਿਲੀ ਸੀ ਕਿ ਰਾਜਪਾਲ ਸਿੰਘ ਪੁੱਤਰ ਬਲਦੇਵ ਸਿੰਘ ਵਾਸੀ ਕੋਟਲੀ ਖੁਰਦ ਦੀ ਲਾਸ਼ ਘਰ ਦੀ ਰਸੋਈ ਵਿੱਚ ਬਣੇ ਇਕ ਖੰਭੇ ਨਾਲ ਲਟਕ ਰਹੀ ਹੈ। ਜਦ ਪੁਲਸ ਨੇ ਇਸ ਇਸ ਘਟਨਾ ਦੀ ਡੂੰਘਾਈ ਨਾਲ ਪੜਤਾਲ ਕੀਤੀ ਤਾਂ ਇਹ ਮਾਮਲਾ ਸ਼ੱਕੀ ਜਾਪਿਆ, ਜਿਸ ਦੀ ਹੋਰ ਜਾਂਚ ਕਰਨ 'ਤੇ ਪਤਾ ਲੱਗਿਆ ਕਿ ਘਰ ਵਿੱਚ ਲੱਗੇ ਸੀ ਸੀ ਟੀ ਵੀ ਦਾ ਡੀ ਵੀ ਆਰ ਗਾਇਬ ਹੈ ਤੇ ਮ੍ਰਿਤਕ ਅਤੇ ਉਸ ਦੀ ਘਰਵਾਲੀ ਦੇ ਮੋਬਾਇਲ ਫੋਨ ਵੀ ਗਾਇਬ ਸਨ। ਹੋਰ ਪੁੱਛਗਿੱਛ ਤੇ ਇਹ ਮਾਮਲਾ ਸਾਹਮਣੇ ਆਇਆ ਕਿ ਮ੍ਰਿਤਕ ਦੀ ਘਰਵਾਲੀ ਦੇ ਨੇੜਲੇ ਪਿੰਡ ਕੋਟਲੀ ਕਲਾਂ ਦੇ ਬ੍ਰਮਜੀਤ ਸਿੰਘ ਨਾਲ ਨਜਾਇਜ਼ ਸਬੰਧ ਸਨ, ਜਿਸ ਤੋਂ ਦੁਖੀ ਹੋ ਕੇ ਰਾਜਪਾਲ ਸਿੰਘ ਉਸ ਨੂੰ ਰੋਕਦਾ ਸੀ ਅਤੇ ਬੀਤੀ ਰਾਤ ਵੀ ਇਨ੍ਹਾਂ ਦਾ ਝਗੜਾ ਹੋਇਆ, ਜਿਸ ਵਿੱਚ ਮ੍ਰਿਤਕ ਦੀ ਪਤਨੀ ਤੇ ਉਸ ਦੇ ਪ੍ਰੇਮੀ ਨੇ ਰਾਜਪਾਲ ਸਿੰਘ ਦਾ ਕਤਲ ਕਰ ਦਿੱਤਾ ਅਤੇ ਇਸ ਮਾਮਲੇ ਨੂੰ ਖ਼ੁਦਕੁਸ਼ੀ ਦਾ ਮਾਮਲਾ ਬਣਾਉਣ ਲਈ ਲਾਸ਼ ਨੂੰ ਰਸੋਈ ਦੇ ਪਿੱਲਰ ਨਾਲ ਟੰਗ ਦਿੱਤਾ। ਮੌੜ ਪੁਲਸ ਵੱਲੋਂ ਮ੍ਰਿਤਕ ਦੇ ਚਾਚੇ ਦੇ ਪੁੱਤਰ ਸਤਪਾਲ ਸਿੰਘ ਦੇ ਬਿਆਨਾਂ 'ਤੇ ਮ੍ਰਿਤਕ ਦੀ ਪਤਨੀ ਤੇ ਉਸ ਦੇ ਪ੍ਰੇਮੀ ਖ਼ਿਲਾਫ਼ ਐੱਫ ਆਈ ਆਰ ਨੰ:198 ਤਹਿਤ ਕਤਲ ਤੇ ਹੋਰਨਾਂ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ।

# ਕੇ ਐੱਲ ਗਰਗ ਦੇ ਦੇਹਾਂਤ 'ਤੇ ਸੀ ਪੀ ਆਈ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ



ਮੋਗਾ (ਇਕਬਾਲ ਸਿੰਘ ਖਹਿਰਾ)- ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮੋਗਾ ਨੇ ਪੰਜਾਬੀ ਦੇ ਉੱਘੇ ਸਾਹਿਤਕਾਰ ਤੇ ਹਾਸ-ਵਿਅੰਗਕਾਰ ਸ੍ਰੀ ਕੇ. ਐੱਲ. ਗਰਗ ਦੇ ਦੇਹਾਂਤ 'ਤੇ ਡੂੰਘੇ ਦੁੱਖ ਤੇ ਸ਼ੋਕ ਦਾ ਪ੍ਰਗਟਾਵਾ ਕੀਤਾ ਹੈ। ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕੁਲਦੀਪ ਭੋਲਾ ਨੇ ਕਿਹਾ ਕਿ ਸ੍ਰੀ ਕੇ. ਐੱਲ. ਗਰਗ ਨੇ ਆਪਣੀ ਲੰਮੀ ਸਾਹਿਤਕ ਸਾਧਨਾ ਰਾਹੀਂ ਪੰਜਾਬੀ ਸਾਹਿਤ, ਵਿਸ਼ੇਸ਼ ਕਰਕੇ ਹਾਸ-ਵਿਅੰਗ ਦੀ ਵਿਧਾ ਨੂੰ ਅਮੀਰ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ। ਉਨ੍ਹਾਂ ਦਾ ਵਿਅੰਗ ਸਿਰਫ਼ ਹਸਾਉਣ ਤੱਕ ਸੀਮਤ ਨਹੀਂ ਸੀ, ਸਗੋਂ ਸਮਾਜਿਕ ਕੁਰੀਤੀਆਂ, ਪਖੰਡ, ਅਨਿਆਂ ਤੇ ਮਨੁੱਖੀ ਜੀਵਨ ਦੀਆਂ ਤਲਖ਼ ਹਕੀਕਤਾਂ ਨੂੰ ਸਹਿਜ ਤੇ ਪ੍ਰਭਾਵਸ਼ਾਲੀ ਢੰਗ ਨਾਲ ਸਾਹਮਣੇ ਲਿਆਉਂਦਾ ਸੀ। ਆਪਣੀਆਂ ਪੁਸਤਕਾਂ, ਲੇਖਾਂ ਤੇ ਅਖ਼ਬਾਰੀ ਕਾਲਮਾਂ ਰਾਹੀਂ ਉਨ੍ਹਾਂ ਨੇ ਪੰਜਾਬੀ ਪਾਠਕਾਂ ਨਾਲ ਲੰਮਾ ਤੇ ਜਿਉਂਦਾ ਰਿਸ਼ਤਾ ਬਣਾਈ ਰੱਖਿਆ। ਕੇ. ਐੱਲ. ਗਰਗ ਜੀ ਦਾ ਵਿਛੋੜਾ ਪੰਜਾਬੀ ਸਾਹਿਤਕ ਜਗਤ, ਵਿਸ਼ੇਸ਼ ਤੌਰ 'ਤੇ ਮੋਗਾ ਦੇ ਸਾਹਿਤਕ ਤੇ ਸੱਭਿਆਚਾਰਕ ਖੇਤਰ ਲਈ ਵੱਡਾ ਘਾਟਾ ਹੈ। ਉਨ੍ਹਾਂ ਦੀਆਂ ਰਚਨਾਵਾਂ, ਉਨ੍ਹਾਂ ਦੀ ਤਿੱਖੀ ਸਮਾਜਿਕ ਨਜ਼ਰ ਤੇ ਉਨ੍ਹਾਂ ਦੀ ਸਾਹਿਤਕ ਘਾਲਣਾ ਉਨ੍ਹਾਂ ਨੂੰ ਲੰਮੇ ਸਮੇਂ ਤੱਕ ਲੋਕ-ਮਨਾਂ ਵਿੱਚ ਜਿਉਂਦਾ ਰੱਖੇਗੀ। ਭਾਰਤੀ ਕਮਿਊਨਿਸਟ ਪਾਰਟੀ ਜ਼ਿਲ੍ਹਾ ਮੋਗਾ ਕੇ. ਐੱਲ. ਗਰਗ ਨੂੰ ਆਪਣੀ ਭਾਵ-ਭਿੰਨੀ ਸ਼ਰਧਾਂਜਲੀ ਭੇਟ ਕਰਦੀ ਹੈ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ, ਸਨੇਹੀਆਂ, ਸਾਥੀ ਲੇਖਕਾਂ ਤੇ ਸਮੁੱਚੇ ਪੰਜਾਬੀ ਸਾਹਿਤਕ ਜਗਤ ਨਾਲ ਇਸ ਦੁੱਖ ਦੀ ਘੜੀ ਵਿੱਚ ਦਿਲੀ ਹਮਦਰਦੀ ਤੇ ਸੰਵੇਦਨਾ ਪ੍ਰਗਟ ਕਰਦੀ ਹੈ। ਇਸ ਸਮੇਂ ਜ਼ਿਲ੍ਹਾ ਪਾਰਟੀ ਵੱਲੋਂ ਕਾਮਰੇਡ ਜਗਜੀਤ ਸਿੰਘ ਨਿਹਾਲ ਸਿੰਘ ਵਾਲਾ, ਕਾਮਰੇਡ ਸ਼ੇਰ ਸਿੰਘ ਦੌਲਤਪੁਰਾ, ਕਾਮਰੇਡ ਇੰਦਰਵੀਰ ਗਿੱਲ, ਕਾਮਰੇਡ ਗੁਰਦਿੱਤ ਸਿੰਘ ਦੀਨਾ, ਕਾਮਰੇਡ ਸਵਰਨ ਸਿੰਘ ਭੂੰਡੀਕੇ, ਕਾਮਰੇਡ ਗੁਰਮੀਤ ਸਿੰਘ ਵਾਂਦਰ ਤੇ ਇੰਜ. ਸਵਰਨ ਖੋਸਾ ਮੌਜੂਦ ਸਨ।

# 50 ਗ੍ਰਾਮ ਹੈਰੋਇਨ ਸਣੇ ਇਕ ਗ੍ਰਿਫਤਾਰ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ 50 ਗ੍ਰਾਮ ਹੈਰੋਇਨ ਸਣੇ 1 ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਐੱਸ.ਸੀ. ਬਲਜੀਤ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਦਾਣਾ ਮੰਡੀ ਜਲਾਲਾਬਾਦ ਦੇ ਨਾਲ ਬਣੀ ਸਮਾਧ ਕੋਲ ਪੁੱਜੀ ਤਾਂ ਉੱਥੇ ਸੁਰਜੀਤ ਸਿੰਘ ਪੁੱਤਰ ਦਿਆਲ ਸਿੰਘ ਵਾਸੀ ਪੰਜਕੇ ਉਤਾੜ ਹਾਲ ਅਬਾਦ ਗੋਬਿੰਦ ਨਗਰੀ ਜਲਾਲਾਬਾਦ ਪੁਲਸ ਦੀ ਗੱਡੀ ਨੂੰ ਵੇਖ ਕੇ ਘਬਰਾ ਕੇ ਹੱਥ ਵਿੱਚ ਫੜਿਆ ਮੋਮੀ ਲਿਫਾਫਾ ਹੇਠਾਂ ਸੁੱਟ ਦਿੱਤਾ ਅਤੇ ਮੌਕੇ ਤੋਂ ਖਿਸਕਣ ਲੱਗਾ ਤਾਂ ਪੁਲਸ ਪਾਰਟੀ ਨੇ ਕਾਬੂ ਕਰਕੇ ਇਸ ਵਿਅਕਤੀ ਵੱਲੋਂ ਸੁੱਟੇ ਲਿਫਾਫੇ ਚੋਂ ਲਿਫਾਫੇ ਦੀ ਤਲਾਸ਼ੀ ਕਰਨ ਤੇ 50 ਗ੍ਰਾਮ ਹੈਰੋਇਨ ਬਰਾਮਦ ਹੋਈ। ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ।

# ਨਾਰੰਗਵਾਲ ਕਾਲਜ 'ਚ 67ਵਾਂ ਖੇਤਰੀ ਯੁਵਕ ਤੇ ਵਿਰਾਸਤੀ ਮੇਲਾ ਭਲਕੇ

ਰਾਏਕੋਟ (ਸੰਤੋਖ ਗਿੱਲ)-ਗੋਬਿੰਦ ਨੈਸ਼ਨਲ ਕਾਲਜ ਨਾਰੰਗਵਾਲ ਵਿੱਚ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦਾ 67ਵਾਂ ਖੇਤਰੀ ਯੁਵਕ ਤੇ ਵਿਰਾਸਤੀ ਮੇਲਾ 3 ਤੋਂ 6 ਅਕਤੂਬਰ ਤੱਕ ਕਰਵਾਇਆ ਜਾ ਰਿਹਾ ਹੈ। ਚਾਰ ਰੋਜ਼ਾ ਮੇਲੇ ਦਾ ਥੀਮ 'ਮੁਕਾਬਲੇ ਤੋਂ ਪਰੇ ਰਚਨਾਤਮਿਕਤਾ ਤੇ ਇੱਕਜੁੱਟਤਾ ਦਾ ਜਸ਼ਨ' ਰੱਖਿਆ ਗਿਆ ਹੈ। ਮੇਲਾ ਸਵਰਗੀ ਗੁਰਦਿਆਲ ਕੌਰ ਖੰਗੂੜਾ ਦੀ ਯਾਦ ਨੂੰ ਸਮਰਪਤ ਹੋਵੇਗਾ। ਕਾਲਜ ਦੇ ਪ੍ਰਿੰਸੀਪਲ ਤੇ ਮੇਲਾ ਕਨਵੀਨਰ ਡਾ. ਸੰਦੀਪ ਸਾਹਨੀ ਨੇ ਦੱਸਿਆ ਕਿ ਮੇਲੇ ਵਿੱਚ 34 ਕਾਲਜਾਂ ਦੀਆਂ ਟੀਮਾਂ ਵੱਖ-ਵੱਖ ਕਲਾਤਮਕ, ਸਾਹਿਤਕ ਤੇ ਵਿਰਾਸਤੀ ਮੁਕਾਬਲਿਆਂ ਵਿੱਚ ਭਾਗ ਲੈਣਗੀਆਂ।

ਮੇਲਾ ਇੰਚਾਰਜ ਡਾ. ਕਮਲਜੀਤ ਸਿੰਘ ਸੋਹੀ ਤੇ ਪ੍ਰਬੰਧਕੀ ਸਕੱਤਰ ਡਾ. ਸੁਰਿੰਦਰ ਮੋਹਨਦੀਪ ਨੇ ਦੱਸਿਆ ਕਿ ਮੇਲੇ ਦੌਰਾਨ ਸ਼ਬਦ, ਭਜਨ, ਲੋਕ ਗੀਤ, ਗਜ਼ਲ, ਕਲਾਸੀਕਲ ਵੋਕਲ, ਲੋਕ ਨਾਚ, ਨਾਟਕ, ਮੋਨੋ ਐਕਟਿੰਗ, ਮਾਇਮ, ਸਕਿੱਟ, ਕਵਿਤਾ, ਕਹਾਣੀ, ਪੇਂਟਿੰਗ, ਫ਼ੋਟੋਗਰਾਫੀ, ਰੰਗੋਲੀ, ਭੰਗੜਾ, ਗਿੱਧਾ, ਕਵੀਸ਼ਰੀ ਸਮੇਤ ਵਿਰਾਸਤੀ ਕਲਾਵਾਂ ਨਾਲ ਸਬੰਧਤ ਅਨੇਕ ਮੁਕਾਬਲੇ ਕਰਵਾਏ ਜਾਣਗੇ। ਮੇਲੇ ਦੇ ਕੋਆਰਡੀਨੇਟ ਇੰਚਾਰਜ ਡਾ. ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਮੇਲਾ ਵਿਦਿਆਰਥੀਆਂ ਨੂੰ ਪੰਜਾਬੀ ਸੱਭਿਆਚਾਰ ਤੇ ਵਿਰਾਸਤੀ ਕਲਾਵਾਂ ਨਾਲ ਜੋੜਨ ਵਾਲੀਆਂ ਵੰਨਗੀਆਂ ਵੀ ਵਿਸ਼ੇਸ਼ ਖਿੱਚ ਦਾ ਕੇਂਦਰ ਰਹਿਣਗੀਆਂ। ਮੇਲੇ ਵਿੱਚ ਰਣਬੀਰ ਰਾਣਾ, ਕੰਵਰ ਗਰੇਵਾਲ, ਰਜ਼ਾ ਹੂਰ ਤੇ ਉੱਘੇ ਇਨਕਲਾਬੀ ਕਵੀ ਧਾਲੀਵਾਲ ਸਮੇਤ ਨਾਮਵਰ ਸ਼ਖ਼ਸੀਅਤਾਂ ਦੇ ਪਹੁੰਚਣ ਦੀ ਉਮੀਦ ਹੈ।

# ਮਿਮਿਟ ਮਲੋਟ ਵਿਖੇ ਮਸ਼ੀਨ ਲਰਨਿੰਗ ਵਿਸ਼ੇ 'ਤੇ ਵਰਕਸ਼ਾਪ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪ੍ਰਜਾ)-ਮਲੋਟ ਇੰਸਟੀਚਿਊਟ ਆਫ ਮੈਨੇਜਮੈਂਟ ਐਂਡ ਇਨਫਰਮੇਸ਼ਨ ਟੈਕਨਾਲੋਜੀ (ਮਿਮਿਟ) ਮਲੋਟ ਵਿਖੇ ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ ਵਿਭਾਗ ਵੱਲੋਂ ਮਸ਼ੀਨ ਲਰਨਿੰਗ ਵਿਸ਼ੇ ਉੱਪਰ ਇੱਕ ਰੋਜ਼ਾ ਵਰਕਸ਼ਾਪ ਕਰਵਾਈ ਗਈ। ਇਸ ਵਰਕਸ਼ਾਪ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਵਰਕਸ਼ਾਪ ਦੇ ਕੋਆਰਡੀਨੇਟਰ ਡਾਕਟਰ ਹਰਕੀਰਤ ਸਿੰਘ ਬਰਾੜ ਨੇ ਦੱਸਿਆ ਕਿ ਸੌਫਟਵੇਅਰ ਟੈਕਨੋਲੋਜੀ ਪ੍ਰਾਈਵੇਟ ਲਿਮਿਟਡ ਬਠਿੰਡਾ ਦੇ ਮੈਨੇਜਿੰਗ ਡਾਇਰੈਕਟਰ ਸ੍ਰੀ ਅਸ਼ੋਕ ਖਹਿਰਾ ਵੱਲੋਂ ਵਿਦਿਆਰਥੀਆਂ ਦੇ ਨਾਲ ਮਸ਼ੀਨ ਲਰਨਿੰਗ ਵਿਸ਼ੇ ਨਾਲ ਸੰਬੰਧਤ ਵਰਕਸ਼ਾਪ ਵਿੱਚ ਗੁਰ ਦਿੱਤੇ। ਸ੍ਰੀ ਅਸ਼ੋਕ ਖਹਿਰਾ ਨੇ ਵਿਦਿਆਰਥੀਆਂ ਨੂੰ ਇੰਟੈਲੀਜੈਂਟ ਸਿਸਟਮ ਬਣਾਉਣ ਵੱਲੇ ਵੱਖ-ਵੱਖ ਤਰ੍ਹਾਂ ਦੇ ਡਾਟੇ ਐਲਗੋਰਿਦਮ ਤੇ ਮਾਡਲਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ ਅਤੇ ਵਿਦਿਆਰਥੀਆਂ ਨੇ ਇਸ ਮਸ਼ੀਨ ਲਰਨਿੰਗ ਵਿਸ਼ੇ ਨਾਲ ਸੰਬੰਧਤ ਵਰਕਸ਼ਾਪ ਵਿੱਚ ਜੋ ਸਿਖਲਾਈ ਹਾਸਲ ਕੀਤੀ, ਉਸ ਨੂੰ ਰੋਜ਼ਾਨਾ ਜ਼ਿੰਦਗੀ ਵਿੱਚ ਕੰਮ ਆਉਣ ਵਾਲੇ ਵੱਖ ਵੱਖ ਕੰਮਾਂ ਵਿੱਚ ਵਰਤਣ ਲਈ ਪ੍ਰੇਰਨਾ ਹਾਸਲ ਕੀਤੀ। ਇਸ ਸੈਸ਼ਨ ਨਾਲ ਵਿਦਿਆਰਥੀਆਂ ਨੂੰ ਮਸ਼ੀਨ ਲਰਨਿੰਗ ਦੇ ਖੇਤਰ ਵਿੱਚ ਵੱਖ-ਵੱਖ ਉਪਲਬਧੀਆਂ ਬਾਰੇ ਜਾਣਕਾਰੀ ਹਾਸਲ ਕੀਤੀ।

ਇਸ ਮੌਕੇ ਵਿਦਿਆਰਥੀਆਂ ਤੋਂ ਇਲਾਵਾ ਡਾ. ਵਿਜੇ ਸਮਿਆਲ, ਡਾ. ਕੁਲਬੀਰ ਸਿੰਘ, ਇੰਜੀਨੀਅਰ ਹਰਜਸਦੀਪ ਸਿੰਘ ਤੇ ਇੰਜੀਨੀਅਰ ਜੋਤਿੰਦਰ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਸੰਸਥਾ ਦੇ ਡਾਇਰੈਕਟਰ ਡਾ. ਅਸ਼ਵਨੀ ਬਾਂਸਲ ਨੇ ਇਸ ਵਰਕਸ਼ਾਪ ਨੂੰ ਸਫ਼ਲਤਾ ਪੂਰਵਕ ਕਰਵਾਉਣ ਲਈ ਕੰਪਿਊਟਰ ਸਾਇੰਸ ਇੰਜੀਨੀਅਰਿੰਗ ਵਿਭਾਗ, ਪ੍ਰੋਗਰਾਮ ਕੁਆਰਡੀਨੇਟਰ ਤੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

# ਝੋਨੇ ਦੀ ਖਰੀਦ ਸ਼ੁਰੂ, ਆੜ੍ਹਤੀਆਂ ਨੇ ਚੁੱਕੇ ਤਿੰਨ ਵੱਡੇ ਮੁੱਦੇ



ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)- ਅਨਾਜ ਮੰਡੀ 'ਚ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਹੋ ਗਈ ਹੈ। ਪਹਿਲੀ ਖਰੀਦ ਕਿਸਾਨ ਗਗਨਦੀਪ ਸਿੰਘ ਸ਼ੇਰੀਆਂ ਦੀ ਝੋਨੇ ਦੀ ਢੇਰੀ ਦੀ ਹੋਈ, ਜੋ ਪਨਗ੍ਰੇਨ ਏਜੰਸੀ ਨੇ ਖ਼ਰੀਦੀ। ਸਮਾਰੋਹ ਗੁਰਸਿਮਰਨਜੀਤ ਕੌਰ ਤੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਸਾਂਝੇ ਤੌਰ 'ਤੇ ਕੀਤਾ। ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਗੁਰਨਾਮ ਸਿੰਘ ਨਾਗਰਾ, ਰਾਜੀਵ ਕੌਸ਼ਲ, ਸੁਰਜੀਤ ਸਿੰਘ ਕਾਹਲੋਂ, ਪਰਮਿੰਦਰ ਸਿੰਘ ਗੁਲਿਆਣੀ, ਨਿਤਿਨ ਜੈਨ, ਹਰਿੰਦਰਪਾਲ ਸਿੰਘ ਰਹੀਮਾਬਾਦ, ਸ਼ਸ਼ੀ ਭਾਟੀਆ, ਰਾਜਵਿੰਦਰ ਸਿੰਘ ਸੈਣੀ ਸਮੇਤ ਆੜ੍ਹਤੀ ਐਸੋਸੀਏਸ਼ਨ ਦੇ ਅਹੁਦੇਦਾਰ ਤੇ ਮੈਂਬਰ ਹਾਜ਼ਰ ਸਨ। ਖਰੀਦ ਸ਼ੁਰੂ ਹੁੰਦੇ ਹੀ ਆੜ੍ਹਤੀਆਂ ਨੇ ਪ੍ਰਸ਼ਾਸਨ ਸਾਹਮਣੇ ਤਿੰਨ ਵੱਡੀਆਂ ਸਮੱਸਿਆਵਾਂ ਰੱਖੀਆਂ ਤੇ ਇਨ੍ਹਾਂ ਦੇ ਤੁਰੰਤ ਹੱਲ ਦੀ ਮੰਗ ਕੀਤੀ। ਆੜ੍ਹਤੀ ਐਸੋਸੀਏਸ਼ਨ ਦੇ ਪ੍ਰਧਾਨ ਮੋਹਿਤ ਕੁੰਦਰਾ ਤੇ ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ ਨੇ ਕਿਹਾ ਕਿ ਜੇਕਰ ਹਾਈਬ੍ਰਿਡ ਝੋਨੇ ਦੀ ਚੁਕਾਈ ਦਾ ਮਸਲਾ ਹੱਲ ਨਾ ਹੋਇਆ ਤਾਂ ਮੰਡੀਆਂ 'ਚ ਫਸਲ ਦੇ ਅੰਬਾਰ ਲੱਗ ਸਕਦੇ ਹਨ।

ਆੜ੍ਹਤੀਆਂ ਨੇ ਦੱਸਿਆ ਕਿ ਸ਼ੈਲਰ ਮਾਲਕ ਹਾਈਬ੍ਰਿਡ ਝੋਨਾ ਪਿੜਾਈ ਲਈ ਚੁੱਕਣ ਤੋਂ ਇਨਕਾਰ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਖਰੀਦ ਤੋਂ ਬਾਅਦ ਜੇਕਰ ਫਸਲ ਦੀ ਚੁਕਾਈ ਨਾ ਹੋਈ ਤਾਂ ਆਉਣ ਵਾਲੇ ਦਿਨਾਂ 'ਚ ਮੰਡੀ ਵਿੱਚ ਝੋਨੇ ਦੀ ਆਮਦ ਸੰਭਾਲਣਾ ਮੁਸ਼ਕਲ ਹੋ ਸਕਦਾ ਹੈ। ਦੂਜੇ ਪਾਸੇ, ਨਵੇਂ ਖਰੀਦ ਨਿਯਮਾਂ ਤਹਿਤ ਕਿਸਾਨ ਦੀ ਮੌਜੂਦਗੀ ਵਿੱਚ ਖਰੀਦ ਏਜੰਸੀ ਦੇ ਇੰਸਪੈਕਟਰ ਤੇ ਆੜ੍ਹਤੀ ਦੀ ਫੋਟੋ ਲੈਣ ਦੀ ਸ਼ਰਤ 'ਤੇ ਵੀ ਆੜ੍ਹਤੀਆਂ ਨੇ ਇਤਰਾਜ਼ ਜਤਾਇਆ। ਉਨ੍ਹਾਂ ਕਿਹਾ ਕਿ ਇਸ ਸ਼ਰਤ ਨਾਲ ਮੰਡੀ ਵਿੱਚ ਖਰੀਦ ਪ੍ਰਕਿਰਿਆ ਹੋਰ ਗੁੰਝਲਦਾਰ ਹੋਵੇਗੀ ਤੇ ਇਸ ਨੂੰ ਹਟਾਇਆ ਜਾਣਾ ਚਾਹੀਦਾ ਹੈ। ਤੀਜਾ ਮੁੱਦਾ ਸੜਕਾਂ ਪੁਲ 'ਤੇ ਭਾਰੀ ਵਾਹਨਾਂ ਦੀ ਆਵਾਜਾਈ ਦਾ ਰਿਹਾ। ਆੜ੍ਹਤੀਆਂ ਨੇ ਕਿਹਾ ਕਿ ਰਾਹੋਂ ਵੱਲੋਂ ਵੱਡੀ ਗਿਣਤੀ ਵਿੱਚ ਕਿਸਾਨ ਮਾਛੀਵਾੜਾ ਮੰਡੀ ਵਿੱਚ ਫਸਲ ਲੈ ਕੇ ਆਉਂਦੇ ਹਨ, ਪਰ ਪੁਲ 'ਤੇ ਲਾਏ ਗਾਰਡਰਾਂ ਕਾਰਨ ਝੋਨੇ ਨਾਲ ਭਰੀਆਂ ਟਰਾਲੀਆਂ ਦੀ ਆਵਾਜਾਈ ਪ੍ਰਭਾਵਤ ਹੋ ਰਹੀ ਹੈ।

ਉਨ੍ਹਾਂ ਮੰਗ ਕੀਤੀ ਕਿ ਗਾਰਡਰਾਂ ਨੂੰ ਕੁਝ ਉੱਚਾ ਕੀਤਾ ਜਾਵੇ ਤਾਂ ਜੁ ਕਿਸਾਨਾਂ ਦੀਆਂ ਟਰਾਲੀਆਂ ਬਿਨਾਂ ਰੁਕਾਵਟ ਮੰਡੀ ਤੱਕ ਪਹੁੰਚ ਸਕਣ। ਐੱਸ.ਡੀ.ਐੱਮ. ਗੁਰਸਿਮਰਨਜੀਤ ਕੌਰ ਨੇ ਆੜ੍ਹਤੀਆਂ ਨੂੰ ਭਰੋਸਾ ਦਿੱਤਾ ਕਿ ਖਰੀਦ ਦੌਰਾਨ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਖਰੀਦ ਦੇ ਪੁਖ਼ਤਾ ਪ੍ਰਬੰਧ ਹਨ ਤੇ ਸੁੱਕਾ ਝੋਨਾ ਤੁਰੰਤ ਖਰੀਦਿਆ ਜਾਵੇਗਾ।

# ਰਾਈਸੀਲਾ ਗਰੁੱਪ ਨੂੰ ਰਾਈਸ ਬਰਾਨ ਆਇਲ ਨਿਰਯਾਤ ਲਈ ਦੋ ਪੁਰਸਕਾਰ




ਧੂਰੀ (ਮਨੋਹਰ ਸੱਗੂ, ਮਹਿੰਦਰ ਗਰਗ)-ਧੂਰੀ ਸਥਿਤ ਰਾਈਸੀਲਾ ਗਰੁੱਪ ਨੂੰ ਸਾਲ 2025-26 ਦੌਰਾਨ ਸਭ ਤੋਂ ਵੱਧ ਮਾਤਰਾ ਵਿੱਚ ਰਿਫਾਇੰਡ ਰਾਈਸ ਬ੍ਰਾਨ ਆਇਲ ਨਿਰਯਾਤ ਕਰਨ ਲਈ ਪਹਿਲੇ ਤੇ ਦੂਜੇ ਪੁਰਸਕਾਰ ਨਾਲ ਸਨਮਾਨਤ ਕੀਤਾ ਗਿਆ ਹੈ। ਇਹ ਪੁਰਸਕਾਰ ਗਰੁੱਪ ਦੇ ਡਾਇਰੈਕਟਰ ਪੁਨੀਤ ਗੋਇਲ ਨੇ ਮੁੰਬਈ ਵਿਚ ਹੋਏ ਸਾਲਵੈਂਟ ਐਕਸਟਰੈਕਟਰਜ਼ ਐਸੋਸੀਏਸ਼ਨ ਆਫ ਇੰਡੀਆ ਦੇ 55ਵੇਂ ਸਾਲਾਨਾ ਸਮਾਗਮ ਦੌਰਾਨ ਪ੍ਰਾਪਤ ਕੀਤੇ। ਸਮਾਗਮ ਵਿੱਚ ਐਸੋਸੀਏਸ਼ਨ ਦੇ ਪ੍ਰਧਾਨ ਸੰਜੀਵ ਅਸਥਾਨਾ, ਏ.ਡਬਲਯੂ.ਐੱਲ. ਐਗਰੀ ਬਿਜ਼ਨੈੱਸ ਦੇ ਐਗਜ਼ਿਕਿਊਟਿਵ ਡਿਪਟੀ ਚੇਅਰਮੈਨ ਅੰਗਸ਼ੂ ਮਲਿਕ ਸਮੇਤ ਕਈ ਪਤਵੰਤੇ ਹਾਜ਼ਰ ਸਨ। ਗਰੁੱਪ ਨੂੰ ਇਹ ਪੁਰਸਕਾਰ ਲਗਾਤਾਰ 11ਵੇਂ ਸਾਲ ਮਿਲਿਆ ਹੈ। ਗਰੁੱਪ ਦੇ ਚੇਅਰਮੈਨ ਡਾ. ਏ.ਆਰ. ਸ਼ਰਮਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਤਿਆਰ ਰਿਫਾਇੰਡ ਰਾਈਸ ਬ੍ਰਾਨ ਆਇਲ ਯੂਰਪ ਦੇ 3-ਐੱਮ ਸੀ ਪੀ ਡੀ ਤੇ ਜੀ ਈ ਸਬੰਧੀ ਨਵੇਂ ਮਾਪਦੰਡਾਂ ਅਨੁਸਾਰ ਤਿਆਰ ਕੀਤਾ ਜਾਂਦਾ ਹੈ। ਉਨ੍ਹਾਂ ਅਨੁਸਾਰ ਇਹ ਤੇਲ ਅਮਰੀਕਾ, ਆਸਟ੍ਰੇਲੀਆ, ਜਰਮਨੀ, ਨਿਊਜ਼ੀਲੈਂਡ ਤੇ ਬ੍ਰਤਾਨੀਆ ਸਮੇਤ ਕਈ ਦੇਸ਼ਾਂ ਨੂੰ ਨਿਰਯਾਤ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਗਰੁੱਪ ਵੱਲੋਂ ਧੂਰੀ ਵਿੱਚ ਕਰੀਬ 100 ਕਰੋੜ ਰੁਪਏ ਦੀ ਲਾਗਤ ਨਾਲ ਰਾਈਸ ਬ੍ਰਾਨ ਵੈਕਸ ਰਿਫਾਈਨਿੰਗ ਪਲਾਂਟ ਸਥਾਪਤ ਕੀਤਾ ਜਾ ਰਿਹਾ ਹੈ। ਇਸ ਨਾਲ ਸੌਕੜੇ ਰੁਜ਼ਗਾਰ ਦੇ ਮੌਕੇ ਪੈਦਾ ਹੋਣ ਦੀ ਉਮੀਦ ਹੈ। ਪਲਾਂਟ ਵਿੱਚ ਫੂਡ-ਗ੍ਰੇਡ ਵੈਕਸ ਤਿਆਰ ਕੀਤੀ ਜਾਵੇਗੀ, ਜਿਸ ਦੀ ਵਰਤੋਂ ਫਲ੍ਹਾਂ ਤੇ ਪੇਪਰ ਕੋਟਿੰਗ ਸਮੇਤ ਵੱਖ-ਵੱਖ ਉਦਯੋਗਾਂ ਵਿੱਚ ਕੀਤੀ ਜਾਵੇਗੀ।

# ਗੈਸ ਏਜੰਸੀ ਵਰਕਰਜ਼ ਯੂਨੀਅਨ ਇਫਟੂ ਵੱਲੋਂ ਤਿੱਖੇ ਸੰਘਰਸ਼ ਦਾ ਐਲਾਨ



ਪਟਿਆਲਾ (ਰਜਿੰਦਰ ਸਿੰਘ ਥਿੰਦ) ਐਸ.ਐਸ.ਟੀ. ਨਗਰ ਵਿਖੇ ਇੱਕ ਗੈਸ ਏਜੰਸੀ ਵਿਖੇ ਪਿਛਲੇ 15-20 ਸਾਲਾਂ ਤੋਂ ਲਗਾਤਾਰ ਪੱਕੇ ਕੰਮ ਕਰ ਰਹੇ ਵਰਕਰਾਂ ਨੂੰ ਨਵੀਂ ਆਈ ਏਜੰਸੀ ਮਾਲਕ ਵੱਲੋਂ ਜਿਸਦੀ ਸਰਕਾਰੇ-ਦਰਬਾਰੇ ਪਹੁੰਚ ਹੈ। ਆਪਣੇ ਦਫ਼ਤਰ ਬੈਠਦੇ ਸਾਰ ਹੀ ਏਜੰਸੀ ਦੇ ਵਰਕਰਾਂ ਨੂੰ ਬੁਲਾ ਕੇ ਦਬਕਾ ਮਾਰਿਆ ਕਿ ਮੈਂ ਚੰਡੀਗੜ੍ਹ (ਪੰਚਕੂਲੇ) ਤੋਂ ਆਈ ਹਾਂ। ਮੇਰੇ ਕੋਲ ਪੰਚਕੂਲੇ ਵਿੱਚ ਤਿੰਨ-ਚਾਰ ਗੈਸ ਏਜੰਸੀਆਂ ਹਨ। ਮੈਂ ਵਰਕਰਾਂ ਨੂੰ ਤਨਖਾਹ ਨਹੀਂ ਦਿੰਦੀ ਹਾਂ। ਵਰਕਰਾਂ ਨੂੰ ਤਨਖਾਹ ਦੇਣੀ ਬੰਦ ਕਰ ਦਿੱਤੀ ਹੈ ਤੇ ਕਿਹਾ ਕਿ ਮੈਨੂੰ ਪਤਾ ਲੱਗਾ ਕਿ ਤੁਸੀਂ ਯੂਨੀਅਨ ਦੇ ਮੈਂਬਰ ਹੋ ਤੇ ਯੂਨੀਅਨ ਦੇ ਸਰਗਰਮ ਵਿੱਚ ਭਾਗ ਲੈਂਦੇ ਹੋ। ਮੈਂ ਤੁਹਾਨੂੰ ਬੰਦਾ ਬਣਾਉਂਦੀ ਹਾਂ। ਜੇਕਰ ਤੁਸੀਂ ਮੇਰੇ ਕੋਲ ਕੰਮ ਕਰਨਾ ਹੈ ਤਾਂ ਪਹਿਲੀ ਗੱਲ ਇਹ ਹੈ ਕਿ ਤੁਸੀਂ ਲਿਖ ਕੇ ਦਿਓ ਕਿ ਅਸੀਂ ਜਥੇਬੰਦੀ ਦੇ ਮੈਂਬਰ ਨਹੀਂ ਹਾਂ। ਦੂਜੀ ਗੱਲ ਇਹ ਹੈ ਕਿ ਮੇਰੇ ਵੱਲੋਂ ਲੋਕਾਂ ਦੇ ਗੈਸ ਸਿਲੰਡਰਾਂ ਵਿੱਚੋਂ ਚੋਰੀ ਨਾਲ ਗੈਸ ਕੱਢ ਕੇ ਸਿਲੰਡਰ ਲੋਕਾਂ ਨੂੰ ਦੇਣਾ ਹੈ।

ਜਦੋਂ ਇਹ ਗੱਲ ਵਰਕਰਾਂ ਵੱਲੋਂ ਆਪਣੀ ਯੂਨੀਅਨ ਦੇ ਧਿਆਨ ਵਿੱਚ ਲਿਆਂਦੀ ਤਾਂ ਜਥਾਨੀ ਤੌਰ 'ਤੇ ਬੋਲ ਕੇ ਵਰਕਰਾਂ ਨੂੰ ਕੰਮ ਤੋਂ ਛੁੱਟੀ ਕਰ ਦਿੱਤੀ ਗਈ ਤੇ ਕਿਹਾ ਗਿਆ ਕਿ ਤਨਖਾਹਾਂ ਵੀ ਯੂਨੀਅਨ ਕੋਲ ਜਾ ਕੇ ਲੈ ਲਵੋ। ਉਪਰੰਤ ਸਮਲੇ ਸਬੰਧੀ ਯੂਨੀਅਨ ਦੇ ਆਗੂ 29 ਸਤੰਬਰ ਨੂੰ ਏਜੰਸੀ ਦੇ ਮਾਲਕ ਨੂੰ ਮਿਲਣ ਦੇ ਲਈ ਏਜੰਸੀ ਦਫ਼ਤਰ ਗਏ ਤਾਂ ਪਹਿਲਾਂ ਤੋਂ ਹੀ 20 ਬੰਦੇ ਅਣਪਛਾਤੇ ਦਫਤਰ ਅੰਦਰ ਬੈਠੇ ਸੀ। ਮਾਲਕ ਵੱਲੋਂ ਉਨ੍ਹਾਂ ਵੀਰ ਬੰਦਿਆਂ ਨੂੰ ਆਗੂਆਂ ਦੇ ਗਲ ਪਵਾ ਕੇ ਆਪ ਵੀ ਦਫਤਰ ਤੋਂ ਬਾਹਰ ਆਕੇ ਉੱਚੀ-ਉੱਚੀ ਬੋਲ ਕੇ ਡਰਾਉਣ ਦੀ ਕੋਸ਼ਿਸ਼ ਕੀਤੀ ਅਤੇ ਕਿਹਾ ਕਿ ਪਤਾ ਨਹੀਂ ਕਿੱਥੋਂ-ਕਿੱਥੋਂ ਚਲੇ ਆਉਂਦੇ ਹਨ, ਭੁੱਖੇ ਨੰਗੇ। ਭੱਜ ਜਾਓ, ਇੱਥੋਂ ਮੈਂ ਕੋਈ ਗੱਲ ਨਹੀਂ ਕਰਨੀ।

ਤੁਹਾਡੇ ਨਾਲ, ਨਹੀਂ ਤਾਂ ਪੁਲਸ ਬੁਲਾਕੇ ਤੁਹਾਡੇ ਖਿਲਾਫ ਗਲਤ ਕਾਰਵਾਈ ਕਰਾਂ ਅਤੇ ਨਾਲੇ ਅੰਦਰ ਕਰਾਊਂਗੀ। ਜ਼ਿਲ੍ਹਾ ਕਮੇਟੀ ਮਜਦੂਰ ਨੇ ਕੋ ਆਪਣੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਬੁਲਾ ਕੇ ਸੰਘਰਸ਼ ਕਰਨ ਦਾ ਫੈਸਲਾ ਕੀਤਾ ਗਿਆ, ਜਿਸ ਦੀ ਪ੍ਰਧਾਨਗੀ ਜ਼ਿਲ੍ਹਾ ਪ੍ਰਧਾਨ ਬਲਜਿੰਦਰ ਸਿੰਘ ਲੱਖਮਾਜਰਾ ਨੇ ਕੀਤੀ। ਮੀਟਿੰਗ ਵਿੱਚ ਜ਼ਿਲ੍ਹਾ ਸਕੱਤਰ ਸੁਰਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ ਸਤਪਾਲ ਸਿੰਘ, ਵਿੱਤ ਸਕੱਤਰ ਅਵਤਾਰ ਸਿੰਘ ਨੇਟਪੂਰ ਕੰਡੇ, ਪ੍ਰੈਸ ਸਕੱਤਰ ਸਤਗੁਰ ਨਾਭਾ ਤੇ ਏਜੰਸੀਆਂ ਦੇ ਪ੍ਰਧਾਨ ਜਰਨੈਲ ਸਿੰਘ ਧੀਰਜ ਕੁਮਾਰ, ਕੇਸਰ ਸਿੰਘ, ਮਨਜੀਤ ਸਿੰਘ ਜੱਸੀ, ਸੋਨੀ, ਜਸਵੀਰ ਸਿੰਘ, ਰਘਬੀਰ ਸਿੰਘ ਨਾਭਾ ਤੋਂ ਇਲਾਵਾ ਉਚੇਚੇ ਤੌਰ 'ਤੇ ਜਥੇਬੰਦੀਆਂ ਦੇ ਸਰਪ੍ਰਸਤ ਸੁਭਾ ਆਗੂ ਸ੍ਰੀ ਨਾਥ ਪਟਿਆਲਾ ਹਾਜ਼ਰ ਸਨ।

# ਆਰੀਆ ਸਕੂਲ ਵੱਲੋਂ ਪਰਦੀਪ ਚੰਦ ਦੀ ਸੇਵਾ-ਮੁਕਤੀ ਮੌਕੇ ਸਨਮਾਨ



ਧੂਰੀ (ਸੁਖਦੇਵ ਧੂਰੀ, ਮਨੋਹਰ ਸਿੰਘ ਸੱਗੂ/ਮਹਿੰਦਰ ਗਰਗ)-ਆਰੀਆ ਸੀਨੀਅਰ ਸੈਕੰਡਰੀ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵਿੱਕੀ ਪਰੋਚਾ, ਸੀਨੀਅਰ ਉਪ-ਪ੍ਰਧਾਨ ਪਵਨ ਕੁਮਾਰ ਗਰਗ ਤੇ ਕਾਰਪੋਰੇਟ ਵਰਿੰਦਰ ਕੁਮਾਰ ਗਰਗ ਦੇ ਹੁਕਮਾਂ ਅਧੀਨ ਪਰਦੀਪ ਚੰਦ ਐਸ.ਐਲ.ਏ. ਦੀ ਸੇਵਾਮੁਕਤੀ ਮੌਕੇ ਵਿਸ਼ੇਸ਼ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਪ੍ਰਿੰਸੀਪਲ ਨੀਨਾ ਗੋਇਲ ਨੇ ਸਵਾਗਤੀ ਭਾਸ਼ਣ ਦੌਰਾਨ ਦੱਸਿਆ ਕਿ ਪਰਦੀਪ ਚੰਦ ਦੇ ਮਾਰਗਦਰਸ਼ਨ ਹੇਠ ਸਕੂਲ ਦੇ ਦਫ਼ਤਰੀ ਕਾਰਜਾਂ ਬਾਰੇ ਬਹੁਤ ਕੁੱਝ ਸਿੱਖਣ ਨੂੰ ਮਿਲਿਆ। ਵਰਿੰਦਰ ਗਰਗ ਨੇ ਦੱਸਿਆ ਕਿ ਚੌਰਾਹਾ ਨੂੰ ਵਿਚਾਰਦੇ ਹੋਏ ਹਿਮਾਚਲ ਪ੍ਰਦੇਸ਼ ਤੋਂ ਆਏ ਪਰਦੀਪ ਚੰਦ ਦੀ ਪੱਕੀ ਨਿਯੁਕਤੀ ਲਈ ਬਹੁਤ ਸਾਰੇ ਯਤਨ ਕੀਤੇ ਗਏ। ਆਰੀਆ ਸਕੂਲ ਏਡਡ ਸਟਾਫ਼ ਐਸੋਸੀਏਸ਼ਨ ਦੇ ਚੇਅਰਮੈਨ ਤੇ ਰਿਟਾਇਰਡ ਪ੍ਰਿੰਸੀਪਲ ਬੀ. ਐਲ. ਕਾਲੀਆ ਵੱਲੋਂ ਆਰਕੀਕਾ ਤੋਂ ਭੇਜੇ ਆਡੀਓ ਸੰਦੇਸ਼ ਵਿੱਚ ਕਿਹਾ ਗਿਆ ਕਿ ਪਰਦੀਪ ਚੰਦ ਨੇ ਵਿਦਿਆਰਥੀਆਂ ਨੂੰ ਵਿਗਿਆਨ ਪ੍ਰਯੋਗਸ਼ਾਲਾਵਾਂ ਤੇ ਖੇਡਾਂ ਲਈ ਤਿਆਰ ਕੀਤਾ ਅਤੇ ਦਫ਼ਤਰੀ ਕਾਰਜਾਂ ਨੂੰ ਵੀ ਪੂਰੀ ਸ਼ਿੱਦਤ ਨਾਲ ਕੀਤਾ। ਐਸੋਸੀਏਸ਼ਨ ਦੇ ਸਕੱਤਰ ਤੇ ਸਾਬਕਾ ਪ੍ਰਿੰਸੀਪਲ ਡਾ. ਐਨ.ਐਸ.ਪੰਧੇਰ ਨੇ ਦੱਸਿਆ ਕਿ ਪਰਦੀਪ ਚੰਦ ਨੇ ਮੇਰੇ ਕਾਰਜਕਾਲ ਦੌਰਾਨ ਵਿਭਾਗੀ ਡਿਊਟੀ ਨੂੰ ਮਿਹਨਤ ਤੇ ਪ੍ਰਮਾਣਿਕਤਾ ਨਾਲ ਨਿਭਾਇਆ। ਧਰਮਿੰਦਰ ਕੁਮਾਰ ਨੇ ਜ਼ਿਲ੍ਹਾ ਸਿੱਖਿਆ ਦਫ਼ਤਰ (ਸੈਕੰਡਰੀ ਐਜੂਕੇਸ਼ਨ) ਸੰਗਰੂਰ ਵੱਲੋਂ ਦਿੱਤਾ ਸ਼ੁਭਕਾਮਨਾਵਾਂ ਦਾ ਸੁਨੇਹਾ ਦਿੱਤਾ। ਪਰਦੀਪ ਚੰਦ ਨੂੰ ਭੇਂਟ ਕੀਤਾ। ਸਾਬਕਾ ਪ੍ਰਿੰਸੀਪਲ ਨੀਰੂ ਜਿੰਦਲ ਨੇ ਪਰਦੀਪ ਚੰਦ ਦੇ ਸਮੁੱਚੇ ਜੀਵਨ ਦੀਆਂ ਪ੍ਰਾਪਤੀਆਂ ਬਾਰੇ ਲਿਖਿਆ 'ਸਨਮਾਨ ਪੱਤਰ' ਪੜ੍ਹਿਆ। ਏਡਡ ਸਕੂਲ ਅਧਿਆਪਕ ਅਤੇ ਹੋਰ ਕਰਮਚਾਰੀ ਯੂਨੀਅਨ ਪੰਜਾਬ-1967 ਦੀ ਸੰਗਰੂਰ ਜ਼ਿਲ੍ਹਾ ਇਕਾਈ ਦੇ ਸਰਪ੍ਰਸਤ ਮਿਹਰਾ ਸਿੰਘ ਤੇ ਸੀਨੀਅਰ ਆਗੂ ਲਖਵੀਰ ਸਿੰਘ ਸਰਾਓ ਨੇ ਕਿਹਾ ਕਿ ਪਰਦੀਪ ਚੰਦ ਨੇ ਐਸ.ਐਲ.ਏ. ਦੀ ਪੋਸਟ ਦੇ ਨਾਲ-ਨਾਲ ਦਫ਼ਤਰੀ ਕਾਰਜਾਂ ਨੂੰ ਸਿੱਖ ਕੇ ਵਿਸ਼ੇਸ਼ਤਾ ਹਾਸਿਲ ਕੀਤੀ ਹੈ। ਏਡਡ ਯੂਨੀਅਨ ਦੇ ਸਾਬਕਾ ਉਪ-ਪ੍ਰਧਾਨ ਨਰਿੰਦਰ ਵਰਮਾ ਨੇ ਕਿਹਾ ਕਿ ਪਰਦੀਪ ਚੰਦ ਦੁਆਰਾ ਸਿੱਖਿਆ ਵਿਭਾਗ ਵਿੱਚ ਬਣਾਏ ਰੁਤਬੇ ਨਾਲ ਸਕੂਲ ਦਾ ਨਾਂਅ ਰੌਸ਼ਨ ਹੋਇਆ। ਵਾਈਸ ਪ੍ਰਿੰਸੀਪਲ ਮਨਪ੍ਰੀਤ ਕੌਰ ਨੇ ਕਿਹਾ ਕਿ ਪਰਦੀਪ ਚੰਦ ਵੱਲੋਂ ਨਿਭਾਈ ਦਫ਼ਤਰੀ ਸੇਵਾ ਨੂੰ ਸਦਾ ਯਾਦ ਰੱਖਿਆ ਜਾਵੇਗਾ।

ਸਾਬਕਾ ਵਾਈਸ ਪ੍ਰਿੰਸੀਪਲ ਕੁਸਮ ਜਿੰਦਲ ਨੇ ਪਰਦੀਪ ਚੰਦ ਬਾਰੇ ਆਪਣੀ ਲਿਖੀ ਕਵਿਤਾ ਸੁਣਾਈ। ਸੁਨੀਤਾ ਰਾਣੀ ਅਗਰਵਾਲ ਨੇ ਸ਼ਬਦੀਕਾ 'ਤੇ ਚਾਨਣਾ ਪਾਇਆ। ਲੈਕਚਰਾਰ ਸੁਖਚੈਨ ਸਿੰਘ ਨੇ ਪਰਦੀਪ ਚੰਦ ਬਾਰੇ ਸਿਰਜਿਆ ਕਾਵਿ-ਚਿਤਰ ਸੁਣਾਇਆ। ਲੈਕਚਰਾਰ ਭੁਪਿੰਦਰ ਸਿੰਘ ਨੇ ਪਰਦੀਪ ਚੰਦ ਨੂੰ ਸਮਾਜ ਸੇਵੀ ਦਾ ਦਰਜਾ ਦਿੱਤਾ। ਲੈਕਚਰਾਰ ਕੁਲਦੀਪ ਸਿੰਘ, ਕਰਨਜੋਤ ਸਿੰਘ, ਅਮਨਦੀਪ ਸਿੰਘ ਅਤੇ ਗੁਰਪ੍ਰੀਤ ਕੌਰ ਨੇ ਪਰਦੀਪ ਚੰਦ ਦੇ ਦਫ਼ਤਰੀ ਕੰਮਾਂ ਨੂੰ ਸੁਚੱਜੇ ਢੰਗ ਨਾਲ ਕਰਨ ਬਾਰੇ ਸ਼ਲਾਘਾ ਕੀਤੀ।

# ਸਿਆਸੀ ਪੋਸਟਰਾਂ ਨੇ ਵਿਗਾੜੀ ਸ਼ਹਿਰ ਦੀ ਸੂਰਤ, ਪ੍ਰਸ਼ਾਸਨ ਖਾਮੋਸ਼



ਬਠਿੰਡਾ (ਰੀਤਵਾਲ)

ਸ਼ਹਿਰ ਦੀਆਂ ਸੜਕਾਂ ਤੇ ਚੌਰਾਹਿਆਂ 'ਤੇ ਲੱਗੇ ਬਿਜਲੀ ਦੇ ਖੰਭਿਆਂ (ਪੋਲਾਂ) ਉੱਤੇ ਸਿਆਸੀ ਆਗੂਆਂ ਦੇ ਇਸ਼ਤਿਹਾਰੀ ਪੋਸਟਰਾਂ ਦੀ ਭਰਮਾਰ ਨੇ ਸ਼ਹਿਰ ਦੀ ਦਿੱਖ ਨੂੰ ਬੁਰੀ ਤਰ੍ਹਾਂ ਵਿਗਾੜ ਦਿੱਤਾ ਹੈ। ਥਾਂ-ਥਾਂ ਲੱਗੇ ਇਹ ਪੋਸਟਰ ਕਿਧਰੇ ਪਾਟੇ ਲਟਕ ਰਹੇ ਹਨ, ਕਿਧਰੇ ਇੱਕ ਦੂਜੇ ਉੱਤੇ ਚਿਪਕਾਏ ਗਏ ਹਨ, ਜਿਸ ਨਾਲ ਸ਼ਹਿਰ ਦੀ ਸੁੰਦਰਤਾ ਨੂੰ ਗ੍ਰਹਿਣ ਲੱਗ ਗਿਆ ਹੈ। ਸ਼ਹਿਰ ਵਾਸੀਆਂ ਦਾ ਕਹਿਣਾ ਹੈ ਕਿ ਸਿਆਸੀ ਪਾਰਟੀਆਂ ਦੇ ਆਗੂ ਆਪਣੀ ਮਸ਼ਹੂਰੀ ਲਈ ਨਿਯਮਾਂ ਦੀਆਂ ਧੱਜੀਆਂ ਉਡਾ ਰਹੇ ਹਨ। ਕਈ ਥਾਵਾਂ 'ਤੇ ਪੋਸਟਰ ਟ੍ਰੈਫਿਕ ਸਿਗਨਲਾਂ ਤੇ ਸੂਚਨਾ ਬੋਰਡਾਂ ਨੂੰ ਵੀ ਢਕ ਰਹੇ ਹਨ, ਜਿਸ ਨਾਲ ਰਾਹਗੀਰਾਂ ਤੇ ਵਾਹਨ ਚਾਲਕਾਂ ਨੂੰ ਮੁਸ਼ਕਲ ਹੁੰਦੀ ਹੈ। ਸਰਕਾਰੀ ਸੰਪਤੀ 'ਤੇ ਬਿਨਾਂ ਇਜਾਜ਼ਤ ਇਸ਼ਤਿਹਾਰ ਲਗਾਉਣਾ ਨਿਯਮਾਂ ਦੀ ਸਿੱਧੀ ਉਲੰਘਣਾ ਹੈ। ਅਵਾਜ਼ ਬੁਲੰਦ ਲੋਕਾਂ ਦਾ ਕਹਿਣਾ ਹੈ ਕਿ ਸ਼ਹਿਰ ਨੂੰ ਸਾਫ਼-ਸੁਥਰਾ ਬਣਾਉਣ ਦੇ ਦਾਅਵੇ ਤਾਂ ਬਹੁਤ ਕੀਤੇ ਜਾਂਦੇ ਹਨ, ਪਰ ਜ਼ਮੀਨੀ ਹਕੀਕਤ ਇਹ ਹੈ ਕਿ ਬਹੁਤੇ ਪੋਲ ਪੋਸਟਰਾਂ ਨਾਲ ਲਿਬੜੇ ਪਏ ਹਨ। ਲੋਕਾਂ ਨੇ ਸਵਾਲ ਚੁੱਕਿਆ ਹੈ ਕਿ ਕੀ ਪ੍ਰਸ਼ਾਸਨ ਤੇ ਨਗਰ ਕੌਂਸਲ ਇਸ ਮਾਮਲੇ ਵਿੱਚ ਕੁੰਭਕਰਨੀ ਨੀਂਦ ਤੋਂ ਜਾਗ ਕੇ ਕੋਈ ਠੋਸ ਕਾਰਵਾਈ ਕਰਨਗੇ ਜਾਂ ਇਹ ਸਮੱਸਿਆ ਇਸੇ ਤਰ੍ਹਾਂ ਬਰਕਰਾਰ ਰਹੇਗੀ। ਸ਼ਹਿਰ ਵਾਸੀਆਂ ਨੇ ਮੰਗ ਕੀਤੀ ਕਿ ਗੈਰ-ਕਾਨੂੰਨੀ ਪੋਸਟਰ ਤੁਰੰਤ ਹਟਾਏ ਜਾਣ, ਨਿਯਮ ਤੋੜਨ ਵਾਲਿਆਂ ਖ਼ਿਲਾਫ਼ ਜੁਰਮਾਨੇ ਸਮੇਤ ਸਖ਼ਤ ਕਾਰਵਾਈ ਹੋਵੇ ਤੇ ਇਸ਼ਤਿਹਾਰਬਾਜ਼ੀ ਲਈ ਵੱਖਰੀਆਂ ਨਿਰਧਾਰਤ ਥਾਵਾਂ ਤੈਅ ਕੀਤੀਆਂ ਜਾਣ।

# ਐੱਸ ਆਰ ਐੱਸ ਵਿਦਿਆਪੀਠ 'ਚ ਸਾਰਥਿਕ ਗਤੀਵਿਧੀਆਂ ਨਾਲ ਗਾਂਧੀ ਜਯੰਤੀ ਮਨਾਈ ਗਈ



ਸਮਾਣਾ (ਗੁਰਪਿਆਰ ਸਿੰਘ ਬੱਲ) ਐਸਆਰਐਸ ਵਿਦਿਆਪੀਠ ਵਿੱਚ ਗਾਂਧੀ ਜਯੰਤੀ ਦੇ ਮੌਕੇ 'ਤੇ ਵਿਦਿਆਰਥੀਆਂ ਨੂੰ ਜੀਵਨ-ਮੁੱਲਾਂ ਅਤੇ ਸਿੱਖਿਆਵਾਂ ਨਾਲ ਜਾਣੂ ਕਰਾਉਣ ਦੇ ਉਦੇਸ਼ ਨਾਲ ਵੱਖ-ਵੱਖ ਰਚਨਾਤਮਕ ਤੇ ਸਿੱਖਿਆਤਮਕ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਸਮਾਗਮ ਦੌਰਾਨ ਵੱਖ-ਵੱਖ ਜਮਾਤਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲੈਂਦਿਆਂ ਗਾਇਨ, ਕਹਾਣੀ ਪੇਸ਼ਕਾਰੀ ਤੇ ਗਾਂਧੀ ਜਯੰਤੀ ਦੀ ਥੀਮ 'ਤੇ ਅਧਾਰਤ ਵੱਖ-ਵੱਖ ਕਲਾ ਤੇ ਸ਼ਿਲਪ ਗਤੀਵਿਧੀਆਂ ਵਿੱਚ ਆਪਣੀ ਰਚਨਾਤਮਕਤਾ ਦਾ ਪ੍ਰਦਰਸ਼ਨ ਕੀਤਾ। ਇਨ੍ਹਾਂ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਨੇ ਸਿੱਖਣ ਦੇ ਨਾਲ-ਨਾਲ ਆਪਣੀ ਸਮਝ ਨੂੰ ਰਚਨਾਤਮਕ ਢੰਗ ਨਾਲ ਪ੍ਰਗਟ ਕਰਨ ਦਾ ਮੌਕਾ ਮਿਲਿਆ।

ਰਚਨਾਤਮਕ ਗਤੀਵਿਧੀਆਂ ਦੌਰਾਨ ਵਿਦਿਆਰਥੀਆਂ ਨੇ ਸਧਾਰਨ ਸਮੱਗਰੀ ਦੀ ਵਰਤੋਂ ਕਰਦਿਆਂ ਪ੍ਰਸਿੱਧ ਚਸ਼ਮੇ ਤੇ ਚਰਖੇ ਦੇ ਮਾਡਲ ਤਿਆਰ ਕੀਤੇ। ਇਨ੍ਹਾਂ ਗਤੀਵਿਧੀਆਂ ਰਾਹੀਂ ਸਾਦਗੀ, ਆਤਮਨਿਰਭਰਤਾ ਤੇ ਸ਼ਫਾਈ ਵਰਗੇ ਮੁੱਲਾਂ ਨੂੰ ਰੁਚਿਕਰ ਤੇ ਅਨੁਭਵਾਤਮਕ ਢੰਗ ਨਾਲ ਸਮਝਣ ਦਾ ਮੌਕਾ ਮਿਲਿਆ। ਸਮਾਗਮ ਵਿੱਚ ਵਿਦਿਆਰਥੀਆਂ ਵੱਲੋਂ 'ਸਵੱਛ ਭਾਰਤ' ਵਿਸ਼ੇ 'ਤੇ ਇੱਕ ਜੀਵੰਤ ਨ੍ਰਿਤ ਪ੍ਰਸਤੁਤੀ ਵੀ ਪੇਸ਼ ਕੀਤੀ ਗਈ, ਜਿਸ ਰਾਹੀਂ ਸਫ਼ਾਈ ਦੀ ਮਹੱਤਤਾ ਤੇ ਆਪਣੇ ਆਲੇ-ਦੁਆਲੇ ਨੂੰ ਸਾਫ਼ ਰੱਖਣ ਦੀ ਜ਼ਿੰਮੇਵਾਰੀ ਦਾ ਸੰਦੇਸ਼ ਦਿੱਤਾ ਗਿਆ। ਇਸ ਆਯੋਜਨ ਨੇ ਐਸਆਰਐਸ ਵਿਦਿਆਪੀਠ ਦੇ ਉਸ ਯਤਨ ਨੂੰ ਦਰਸਾਇਆ, ਜਿਸ ਤਹਿਤ ਰਾਸ਼ਟਰੀ ਮਹੱਤਤਾ ਵਾਲੇ ਦਿਵਸਾਂ ਨੂੰ ਵਿਦਿਆਰਥੀਆਂ ਲਈ ਸਾਰਥਕ ਤੇ ਅਨੁਭਵਾਤਮਕ ਸਿੱਖਣ ਦੇ ਮੌਕਿਆਂ ਵਿੱਚ ਬਦਲਿਆ ਜਾਂਦਾ ਹੈ। ਰਚਨਾਤਮਕ ਪ੍ਰਗਟਾਵੇ, ਪ੍ਰਸਤੁਤੀਆਂ ਤੇ ਗਤੀਵਿਧੀ-ਅਧਾਰਤ ਸਿੱਖਣ ਰਾਹੀਂ ਵਿਦਿਆਰਥੀਆਂ ਨੂੰ ਸੱਚਾਈ, ਸਾਦਗੀ, ਸਫ਼ਾਈ ਤੇ ਜ਼ਿੰਮੇਵਾਰ ਵਰਗੇ ਮੁੱਲਾਂ ਨੂੰ ਆਪਣੇ ਰੋਜ਼ਾਨਾ ਜੀਵਨ ਨਾਲ ਜੋੜਨ ਲਈ ਪ੍ਰੇਰਿਤ ਕੀਤਾ ਗਿਆ। ਇਨ੍ਹਾਂ ਗਤੀਵਿਧੀਆਂ ਨੇ ਵਿਦਿਆਰਥੀਆਂ ਨੂੰ ਆਪਣੀ ਰਚਨਾਤਮਕਤਾ, ਆਤਮਵਿਸ਼ਵਾਸ ਤੇ ਸਹਿਯੋਗ ਦੀ ਭਾਵਨਾ ਦਾ ਪ੍ਰਦਰਸ਼ਨ ਕਰਨ ਦੇ ਨਾਲ-ਨਾਲ ਇਹ ਸਮਝਣ ਦਾ ਮੌਕਾ ਦਿੱਤਾ, ਜੋ ਅੱਜ ਵੀ ਸਾਡੇ ਜੀਵਨ ਵਿੱਚ ਪ੍ਰਸੰਗਿਕ ਹਨ।

## ਪਸਸਫ ਦੇ ਮੁਲਾਜ਼ਮ 10 ਨੂੰ ਸੰਗਰੂਰ ਮਹਾਂ ਰੈਲੀ 'ਚ ਸ਼ਾਮਲ ਹੋਣਗੇ : ਗਹਿਰੀ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਮੁਲਾਜ਼ਮ ਮੰਚ ਵੱਲੋਂ ਪੰਜਾਬ ਸਰਕਾਰ ਖਿਲਾਫ 10 ਅਕਤੂਬਰ ਨੂੰ ਸੰਗਰੂਰ ਵਿਖੇ ਕੀਤੀ ਜਾਣ ਵਾਲੀ ਮਹਾਂ ਰੈਲੀ ਵਿੱਚ ਸ਼ਾਮਲ ਹੋਣ ਸਬੰਧੀ ਤਿਆਰੀ ਲਈ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1406/22 ਬੀ ਜ਼ਿਲ੍ਹਾ ਬਠਿੰਡਾ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਹਰਨੇਕ ਸਿੰਘ ਗਹਿਰੀ ਦੀ ਅਗਵਾਈ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪੀ ਡਬਲਿਊ ਡੀ ਫੀਲਡ ਐਂਡ ਵਰਕਸ਼ਾਪ ਵਰਕਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਬਲਰਾਜ ਸਿੰਘ ਮੌੜ ਤੇ ਪਸਸਫ ਆਗੂ ਕਿਸ਼ੋਰ ਚੰਦ ਗਾਜ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮਹਿੰਗਾਈ ਭੱਤੇ ਦੇ ਬਕਾਏ ਸਬੰਧੀ ਜੋ 8% ਮਹਿੰਗਾਈ ਭੱਤਾ ਵਧਾਉਣ ਦਾ ਪੱਤਰ ਜਾਰੀ ਕੀਤਾ ਗਿਆ ਹੈ, ਉਸ ਨੂੰ ਸਰਕਾਰ ਕੇਂਦਰ ਨਾਲੋਂ ਡੀ-ਲਿੰਕ ਕਰਨ ਦੀ ਸਾਜ਼ਿਸ਼ ਕਰਾਰ ਦਿੱਤਾ ਗਿਆ ਹੈ।ਮੀਟਿੰਗ ਵਿੱਚ ਮੰਗਾਂ ਦੀ ਪ੍ਰਾਪਤੀ ਲਈ 10 ਅਕਤੂਬਰ ਨੂੰ ਸੰਗਰੂਰ ਵਿਖੇ ਹੋਣ ਜਾ ਰਹੀ ਮਹਾਂ ਰੈਲੀ ਸਬੰਧੀ ਤਿਆਰੀ ਕੀਤੀ ਗਈ।ਆਗੂਆਂ ਨੇ ਆਖਿਆ ਕਿ ਜੇਕਰ ਮੁੱਖ ਮੰਤਰੀ ਨੇ ਆਪਣੇ ਕੀਤੇ ਵਾਅਦੇ ਅਨੁਸਾਰ ਅਕਤੂਬਰ ਦੇ ਪਹਿਲੇ ਹਫਤੇ ਸਾਂਝੀ ਤਾਲਮੇਲ ਕਮੇਟੀ ਨਾਲ ਮੀਟਿੰਗ ਕਰਕੇ ਉਕਤ ਮੰਗਾਂ ਦਾ ਨਿਪਟਾਰਾ ਨਾ ਕੀਤਾ ਤਾਂ 10 ਅਕਤੂਬਰ ਨੂੰ ਸੰਗਰੂਰ ਵਿਖੇ ਹੋਣ ਜਾ ਰਹੀ ਮਹਾਂ ਰੈਲੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ 07 ਅਗਸਤ ਨੂੰ ਕੀਤੀ ਗਈ ਚੰਡੀਗੜ੍ਹ ਰੈਲੀ ਦਾ ਆਪਣਾ ਰਿਕਾਰਡ ਵੀ ਤੋੜੇਗੀ।ਮੀਟਿੰਗ ਵਿੱਚ ਹਾਜ਼ਰ ਆਗੂਆਂ ਸੁਖਚੈਨ ਸਿੰਘ ਬਠਿੰਡਾ, ਜਸਪਾਲ ਸਿੰਘ ਜੱਸੀ, ਅੰਮ੍ਰਿਤਪਾਲ ਸਿੰਘ ਜਗਜਾਤ, ਬਲਦੇਵ ਸਿੰਘ ਜੀਟੀਯੂ, ਦਰਸ਼ਨ ਸ਼ਰਮਾ, ਹੰਸ ਰਾਜ ਬੀਜਵਾ, ਗੁਰਜੰਟ ਸਿੰਘ ਮਾਨ, ਰਣਜੀਤ ਸਿੰਘ ਸਿੱਧੂ, ਗੁਰਮੀਤ ਸਿੰਘ ਭੋਡੀਪੁਰਾ, ਕੁਲਵੰਤ ਸਿੰਘ ਬਰਾੜ, ਲਖਬੀਰ ਭਾਗੀਵਾਂਦਰ, ਬਲਜਿੰਦਰ ਸਿੰਘ ਚੁੱਘੇ, ਧਰਮ ਸਿੰਘ ਕੋਠਾ ਗੁਰੂ, ਬਲਵਿੰਦਰ ਸਿੰਘ ਸਗਰਾਮ, ਪਰਮ ਚੰਦ ਬਠਿੰਡਾ, ਬਲਵੀਰ ਸਿੰਘ ਭੱਟੀ, ਪੂਰਨ ਸਿੰਘ, ਗੁਰਚਰਨ ਜੋੜਕੀਆਂ ਆਦਿ ਹਾਜ਼ਰ ਸਨ।

## ਗੱਲਾ ਮਜ਼ਦੂਰਾਂ ਦਾ ਵਫ਼ਦ ਐੱਸ ਡੀ ਐੱਮ ਨੂੰ ਮਿਲਿਆ



**ਜਗਰਾਉਂ (ਨਛੱਤਰ ਸੰਧੂ)**-ਦਾਣਾ ਮੰਡੀ ਦੇ ਗੱਲਾ ਮਜ਼ਦੂਰਾਂ ਦਾ ਵਫ਼ਦ ਮੰਡੀ ਪ੍ਰਧਾਨ ਦੇਵ ਰਾਜ ਦੀ ਅਗਵਾਈ 'ਚ ਐਸ ਡੀ ਐਮ ਬਾਦਲ ਦੀਨ ਨੂੰ ਉਨ੍ਹਾਂ ਦੇ ਦਫ਼ਤਰ 'ਚ ਮਿਲਿਆ।ਇਸਮੌਕੇ ਕੇਂਦਰ ਪੰਜਾਬ ਦੇ ਜਨਰਲ ਸਕੱਤਰ ਕੰਵਲਜੀਤ ਖੰਨਾ ਵੀ ਹਾਜ਼ਰ ਸਨ।ਵਫ਼ਦ ਨੇ ਲਿਖਤੀ ਮੰਗ ਪੱਤਰ ਰਾਹੀਂ ਮੰਗ ਕੀਤੀ ਕਿ ਹਰ ਸਾਲ ਦੇ ਸੀਜ਼ਨ ਦੌਰਾਨ ਖਰੀਦ ਏਜੰਸੀਆਂ ਵੱਲੋਂ ਖ਼ਰੀਦ ਕਰਨ ਸਮੇਂ ਆਉਂਦੀਆਂ ਸਮੱਸਿਆਵਾਂ ਦਾ ਸਮਾਂ ਰਹਿੰਦਿਆਂ ਹੱਲ ਕਰ ਦਿੱਤਾ ਜਾਵੇ ਤਾਂ ਕਿ ਮਜ਼ਦੂਰ ਵਰਗ ਵਿਚ ਬਚ ਸਕਣਾ ਹੈ।ਵਫ਼ਦ ਨੇ ਮੰਗ ਕੀਤੀ ਹੈ ਕਿ ਝੋਨੇ ਦੀ ਖਰੀਦ ਸਮੇਂ ਖਰੀਦ ਏਜੰਸੀਆਂ ਨਾਲ ਮਾਉਜਰ ਦੇ ਪੈਮਾਨੇ ਦੀ ਪਾਲਣਾ ਦੀ ਗਾਰੰਟੀ ਕੀਤੀ ਜਾਵੇ।ਚੌਤਰ ਘੰਟੇ 'ਚ ਅਨਾਜ ਦੀ ਲਿਫਟਿੰਗ ਯਕੀਨੀ ਬਣਾਈ ਜਾਵੇ।ਖਰੀਦ ਏਜੰਸੀਆਂ ਬਾਰਦਾਨੇ ਦੀ ਸਪਲਾਈ ਮੰਡੀ 'ਚ ਯਕੀਨੀ ਬਣਾਉਣ।ਮੰਡੀ 'ਚ ਅਨਾਜ ਦੀ ਸੁਰੱਖਿਆ ਲਈ ਸਖ਼ਤ ਕਦਮ ਉਠਾਏ ਜਾਣ, ਮੰਡੀ 'ਚ ਸੀਜ਼ਨ ਦੌਰਾਨ ਨਿਰੰਤਰ ਸਫ਼ਾਈ, ਬਿਜਲੀ, ਪੀਣ ਵਾਲੇ ਪਾਣੀ ਦੀ ਸੇਵਾ ਨਿਰਵਿਘਨ ਜਾਰੀ ਰੱਖਣ ਦੀ ਮੰਗ ਕੀਤੀ ਗਈ।ਮੰਗ ਪੱਤਰ 'ਚ ਸਰਕਾਰ ਤੋਂ ਮਜ਼ਦੂਰੀ ਰੇਟਾਂ 'ਚ ਪੱਚੀ ਪ੍ਰਤੀਸ਼ਤ ਵਾਧਾ ਕਰਨ ਦੀ ਮੰਗ ਮਨਵਾਉਣ ਦੀ ਮੰਗ ਵੀ ਕੀਤੀ ਗਈ।ਵਫ਼ਦ ਨੇ ਸਬੰਧਤ ਧਿਰਾਂ ਨਾਲ ਸਾਂਝੀ ਮੀਟਿੰਗ ਕਰਨ ਦੀ ਸਿਵਲ ਅਧਿਕਾਰੀ ਤੋਂ ਮੰਗ ਕੀਤੀ, ਜਿਸ ਬਾਰੇ ਉਨ੍ਹਾਂ ਯਕੀਨ ਦਿਵਾਇਆ ਕਿ ਜਲਦੀ ਮੀਟਿੰਗ ਸੱਦੀ ਜਾਵੇਗੀ।ਵਫ਼ਦ ਚ ਜਸਵੰਤ ਸਿੰਘ, ਸੋਨੂ ਸਿੰਘ ਤੇ ਕੁਲਦੀਪ ਸਿੰਘ ਸਹੋਤਾ ਆਦਿ ਹਾਜ਼ਰ ਸਨ।

## ਮਾਤਾ ਸੁੰਦਰੀ ਕਾਲਜ ਢੱਡੇ ਦੀਆਂ ਖਿਡਾਰਨਾਂ ਦਾ ਕੁਸ਼ਤੀ 'ਚ ਸ਼ਾਨਦਾਰ ਪ੍ਰਦਰਸ਼ਨ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਲਵਾ ਖੇਤਰ ਦੀ ਨਾਮਵਰ ਸੰਸਥਾ ਮਾਤਾ ਸੁੰਦਰੀ ਗਰੁੱਪ ਆਫ ਇੰਸਟੀਚਿਊਸ਼ਨਜ਼ ਢੱਡੇ ਦੀ ਇਕਾਈ ਮਾਤਾ ਸੁੰਦਰੀ ਕਾਲਜ ਢੱਡੇ ਦੀਆਂ ਖਿਡਾਰਨਾਂ ਨੇ ਖੇਡਾਂ ਵਤਨ ਪੰਜਾਬ ਦੀਆਂ-2026 ਦੇ ਕੁਸ਼ਤੀ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੰਸਥਾ ਦਾ ਨਾਮ ਰੌਸ਼ਨ ਕੀਤਾ।ਇਨ੍ਹਾਂ ਮੁਕਾਬਲਿਆਂ ਵਿੱਚ ਕਾਲਜ ਦੀਆਂ ਖਿਡਾਰਨਾਂ ਨੇ ਵੱਖ-ਵੱਖ ਭਾਰ ਵਰਗਾਂ ਵਿੱਚ ਜਿੱਤਾਂ ਕੇ ਆਪਣੀ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਸੰਸਥਾ ਦੇ ਖੇਡ ਵਿਭਾਗ ਦੇ ਮੁਖੀ ਪ੍ਰੋ. ਜਸਵਿੰਦਰ ਸਿੰਘ ਨੇ ਖਿਡਾਰਨਾਂ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕੁਸ਼ਤੀ ਮੁਕਾਬਲਿਆਂ ਵਿੱਚ ਅਮਿਤ ਕੌਰ ਨੇ 65 ਕਿਲੋਗ੍ਰਾਮ, ਭਵਨਜੋਤ ਕੌਰ ਨੇ 69 ਕਿਲੋਗ੍ਰਾਮ ਤੇ ਸੁਖਮਨਪ੍ਰੀਤ ਕੌਰ ਨੇ 73 ਕਿਲੋਗ੍ਰਾਮ ਭਾਰ ਵਰਗ ਵਿੱਚ ਸੋਨੇ ਦੇ ਤਮਗੇ ਜਿੱਤ ਕੇ ਸੰਸਥਾ ਦੀ ਝੋਲੀ ਪਾਏ। ਇਸੇ ਤਰ੍ਹਾਂ ਸਮਰਪ੍ਰੀਤ ਕੌਰ ਨੇ 49 ਕਿਲੋਗ੍ਰਾਮ, ਹਰਮਨਜੋਤ ਕੌਰ ਨੇ 65 ਕਿਲੋਗ੍ਰਾਮ ਤੇ ਪ੍ਰਨੀਤ ਕੌਰ ਨੇ 53 ਕਿਲੋਗ੍ਰਾਮ ਭਾਰ ਵਰਗ ਵਿੱਚ ਚਾਂਦੀ ਦੇ ਤਮਗੇ ਜਿੱਤ ਕੇ ਸੰਸਥਾ ਦਾ ਮਾਣ ਵਧਾਇਆ।ਇਨ੍ਹਾਂ ਸ਼ਾਨਦਾਰ ਪ੍ਰਾਪਤੀਆਂ ਵਿੱਚ ਪ੍ਰੋ. ਕਰਨਵੀਰ ਸਿੰਘ ਤੇ ਮੈਡਮ ਸਤਵੀਰ ਕੌਰ ਨੇ ਵਿਸ਼ੇਸ਼ ਯੋਗਦਾਨ ਪਾਇਆ।ਖੇਡ ਵਿਭਾਗ ਦੇ ਇਸ ਉਪਰਾਲੇ ਤੇ ਖਿਡਾਰਨਾਂ ਦੀ ਸਫਲਤਾ ਦੀ ਸ਼ਲਾਘਾ ਕਰਦਿਆਂ ਸੰਸਥਾ ਦੇ ਚੇਅਰਮੈਨ ਕੁਲਵੰਤ ਸਿੰਘ ਢੱਡੇ, ਐੱਮ. ਡੀ. ਗੁਰਬਿੰਦਰ ਸਿੰਘ ਬੱਲੀ ਤੇ ਡਾਇਰੈਕਟਰ ਐਡਮਨਿਸਟ੍ਰੇਸ਼ਨ ਪਰਮਿੰਦਰ ਸਿੰਘ ਸਿੱਧੂ, ਪ੍ਰਿੰਸੀਪਲ ਪ੍ਰੋ. ਰਾਜ ਸਿੰਘ ਬਾਘਾ, ਸੰਸਥਾ ਦੇ ਡਾਇਰੈਕਟਰ ਮੈਡਮ ਸਿੰਬਲਜੀਤ ਕੌਰ, ਖ਼ਜ਼ਾਨਚੀ ਮੈਡਮ ਪ੍ਰਸ਼ੋਤਮ ਕੌਰ ਤੇ ਪ੍ਰਿੰਸੀਪਲ ਸ. ਕੰਵਰਦੀਪ ਸਿੰਘ ਗਿੱਲ ਨੇ ਸਮੂਹ ਸਟਾਫ ਤੇ ਜੇਤੂ ਖਿਡਾਰਨਾਂ ਨੂੰ ਵਧਾਈ ਦਿੱਤੀ।

## ਗੁਰਭੇਜ ਸਿੰਘ ਬਰਾੜ ਨੇ ਵਾਈਸ ਚੇਅਰਮੈਨ ਵਜੋਂ ਅਹੁਦਾ ਸੰਭਾਲਿਆ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਪੰਜਾਬ ਸਰਕਾਰ ਦੇ ਨਿਰਦੇਸ਼ਾਂ ਤਹਿਤ ਗੁਰਭੇਜ ਸਿੰਘ ਬਰਾੜ ਨੇ ਵਾਈਸ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਵਜੋਂ ਆਪਣਾ ਅਹੁਦਾ ਸੰਭਾਲਿਆ।ਸਮੁੱਚੀ ਲੀਡਰਸ਼ਿਪ ਨੇ ਨਵ-ਨਿਯੁਕਤ ਚੇਅਰਮੈਨ ਨੂੰ ਮੁਬਾਰਕਬਾਦ ਦਿੱਤੀ।ਇਸ ਮੌਕੇ ਹਲਕਾ ਵਿਧਾਇਕ ਜੈਤੋ ਅਮੋਲਕ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਹਨ।ਵਿਧਾਇਕ ਅਮੋਲਕ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਉਨ੍ਹਾਂ ਨੂੰ ਇਹ ਵੱਡੀ ਜ਼ਿੰਮੇਵਾਰੀ ਸੌਂਪੀ ਗਈ ਹੈ।ਉਨ੍ਹਾਂ ਆਸ ਪ੍ਰਗਟਾਈ ਕਿ ਇਹ ਦਿੱਤੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਪੰਜਾਬ ਦੇ ਵਿਕਾਸ ਲਈ ਪਹਿਲ ਦੇ ਆਧਾਰ 'ਤੇ ਕੰਮ ਕੀਤੇ ਜਾ ਰਹੇ ਹਨ।ਵਾਈਸ ਚੇਅਰਮੈਨ ਗੁਰਭੇਜ ਸਿੰਘ ਬਰਾੜ ਨੇ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਨੇ ਉਨ੍ਹਾਂ ਨੂੰ ਜੋ ਜ਼ਿੰਮੇਵਾਰੀ ਸੌਂਪੀ ਹੈ, ਉਸ ਨੂੰ ਤਨਦੇਹੀ ਤੇ ਸਮਰਪਣ ਨਾਲ ਨਿਭਾਉਣਗੇ। ਜ਼ਿਲ੍ਹੇ ਦੇ ਹਿੱਤਾਂ, ਵਿਕਾਸ ਉਪਰਾਲਿਆਂ ਤੇ ਆਮ ਲੋਕਾਂ ਦੀ ਭਲਾਈ ਦੀਆਂ ਯੋਜਨਾਵਾਂ ਤੇ ਪੂਰਾ ਧਿਆਨ ਕੇਂਦਰਿਤ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੇਂਡੂ ਖੇਤਰਾਂ ਦੇ ਵਿਕਾਸ ਵਿੱਚ ਕੋਈ ਕਮੀ ਨਹੀਂ ਛੱਡੀ ਜਾਵੇਗੀ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਵਿਕਾਸ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਉਣਗੇ ਤੇ ਸਮੁੱਚੀ ਪਾਰਟੀ ਦੀ ਲੀਡਰਸ਼ਿਪ ਦੇ ਸਹਿਯੋਗ ਨਾਲ ਵਿਕਾਸ ਕਾਰਜਾਂ ਨੂੰ ਕਰਾਉਣਗੇ।

## ਐਡਵਰਡ ਗੰਜ ਚੋਣਾਂ ਦੀ ਵੋਟਰ ਲਿਸਟ ਜਾਰੀ

**ਮਲੋਟ (ਰਜਿੰਦਰ ਜੁਨੇਜਾ)**-ਅਰਥਾਂ ਦੀ ਪ੍ਰਪਾਰਟੀ ਦੀ ਮਾਲਕ ਐਡਵਰਡ ਗੰਜ ਪਬਲਿਕ ਵੈਲਫੇਅਰ ਐਸੋਸੀਏਸ਼ਨ ਦੀਆਂ ਆਗਾਮੀ ਚੋਣਾਂ ਸਬੰਧੀ ਵੋਟਰ ਲਿਸਟ ਜਾਰੀ ਕਰ ਦਿੱਤੀ ਗਈ ਹੈ।ਚੋਣ ਕਮੇਟੀ ਮੈਂਬਰ ਸੋਮ ਡੂਮੜਾ, ਸੁਖਦੀਪ ਸਿੰਘ, ਰਾਕੇਸ਼ ਵਾਟਸ, ਐਸੋਸੀਏਸ਼ਨ ਦੇ ਸਕੱਤਰ ਨਿਸ਼ੀਥ ਸ਼ਰਮਾ ਨੇ ਦੱਸਿਆ ਕਿ ਵੋਟਰ ਲਿਸਟ ਐਡਵਰਡ ਗੰਜ ਦੇ ਦਫ਼ਤਰ ਵਿਖੇ ਉਪਲਬਧ ਹੈ ਤੇ ਕੋਈ ਵੀ ਸਬੰਧਤ ਵਿਅਕਤੀ ਦਫ਼ਤਰ ਆ ਕੇ ਆਪਣਾ ਨਾਂਅ ਤੇ ਵੋਟਰ ਲਿਸਟ ਚੈੱਕ ਕਰ ਸਕਦਾ ਹੈ।ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਵਿਅਕਤੀ ਨੂੰ ਵੋਟਰ ਲਿਸਟ ਵਿੱਚ ਕਿਸੇ ਨਾਂਅ ਜਾਂ ਵੇਰਵੇ ਸਬੰਧੀ ਕੋਈ ਇਤਰਾਜ਼ ਜਾਂ ਸੋਧ ਕਰਾਉਣੀ ਹੈ ਤਾਂ ਉਹ 3 ਅਕਤੂਬਰ ਤੇ 5 ਅਕਤੂਬਰ ਨੂੰ ਦਫ਼ਤਰ ਵਿਖੇ ਆਪਣਾ ਇਤਰਾਜ਼ ਦਰਜ ਕਰਾ ਸਕਦਾ ਹੈ।ਇਸ ਤੋਂ ਬਾਅਦ 6 ਅਕਤੂਬਰ ਨੂੰ ਫਾਈਨਲ ਵੋਟਰ ਲਿਸਟ ਜਾਰੀ ਕੀਤੀ ਜਾਵੇਗੀ।ਸਕੱਤਰ ਨਿਸ਼ਿਥ ਸ਼ਰਮਾ ਨੇ ਸਬੰਧਤ ਮੈਂਬਰਾਂ ਨੂੰ ਅਪੀਲ ਕੀਤੀ ਕਿ ਉਹ ਨਿਰਧਾਰਤ ਸਮੇਂ ਦੌਰਾਨ ਵੋਟਰ ਲਿਸਟ ਦੀ ਜਾਂਚ ਕਰ ਲੈਣ ਤੇ ਕਿਸੇ ਵੀ ਤਰ੍ਹਾਂ ਦੇ ਇਤਰਾਜ਼ ਜਾਂ ਸੋਧ ਸਬੰਧੀ ਜਾਣਕਾਰੀ ਸਮੇਂ ਸਿਰ ਦਫ਼ਤਰ ਵਿੱਚ ਦਰਜ ਕਰਾਉਣ।

## ਗ੍ਰੈਪਲਰ ਹਰਵੀਰ ਸਿੰਘ ਨੇ ਇਸਤਾਂਬੁਲ 'ਚ ਗਲੋਬਲ ਗ੍ਰੈਪਲਿੰਗ ਸੀਰੀਜ਼ 'ਚ ਜਿੱਤਿਆ ਚਾਂਦੀ ਦਾ ਤਮਗਾ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਯੂਨੀਵਰਸਿਟੀ (ਡੀਬੀਯੂ) ਨੇ ਕਾਨੂੰਨ ਵਿਭਾਗ ਦੇ ਦੂਜੇ ਸਾਲ ਦੇ ਵਿਦਿਆਰਥੀ ਹਰਵੀਰ ਸਿੰਘ ਨੂੰ ਤੁਰਕੀ ਦੇ ਇਸਤਾਂਬੁਲ ਵਿਖੇ ਕਰਾਈ ਗਈ ਪ੍ਰਸਿੱਧ ਏਆਈਜੀਏ ਗਲੋਬਲ ਗ੍ਰੈਪਲਿੰਗ ਰੈਸਲਿੰਗ ਸੀਰੀਜ਼ 2026 ਦੀ 130 ਕਿਲੋਗ੍ਰਾਮ ਸੀਨੀਅਰ ਸ਼੍ਰੇਣੀ ਵਿੱਚ ਚਾਂਦੀ ਦਾ ਤਮਗਾ ਜਿੱਤਣ 'ਤੇ ਵਧਾਈ ਦਿੱਤੀ ਹੈ। ਫ਼ਤਿਹਗੜ੍ਹ ਸਾਹਿਬ ਦੇ ਪਿੰਡ ਰੁੜਕੀ ਦੇ ਵਸਨੀਕ ਹਰਵੀਰ ਸਿੰਘ ਨੇ ਇਸ ਕੌਮਾਂਤਰੀ ਮੁਕਾਬਲੇ ਵਿੱਚ ਵੱਖ-ਵੱਖ ਦੇਸ਼ਾਂ ਦੇ ਖਿਡਾਰੀਆਂ ਨਾਲ ਮੁਕਾਬਲਾ ਕਰਦਿਆਂ ਸ਼ਾਨਦਾਰ ਪ੍ਰਦਰਸ਼ਨ ਕੀਤਾ।ਉਸ ਨੇ ਆਪਣੀ ਬੇਮਿਸਾਲ ਤਾਕਤ, ਦ੍ਰਿੜ੍ਹ ਇਰਾਦੇ, ਅਨੁਸ਼ਾਸਨ ਅਤੇ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਉਸ ਦੀ ਇਸ ਪ੍ਰਾਪਤੀ ਨਾਲ ਦੇਸ਼ ਭਗਤ ਯੂਨੀਵਰਸਿਟੀ, ਪੰਜਾਬ ਅਤੇ ਪੂਰੇ ਦੇਸ਼ ਦਾ ਮਾਣ ਵਧਿਆ ਹੈ।ਡੀਬੀਯੂ ਦੇ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ. ਚਾਂਸਲਰ ਡਾ. ਤਜਿੰਦਰ ਕੌਰ, ਪ੍ਰਧਾਨ ਡਾ. ਸੰਦੀਪ ਸਿੰਘ ਤੇ ਵਾਈਸ ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਨੇ ਡੀਬੀਯੂ ਦੇ ਸਮੂਹ ਡੀਨਾਂ, ਡਾਇਰੈਕਟਰਾਂ ਤੇ ਪ੍ਰਿੰਸੀਪਲ ਸਮੇਤ ਹਰਵੀਰ ਸਿੰਘ ਨੂੰ ਉਸ ਦੀ ਸ਼ਾਨਦਾਰ ਪ੍ਰਾਪਤੀ ਲਈ ਦਿਲੋਂ ਵਧਾਈ ਦਿੱਤੀ।ਉਨ੍ਹਾਂ ਨੇ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਉੱਤਮਤਾ ਕਾਇਮ ਰੱਖਣ ਲਈ ਹਰਵੀਰ ਸਿੰਘ ਦੀ ਲਗਨ ਅਤੇ ਸਮਰਪਣ ਦੀ ਸ਼ਲਾਘਾ ਕੀਤੀ ਅਤੇ ਭਵਿੱਖ ਦੇ ਕੌਮੀ ਤੇ ਕੌਮਾਂਤਰੀ ਮੁਕਾਬਲਿਆਂ ਲਈ ਉਸ ਨੂੰ ਲਗਾਤਾਰ ਸਫਲਤਾ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।ਡੀਬੀਯੂ ਦੇ ਡਾਇਰੈਕਟਰ ਸਪੋਰਟਸ ਡਾ. ਪ੍ਰਵੀਨ ਕੁਮਾਰ ਨੇ ਵੀ ਹਰਵੀਰ ਸਿੰਘ ਨੂੰ ਵਧਾਈ ਦਿੰਦਿਆਂ ਕੌਮਾਂਤਰੀ ਮੰਚ 'ਤੇ ਉਸ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਖੇਡ ਪ੍ਰਤਿਭਾਵਾਂ ਨੂੰ ਨਿਖਾਰਨ ਤੇ ਵਿਦਿਆਰਥੀ ਖਿਡਾਰੀਆਂ ਨੂੰ ਉੱਚ ਪੱਧਰ 'ਤੇ ਮੁਕਾਬਲਾ ਕਰਨ ਲਈ ਲੋੜੀਂਦਾ ਉਤਸ਼ਾਹ, ਮਾਰਗਦਰਸ਼ਨ ਤੇ ਮੌਕੇ ਪ੍ਰਦਾਨ ਕਰਨ ਲਈ ਵਚਨਬੱਧ ਹੈ।ਡੀਬੀਯੂ ਪਰਿਵਾਰ ਨੇ ਕੌਮਾਂਤਰੀ ਖੇਡ ਮੰਚ 'ਤੇ ਯੂਨੀਵਰਸਿਟੀ ਦਾ ਨਾਂਅ ਰੌਸ਼ਨ ਕਰਨ ਲਈ ਹਰਵੀਰ ਸਿੰਘ ਦੀ ਸ਼ਲਾਘਾ ਕੀਤੀ ਤੇ ਉਸ ਦੇ ਭਵਿੱਖੀ ਯਤਨਾਂ ਵਿੱਚ ਹੋਰ ਵੱਡੀਆਂ ਪ੍ਰਾਪਤੀਆਂ ਲਈ ਸ਼ੁਭਕਾਮਨਾਵਾਂ ਦਿੱਤੀਆਂ।

# 'ਗਾਹੇ ਬਗਾਹੇ ਕਦੇ ਕਦਾਈ' ਤੇ 'ਰਾਵੀ ਮੇਰੇ ਆਰ-ਪਾਰ' ਪੁਸਤਕਾਂ ਲੋਕ ਅਰਪਣ



**ਮੋਗਾ (ਇਕਬਾਲ ਸਿੰਘ ਖਹਿਰਾ)**-ਲੋਕ ਸਾਹਿਤ ਅਕਾਦਮੀ ਮੋਗਾ ਵੱਲੋਂ ਪ੍ਰਸਿੱਧ ਨਾਵਲਕਾਰ ਬਲਦੇਵ ਸਿੰਘ ਸੜਕਨਾਮਾ ਦੇ ਪਲੇਠੇ ਕਾਵਿ-ਸੰਗ੍ਰਹਿ 'ਗਾਹੇ ਬਗਾਹੇ ਕਦੇ ਕਦਾਈ' ਤੇ ਧਰਮ ਸਿੰਘ ਗੋਰਾਇਆ (ਅਮਰੀਕਾ) ਦੀ ਵਾਰਤਕ ਪੁਸਤਕ 'ਰਾਵੀ ਮੇਰੇ ਆਰ-ਪਾਰ' ਲੋਕ ਅਰਪਣ ਕੀਤੀਆਂ ਗਈਆਂ।ਭਾਸ਼ਾ ਵਿਭਾਗ ਮੋਗਾ ਦੇ ਹਾਲ ਵਿੱਚ ਬਹੁਤ ਹੀ ਉਤਸ਼ਾਹ ਪੂਰਵਕ ਮਾਹੌਲ ਵਿੱਚ ਸਮਾਗਮ ਕੀਤਾ ਗਿਆ।ਇਸ ਸਾਹਿਤਕ ਸਮਾਗਮ ਵਿੱਚ ਇਲਾਕੇ ਦੇ ਨਾਮਵਰ ਲੇਖਕਾਂ, ਸਾਹਿਤ ਪ੍ਰੇਮੀਆਂ ਤੇ ਬੁੱਧੀਜੀਵੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ।ਸਮਾਗਮ ਦੀ ਪ੍ਰਧਾਨਗੀ ਪ੍ਰਸਿੱਧ ਸ਼ਾਇਰ ਡਾ. ਅਜੀਤਪਾਲ ਜਟਾਣਾ ਜ਼ਿਲ੍ਹਾ ਭਾਸ਼ਾ ਅਫਸਰ ਮੋਗਾ ਨੇ ਕੀਤੀ।ਪ੍ਰਧਾਨਗੀ ਮੰਡਲ ਵਿੱਚ ਬਲਦੇਵ ਸਿੰਘ ਸੜਕਨਾਮਾ, ਡਾ. ਸੁਰਜੀਤ ਬਰਾੜ ਘੋਲੀਆ, ਧਰਮ ਸਿੰਘ ਗੁਰਾਇਆ (ਅਮਰੀਕਾ) ਤੇ ਲੈਫ਼ਟੀਨੈਂਟ ਕਰਨਲ ਬਾਬੂ ਸਿੰਘ ਸ਼ਾਮਲ ਹੋਏ।ਇਸ ਮੌਕੇ ਦੋਵਾਂ ਪੁਸਤਕਾਂ ਨਾਲ ਸਰੋਤਿਆਂ ਦੀ ਜਾਣ-ਪਛਾਣ ਸ਼ਾਇਰ ਚਰਨਜੀਤ ਸਮਾਲਸਰ ਤੇ ਡਾ. ਸੁਰਜੀਤ ਬਰਾੜ ਘੋਲੀਆ ਨੇ ਕਰਵਾਉਂਦਿਆਂ ਪੁਸਤਕਾਂ 'ਤੇ ਗੰਭੀਰਤਾ ਨਾਲ ਚਰਚਾ ਕਰਦਿਆਂ ਦੱਸਿਆ ਕਿ ਬਲਦੇਵ ਸਿੰਘ ਸੜਕਨਾਮਾ ਦਾ ਪਲੇਠਾ ਕਾਵਿ-ਸੰਗ੍ਰਹਿ 'ਗਾਹੇ ਬਗਾਹੇ ਕਦੇ ਕਦਾਈ' ਉਨ੍ਹਾਂ ਦੇ ਛੇ ਦਹਾਕਿਆਂ ਦੇ ਕਾਵਿਕ ਅਨੁਭਵਾਂ ਤੇ ਜ਼ਿੰਦਗੀ ਦੇ ਵਿਭਿੰਨ ਰੰਗਾਂ ਨੂੰ ਬਹੁਤ ਹੀ ਖ਼ੂਬਸੂਰਤ ਢੰਗ ਨਾਲ ਪੇਸ਼ ਕਰਦਾ ਹੈ।ਦੂਜੇ ਪਾਸੇ ਧਰਮ ਸਿੰਘ ਗੋਰਾਇਆ (ਅਮਰੀਕਾ) ਦੀ ਵਾਰਤਕ ਪੁਸਤਕ 'ਰਾਵੀ ਮੇਰੇ ਆਰ-ਪਾਰ' ਮਨੁੱਖੀ ਸੰਵੇਦਨਾਵਾਂ, ਵੰਡ ਦੇ ਦਰਦ, ਪਰਵਾਸੀ ਜੀਵਨ ਤੇ ਰਾਵੀ ਦੇ ਇਤਿਹਾਸਕ ਪਲਾਂ ਦੇ ਅਨੁਭਵਾਂ ਨੂੰ ਬਾਰੀਕੀ ਨਾਲ ਉਕੇਰਦੀ ਹੈ।

ਡਾ. ਅਜੀਤਪਾਲ ਜਟਾਣਾ ਨੇ ਦੋਵਾਂ ਲੇਖਕਾਂ ਦੇ ਸਾਹਿਤਕ ਯੋਗਦਾਨ ਦੀ ਪੁਰਜ਼ੋਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਇਹ ਦੋਵੇਂ ਪੁਸਤਕਾਂ ਪੰਜਾਬੀ ਸਾਹਿਤ ਦੀ ਝੋਲੀ ਵਿੱਚ ਇਕ ਮਹੱਤਵਪੂਰਨ ਵਾਧਾ ਹਨ।ਲੋਕ ਸਾਹਿਤ ਅਕਾਡਮੀ ਦੇ ਪ੍ਰਧਾਨ ਕਰਨਲ ਬਾਬੂ ਸਿੰਘ ਨੇ ਕਿਹਾ ਕਿ ਬਲਦੇਵ ਸਿੰਘ ਸੜਕਨਾਮਾ ਨੇ ਨਾਵਲਕਾਰੀ ਤੋਂ ਬਾਅਦ ਕਵਿਤਾ ਦੇ ਖੇਤਰ ਵਿੱਚ ਕਦਮ ਰੱਖ ਕੇ ਆਪਣੇ ਪ੍ਰਸੰਸਕਾਂ ਨੂੰ ਇੱਕ ਨਵਾਂ ਤੋਹਫ਼ਾ ਦਿੱਤਾ ਹੈ, ਜਦਕਿ ਧਰਮ ਸਿੰਘ ਗੋਰਾਇਆ ਦੀ ਵਾਰਤਕ ਪੁਸਤਕ ਪੰਜਾਬੀ ਸਾਹਿਤ ਨੂੰ ਨਵੀਆਂ ਉੱਚਾਈਆਂ ਵੱਲ ਲੈ ਕੇ ਜਾਂਦੀ ਹੈ।ਜਸਵੀਰ ਕਲਸੀ ਧਰਮਕੋਟ ਨੇ ਦੋਹਾਂ ਪੁਸਤਕਾਂ ਨੂੰ ਦਿਲ ਦੇ ਕਰੀਬ ਰਹਿਣ ਵਾਲੀਆਂ ਤੇ ਮਨਮੋਹਕ ਸ਼ੈਲੀ ਵਿੱਚ ਰਚੀਆਂ ਕਿਹਾ ਹੈ।ਬਲਦੇਵ ਸਿੰਘ ਸੜਕਨਾਮਾ ਤੇ ਧਰਮ ਸਿੰਘ ਗੋਰਾਇਆ ਨੇ ਪੁਸਤਕਾਂ ਦੇ ਸਿਰਜਕ ਪਲਾਂ ਨੂੰ ਪਾਠਕਾਂ ਨਾਲ ਸਾਂਝਾ ਕੀਤਾ।ਉਪਰੰਤ ਭਾਸ਼ਾ ਵਿਭਾਗ ਮੋਗਾ ਵੱਲੋਂ ਧਰਮ ਸਿੰਘ ਗੋਰਾਇਆ ਦਾ ਸਨਮਾਨ ਵੀ ਕੀਤਾ ਗਿਆ। ਸਮਾਗਮ ਦੌਰਾਨ ਪ੍ਰਧਾਨਗੀ ਮੰਡਲ ਵੱਲੋਂ ਦੋਵਾਂ ਪੁਸਤਕਾਂ ਨੂੰ ਰਸਮੀ ਤੌਰ 'ਤੇ ਲੋਕ ਅਰਪਣ ਕੀਤਾ ਗਿਆ। ਧੂਰੀ ਤੋਂ ਆਏ ਸਾਹਿਤਕਾਰ ਮੂਲ ਚੰਦ ਸ਼ਰਮਾ ਦੇ ਗੀਤ ਨੇ ਸਮਾਗਮ ਨੂੰ ਸਿਖਰ ਵੱਲ ਪਹੁੰਚਾਇਆ।ਮੰਚ ਦਾ ਸੰਚਾਲਨ ਚਰਨਜੀਤ ਸਮਾਲਸਰ ਨੇ ਬਾਖ਼ੂਬੀ ਕੀਤਾ ਤੇ ਮਾਸਟਰ ਪ੍ਰੇਮ ਕੁਮਾਰ ਨੇ ਤਰੰਨਮ ਵਿੱਚ ਗੀਤ ਪੇਸ਼ ਕਰਕੇ ਰੰਗ ਬੰਨ੍ਹਿਆ।ਇਸ ਸਮਾਗਮ ਵਿੱਚ ਸਾਹਿਤਕਾਰ ਅਵਤਾਰ ਕਮਾਲ, ਕੁਲਵਿੰਦਰ ਦਿਲਗੀਰ, ਡਾਕਟਰ ਸਰਬਜੀਤ ਕੌਰ ਬਰਾੜ, ਪ੍ਰਿੰ. ਅਵਤਾਰ ਸਿੰਘ ਕਰੀਰ, ਕਰਮਜੀਤ ਕੌਰ ਲੰਢੇਕੇ, ਪਰਮਜੀਤ ਸਿੰਘ ਚੂੜਚੱਕ, ਬਲਦੇਵ ਸਿੰਘ ਢਿੱਲੋਂ, ਬਲਵੀਰ ਸਿੰਘ ਪ੍ਰਦੇਸੀ, ਹਰਭਜਨ ਸਿੰਘ ਨਾਗਰਾ, ਹਰਬੰਸ ਸਿੰਘ, ਗੀਤਕਾਰ ਤੇ ਗਾਇਕ ਸੋਨੀ ਮੋਗਾ, ਤਰਸੇਮ ਸਿੰਘ ਘਾਰੂ, ਸ਼ਾਇਰ ਹਰਪ੍ਰੀਤ ਸਿੰਘ ਮੋਗਾ ਸਮੇਤ ਵੱਡੀ ਗਿਣਤੀ ਵਿੱਚ ਪ੍ਰਮੁੱਖ ਹਸਤੀਆਂ ਤੇ ਸਾਹਿਤ ਪ੍ਰੇਮੀ ਹਾਜ਼ਰ ਹੋਏ।ਅੰਤ ਵਿੱਚ ਅਕਾਦਮੀ ਦੇ ਪ੍ਰਧਾਨ ਵੱਲੋਂ ਆਏ ਹੋਏ ਸਾਰੇ ਮਹਿਮਾਨਾਂ ਤੇ ਸਾਹਿਤਕਾਰਾਂ ਦਾ ਧੰਨਵਾਦ ਕੀਤਾ ਗਿਆ।

## ਬਾਬਾ ਸਾਹਿਬ ਅੰਬੇਡਕਰ ਭਵਨ ਦੀ ਮਰਿਆਦਾ ਕਾਇਮ ਰੱਖਣ ਤੇ ਸਫ਼ਾਈ ਦਾ ਕੰਮ ਨਿੱਜੀ ਹੱਥਾਂ 'ਚ ਨਾ ਦੇਣ ਦੀ ਮੰਗ

**ਮਾਨਸਾ (ਆਤਮਾ ਸਿੰਘ ਪਮਾਰ)**-ਮਿਸ਼ਨ ਅੰਬੇਡਕਰ ਮਾਨਸਾ ਦਾ ਵਫ਼ਦ ਐਡਵੋਕੇਟ ਭੁਪਿੰਦਰ ਸਿੰਘ ਬੀਰਵਾਲ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਮਾਨਸਾ ਨੂੰ ਮਿਲਿਆ।ਵਫ਼ਦ ਵੱਲੋਂ ਮੰਗ ਪੱਤਰ ਸੌਂਪ ਕੇ ਡਾ. ਬੀ.ਆਰ. ਅੰਬੇਡਕਰ ਭਵਨ ਦੇ ਪ੍ਰਬੰਧਾਂ ਨੂੰ ਪਾਰਦਰਸ਼ੀ ਤੇ ਜਨਤਕ ਹਿੱਤ 'ਚ ਚਲਾਉਣ ਦੀ ਮੰਗ ਕੀਤੀ ਗਈ।ਮਿਸ਼ਨ ਅੰਬੇਡਕਰ ਨੇ ਵਿਸ਼ੇਸ਼ ਤੌਰ 'ਤੇ ਮੰਗ ਕੀਤੀ ਕਿ ਭਵਨ ਦੀ ਸਫ਼ਾਈ ਦਾ ਕੰਮ ਕਿਸੇ ਵੀ ਨਿੱਜੀ ਸੰਸਥਾ ਜਾਂ ਵਿਅਕਤੀ ਨੂੰ ਨਾ ਦਿੱਤਾ ਜਾਵੇ।ਆਗੂਆਂ ਨੇ ਕਿਹਾ ਕਿ ਬਾਬਾ ਸਾਹਿਬ ਦੇ ਨਾਂਅ 'ਤੇ ਬਣਿਆ ਇਹ ਜਨਤਕ ਭਵਨ ਕਿਸੇ ਨਿੱਜੀ ਵਿਅਕਤੀ ਜਾਂ ਸੰਸਥਾ ਦੇ ਅਧੀਨ ਨਹੀਂ ਕੀਤਾ ਜਾਣਾ ਚਾਹੀਦਾ ਤੇ ਇਸ ਦੀ ਸਫ਼ਾਈ ਤੇ ਸਾਂਭ-ਸੰਭਾਲ ਦਾ ਕੰਮ ਵੀ ਸਰਕਾਰੀ ਪ੍ਰਬੰਧ ਅਧੀਨ ਹੀ ਕਰਾਇਆ ਜਾਣਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਭਵਨ ਦੇ ਪ੍ਰਬੰਧਾਂ ਨਾਲ ਸਬੰਧਤ ਕਿਸੇ ਵੀ ਕੰਮ, ਖ਼ਾਸ ਕਰਕੇ ਸਫ਼ਾਈ ਤੇ ਸਾਂਭ-ਸੰਭਾਲ ਸਬੰਧੀ ਜ਼ਿੰਮੇਵਾਰੀ ਕਿਸੇ ਨਿੱਜੀ ਧਿਰ ਨੂੰ ਦੇਣ ਨਾਲ ਜਨਤਕ ਸੰਪਤੀ ਤੇ ਭਵਨ ਦੀ ਵਰਤੋਂ ਸਬੰਧੀ ਬੇਲੋੜੇ ਵਿਵਾਦ ਪੈਦਾ ਹੋ ਸਕਦੇ ਹਨ।ਇਸ ਲਈ ਭਵਨ ਦੀ ਸਫ਼ਾਈ ਅਤੇ ਸਾਂਭ-ਸੰਭਾਲ ਲਈ ਸਰਕਾਰੀ ਪੱਧਰ 'ਤੇ ਹੀ ਕੋਈ ਸਥਾਈ ਪ੍ਰਬੰਧ ਕੀਤਾ ਜਾਵੇ।ਮੰਗ ਪੱਤਰ 'ਚ ਭਵਨ ਅੰਦਰ ਬਣਾਈ ਗਈ ਲਾਇਬ੍ਰੇਰੀ ਦੇ ਪ੍ਰਬੰਧਾਂ ਦੀ ਜਾਂਚ, ਗਰੀਬ ਤੇ ਲੋੜਵੰਦ ਵਿਦਿਆਰਥੀਆਂ ਲਈ ਸਹੂਲਤਾਂ ਯਕੀਨੀ ਬਣਾਉਣ ਅਤੇ ਬਾਬਾ ਸਾਹਿਬ ਡਾ. ਬੀ.ਆਰ.ਅੰਬੇਡਕਰ ਦੀ ਤਸਵੀਰ ਨੂੰ ਸਨਮਾਨਜਨਕ ਤੇ ਉੱਚਿਤ ਸਥਾਨ ਦੇਣ ਦੀ ਮੰਗ ਵੀ ਕੀਤੀ ਗਈ।

## ਆਰੀਅਨਜ਼ ਦੇ ਵਿਦਿਆਰਥੀਆਂ ਮਨੁੱਖੀ ਆਕ੍ਰਿਤੀ ਬਣਾਈ



**ਰਾਜਪੁਰਾ (ਰਮੇਸ਼ ਕਟਾਰੀਆ)**-ਮਹਾਤਮਾ ਗਾਂਧੀ ਦੇ ਜਨਮ ਦਿਵਸ 'ਤੇ ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਰਾਜਪੁਰਾ (ਚੰਡੀਗੜ੍ਹ ਨੇੜੇ) ਵੱਲੋਂ ਇੱਕ ਵਿਸ਼ੇਸ਼ ਪ੍ਰੋਗਰਾਮ ਕੀਤਾ ਗਿਆ।ਇਸ ਦੌਰਾਨ ਵਿਦਿਆਰਥੀਆਂ ਨੇ 'ਬਾਪੂ' ਨੂੰ ਸ਼ਰਧਾਂਜਲੀ ਭੇਟ ਕਰਨ ਅਤੇ ਸੱਚ, ਅਹਿੰਸਾ ਤੇ ਸਵੱਛਤਾ ਦੇ ਉਨ੍ਹਾਂ ਦੇ ਸਦੀਵੀ ਆਦਰਸ਼ਾਂ ਨੂੰ ਉਜਾਗਰ ਕਰਨ ਲਈ '2 ਅਕਤੂਬਰ' ਦੀ ਮਨੁੱਖੀ ਆਕ੍ਰਿਤੀ ਬਣਾਈ।ਆਰੀਅਨਜ਼ ਗਰੁੱਪ ਦੇ ਚੇਅਰਮੈਨ ਡਾ. ਅੰਸ਼ੂ ਕਟਾਰੀਆ ਨੇ ਕਿਹਾ ਕਿ ਗਾਂਧੀ ਜੀ ਦੇ ਸਿਧਾਂਤ ਨੌਜਵਾਨਾਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕਰਦੇ ਰਹਿੰਦੇ ਹਨ।ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਸੱਚ, ਸਵੱਛਤਾ, ਅਹਿੰਸਾ ਤੇ ਅਨੁਸ਼ਾਸਨ ਨੂੰ ਅਪਣਾਉਣ ਤੇ ਸਮਾਜ ਤੇ ਦੇਸ਼ ਲਈ ਸਕਾਰਾਤਮਕ ਯੋਗਦਾਨ ਪਾਉਣ ਲਈ ਉਤਸ਼ਾਹਤ ਕੀਤਾ।ਇਸ ਪ੍ਰੋਗਰਾਮ ਵਿੱਚ ਆਰੀਅਨ ਗਰੁੱਪ ਦੇ ਸਾਰੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ।

## ਧੂਰੀ ਮੰਡੀ 'ਚ ਝੋਨੇ ਦੀ ਸਰਕਾਰੀ ਖ਼ਰੀਦ ਸ਼ੁਰੂ



**ਧੂਰੀ (ਮਨੋਹਰ ਸਿੰਘ ਸੱਗੂ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐੱਸ.ਡੀ. ਸੁਖਵੀਰ ਸਿੰਘ ਨੇ ਵੀਰਵਾਰ ਧੂਰੀ ਦੀ ਅਨਾਜ ਮੰਡੀ ਵਿੱਚ ਝੋਨੇ ਦੀ ਸਰਕਾਰੀ ਖ਼ਰੀਦ ਸ਼ੁਰੂ ਕਰਵਾਈ ਤੇ ਮੰਡੀ ਵਿੱਚ ਕੀਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ।ਉਨ੍ਹਾਂ ਕਿਸਾਨਾਂ, ਆੜ੍ਹਤੀਆਂ ਤੇ ਸਬੰਧਤ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਝੋਨੇ ਦੀ ਆਮਦ, ਖ਼ਰੀਦ ਤੇ ਲਿਫਟਿੰਗ ਬਾਰੇ ਜਾਣਕਾਰੀ ਹਾਸਲ ਕੀਤੀ।ਸੁਖਵੀਰ ਸਿੰਘ ਨੇ ਕਿਹਾ ਕਿ ਕਿਸਾਨਾਂ ਨੂੰ ਫ਼ਸਲ ਦੀ ਵਿਕਰੀ ਤੇ ਲਿਫਟਿੰਗ ਤੱਕ ਕਿਸੇ ਕਿਸਮ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਅਧਿਕਾਰੀਆਂ ਨੂੰ ਖ਼ਰੀਦ ਤੇ ਲਿਫਟਿੰਗ ਵਿੱਚ ਤੇਜ਼ੀ ਲਿਆਉਣ ਦੀ ਹਦਾਇਤ ਕੀਤੀ।ਉਨ੍ਹਾਂ ਕਿਹਾ ਕਿ ਮੰਡੀਆਂ ਵਿੱਚ ਸਫ਼ਾਈ, ਪਾਣੀ, ਬਿਜਲੀ ਤੇ ਬਾਰਦਾਨੇ ਸਮੇਤ ਲੋੜੀਂਦੀਆਂ ਸਹੂਲਤਾਂ ਯਕੀਨੀ ਬਣਾਈਆਂ ਗਈਆਂ ਹਨ।ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਸਮੇਤ ਹੋਰ ਨੁਮਾਇੰਦੇ ਮੌਜੂਦ ਸਨ।

## 25 ਤੋਂ ਬਦਲੇਗੀ ਦਿੱਲੀ-ਹਲਵਾਰਾ-ਦਿੱਲੀ ਉਡਾਣਾਂ ਦੀ ਸਮਾਂ-ਸਾਰਨੀ

**ਰਾਏਕੋਟ (ਸੰਤੋਖ ਗਿੱਲ)**-ਮੌਸਮ ਵਿੱਚ ਤਬਦੀਲੀ ਦੇ ਮੱਦੇਨਜ਼ਰ ਏਅਰ ਇੰਡੀਆ ਵੱਲੋਂ ਦਿੱਲੀ ਦੇ ਇੰਦਰਾ ਗਾਂਧੀ ਕੌਮਾਂਤਰੀ ਹਵਾਈ ਅੱਡੇ ਤੋਂ ਹਲਵਾਰਾ ਕੌਮਾਂਤਰੀ ਹਵਾਈ ਅੱਡੇ ਲਈ ਚੱਲ ਰਹੀਆਂ ਉਡਾਣਾਂ ਦੀ ਸਮਾਂ-ਸਾਰਨੀ ਵਿੱਚ ਤਬਦੀਲੀ ਕੀਤੀ ਗਈ ਹੈ।ਏਅਰ ਇੰਡੀਆ ਵੱਲੋਂ ਆਪਣੀ ਅਧਿਕਾਰਤ ਵੈੱਬਸਾਈਟ 'ਤੇ ਸਾਂਝੀ ਕੀਤੀ ਜਾਣਕਾਰੀ ਅਨੁਸਾਰ ਨਵੀਂ ਸਮਾਂ-ਸਾਰਨੀ 25 ਅਕਤੂਬਰ ਤੋਂ ਲਾਗੂ ਹੋਵੇਗੀ।ਨਵੀਂ ਸਮਾਂ-ਸਾਰਨੀ ਅਨੁਸਾਰ ਦਿੱਲੀ ਤੋਂ ਹਲਵਾਰਾ ਲਈ ਏ.ਆਈ.-481 ਉਡਾਣ ਸਵੇਰੇ 9:50 ਵਜੇ ਰਵਾਨਾ ਹੋ ਕੇ 11:05 ਵਜੇ ਹਲਵਾਰਾ ਪਹੁੰਚੇਗੀ।ਵਾਪਸੀ ਵਿੱਚ ਇਹੀ ਜਹਾਜ਼ ਏ.ਆਈ.-482 ਦੇ ਰੂਪ ਵਿੱਚ ਹਲਵਾਰਾ ਤੋਂ 11:40 ਵਜੇ ਉਡਾਣ ਭਰ ਕੇ 12:55 ਵਜੇ ਦਿੱਲੀ ਪਹੁੰਚੇਗਾ।ਇਸੇ ਤਰ੍ਹਾਂ ਸ਼ਾਮ ਦੀ ਏ.ਆਈ.-483 ਉਡਾਣ ਦਿੱਲੀ ਤੋਂ 3:40 ਵਜੇ ਰਵਾਨਾ ਹੋ ਕੇ 4:55 ਵਜੇ ਹਲਵਾਰਾ ਪਹੁੰਚੇਗੀ।ਵਾਪਸੀ ਵਿੱਚ ਏ.ਆਈ.-484 ਉਡਾਣ ਹਲਵਾਰਾ ਤੋਂ 5:30 ਵਜੇ ਚੱਲ ਕੇ 6:45 ਵਜੇ ਦਿੱਲੀ ਦੇ ਇੰਦਰਾ ਗਾਂਧੀ ਕੌਮਾਂਤਰੀ ਹਵਾਈ ਅੱਡੇ 'ਤੇ ਪਹੁੰਚੇਗੀ।ਏਅਰ ਇੰਡੀਆ ਦੀ ਵੈੱਬਸਾਈਟ ਅਨੁਸਾਰ 24 ਅਕਤੂਬਰ ਤੱਕ ਪੁਰਾਣੀ ਸਮਾਂ-ਸਾਰਨੀ ਜਾਰੀ ਰਹੇਗੀ।ਮੌਜੂਦਾ ਸਮਾਂ-ਸਾਰਨੀ ਅਨੁਸਾਰ ਏ.ਆਈ.-481 ਉਡਾਣ ਦਿੱਲੀ ਤੋਂ ਸਵੇਰੇ 5:45 ਵਜੇ ਰਵਾਨਾ ਹੋ ਕੇ 7:05 ਵਜੇ ਹਲਵਾਰਾ ਪਹੁੰਚਦੀ ਹੈ, ਜਦਕਿ ਵਾਪਸੀ ਵਿੱਚ ਏ.ਆਈ.-482 ਹਲਵਾਰਾ ਤੋਂ 7:55 ਵਜੇ ਚੱਲ ਕੇ 9:10 ਵਜੇ ਦਿੱਲੀ ਪਹੁੰਚਦੀ ਹੈ।ਇਸੇ ਤਰ੍ਹਾਂ ਬਾਅਦ ਦੁਪਹਿਰ ਏ ਆਈ-483 ਉਡਾਣ ਦਿੱਲੀ ਤੋਂ 2:25 ਵਜੇ ਰਵਾਨਾ ਹੋ ਕੇ 3:35 ਵਜੇ ਹਲਵਾਰਾ ਪਹੁੰਚਦੀ ਹੈ।ਵਾਪਸੀ ਵਿੱਚ ਏ.ਆਈ.-484 ਹਲਵਾਰਾ ਤੋਂ 4:05 ਵਜੇ ਉਡਾਣ ਭਰ ਕੇ 5:15 ਵਜੇ ਦਿੱਲੀ ਪਹੁੰਚਦੀ ਹੈ।ਇਸ ਤੋਂ ਇਲਾਵਾ ਵਿਦੇਸ਼ ਆਉਣ-ਜਾਣ ਵਾਲੇ ਕਈ ਯਾਤਰੀਆਂ ਵੱਲੋਂ ਵੀ ਮੌਜੂਦਾ ਸਮਾਂ-ਸਾਰਨੀ ਨੂੰ ਲੈ ਕੇ ਤਬਦੀਲੀ ਦੀ ਮੰਗ ਉਠਾਈ ਜਾਂਦੀ ਰਹੀ ਹੈ।ਹੁਣ 25 ਅਕਤੂਬਰ ਤੋਂ ਲਾਗੂ ਹੋਣ ਵਾਲੀ ਨਵੀਂ ਸਮਾਂ-ਸਾਰਨੀ ਨਾਲ ਦਿੱਲੀ-ਹਲਵਾਰਾ ਹਵਾਈ ਸਫ਼ਰ ਕਰਨ ਵਾਲੇ ਯਾਤਰੀਆਂ ਲਈ ਉਡਾਣਾਂ ਦੇ ਸਮੇਂ ਵਿੱਚ ਵੱਡਾ ਬਦਲਾਅ ਆਵੇਗਾ।


### ਰੇਲਯਾਤਰੀ ਕਿਰਪਾ ਧਿਆਨ ਦੇਣ!

**ਮਹੱਤਵਪੂਰਨ ਜਾਣਕਾਰੀ**

**ਤਿਉਹਾਰ ਵਿਸ਼ੇਸ਼ ਰੇਲਗੱਡੀ ਦਾ ਸੰਚਾਲਨ**

ਰੇਲਯਾਤਰੀਆਂ ਦੇ ਸੁਵਿਧਾਜਨਕ ਆਉਣ ਜਾਣ ਦੇ ਲਈ ਉੱਤਰ ਰੇਲਵੇ ਦੁਆਰਾ ਪਹਿਲਾ ਐਲਾਨ ਤਿਉਹਾਰ ਵਿਸ਼ੇਸ਼ ਰੇਲਗੱਡੀਆਂ ਦੇ ਇਲਾਵਾ ਹੇਠਾਂ ਲਿਖਤ ਵਿਸ਼ੇਸ਼ ਰੇਲਗੱਡੀ ਵੀ ਹੇਠਾਂ ਦਿਤੇ ਗਏ ਟਾਈਮ-ਟੇਬਲ ਦੇ ਅਨੁਸਾਰ ਸੰਚਾਲਿਤ ਸੰਚਾਲਿਤ ਕੀਤੀ ਜਾਵੇਗੀ:-

**04081/04082 ਨਵੀਂ ਦਿੱਲੀ – ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ – ਨਵੀਂ ਦਿੱਲੀ ਤਿਉਹਾਰ ਸਪੈਸ਼ਲ ਐਕਸਪ੍ਰੈਸ** — 6 ਫੇਰੇ

| ਰੇਲਗੱਡੀ ਨੰ. 04081 | | ਸਟੇਸ਼ਨ | ਰੇਲਗੱਡੀ ਨੰ.04082 | |
|---|---|---|---|---|
| ਪਹੁੰਚ | ਰਵਾਨਗੀ | ↓ ↑ | ਪਹੁੰਚ | ਰਵਾਨਗੀ |
| ---- | 23:45 | ਨਵੀਂ ਦਿੱਲੀ | 10:00 | ---- |
| 00:58 | 01:00 | ਪਾਨੀਪਤ | 07:25 | 07:27 |
| 01:50 | 01:52 | ਕੁਰੂਕਸ਼ੇਤਰ ਜੰ. | 06:25 | 06:27 |
| 02:30 | 02:40 | ਅੰਬਾਲਾ ਛਾਉਣੀ | 05:40 | 05:50 |
| 04:15 | 04:20 | ਲੁਧਿਆਣਾ ਜੰ. | 03:45 | 03:50 |
| 05:22 | 05:27 | ਜਲੰਧਰ ਛਾਉਣੀ | 02:45 | 02:50 |
| 07:15 | 07:20 | ਪਠਾਨਕੋਟ ਛਾਉਣੀ | 00:45 | 00:50 |
| 09:15 | 09:25 | ਜੰਮੂ ਤਵੀ | 23:00 | 23:05 |
| 11:08 | 11:10 | ਸ਼ਹੀਦ ਕਪਤਾਨ ਤੁਸ਼ਾਰ ਮਹਾਜਨ | 21:28 | 21:30 |
| 12:00 | ---- | ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ | ---- | 21:00 |

**ਚਲਣ ਦੇ ਦਿਨ : 04081 ਨਵੀਂ ਦਿੱਲੀ ਤੋਂ** ਮਿਤੀ 02.10.2026, 03.10.2026 ਅਤੇ 04.10.2026 (ਸ਼ੁਕਰਵਾਰ, ਸ਼ਨੀਵਾਰ ਅਤੇ ਐਤਵਾਰ) ਨੂੰ ਅਤੇ **04082 ਸ਼੍ਰੀ ਮਾਤਾ ਵੈਸ਼ਨੋ ਦੇਵੀ ਕਟੜਾ ਤੋਂ** ਮਿਤੀ 03.10.2026, 04.10.2026 ਅਤੇ 05.10.2026 (ਸ਼ਨੀਵਾਰ, ਐਤਵਾਰ ਅਤੇ ਸੋਮਵਾਰ) ਨੂੰ

**ਸਥਾਨ:** 3 ਟੀਯਰ ਏਸੀ., ਸਲੀਪਰ ਅਤੇ ਜਨਰਲ

**ਵਿਸਤ੍ਰਿਤ ਜਾਣਕਾਰੀ ਦੇ ਲਈ ਕਿਰਪਾ ਰੇਲਮਦਦ ਹੈਲਪਲਾਈਨ ਨੰ. 139 ਡਾਇਲ ਕਰੋ ਜਾਂ ਰੇਲਗੱਡੀ ਪੁਛਗਿਛ ਵੈਬਸਾਈਟ www.enqury.indianrail.gov.in ਵੇਖੋ।**

ਰੇਲਮਦਦ ਹੈਲਪਲਾਈਨ ਨੰ. 139

ਰੇਲਮਦਦ ਵੈਬਸਾਈਟ ਵੇਖੋ:- www.railmadad.indianrailways.gov.in

ਰੇਲਮਦਦ ਐਪ ਡਾਉਨਲੋਡ ਕਰੋ

'ਤੇ ਸਾਨੂੰ ਫਾਲੋ ਕਰੋ

**ਉੱਤਰ ਰੇਲਵੇ** — ਸਦਾ ਤੁਹਾਡੀ ਸੇਵਾ ਵਿਚ

ਸਾਨੂੰ www.nr.indianrailways.gov.in 'ਤੇ ਮਿਲੋ

3427/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਧਾਰਮਿਕ ਦੀਵਾਨ 12 ਤੋਂ

**ਮੋਗਾ (ਇਕਬਾਲ ਸਿੰਘ ਖਹਿਰਾ)**-ਸ੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਪ੍ਰਕਾਸ਼ ਦਿਵਸ ਸੰਬੰਧੀ ਚਾਰ ਰੋਜ਼ਾ 41ਵੇਂ ਧਾਰਮਿਕ ਦੀਵਾਨ 12 ਤੋਂ 15 ਅਕਤੂਬਰ ਤੱਕ ਗੁਰੂ ਨਾਨਕ ਕਾਲਜ 'ਚ ਸਜਾਏ ਜਾ ਰਹੇ ਹਨ।ਜਾਣਕਾਰੀ ਦਿੰਦੇ ਹੋਏ ਪ੍ਰਬੰਧਕਾਂ ਨੇ ਦੱਸਿਆ ਕਿ ਆਨੰਦ ਈਸ਼ਵਰ ਦਰਬਾਰ (ਨਾਨਕਸਰ) ਠਾਠ ਦੇ ਮੁਖੀ ਪੂਰਨ ਮਹਾਂਪੁਰਖ ਬੱਧਨੀ ਕਲਾਂ ਵਾਲੇ ਬਾਬਾ ਜੀ ਵੱਲੋਂ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਕਥਾ ਕੀਰਤਨ ਹੋਵੇਗਾ ਤੇ ਮਹਾਪੁਰਖਾਂ ਵੱਲੋਂ ਰਾਤ ਦੇ ਦੀਵਾਨ ਸਜਾਏ ਜਾਣਗੇ।ਇਸ ਸਮਾਗਮ ਵਿੱਚ ਬਾਬਾ ਗੁਰਬਖ਼ਸ਼ ਸਿੰਘ ਜੀ, ਬਾਬਾ ਜਗਤਾਰ ਸਿੰਘ ਜੀ ਤੋਂ ਇਲਾਵਾ ਨਾਨਕਸਰ ਤੇ ਹੋਰ ਵੀ ਸੰਪਰਦਾਇ ਦੇ ਸੰਤ ਮਹਾਪੁਰਖ ਪਹੁੰਚਣਗੇ।ਇਸ ਸਮੇਂ ਮਾਸਟਰ ਸੁਖਦੇਵ ਸਿੰਘ, ਅਵਤਾਰ ਸਿੰਘ ਆੜਈਏ, ਸਤਿੰਦਰਪਾਲ ਸਿੰਘ, ਡਾ. ਬਲਵਿੰਦਰ ਸਿੰਘ, ਦਰਸ਼ਨ ਸਿੰਘ, ਰਵਿੰਦਰ ਸਿੰਘ ਬੰਟੀ, ਡਾ. ਅਵਤਾਰ ਸਿੰਘ ਦੇਵਗਨ, ਪਰਮਜੀਤ ਸਿੰਘ ਬਿੱਟੂ, ਚਮਕੌਰ ਸਿੰਘ ਰਣੀਆ, ਹਰਪ੍ਰੀਤ ਸਿੰਘ, ਭਗਵਾਨ ਸਿੰਘ, ਅਮਨਦੀਪ ਸਿੰਘ, ਬਲਵਿੰਦਰ ਸਿੰਘ ਟੈਨੀ ਅਮਨਜੀਤ ਸਿੰਘ ਗੋਲਡੀ, ਕਮਲਜੀਤ ਸਿੰਘ ਗਿੱਲ ਆਦਿ ਹਾਜ਼ਰ ਸਨ।


### PUBLIC NOTICE






Before Sh. PAVITER SINGH, PCS, Assistant Estate Officer, Exercising the powers of the Estate Officer, U.T., Chandigarh.

**Subject :** Transfer of ownership in respect of residential Site No. 1619, Sector 36-D,

Chandigarh, to the extent of 33.33% share, in favour of (i) Ms. Gurpreet Kaur and (ii) Ms. Jaspreet Kaur both daughters of Late Sh. Bakhshish Singh, on the basis of Regd. Will dated 23.12.2015 of Late Smt. Surinder Kaur and Court order/Decree dated 09.05.2026 passed by the Hon'ble Court of Dr. Prikshit, HCS, Civil Judge (Junior Division)-cum-Presiding Officer, National Lok Adalat, Chandigarh in CS No. 2160 of 2024 titled as Bhupinder Jot Singh Vs. Gurpreet Kaur and others.

It is notified for the information of the general public and all concerned that as per record of this office, Smt. Surinder Kaur was the co-owner of Residential Site No. 1619, Sector 36-D, Chandigarh, to the extent of 33.33% share.

Now, Ms. Gurpreet Kaur and Ms. Jaspreet Kaur, both daughters of Late Sh. Bakhshish Singh have applied for the transfer of ownership in respect of the said residential Site No. 1619, Sector 36-D, Chandigarh, to the extent of 33.33% share, on the basis of Regd. Will dated 23.12.2015 of Late Smt. Surinder Kaur and Court order/Decree dated 09.05.2026 passed by the Hon'ble Court of Dr. Prikshit, HCS, Civil Judge (Junior Division)-cum-Presiding Officer, National Lok Adalat, Chandigarh in CS No. 2160 of 2024 titled as Bhupinder Jot Singh Vs. Gurpreet Kaur and others.

If anybody has any objection upon the mutation of the said share(s) in the said property, in favour of the above named applicant(s), then he/she/they may furnish the same in writing (supported with affidavit duly attested by Magistrate/Notary) in the office of the undersigned within 30 days from the date of publication of this notice, failing which the said share in the said property will be mutated accordingly in the name of above said applicant and no further claim whatsoever shall be entertained at any later stage.

**Paviter Singh, PCS Assistant Estate Officer Exercising the powers of Estate Officer, U.T., Chandigarh**



**THIS IS A PUBLIC ANNOUNCEMENT FOR INFORMATION PURPOSES ONLY AND IS NOT A PROSPECTUS ANNOUNCEMENT AND DOES NOT CONSTITUTE AN INVITATION OR ISSUE TO ACQUIRE, PURCHASE OR SUBSCRIBE TO SECURITIES. NOT FOR RELEASE, PUBLICATION OR DISTRIBUTION DIRECTLY OR INDIRECTLY OUTSIDE INDIA. THERE WILL BE NO PUBLIC ISSUING OF EQUITY SHARES IN THE UNITED STATES.**

### PUBLIC ANNOUNCEMENT

GRANDMAA INTERNATIONAL LIMITED

# GRANDMAA INTERNATIONAL LIMITED

**CIN: U17299PB2020PLC052529**

Our Company was originally incorporated as a private limited Company under the name of "Grandmaa International Private Limited" on December 30, 2020 under the provisions of the Companies Act, 2013 with the Registrar of Companies, Central Registration Centre, bearing Corporate Identity Number as U17299PB2020PTC052529. Subsequently , pursuant to Special Resolution passed by the Shareholders at the Extra Ordinary General Meeting, held on July 24, 2023, our Company was converted into a Public Limited Company and consequently the name of our Company was changed from "Grandmaa International Private Limited" to "Grandmaa International Limited" vide a fresh certificate of incorporation consequent upon conversion from private company to public company dated August 11, 2023 issued by the Registrar of Companies, Central Registration Centre bearing CIN U17299PB2020PLC052529. For details pertaining to the changes of name of our company and change in the registered office, please refer to the chapter titled "History and Corporate Structure" beginning on 174 of this Draft Red Herring Prospectus.

**Registered Office:** HB No 65, Backside Govt. School, Rahon Road, Village Khwajke, Basti Jodhewal, Ludhiana-141007, Punjab, India;
**Tel. No.:** +91 98759 03327; **Email:** info@grandmaa.in; **Website:** www.grandmaa.in;
**Contact Person:** Ms. Nainika Goyal, Company Secretary & Compliance Officer

**PROMOTERS OF OUR COMPANY: MR. JAIDEEP JAIN AND MRS. ESHA JAIN**

**THE ISSUE IS BEING MADE IN TERMS OF REGULATIONS 229 OF CHAPTER IX OF THE SEBI ICDR REGULATIONS (IPO OF SMALL AND MEDIUM ENTERPRISES). THE DRAFT RED HERRING PROSPECTUS ("DRHP") DATED SEPTEMBER 30, 2026 HAS BEEN FILED WITH SME PLATFORM OF BSE LIMITED ("BSE").**

**INITIAL PUBLIC ISSUE OF UP TO 41,46,000 EQUITY SHARES OF RS. 10.00 EACH ("EQUITY SHARES") OF GRANDMAA INTERNATIONAL LIMITED ("OVIL" OR THE "COMPANY") FOR CASH AT A PRICE OF RS. [•]/- PER EQUITY SHARE (INCLUDING A SHARE PREMUIM OF RS. [•]/- PER SHARE) (THE "ISSUE PRICE"), AGGREGATING TO RS. [•] LAKHS ("THE ISSUE"), OUT OF WHICH UP TO [•] EQUITY SHARES AGGREGATING TO RS. [•] LAKHS WILL BE RESERVED FOR SUBSCRIPTION BY MARKET MAKER ("MARKET MAKER RESERVATION PORTION"). THE ISSUE LESS THE MARKET MAKER RESERVATION PORTION I.E. ISSUE OF UP TO [•] EQUITY SHARES OF FACE VALUE OF RS. 10.00 EACH AT AN ISSUE PRICE OF RS. [•]/- PER EQUITY SHARE AGGREGATING TO RS. [•] LAKHS IS HEREINAFTER REFERRED TO AS THE "NET ISSUE". THE ISSUE AND THE NET ISSUE WILL CONSTITUTE [•]% AND [•]%, RESPECTIVELY OF THE POST ISSUE PAID UP EQUITY SHARE CAPITAL OF OUR COMPANY. FOR FURTHER DETAILS, SEE "TERMS OF THE ISSUE" ON PAGE 267 OF THE DRAFT RED HERRING PROSPECTUS.**

THE FACE VALUE OF THE EQUITY SHARES IS ₹ 10/- EACH. THE PRICE BAND WILL BE DECIDED BY OUR COMPANY IN CONSULTATION WITH THE BOOK RUNNING LEAD MANAGER ("BRLM") AND WILL BE ADVERTISED IN ALL EDITIONS OF THE ENGLISH NATIONAL NEWSPAPER, ALL EDITIONS OF THE HINDI NATIONAL NEWSPAPER AND REGIONAL LANGUAGE NEWSPAPER, EACH WITH WIDE CIRCULATION, AT LEAST 2 (TWO) WORKING DAYS PRIOR TO THE BID/ ISSUE OPENING DATE WITH THE RELEVANT FINANCIAL RATIOS CALCULATED AT THE FLOOR PRICE AND THE CAP PRICE AND SHALL BE MADE AVAILABLE TO THE SME PLATFORM OF BSE LIMITED ("BSE SME"), REFERRED TO AS THE "STOCK EXCHANGE") FOR THE PURPOSE OF UPLOADING ON THEIR WEBSITE FOR FURTHER DETAILS KINDLY REFER TO CHAPTER TITLED "TERMS OF THE ISSUE" ON PAGE 267 OF THE DRAFT RED HERRING PROSPECTUS

In case of any revision in the Price Band, the Bid/Issue Period will be extended by at least three additional working days after such revision in the Price Band, subject to the Bid/Issue Period not exceeding 10 Working Days. In cases of force majeure, banking strike or similar circumstances, our Company may, for reasons to be recorded in writing, extend the Bid /Issue Period for a minimum of three Working Days, subject to the Bid/Issue Period not exceeding 10 Working Days. Any revision in the Price Band and the revised Bid/Issue Period, if applicable, shall be widely disseminated by notification to the Stock Exchanges, by issuing a press release, and also by indicating the change on the respective websites of the BRLM and at the terminals of the members of the Syndicate and by intimation to Designated Intermediaries and the Sponsor Bank, as applicable.

This Issue is being made through the Book Building Process, in terms of Rule 19(2)(b) of the Securities Contracts (Regulation) Rules, 1957, as amended ("SCRR") read with Regulation 229 of the SEBI ICDR Regulations and in compliance with Regulation 253 of the SEBI ICDR Regulations wherein not more than 50% of the Net Issue shall be available for allocation on a proportionate basis to Qualified Institutional Buyers ("QIBs") (the "QIB Portion"), provided that our Company in consultation with the BRLM may allocate up to 60% of the QIB Portion to Anchor Investors on a discretionary basis ("Anchor Investor Portion"). One-third of the Anchor Investor Portion shall be reserved for domestic Mutual Funds, subject to valid Bids being received from the domestic Mutual Funds at or above the Anchor Investor Allocation Price in accordance with the SEBI ICDR Regulations. In the event of under-subscription or non-allocation in the Anchor Investor Portion, the balance Equity Shares shall be added to the QIB Portion (other than the Anchor Investor Portion) ("Net QIB Portion"). Further, 5% of the Net QIB Portion shall be available for allocation on a proportionate basis to Mutual Funds only, and the remainder of the Net QIB Portion shall be available for allocation on a proportionate basis to all QIB Bidders, including Mutual Funds, subject to valid Bids being received at or above the Issue Price. However, if the aggregate demand from Mutual Funds is less than 5% of the Net QIB Portion, the balance Equity Shares available for allocation in the Mutual Fund Portion will be added to the remaining Net QIB Portion for proportionate allocation to QIBs. Further, not less than 15% of the Net Issue shall be available for allocation on a proportionate basis to Non-Institutional Investors of which (a) one third of the Non-Institutional Portion shall be reserved for Bidders with an application size of more than two lots and upto such lots equivalent to not more than ` 10 lakhs and (b) two-thirds of the Non Institutional Portion shall be reserved for Bidders with an application size exceeding ` 10 lakhs provided under-subscription in either of these two sub-categories of Non Institutional Portion may be allocated to Bidders in the other subcategory of Non-Institutional Portion, and not less than 35% of the Net Issue shall be available for allocation to Individual Investors who applies for minimum application size, in accordance with the SEBI ICDR Regulations, subject to valid Bids being received from them at or above the Issue Price. All Potential Bidders, other than Anchor Investors, are required to participate in the Issue by mandatorily utilizing the Application Supported by Blocked Amount ("ASBA") process by providing details of their respective ASBA Account (as defined hereinafter) in which the corresponding Bid Amounts will be blocked by the Self Certified Syndicate Banks ("SCSBs") or under the UPI Mechanism, as the case may be, to the extent of respective Bid Amounts. Anchor Investors are not permitted to participate in the Issue through the ASBA process. For details, please refer to the chapter titled "Issue Procedure" on page 286 of this Draft Red Herring Prospectus

**ਮੁਹਾਲੀ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਲੋਕਾਂ ਨੂੰ 10 ਲੱਖ ਰੁਪਏ ਤੱਕ ਦੇ ਨਕਦ ਰਹਿਤ ਇਲਾਜ ਦੀ ਸਹੂਲਤ ਮਿਲਣ ਨਾਲ ਸੂਬੇ ਦੇ ਲੋਕਾਂ ਨੂੰ ਵੱਡੀ ਰਾਹਤ ਮਿਲ ਰਹੀ ਹੈ। ਇਹ ਪ੍ਰਗਟਾਵਾ ਮੋਹਾਲੀ ਦੇ ਵਿਧਾਇਕ ਕੁਲਵੰਤ ਸਿੰਘ ਨੇ ਪਿੰਡ ਸੁਹਾਣਾ ਅਤੇ ਕੁੰਭੜਾ ਵਿਖੇ ਯੋਜਨਾ ਤਹਿਤ ਲੋਕਾਂ ਨੂੰ ਸਿਹਤ ਬੀਮਾ ਕਾਰਡ ਵੰਡਣ ਮੌਕੇ ਕੀਤਾ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਸਿਹਤ ਬੀਮਾ ਕਾਰਡ ਲੋਕਾਂ ਲਈ ਮੁਸ਼ਕਲ ਸਮੇਂ ਵਿੱਚ ਵੱਡਾ ਸਹਾਰਾ ਬਣ ਰਿਹਾ ਹੈ ਕਿਉਂਕਿ ਇਸ ਯੋਜਨਾ ਤਹਿਤ ਯੋਗ ਪਰਿਵਾਰਾਂ ਨੂੰ ਲੋੜ ਪੈਣ 'ਤੇ ਸੂਚੀਬੱਧ ਹਸਪਤਾਲਾਂ ਵਿੱਚ 10 ਲੱਖ ਰੁਪਏ ਤੱਕ ਦੇ ਇਲਾਜ ਦੀ ਸਹੂਲਤ ਮਿਲਦੀ ਹੈ। ਉਨ੍ਹਾਂ ਕਿਹਾ ਕਿ ਲੋਕਾਂ ਦੇ ਚਿਹਰਿਆਂ 'ਤੇ ਇਸ ਸਹੂਲਤ ਨੂੰ ਲੈ ਕੇ ਖੁਸ਼ੀ ਅਤੇ ਸੰਤੁਸ਼ਟੀ ਸਪੱਸ਼ਟ ਤੌਰ 'ਤੇ ਵੇਖੀ ਜਾ ਸਕਦੀ ਹੈ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ ਲਗਭਗ 1.80 ਲੱਖ ਰਜਿਸਟ੍ਰੇਸ਼ਨਾਂ ਹੋ ਚੁੱਕੀਆਂ ਹਨ, ਜਦਕਿ ਇਨ੍ਹਾਂ ਵਿੱਚੋਂ 42 ਹਜ਼ਾਰ ਸਿਹਤ ਬੀਮਾ ਕਾਰਡ ਬਣ ਕੇ ਪ੍ਰਾਪਤ ਹੋ ਚੁੱਕੇ ਹਨ, ਜੋ ਲਾਭਪਾਤਰੀਆਂ ਨੂੰ ਵੰਡੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਬਾਕੀ ਰਜਿਸਟ੍ਰੇਸ਼ਨਾਂ ਦੀ ਪ੍ਰਕਿਰਿਆ ਵੀ ਜਾਰੀ ਹੈ, ਤਾਂ ਜੋ ਵੱਧ ਤੋਂ ਵੱਧ ਯੋਗ ਪਰਿਵਾਰ ਇਸ ਸਹੂਲਤ ਦਾ ਲਾਭ ਲੈ ਸਕਣ।



ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਭਲਾਈ ਲਈ ਸ਼ੁਰੂ ਕੀਤੀਆਂ ਵੱਖ-ਵੱਖ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕੀਤਾ ਜਾ ਰਿਹਾ ਹੈ। ਇਸ ਮੌਕੇ ਐਸ.ਐਮ.ਓ. ਘੜੂੰਆਂ ਡਾ. ਪ੍ਰੀਤ ਮਹਿਲ, ਸੀਨੀਅਰ ਡਿਪਟੀ ਮੇਅਰ ਆਰ.ਪੀ. ਸ਼ਰਮਾ, ਡਿਪਟੀ ਮੇਅਰ ਨਗਰ ਨਿਗਮ ਹਰਪਾਲ ਸਿੰਘ ਚੰਨਾ, ਕੌਂਸਲਰ ਸ਼ਰਨਜੀਤ ਕੌਰ, ਕੌਂਸਲਰ ਰਣਜੀਤ ਸਿੰਘ ਕੁੰਭੜਾ, ਕੌਂਸਲਰ ਰਮਨਪ੍ਰੀਤ ਕੌਰ, ਤਰਲੋਚਨ ਸਿੰਘ ਮਟੌਰ, ਕੁਲਦੀਪ ਸਿੰਘ ਸਮਾਣਾ, ਅਰਵਿੰਦਰ ਸਿੰਘ ਗੋਸਲ, ਦਲਜੀਤ ਸਿੰਘ ਮਟੌਰ, ਪਰਵਿੰਦਰ ਸਿੰਘ ਸੋਹਾਣਾ, ਅਮਰਜੀਤ ਸਿੰਘ ਸਿੱਧੂ, ਜਸਪਾਲ ਸਿੰਘ ਮਟੌਰ, ਭੁਪਿੰਦਰ ਸਿੰਘ ਮਾਸਟਰ, ਤਰਨਜੀਤ ਕੌਰ, ਜਸਵੀਰ ਕੌਰ, ਗੁਰਵਿੰਦਰ ਕੌਰ, ਮੀਨਾਕਸ਼ੀ, ਸਰਬਜੀਤ ਸਿੰਘ, ਬਲਦੇਵ ਸਿੰਘ ਅਤੇ ਕਰਨੈਲ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

## ਸਿਵਲ ਹਸਪਤਾਲ ਦੀ ਮੋਰਚਰੀ ਨੂੰ ਡੀਪ ਫ੍ਰੀਜ਼ਰ ਉਪਲੱਬਧ ਕਰਾਏ

**ਕਪੂਰਥਲਾ (ਮਨਜੀਤ ਮਾਨ)**- ਸਿਵਲ ਹਸਪਤਾਲ ਕਪੂਰਥਲਾ ਦੀ ਮੋਰਚਰੀ ਵਿੱਚ ਮ੍ਰਿਤਕ ਦੇਹਾਂ ਨੂੰ ਸੁਰੱਖਿਅਤ ਰੱਖਣ ਦੀ ਸਹੂਲਤ ਨੂੰ ਬਿਹਤਰ ਬਣਾਉਣ ਲਈ ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਵੱਲੋਂ ਰੈੱਡ ਕਰਾਸ ਰਾਹੀਂ 6 ਨਵੇਂ ਡੀਪ ਫ੍ਰੀਜ਼ਰ ਮੁਹੱਈਆ ਕਰਵਾਏ ਗਏ ਹਨ। ਇਸ ਸਬੰਧੀ ਸਾਂਝੇ ਤੌਰ ਤੇ ਜਾਣਕਾਰੀ ਦਿੰਦਿਆਂ ਕਾਰਜਕਾਰੀ ਸਿਵਲ ਸਰਜਨ ਡਾ. ਅੰਨੂ ਸ਼ਰਮਾ ਅਤੇ ਸਿਵਲ ਹਸਪਤਾਲ ਕਪੂਰਥਲਾ ਦੇ ਸੀਨੀਅਰ ਮੈਡੀਕਲ ਅਫਸਰ ਡਾਕਟਰ ਪਰਮਿੰਦਰ ਕੌਰ ਨੇ ਦੱਸਿਆ ਕਿ ਪਿਛਲੇ ਕੁਝ ਸਮੇਂ ਤੋਂ ਮੋਰਚਰੀ ਨੂੰ ਨਵੇਂ ਡੀਪ ਫ੍ਰੀਜ਼ਰ ਦੀ ਲੋੜ ਸੀ। ਇਸ ਸਬੰਧੀ ਡਿਪਟੀ ਕਮਿਸ਼ਨਰ ਦੇ ਸਿਵਲ ਹਸਪਤਾਲ ਦੇ ਦੌਰੇ ਦੌਰਾਨ ਨੋਟਿਸ ਲੈਂਦਿਆਂ ਤੁਰੰਤ ਰੈੱਡ ਕਰਾਸ ਰਾਹੀਂ 6 ਨਵੇਂ ਡੀਪ ਫ੍ਰੀਜ਼ਰ ਖਰੀਦਣ ਲਈ ਫੰਡ ਮੁਹੱਈਆ ਕਰਵਾਏ। ਉਨ੍ਹਾਂ ਦੱਸਿਆ ਕਿ ਨਵੇਂ ਡੀਪ ਫ੍ਰੀਜ਼ਰ ਉਪਲਬਧ ਹੋਣ ਨਾਲ ਹੁਣ ਮੋਰਚਰੀ ਵਿੱਚ ਇੱਕੋ ਸਮੇਂ 6 ਮ੍ਰਿਤਕ ਦੇਹਾਂ ਨੂੰ ਸੁਰੱਖਿਅਤ ਰੱਖਣ ਦੀ ਸਹੂਲਤ ਉਪਲਬਧ ਹੋਵੇਗੀ।

## ਫੂਡਗਰੇਨ ਏਜੰਸੀ ਤੇ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਦੀ ਮੀਟਿੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਫੂਡਗਰੇਨ ਏਜੰਸੀ ਅਤੇ ਕਲਾਸ ਫੋਰ ਗੌਰਮਿੰਟ ਇੰਪਲਾਈਜ਼ ਯੂਨੀਅਨ ਪੰਜਾਬ ਅਤੇ ਪੰਜਾਬ ਸੁਬਾਰਡੀਨੇਟ ਸਰਵਿਸਜ਼ ਫੈਡਰੇਸ਼ਨ ਦੇ ਪ੍ਰਮੁੱਖ ਆਗੂਆਂ ਪੰਜਾਬ ਪ੍ਰਧਾਨ ਰਣਜੀਤ ਸਿੰਘ ਰਾਣਵਾਂ, ਅਡੀ.ਜਨਰਲ ਸਕੱਤਰ ਕਰਤਾਰ ਸਿੰਘ ਪਾਲ ਵੱਲੋਂ ਹਾਊਸਿੰਗ ਕਮੇਟੀ ਦੇ ਸੂਬਾ ਪ੍ਰਧਾਨ ਗੁਰਨਾਮ ਸਿੰਘ ਬਾਜਵਾ,ਜਨਰਲ ਸਕੱਤਰ ਗੁਰਮੇਲ ਸਿੰਘ ਮਹਿਰਾ ਫਤਿਹਗੜ੍ਹ ਸਾਹਿਬ,ਗੁਰਮੀਤ ਸਿੰਘ ਮਿੱਡਾ, ਪਰਮਜੀਤ ਸਿੰਘ ਪੰਮਾ (ਪਨਸਪ),ਰਵੀ ਰਾਮਪੁਰਾ (ਪਨਗ੍ਰੇਨ),ਸੰਦੀਪ ਸਿੰਘ (ਪਨਸਪ) ਹਰਮਿੰਦਰ ਸਿੰਘ,ਗੁਰਜੰਟ ਸਿੰਘ, ਗੁਰਜੀਤ ਸਿੰਘ ਲੁਧਿਆਣਾ,ਕਮਲ ਭੰਡਾਰੀ, ਵਿਕਾਸ ਕੁਮਾਰ ਮੁਕਤਸਰ ਦੀ ਅਗਵਾਈ ਵਿੱਚ ਅਡੀਸ਼ਨਲ ਡਾਇਰੈਕਟਰ ਮੰਜੂਨਾਥ ਭਾਸਕਰ , ਡਿਪਟੀ ਡਾਇਰੈਕਟਰ ਕਮ ਨੋਡਲ ਅਫਸਰ ਰਣਜੀਤ ਸਿੰਘ ਅਤੇ ਪਨਸਪ ਦੇ ਜੀ ਐਮ ਗੁਰਪ੍ਰੀਤ ਸਿੰਘ ਖੁਰਲ ਅਤੇ ਵੇਅਰ ਹਾਊਸ ਕਾਰਪੋਰੇਸ਼ਨ ਦੇ ਐਮ ਡੀ ਜਸਵੀਰ ਸਿੰਘ ਆਈ ਏ ਐਸ ਅਤੇ ਹੋਰ ਅਧਿਕਾਰੀਆਂ ਨੂੰ ਫੂਡ ਗ੍ਰੇਨ ਏਜੰਸੀਆਂ ਵਿੱਚ ਕੰਮ ਕਰਦੇ ਆਊਟਸੋਰਸ ਸਕਿਊਰਟੀ ਗਾਰਡਾਂ, ਸੇਵਾਦਾਰਾਂ ਨੂੰ ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਐਕਟ 2026 ਦੇ ਸਨਮੁੱਖ ਨਿਯਮ ਵਿੱਚ ਖਪਾਉਣ, ਸਵ. ਕਰਮਚਾਰੀਆਂ ਦੇ ਵਾਰਸਾਂ ਨੂੰ ਯੋਗਤਾ ਅਨੁਸਾਰ ਨੌਕਰੀ ਦੇਣਾ, 15/01/2015 ਤੋਂ ਪਹਿਲਾਂ ਤਰਸ ਅਧਾਰਤ ਨੌਕਰੀ ਲਈ ਅਪਲਾਈ ਕਰਨ ਵਾਲੇ ਵਾਰਸਾਂ ਨੂੰ ਪੂਰੇ ਤਨਖਾਹ ਸਕੇਲ ਲਾਗੂ ਕਰਨਾ ਅਤੇ ਦਰਜਾ ਚਾਰ ਕਰਮਚਾਰੀਆਂ ਦੀਆਂ ਮੰਗਾਂ ਉਕਤ ਵਿਭਾਗਾਂ, ਨਿਗਮਾਂ ਵਿੱਚ ਲਟਕ ਅਵਸਥਾ ਵਿੱਚ ਪਈਆ ਸਬੰਧੀ ਮੀਟਿੰਗਾਂ ਕੀਤੀਆ ਗਈਆਂ।



ਮੀਟਿੰਗਾਂ ਸੁਖਾਵੇਂ ਮਾਹੌਲ ਵਿੱਚ ਹੋਈਆਂ ਅਤੇ ਅਧਿਕਾਰੀਆਂ ਵੱਲੋਂ ਮੰਗਾਂ ਦਾ ਜਲਦੀ ਨਿਪਟਾਰਾ ਕਰਨ ਦਾ ਭਰੋਸਾ ਦਿੱਤਾ ਗਿਆ। ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਣਜੀਤ ਸਿੰਘ ਰਾਣਵਾਂ,ਸੂਬਾ ਚੇਅਰਮੈਨ ਦਰਸ਼ਨ ਸਿੰਘ ਲੁਬਾਣਾ,ਅਡੀਸ਼ਨਲ ਜਨਰਲ ਸਕੱਤਰ ਕਰਤਾਰ ਸਿੰਘ ਪਾਲ ਵੱਲੋਂ ਦੱਸਿਆ ਕਿ ਪੰਜਾਬ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਪ੍ਰਤੀ ਪੰਜਾਬ ਸਰਕਾਰ ਦੇ ਟਾਲਮਟੋਲ ਵਾਲੇ ਰਵੱਈਏ ਵਿਰੁੱਧ ਸਾਂਝਾ ਫਰੰਟ ਵੱਲੋਂ ਮੁੱਖ ਮੰਤਰੀ ਦੇ ਸ਼ਹਿਰ ਸੰਗਰੂਰ ਵਿਖੇ 10 ਅਕਤੂਬਰ ਨੂੰ ਰਾਜ ਪੱਧਰੀ ਸਾਂਝੀ ਰੈਲੀ ਵਿੱਚ ਭਰਵੀਂ ਸਮੂਲੀਅਤ ਕਰਨ ਦਾ ਐਲਾਨ ਕੀਤਾ।

## ਸਫਾਈ ਸੇਵਕਾਂ ਲਈ ਮੈਡੀਕਲ ਕੈਂਪ ਲਗਾਇਆ

**ਪੋਜੇਵਾਲ (ਰਾਮ ਲਾਲ)**- ਪੀ ਐਮ ਸੀ ਡੀ ਸੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਗਰ ਕੌਂਸਲ ਬਲਾਚੌਰ ਵੱਲੋਂ ਕਾਰਜ ਸਾਧਕ ਅਫਸਰ ਸ੍ਰੀ ਸਿਮਰਨ ਢੀਂਡਸਾ ਅਤੇ ਨਗਰ ਕੌਂਸਲ ਪ੍ਰਧਾਨ ਸ੍ਰੀ ਸੁਨੀਲ ਕੌਸ਼ਲ ਦੀ ਅਗਵਾਈ ਹੇਠ 'ਸਵੱਛਤਾ ਹੀ ਸੇਵਾ ਮੁਹਿੰਮ-2026' ਤਹਿਤ ਸਫਾਈ ਸੇਵਕਾਂ ਲਈ ਵਿਸ਼ੇਸ਼ ਮੈਡੀਕਲ ਕੈਂਪ ਲਗਾਇਆ ਗਿਆ।




ਇਸ ਮੈਡੀਕਲ ਕੈਂਪ ਦੌਰਾਨ ਸਿਵਲ ਹਸਪਤਾਲ ਬਲਾਚੌਰ ਦੇ ਡਾਕਟਰ ਪ੍ਰਭਜੋਤ ਵੱਲੋਂ ਸਮੂਹ ਸਫਾਈ ਸੇਵਕਾਂ ਦੀ ਸਿਹਤ ਜਾਂਚ ਕੀਤੀ ਗਈ। ਉਨ੍ਹਾਂ ਨੇ ਸਫਾਈ ਸੇਵਕਾਂ ਨੂੰ ਸਿਹਤ ਸਬੰਧੀ ਸਮੱਸਿਆਵਾਂ ਬਾਰੇ ਜਾਣਕਾਰੀ ਹਾਸਲ ਕਰਕੇ ਲੋੜ ਅਨੁਸਾਰ ਟੈਸਟ ਕਰਵਾਉਣ ਅਤੇ ਦਵਾਈਆਂ ਲੈਣ ਦੀ ਸਲਾਹ ਦਿੱਤੀ।ਡਾ. ਪ੍ਰਭਜੋਤ ਨੇ ਦੱਸਿਆ ਕਿ ਸਫਾਈ ਸੇਵਕਾਂ ਲਈ ਲੋੜੀਂਦੇ ਟੈਸਟ ਅਤੇ ਦਵਾਈਆਂ ਸਿਵਲ ਹਸਪਤਾਲ ਵਿਖੇ ਮੁਫ਼ਤ ਮੁਹੱਈਆ ਕਰਵਾਈਆਂ ਜਾਣਗੀਆਂ। ਉਨ੍ਹਾਂ ਨੇ ਸਫਾਈ ਸੇਵਕਾਂ ਨੂੰ ਆਪਣੀ ਸਿਹਤ ਪ੍ਰਤੀ ਸੁਚੇਤ ਰਹਿਣ ਅਤੇ ਸਮੇਂ-ਸਮੇਂ 'ਤੇ ਸਿਹਤ ਜਾਂਚ ਕਰਵਾਉਣ ਲਈ ਵੀ ਪ੍ਰੇਰਿਤ ਕੀਤਾ। ਸਫਾਈ ਸੇਵਕਾਂ ਨੂੰ ਪੀ ਪੀ ਕਿੱਟਾਂ, ਮਾਸਕ, ਦਸਤਾਨੇ ਵੀ ਵੰਡੇ ਗਏ।

## ਵਿਦਿਆਰਥੀਆਂ ਨੇ ਇੰਸਟੀਚਿਊਟ ਆਫ਼ ਮਾਈਕ੍ਰੋਬਾਇਲ ਟੈਕਨਾਲੋਜੀ ਦਾ ਕੀਤਾ ਵਿਦਿਅਕ ਦੌਰਾ



**ਡੇਰਾਬੱਸੀ (ਵਿਨੋਦ ਕੁਮਾਰ ਜੈਨ)**- ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ ਡੇਰਾਬੱਸੀ ਦੇ 40 ਉਤਸ਼ਾਹੀ ਵਿਦਿਆਰਥੀਆਂ ਨੇ ਵਿਗਿਆਨਕ ਅਤੇ ਉਦਯੋਗਿਕ ਖੋਜ ਪ੍ਰੀਸ਼ਦ ਦੇ 85ਵੇਂ ਸਥਾਪਨਾ ਦਿਵਸ ਦੇ ਮੌਕੇ 'ਤੇ ਇੰਸਟੀਚਿਊਟ ਆਫ਼ ਮਾਈਕ੍ਰੋਬਾਇਲ ਟੈਕਨਾਲੋਜੀ ਚੰਡੀਗੜ੍ਹ ਦਾ ਇੱਕ ਪ੍ਰਭਾਵਸ਼ਾਲੀ ਵਿਦਿਅਕ ਦੌਰਾ ਕੀਤਾ। ਇਸ ਦੌਰੇ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਉਤਸੁਕਤਾ, ਵਿਗਿਆਨਕ ਸੁਭਾਅ ਅਤੇ ਅਨੁਭਵੀ ਸਿੱਖਿਆ ਨੂੰ ਉਤਸ਼ਾਹਿਤ ਕਰਨਾ ਸੀ। ਪ੍ਰੋਗਰਾਮ ਦੀ ਸ਼ੁਰੂਆਤ ਰਜਿਸਟ੍ਰੇਸ਼ਨ ਨਾਲ ਹੋਈ, ਜਿਸ ਤੋਂ ਬਾਅਦ ਇੱਕ ਸੁਆਗਤੀ ਸੈਸ਼ਨ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਸੰਸਥਾ ਦੇ ਵਿਗਿਆਨੀਆਂ ਨਾਲ ਗੱਲਬਾਤ ਕੀਤੀ ਅਤੇ ਵੱਖ-ਵੱਖ ਪ੍ਰਯੋਗਸ਼ਾਲਾਵਾਂ ਦਾ ਦੌਰਾ ਕਰਕੇ ਖੋਜ ਕਾਰਜਾਂ ਬਾਰੇ ਜਾਣਕਾਰੀ ਹਾਸਲ ਕੀਤੀ। ... ਵਿਦਿਆਰਥੀਆਂ ਨੇ ਵਿਗਿਆਨ ਦੀਆਂ ਨਵੀਆਂ ਤਕਨੀਕਾਂ ਨੂੰ ਨੇੜਿਓਂ ਦੇਖਿਆ ਅਤੇ ਸਿੱਖਿਆ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਅਜਿਹੇ ਦੌਰੇ ਵਿਦਿਆਰਥੀਆਂ ਲਈ ਬਹੁਤ ਲਾਭਦਾਇਕ ਸਾਬਤ ਹੁੰਦੇ ਹਨ।

## ਗਊਧਨ ਦੀ ਸੇਵਾ-ਸੰਭਾਲ ਲਈ 61 ਰੁਪਏ ਪ੍ਰਤੀ ਗਊਧਨ ਪ੍ਰਤੀ ਦਿਨ ਦੇਣ ਦਾ ਫੈਸਲਾ ਲਾਗੂ : ਕੀਮਤੀ ਭਗਤ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਗਊ ਸੇਵਾ ਕਮਿਸ਼ਨ ਦੇ ਚੇਅਰਮੈਨ ਕੀਮਤੀ ਨੇ ਮੋਹਾਲੀ ਵਿਖੇ ਸਥਾਨਕ ਸਰਕਾਰ ਸੰਸਥਾਵਾਂ, ਪਸ਼ੂ ਪਾਲਣ ਵਿਭਾਗ ਅਤੇ ਹੋਰ ਸਬੰਧਤ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਜ਼ਿਲ੍ਹੇ ਵਿੱਚ ਗਊਸ਼ਾਲਾਵਾਂ ਦੇ ਪ੍ਰਬੰਧ, ਲਾਵਾਰਿਸ ਤੇ ਬੇਸਹਾਰਾ ਪਸ਼ੂਆਂ ਦੀ ਸਾਂਭ-ਸੰਭਾਲ ਅਤੇ ਉਨ੍ਹਾਂ ਨੂੰ ਸੁਰੱਖਿਅਤ ਥਾਵਾਂ 'ਤੇ ਪਹੁੰਚਾਉਣ ਸਬੰਧੀ ਪ੍ਰਬੰਧਾਂ ਦੀ ਸਮੀਖਿਆ ਕੀਤੀ। ਸ੍ਰੀ ਕੀਮਤੀ ਭਗਤ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਗਊਸ਼ਾਲਾਵਾਂ ਵਿੱਚ ਰੱਖੇ ਗਊਧਨ ਦੀ ਸਾਂਭ-ਸੰਭਾਲ ਲਈ 61 ਰੁਪਏ ਪ੍ਰਤੀ ਗਊ ਪ੍ਰਤੀ ਦਿਨ ਦੇਣ ਦੇ ਫੈਸਲੇ ਨੂੰ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਲਾਗੂ ਕਰ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਨਾਲ ਗਊਸ਼ਾਲਾਵਾਂ ਨੂੰ ਗਊਧਨ ਦੀ ਸਾਂਭ-ਸੰਭਾਲ ਲਈ ਵਿੱਤੀ ਸਹਾਇਤਾ ਮਿਲੇਗੀ ਅਤੇ ਬੇਸਹਾਰਾ ਪਸ਼ੂਆਂ ਦਾ ਚਾਰਾ ਯਕੀਨੀ ਬਣਾਉਣ ਨਾਲ, ਉਨ੍ਹਾਂ ਨੂੰ ਗਊਸ਼ਾਲਾਵਾਂ ਤੱਕ ਪਹੁੰਚਾਉਣ ਦੀ ਮੁਹਿੰਮ ਨੂੰ ਹੋਰ ਮਜ਼ਬੂਤੀ ਮਿਲੇਗੀ।



ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੜਕਾਂ 'ਤੇ ਘੁੰਮਦੇ ਲਾਵਾਰਿਸ ਅਤੇ ਬੇਸਹਾਰਾ ਪਸ਼ੂਆਂ ਨੂੰ ਤੁਰੰਤ ਗਊਸ਼ਾਲਾਵਾਂ ਤੱਕ ਪਹੁੰਚਾਉਣ ਦੀ ਮੁਹਿੰਮ ਵਿੱਚ ਹੋਰ ਤੇਜ਼ੀ ਲਿਆਂਦੀ ਜਾਵੇ। ਉਨ੍ਹਾਂ ਦੱਸਿਆ ਕਿ ਪਿਛਲੇ ਚਾਰ ਮਹੀਨਿਆਂ ਦੌਰਾਨ ਸੂਬੇ ਵਿੱਚ ਕਰੀਬ 9,000 ਲਾਵਾਰਿਸ ਅਤੇ ਬੇਸਹਾਰਾ ਪਸ਼ੂਆਂ ਨੂੰ ਗਊਸ਼ਾਲਾਵਾਂ ਵਿੱਚ ਪਹੁੰਚਾਇਆ ਗਿਆ ਹੈ।ਇਸ ਮੌਕੇ ਪੰਜਾਬ ਗਊ ਸੇਵਾ ਕਮਿਸ਼ਨ ਨਾਲ ਨਵੀਆਂ ਰਜਿਸਟਰਡ ਹੋਈਆਂ ਗਊਸ਼ਾਲਾਵਾਂ ਨੂੰ ਸਰਟੀਫਿਕੇਟ ਵੀ ਸੌਂਪੇ ਗਏ।

## ਹੈੱਡ ਟੀਚਰ ਦੇ ਸੇਵਾਮੁਕਤ ਹੋਣ 'ਤੇ ਸਨਮਾਨ ਸਮਾਰੋਹ ਕਰਵਾਇਆ




**ਫਿਲੌਰ (ਨਿਰਮਲ)**- ਸਰਕਾਰੀ ਹਾਈ ਸਕੂਲ ਅਸ਼ਾਹੂਰ ਦੇ ਹੈੱਡ ਟੀਚਰ ਤੀਰਥ ਸਿੰਘ ਬਾਸੀ ਦੀ ਸੇਵਾਮੁਕਤੀ ਮੌਕੇ ਗ੍ਰਾਮ ਪੰਚਾਇਤ, ਸਕੂਲ ਨਗਰ ਨਿਵਾਸੀਆਂ, ਸਕੂਲ ਮੈਨੇਜਮੈਂਟ ਕਮੇਟੀ ਅਤੇ ਸਟਾਫ ਵੱਲੋਂ ਸਨਮਾਨ ਸਮਾਰੋਹ ਕਰਵਾਇਆ ਗਿਆ। ਤੀਰਥ ਸਿੰਘ ਬਾਸੀ ਪਰਵਾਰ ਸਮੇਤ ਸਕੂਲ ਪਹੁੰਚੇ ਤਾਂ ਬੈਂਡ-ਬਾਜਿਆਂ ਅਤੇ ਫੁੱਲਾਂ ਦੀ ਵਰਖਾ ਨਾਲ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਬੁਲਾਰਿਆਂ ਨੇ ਕਿਹਾ ਕਿ ਤੀਰਥ ਸਿੰਘ ਬਾਸੀ ਨੇ 29 ਸਾਲ 7 ਮਹੀਨੇ 5 ਦਿਨ ਇੱਕੋ ਸਕੂਲ ਵਿੱਚ ਸੇਵਾਵਾਂ ਨਿਭਾਈਆਂ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਿੱਖਿਆ ਦੇਣ ਦੇ ਨਾਲ-ਨਾਲ ਪਿੰਡ ਵਾਸੀਆਂ ਦੀ ਸੇਵਾ ਵੀ ਕੀਤੀ। ਉਹ ਸਕੂਲ ਵਿੱਚ ਹੋਮਿਓਪੈਥਿਕ ਕਲੀਨਿਕ ਚਲਾਉਂਦੇ ਸਨ ਤੇ ਲੋੜਵੰਦਾਂ ਨੂੰ ਮੁਫ਼ਤ ਦਵਾਈ ਅਤੇ ਇਲਾਜ ਮੁਹੱਈਆ ਕਰਵਾਉਂਦੇ ਰਹੇ। ਬੁਲਾਰਿਆਂ ਅਨੁਸਾਰ ਚੋਣਾਂ ਦੌਰਾਨ ਵੀ ਉਨ੍ਹਾਂ ਦੀ ਵਿਸ਼ੇਸ਼ ਡਿਊਟੀ ਲਗਾਈ ਜਾਂਦੀ ਰਹੀ। ਉਨ੍ਹਾਂ ਦੀਆਂ ਸੇਵਾਵਾਂ ਨੂੰ ਦੇਖਦਿਆਂ ਸਿੱਖਿਆ ਵਿਭਾਗ ਵੱਲੋਂ ਉਨ੍ਹਾਂ ਨੂੰ ਸਟੇਟ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ 15 ਅਗਸਤ ਅਤੇ 26 ਜਨਵਰੀ ਮੌਕੇ ਡੀਸੀ ਅਤੇ ਐੱਸਡੀਐੱਮ ਵੱਲੋਂ ਵੀ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਂਦਾ ਰਿਹਾ।ਇਸ ਮੌਕੇ ਸਕੂਲ ਸਟਾਫ, ਗ੍ਰਾਮ ਪੰਚਾਇਤ ਮੈਂਬਰਾਂ ਅਤੇ ਨਗਰ ਨਿਵਾਸੀਆਂ ਵੱਲੋਂ ਬੈਂਡ-ਬਾਜਿਆਂ ਨਾਲ ਤੀਰਥ ਸਿੰਘ ਬਾਸੀ ਨੂੰ ਵਿਦਾਇਗੀ ਦਿੱਤੀ ਗਈ।

## ਰਿਪਬਲਿਕ ਪਾਰਟੀ ਆਫ ਇੰਡੀਆ ਤੇ ਡੈਮੋਕ੍ਰੇਟਿਕ ਭਾਰਤੀਯ ਲੋਕ ਦਲ ਵੱਲੋਂ ਕੇਡਰ ਕੈਂਪ ਭਲਕੇ

**ਨਕੋਦਰ (ਮਨਜੀਤ ਮਾਨ)**- ਡੈਮੋਕ੍ਰੇਟਿਕ ਭਾਰਤੀਯ ਲੋਕ ਦਲ ਦੇ ਰਾਸ਼ਟਰੀ ਪ੍ਰਧਾਨ ਗੁਰਮੁਖ ਸਿੰਘ ਖੋਸਲਾ ਨੇ ਪੱਤਰਕਾਰਾਂ ਨੂੰ ਦੱਸਿਆ ਕਿ 3 ਅਕਤੂਬਰ ਨੂੰ ਦੇਸ਼ ਭਗਤ ਯਾਦਗਾਰ ਹਾਲ ਨੇੜੇ ਸੰਵਿਧਾਨ ਚੌਕ ਜਲੰਧਰ ਵਿਖੇ ਰਿਪਬਲਿਕ ਪਾਰਟੀ ਆਫ਼ ਇੰਡੀਆ ਅਤੇ ਡੈਮੋਕ੍ਰੇਟਿਕ ਭਾਰਤੀਯ ਲੋਕ ਦਲ ਵੱਲੋਂ ਕੇਡਰ ਕੈਂਪ ਅਤੇ ਸਨਮਾਨ ਸਮਾਰੋਹ ਕਰਵਾਇਆ ਜਾ ਰਿਹਾ ਹੈ।



ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਵਿੱਚ ਉਚੇਚੇ ਤੌਰ 'ਤੇ ਮਹਾਰਾਸ਼ਟਰ ਤੋਂ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਪੋਤਰੇ ਡਾਕਟਰ ਭੀਮ ਰਾਓ ਯਸ਼ਵੰਤ ਅੰਬੇਡਕਰ ਰਾਸ਼ਟਰੀ ਪ੍ਰਧਾਨ ਰਿਪਬਲਿਕਨ ਪਾਰਟੀ ਆਫ ਇੰਡੀਆ ਅਤੇ ਉਹਨਾਂ ਦੇ ਨਾਲ ਡਾ. ਸੁਭਾਸ਼ ਰਾਮ ਰਿਟਾ. ਚੀਫ ਕਮਿਸ਼ਨਰ ਇਨਕਮ ਟੈਕਸ, ਆਦਿੱਤਿਆ ਰਾਜ ਪ੍ਰਧਾਨ ਗਲੋਬਲ ਐਂਡ ਨੈਸ਼ਨਲ ਆਬਜ਼ਰਵੇਸ਼ਨ, ਪੀ ਇੰਦਲ ਪ੍ਰਭਾਰੀ ਪੰਜਾਬ ਅਤੇ ਹਰਿਆਣਾ, ਹਰਪ੍ਰੀਤ ਸਿੰਘ ਗਲੋਬਲ ਐਂਡ ਨੈਸ਼ਨਲ ਆਬਜ਼ਰਵਰ, ਡਾਕਟਰ ਕਲਾ ਸਿੰਘ ਨੌਮਨੀ ਨੋਬਲ ਧਾਮ ਧ੍ਰਾਇਜ਼, ਫਾਊਂਡਰ - ਸ਼ੁਨਏ ਸੇ ਸਿਖਰ ਫਾਊਂਡੇਸ਼ਨ ਅਤੇ ਬਾਲੀਵੁੱਡ ਪਲੇ ਬੈਕ ਸਿੰਗਰ ਪਹੁੰਚ ਰਹੇ ਹਨ। ਗੁਰਮੁਖ ਸਿੰਘ ਖੋਸਲਾ ਨੇ ਕਿਹਾ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੀ ਸੋਚ 'ਤੇ ਪਹਿਰਾ ਦਿੰਦੇ ਹੋਏ ਉਹਨਾਂ ਦੀ ਵਿਚਾਰਧਾਰਾ ਨੂੰ ਘਰ ਘਰ ਤੱਕ ਪਹੁੰਚਾਇਆ ਜਾਵੇਗਾ।

## ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਕੈਂਪ ਲਗਾਇਆ

**ਫਿਲੌਰ (ਨਿਰਮਲ)**- ਪਿੰਡ ਦੋਸਾਂਝ ਕਲਾਂ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਵਿਸ਼ੇਸ਼ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਦਾ ਉਦਘਾਟਨ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਵੱਲੋਂ ਕੀਤਾ ਗਿਆ।ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਦਾ ਉਦੇਸ਼ ਪੰਜਾਬ ਦੇ ਲੋਕਾਂ ਨੂੰ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਅਤੇ ਗੰਭੀਰ ਬਿਮਾਰੀਆਂ ਦੇ ਇਲਾਜ



ਦੌਰਾਨ ਪਰਵਾਰਾਂ ਉੱਤੇ ਪੈਣ ਵਾਲੇ ਆਰਥਿਕ ਬੋਝ ਨੂੰ ਘਟਾਉਣਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਯੋਜਨਾ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਆਪਣੇ ਸਿਹਤ ਕਾਰਡ ਬਣਵਾਉਣ।ਕੈਂਪ ਦੌਰਾਨ ਮੈਡੀਕਲ ਅਫਸਰ ਡੈਂਟਲ ਡਾ. ਅਵਿਨਾਸ਼ ਮੰਗੋਤਰਾ ਅਤੇ ਆਮ ਆਦਮੀ ਕਲੀਨਿਕ ਦੇ ਮੈਡੀਕਲ ਅਫਸਰ ਡਾ. ਮਿਤਰਾਥ ਸਮੇਤ ਸਿਹਤ ਵਿਭਾਗ ਦੀ ਟੀਮ ਵੱਲੋਂ ਲੋਕਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਸਬੰਧੀ ਜਾਣਕਾਰੀ ਦਿੱਤੀ ਗਈ।ਇਸ ਮੌਕੇ ਹੈਲਥ ਸੁਪਰਵਾਈਜ਼ਰ ਸਤਨਾਮ, ਹੈਲਥ ਸੁਪਰਵਾਈਜ਼ਰ ਕੁਲਦੀਪ ਵਰਮਾ ਅਤੇ ਐਲ.ਐਚ.ਵੀ. ਕੁਲਵਿੰਦਰ ਕੌਰ ਵੱਲੋਂ ਵੀ ਕੈਂਪ ਦੇ ਪ੍ਰਬੰਧਾਂ ਅਤੇ ਲੋਕਾਂ ਨੂੰ ਯੋਜਨਾ ਨਾਲ ਜੋੜਨ ਲਈ ਸਹਿਯੋਗ ਦਿੱਤਾ ਗਿਆ।ਇਸ ਮੌਕੇ ਸਰਪੰਚ ਨਿਰਮਲ ਕੁਮਾਰ ਨਵੀ, ਬਲਾਕ ਸੰਮਤੀ ਮੈਂਬਰ ਗੁਰਪ੍ਰੀਤ ਕੌਰ, ਦਰਸ਼ਨਾ ਕੁਮਾਰੀ, ਬਲਜਿੰਦਰ ਕੌਰ, ਬਲਾਕ ਪ੍ਰਧਾਨ ਯੂਥ ਲਵਪ੍ਰੀਤ ਅਤੇ ਸ਼ਾਦੀ ਰਾਮ ਸਮੇਤ ਪਿੰਡ ਦੇ ਪਤਵੰਤੇ ਵਿਅਕਤੀ ਹਾਜ਼ਰ ਸਨ।

## ਆਰ ਬੀ ਯੂ ਦਾ ਐਨ ਐੱਸ ਐੱਸ ਕੈਂਪ ਸਮਾਜ ਸੇਵਾ ਤੇ ਸਿਹਤ ਜਾਗਰੂਕਤਾ ਗਤੀਵਿਧੀਆਂ ਨਾਲ ਸੰਪੰਨ

**ਮੁਹਾਲੀ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਯੂਨੀਵਰਸਿਟੀ (ਆਰ ਬੀ ਯੂ) ਦੇ ਐਨ ਐੱਸ ਐੱਸ ਵਿਭਾਗ ਵੱਲੋਂ ਲਗਾਇਆ ਗਿਆ ਸੱਤ ਰੋਜ਼ਾ ਵਿਸ਼ੇਸ਼ ਐਨ ਐੱਸ ਐੱਸ ਕੈਂਪ ਵੱਖ-ਵੱਖ ਵਿੱਦਿਅਕ, ਸਿਹਤ, ਵਾਤਾਵਰਣ,




ਸੱਭਿਆਚਾਰਕ ਅਤੇ ਸਮਾਜ ਸੇਵੀ ਗਤੀਵਿਧੀਆਂ ਨਾਲ ਸੰਪੰਨ ਹੋ ਗਿਆ। ਕੈਂਪ ਦੌਰਾਨ ਐਨ ਐੱਸ ਐੱਸ ਵਲੰਟੀਅਰਾਂ ਨੇ ਸਮਾਜਿਕ ਜ਼ਿੰਮੇਵਾਰੀ, ਅਨੁਸ਼ਾਸਨ, ਟੀਮ ਵਰਕ ਅਤੇ ਸੇਵਾ ਭਾਵਨਾ ਦਾ ਪ੍ਰਦਰਸ਼ਨ ਕੀਤਾ।ਐਨ ਐੱਸ ਐੱਸ ਦੇ ਡਾਇਰੈਕਟਰ ਪ੍ਰੋਫੈਸਰ (ਮੇਜਰ) ਏ.ਐੱਸ. ਚਾਹਲ ਨੇ ਦੱਸਿਆ ਕਿ ਆਰ ਬੀ ਯੂ ਦੇ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਦੀ ਅਗਵਾਈ ਹੇਠ ਕਰਵਾਏ ਗਏ ਇਸ ਕੈਂਪ ਦਾ ਮੁੱਖ ਉਦੇਸ਼ ਵਲੰਟੀਅਰਾਂ ਵਿੱਚ ਸਮਾਜਿਕ ਜ਼ਿੰਮੇਵਾਰੀ, ਲੀਡਰਸ਼ਿਪ, ਅਨੁਸ਼ਾਸਨ ਅਤੇ ਟੀਮ ਵਰਕ ਦੀ ਭਾਵਨਾ ਪੈਦਾ ਕਰਨਾ ਸੀ।ਕੈਂਪ ਦੀ ਸ਼ੁਰੂਆਤ ਆਯੁਰਵੇਦ ਦਿਵਸ ਮੌਕੇ ਕਰਵਾਏ ਸੈਸ਼ਨ ਨਾਲ ਹੋਈ। ਇਸ ਦੌਰਾਨ ਡਾ. ਵਿਸ਼ੇਸ਼ ਸ਼ਰਮਾ ਨੇ ਆਯੁਰਵੇਦ, ਸਿਹਤਮੰਦ ਜੀਵਨ-ਸ਼ੈਲੀ ਅਤੇ ਸੰਤੁਲਿਤ ਜੀਵਨ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ। ਪ੍ਰੋ ਵਾਈਸ-ਚਾਂਸਲਰ ਪ੍ਰੋ. (ਡਾ.) ਸਤੀਸ਼ ਕੁਮਾਰ ਬਾਂਸਲ ਨੇ ਕੈਂਪ ਦਾ ਰਸਮੀ ਉਦਘਾਟਨ ਕਰਦਿਆਂ ਵਲੰਟੀਅਰਾਂ ਨੂੰ ਗੋਦ ਲਏ ਪਿੰਡਾਂ ਵਿੱਚ ਲੋੜਵੰਦ ਅਤੇ ਪਛੜੇ ਵਰਗਾਂ ਦੀ ਭਲਾਈ ਲਈ ਸਰਗਰਮੀ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ।ਭਾਰਤੀ ਫੌਜ ਦੇ ਸੂਬੇਦਾਰ ਨਰਿੰਦਰ ਸਿੰਘ ਨੇ 'ਯੁੱਧ ਆਪਣੇ ਵਿਰੁੱਧ' ਵਿਸ਼ੇ 'ਤੇ ਸਵੈ-ਅਨੁਸ਼ਾਸਨ, ਨੈਤਿਕ ਕਦਰਾਂ-ਕੀਮਤਾਂ ਅਤੇ ਜ਼ਿੰਮੇਵਾਰੀ ਦੀ ਮਹੱਤਤਾ 'ਤੇ ਚਾਨਣਾ ਪਾਇਆ।ਕੈਂਪ ਦੌਰਾਨ ਲਗਾਏ ਖ਼ੂਨਦਾਨ ਕੈਂਪ ਵਿੱਚ 70 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ। ਮੈਕਸ ਹਸਪਤਾਲ ਦੇ ਮਾਹਰ ਡਾਕਟਰਾਂ ਵੱਲੋਂ ਸਿਹਤ ਜਾਗਰੂਕਤਾ ਸੈਸ਼ਨ ਕਰਵਾਏ ਗਏ। ਦਿਲ ਦੇ ਰੋਗਾਂ ਦੇ ਮਾਹਰ ਡਾ. ਅਨੁਮੀਤ ਬੱਗਾ ਨੇ ਦਿਲ ਦੀ ਸਿਹਤ ਸੰਬੰਧੀ ਜਾਣਕਾਰੀ ਦਿੱਤੀ, ਜਦਕਿ ਡਾ. ਸਾਗਰਿਕਾ ਨੇ ਬੇਸਿਕ ਲਾਈਫ ਸਪੋਰਟ (ਬੀ ਐੱਲ ਐੱਸ) ਅਤੇ ਜੀਵਨ ਬਚਾਉਣ ਦੀਆਂ ਮੁਢਲੀਆਂ ਤਕਨੀਕਾਂ ਦਾ ਪ੍ਰਦਰਸ਼ਨ ਕੀਤਾ। ਇਸ ਤੋਂ ਇਲਾਵਾ ਅੱਗ ਤੋਂ ਬਚਾਅ ਸਬੰਧੀ ਜਾਗਰੂਕਤਾ ਸੈਸ਼ਨ ਵੀ ਕਰਵਾਇਆ ਗਿਆ।ਵਲੰਟੀਅਰਾਂ ਨੇ ਵਿਕਸਿਤ ਭਾਰਤ ਕੁਇਜ਼, ਰੱਸਾਕਸ਼ੀ ਅਤੇ ਖੋ-ਖੋ ਮੁਕਾਬਲਿਆਂ ਵਿੱਚ ਹਿੱਸਾ ਲਿਆ। ਕੈਂਪ ਦੌਰਾਨ ਰੁੱਖ ਲਗਾਉਣ, ਨਸ਼ਾ ਮੁਕਤੀ ਜਾਗਰੂਕਤਾ ਰੈਲੀ, ਸਹੁੰ ਚੁੱਕ ਸਮਾਗਮ ਅਤੇ ਸ਼ਹੀਦ ਭਗਤ ਸਿੰਘ ਦੀ ਯਾਦ ਵਿੱਚ ਰੈਲੀ ਸਮੇਤ ਕਈ ਹੋਰ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਕੈਂਪ ਦੀ ਸਮਾਪਤੀ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਦੌਰੇ ਨਾਲ ਹੋਈ। ਪ੍ਰੋ. (ਮੇਜਰ) ਏ.ਐੱਸ. ਚਾਹਲ ਦੀ ਨਿਗਰਾਨੀ ਹੇਠ ਕਰਵਾਏ ਇਸ ਕੈਂਪ ਨੇ ਵਲੰਟੀਅਰਾਂ ਵਿੱਚ ਲੀਡਰਸ਼ਿਪ, ਟੀਮ ਵਰਕ, ਅਨੁਸ਼ਾਸਨ ਅਤੇ ਸਮਾਜ ਸੇਵਾ ਪ੍ਰਤੀ ਵਚਨਬੱਧਤਾ ਨੂੰ ਮਜ਼ਬੂਤ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ।

## 409 ਲਾਭਪਾਤਰੀਆਂ ਨੂੰ ਸਿਹਤ ਬੀਮਾ ਕਾਰਡ ਵੰਡੇ



**ਨਕੋਦਰ (ਮਨਜੀਤ ਮਾਨ)**- ਸਿਹਤ ਵਿਭਾਗ ਵੱਲੋਂ ਲੋਕਾਂ ਨੂੰ ਸਰਕਾਰੀ ਸਿਹਤ ਸਹੂਲਤਾਂ ਦਾ ਲਾਭ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਪੰਚਾਇਤ ਘਰ, ਉੱਗੀ ਵਿਖੇ ਸਿਹਤ ਬੀਮਾ ਕਾਰਡ ਵੰਡ ਸਮਾਗਮ ਕਰਵਾਇਆ ਗਿਆ। ਇਸ ਮੌਕੇ 409 ਯੋਗ ਲਾਭਪਾਤਰੀਆਂ ਨੂੰ ਸਿਹਤ ਬੀਮਾ ਕਾਰਡ ਵੰਡੇ ਗਏ।ਇਸ ਮੌਕੇ ਮਾਣਯੋਗ ਵਿਧਾਇਕਾ ਇੰਦਰਜੀਤ ਕੌਰ ਮਾਨ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਲਾਭਪਾਤਰੀਆਂ ਨੂੰ ਸਿਹਤ ਬੀਮਾ ਕਾਰਡ ਵੰਡੇ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਅਤੇ ਮਿਆਰੀ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।ਸੀਨੀਅਰ ਮੈਡੀਕਲ ਅਫ਼ਸਰ ਮਹਿਤਪੁਰ ਡਾ. ਸੰਤਮੀਤ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਯੋਗ ਪਰਿਵਾਰਾਂ ਨੂੰ ਸਿਹਤ ਬੀਮਾ ਯੋਜਨਾ ਦਾ ਲਾਭ ਪਹੁੰਚਾਉਣ ਲਈ ਜ਼ਮੀਨੀ ਪੱਧਰ 'ਤੇ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਸਿਹਤ ਬੀਮਾ ਕਾਰਡ ਬਣਵਾਉਣ ਅਤੇ ਸਰਕਾਰ ਵੱਲੋਂ ਉਪਲਬਧ ਕਰਵਾਈਆਂ ਜਾ ਰਹੀਆਂ ਸਿਹਤ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਨ।ਇਸ ਮੌਕੇ ਪਿੰਡ ਦੇ ਸਰਪੰਚ ਅਤੇ ਯੂਥ ਪ੍ਰਧਾਨ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਉਨ੍ਹਾਂ ਵੱਲੋਂ ਸਿਹਤ ਵਿਭਾਗ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ।

## ਰਾਮ ਲੀਲ੍ਹਾ ਕਮੇਟੀ ਬੱਸੀ ਕਲਾਂ ਵੱਲੋਂ ਝੰਡੇ ਦੀ ਰਸਮ ਭਲਕੇ

**ਚੱਬੇਵਾਲ (ਪਰਮਜੀਤ ਨੌਰੰਗਾਬਾਦੀ)**- ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਦੁਸਹਿਰਾ ਹਲਕਾ ਚੱਬੇਵਾਲ ਦੇ ਪਿੰਡ ਬੱਸੀ ਕਲਾਂ ਵਿਚ ਦੁਸਹਿਰੇ ਦਾ ਤਿਉਹਾਰ ਧੂਮ-ਧਾਮ ਅਤੇ ਪੂਰੀ ਸ਼ਰਧਾ ਨਾਲ ਮਨਾਇਆ ਜਾਵੇਗਾ।ਇਸ ਸੰਬੰਧੀ ਰਾਮ ਲੀਲਾ ਕਮੇਟੀ ਬੱਸੀ ਕਲਾਂ ਦੇ ਮੈਂਬਰ ਸ਼ਾਹ ਵਿਨੋਦ ਨੇ ਦੱਸਿਆ ਕਿ 3 ਅਕਤੂਬਰ ਤੋਂ ਝੰਡੇ ਦੀ ਰਸਮ ਨਾਲ ਦੁਸਹਿਰੇ ਦੇ ਜਸ਼ਨਾ ਦੀ ਅਰੰਭਤਾ ਕੀਤੀ ਜਾਵੇਗੀ।



ਉਹਨਾਂ ਦੱਸਿਆ ਕਿ 11 ਅਕਤੂਬਰ ਤੋਂ ਸ੍ਰੀ ਰਾਮ ਲੀਲਾ ਅਰੰਭ ਕੀਤੀ ਜਾਵੇਗੀ ਅਤੇ ਰੋਜਾਨਾ ਸ੍ਰੀ ਰਾਮ ਜੀ ਦੇ ਜੀਵਨ ਨਾਲ ਸਬੰਧਤ ਝਾਕੀਆਂ ਦਾ ਸੁੰਦਰ ਪ੍ਰਸਤੁਤੀਕਰਣ ਕੀਤਾ ਜਾਵੇਗਾ।ਇਸੇ ਤਰ੍ਹਾਂ 15 ਅਕਤੂਬਰ ਨੂੰ ਸ੍ਰੀ ਰਾਮ ਵਿਆਹ ਦੇ ਸਬੰਧੀ ਵਿਚ ਇਕ ਵਿਸ਼ਾਲ ਸ਼ੋਭਾ ਯਾਤਰਾ ਸਜਾਈ ਜਾਵੇਗੀ।20 ਅਕਤੂਬਰ ਨੂੰ ਰਾਵਣ ਦਹਿਨ ਦੇ ਨਾਲ ਇਹਨਾਂ ਜਸ਼ਨਾ ਦੀ ਸਮਾਪਤੀ ਹੋਵੇਗੀ।ਸ਼ਾਹ ਨੇ ਦੱਸਿਆ ਕਿ ਇਸ ਸਾਲ ਵੀ ਦੂਰ-ਦੁਰੇਡੇ ਤੋਂ ਰਾਜਨੀਤਿਕ, ਸਮਾਜਿਕ ਉੱਤੇ ਧਾਰਮਿਕ ਸ਼ਖਸ਼ੀਅਤਾਂ ਇਹਨਾਂ ਸਮਾਗਮਾ ਦਾ ਹਿੱਸਾ ਬਣਨਗੀਆਂ।

## ਪੰਜਾਬੀ ਮਾਂ ਬੋਲੀ ਨੂੰ ਸਮਰਪਤ ਦਿਹਾੜਾ ਮਨਾਇਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਵਿਖੇ ਪੰਜਾਬੀ ਮਾਂ ਬੋਲੀ ਨੂੰ ਸਮਰਪਤ ਦਿਹਾੜਾ ਮਨਾਇਆ ਗਿਆ। ਸਕੂਲ



ਮੁਖੀ ਪ੍ਰਿੰਸੀਪਲ ਗੁਰਿੰਦਰ ਕੌਰ ਕਪੂਰ ਨੇ ਵਿਦਿਆਰਥੀਆਂ ਨੂੰ ਪੰਜਾਬੀ ਬੋਲੀ ਬੋਲਣ ਲਈ ਪ੍ਰੇਰਿਤ ਕੀਤਾ। ਉਹਨਾਂ ਕਿਹਾ ਕਿ ਪੰਜਾਬੀ ਭਾਸ਼ਾ ਸਾਡੀ ਮਾਤ ਭਾਸ਼ਾ ਹੈ। ਇਸੇ ਭਾਸ਼ਾ ਨੇ ਸਾਨੂੰ ਸਮਾਜ ਵਿੱਚ ਵਿਚਰਨਾ ਸਿਖਾਇਆ ਹੈ। ਬੇਸ਼ੱਕ ਅੰਗਰੇਜ਼ੀ, ਹਿੰਦੀ ਜਾਂ ਹੋਰ ਭਾਸ਼ਾਵਾਂ ਜ਼ਰੂਰ ਸਿੱਖੋ ਪਰ ਇਸ ਦੇ ਨਾਲ ਨਾਲ ਸਾਨੂੰ ਆਪਣੀ ਮਾਤ ਭਾਸ਼ਾ ਪੰਜਾਬੀ ਤੋਂ ਦੂਰ ਨਹੀਂ ਹੋਣਾ ਚਾਹੀਦਾ ਸਗੋਂ ਆਪਣੇ ਪਰਵਾਰ ਆਪਣੇ ਦੋਸਤਾਂ ਮਿੱਤਰਾਂ ਨਾਲ ਪੰਜਾਬੀ ਵਿੱਚ ਹੀ ਗੱਲ ਕਰਨੀ ਚਾਹੀਦੀ ਹੈ। ਇਸ ਮੌਕੇ ਸਕੂਲ ਵਿੱਚ ਇੱਕ ਸੰਖੇਪ ਸਮਾਗਮ ਵੀ ਕਰਵਾਇਆ ਗਿਆ ਜਿਸ ਵਿੱਚ ਬੱਚਿਆਂ ਨੇ ਪੰਜਾਬੀ ਮਾਂ ਬੋਲੀ ਨੂੰ ਸਮਰਪਿਤ ਕਵਿਤਾਵਾਂ, ਲੈਕਚਰ ਪੇਸ਼ ਕੀਤੇ ਅਤੇ ਪੰਜਾਬੀ ਬੋਲੀ ਨਾਲ ਸੰਬੰਧਿਤ ਚਾਰਟ ਵੀ ਬਣਾਏ। ਇਸ ਮੌਕੇ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

## ਪਿੰਡ ਵਾਸੀ 'ਆਪ' 'ਚ ਸ਼ਾਮਲ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਬੀਬੀ ਮਾਨ ਨੇ ਦੱਸਿਆ ਕਿ ਧਨਵੰਤ ਸਹਿਜਲ ਅਤੇ ਅਬੀ ਦੇ ਯਤਨਾਂ ਸਦਕਾ ਨੂਰਮਹਿਲ ਵਿੱਚ ਹੈਪੀ, ਗੱਗੂ,ਗੀਗੀ, ਧਿਆਨੂੰ, ਮੰਗਾ, ਅਮਤੀ, ਬਿੱਟੂ, ਸੰਤਕ, ਡਿਗਰੀ,



ਗੌਰਵ, ਵਿਸ਼ਾਲ, ਸੂਰਜ, ਕਿਸ਼ਨ, ਬਲਜੀਤ, ਬਨਿਸ਼, ਰਮਨ, ਕਿਰਨ, ਜੀਵਨ, ਛਿੰਦਾ, ਪਰਵੀਨਾ, ਸਾਗਰ, ਸਾਹਿਲ, ਖੰਨਾ, ਮੰਨਾ, ਬੀਜਾ, ਕਾਕਾ, ਕਾਲਾ, ਰਾਜਾ, ਰਾਮ, ਰਿੰਮਪੀ, ਗੁਰਵਿੰਦਰ, ਦੇਵਾ, ਕਾਲਾ ਸੀਤਲ, ਸੰਨੀ, ਆਵੀ, ਕੁਸੈਕ, ਕੂਰਾ, ਅਸ਼ਨੀ, ਰਮਨੀ ਨਾਹਰ, ਪੰਮਾ, ਮੰਗੀ, ਨਾਣਾ, ਗੁਰਮੁਖ, ਨੀਲੂ, ਬੂਟਾ, ਬੰਗਾ, ਮਕੇਸ਼, ਸ਼ੀਵਾ, ਅਜਾ ਬਾਬਾ, ਨਿਤਨ, ਬਿੰਦਰ, ਦੀਪੂ, ਰਿਤਕ, ਜੋਸ਼ ਠੂਗਾ ਮਹਿਲਾਵਾਂ ਵਿਚ ਜਠਕੋ, ਰੂਪਾ ਅਨਜੂ, ਕਮਲਾ, ਸੁਮਨ, ਦਲਜੀਤ, ਜੋਤੀ, ਮੋਹਣੀ, ਸੋਨੀਆ, ਰਾਣੀ, ਰਮਨ, ਨਿਸ਼ਾ, ਮਨਦੀਪ ਕੌਰ, ਦੇਬੋ, ਪ੍ਰੀਤੀ, ਸੀਮਾ, ਬੀਰੀ, ਸੋਨੂੰ, ਹੈਮਾ, ਗੋਗੀ ਮਰਵਟੈ, ਰੇਖਾ, ਰੱਜੀ, ਰਾਣੋ, ਰਜਨੀ, ਪ੍ਰਿਤੀ, ਰਾਜਨ, ਕਿਰਨ, ਸਵਿਤਾ, ਗੀਤਾ, ਪ੍ਰਿੰਕਾ, ਮਧੂ, ਪ੍ਰੇਮ, ਈਸ਼ਾ, ਜੀਤੋ, ਸੋਨੂੰ, ਮੀਨੂੰ, ਰਾਣੀ, ਗੌਰੀ, ਕਵਿਤਾ, ਸਨਜਨਾ, ਬਬਲੀ, ਮਨਜੀਤ, ਪੂਨਮ, ਮੋਨਿਕਾ, ਛੋਟੇ, ਸੌਂਦਾ, ਸਤਿਆ, ਸ਼ੈਲੀ, ਜਗੀਰੋ, ਕੋਮਲ ਨੂੰ ਪਾਰਟੀ ਵਿੱਚ ਸ਼ਾਮਲ ਕਰਦਿਆ ਜੀ ਆਇਆ ਆਖਿਆ ਗਿਆ। ਬੀਬੀ ਮਾਨ ਨੇ ਕਿਹਾ ਕਿ ਤੁਹਾਡਾ ਪਾਰਟੀ ਵਿੱਚ ਪੂਰਾ ਸਤਿਕਾਰ ਹੈ। ਇਸ ਮੌਕੇ ਤੇ ਧਨਵੰਤ ਸਹਿਜਲ, ਅਬੀ, ਪ੍ਰਧਾਨ ਦੀਪਕ ਕੁਮਾਰ, ਚੇਅਰਮੈਨ ਸੰਦੀਪ ਵੈਰਾਗੀ, ਕੌਂਸਲਰ ਰਾਜਨ, ਕੌਂਸਲਰ ਸੁਭਾਸ਼ ਸੋਨੂੰ, ਪ੍ਰਧਾਨ ਰਚਨਾ ਨਈਅਰ, ਮੁਕੇਸ਼ ਤਕਿਆਰ ਆਦਿ ਹਾਜ਼ਰ ਸਨ।

## ਡਾ. ਅੰਬੇਡਕਰ ਦੇ ਜਲੰਧਰ ਆਗਮਨ ਦਿਵਸ ਨੂੰ ਸਮਰਪਤ ਹੋਣਗੇ ਅਕਤੂਬਰ ਮਹੀਨੇ ਦੇ ਸਾਰੇ ਸਮਾਗਮ

**ਜਲੰਧਰ (ਰਾਜੇਸ਼ ਥਾਪਾ)**- ਅੰਬੇਡਕਰ ਮਿਸ਼ਨ ਸੁਸਾਇਟੀ (ਰਜਿ.) ਪੰਜਾਬ ਦੇ ਜਨਰਲ ਸਕੱਤਰ ਬਲਦੇਵ ਰਾਜ ਭਾਰਦਵਾਜ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਕੇ ਕਿਹਾ ਕਿ ਪੰਜਾਬ ਦੇ ਲੋਕਾਂ, ਵਿਸ਼ੇਸ਼ ਕਰਕੇ ਜਲੰਧਰ ਵਾਸੀਆਂ ਲਈ ਅਕਤੂਬਰ ਮਹੀਨੇ ਦਾ ਵਿਸ਼ੇਸ਼ ਮਹੱਤਵ ਹੈ। ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ 27 ਅਕਤੂਬਰ 1951 ਨੂੰ ਜਲੰਧਰ ਆਏ, ਜੋ ਪੰਜਾਬ ਵਿੱਚ ਉਨ੍ਹਾਂ ਦੇ ਸਿਆਸੀ ਅਤੇ ਸਮਾਜਿਕ ਸੰਪਰਕ ਦੇ ਸਫ਼ਰ ਵਿੱਚ ਇੱਕ ਇਤਿਹਾਸਕ ਪੜਾਅ ਸੀ। ਉਨ੍ਹਾਂ ਨੇ ਜਲੰਧਰ ਵਿੱਚ ਨਕੋਦਰ ਰੋਡ 'ਤੇ ਸਥਿਤ ਬੂਟਾਂ ਮੰਡੀ (ਰਾਮਦਾਸਪੁਰਾ) ਵਿਖੇ ਲੱਖਾਂ ਲੋਕਾਂ ਦੇ ਇੱਕ ਵਿਸ਼ਾਲ ਇਕੱਠ ਨੂੰ ਸੰਬੋਧਨ ਕੀਤਾ। ਉਹ ਪਹਿਲੀਆਂ ਲੋਕ ਸਭਾ ਚੋਣਾਂ ਲਈ ਪ੍ਰਚਾਰ ਕਰਨ ਅਤੇ ਦੱਬੇ ਕੁਚਲੇ ਲੋਕਾਂ ਦੇ ਹੱਕਾਂ ਦੀ ਰਾਖੀ ਲਈ ਸਿਆਸੀ ਤਾਕਤ ਹਾਸਲ ਕਰਨ ਲਈ 'ਸ਼ਡਿਊਲਡ ਕਾਸਟਸ ਫੈਡਰੇਸ਼ਨ' ਦੀ ਪੰਜਾਬ ਇਕਾਈ ਦੇ ਸੱਦੇ 'ਤੇ ਆਏ ਸਨ। ਅਗਲੇ ਦਿਨ ਉਨ੍ਹਾਂ ਨੇ ਡੀ ਏ ਵੀ ਕਾਲਜ ਜਲੰਧਰ ਵਿਖੇ ਲੋਕਤੰਤਰ 'ਤੇ ਇੱਕ ਅਹਿਮ ਭਾਸ਼ਣ ਦਿੱਤਾ। ਬੂਟਾਂ ਮੰਡੀ ਵਿਖੇ 1951 ਵਿੱਚ ਦਿੱਤੇ ਗਏ ਉਨ੍ਹਾਂ ਦੇ ਭਾਸ਼ਣ ਵਾਲੀ ਇਤਿਹਾਸਕ ਥਾਂ ਬਾਅਦ ਵਿੱਚ ਪ੍ਰਮੁੱਖ 'ਅੰਬੇਡਕਰ ਭਵਨ ਅਤੇ ਲਾਇਬ੍ਰੇਰੀ' ਦਾ ਸਥਾਨ ਬਣੀ। ਇਸ ਭਵਨ ਦੀ ਸਥਾਪਨਾ ਲਾਹੌਰੀ ਰਾਮ ਬਾਲੀ ਅਤੇ ਕਰਮ ਚੰਦ ਬਾਠ ਵਰਗੇ ਆਗੂਆਂ ਦੇ ਯਤਨਾਂ ਸਦਕਾ ਕੀਤੀ ਗਈ ਤਾਂ ਜੋ ਇਸ ਖੇਤਰ ਵਿੱਚ ਉਨ੍ਹਾਂ ਦੀ ਮਹਾਨ ਵਿਰਾਸਤ ਨੂੰ ਸੰਭਾਲਿਆ ਜਾ ਸਕੇ। ਉੱਘੇ ਅੰਬੇਡਕਰੀ ਨਿਧੜਕ ਆਗੂ ਮਰਹੂਮ ਲਾਹੌਰੀ ਰਾਮ ਬਾਲੀ ਦੁਆਰਾ ਸਥਾਪਿਤ ਅੰਬੇਡਕਰ ਭਵਨ ਟਰੱਸਟ ਇਸ ਇਤਿਹਾਸਿਕ ਅੰਬੇਡਕਰ ਭਵਨ ਦੀ 1972 ਤੋਂ ਸਾਂਭ-ਸੰਭਾਲ ਕਰ ਰਿਹਾ ਹੈ ਅਤੇ ਇਥੋਂ ਹੀ ਉਨ੍ਹਾਂ ਦੁਆਰਾ ਸਥਾਪਿਤ ਕੀਤੀ ਗਈ ਸੰਸਥਾ ਅੰਬੇਡਕਰ ਮਿਸ਼ਨ ਸੁਸਾਇਟੀ (ਰਜਿ.) ਪੰਜਾਬ ਲਗਭਗ ਪਿਛਲੇ 50 ਸਾਲਾਂ ਤੋਂ ਵੱਧ ਸਮੇਂ ਤੋਂ ਅੰਬੇਡਕਰ ਮਿਸ਼ਨ ਦਾ ਪ੍ਰਚਾਰ ਪ੍ਰਸਾਰ ਕਰ ਰਹੀ ਹੈ। ਬਲਦੇਵ ਭਾਰਦਵਾਜ ਨੇ ਕਿਹਾ ਕਿ ਅੰਬੇਡਕਰ ਮਿਸ਼ਨ ਸੁਸਾਇਟੀ ਪ੍ਰੋ. ਬਲਬੀਰ ਜੀ, ਜੋ ਸੁਸਾਇਟੀ ਦੇ ਮੌਜੂਦਾ ਪ੍ਰਧਾਨ ਹਨ ਅਤੇ ਦੁਆਬਾ ਕਾਲਜ ਜਲੰਧਰ ਦੇ ਪੋਲੀਟੀਕਲ ਸਾਇੰਸ ਵਿਭਾਗ ਦੇ ਸਾਬਕਾ ਮੁਖੀ ਰਹੇ ਹਨ, ਉਹਨਾਂ ਦੀ ਅਗਵਾਈ ਵਿੱਚ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ ਮਿਸ਼ਨ ਤੇ ਪ੍ਰਚਾਰ ਪ੍ਰਸਾਰ ਲਈ ਨਵੀਆਂ ਪਲਾਂਘਾਂ ਪੁੱਟ ਰਹੀ ਹੈ। ਬਲਦੇਵ ਭਾਰਦਵਾਜ ਨੇ ਅੱਗੇ ਕਿਹਾ ਕਿ ਬਾਬਾ ਸਾਹਿਬ ਦੇ ਜਲੰਧਰ ਆਗਮਨ ਦਿਵਸ ਨੂੰ ਸਮਰਪਿਤ ਅੰਬੇਡਕਰ ਮਿਸ਼ਨ ਸੁਸਾਇਟੀ 14 ਅਕਤੂਬਰ ਨੂੰ ਅੰਬੇਡਕਰ ਭਵਨ ਵਿਖੇ ਇੱਕ ਵਿਸ਼ੇਸ਼ ਧੱਮ-ਚੱਕਰ ਪ੍ਰਵਰਤਨ ਸਮਾਗਮ ਆਯੋਜਤ ਕਰ ਰਹੀ ਹੈ, ਜਿਸ ਵਿੱਚ ਸਕੂਲਾਂ ਦੇ ਵਿਦਿਆਰਥੀਆਂ ਦੇ ਭਾਸ਼ਣ, ਗੀਤ ਅਤੇ ਕਵਿਤਾ ਮੁਕਾਬਲੇ ਕਰਵਾਏ ਜਾਣਗੇ। ਜੇਤੂ ਵਿਦਿਆਰਥੀਆਂ ਨੂੰ ਪਹਿਲਾ, ਦੂਜਾ ਅਤੇ ਤੀਜਾ ਇਨਾਮ ਦਿੱਤਾ ਜਾਵੇਗਾ। ਭੰਤੇ ਚੰਦਰ ਕੀਰਤੀ ਜੀ (ਬੁੱਧ ਵਿਹਾਰ, ਤਰਖਾਣ ਮਜਾਰਾ, ਫਿਲੌਰ) ਧੱਮ ਦੇਸ਼ਨਾ ਦੇਣਗੇ ਅਤੇ ਬਹੁਤ ਸਾਰੇ ਵਿਦਵਾਨ ਬਾਬਾ ਸਾਹਿਬ ਦੇ ਮਿਸ਼ਨ ਬਾਰੇ ਆਪਣੇ ਵਿਚਾਰ ਪੇਸ਼ ਕਰਨਗੇ। ਇਸ ਤੋਂ ਇਲਾਵਾ ਅੰਬੇਡਕਰ ਭਵਨ ਟਰੱਸਟ (ਰਜਿ.), ਤਰਕਸ਼ੀਲ ਸੁਸਾਇਟੀ ਅਤੇ ਹੋਰ ਵੀ ਕਈ ਸੰਸਥਾਵਾਂ ਅਤੇ ਬਾਬਾ ਸਾਹਿਬ ਦੇ ਪੈਰੋਕਾਰਾਂ ਵੱਲੋਂ ਅਕਤੂਬਰ ਮਹੀਨੇ ਵਿੱਚ ਬਾਬਾ ਸਾਹਿਬ ਦੇ ਮਿਸ਼ਨ ਬਾਰੇ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾਵੇਗਾ।

## ਆਈਸ ਕਰੀਮ ਦਾ ਲੰਗਰ ਲਗਾਇਆ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਨਡਾਲੋਂ ਵਿਖੇ ਗੁਰਦੁਆਰਾ ਸੰਤ ਬਾਬਾ ਮੇਲਾ ਸਿੰਘ ਦੇ ਅਸਥਾਨਾਂ ਤੇ ਸੰਤ ਬਾਬਾ ਮੇਲਾ ਸਿੰਘ ਜੀ ਦੀ ਬਰਸੀ ਨੂੰ ਸਮਰਪਿਤ, ਐੱਨ ਆਰ ਆਈ ਪਰਮਿੰਦਰ ਸਿੰਘ ਪਿੰਦਾ ਅਮਰੀਕਾ ਦੇ ਸਹਿਯੋਗ ਨਾਲ ਨਛੱਤਰ ਕੌਰ ਪਤਨੀ ਨਿਰਭੈ ਸਿੰਘ ਨਡਾਲੋ ਦੀ ਅਗਵਾਈ ਵਿਚ ਆਈਸ ਕਰੀਮ ਦਾ ਲੰਗਰ ਲਗਾਇਆ ਗਿਆ। ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਭਾਈ ਊਧਮ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਲੰਗਰ ਵਰਤਾਉਣ ਦੀ ਆਰੰਭਤਾ ਕੀਤੀ ਗਈ। ਇਸ ਮੌਕੇ ਨਛੱਤਰ ਕੌਰ ਵਲੋਂ ਸਮੂਹ ਸੇਵਾਦਾਰਾਂ ਦਾ ਸਹਿਯੋਗ ਦੇਣ ਲਈ ਧੰਨਵਾਦ ਕੀਤਾ ਗਿਆ। ਇਸ ਮੌਕੇ ਨਛੱਤਰ ਕੌਰ ਲਵਜੀਤ ਸਿੰਘ ਮੰਨਣਹਾਨਾ, ਸੁਮਨਦੀਪ ਕੌਰ, ਪ੍ਰਭਨੂਰ ਸਿੰਘ, ਕਰਨਦੀਪ ਸਿੰਘ, ਪਰਮਿੰਦਰ ਸਿੰਘ, ਦਵਿੰਦਰ ਸਿੰਘ ਪਰਮਾਰ , ਦਲਜੀਤ ਸਿੰਘ ਮਝੈਲ, ਭੁਪਿੰਦਰ ਸਿੰਘ ਪਰਮਾਰ ਆਦਿ ਹਾਜ਼ਰ ਸਨ।

## ਮੰਗਾਂ ਨੂੰ ਅਣਗੌਲਿਆ ਕੀਤਾ ਤਾਂ ਅੱਜ ਸੰਗਰੂਰ 'ਚ ਗੂੰਜੇਗੀ ਹੱਕਾਂ ਦੀ ਆਵਾਜ਼

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਸੀਆਈਟੀਯੂ ਵੱਲੋਂ ਹੁਸ਼ਿਆਰਪੁਰ ਵਿੱਚ ਇੱਕ ਵਿਸ਼ਾਲ ਕਨਵੈਂਸ਼ਨ ਕੀਤੀ ਗਈ। ਕਨਵੈਂਸ਼ਨ ਵਿੱਚ ਹੁਸ਼ਿਆਰਪੁਰ ਦੇ ਅੱਠ ਬਲਾਕਾਂ ਵਿੱਚੋਂ ਵਰਕਰਾਂ ਤੇ ਹੈਲਪਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਕਨਵੈਂਸ਼ਨ ਦੀ ਕਾਰਵਾਈ ਪ੍ਰੈੱਸ ਨੂੰ ਜਾਰੀ ਕਰਦਿਆਂ



ਜ਼ਿਲ੍ਹਾ ਸਕੱਤਰ ਸਰਬਜੀਤ ਕੌਰ ਨੇ ਦੱਸਿਆ ਕਿ ਕਨਵੈਂਸ਼ਨ ਨੂੰ ਸੰਬੋਧਨ ਕਰਦਿਆਂ ਜ਼ਿਲਾ ਪ੍ਰਧਾਨ ਗੁਰਬਖਸ਼ ਕੌਰ ਨੇ ਕਿਹਾ ਕਿ ਪੰਜਾਬ ਦੀਆਂ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਲੰਮੇ ਸਮੇਂ ਤੋਂ ਆਪਣੀਆਂ ਹੱਕੀ ਅਤੇ ਜਾਇਜ਼ ਮੰਗਾਂ ਲਈ ਸੰਘਰਸ਼ ਕਰ ਰਹੀਆਂ ਹਨ ਪਰ ਸਰਕਾਰ ਵੱਲੋਂ ਵਾਰ ਵਾਰ ਭਰੋਸੇ ਦਿੱਤੇ ਜਾਣ ਦੇ ਬਾਵਜੂਦ ਮੰਗਾਂ ਦਾ ਠੋਸ ਹੱਲ ਨਹੀਂ ਕੀਤਾ ਗਿਆ। ਜਥੇਬੰਦੀ ਦੀ ਸੂਬਾ ਪ੍ਰਧਾਨ ਹਰਜੀਤ ਕੌਰ ਪਿਜੋਲਾ ਅਤੇ ਸੂਬਾ ਜਨਰਲ ਸਕੱਤਰ ਸੁਭਾਸ਼ ਰਾਣੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਮੰਨਣ ਦੀ ਬਜਾਏ ਲਾਰਾ ਲਾਊ ਤੇ ਡਾਂਗ ਟਪਾਊ ਨੀਤੀ ਤਹਿਤ ਸਮਾਂ ਲੰਘਾ ਰਹੀ ਹੈ। ਜਿਸ ਕਰਕੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵਿੱਚ ਰੋਸ ਦੀ ਲਹਿਰ ਫੈਲ ਗਈ ਹੈ। ਉਹਨਾਂ ਕਿਹਾ ਕਿ ਮੰਗਾਂ ਨਾ ਮੰਨਣ ਦੇ ਰੋਸ ਵਜੋਂ ਪੰਜਾਬ ਦੇ ਮੁੱਖ ਮੰਤਰੀ ਦੀ ਕੋਠੀ ਦਾ ਘਿਰਾਉ 2 ਅਕਤੂਬਰ ਨੂੰ ਸੰਗਰੂਰ 'ਚ ਕੀਤਾ ਜਾਵੇਗਾ। ਵਰਕਰਾਂ ਤੇ ਹੈਲਪਰਾਂ ਨੇ ਘਿਰਾਓ ਨੂੰ ਕਾਮਯਾਬ ਕਰਨ ਦਾ ਪੂਰਾ ਵਿਸ਼ਵਾਸ ਦਿੱਤਾ। ਬੁਲਾਰਿਆਂ ਨੇ ਮੰਗ ਕੀਤੀ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੇ ਮਾਣਭੱਤੇ ਵਿੱਚ ਵਾਧਾ ਕਰਕੇ ਦੁੱਗਣਾ ਕੀਤਾ ਜਾਵੇ, ਸੁਪਰੀਮ ਕੋਰਟ ਦੇ ਫੈਸਲੇ ਅਨੁਸਾਰ ਗਰੈਚੁਟੀ ਦਾ ਲਾਭ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਤੁਰੰਤ ਦਿੱਤਾ ਜਾਵੇ, ਆਂਗਣਵਾੜੀ ਵਰਕਰਾਂ ਵਿੱਚੋਂ ਸੁਪਰਵਾਈਜ਼ਰ ਦੀਆਂ ਤਰੱਕੀਆਂ ਤੁਰੰਤ ਕੀਤੀਆਂ ਜਾਣ, ਵਰਕਰਾਂ ਤੇ ਹੈਲਪਰਾਂ ਦੀ ਇੰਕਰੀਮੈਂਟ ਵਿੱਚ ਵਾਧਾ ਕੀਤਾ ਜਾਵੇ। ਉਪਰੋਕਤ ਤੋਂ ਇਲਾਵਾ ਕਨਵੈਂਸ਼ਨ ਨੂੰ ਆਗੂ ਜ਼ਿਲ੍ਹਾ ਪ੍ਰਧਾਨ ਗੁਰਬਖਸ਼ ਕੌਰ, ਸਰਬਜੀਤ ਕੌਰ, ਪਦਮਾ, ਅਰੁਣਾ, ਸ਼ੋਭਾ ਅਤੇ ਰਾਧਾ ਆਦਿ ਨੇ ਸੰਬੋਧਨ ਕੀਤਾ।

## ਸਰਕਾਰੀ ਕਾਲਜ ਦੇ ਵਿਦਿਆਰਥੀਆਂ ਦੀ ਸ਼ਾਨਦਾਰ ਪ੍ਰਾਪਤੀ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬੀ ਯੂਨੀਵਰਸਿਟੀ, ਪਟਿਆਲਾ ਵੱਲੋਂ ਕਰਵਾਏ ਗਏ ਇੰਟਰ ਕਾਲਜ ਸਾਈਕਲਿੰਗ ਟਰੈਕ ਮੁਕਾਬਲਿਆਂ ਵਿੱਚ ਸਰਕਾਰੀ ਕਾਲਜ ਐੱਸ ਏ ਐੱਸ. ਨਗਰ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਲਜ ਦਾ ਨਾਂਅ ਰੌਸ਼ਨ ਕੀਤਾ।



ਮੁਕਾਬਲਿਆਂ ਦੌਰਾਨ ਕਾਲਜ ਦੇ ਵਿਦਿਆਰਥੀ ਜਸ਼ਨਪ੍ਰੀਤ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੋ ਗੋਲਡ ਮੈਡਲ ਹਾਸਲ ਕੀਤੇ। ਇਸੇ ਤਰ੍ਹਾਂ ਪ੍ਰਿਥਵੀਰਾਜ ਚੌਹਾਨ ਨੇ ਇੱਕ ਸਿਲਵਰ ਅਤੇ ਇੱਕ ਬਰੌਂਜ ਮੈਡਲ ਜਿੱਤਿਆ। ਅਨੀਕੇਤ ਕੁਮਾਰ ਨੇ ਵੀ ਆਪਣੀ ਕਾਬਲੀਅਤ ਦਾ ਪ੍ਰਦਰਸ਼ਨ ਕਰਦਿਆਂ ਇੱਕ ਸਿਲਵਰ ਅਤੇ ਇੱਕ ਬਰੌਂਜ ਮੈਡਲ ਆਪਣੇ ਨਾਂਅ ਕੀਤੇ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ 'ਤੇ ਕਾਲਜ ਦੀ ਪ੍ਰਿੰਸੀਪਲ ਸ੍ਰੀਮਤੀ ਜਸਪ੍ਰੀਤ ਕੌਰ ਬੈਂਸ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸਰੀਰਕ ਸਿੱਖਿਆ ਵਿਭਾਗ ਦੀ ਮੁਖੀ ਪ੍ਰੋ. ਸਿਮਰਪ੍ਰੀਤ ਕੌਰ ਨੇ ਜੇਤੂ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਵਿਦਿਆਰਥੀਆਂ ਦੀ ਇਹ ਪ੍ਰਾਪਤੀ ਉਨ੍ਹਾਂ ਦੀ ਮਿਹਨਤ, ਲਗਨ ਅਤੇ ਨਿਰੰਤਰ ਅਭਿਆਸ ਦਾ ਨਤੀਜਾ ਹੈ।

## ਹਾਕੀ ਅੰਡਰ-14 ਲੜਕੀਆਂ ਮੁਕਾਬਲੇ 'ਚ ਦੋਆਬਾ ਖਾਲਸਾ ਸਕੂਲ ਰਿਹਾ ਜੇਤੂ

**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਸਰਕਾਰ ਵਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਹੁਲਾਰਾ ਦੇਣ ਲਈ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਵੱਖ-ਵੱਖ ਖੇਡਾਂ ਦੇ ਜ਼ਿਲ੍ਹਾ ਪੱਧਰੀ ਮੁਕਾਬਲੇ ਕਰਵਾਏ ਗਏ, ਜਿਨ੍ਹਾਂ ਵਿੱਚ ਖਿਡਾਰੀਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਸ਼ਾਨਦਾਰ ਖੇਡ ਪ੍ਰਦਰਸ਼ਨ ਕੀਤਾ। ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਨੇ ਵੱਖ-ਵੱਖ ਖੇਡਾਂ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਾਕੀ ਅੰਡਰ-14 ਲੜਕੀਆਂ ਦੇ ਮੁਕਾਬਲੇ ਵਿੱਚ ਦੋਆਬਾ ਖਾਲਸਾ ਸਕੂਲ ਨੇ ਪਹਿਲਾ, ਧੰਨੋਵਾਲੀ ਸਕੂਲ ਨੇ ਦੂਜਾ ਅਤੇ ਸੁਰਜੀਤ ਸੁਸਾਇਟੀ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਅੰਡਰ-21 ਲੜਕੀਆਂ ਦੇ ਹਾਕੀ ਮੁਕਾਬਲੇ ਵਿੱਚ ਖਾਲਸਾ ਕਾਲਜ ਫਾਰ ਵੂਮੈਨ ਨੇ ਪਹਿਲਾ ਅਤੇ ਸਰਕਾਰੀ ਪੌਲੀਟੈਕਨਿਕ ਕਾਲਜ ਫਾਰ ਵੂਮੈਨ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਜਦਕਿ 21 ਤੋਂ 30 ਸਾਲ ਵਰਗ (ਲੜਕੀਆਂ) ਦੇ ਮੁਕਾਬਲੇ ਵਿੱਚ ਖਾਲਸਾ ਕਾਲਜ ਫਾਰ ਵੂਮੈਨ ਪਹਿਲੇ ਸਥਾਨ 'ਤੇ ਰਿਹਾ। ਜ਼ਿਲ੍ਹਾ ਖੇਡ ਅਫ਼ਸਰ ਨੇ ਅੱਗੇ ਦੱਸਿਆ ਕਿ ਬੈਡਮਿੰਟਨ ਅੰਡਰ-21 (ਲੜਕੇ) ਵਿੱਚ ਦਾਨਿਸ਼ ਭਨੋਟ ਨੇ ਅਨੀਸ਼ ਭਾਰਦਵਾਜ ਨੂੰ ਫਾਈਨਲ ਮੁਕਾਬਲੇ ਵਿੱਚ 15-9, 15-12 ਨਾਲ ਹਰਾਇਆ। 21 ਤੋਂ 30 ਸਾਲ (ਲੜਕੇ) ਦੇ ਮੁਕਾਬਲੇ ਵਿੱਚ ਆਸ਼ੂ ਕੁਮਾਰ ਨੇ ਰਿਸ਼ਾਂਤ ਸਿੱਧੂ ਨੂੰ 15-7, 15-7 ਨਾਲ ਹਰਾਇਆ। ਇਸੇ ਤਰ੍ਹਾਂ ਅੰਡਰ-14 ਲੜਕੀਆਂ ਵਿੱਚ




ਮਾਇਰਾ ਚੋਪੜਾ ਨੇ ਸਮਾਇਰਾ ਓਬਰਾਏ ਨੂੰ 15-4, 15-7 ਨਾਲ ਹਰਾਇਆ। ਜਦਕਿ ਅੰਡਰ-41 -50 ਲੜਕੇ ਵਿੱਚ ਵਿਕਾਸ ਖੰਨਾ ਨੇ ਵਿਸ਼ਾਲ ਸ਼ਰਮਾ ਨੂੰ 15-4, 15-6 ਨਾਲ ਹਰਾਇਆ।

ਕੁਸ਼ਤੀ ਅੰਡਰ-17 ਲੜਕੀਆਂ ਦੇ ਮੁਕਾਬਲੇ ਵਿੱਚ ਸੋਨਾਲੀ, ਯੂਨਾਈਟਿਡ ਸਪੋਰਟਸ ਕਲੱਬ ਨੇ ਪਹਿਲਾ, ਮੰਨੂ ਜਗਜੀਤ ਰੈਸਲਿੰਗ ਅਕੈਡਮੀ ਨੇ ਦੂਜਾ ਅਤੇ ਰੁਪਿੰਦਰ ਕੌਰ ਰਹੀਮਪੁਰ ਨੇ ਤੀਜਾ ਸਥਾਨ ਹਾਸਿਲ ਕੀਤਾ। ਅੰਡਰ-17 ਗ੍ਰੀਕੋ ਰੋਮਨ 51 ਕਿਲੋ ਭਾਰ ਵਰਗ ਵਿੱਚ ਮਨਪ੍ਰੀਤ/ਸੁਮਨ ਪੀ.ਏ.ਪੀ. ਨੇ ਪਹਿਲਾ, ਹਰਸ਼ਾ ਕੌਰ, ਲੋਪੀਆ ਬਸਤੀ ਦਾਨਿਸ਼ਮੰਦਾਂ ਨੇ ਦੂਜਾ ਅਤੇ ਗੌਤਮ ਹੰਸ ਰਾਜ ਸਟੇਡੀਅਮ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਫ੍ਰੀ ਸਟਾਈ 48 ਕਿਲੋ ਲੜਕੀਆਂ ਵਿੱਚ ਅੰਮ੍ਰਿਤਪਾਲ ਵਰਿਆਣਾ ਨੇ ਪਹਿਲਾ, ਲਕਸ਼ਦੀਪ ਸੀਚੇਵਾਲ ਨੇ ਦੂਜਾ ਅਤੇ ਨਵਜੋਤ ਬਸਤੀ ਬਾਵਾ ਖੇਲ ਨੇ ਤੀਜਾ ਸਥਾਨ ਹਾਸਿਲ ਕੀਤਾ। ਜ਼ਿਲ੍ਹਾ ਖੇਡ ਅਫ਼ਸਰ ਨੇ ਅੱਗੇ ਦੱਸਿਆ ਕਿ ਹੈਂਡਬਾਲ ਅੰਡਰ 14 ਲੜਕੀਆਂ ਵਿੱਚ ਹੈਂਡਬਾਲ ਕੋਚਿੰਗ ਸੈਂਟਰ ਦੁਸਾਂਝ ਕਲਾ ਨੇ ਪਹਿਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਏਪੁਰ ਰਸੂਲਪੁਰ ਨੇ ਦੂਜਾ ਅਤੇ ਕੈਂਬ੍ਰਿਜ ਇਨੋਵੇਟਿਵ ਸਕੂਲ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਅੰਡਰ-17 ਲੜਕੀਆਂ ਵਿੱਚ ਹੈਂਡਬਾਲ ਕੋਚਿੰਗ ਸੈਂਟਰ ਨੇ ਪਹਿਲਾ, ਕੈਂਬ੍ਰਿਜ ਇਨੋਵੇਟਿਵ ਸਕੂਲ,ਦੁਸਾਂਝਕਲਾ ਨੇ ਦੂਜਾ ਅਤੇ ਇਨੋਸੈਂਟ ਹਾਰਟਸ ਸਕੂਲ ਨੂਰਪੁਰ ਨੇ ਤੀਜਾ ਸਥਾਨ ਹਾਸਿਲ ਕੀਤਾ। ਇਸੇ ਤਰ੍ਹਾਂ ਅੰਡਰ 14 ਲੜਕੇ ਵਿੱਚ ਸਰਕਾਰੀ ਹਾਈ ਸਕੂਲ ਨੁਸੀ ਨੇ ਪਹਿਲਾ, ਕੈਂਬ੍ਰਿਜ ਇਨੋਵੇਟਿਵ ਸਕੂਲ ਨੇ ਦੂਜਾ ਅਤੇ ਐਮ.ਜੀ.ਐਨ.ਪਬਲਿਕ ਸਕੂਲ ਨੇ ਤੀਜਾ ਸਥਾਨ ਹਾਸਿਲ ਕੀਤਾ।

## ਈ ਸੀ ਈ ਵਿਦਿਆਰਥੀਆਂ ਨੇ ਰੋਬੋਟ 'ਜਾਰਵਿਸ' ਕੀਤਾ ਤਿਆਰ

**ਜਲੰਧਰ (ਸ਼ੈਲੀ ਐਲਬਰਟ)**- ਡਾ. ਜਗਰੂਪ ਸਿੰਘ ਪ੍ਰਿੰਸੀਪਲ ਦੀ ਗਤੀਸ਼ੀਲ ਅਗਵਾਈ ਅਤੇ ਮਨੀਸ਼ ਸਚਦੇਵਾ ਇੰਚਾਰਜ ਦੇ ਯੋਗ ਮਾਰਗਦਰਸ਼ਨ ਹੇਠ ਇਲੈਕਟ੍ਰਾਨਿਕਸ ਐਂਡ ਕਮਿਊਨੀਕੇਸ਼ਨ ਇੰਜੀਨੀਅਰਿੰਗ (ਈ.ਸੀ.ਈ.) ਵਿਭਾਗ, ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਦੇ ਵਿਦਿਆਰਥੀਆਂ ਨੇ ਜਾਰਵਿਸ ਨਾਂਅ ਦਾ ਇੱਕ ਨਵਾਂ ਏ.ਆਈ. ਆਧਾਰਤ ਮਦਦਗਾਰ ਰੋਬੋਟ ਤਿਆਰ ਕੀਤਾ ਹੈ। ਇਸ ਰੋਬੋਟ ਨੂੰ ਰੇਲਵੇ ਸਟੇਸ਼ਨਾਂ ਅਤੇ ਹੋਰ ਜਨਤਕ ਥਾਵਾਂ 'ਤੇ ਲੋਕਾਂ ਨੂੰ ਸਮਾਰਟ ਸਹਾਇਤਾ ਅਤੇ ਆਟੋਮੈਟਿਕ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਤਿਆਰ ਕੀਤਾ ਗਿਆ ਹੈ।ਇਹ ਰੋਬੋਟ ਨੀਰਵ, ਰਾਹੁਲ, ਬੰਧਨ, ਪ੍ਰਿੰਸ, ਅਕਸ਼ਿਤ ਅਤੇ ਵਾਸੂ ਨੇ ਪ੍ਰਿੰਸ ਮਦਾਨ, ਮਿਸ ਪ੍ਰੀਤ ਕੰਵਲ, ਮਿਸ ਮਨਿੰਦਰ ਕੌਰ ਅਤੇ ਮਿਸ ਨਮਰਤਾ, ਲੈਕਚਰਾਰਜ਼, ਈ.ਸੀ.ਈ. ਵਿਭਾਗ ਦੇ ਮਾਰਗਦਰਸ਼ਨ ਹੇਠ ਤਿਆਰ ਕੀਤਾ ਹੈ। ਅਧਿਆਪਕਾਂ ਨੇ ਪ੍ਰੋਜੈਕਟ ਦੇ ਵਿਕਾਸ ਦੌਰਾਨ ਵਿਦਿਆਰਥੀਆਂ ਨੂੰ ਲੋੜੀਂਦਾ ਮਾਰਗਦਰਸ਼ਨ ਅਤੇ ਸਹਿਯੋਗ ਪ੍ਰਦਾਨ ਕੀਤਾ। ਇਸ ਪ੍ਰੋਜੈਕਟ ਵਿੱਚ ਰੋਬੋਟਿਕਸ, ਆਰਟੀਫਿਸ਼ਲ ਇੰਟੈਲੀਜੈਂਸ, ਐਂਬੈਡਡ ਸਿਸਟਮ, ਸੈਂਸਰ, ਆਟੋਮੇਸ਼ਨ ਅਤੇ ਵੌਇਸ ਇੰਟਰੈਕਸ਼ਨ ਵਰਗੀਆਂ ਤਕਨੀਕਾਂ ਦੀ ਵਰਤੋਂ ਕੀਤੀ ਗਈ ਹੈ।ਜਾਰਵਿਸ ਵਿੱਚ ਕਈ ਉਪਯੋਗੀ ਵਿਸ਼ੇਸ਼ਤਾਵਾਂ ਸ਼ਾਮਲ ਕੀਤੀਆਂ ਗਈਆਂ ਹਨ, ਜੋ ਰੇਲਵੇ ਸਟੇਸ਼ਨਾਂ 'ਤੇ ਯਾਤਰੀਆਂ ਦੀ ਸਹਾਇਤਾ ਕਰਨ ਦੇ ਨਾਲ-ਨਾਲ ਸਫਾਈ ਅਤੇ ਸੁਰੱਖਿਆ ਵਿੱਚ ਵੀ ਮਦਦ ਕਰ ਸਕਦੀਆਂ ਹਨ। ਇਹ ਪ੍ਰੋਜੈਕਟ ਵਿਦਿਆਰਥੀਆਂ ਦੀ ਰਚਨਾਤਮਕਤਾ ਅਤੇ ਤਕਨੀਕੀ ਸਮਰੱਥਾ ਨੂੰ ਦਰਸਾਉਂਦਾ ਹੈ ਅਤੇ ਇਹ ਵੀ ਦਿਖਾਉਂਦਾ ਹੈ ਕਿ ਈ.ਸੀ.ਈ. ਦੀਆਂ ਤਕਨੀਕਾਂ ਦੀ ਵਰਤੋਂ ਕਰਕੇ ਅਸਲ ਜੀਵਨ ਦੀਆਂ ਸਮੱਸਿਆਵਾਂ ਲਈ ਸਮਾਰਟ



ਰੋਬੋਟਿਕ ਹੱਲ ਤਿਆਰ ਕੀਤੇ ਜਾ ਸਕਦੇ ਹਨ। ਡਾ. ਜਗਰੂਪ ਸਿੰਘ, ਪ੍ਰਿੰਸੀਪਲ ਨੇ ਸ਼੍ਰੀ ਮਨੀਸ਼ ਸਚਦੇਵਾ, ਸਮੂਹ ਫੈਕਲਟੀ ਮੈਂਬਰਾਂ ਅਤੇ ਵਿਦਿਆਰਥੀਆਂ ਨੂੰ ਇਸ ਨਵੀਨਤਮ ਪ੍ਰੋਜੈਕਟ ਲਈ ਵਧਾਈ ਦਿੱਤੀ ਅਤੇ ਸਮਾਜ ਲਈ ਲਾਭਦਾਇਕ ਅਤੇ ਵਿਹਾਰਕ ਪ੍ਰੋਜੈਕਟ ਤਿਆਰ ਕਰਨ ਲਈ ਉਨ੍ਹਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਵੀਆਂ ਤਕਨੀਕਾਂ ਦੀ ਖੋਜ ਜਾਰੀ ਰੱਖਣ ਅਤੇ ਸਮਾਜ ਲਈ ਹੋਰ ਲਾਭਦਾਇਕ ਹੱਲ ਵਿਕਸਿਤ ਕਰਨ ਲਈ ਪ੍ਰੇਰਿਤ ਕੀਤਾ।

## ਗੁਰਮੇਲ ਕੌਰ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ

**ਕਪੂਰਥਲਾ (ਮਨਜੀਤ ਮਾਨ)**- ਜ਼ਿਲ੍ਹਾ ਕਪੂਰਥਲਾ ਦੇ ਅਧੀਨ ਪੈਂਦੇ ਪਿੰਡ ਕੇਸਰ ਪੁਰ ਵਿਖੇ ਏ ਐਸ ਆਈ ਬਲਦੇਵ ਸਿੰਘ ਰੀਡਰ ਡੀ ਐਸ ਪੀ ਭੁਲੱਥ ਦੀ ਸਤਿਕਾਰਯੋਗ ਮਾਤਾ ਸ੍ਰੀਮਤੀ ਗੁਰਮੇਲ ਕੌਰ ਨੂੰ ਗੁਰਦੁਆਰਾ ਸ੍ਰੀ ਬੇਰ ਸਾਹਿਬ ਜੀ ਵਿਖੇ ਵੱਖ ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ। ਇਸ ਮੌਕੇ ਸ਼੍ਰੋਮਣੀ ਪੰਥਕ ਕੀਰਤਨੀਏ ਭਾਈ ਲਾਲਜੀਤ ਸਿੰਘ ਨੂਰਪੁਰੀ ਦੇ ਕੀਰਤਨੀਏ ਜਥੇ ਵੱਲੋਂ ਬੈਰਾਗਮਈ ਕੀਰਤਨ ਕੀਤਾ ਗਿਆ। ਸਟੇਜ ਸਕੱਤਰ ਦੀ ਜ਼ਿੰਮੇਵਾਰੀ ਸ਼੍ਰੋਮਣੀ ਪੰਥਕ ਢਾਡੀ ਤੇ ਪ੍ਰਚਾਰਕ ਭਾਈ ਮੇਜਰ ਸਿੰਘ ਹੀਰਾ ਵੱਲੋਂ ਬਾਖੂਬੀ ਨਿਭਾਈ ਗਈ। ਇਸ ਮੌਕੇ ਸੁਖਪਾਲ ਸਿੰਘ ਰੰਧਾਵਾ ਡੀ ਐਸ ਪੀ ਭੁਲੱਥ, ਡੀ ਐਸ ਪੀ ਲਖਵਿੰਦਰ ਸਿੰਘ ਇਬਰਾਹੀਮ ਵਾਲਾ, ਸਰਪੰਚ ਕੁਲਦੀਪ ਸਿੰਘ ਟਾਡੀ, ਡਾਕਟਰ ਸੁਰਿੰਦਰ ਕੁਮਾਰ ਭੁਲੱਥ, ਸਰਪੰਚ ਹਰਭਜਨ ਸਿੰਘ ਮੰਡ, ਸਰਪੰਚ ਵੀਰ ਡੋਗਰਾਂਵਾਲ, ਸਰਪੰਚ ਗੁਰਮੇਜ ਸਿੰਘ ਤਲਵਾੜਾ ਭੁਲੱਥ, ਸਰਪੰਚ ਅਮਨਦੀਪ ਸਿੰਘ ਕੇਸਰ ਪੁਰ, ਜੁਗਿੰਦਰ ਸਿੰਘ, ਅਮਨਦੀਪ ਸਿੰਘ ਬਾਜਵਾ ਭੁਲੱਥ, ਜਸਵਿੰਦਰ ਸਿੰਘ ਰਾਮਗੜ੍ਹ, ਕਮਲਜੀਤ ਸਿੰਘ ਪੱਡਾ ਭੁਲੱਥ, ਬਾਬਾ ਹੀਰਾ ਸਿੰਘ ਗੁਰਦੁਆਰਾ ਟਾਹਲੀ ਸਾਹਿਬ ਬਲ੍ਹੇਰ ਖ਼ਾਨਪੁਰ, ਸੇਵਾ ਸਿੰਘ ਰਾਏ ਸਾਬਕਾ ਸਰਪੰਚ



ਬਡਿਆਲ ਨੇ ਮਾਤਾ ਗੁਰਮੇਲ ਕੌਰ ਨੂੰ ਸ਼ਰਧਾਂਜਲੀਆਂ ਭੇਟ ਕਰਦਿਆਂ ਕਿਹਾ ਮਾਤਾ ਗੁਰਮੇਲ ਕੌਰ ਜੀ ਗੁਰੂ ਘਰ ਨੂੰ ਮੰਨਣ ਵਾਲੇ ਸਨ ਤੇ ਹਮੇਸ਼ਾ ਗੁਰੂ ਦੇ ਸਿਮਰਨ ਕਰਦੇ ਰਹਿੰਦੇ ਸਨ। ਮਾਤਾ ਜੀ ਹਮੇਸ਼ਾ ਦੀਨ ਦੁਖੀਆ ਦੀ ਸੇਵਾ ਵਿੱਚ ਵੀ ਆਪਣਾ ਯੋਗਦਾਨ ਪਾਉਂਦੇ ਸਨ। ਇਸ ਮੌਕੇ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਸ਼੍ਰੋਮਣੀ ਇੰਟਰਨੈਸ਼ਨਲ ਪੰਥਕ ਢਾਡੀ ਤੇ ਪ੍ਰਚਾਰਕ ਭਾਈ ਮੇਜਰ ਸਿੰਘ ਹੀਰਾ ਵੱਲੋਂ ਨਿਭਾਈ ਗਈ।

## ਆਸ਼ਰਿਤ ਬੱਚਿਆਂ ਲਈ ਹੁਣ ਤੱਕ 218 ਕਰੋੜ ਦੀ ਵਿੱਤੀ ਸਹਾਇਤਾ ਜਾਰੀ : ਡਾ. ਬਲਜੀਤ ਕੌਰ



**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਸਰਕਾਰ ਵੱਲੋਂ ਸਹਾਰੇ ਦੀ ਲੋੜ ਵਾਲੇ ਆਸ਼ਰਿਤ ਅਤੇ ਅਨਾਥ ਬੱਚਿਆਂ ਦੀ ਦੇਖਭਾਲ, ਸੁਰੱਖਿਆ ਅਤੇ ਉੱਜਵਲ ਭਵਿੱਖ ਨੂੰ ਯਕੀਨੀ ਬਣਾਉਣ ਲਈ ਲਗਾਤਾਰ ਸੰਵੇਦਨਸ਼ੀਲ ਉਪਰਾਲੇ ਕੀਤੇ ਜਾ ਰਹੇ ਹਨ। ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਮੌਜੂਦਾ ਵਿੱਤੀ ਸਾਲ 2026-27 ਦੌਰਾਨ ਹੁਣ ਤੱਕ ਇਨ੍ਹਾਂ ਬੱਚਿਆਂ ਲਈ ਕਰੀਬ 218 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਜਾ ਚੁੱਕੀ ਹੈ। ਡਾ. ਬਲਜੀਤ ਕੌਰ ਨੇ ਕਿਹਾ ਕਿ ਹਰ ਬੱਚਾ ਪਿਆਰ, ਸਹਾਰੇ, ਸਨਮਾਨ ਅਤੇ ਆਪਣੇ ਸੁਪਨਿਆਂ ਨੂੰ ਪੂਰਾ ਕਰਨ ਦੇ ਮੌਕੇ ਦਾ ਹੱਕਦਾਰ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਮਨੁੱਖੀ ਸੰਵੇਦਨਾਵਾਂ ਨੂੰ ਕੇਂਦਰ ਵਿੱਚ ਰੱਖਦਿਆਂ ਇਹ ਯਕੀਨੀ ਬਣਾ ਰਹੀ ਹੈ ਕਿ ਜ਼ਿੰਦਗੀ ਦੀਆਂ ਮੁਸ਼ਕਲ ਸਥਿਤੀਆਂ ਵਿੱਚੋਂ ਗੁਜ਼ਰ ਰਹੇ ਬੱਚਿਆਂ ਨੂੰ ਸਮੇਂ ਸਿਰ ਸਹਾਇਤਾ ਮਿਲੇ ਅਤੇ ਉਹ ਆਤਮ ਵਿਸ਼ਵਾਸ ਨਾਲ ਆਪਣੇ ਭਵਿੱਖ ਵੱਲ ਅੱਗੇ ਵਧ ਸਕਣ। ਉਨ੍ਹਾਂ ਕਿਹਾ ਕਿ ਸਰਕਾਰ ਦੀ ਇਹ ਪਹਿਲਕਦਮੀ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ 'ਰੰਗਲਾ ਪੰਜਾਬ' ਦੇ ਸੁਪਨੇ ਨੂੰ ਸਾਕਾਰ ਕਰਨ ਵੱਲ ਇੱਕ ਅਹਿਮ ਕਦਮ ਹੈ, ਜਿੱਥੇ ਹਰ ਬੱਚੇ ਦੀ ਸੁਰੱਖਿਆ, ਖੁਸ਼ਹਾਲੀ ਅਤੇ ਸਰਵਪੱਖੀ ਵਿਕਾਸ ਨੂੰ ਤਰਜੀਹ ਦਿੱਤੀ ਜਾ ਰਹੀ ਹੈ।

## ਕੰਧਾਲਾ ਸ਼ੇਖਾਂ ਦੀ ਟੀਮ ਦੇ ਨਾਂਅ ਰਿਹਾ ਵਾਲੀਬਾਲ ਟੂਰਨਾਮੈਂਟ



**ਟਾਂਡਾ ਉੜਮੁੜ (ਜਸਵਿੰਦਰ ਸਿੰਘ ਪੰਡਿਤ ਮਿਰਜ਼ੋ)**- ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਦੂਰ ਰੱਖ ਕੇ ਖੇਡਾਂ ਦੇ ਨਾਲ ਜੋੜਨ ਦੇ ਮੰਤਵ ਤਹਿਤ ਡਾ. ਭੀਮ ਰਾਓ ਅੰਬੇਡਕਰ ਯੂਥ ਕਲੱਬ (ਰਜਿ.) ਕੰਧਾਲਾ ਸ਼ੇਖਾਂ ਵੱਲੋਂ ਹਰ ਮਹੀਨੇ ਦੀ ਤਰ੍ਹਾਂ ਕਰਵਾਏ ਜਾਂਦੇ ਵਾਲੀਬਾਲ ਟੂਰਨਾਮੈਂਟ ਦੀ ਲੜੀ ਤਹਿਤ ਛੇਵਾਂ ਟੂ ਨਾਈਟ ਵਾਲੀਬਾਲ ਟੂਰਨਾਮੈਂਟ ਕਰਵਾਇਆ ਗਿਆ। ਕਲੱਬ ਦੇ ਪ੍ਰਧਾਨ ਪ੍ਰਮਜੀਤ ਸਿੰਘ ਜੱਜ ਦੀ ਅਗਵਾਈ, ਨਗਰ ਨਿਵਾਸੀਆਂ ਅਤੇ ਐਨ ਆਰ ਆਈ ਭਰਾਵਾਂ ਦੇ ਸਹਿਯੋਗ ਨਾਲ ਕਰਵਾਏ ਗਏ ਇਸ ਟੂਰਨਾਮੈਂਟ ਨੂੰ ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ 119ਵੇਂ ਜਨਮ ਦਿਨ ਨੂੰ ਸਮਰਪਿਤ ਕੀਤਾ ਗਿਆ। ਟੂਰਨਾਮੈਂਟ ਦੇ ਦੌਰਾਨ ਇਲਾਕੇ ਭਰ ਦੀਆਂ 31 ਟੀਮਾਂ ਨੇ ਭਾਗ ਲੈਂਦੇ ਹੋਏ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ ਜਿਸ ਦੌਰਾਨ ਪਹਿਲਾ ਸਥਾਨ ਕੰਧਾਲਾ ਸ਼ੇਖਾਂ ਦੀ ਟੀਮ ਨੇ ਹਾਸਿਲ ਕੀਤਾ ਜਦਕਿ ਦੂਸਰੇ ਸਥਾਨ 'ਤੇ ਦਰਾਵਾਂ ਦੀ ਟੀਮ ਰਹੀ। ਕਲੱਬ ਦੇ ਪ੍ਰਧਾਨ ਪ੍ਰਮਜੀਤ ਸਿੰਘ ਜੱਜ ਨੇ ਜੇਤੂ ਅਤੇ ਉਪ ਜੇਤੂ ਟੀਮ ਨੂੰ ਇਨਾਮਾਂ ਦੀ ਵੰਡ ਕਰਦੇ ਹੋਏ ਦੱਸਿਆ ਕਿ ਅਜਿਹੇ ਖੇਡ ਆਯੋਜਨ ਇਲਾਕੇ ਦੇ ਹਰੇਕ ਪਿੰਡ ਵਿੱਚ ਹੋਣੇ ਚਾਹੀਦੇ ਹਨ ਕਿਉਂਕਿ ਅੱਜ ਦੇ ਦੌਰ ਵਿੱਚ ਨੌਜਵਾਨਾਂ ਨੂੰ ਨਸ਼ਿਆਂ ਅਤੇ ਹੋਰ ਸਮਾਜਿਕ ਬੁਰਾਈਆਂ ਤੋਂ ਬਚਾਉਣ ਲਈ ਬਹੁਤ ਜ਼ਰੂਰੀ ਹੈ ਕਿਉਂਕਿ ਨੌਜਵਾਨ ਸਾਡੇ ਦੇਸ਼ ਦਾ ਭਵਿੱਖ ਹਨ। ਇਸ ਮੌਕੇ ਪ੍ਰਮਜੀਤ ਜੱਜ, ਗੋਲਡੀ ਘੋੜਾਵਾਹਾ, ਮਨਪ੍ਰੀਤ ਪੱਪ, ਰੋਹਿਤ, ਗੁਰਜੋਤ, ਸ਼ੈਲੀ, ਹੁਸਨ, ਹੈਪੀ, ਯੁਵੀ, ਹਰਸ਼, ਮੰਧਿਤ, ਸੁਧੀਰ, ਦੀਪੂ ਪੱਪ, ਗਗਨ ਪੱਪ, ਬੁੱਧ ਸਿੰਘ ਪੱਪ, ਕਮਲਜੀਤ ਸਿੰਘ, ਬਖਸ਼ੀ ਰਾਮ, ਵਿੱਕੀ, ਅਭੀ, ਜੋਤਾ, ਬਲਿਦਰ, ਸਨੀ, ਰੈਮਲ, ਦਵਿੰਦਰ, ਧੀਰਜ, ਰਵੀ ਕੁਮਾਰ ਵੀ ਹਾਜ਼ਰ ਸਨ।

## ਬਜ਼ੁਰਗਾਂ ਦਾ ਆਪਣਾ ਘਰ ਸੀਨੀਅਰ ਸਿਟੀਜ਼ਨਜ਼ ਲਈ ਮਹਾਨ ਦੇਣ : ਚੱਢਾ

**ਰੂਪਨਗਰ (ਰਜਿੰਦਰ ਸੈਣੀ)**- 'ਆਪਣਾ ਘਰ' ਦਾ 21ਵਾਂ ਸਥਾਪਨਾ ਦਿਵਸ ਤੇ ਸਥਾਪਕ ਸਵਰਗੀ ਲੇਖ ਰਾਜ ਮੁੱਢਰਾ ਦਾ 105ਵਾਂ ਜਨਮ ਦਿਨ 1 ਅਕਤੂਬਰ ਨੂੰ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਵਿੱਚ ਬਤੌਰ ਮੁੱਖ ਮਹਿਮਾਨ ਰੂਪਨਗਰ ਦੇ ਵਿਧਾਇਕ ਦਿਨੇਸ਼ ਚੱਢਾ ਪਹੁੰਚੇ। ਉਨ੍ਹਾਂ ਇਸ ਮੌਕੇ ਤੇ ਬੋਲਦਿਆਂ ਕਿਹਾ ਕਿ ਰੂਪਨਗਰ ਸ਼ਹਿਰ ਅੰਦਰ ਬਜ਼ੁਰਗਾਂ ਲਈ ਇਹ ਆਪਣਾ ਘਰ ਸਥਾਪਤ ਕਰਕੇ ਸਵਰਗਵਾਸੀਆ ਲੇਖ ਰਾਜ ਮੁੱਢਰਾ ਦਾ ਸੀਨੀਅਰ ਸਿਟੀਜ਼ਨਜ਼ ਲਈ ਇਕ ਮਹਾਨ ਦੇਣ ਹੈ।



ਟਰੱਸਟ ਇਸ ਲਈ ਵਧਾਈ ਦਾ ਪਾਤਰ ਹੈ ਕਿ ਮੁੱਢਰਾ ਦੇ ਸੁਪਨਿਆਂ ਨੂੰ ਸਾਕਾਰ ਕਰ ਰਿਹਾ ਹੈ। ਇਸ ਘਰ 'ਚ ਹਰ ਤਰ੍ਹਾਂ ਦੀਆਂ ਸੁਖ ਸੁਵਿਧਾਵਾਂ ਬਜ਼ੁਰਗਾਂ ਲਈ ਮੌਜੂਦ ਹਨ ਤੇ ਬਜ਼ੁਰਗ ਵਧੀਆ ਜੀਵਨ ਗੁਜ਼ਾਰ ਰਹੇ ਹਨ। ਉਨ੍ਹਾਂ ਸੰਸਥਾ ਨੂੰ ਇਸ ਘਰ ਦੇ ਵਿਕਾਸ ਲਈ ਆਰਥਿਕ ਮਦਦ ਦੇਣ ਦਾ ਐਲਾਨ ਕੀਤਾ। ਇਸ ਮੌਕੇ ਤੇ ਬੋਲਦਿਆਂ ਨਗਰ ਕੌਂਸਲ ਦੇ ਪ੍ਰਧਾਨ ਇੰਦਰ ਪਾਲ ਸਿੰਘ ਰਾਜੂ ਸਤਿਆਲ ਨੇ ਸਮਾਜ ਦੇ ਬਜ਼ੁਰਗਾਂ ਨੂੰ ਉਮਰ ਦੇ ਆਖਰੀ ਪੜਾਅ ਚ ਸੇਵਾ ਦੀ ਲੋੜ ਹੁੰਦੀ ਹੈ ਉਨ੍ਹਾਂ ਕਿਹਾ ਦਿੱਤੇ ਹੋਏ ਨਗਰ ਕੌਂਸਲ ਵੱਲੋਂ ਇਸ ਘਰ ਲਈ ਪਾਣੀ ਤੇ ਸੀਵਰੇਜ ਬਿਲ ਮੁਆਫ ਕਰਨ ਦੀ ਘੋਸ਼ਣਾ ਕੀਤੀ। ਇਸ ਮੌਕੇ ਰਿਟਾਇਰਡ ਜ਼ਿਲ੍ਹਾ ਸੈਸ਼ਨ ਜੱਜ ਡੀ. ਆਰ. ਐਸ. ਪਰਮਾਰ ਨੇ ਮੁੱਢਰਾ ਸਾਹਿਬ ਵੱਲੋਂ ਸਮਾਜ ਪ੍ਰਤੀ ਕੀਤੇ ਭਲਾਈ ਕੰਮਾਂ ਤੋਂ ਸਿੱਖਿਆ ਲੈਣ ਦੀ ਲੋੜ ਤੇ ਜ਼ੋਰ ਦਿੱਤਾ। ਉਤਸ਼ਾਹਿਤ ਕਰਨ ਦੀ ਪ੍ਰਸ਼ੰਸਾ ਕੀਤੀ। ਜ਼ਿਲ੍ਹਾ ਬਾਰ ਕੌਂਸਲ ਦੇ ਪ੍ਰਧਾਨ ਰਾਜਿੰਦਰ ਸਿੰਘ ਰਾਜੂ ਐਡਵੋਕੇਟ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਤੇ ਸਵਰਗੀ ਮੁੱਢਰਾ ਦੇ ਜਨਮ ਦਿਨ ਦੀ ਖੁਸ਼ੀ 'ਚ ਵਿਧਾਇਕ ਵੱਲੋਂ ਇੱਥੇ ਰਹਿ ਰਹੇ ਬਜ਼ੁਰਗਾਂ 'ਤੇ ਕੇਕ ਕਟਵਾਇਆ। ਇਸ ਮੌਕੇ ਤੇ ਟਰੱਸਟੀ ਬਹਾਦਰਜੀਤ ਸਿੰਘ, ਸੋਨੀ ਭਗਤ ਦੇ ਚੇਅਰਮੈਨ ਡਾ. ਅਜਮੇਰ ਸਿੰਘ, ਪ੍ਰਧਾਨ ਰਾਜਿੰਦਰ ਸਿੰਘ ਨਨੂਆ, ਰਾਮ ਸਿੰਘ ਸੈਣੀ, ਇੰਜ. ਹਰਜੀਤ ਸਿੰਘ ਸੈਣੀ, ਰਾਜਿੰਦਰ ਸਿੰਘ ਗਿੱਲ, ਮੈਂਬਰ ਦਵਿੰਦਰ ਸਿੰਘ ਤੋਂ ਇਲਾਵਾ ਸਰਪਾਲ ਸ਼ਰਮਾ, ਕੇ. ਐਲ. ਕਪੂਰ, ਇਨਰਵੀਲ ਕਲੱਬ ਦੇ ਪ੍ਰਧਾਨ ਕੁਲਸ਼ ਵੋਹਰਾ ਤੇ ਮੂਧ ਮੈਂਬਰ ਤੋਂ ਇਲਾਵਾ ਵੱਡੀ ਗਿਣਤੀ ਸੀਨੀਅਰ ਸਿਟੀਜ਼ਨਜ਼, ਬੈਂਕ ਦੇ ਸੇਵਾਮੁਕਤ ਮੁਲਾਜ਼ਮ ਤੇ ਆਪਣਾ ਘਰ ਦੇ ਪ੍ਰੇਮੀ ਹਾਜ਼ਰ ਸਨ।

## 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਵੱਖ-ਵੱਖ ਖੇਡ ਮੁਕਾਬਲੇ ਕਰਵਾਏ

**ਜਲੰਧਰ (ਸ਼ੈਲੀ ਐਲਬਰਟ)**- ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦੇ ਦੂਜੇ ਦਿਨ ਵੱਖ-ਵੱਖ ਖੇਡ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਖਿਡਾਰੀਆਂ ਨੇ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਭਾਗ ਲਿਆ। ਜ਼ਿਲ੍ਹਾ ਖੇਡ ਅਫ਼ਸਰ ਗੁਰਪ੍ਰੀਤ ਸਿੰਘ ਨੇ ਖੇਡ ਮੁਕਾਬਲਿਆਂ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਹੈਂਡਬਾਲ ਅੰਡਰ-14 ਲੜਕੀਆਂ ਦੇ ਪਹਿਲੇ ਸੈਮੀਫਾਈਨਲ ਮੈਚ ਵਿੱਚ ਕੈਂਬ੍ਰਿਜ ਇੰਨੋਵੇਟਿਵ ਸਕੂਲ, ਜਲੰਧਰ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਐਮ ਜੀ ਐਨ ਪਬਲਿਕ ਸਕੂਲ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਦੂਜੇ ਸੈਮੀਫਾਈਨਲ ਮੈਚ ਵਿੱਚ ਸੈਂਟਰਲ ਸਕੂਲ ਦੀ ਟੀਮ ਨੂੰ ਹਰਾ ਕੇ ਦੁਸਾਂਝ ਕਲਾਂ ਦੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਅੰਡਰ-14 ਲੜਕੀਆਂ ਦੇ ਪਹਿਲੇ ਸੈਮੀਫਾਈਨਲ ਮੈਚ ਵਿੱਚ ਦੁਸਾਂਝ ਕਲਾਂ ਸੈਂਟਰ ਨੇ ਕੈਂਬ੍ਰਿਜ ਇੰਨੋਵੇਟਿਵ ਸਕੂਲ ਦੀ ਟੀਮ ਨੂੰ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਬੈਡਮਿੰਟਨ ਅੰਡਰ-21 ਵਰਗ ਵਿੱਚ ਅਨੀਸ਼ ਭਾਰਦਵਾਜ ਨੇ ਮ੍ਰਿਦੁਲ ਨੂੰ 15-5, 15-8 ਨਾਲ ਹਰਾਇਆ। ਲੜਕੀਆਂ ਦੇ 21 ਤੋਂ 30 ਸਾਲ ਉਮਰ ਵਰਗ ਵਿੱਚ ਰਿਸ਼ਾਂਤ ਨੇ



ਰੂਪ ਨੂੰ 15-8, 15-8 ਨਾਲ ਹਰਾਇਆ। ਲੜਕੀਆਂ ਦੇ ਅੰਡਰ-14 ਕੁਆਰਟਰ ਫਾਈਨਲ ਮੈਚ ਵਿੱਚ ਕਨਨ ਨੇ ਦਿਵੀਕਾ ਨੂੰ 15-13, 15-9 ਨਾਲ ਹਰਾਇਆ। ਅੰਡਰ-14 ਲੜਕੀਆਂ ਦੇ ਇੱਕ ਹੋਰ ਕੁਆਰਟਰ ਫਾਈਨਲ ਮੈਚ ਵਿੱਚ ਅਦਿਤੀ ਨੇ ਪਹੁੰਚ ਨੂੰ 15-9, 15-12 ਨਾਲ ਹਰਾਇਆ। ਪੁਰਸ਼ਾਂ ਦੇ 41 ਤੋਂ 50 ਸਾਲ ਉਮਰ ਵਰਗ ਦੇ ਪ੍ਰੀ-ਕੁਆਰਟਰ ਫਾਈਨਲ ਮੈਚ ਵਿੱਚ ਵਿਕਾਸ ਨੇ ਹਿਤੇਸ਼ ਨੂੰ 15-9, 15-6 ਨਾਲ ਹਰਾਇਆ। ਪੁਰਸ਼ਾਂ ਦੇ 61 ਤੋਂ 70 ਸਾਲ ਉਮਰ ਵਰਗ ਦੇ ਕੁਆਰਟਰ ਫਾਈਨਲ ਮੈਚ ਵਿੱਚ ਗੁਰਵਿੰਦਰ ਨੇ ਪ੍ਰੀਤਪਾਲ ਨੂੰ 15-11, 15-6 ਨਾਲ ਹਰਾਇਆ। ਹਾਕੀ ਅੰਡਰ-14 ਲੜਕੀਆਂ ਦੇ ਮੁਕਾਬਲਿਆਂ ਵਿੱਚ ਸੁਰਜੀਤ ਹਾਕੀ ਅਕੈਡਮੀ ਨੇ ਪਹਿਲਾ ਸਥਾਨ, ਧੰਨੋਵਾਲੀ ਨੇ ਦੂਜਾ ਸਥਾਨ ਅਤੇ ਏਕ ਨੂਰ ਅਕੈਡਮੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕੁਸ਼ਤੀ ਅੰਡਰ-14 ਲੜਕਿਆਂ ਦੇ ਮੁਕਾਬਲਿਆਂ ਵਿੱਚ ਅਵਿਨਾਸ਼ ਨੇ ਪਹਿਲਾ ਸਥਾਨ, ਇਸ਼ਾਨਵੀਰ ਨੇ ਦੂਜਾ ਸਥਾਨ ਅਤੇ ਰਮਨ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਵੇਟ ਲਿਫ਼ਟਿੰਗ ਲੜਕੀਆਂ ਦੇ ਅੰਡਰ-14 ਲੜਕੀਆਂ ਦੇ ਮੁਕਾਬਲਿਆਂ ਵਿੱਚ ਅਦਿੱਤਿਆ ਨੇ ਪਹਿਲਾ ਸਥਾਨ, ਇਮਾਨੁਅਲ ਨੇ ਦੂਜਾ ਸਥਾਨ ਅਤੇ ਹਰਮਨ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਵੇਟ ਲਿਫ਼ਟਿੰਗ ਲੜਕੀਆਂ ਦੇ ਮੁਕਾਬਲਿਆਂ ਵਿੱਚ ਗੁਰਦੀਪ ਕੌਰ ਨੇ 40 ਕਿਲੋ ਭਾਰ ਵਰਗ ਵਿੱਚ ਪਹਿਲਾ ਸਥਾਨ, ਨੰਦਨੀ ਨੇ 45 ਕਿਲੋ ਭਾਰ ਵਰਗ ਵਿੱਚ ਪਹਿਲਾ ਸਥਾਨ ਅਤੇ ਕੁਸ਼ਪ੍ਰੀਤ ਨੇ 53 ਕਿਲੋ ਭਾਰ ਵਰਗ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।

## ਪਿਆਰਾ ਸਿੰਘ ਰਾਹੀ ਦੇ ਗ਼ਜ਼ਲ ਸੰਗ੍ਰਹਿ 'ਚੀਸ' 'ਤੇ ਹੋਈ ਵਿਚਾਰ-ਚਰਚਾ

**ਚੰਡੀਗੜ੍ਹ (ਸੁਰਜੀਤ ਸੁਮਨ)**- ਸਾਹਿਤਕ ਸੱਥ ਖਰੜ ਵੱਲੋਂ ਸਥਾਨਕ ਜੱਗੀ ਸਰੂਪ ਕੰਨਿਆ ਆਸ਼ਰਾ (ਰਜਿ.) ਵਿੱਚ ਆਯੋਜਿਤ ਸਾਹਿਤਕ ਪ੍ਰੋਗਰਾਮ ਵਿਚ ਪੰਜਾਬੀ ਦੇ ਨਾਮਵਰ ਸ਼ਾਇਰ ਪਿਆਰਾ ਸਿੰਘ ਰਾਹੀ ਦੇ ਨਵੇਂ ਛਪੇ ਗ਼ਜ਼ਲ ਸੰਗ੍ਰਹਿ 'ਚੀਸ' ਦਾ ਲੋਕ ਅਰਪਣ ਕੀਤਾ ਗਿਆ। ਇਸ ਸਮਾਗਮ ਦੇ



ਮੁੱਖ ਮਹਿਮਾਨ ਵਜੋਂ ਡਾ. ਦਵਿੰਦਰ ਸਿੰਘ ਬੋਹਾ ਸਾਬਕਾ ਜ਼ਿਲ੍ਹਾ ਭਾਸ਼ਾ ਅਫ਼ਸਰ ਮੋਹਾਲੀ, ਵਿਸ਼ੇਸ਼ ਮਹਿਮਾਨ, ਡਾ. ਹਰਮਿੰਦਰ ਸਿੰਘ, ਕਿਸ਼ਨਪਾਲ ਕੰਨਿਆ ਆਸ਼ਰਮ ਅਤੇ ਸਮਾਜ ਸੇਵੀ ਇੰਜ. ਸ਼ੌਕਇੰਦਰ ਸਿੰਘ ਕੋਰਾ ਨੇ ਸ਼ਿਰਕਤ ਕੀਤੀ। ਉਨ੍ਹਾਂ ਦੇ ਨਾਲ ਪ੍ਰਧਾਨਗੀ ਮੰਡਲ ਵਿਚ ਪੁਸਤਕ ਦੇ ਲੇਖਕ ਪਿਆਰਾ ਸਿੰਘ ਰਾਹੀ ਸ਼ਾਮਿਲ ਹੋਏ।

ਸਭ ਤੋਂ ਪਹਿਲਾਂ ਸੱਥ ਦੇ ਸਰਪ੍ਰਸਤ ਰਾਜਵਿੰਦਰ ਸਿੰਘ ਗੱਡੂ ਵੱਲੋਂ ਸਾਰਿਆਂ ਨੂੰ ਜੀ ਆਇਆਂ ਆਖਿਆ ਗਿਆ। ਤਰਸੇਮ ਸਿੰਘ ਕਾਲੇਵਾਲ ਵੱਲੋਂ ਧਾਰਮਿਕ ਗੀਤ ਨਾਲ ਸ਼ੁਰੂਆਤ ਕਰਨ ਉਪਰੰਤ ਪ੍ਰਧਾਨਗੀ ਮੰਡਲ ਵੱਲੋਂ ਗ਼ਜ਼ਲ ਸੰਗ੍ਰਹਿ 'ਚੀਸ' ਦਾ ਲੋਕ ਅਰਪਣ ਕੀਤਾ ਗਿਆ। ਜਸਵਿੰਦਰ ਸਿੰਘ ਕਾਈਨੌਰ ਵੱਲੋਂ ਵਿਸਥਾਰਪੂਰਵਕ ਪੇਪਰ ਪੜ੍ਹਿਆ ਗਿਆ, ਜਿਸ ਵਿੱਚ ਉਨ੍ਹਾਂ ਕਿਹਾ ਕਿ ਇਹ ਗ਼ਜ਼ਲ ਸੰਗ੍ਰਹਿ, ਪੰਜਾਬੀ ਗ਼ਜ਼ਲ ਦੇ ਖੇਤਰ ਵਿੱਚ ਇੱਕ ਨਵਾਂ ਸਾਰਥਕ ਅਤੇ ਪ੍ਰਗਤੀਸ਼ੀਲ ਕਦਮ ਹੈ। ਸੁਰਜੀਤ ਸੁਮਨ ਨੇ ਵਿਚਾਰ ਚਰਚਾ ਵਿੱਚ ਹਿੱਸਾ ਲੈਂਦਿਆਂ ਕਿਹਾ ਕਿ ਇਸ ਗ਼ਜ਼ਲ ਸੰਗ੍ਰਹਿ ਦੀਆਂ ਗ਼ਜ਼ਲਾਂ ਸਾਡੇ ਜੀਵਨ ਨੂੰ ਹਰ ਪੱਖ ਤੋਂ ਮਿਲਣ ਵਾਲੇ ਦੁੱਖਾਂ ਦਰਦਾਂ ਦੀ ਚੀਸ ਦਾ ਪ੍ਰਗਟਾਵਾ ਕਰਦੀਆਂ ਹਨ। ਸੁਖਵਿੰਦਰ ਸਿੰਘ ਕੰਗ ਨੇ ਕਿਹਾ ਕਿ ਪੁਸਤਕ ਦਾ ਟਾਈਟਲ 'ਚੀਸ' ਲੇਖਕ ਦੇ 'ਰਾਹੀ' ਨੇ ਠੀਕ ਕੀਤਾ ਹੈ ਅਤੇ ਉਨ੍ਹਾਂ ਤਰੰਨਮ ਵਿੱਚ ਆਪਣੀ ਮਨ ਪਸੰਦ ਇੱਕ ਗ਼ਜ਼ਲ ਵੀ ਪੇਸ਼ ਕੀਤੀ। ਪ੍ਰਸਿੱਧ ਗਾਇਕ ਕਲਾਕਾਰ ਗੁਰਦਰਸ਼ਨ ਸਿੰਘ ਗੁਸੀਲ ਨੇ 'ਲੋਕਾਂ ਦਾ ਜਾਂ ਫਿਰ ਜੋਕਾਂ ਦਾ ਕਿਹੜੀ ਧਿਰ ਨਾ' ਖੜ੍ਹਨਾ ਹੈ/ ਕਲਮ ਤੇਰੀ ਨੂੰ ਦੋਹਾਂ ਵਿੱਚੋਂ ਇੱਕ ਤਾਂ ਚੁਣਨਾ ਪੈਣਾ ਹੈ' ਸੁਣਾਈ। ਕੈਨੇਡਾ ਤੋਂ ਵਿਸ਼ੇਸ਼ ਤੌਰ 'ਤੇ ਆਏ ਪਿਆਰਾ ਸਿੰਘ ਰਾਹੀ ਦੀ ਬੇਟੀ ਰੁਪਿੰਦਰ ਕੌਰ -ਦਾਮਾਦ ਕਰਮਨਜੀਤ ਸਿੰਘ ਦਾ ਵੀ ਸੱਥ ਵੱਲੋਂ ਗਿਫਟ ਦੇ ਕੇ ਸਨਮਾਨ ਕੀਤਾ ਗਿਆ। ਇਸ ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸਾਹਿਤ ਪ੍ਰੇਮੀਆਂ ਨੇ ਹਿੱਸਾ ਲਿਆ।

## ਪੰਡਤ ਸ਼ਰਧਾ ਰਾਮ ਫਿਲੌਰੀ ਦੀ ਜਯੰਤੀ ਮਨਾਈ

**ਫਿਲੌਰ (ਹਰਜਿੰਦਰ ਕੌਰ)**- ਵਿਸ਼ਵ ਪ੍ਰਸਿੱਧ ਆਰਤੀ ਓਮ ਜੈ ਜਗਦੀਸ਼ ਹਰੇ ਦੇ ਰਚਨਹਾਰ, ਮਹਾਨ ਸਾਹਿਤਕਾਰ ਅਤੇ ਵਿਦਵਾਨ ਪੰਡਿਤ ਸ਼ਰਧਾ ਰਾਮ ਫਿਲੌਰੀ ਦੀ 189 ਵੀਂ ਜਯੰਤੀ ਸ੍ਰੀ ਬ੍ਰਾਹਮਣ ਸਭਾ ਵੱਲੋਂ ਸ਼ਰਧਾ ਅਤੇ ਸਨਮਾਨ ਨਾਲ ਹਰੀਗਿਆਨ ਮੰਦਿਰ ਪਾਸੀਆਂ ਚੌਕ ਫਿਲੌਰ ਵਿਖੇ ਮਨਾਈ ਗਈ। ਸਮਾਗਮ ਵਿੱਚ ਸ੍ਰੀ ਬ੍ਰਾਹਮਣ ਸਭਾ ਦੇ ਪ੍ਰਧਾਨ ਡਾ. ਵੈਭਵ ਸ਼ਰਮਾ ਸਮੇਤ ਰਾਜਨੀਤਿਕ, ਸਮਾਜਿਕ, ਧਾਰਮਿਕ ਅਤੇ ਵੱਖ-ਵੱਖ ਖੇਤਰਾਂ ਨਾਲ ਸਬੰਧਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕਰਦਿਆਂ ਪੰਡਿਤ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ। ਸਮਾਗਮ ਦੀ ਸ਼ੁਰੂਆਤ ਸਰਕਾਰੀ ਸਕੂਲ ਦੇ ਵਿਹੜੇ ਵਿੱਚ ਸਥਾਪਿਤ ਪੰਡਿਤ ਸ਼ਰਧਾ ਰਾਮ ਫਿਲੌਰੀ ਦੇ ਬੁੱਤ 'ਤੇ ਪੁਸ਼ਪਾਂਜਲੀ ਭੇਟ ਕਰਨ ਨਾਲ ਹੋਈ। ਇਸ ਉਪਰੰਤ ਉਨ੍ਹਾਂ ਦੇ ਜਨਮ ਸਥਾਨ 'ਤੇ ਵਿਧੀਵਤ ਹਵਨ-ਯੱਗ ਕਰਵਾਇਆ ਗਿਆ। ਹਵਨ ਦੌਰਾਨ ਇਲਾਕੇ ਦੀ ਸੁੱਖ-ਸ਼ਾਂਤੀ, ਖੁਸ਼ਹਾਲੀ ਅਤੇ ਆਪਸੀ ਭਾਈਚਾਰੇ ਦੀ ਕਾਮਨਾ ਕੀਤੀ ਗਈ। ਇਸ ਮੌਕੇ ਸਾਬਕਾ ਵਿਧਾਇਕ ਬਲਦੇਵ ਸਿੰਘ ਖਹਿਰਾ, ਆਮ ਆਦਮੀ ਪਾਰਟੀ ਦੇ ਜੁਆਇੰਟ ਸਕੱਤਰ ਪ੍ਰਿੰਸੀਪਲ ਪ੍ਰੇਮ ਕੁਮਾਰ, 'ਆਪ' ਹਲਕਾ ਇੰਚਾਰਜ ਹਰਜੋਤ ਲੋਹਟੀਆ, ਡਾ. ਕੁਲਦੀਪ ਕੁਮਾਰ ਸਮੇਤ ਹੋਰ ਪਤਵੰਤੇ ਵਿਅਕਤੀਆਂ ਨੇ ਪੰਡਿਤ ਸ਼ਰਧਾ ਰਾਮ ਫਿਲੌਰੀ ਨੂੰ ਸ਼ਰਧਾਂਜਲੀ ਭੇਟ ਕੀਤੀ।



ਪਰੰਪਰਾ ਨੂੰ ਭਵਿੱਖੀ ਪੀੜ੍ਹੀ ਨਾਲ ਜੁੜਿਆ ਹੋਇਆ ਹੈ। ਇਸ ਸਮਾਗਮ ਵਿਚ ਪਹੁੰਚੇ ਪਤਵੰਤੇ ਸੱਜਣਾਂ ਨੂੰ ਕਮੇਟੀ ਮੈਂਬਰਾਂ ਵੱਲੋਂ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ। ਕਮੇਟੀ ਮੈਂਬਰਾਂ ਵੱਲੋਂ ਆਇਆ ਹੋਇਆ ਸੰਗਤਾਂ ਨੂੰ ਲੰਗਰ ਅਤੇ ਅਟੁੱਟ ਭੰਡਾਰਾ ਵਰਤਾਇਆ ਗਿਆ। ਸਮਾਗਮ ਵਿੱਚ ਵਿਨੋਦ ਸ਼ਰਮਾ, ਸੁਰਿੰਦਰ ਸ਼ਰਮਾ, ਵਿਨੋਦ ਭਾਰਦਵਾਜ, ਰਾਕੇਸ਼ ਸ਼ਰਮਾ, ਅਜੈ ਕੁਮਾਰ, ਵਿਨੋਦ ਸ਼ਰਮਾ, ਵਿਨੋਦ ਭਾਰਦਵਾਜ, ਰਾਕੇਸ਼ ਸ਼ਰਮਾ, ਸੁਰਿੰਦਰ ਸ਼ਰਮਾ, ਭਾਸਕਰ, ਵਿਪਨ ਚੌਧਰੀ, ਨਰੇਸ਼ ਭੰਡਾਰੀ, ਦਇਆ ਨੰਦ, ਅਸ਼ੋਕ ਦੱਤਾ, ਰੋਹਿਤ ਗੁਪਤਾ, ਪੰਕਜ ਸ਼ਰਮਾ, ਕੇਵਲ ਕ੍ਰਿਸ਼ਨ, ਦਿਨੇਸ਼ ਜੋਸ਼ੀ, ਰਜਿੰਦਰ ਬਿੱਲਾ, ਪੰਕਜ ਸ਼ਾਹ, ਪ੍ਰਦੀਪ ਸ਼ਰਮਾ, ਨਲਨੀ ਅਰੋੜਾ, ਨਰੇਸ਼ ਅਰੋੜਾ, ਹਰੀਸ਼ ਬੱਤਰਾ, ਸੁਭਾਸ਼ ਬੱਤਰਾ, ਆਸ਼ੂ, ਮੋਹਨੀ ਸ਼ਰਮਾ ਅਤੇ ਰੋਜ਼ੀ ਆਨੰਦ ਸਮੇਤ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

## ਯੂਥ ਕਾਂਗਰਸ ਦੀ ਮੀਟਿੰਗ ਹੋਈ



**ਦਸੂਹਾ (ਕਰਨੈਲ ਮੰਗਟ)**- ਹੋਟਲ ਹਾਟਲ ਦਸੂਹਾ ਵਿਖੇ ਯੂਥ ਕਾਂਗਰਸ ਹਲਕਾ ਦਸੂਹਾ ਵੱਲੋਂ ਮੀਟਿੰਗ ਸਿਮਰਨਜੀਤ ਸਿੰਘ ਸਾਹੀ ਯੂਥ ਵਾਇਸ ਪ੍ਰਧਾਨ ਹਲਕਾ ਦਸੂਹਾ ਕਾਂਗਰਸ ਦੀ ਅਗਵਾਈ ਵਿੱਚ ਹਰ ਘਰ ਪੰਜਾ ਹਰ ਘਰ ਝੰਡਾ ਦੇ ਸਬੰਧ ਵਿੱਚ ਹੋਈ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ ਤੇ ਸਿਧਾਂਤ ਤਿਵਾੜੀ ਕੋਆਰਡੀਨੇਟਰ ਨੇਸ਼ਨਲ ਇੰਡੀਅਨ ਯੂਥ ਕਾਂਗਰਸ, ਰੋਹਿਤ ਓਹਰੀ ਜ਼ਿਲ੍ਹਾ ਹੁਸ਼ਿਆਰਪੁਰ ਯੂਥ ਕਾਂਗਰਸ ਪ੍ਰਧਾਨ ਸ਼ਾਮਲ ਹੋਏ ਤੇ ਇਸ ਮੀਟਿੰਗ ਵਿੱਚ ਕੋਆਰਡੀਨੇਟਰ ਸਿਧਾਂਤ ਤਿਵਾੜੀ ਵੱਲੋਂ ਯੂਥ ਜ਼ਿਲ੍ਹਾ ਪ੍ਰਧਾਨ ਰੋਹਿਤ ਓਹਰੀ ਵੱਲੋਂ ਹਰ ਘਰ ਪੰਜਾ ਹਰ ਘਰ ਝੰਡਾ ਲਗਾਉਣ ਲਈ ਮੀਟਿੰਗ ਕੀਤੀ ਗਈ ਇਸ ਮੌਕੇ ਹਰ ਘਰ ਪੰਜਾ ਹਰ ਘਰ ਝੰਡਾ ਲਗਾਉਣ ਲਈ ਸਿਮਰਨਜੀਤ ਸਿੰਘ ਸਾਹੀ ਵਾਇਸ ਪ੍ਰਧਾਨ ਹਲਕਾ ਦਸੂਹਾ ਯੂਥ ਨੂੰ ਜਿਲਾ ਪ੍ਰਧਾਨ ਵੱਲੋਂ ਹਲਕੇ ਵਿੱਚ ਝੰਡੇ ਲਗਾਉਣ ਲਈ ਕਿਹਾ ਗਿਆ। ਇਸ ਮੌਕੇ ਤੇ ਜਗਪਾਲ ਸਿੰਘ ਬਾਜਵਾ ਯੂਥ ਵਾਇਸ ਬਲਾਕ ਪ੍ਰਧਾਨ ਦਸੂਹਾ,ਅੰਕੁਸ਼ ਠਾਕੁਰ ਵਾਇਸ ਪ੍ਰਧਾਨ ਹਲਕਾ ਦਸੂਹਾ,ਤਰਲੋਕ ਸਿੰਘ ਸਾਹੀ ਜਰਨਲ ਸਕੱਤਰ ਪੰਜਾਬ,ਗੁਰਪ੍ਰੀਤ ਸਿੰਘ ਢਿਲੋਂ ਯੂਥ ਆਗੂ, ਚੇਤਨ, ਲਵਪ੍ਰੀਤ ਸਿੰਘ, ਮੰਨੂ ਆਦਿ ਹਾਜ਼ਰ ਸਨ।

## ਰੇਨਬੋ ਪਬਲਿਕ ਸਕੂਲ ਤੇ ਰੇਨਬੋ ਸਟਾਰਸ 'ਚ ਗਾਂਧੀ ਜੈਅੰਤੀ ਮਨਾਈ

**ਆਦਮਪੁਰ (ਪਰਮਜੀਤ ਸਿੰਘ)**- ਰੇਨਬੋ ਪਬਲਿਕ ਸਕੂਲ ਸਤੋਵਾਲੀ ਆਦਮਪੁਰ ਤੇ ਰੇਨਬੋ ਸਟਾਰਸ ਵਿੱਚ ਪ੍ਰਬੰਧਕ ਅਨਿਲ ਕੁਮਾਰ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਹਾਤਮਾ ਗਾਂਧੀ ਦਾ ਜਨਮ ਦਿਨ ਮਨਾਇਆ ਗਿਆ ਜਿਸ ਦੀ ਪ੍ਰਧਾਨਗੀ ਮੈਨੇਜਰ ਜੋਧ ਸਿੰਘ ਡੋਗਰਾ ਤੇ ਪ੍ਰਿੰਸੀਪਲ ਸੰਧਿਆ ਖੁਰਾਣਾ ਦੁਆਰਾ ਕੀਤੀ ਗਈ। ਸਮਾਗਮ ਦੇ ਆਰੰਭ ਵਿੱਚ ਚਾਰਾਂ ਸਦਨਾਂ ਦੇ ਵਿਦਿਆਰਥੀਆਂ ਦੁਆਰਾ ਮਹਾਤਮਾ ਗਾਂਧੀ ਦੇ ਜੀਵਨ ਉੱਤੇ ਚਾਨਣਾ ਪਾਉਂਦੇ ਹੋਏ ਦੱਸਿਆ ਕਿ ਉਹ ਭਾਰਤੀ ਸੁਤੰਤਰਤਾ ਸੰਗਰਾਮ ਦੇ ਮਹਾਨ ਨੇਤਾ ਸਨ,




ਜਿਨਾਂ ਨੇ ਆਜ਼ਾਦੀ ਦੀ ਜੰਗ ਵਿੱਚ ਭਾਰਤੀਆਂ ਨੂੰ ਇੱਕ ਕੀਤਾ ਤੇ ਅਹਿੰਸਾ ਦੇ ਮਾਰਗ ਉੱਪਰ ਚੱਲ ਕੇ ਦੇਸ਼ ਦੀ ਆਜ਼ਾਦੀ ਲਈ ਅਹਿਮ ਯੋਗਦਾਨ ਦਿੱਤਾ। ਪ੍ਰੋਗਰਾਮ ਦੇ ਦੌਰਾਨ ਨੰਨੇ-ਮੁੰਨੇ ਬੱਚਿਆਂ ਨੇ ਮਹਾਤਮਾ ਗਾਂਧੀ ਦਾ ਰੂਪ ਧਾਰਨ ਕਰਕੇ ਸਭ ਦਾ ਮਨ ਮੋਹ ਲਿਆ। ਅੰਤ ਵਿੱਚ ਸਕੂਲ ਦੇ ਮੈਨੇਜਰ ਤੇ ਪ੍ਰਿੰਸੀਪਲ ਨੇ ਆਪਣੇ ਸ਼ੁਭ ਵਿਚਾਰਾਂ ਦੁਆਰਾ ਸਭ ਨੂੰ ਗਾਂਧੀ ਜੈਅੰਤੀ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਮਹਾਤਮਾ ਗਾਂਧੀ ਜੀ ਦੇ ਜੀਵਨ ਉੱਤੇ ਚਾਨਣਾ ਪਾਉਂਦੇ ਹੋਏ ਉਹਨਾਂ ਦੇ ਦੱਸੇ ਮਾਰਗ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ।

## ਖੇਡਾਂ ਵਤਨ ਪੰਜਾਬ ਦੀਆਂ-2026 ਦੀਆਂ ਜ਼ਿਲ੍ਹਾ ਪੱਧਰੀ ਖੇਡਾਂ ਦਾ ਉਦਘਾਟਨ

**ਬੰਗਾ (ਅਵਤਾਰ ਕਲੇਰ)** ਪਿਛਲੇ ਦਿਨੀ ਖੇਡਾਂ ਵਤਨ ਪੰਜਾਬ ਦੀਆਂ-2026 ਜ਼ਿਲ੍ਹਾ ਪੱਧਰੀ ਖੇਡਾਂ ਦਾ ਉਦਘਾਟਨ ਸਮਾਰੋਹ ਬੰਧਨਾਂ ਚੌਹਾਨ ਜ਼ਿਲ੍ਹਾ ਖੇਡ ਅਫਸਰ ਦੀ ਅਗਵਾਈ ਹੇਠ ਆਈ ਟੀ ਆਈ ਗਰਾਊਂਡ ਨਵਾਂ ਸ਼ਹਿਰ ਵਿਖੇ ਕਰਵਾਇਆ ਗਿਆ। ਇਸ ਪ੍ਰੋਗਰਾਮ ਵਿੱਚ ਵੀਰ ਫਾਈਟਰ



ਕਰਾਟੇ ਕਲੱਬ ਬੰਗਾ ਦੇ ਇੰਟਰਨੈਸ਼ਨਲ ਕਰਾਟੇ ਖਿਡਾਰੀ ਪ੍ਰਭਵੀਰ ਸਿੰਘ ਕੈਂਥ ਅਤੇ ਮਨਕੀਰਤ ਕੌਰ ਕੈਂਥ ਨੇ ਦਰਸ਼ਕਾਂ ਅਤੇ ਆਏ ਹੋਏ ਮਹਿਮਾਨਾਂ ਸਾਹਮਣੇ ਆਪਣੀ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਪ੍ਰਭਵੀਰ ਸਿੰਘ ਕੈਥ ਅਤੇ ਮਨਕੀਰਤ ਕੌਰ ਕੈਂਥ ਦੀਆਂ ਕਰਾਟੇ ਤੇ ਖੇਤਰ ਵਿੱਚ ਸ਼ਾਨਦਾਰ ਪ੍ਰਾਪਤੀਆਂ ਨੂੰ ਦੇਖਦੇ ਹੋਏ ਆਏ ਹੋਏ ਮੁੱਖ ਮਹਿਮਾਨ ਜਸਪ੍ਰੀਤ ਸਿੰਘ ਕੰਗ ਹਲਕਾ ਇੰਚਾਰਜ ਨਵਾਂ ਸ਼ਹਿਰ, ਸਤਨਾਮ ਸਿੰਘ ਜਲਵਾਹਾ, ਜ਼ਿਲ੍ਹਾ ਖੇਡ ਅਫਸਰ ਬੰਦਨਾ ਚੌਹਾਨ, ਏ ਡੀ ਸੀ ਰਮਨਜੀਤ ਸਿੰਘ ਵੱਲੋਂ ਸਨਮਾਨਤ ਕੀਤਾ ਗਿਆ। ਮਾਰਸ਼ਲ ਆਰਟ ਕੋਚ ਰਾਜਵੀਰ ਸਿੰਘ ਕੈਂਥ ਨੂੰ ਵੀ ਸਨਮਾਨਤ ਕੀਤਾ ਗਿਆ। ਇਸ ਮੌਕੇ ਸੋਨੀਆ ਵਾਲੀਆ ਕੈਮਬਰਿਜ ਇੰਟਰਨੈਸ਼ਨਲ ਸਕੂਲ, ਸਪੋਰਟਸ ਪ੍ਰਮੋਟਰ ਡਾ ਹਰੀ ਕ੍ਰਿਸ਼ਨ, ਅਜੇ ਸਿੱਧੂ, ਸੁਦੇਸ਼ ਕੁਮਾਰ ਅਤੇ ਹੋਰ ਹਾਜ਼ਰ ਸਨ।

## ਭਾਜਪਾ ਪਹਿਲਾਂ ਆਪਣੇ ਰਾਜਾਂ 'ਚ ਨਸ਼ਾ ਬੰਦ ਕਰਾਵੇ : ਮਨਿੰਦਰ, ਦਲਜੀਤ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਭਾਜਪਾ ਦੀ ਨਸ਼ਾ ਮੁਕਤ ਯਾਤਰਾ ਸਿਰਫ ਪੰਜਾਬ ਨੂੰ ਲੁੱਟਣ ਦੇ ਮਨਸੂਬੇ ਬਣਾਉਣ ਵਾਲੀ ਪੰਜਾਬ ਲੁੱਟ ਯਾਤਰਾ ਸਾਬਿਤ ਹੋਈ ਹੈ। ਜੇਕਰ



ਸੱਚਮੁੱਚ ਭਾਜਪਾ ਨਸ਼ਾ ਮੁਕਤ ਕਰਨਾ ਚਾਹੁੰਦੀ ਹੈ ਤਾਂ ਇਹ ਰੈਲੀਆਂ, ਯਾਤਰਾਵਾਂ ਗੁਜਰਾਤ, ਰਾਜਸਥਾਨ, ਹਰਿਆਣਾ ਵਰਗੇ ਭਾਜਪਾ ਸ਼ਾਸ਼ਤ ਰਾਜਾਂ ਵਿੱਚ ਕੱਢਣੀਆਂ ਚਾਹੀਦੀਆਂ ਜਿਸ ਰਸਤਿਆਂ ਤੋਂ ਨਸ਼ਾ ਪੰਜਾਬ ਵੱਲ ਆ ਰਿਹਾ ਹੈ। ਇਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਬਸਪਾ ਪੰਜਾਬ ਦੇ ਸਕੱਤਰ ਮਨਿੰਦਰ ਸਿੰਘ ਸ਼ੇਰਪੁਰੀ ਅਤੇ ਜ਼ਿਲਾ ਪ੍ਰਧਾਨ ਦਲਜੀਤ ਰਾਏ ਨੇ ਕਿਹਾ ਕਿ ਪੰਜਾਬ ਅੰਦਰ 15 ਸਾਲ ਭਾਜਪਾ ਅਕਾਲੀ ਗਠਜੋੜ ਦੀ ਸਰਕਾਰ ਰਹੀ ਹੈ, ਉਸ ਸਮੇਂ ਤੋਂ ਪੰਜਾਬ ਅੰਦਰ ਨਸ਼ਿਆਂ ਦਾ ਮੀਂਹ ਪੈਣਾ ਸ਼ੁਰੂ ਹੋਇਆ ਸੀ ਜੋ ਅੱਜ ਨਸ਼ਿਆਂ ਦੇ ਹੜ੍ਹ ਬਣਕੇ ਨਿਰੰਤਰ ਵਗ ਰਹੇ ਹਨ। ਬਸਪਾ ਆਗੂਆਂ ਨੇ ਕਿਹਾ ਗਠਜੋੜ ਤੋਂ ਬਾਅਦ 10 ਸਾਲ ਕਾਂਗਰਸ ਦੀ ਸਰਕਾਰ ਰਹੀ ਜਿਨਾਂ ਦੀ ਨਸ਼ਿਆਂ ਦੇ ਵਪਾਰੀਆਂ ਨਾਲ ਭਾਈਵਾਲੀ ਹੋਣ ਕਰਕੇ ਨਸ਼ਿਆਂ ਨੇ ਭਿਅੰਕਰ ਰੂਪ ਧਾਰਨ ਕਰ ਲਿਆ। ਸ਼ੇਰਪੁਰੀ ਅਤੇ ਦਲਜੀਤ ਰਾਏ ਨੇ ਕਿਹਾ ਕਿ ਪੰਜਾਬ ਅੰਦਰ ਸਿਰਫ ਬਸਪਾ ਸਰਕਾਰ ਬਣਨ ਤੇ ਹੀ ਮੁਕੰਮਲ ਨਸ਼ਿਆਂ ਦਾ ਖਾਤਮਾ ਹੋਵੇਗਾ। ਉਨਾਂ ਕਿਹਾ ਬਸਪਾ ਦੀ ਪੰਜਾਬ ਸੰਭਾਲੋ ਮੁਹਿੰਮ ਨੂੰ ਸਫਲ ਬਣਾਉਣ ਲਈ 9 ਅਕਤੂਬਰ ਨੂੰ ਆਦਮਪੁਰ ਦੀ ਬਸਪਾ ਇਤਿਹਾਸਿਕ ਰੈਲੀ ਵਿੱਚ ਪੰਜਾਬ ਵਾਸੀ ਹੁੰਮ ਹੁਮਾ ਕੇ ਸ਼ਾਮਲ ਹੋਣ।

## ਫਰਾਲਾ ਵਿਖੇ ਛਿੰਝ ਮੇਲਾ ਕਰਵਾਇਆ



**ਬੰਗਾ (ਅਵਤਾਰ ਕਲੇਰ)**- ਸ੍ਰੀ ਗੁਰੂ ਹਰ ਰਾਇ ਸਾਹਿਬ ਜੀ ਸਪੋਰਟਸ ਕਲੱਬ, ਪ੍ਰਬੰਧਕ ਕਮੇਟੀ, ਐੱਨ ਆਰ ਆਈ ਵੀਰਾਂ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸਲਾਨਾ ਛਿੰਝ ਮੇਲਾ ਪਿੰਡ ਫਰਾਲਾ ਵਿਖੇ ਕਰਵਾਇਆ ਗਿਆ ਜਿਸ ਵਿੱਚ ਤਕਰੀਬਨ ਵੱਖ ਅਖਾੜਿਆਂ ਤੋਂ 100 ਪਹਿਲਵਾਨਾਂ ਨੇ ਕੁਸ਼ਤੀਆਂ ਦੇ ਜੋਹਰ ਵਿਖਾਏ। ਪਟਕੇ ਦੀ ਕੁਸ਼ਤੀ ਜਲਾਲ ਇਰਾਨ ਅਤੇ ਚੰਦੀ ਗੁੱਜਰ ਵਿਚਕਾਰ ਹੋਈ ਜਿਸ ਵਿਚ ਜਲਾਲ ਇਰਾਨ ਜੇਤੂ ਰਿਹਾ ਅਤੇ 81 ਹਜ਼ਾਰ ਰੁਪਏ ਇਨਾਮ ਪ੍ਰਾਪਤ ਕੀਤਾ। ਇਹ ਇਨਾਮ ਕਨੇਡੀਅਨ ਜਸਪਾਲ ਸਿੰਘ ਅਟਵਾਲ ਅਤੇ ਦੂਸਰਾ 71 ਹਜ਼ਾਰ ਰੁਪਏ ਦਾ ਇਨਾਮ ਸਵਰਗੀ ਅਵਤਾਰ ਸਿੰਘ ਦੇ ਪਰਵਾਰ ਵਲੋਂ ਦਿੱਤਾ ਗਿਆ। ਦੋ ਨੰਬਰ ਦੀ ਕੁਸ਼ਤੀ ਜੱਸਾ ਬਾਹੜੋਵਾਲ ਅਤੇ ਤੀਰਥ ਮਾਹਲਾ ਵਿਚਕਾਰ ਹੋਈ ਇਹ ਕੁਸ਼ਤੀ ਬਰਾਬਰ ਰਹੀ। ਤਿੰਨ ਨੰਬਰ ਦੀ ਕੁਸ਼ਤੀ ਵਿੱਚ ਸੱਤਾ ਸੰਧਵਾਂ ਜੇਤੂ ਰਿਹਾ ਰਿਹਾ। ਛਿੰਝ ਮੇਲੇ ਵਿੱਚ ਸਪੈਸ਼ਲ ਕੁਸ਼ਤੀਆਂ ਵੀ ਕਰਵਾਈਆਂ ਗਈਆਂ ਇਨਾਂ ਕੁਸ਼ਤੀਆਂ ਦਾ ਇਨਾਮ ਬਾਗੀ ਅਟਵਾਲ ਅਤੇ ਸਾਬਕਾ ਸਰਪੰਚ ਜੀਤ ਰਾਮ ਵੱਲੋਂ ਦਿਤਾ ਗਿਆ। ਪ੍ਰਬੰਧਕਾਂ ਵਲੋਂ ਪਹਿਲਵਾਨਾਂ,ਦਾਨੀ ਸੱਜਣਾਂ ਦਾ ਸਨਮਾਨ ਕੀਤਾ ਗਿਆ। ਇਸ ਛਿੰਝ ਮੇਲੇ 'ਚ ਸੰਤ ਪ੍ਰੇਮ ਦਾਸ ਗੱਦੀ ਨਸ਼ੀਨ ਡੇਰਾ ਬਾਬਾ ਦੁੱਧਾਧਾਰੀ ਫਰਾਲਾ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਪ੍ਰਧਾਨ ਕੁਲਦੀਪ ਸਿੰਘ ਅਤੇ ਜਨਰਲ ਸਕੱਤਰ ਜਸਵਿੰਦਰ ਮੱਟੂ ਨੇ ਛਿੰਝ ਮੇਲੇ ਦੀਆਂ ਵਧਾਈਆਂ ਦਿੱਤੀਆਂ ਤੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਖੇਡ ਮੇਲੇ ਕਰਾਉਣੇ ਚਾਹੀਦੇ ਹਨ।

## 10.84 ਲੱਖ ਮੀਟਰਿਕ ਟਨ ਝੋਨੇ ਦੀ ਫ਼ਸਲ ਆਉਣ ਦੀ ਸੰਭਾਵਨਾ : ਮੋਹਿੰਦਰ ਭਗਤ

**ਜਲੰਧਰ (ਸੁਰਿੰਦਰ ਕੁਮਾਰ)**- ਪੰਜਾਬ ਦੇ ਬਾਗਬਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ, ਮੇਅਰ ਵਨੀਤ ਧੀਰ ਅਤੇ ਡਿਪਟੀ ਕਮਿਸ਼ਨਰ ਵਰਜੀਤ ਵਾਲੀਆਂ ਵਲੋਂ ਨਵੀਂ ਦਾਣਾ ਮੰਡੀ,ਜਲੰਧਰ ਵਿਖੇ ਝੋਨੇ ਦੀ ਖ਼ਰੀਦ ਪ੍ਰਕਿਰਿਆ ਦੀ ਸ਼ੁਰੂਆਤ ਕਰਵਾਈ ਗਈ। ਉਨ੍ਹਾਂ ਵੱਖ-ਵੱਖ ਖ਼ਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕਿਸਾਨਾਂ ਦੀ ਸਹੂਲਤ ਲਈ ਸਮੁੱਚੀ ਖ਼ਰੀਦ ਪ੍ਰਕਿਰਿਆ ਨੂੰ ਨਿਰਵਿਘਨ ਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇ। ਇਸ ਮੌਕੇ ਵਧੇਰੇ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਕਿਹਾ ਕਿ ਇਸ ਸੀਜ਼ਨ ਦੌਰਾਨ ਜ਼ਿਲ੍ਹੇ ਦੇ 79 ਖ਼ਰੀਦ ਕੇਂਦਰਾਂ ਵਿੱਚ 10.84 ਲੱਖ ਮੀਟਰਿਕ ਟਨ ਝੋਨਾ ਆਉਣ ਦੀ ਸੰਭਾਵਨਾ ਹੈ ਅਤੇ ਕਿਸਾਨਾਂ ਦੀ ਫ਼ਸਲ ਦਾ ਇਕ-ਇਕ ਦਾਣਾ ਖ਼ਰੀਦਣ ਲਈ ਪਹਿਲਾਂ ਹੀ ਪੁਖ਼ਤਾ ਪ੍ਰਬੰਧ ਕੀਤਾ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਖ਼ਰੀਦੀ ਫਸਲ ਦੀ ਚੁਕਾਈ ਤੇ ਸਮੇਂ ਸਿਰ ਅਦਾਇਗੀ ਨੂੰ ਯਕੀਨੀ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਵਿੱਚ ਕਿਸੇ ਵੀ ਪ੍ਰਕਾਰ ਦੀ ਅਣਗਹਿਲੀ ਨੂੰ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਸਾਲ ਸਰਕਾਰ ਵਲੋਂ ਝੋਨੇ ਦਾ ਘੱਟ ਤੋਂ ਘੱਟ ਸਮਰਥਨ ਮੁੱਲ 2461 ਰੁਪਏ ਨਿਰਧਾਰਿਤ ਕੀਤਾ ਗਿਆ ਹੈ। ਇਸ ਮੌਕੇ ਕੈਬਨਿਟ ਮੰਤਰੀ, ਮੇਅਰ ਅਤੇ ਡਿਪਟੀ ਕਮਿਸ਼ਨਰ ਵਲੋਂ ਮੌਜੂਦ



ਕਿਸਾਨਾਂ ਨਾਲ ਗੱਲਬਾਤ ਕਰਕੇ ਅਧਿਕਾਰੀਆਂ ਵਲੋਂ ਮੰਡੀਆਂ ਵਿੱਚ ਕੀਤੇ ਗਏ ਪ੍ਰਬੰਧਾਂ ਬਾਰੇ ਜਾਣਕਾਰੀ ਵੀ ਲਈ ਗਈ। ਉਨ੍ਹਾਂ ਕਿਹਾ ਕਿ ਲੇਬਰ ਅਤੇ ਢੋਆ-ਢੋਆਈ ਸਬੰਧੀ ਪੁਖ਼ਤਾ ਇੰਤਜਾਮ ਕੀਤੇ ਗਏ ਹਨ ਜਿਨ੍ਹਾਂ ਵਲੋਂ ਸੁਚਾਰੂ ਢੰਗ ਨਾਲ ਚੁਕਾਈ ਕੀਤੀ ਜਾਵੇਗੀ। ਇਸ ਮੌਕੇ ਹਲਕਾ ਇੰਚਾਰਜ ਰਾਜਵਿੰਦਰ ਕੌਰ ਥਿਆੜਾ, ਐਸ ਡੀ ਐਮ ਸ਼ਾਇਰੀ ਮਲਹੋਤਰਾ, ਡੀ ਐਫ ਐਸ ਸੀ ਹਰਸ਼ਰਨ ਸਿੰਘ, ਡੀ ਐਮ ਓ ਅਰਵਿੰਦਰ ਸਿੰਘ ਸਾਹੀ ਤੋਂ ਇਲਾਵਾ ਆੜ੍ਹਤੀ ਐਸੋਸੀਏਸ਼ਨ ਦੇ ਨੁਮਾਇੰਦੇ ਵੀ ਮੌਜੂਦ ਸਨ।

## ਸਿਸਟਮ ਦੀਆਂ ਖ਼ਾਮੀਆਂ ਤੇ ਪ੍ਰਸ਼ਾਸਨਿਕ ਅਣਗਹਿਲੀ 'ਤੇ ਤਿੱਖਾ ਕਟਾਖਸ਼ ਕਰਦੀ ਹੈ ਫ਼ਿਲਮ 'ਪੀੜ'

**ਚੰਡੀਗੜ੍ਹ (ਸੁਰਜੀਤ ਸੁਮਨ)** ਗਲੋਬਲ ਆਰਟ ਕ੍ਰਿਏਸ਼ਨਜ਼ ਦੀ ਤੀਸਰੀ ਸ਼ਾਰਟ ਫ਼ਿਲਮ 'ਪੀੜ (ਦਰਦ-ਏ-ਦਿਲ)' ਦਾ ਪ੍ਰੀ-ਵਿਊ ਸ਼ੋਅ ਚੰਡੀਗੜ੍ਹ ਵਿਖੇ ਸਫ਼ਲਤਾ-ਪੂਰਵਕ ਕਰਵਾਇਆ ਗਿਆ। ਇਹ ਫ਼ਿਲਮ ਸਮਾਜਿਕ ਤੌਰ 'ਤੇ ਇੱਕ ਬੇਹੱਦ ਮਹੱਤਵਪੂਰਨ ਤੇ ਪ੍ਰਭਾਵਸ਼ਾਲੀ ਵਿਸ਼ੇ 'ਤੇ ਆਧਾਰਿਤ ਹੈ, ਜੋ ਮੌਜੂਦਾ ਪ੍ਰਸ਼ਾਸਨਿਕ ਸਿਸਟਮ ਦੀਆਂ ਖ਼ਾਮੀਆਂ ਅਤੇ ਆਮ ਨਾਗਰਿਕਾਂ ਪ੍ਰਤੀ ਅਣਗਹਿਲੀ ਦੇ ਰਵੱਈਏ 'ਤੇ ਗੰਭੀਰ ਸਵਾਲ ਖੜ੍ਹੇ ਕਰਦੀ ਹੈ। ਇਸ ਫ਼ਿਲਮ ਦੀ ਕਹਾਣੀ ਮੁੱਖ ਤੌਰ 'ਤੇ ਪੰਜਾਬ ਪੁਲਸ ਦੇ ਇੱਕ ਇਮਾਨਦਾਰ ਅਤੇ ਫ਼ਰਜ਼-ਸ਼ਨਾਸ ਕਾਂਸਟੇਬਲ ਦੀ ਸਿਹਤ ਸਮੱਸਿਆ ਤੇ ਉਸ ਦੀਆਂ ਸਖ਼ਤ ਡਿਊਟੀਆਂ ਦੇ ਦੁਆਲੇ ਘੁੰਮਦੀ ਹੈ, ਜੋ ਦਰਸ਼ਕਾਂ ਨੂੰ ਝੰਜੋੜ ਕੇ ਰੱਖ ਦਿੰਦੀ ਹੈ। ਇਸ ਫ਼ਿਲਮ ਦੇ ਨਿਰਮਾਤਾ ਇੰਦਰਜੀਤ ਕੌਰ ਬੱਲ ਹਨ, ਜਦਕਿ ਫ਼ਿਲਮ ਦੀ ਸੰਵੇਦਨਸ਼ੀਲ ਕਹਾਣੀ ਅਤੇ ਦਮਦਾਰ ਸੰਵਾਦ ਪ੍ਰਸਿੱਧ ਲੇਖਕ ਡਾ. ਮਨਜੀਤ ਸਿੰਘ ਬੱਲ ਨੇ ਲਿਖੇ ਹਨ। ਲੰਮਾ ਨਿਰਦੇਸ਼ਨ ਅਤੇ ਅਦਾਕਾਰੀ ਦਾ ਤਜਰਬਾ ਰੱਖਣ ਵਾਲੇ ਡਾਇਰੈਕਟਰ ਸੋਮ ਸਹੋਤਾ ਨੇ ਇਸ ਫ਼ਿਲਮ ਦਾ ਬਿਹਤਰੀਨ ਨਿਰਦੇਸ਼ਨ ਕਰਨ ਦੇ ਨਾਲ-ਨਾਲ ਇਸ ਦੀ ਪਟਕਥਾ (ਸਕ੍ਰੀਨ-ਪਲੇ) ਵੀ ਖ਼ੁਦ ਤਿਆਰ ਕੀਤੀ ਹੈ। ਜ਼ਿਕਰਯੋਗ ਹੈ ਕਿ ਇਸ ਫ਼ਿਲਮ ਵਿੱਚ ਮੁੱਖ ਭੂਮਿਕਾਵਾਂ ਨਿਭਾਉਣ ਵਾਲੇ ਅਦਾਕਾਰਾਂ ਗੁਲਸ਼ਨ ਸੋਨੀ, ਗੁਰਵਿੰਦਰ ਸਿੰਘ ਮੁਲਤਾਨੀ ਅਤੇ ਬੀ.ਐਨ. ਸ਼ਰਮਾ ਨੇ ਆਪਣੀ ਅਦਾਕਾਰੀ ਨਾਲ ਫ਼ਿਲਮ ਨੂੰ ਚਾਰ ਚੰਦ ਲਗਾਏ ਹਨ। ਇਹਨਾਂ ਤੋਂ ਇਲਾਵਾ ਸਾਥੀ ਕਲਾਕਾਰਾਂ ਵਿੱਚ ਭਰਪੂਰ ਸਿੰਘ, ਅਨੁਰਾਧਾ ਸ਼ਰਮਾ, ਆਰਤੀ ਬੇਦੀ, ਜੋਰਾ ਸਿੰਘ ਬੱਲ, ਕਿਸ਼ੋਰ ਸ਼ਰਮਾ, ਪੀ.ਪੀ. ਸਿੰਘ, ਬਲਦੇਵ ਸਨੌਰੀ, ਦਰਸ਼ਨ ਸਿੰਘ ਤਿਉਣਾ ਅਤੇ ਕੁਲਦੀਪ ਕਾਜਲ ਨੇ ਅਹਿਮ ਭੂਮਿਕਾ ਨਿਭਾਈ ਹੈ। ਬਾਲ ਕਲਾਕਾਰਾਂ ਵਜੋਂ ਹਰਸਿਮਰਨ ਸਹੋਤਾ, ਗੁਲਾਬ ਬੱਲ ਅਤੇ ਉਮੀਦ ਬੱਲ ਨੇ ਬਹੁਤ ਹੀ ਉਮਦਾ ਕਾਰ-ਗੁਜ਼ਾਰੀ ਦਿਖਾਈ ਹੈ।



## ਗਾਂਧੀ ਜਯੰਤੀ ਦੇ ਮੌਕੇ 'ਤੇ ਵਿਸ਼ੇਸ਼ ਪ੍ਰੋਗਰਾਮ ਕਰਵਾਇਆ

**ਕਰਤਾਰਪੁਰ (ਹਰਮੇਸ਼ ਦੱਤ)**- ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ ਨੇ ਗਾਂਧੀ ਜਯੰਤੀ ਮਨਾਉਣ ਲਈ ਵਿਸ਼ੇਸ਼ ਗਤੀਵਿਧੀਆਂ ਦਾ ਆਯੋਜਨ ਕੀਤਾ। ਸਕੂਲੀ ਬੱਚਿਆਂ ਨੇ ਲੇਖ ਲਿਖਣ, ਕਵਿਤਾ ਅਤੇ ਪੋਸਟਰ ਬਣਾਉਣ ਦੇ ਮੁਕਾਬਲਿਆਂ ਵਿੱਚ ਹਿੱਸਾ ਲਿਆ। ਗਾਂਧੀ ਜਯੰਤੀ 'ਤੇ ਦੇਸ਼ ਦੀ ਆਜ਼ਾਦੀ ਵਿੱਚ ਮਹਾਤਮਾ ਗਾਂਧੀ ਦੇ ਯੋਗਦਾਨ ਨੂੰ ਯਾਦ ਕੀਤਾ ਗਿਆ।ਇਸ ਮੌਕੇ ਸਕੂਲ ਚੇਅਰਪਰਸਨ ਸੁਰਿੰਦਰ ਕੌਰ,



ਡਾ. ਚਰਨ ਸਿੰਘ, ਡਾ. ਪਿਆਰਾ ਸਿੰਘ, ਮਨਦੀਪ ਕੌਰ, ਸਤਨਾਮ ਸਿੰਘ ਅਤੇ ਪਲਵਿੰਦਰ ਕੌਰ ਨੇ ਬੱਚਿਆਂ ਨੂੰ ਸੱਚ ਦੇ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ।

## ਪ੍ਰਿੰਸੀਪਲ ਡਾ. ਪੁਸ਼ਪਿੰਦਰ ਕੌਰ ਨੂੰ ਦਿੱਤੀ ਨਿੱਘੀ ਵਿਦਾਇਗੀ



**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਬਾਬਾ ਜੋਰਾਵਰ ਸਿੰਘ ਫ਼ਤਹਿ ਸਿੰਘ ਖਾਲਸਾ ਗਰਲਜ਼ ਕਾਲਜ ਮੈਨੇਜਮੈਂਟ ਕਮੇਟੀ ਦੇ ਮੈਨੇਜਰ ਹਰਬੰਸ ਸਿੰਘ ਕੰਧੋਲਾ ਦੀ ਸਰਪ੍ਰਸਤੀ ਹੇਠ ਕਾਲਜ ਮੈਨੇਜਮੈਂਟ ਕਮੇਟੀ, ਸਮੂਹ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ਼ ਦੁਆਰਾ ਪ੍ਰਿੰਸੀਪਲ ਡਾ.ਪੁਸ਼ਪਿੰਦਰ ਕੌਰ ਨੂੰ ਨਿੱਘੀ ਅਤੇ ਭਾਵਪੂਰਤ ਵਿਦਾਇਗੀ ਪਾਰਟੀ ਦਿੱਤੀ ਗਈ। ਡਾ.ਗੁਰਪ੍ਰੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਡਾ. ਪੁਸ਼ਪਿੰਦਰ ਕੌਰ ਨੇ 1996 ਤੋਂ 2026 ਤੱਕ 30 ਸਾਲ ਅਧਿਆਪਕ ਅਤੇ ਪ੍ਰਸ਼ਾਸਕ ਵਜੋਂ ਆਪਣੀਆਂ ਬਹੁਮੁੱਲੀਆਂ ਸੇਵਾਵਾਂ ਕਾਲਜ ਨੂੰ ਪ੍ਰਦਾਨ ਕੀਤੀਆਂ ਹਨ। ਉਨ੍ਹਾਂ ਦੀ ਅਗਵਾਈ ਵਿੱਚ ਕਾਲਜ ਨੇ ਨੈਕ ਐਕਰੇਡਿਟੇਸ਼ਨ ਪ੍ਰਾਪਤ ਕੀਤੀ। ਇਸ ਦੇ ਨਾਲ ਹੀ ਅਕਾਦਮਿਕ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਮਾਣਮੱਤੀਆਂ ਪ੍ਰਾਪਤੀਆਂ ਹਾਸਲ ਕੀਤੀਆਂ। ਕਾਲਜ ਮੈਨੇਜਮੈਂਟ ਕਮੇਟੀ ਦੇ ਮੈਨੇਜਰ ਹਰਬੰਸ ਸਿੰਘ ਕੰਧੋਲਾ ਦੁਆਰਾ ਪ੍ਰਿੰਸੀਪਲ ਡਾ. ਪੁਸ਼ਪਿੰਦਰ ਕੌਰ ਦੇ ਇਮਾਨਦਾਰੀ ਅਤੇ ਸਮਰਪਣ ਭਰੇ ਸੇਵਾ ਕਾਲ ਦੌਰਾਨ ਕਾਲਜ ਦੁਆਰਾ ਹਾਸਲ ਕੀਤੀਆਂ ਪ੍ਰਾਪਤੀਆਂ ਦੀ ਸ਼ਲਾਘਾ ਕੀਤੀ ਗਈ।ਕਾਲਜ ਮੈਨੇਜਮੈਂਟ ਕਮੇਟੀ ਦੁਆਰਾ ਪ੍ਰਿੰਸੀਪਲ ਨੂੰ ਸਨਮਾਨ ਚਿੰਨ੍ਹ, ਮਾਣ-ਪੱਤਰ ਅਤੇ ਸ਼ਾਲ ਭੇਂਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਕਾਲਜ ਮੈਨੇਜਮੈਂਟ ਕਮੇਟੀ ਦੇ ਮੈਂਬਰ ਭਜਨ ਸਿੰਘ ਸ਼ੇਰਗਿੱਲ, ਤਾਰਾ ਸਿੰਘ ਚਾਹਲ, ਜਗਵਿੰਦਰ ਸਿੰਘ ਬੰਗੀਆਂ, ਖ਼ਾਲਸਾ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਗੁਰਪ੍ਰੀਤ ਕੌਰ, ਕਾਲਜ ਦੇ ਸਾਬਕਾ ਪ੍ਰਿੰਸੀਪਲ ਰੁਪਿੰਦਰ ਕੌਰ, ਪ੍ਰਿੰਸੀਪਲ ਮੈਡਮ ਦੇ ਹਮਸਫ਼ਰ ਡਾ. ਗੁਰਜੀਤ ਸਿੰਘ, ਪੁੱਤਰ ਰਵਜੀਤ ਸਿੰਘ, ਨਜ਼ਦੀਕੀ ਪਰਿਵਾਰਕ ਮੈਂਬਰਾਂ ਤੋਂ ਇਲਾਵਾ ਸਮੂਹ ਟੀਚਿੰਗ ਅਤੇ ਨਾਨ-ਟੀਚਿੰਗ ਸਟਾਫ਼ ਹਾਜ਼ਰ ਰਿਹਾ।

## ਜਲੰਧਰ ਵਿਖੇ 14 ਤੋਂ 22 ਨਵੰਬਰ ਤੱਕ ਅਗਨੀਵੀਰ ਭਰਤੀ ਰੈਲੀ

**ਜਲੰਧਰ (ਸੁਰਿੰਦਰ ਕੁਮਾਰ)** ਜ਼ਿਲ੍ਹਾ ਪ੍ਰਸ਼ਾਸਨ ਜਲੰਧਰ ਦੀ ਅਗਵਾਈ ਹੇਠ ਸਰਕਾਰੀ ਆਰਟਸ ਅਤੇ ਸਪੋਰਟਸ ਕਾਲਜ, ਜਲੰਧਰ ਵਿਖੇ 14 ਨਵੰਬਰ ਤੋਂ 22 ਨਵੰਬਰ 2026 ਤੱਕ 9 ਦਿਨਾਂ ਅਗਨੀਵੀਰ ਭਰਤੀ ਰੈਲੀ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਸ ਰੈਲੀ ਨੂੰ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦਿਵਿਆ ਪੀ. ਨੇ ਜ਼ਿਲ੍ਹਾ ਪ੍ਰਸ਼ਾਸਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ।

ਮੀਟਿੰਗ ਦੌਰਾਨ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰਸ਼ਾਸਨ ਨੌਜਵਾਨਾਂ ਨੂੰ ਭਾਰਤੀ ਫੌਜ ਵਿੱਚ ਸੇਵਾ ਦਾ ਮੌਕਾ ਹਾਸਲ ਕਰਨ ਵਿੱਚ ਮਦਦ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਇਸ ਮੌਕੇ ਤੇ ਐਸ ਡੀ ਐਮ ਸ਼ੁਭੀ ਆਂਗਰਾ, ਡਿਪਟੀ ਡਾਇਰੈਕਟਰ ਡੀਬੀਈਈ ਨੀਲਾਮ ਮਹੇ, ਡਾਇਰੈਕਟਰ ਰਿਕਰੂਟਮਟ ਜਲੰਧਰ ਕੈਂਟ ਕਰਨਲ ਰਸ਼ਮੀ ਨਰਾਇਣ ਹਾਜ਼ਰ ਸੀ।

## ਟੀਨੂੰ ਨੇ ਸਿਹਤ ਕਾਰਡ ਵੰਡੇ

**ਅਲਾਵਲਪੁਰ (ਮਦਨ ਬੰਗੜ)**- ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਪ੍ਰਤੀ ਪਰਿਵਾਰ ਪ੍ਰਤੀ ਸਾਲ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਦਿੱਤੀ ਜਾ ਰਹੀ



ਹੈ। ਇਸੇ ਤਹਿਤ ਕਮਿਊਨਿਟੀ ਹਾਲ ਅਲਾਵਲਪੁਰ ਵਿਖੇ ਹਲਕਾ ਇੰਚਾਰਜ ਸ੍ਰੀ ਪਵਨ ਕੁਮਾਰ ਟੀਨੂੰ ਵੱਲੋਂ ਲਾਭਪਾਤਰੀਆਂ ਨੂੰ 10 ਲੱਖ ਰੁਪਏ ਤੱਕ ਦੇ ਇਲਾਜ ਦੀ ਸਹੂਲਤ ਵਾਲੇ ਸਿਹਤ ਕਾਰਡ ਵੰਡੇ ਗਏ। ਇਸ ਮੌਕੇ ਸੰਬੋਧਨ ਕਰਦਿਆਂ ਪਵਨ ਕੁਮਾਰ ਟੀਨੂੰ ਨੇ ਕਿਹਾ ਕਿ ਸਿਹਤ ਕਾਰਡ ਦੇ ਲਾਭਪਾਤਰੀਆਂ ਨੂੰ ਹਸਪਤਾਲ ਵਿੱਚ ਇਲਾਜ ਜਾਂ ਆਪ੍ਰੇਸ਼ਨ ਕਰਵਾਉਣ ਸਮੇਂ ਇਸ ਯੋਜਨਾ ਅਧੀਨ ਕਵਰ ਹੋਣ ਵਾਲੀਆਂ ਸਹੂਲਤਾਂ ਲਈ ਪੈਸਾ ਦੇਣ ਦੀ ਲੋੜ ਨਹੀਂ ਹੈ। ਉਨ੍ਹਾਂ ਕਿਹਾ ਕਿ ਯੋਜਨਾ ਅਧੀਨ ਨਿਰਧਾਰਤ ਸੀਮਾ ਤੱਕ ਦਾ ਇਲਾਜ ਖਰਚ ਪੰਜਾਬ ਸਰਕਾਰ ਵੱਲੋਂ ਕੀਤਾ ਜਾਂਦਾ ਹੈ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਸਿਹਤ, ਸਿੱਖਿਆ ਅਤੇ ਲੋਕਾਂ ਦੀ ਆਰਥਿਕ ਸਥਿਤੀ ਨਾਲ ਸਬੰਧਤ ਕੀਤੇ ਜਾ ਰਹੇ ਕੰਮਾਂ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਦਾ ਲਾਭ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਣਾ ਚਾਹੀਦਾ ਹੈ। ਇਸ ਮੌਕੇ ਕਾਰਜ ਸਾਧਕ ਅਫਸਰ ਸੁਨੀਲ ਕੁਮਾਰ, ਐੱਸ ਐੱਮ ਓ ਕੁਲਦੀਪ ਸਿੰਘ ਸੀ.ਐੱਚ.ਸੀ. ਆਦਮਪੁਰ, ਸੁਖਵੀਰ ਕੁਮਾਰ ਕੋਆਰਡੀਨੇਟਰ ਆਮ ਆਦਮੀ ਪਾਰਟੀ ਐੱਸ ਸੀ ਵਿੰਗ ਹਲਕਾ ਆਦਮਪੁਰ, ਡਾ. ਹਰਪ੍ਰੀਤ ਸਿੰਘ, ਮਨਦੀਪ ਸਿੰਘ ਬਲਾਕ ਪ੍ਰਧਾਨ ਨਸ਼ਾ ਮੁਕਤੀ ਮੋਰਚਾ ਅਲਾਵਲਪੁਰ, ਅਸ਼ਵਨੀ ਸ਼ਰਮਾ ਸੀਨੀਅਰ ਆਗੂ ਆਮ ਆਦਮੀ ਪਾਰਟੀ, ਪਰਮਜੀਤ ਭੱਟੀ ਸ਼ਹਿਰੀ ਪ੍ਰਧਾਨ ਆਮ ਆਦਮੀ ਪਾਰਟੀ ਅਲਾਵਲਪੁਰ ਅਤੇ ਆਂਗਣਵਾੜੀ ਵਰਕਰ ਬਲਜੀਤ ਕੌਰ ਸਮੇਤ ਹੋਰ ਹਾਜ਼ਰ ਸਨ।

## ਨਸ਼ਿਆਂ ਦੇ ਖਾਤਮੇ ਲਈ ਸ਼ਾਹ ਦਾ ਦ੍ਰਿੜ੍ਹ ਸੰਕਲਪ ਪੰਜਾਬ ਲਈ ਉਮੀਦ ਦੀ ਕਿਰਨ : ਲੱਕੀ



**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ, ਰਾਮ ਲਾਲ)**- ਕੇਂਦਰੀ ਗ੍ਰਹਿ ਮੰਤਰੀ ਸ਼੍ਰੀ ਅਮਿਤ ਸ਼ਾਹ ਦੀ ਜਲੰਧਰ ਵਿਖੇ ਹੋਈ ਰੈਲੀ ਤੋਂ ਪਹਿਲਾਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਨੇ ਜਲੰਧਰ ਪਹੁੰਚਣ 'ਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ। ਇਸ ਮੌਕੇ ਲੱਕੀ ਨੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਅਮਿਤ ਸ਼ਾਹ ਵੱਲੋਂ ਪ੍ਰਗਟ ਕੀਤੇ ਦ੍ਰਿੜ੍ਹ ਸੰਕਲਪ ਦਾ ਸਵਾਗਤ ਕੀਤਾ। ਪੰਜਾਬ ਨੂੰ ਨਸ਼ਾ ਮੁਕਤ ਬਣਾਉਣਾ ਸਮੇਂ ਦੀ ਸਭ ਤੋਂ ਵੱਡੀ ਲੋੜ ਹੈ ਅਤੇ ਇਸ ਦਿਸ਼ਾ ਵਿੱਚ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਜੀ ਦਾ ਸੰਕਲਪ ਬਹੁਤ ਮਹੱਤਵਪੂਰਨ ਹੈ। ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਸਰਕਾਰ ਦੀ ਨਹੀਂ, ਸਗੋਂ ਸਮਾਜ ਦੇ ਹਰ ਵਰਗ ਦੀ ਸਾਂਝੀ ਜ਼ਿੰਮੇਵਾਰੀ ਹੈ। ਭਾਜਪਾ ਵਰਕਰ ਇਸ ਮੁਹਿੰਮ ਵਿੱਚ ਪੂਰੀ ਤਨਦੇਹੀ ਨਾਲ ਯੋਗਦਾਨ ਪਾਉਣਗੇ।

## ਰੁੜਕਾ ਖੁਰਦ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਕਾਰਡ ਵੰਡੇ

**ਫਿਲੌਰ (ਹਰਜਿੰਦਰ ਕੌਰ ਚਾਹਲ, ਨਿਰਮਲ)**- ਰੁੜਕਾ ਖੁਰਦ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਦੇ ਕਾਰਡ ਵੰਡਣ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ ਦਾ ਉਦਘਾਟਨ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਨੇ ਮੁੱਖ ਮਹਿਮਾਨ ਵਜੋਂ ਕੀਤਾ। ਇਸ ਮੌਕੇ ਉਨ੍ਹਾਂ ਨੇ ਲੋਕਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਹਰ ਪੰਜਾਬ ਦਾ ਨਾਗਰਿਕ ਇਸ



ਯੋਜਨਾ ਦਾ ਲਾਭ ਲੈਣ ਅਤੇ ਆਪਣੇ ਸਿਹਤ ਕਾਰਡ ਬਣਵਾਉਣ। ਉਨ੍ਹਾਂ ਦੱਸਿਆ ਕਿ ਇਹਨਾਂ ਕਾਰਡ ਰਾਹੀਂ ਦੱਸ ਲੱਖ ਦੇ ਮੁਫ਼ਤ ਇਲਾਜ ਦੀ ਸਹੂਲਤ ਸਰਕਾਰ ਵਲੋਂ ਦਿੱਤੀ ਜਾ ਰਹੀ ਹੈ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ. ਮੁਨੀਸ਼ ਸਾਗਰ ਨੇ ਵੀ ਲੋਕਾਂ ਨੂੰ ਯੋਜਨਾ ਦੇ ਲਾਭਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਲੋਕਾਂ ਤੱਕ ਯੋਜਨਾ ਦਾ ਲਾਭ ਪਹੁੰਚਾਉਣ ਲਈ ਲਗਾਤਾਰ ਕੈਂਪ ਲਗਾਏ ਜਾ ਰਹੇ ਹਨ। ਕੈਂਪ ਦੌਰਾਨ ਯੋਗ ਲਾਭਪਾਤਰੀਆਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦੇ ਸਿਹਤ ਕਾਰਡ ਵੰਡੇ ਗਏ। ਇਸ ਮੌਕੇ ਸਰਪੰਚ ਦਵਿੰਦਰ ਕੌਰ, ਬਲਾਕ ਪ੍ਰਧਾਨ ਹਰਜਿੰਦਰ ਕੌਰ, ਹੈਲਥ ਸੁਪਰਵਾਈਜ਼ਰ ਸਤਨਾਮ, ਹੈਲਥ ਸੁਪਰਵਾਈਜ਼ਰ ਕੁਲਦੀਪ ਵਰਮਾ, ਏ ਐਨ ਐਮ ਮੀਨੂ ਅਤੇ ਆਸ਼ਾ ਫੈਸਿਲੀਟੇਟਰ ਦਲਜੀਤ ਕੌਰ ਸਮੇਤ ਹੋਰ ਪਤਵੰਤੇ ਅਤੇ ਸਿਹਤ ਵਿਭਾਗ ਦਾ ਸਟਾਫ਼ ਹਾਜ਼ਰ ਸੀ।

## ਐੱਨ ਸੀ ਸੀ ਕੈਡੇਟਾਂ ਵੱਲੋਂ ਵਿਸ਼ੇਸ਼ ਸਫਾਈ ਮੁਹਿੰਮ



**ਆਦਮਪੁਰ (ਪਰਮਜੀਤ ਸਿੰਘ)**- ਸੰਤ ਬਾਬਾ ਭਾਗ ਸਿੰਘ ਯੂਨੀਵਰਸਿਟੀ ਦੇ ਐੱਨ ਸੀ ਸੀ ਇਕਾਈ ਵਲੋਂ ਰਾਸ਼ਟਰੀ 'ਸਵੱਛ ਭਾਰਤ ਅਭਿਆਨ' ਨੂੰ ਸਮਰਪਿਤ ਯੂਨੀਵਰਸਿਟੀ ਕੈਂਪਸ ਵਿੱਚ ਇੱਕ ਵਿਸ਼ੇਸ਼ ਸਫਾਈ ਅਭਿਆਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਹ ਸਮਾਗਮ ਐਨ ਸੀ ਸੀ ਸੀ ਟੀ ਓ ਅਤੇ ਸਹਾਇਕ ਪ੍ਰੋਫੈਸਰ ਡਾ. ਮੋਹਨ ਲਾਲ ਦੀ ਅਗਵਾਈ ਹੇਠ ਕਰਵਾਇਆ ਗਿਆ, ਜਿਸ ਵਿੱਚ ਐਨ ਸੀ ਸੀ ਕੈਡੇਟਾਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ।ਅਭਿਆਨ ਦੌਰਾਨ ਕੈਡੇਟਾਂ ਨੇ ਯੂਨੀਵਰਸਿਟੀ ਦੇ ਵੱਖ-ਵੱਖ ਅਕਾਦਮਿਕ ਬਲਾਕਾਂ, ਖੇਡ ਦੇ ਮੈਦਾਨਾਂ, ਹੋਸਟਲ ਅਤੇ ਮੁੱਖ ਮਾਰਗਾਂ ਦੀ ਸਫਾਈ ਕੀਤੀ। ਕੈਡੇਟਾਂ ਨੇ ਨਾ ਕੇਵਲ ਆਲੇ-ਦੁਆਲੇ ਦਾ ਕੂੜਾ-ਕਰਕਟ ਇਕੱਠਾ ਕੀਤਾ, ਬਲਕਿ ਸਿੰਗਲ-ਯੂਜ਼ ਪਲਾਸਟਿਕ ਦੇ ਖਾਤਮੇ ਲਈ 'ਪਲਾਸਟਿਕ-ਮੁਕਤ ਕੈਂਪਸ' ਮੁਹਿੰਮ ਵੀ ਚਲਾਈ ਅਤੇ ਪੋਸਟਰਾਂ ਰਾਹੀਂ ਵਾਤਾਵਰਣ ਦੀ ਸੰਭਾਲ ਦਾ ਸੁਨੇਹਾ ਦਿੱਤਾ।ਇਸ ਉਪਰਾਲੇ ਵਿੱਚ ਯੂਨੀਵਰਸਿਟੀ ਇੰਸਟੀਚਿਊਟ ਆਫ਼ ਹਿਊਮੈਨਿਟੀਜ਼ ਦੇ ਡੀਨ, ਵਿਭਾਗ ਮੁਖੀ ਅਤੇ ਫੈਕਲਟੀ ਮੈਂਬਰ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਉਨ੍ਹਾਂ ਨੇ ਆਪ ਵੀ ਕੈਡੇਟਾਂ ਨਾਲ ਸਫਾਈ ਸੇਵਾ ਵਿੱਚ ਹੱਥ ਵਟਾਇਆ ਅਤੇ ਕੈਡੇਟਾਂ ਦੀ ਸਮਾਜ ਸੇਵਾ ਦੀ ਭਾਵਨਾ ਦੀ ਭਰਪੂਰ ਸ਼ਲਾਘਾ ਕੀਤੀ।

## ਝੋਨੇ ਦੀ ਨਿਰਵਿਘਨ ਖਰੀਦ ਲਈ ਪ੍ਰਸ਼ਾਸਨ ਵਚਨਬੱਧ : ਡਿਪਟੀ ਕਮਿਸ਼ਨਰ




**ਕਪੂਰਥਲਾ (ਮਨਜੀਤ ਮਾਨ)**- ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਕਪੂਰਥਲਾ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਸੱਜਣ ਸਿੰਘ ਚੀਮਾ ਦੇ ਨਾਲ ਖੁਰਾਕ, ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਵਿਭਾਗ ਦੇ ਅਧਿਕਾਰੀਆਂ ਅਤੇ ਰਾਈਸ ਮਿੱਲਰਾਂ ਨਾਲ ਮੀਟਿੰਗ ਕੀਤੀ। ਇਸ ਮੀਟਿੰਗ ਦਾ ਮਕਸਦ ਜ਼ਿਲ੍ਹੇ ਵਿੱਚ ਝੋਨੇ ਦੀ ਖਰੀਦ ਦੇ ਸੀਜ਼ਨ ਨੂੰ ਨਿਰਵਿਘਨ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਸਬੰਧਤ ਧਿਰਾਂ ਦਾ ਪੂਰਨ ਸਹਿਯੋਗ ਯਕੀਨੀ ਬਣਾਉਣਾ ਸੀ। ਮੀਟਿੰਗ ਦੌਰਾਨ ਜ਼ਿਲ੍ਹਾ ਰਾਈਸ ਮਿੱਲਰਜ਼ ਐਸੋਸੀਏਸ਼ਨ ਦੇ ਨੁਮਾਇੰਦਿਆਂ ਨੇ ਡਿਪਟੀ ਕਮਿਸ਼ਨਰ ਅਤੇ ਚੇਅਰਮੈਨ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ। ਰਾਈਸ ਮਿੱਲਰਾਂ ਦੀਆਂ ਮੁਸ਼ਕਲਾਂ ਦਾ ਨੋਟਿਸ ਲੈਂਦਿਆਂ ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਸਪੱਸ਼ਟ ਤੌਰ 'ਤੇ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸਨ ਉਨ੍ਹਾਂ ਦੀਆਂ ਜਾਇਜ਼ ਸਮੱਸਿਆਵਾਂ ਦੇ ਹੱਲ ਅਤੇ ਖਰੀਦ ਸੀਜ਼ਨ ਦੌਰਾਨ ਕੰਮਕਾਜ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਹਰ ਸੰਭਵ ਸਹਿਯੋਗ ਦੇਣ ਵਾਸਤੇ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਸਮੱਸਿਆਵਾਂ ਦੇ ਜਲਦੀ ਹੱਲ ਲਈ ਮਾਮਲੇ ਨੂੰ ਉੱਚ ਅਧਿਕਾਰੀਆਂ ਅਤੇ ਹੋਰ ਸਬੰਧਤ ਧਿਰਾਂ ਕੋਲ ਉਠਾਇਆ ਜਾਵੇਗਾ। ਡਿਪਟੀ ਕਮਿਸ਼ਨਰ ਨੇ ਅੱਗੇ ਕਿਹਾ ਕਿ ਇਸ ਸਬੰਧ ਵਿੱਚ ਆੜ੍ਹਤੀਆਂ ਨਾਲ ਵੀ ਮੀਟਿੰਗ ਕੀਤੀ ਜਾਵੇਗੀ, ਤਾਂ ਜੋ ਆਪਸੀ ਤਾਲਮੇਲ ਰਾਹੀਂ ਸਮੱਸਿਆਵਾਂ ਦਾ ਹੱਲ ਕੀਤਾ ਜਾ ਸਕੇ।

## ਜਲੰਧਰ ਰਾਈਸ ਇੰਡਸਟਰੀਜ਼ ਐਸੋਸੀਏਸ਼ਨ ਦੇ ਕਪਿਲ ਗਰਗ ਜ਼ਿਲ੍ਹਾ ਪ੍ਰਧਾਨ ਬਣੇ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਆਉਣ ਵਾਲੇ ਝੋਨਾ ਸੀਜ਼ਨ 2026-27 ਦੌਰਾਨ ਚੌਲ ਉਦਯੋਗ ਨੂੰ ਦਰਪੇਸ਼ ਗੰਭੀਰ ਸਮੱਸਿਆਵਾਂ ਅਤੇ ਚੁਣੌਤੀਆਂ ਬਾਰੇ ਵਿਚਾਰ-ਵਟਾਂਦਰੇ ਲਈ



ਨਕੋਦਰ ਵਿਖੇ ਜ਼ਿਲ੍ਹਾ ਭਰ ਦੇ ਰਾਈਸ ਮਿੱਲਰਾਂ ਦੀ ਇੱਕ ਅਹਿਮ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਵਿੱਚ ਨਕੋਦਰ, ਮਹਿਤਪੁਰ, ਸ਼ਾਹਕੋਟ, ਫਿਲੌਰ, ਗੋਰਾਇਆ, ਨੂਰਮਹਿਲ ਅਤੇ ਲੋਹੀਆਂ ਦੇ ਮਿੱਲਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਹਾਜ਼ਰ ਸਮੂਹ ਮਿੱਲਰਾਂ ਨੇ ਪੰਜਾਬ ਰਾਈਸ ਇੰਡਸਟਰੀਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਭਾਰਤ ਭੂਸ਼ਣ ਬਿੰਟਾ ਦੀ ਰਹਿਨੁਮਾਈ ਹੇਠ ਸਰਬਸੰਮਤੀ ਨਾਲ ਕਪਿਲ ਗਰਗ ਨੂੰ ਜਲੰਧਰ ਰਾਈਸ ਇੰਡਸਟਰੀਜ਼ ਐਸੋਸੀਏਸ਼ਨ ਦਾ ਨਵਾਂ ਜ਼ਿਲ੍ਹਾ ਪ੍ਰਧਾਨ ਚੁਣਿਆ। ਮੀਟਿੰਗ ਵਿੱਚ ਮਿੱਲਰਾਂ ਨੇ ਸੀਜ਼ਨ ਦੀ ਸ਼ੁਰੂਆਤ ਤੋਂ ਪਹਿਲਾਂ ਉਦਯੋਗ ਨਾਲ ਜੁੜੀਆਂ ਤਕਨੀਕੀ ਅਤੇ ਬੁਨਿਆਦੀ ਸਮੱਸਿਆਵਾਂ 'ਤੇ ਡੂੰਘਾ ਮੰਥਨ ਕੀਤਾ। ਇਸ ਦੌਰਾਨ ਮੁੱਖ ਤੌਰ 'ਤੇ ਚੌਲ ਦੀ ਡਿਲਿਵਰੀ ਲਈ ਲੋੜੀਂਦੀ ਸਟੋਰੇਜ ਅਤੇ ਸਪੇਸ ਦੀ ਘਾਟ ਦਾ ਮੁੱਦਾ ਛਾਇਆ ਰਿਹਾ। ਇਸ ਤੋਂ ਇਲਾਵਾ, ਹਾਈਬ੍ਰਿਡ ਝੋਨੇ ਵਿੱਚ ਬਹੁਤ ਜ਼ਿਆਦਾ ਬਰੋਕਨ (ਟੁੱਟ) ਆਉਣ ਕਾਰਨ ਮਿਲਿੰਗ ਅਤੇ ਨਿਰਧਾਰਤ ਮਾਪਦੰਡਾਂ ਨੂੰ ਪੂਰਾ ਕਰਨ ਵਿੱਚ ਪੇਸ਼ ਆ ਰਹੀਆਂ ਦਿੱਕਤਾਂ ਅਤੇ 10% ਇੰਪਰੂਵਡ ਰਾਈਸ ਤਿਆਰ ਕਰਨ ਨਾਲ ਸਬੰਧਤ ਨਿਯਮਾਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਸਮੂਹ ਮੈਂਬਰਾਂ ਨੇ ਇੱਕਸੁਰ ਹੋ ਕੇ ਮੰਗ ਕੀਤੀ ਕਿ ਇਨ੍ਹਾਂ ਤਕਨੀਕੀ ਅੜਿੱਕਿਆਂ ਦਾ ਵਿਹਾਰਕ ਹੱਲ ਕੱਢਣਾ ਬਹੁਤ ਜ਼ਰੂਰੀ ਹੈ ਤਾਂ ਜੋ ਆਉਣ ਵਾਲੇ ਸੀਜ਼ਨ ਦੌਰਾਨ ਮਿੱਲਰਾਂ ਨੂੰ ਆਰਥਿਕ ਨੁਕਸਾਨ ਨਾ ਝੱਲਣਾ ਪਵੇ।

## ਸੰਤ ਬਾਬਾ ਬਲਵੀਰ ਸਿੰਘ ਨੌਕੀ ਵਾਲਿਆਂ ਦੀ ਬਰਸੀ ਮੌਕੇ ਸੰਤ ਸਮਾਗਮ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਠੀਂਡਾ ਵਿਖੇ ਕੁਟੀਆ ਠੀਂਡਿਆ ਵਾਲੀ, ਬੰਗਾ ਰੋਡ ਠੀਂਡਾ ਹੁਸ਼ਿਆਰਪੁਰ ਵਿਖੇ ਸਮੂਹ ਨਗਰ



ਨਿਵਾਸੀਆਂ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ 558ਵੇਂ ਪ੍ਰਕਾਸ਼ ਪੁਰਬ, ਸੰਤ ਬਾਬਾ ਹਰੀ ਸਿੰਘ ਨੌਕੀ ਵਾਲੇ, ਸੰਤ ਬਾਬਾ ਬਲਵੀਰ ਸਿੰਘ ਨੌਕੀ ਵਾਲੇ, 108 ਸੰਤ ਬਾਬਾ ਬਲਵੀਰ ਸਿੰਘ ਨੌਕੀ ਵਾਲਿਆ ਦੀ ਸਾਲਾਨਾ 9ਵੀਂ ਬਰਸੀ ਮੌਕੇ ਸੰਤ ਸਮਾਗਮ ਅਤੇ ਧਾਰਮਿਕ ਸਮਾਗਮ ਕੁਟੀਆ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦਿਆਲ ਸਿੰਘ ਕੰਗਰੋੜ ਦੀ ਅਗਵਾਈ ਹੇਠ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਮੁੱਖ ਸੇਵਾਦਾਰ ਸੰਤ ਬਾਬਾ ਗਰਦਿਆਲ ਸਿੰਘ ਕੰਗਰੋੜ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਲਾਨਾ ਬਰਸੀ ਸਮਾਗਮ ਮੌਕੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਖੁੱਲ੍ਹੇ ਪੰਡਾਲ ਵਿੱਚ ਸੰਤ ਬਾਬਾ ਜਰਨੈਲ ਸਿੰਘ ਨੋਰਾ, ਸੰਤ ਬਾਬਾ ਸਤਨਾਮ ਸਿੰਘ ਮਜਾਰੀ, ਜਥੇਦਾਰ ਬਾਬਾ ਗੁਰਨਾਮ ਸਿੰਘ ਬੰਗਾ, ਸੰਤ ਬਾਬਾ ਅਰਜਨ ਦਾਸ ਮੰਨਣਹਾਣਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਸਾਧੂ ਸੰਤ ਮਹਾਂਪੁਰਸ਼, ਰਾਗੀ ਜੱਥਿਆ ਨੇ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦਿਆਲ ਸਿੰਘ ਕੰਗਰੋੜ ਨੇ ਆਏਂ ਹੋਏ ਰਾਗੀ ਜੱਥੇ, ਸੰਤ ਮਹਾਂਪੁਰਸ਼, ਪ੍ਰਮੁੱਖ ਸਖ਼ਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਲਾਨਾ ਸਮਾਗਮ ਦੌਰਾਨ ਇਲਾਕੇ ਭਰ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।ਇਸ ਮੌਕੇ ਸਮਾਗਮ ਦੌਰਾਨ ਚਾਹ ਪਕੌੜੇ ਅਤੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ।

## ਨੰਬਰਦਾਰ ਯੂਨੀਅਨ ਵੱਲੋਂ ਐੱਸ ਡੀ ਐੱਮ ਦਫ਼ਤਰ ਅੱਗੇ ਰੋਸ ਪ੍ਰਦਰਸ਼ਨ



**ਨਾਭਾ (ਅਮਨ ਗਰਗ)**-ਸੰਯੁਕਤ ਕਿਸਾਨ ਮੋਰਚਾ ਨਾਭਾ ਅਤੇ ਨੰਬਰਦਾਰ ਯੂਨੀਅਨ ਵੱਲੋਂ ਐਸ ਡੀ ਐਮ ਨਾਭਾ ਦੇ ਦਫ਼ਤਰ ਸਾਹਮਣੇ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਗਿਆ ਕਿਉਂਕਿ ਕੁਝ ਦਿਨ ਪਹਿਲਾਂ ਹਾਕਮ ਸਿੰਘ ਨੰਬਰਦਾਰ ਪਿੰਡ ਬੋੜਾ ਦੇ ਬੇਟੇ ਦੀ ਲੁੱਟ ਖੋਹ ਹੋਈ ਸੀ ਜਿਸ ਦੀ ਪੁਲਿਸ ਵਿੱਚ ਰਿਪੋਰਟ ਕਰਨ 'ਤੇ ਦੁਬਾਰਾ ਰੋਕ ਕੇ ਜਾਨੀ ਹਮਲਾ ਕੀਤਾ ਗਿਆ ਜਿਸ ਵਿੱਚ 3 ਸਾਲ ਦੀ ਬੱਚੀ ਨੂੰ ਵੀ ਨਹੀਂ ਬਖਸ਼ਿਆ ਗਿਆ। ਇਸ ਹਮਲੇ ਵਿੱਚ ਬੱਚੀ ਦੇ ਗਰਦਨ ਵਿੱਚ ਕਿਰਚ ਮਾਰ ਦਿੱਤੀ ਗਈ ਜੋ ਕਿ ਪੀ ਜੀ ਆਈ ਜੇਰੇ ਇਲਾਜ ਹੈ ਅਤੇ ਜਿੰਦਗੀ ਮੌਤ ਦੀ ਲੜਦੀ ਲੜ ਰਹੀ ਹੈ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਦੀ ਮੰਗ ਕੀਤੀ ਗਈ, ਜੋ ਕਿ ਅਜੇ ਵੀ ਅਜ਼ਾਦ ਘੁੰਮ ਰਹੇ ਹਨ।ਧਰਨੇ ਵਿੱਚ ਨੈਬ ਤਹਿਸੀਲਦਾਰ ਜਗਦੀਸ਼ ਸਿੰਘ ਅਤੇ ਐੱਸ ਐੱਚ ਓ ਸਦਰ ਥਾਣਾ ਨਾਭਾ ਨੇ ਪਹੁੰਚ ਕੇ ਵਿਸ਼ਵਾਸ਼ ਦਿਵਾਇਆ ਕਿ ਜਲਦੀ ਹੀ ਮੁਲਜ਼ਮਾ ਨੂੰ ਗ੍ਰਿਫ਼ਤਾਰ ਕੀਤਾ ਜਾਵੇਗਾ।ਉਸ ਤੋਂ ਬਾਅਦ ਧਰਨਾ ਸਮਾਪਤ ਕੀਤਾ ਗਿਆ। ਧਰਨੇ ਵਿੱਚ ਜਗਪਾਲ ਸਿੰਘ ਉਧਾ ਮਹਿੰਦਰ ਸਿੰਘ ਬਿਨਾਹੇੜੀ, ਜਸਵਿੰਦਰ ਸਿੰਘ ਸਾਲੂਵਾਲ, ਅੱਛਰ ਸਿੰਘ ਭੋਜੋ ਮਾਜਰੀ, ਹਰਮੇਲ ਸਿੰਘ ਤੁੰਗਾਂ, ਗੁਰਮੀਤ ਸਿੰਘ ਛੱਜੂਭੱਟ, ਅਮਨ ਦਿਓਲ, ਅਮਨਦੀਪ ਕੌਰ, ਪਰਮਿੰਦਰ ਸਿੰਘ ਬਨੇਰਾ, ਹਰਪ੍ਰੀਤ ਕੋਰ, ਹਰਵਿੰਦਰ ਸਿੰਘ ਹਰਪ੍ਰੀਤ ਕੌਰ, ਹਾਕਮ ਸਿੰਘ, ਮਨਮੋਹਨ ਸਿੰਘ ਗੁਣੀਕੇ, ਗੁਰਬਖਸ਼ੀਸ਼ ਸਿੰਘ ਗੋਪੀ ਕੌਲ, ਨਿਰਮਲ ਸਿੰਘ ਨਰਮਾਣਾ, ਹਰਜੀਤ ਸਿੰਘ ਅਗੋਲ, ਪਰਮਾਤ ਸਿੰਘ ਨਾਭਾ, ਗੁਰਚਰਨ ਸਿੰਘ ਘਾਣੀਵਾਲ, ਸਤਨਾਮ ਸਿੰਘ ਧਨੌਰਾ, ਅਮਰੀਕ ਸਿੰਘ ਕਨਸੂਹਾ, ਕਾਕਾ ਸਿੰਘ ਕੋਟ ਰਜਿੰਦਰ ਸਿੰਘ, ਅਵਤਾਰ ਸਿੰਘ ਦੋਦਾ, ਪ੍ਰਿਤਪਾਲ ਸਿੰਘ ਢਿੰਗੀ, ਗਮਦੂਰ ਸਿੰਘ ਬਾਬਰ ਪੁਰ ਤੇ ਧਰਮਪਾਲ ਸਿੰਘ ਆਦਿ ਸ਼ਾਮਲ ਹੋ

# ਮੁੱਖ ਮੰਤਰੀ ਜਲਦ ਦੇਣਗੇ ਪੰਜਾਬੀਆਂ ਨੂੰ ਤੋਹਫ਼ਾ : ਹਰਪਾਲ ਜੁਨੇਜਾ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੀ ਆਰ ਟੀ ਸੀ ਨੂੰ ਹੋਰ ਮਜ਼ਬੂਤ ਕਰਨ, ਆਮ ਲੋਕਾਂ ਨੂੰ ਬਿਹਤਰ ਸਫ਼ਰੀ ਸਹੂਲਤਾਂ ਪ੍ਰਦਾਨ ਕਰਨ ਤੇ ਵਿਭਾਗ ਦੀ ਆਮਦਨ ਵਿੱਚ ਵਾਧਾ ਕਰਨ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਮਹੱਤਵਪੂਰਨ ਉਪਰਾਲੇ ਕੀਤੇ ਜਾ ਰਹੇ ਹਨ।ਇਸੇ ਲੜੀ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲੋਕ ਪੱਖੀ ਸੋਚ ਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੀਆਰਟੀਸੀ ਦੇ ਬੱਸ ਬੇੜੇ ਦੇ ਵਿਸਥਾਰ ਦੇ ਨਾਲ-ਨਾਲ ਬੱਸ ਸਟੈਂਡਾਂ, ਡਿੱਪੂਆਂ ਤੇ ਹੋਰ ਬੁਨਿਆਦੀ ਢਾਂਚੇ ਨੂੰ ਆਧੁਨਿਕ ਬਣਾਉਣ ਤੇ ਆਮਦਨ ਦੇ ਨਵੇਂ ਸਰੋਤ ਵਿਕਸਿਤ ਕਰਨ ਲਈ ਕਾਰਜ ਤੇਜ਼ੀ ਨਾਲ ਅੱਗੇ ਵਧ ਰਹੇ ਹਨ।ਇਨ੍ਹਾਂ ਉਪਰਾਲਿਆਂ ਬਾਰੇ ਜਾਣਕਾਰੀ ਦਿੰਦਿਆਂ ਪੀਆਰਟੀਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਪ੍ਰੈੱਸ ਕਾਨਫ਼ਰੰਸ ਦੌਰਾਨ ਦੱਸਿਆ ਕਿ ਪੀਆਰਟੀਸੀ ਦੇ ਬੇੜੇ ਵਿੱਚ ਆਪਣੀ ਮਾਲਕੀ ਵਾਲੀਆਂ 100 ਨਵੀਆਂ ਜੂਨੀਅਰ ਪੀਆਰਟੀਸੀ (ਮਿੱਡੀ) ਬੱਸਾਂ ਸ਼ਾਮਲ ਕੀਤੀਆਂ ਜਾ ਰਹੀਆਂ ਹਨ।ਇਨ੍ਹਾਂ ਵਿੱਚੋਂ 10 ਬੱਸਾਂ ਮੁੱਖ ਦਫ਼ਤਰ ਪਹੁੰਚ ਚੁੱਕੀਆਂ ਹਨ, ਜਦਕਿ 40 ਬੱਸਾਂ ਅਗਲੇ ਦੋ ਦਿਨਾਂ ਵਿੱਚ ਪਹੁੰਚਣਗੀਆਂ ਤੇ ਬਾਕੀ 50 ਬੱਸਾਂ ਵੀ ਲਗਭਗ 20 ਅਕਤੂਬਰ ਤੱਕ ਪੀਆਰਟੀਸੀ ਦੇ ਬੇੜੇ ਵਿੱਚ ਸ਼ਾਮਲ ਹੋ ਜਾਣਗੀਆਂ ਤੇ ਇਹ ਕੁੱਲ 100 ਬੱਸਾਂ ਵਿੱਚ ਜ਼ਿਆਦਾ ਤੋਂ ਜ਼ਿਆਦਾ ਬੱਸਾਂ ਨੂੰ ਪਟਿਆਲਾ ਦੇ ਪੁਰਾਣੇ ਬੱਸ ਅੱਡੇ ਤੋਂ ਚਲਾਇਆ ਜਾਵੇਗਾ ਤਾਂ ਜੋ ਹਰ ਵਰਗ ਦੇ ਲੋਕਾਂ

### 100 ਮਿੱਡੀ ਤੇ 309 ਵੱਡੀਆਂ ਬੱਸਾਂ ਪੀ ਆਰ ਟੀ ਸੀ ਦੇ ਬੇੜੇ 'ਚ ਹੋਣਗੀਆਂ ਸ਼ਾਮਲ



ਨੂੰ ਸਹੂਲਤ ਮਿਲ ਸਕੇ।ਇਸ ਤੋਂ ਇਲਾਵਾ ਆਪਣੀ ਮਾਲਕੀ ਵਾਲੀਆਂ 309 ਨਵੀਆਂ ਸਾਧਾਰਣ ਵੱਡੀਆਂ ਬੱਸਾਂ ਵੀ ਜਲਦ ਪੀਆਰਟੀਸੀ ਦੇ ਬੇੜੇ ਵਿੱਚ ਸ਼ਾਮਲ ਕੀਤੀਆਂ ਜਾਣਗੀਆਂ।ਇਸ ਤਰ੍ਹਾਂ ਪੀਆਰਟੀਸੀ ਦੇ ਬੱਸ ਬੇੜੇ ਵਿੱਚ ਵੱਡਾ ਵਿਸਥਾਰ ਹੋਣ ਨਾਲ ਵੱਖ-ਵੱਖ ਰੂਟਾਂ 'ਤੇ ਯਾਤਰੀਆਂ ਨੂੰ ਹੋਰ ਵਧੇਰੇ ਤੇ ਸੁਚਾਰੂ ਆਵਾਜਾਈ ਸਹੂਲਤਾਂ ਮੁਹੱਈਆ ਕਰਵਾਉਣ ਦਾ ਰਾਹ ਪੱਧਰਾ ਹੋਵੇਗਾ।ਚੇਅਰਮੈਨ ਜੁਨੇਜਾ ਨੇ ਦੱਸਿਆ ਕਿ ਪੀਆਰਟੀਸੀ ਵੱਲੋਂ ਕਿਲੋਮੀਟਰ ਸਕੀਮ ਤਹਿਤ ਵੀ 254 ਬੱਸਾਂ ਪਹਿਲਾਂ ਹੀ ਬੱਸ ਬੇੜੇ ਵਿੱਚ ਸ਼ਾਮਲ ਕੀਤੀਆਂ ਜਾ ਚੁੱਕੀਆਂ ਹਨ, ਜਿਸ ਨਾਲ ਵੱਖ-ਵੱਖ ਖੇਤਰਾਂ ਵਿੱਚ ਜਨਤਕ ਆਵਾਜਾਈ ਦੀਆਂ ਲੋੜਾਂ ਨੂੰ ਪੂਰਾ ਕਰਨ ਵਿੱਚ ਮਦਦ ਮਿਲੀ ਹੈ।ਬੱਸਾਂ ਦੀ ਗਿਣਤੀ ਵਿੱਚ ਹੋਏ ਵਾਧਾ ਪੀਆਰਟੀਸੀ ਦੀਆਂ ਸੇਵਾਵਾਂ ਦੇ ਵਿਸਥਾਰ ਦੇ ਨਾਲ-ਨਾਲ ਲੋਕਾਂ ਨੂੰ ਉਨ੍ਹਾਂ ਦੀ ਲੋੜ ਅਨੁਸਾਰ ਵਧੇਰੇ ਆਵਾਜਾਈ ਸਹੂਲਤਾਂ ਪ੍ਰਦਾਨ ਕਰਨ ਵੱਲ ਇੱਕ ਅਹਿਮ ਕਦਮ ਹੈ।ਇਸੇ ਤਰ੍ਹਾਂ ਪੀਆਰਟੀਸੀ ਵੱਲੋਂ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਹਰਪਾਲ ਜੁਨੇਜਾ ਨੇ ਦੱਸਿਆ ਕਿ ਬਠਿੰਡਾ ਵਿਖੇ ਪੀਪੀਪੀ ਮੋਡ ਰਾਹੀਂ ਆਧੁਨਿਕ ਤੇ ਨਵੀਂ ਤਕਨਾਲੋਜੀ ਨਾਲ ਲੈਸ ਬੱਸ ਸਟੈਂਡ ਦੇ ਨਿਰਮਾਣ ਕਾਰਜ ਵੀ ਪ੍ਰਗਤੀ ਅਧੀਨ ਹਨ।ਇਸ ਤੋਂ ਇਲਾਵਾ ਤਲਵੰਡੀ ਸਾਬੋ ਬੱਸ ਸਟੈਂਡ ਦੇ ਨਵੀਨੀਕਰਨ, ਬੁਢਲਾਡਾ ਵਰਕਸ਼ਾਪ ਤੇ ਬੱਸ ਸਟੈਂਡ ਦੇ ਨਵੀਨੀਕਰਨ ਸਬੰਧੀ ਕਾਰਜ ਵੀ ਤੇਜ਼ੀ ਨਾਲ ਅੱਗੇ ਵਧ ਰਹੇ ਹਨ।ਇਨ੍ਹਾਂ ਪ੍ਰਾਜੈਕਟਾਂ ਰਾਹੀਂ ਪੀਆਰਟੀਸੀ ਦੇ ਬੁਨਿਆਦੀ ਢਾਂਚੇ ਵਿੱਚ ਹੋਰ ਸੁਧਾਰ ਹੋਣ ਦੇ ਨਾਲ ਸੇਵਾਵਾਂ ਦਾ ਵਿਸਥਾਰ ਕੀਤਾ ਜਾ ਸਕੇਗਾ।ਚੇਅਰਮੈਨ ਜੁਨੇਜਾ ਨੇ ਕਿਹਾ ਕਿ ਪੀਆਰਟੀਸੀ ਨੂੰ ਸਿਰਫ਼ ਬੱਸ ਸੇਵਾ ਤੱਕ ਸੀਮਿਤ ਰੱਖਣ ਦੀ ਬਜਾਏ ਇਸ ਦੀਆਂ ਉਪਲਬਧ ਜਾਇਦਾਦਾਂ ਤੇ ਸਰੋਤਾਂ ਦੀ ਬਿਹਤਰ ਵਰਤੋਂ ਕਰਕੇ ਸੰਸਥਾ ਲਈ ਆਮਦਨ ਦੇ ਨਵੇਂ ਸਰੋਤ ਵਿਕਸਿਤ ਕਰਨ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।ਇਸੇ ਤਹਿਤ ਵੇਰਕਾ ਮਿਲਕ ਪਲਾਂਟ, ਸੋਲਰ ਰੂਫ਼ਟਾਪ ਸਿਸਟਮ ਤੇ ਰਿਟੇਲ ਆਊਟਲੈੱਟ/ਪੈਟਰੋਲ ਪੰਪ ਵਰਗੇ ਪ੍ਰਾਜੈਕਟਾਂ ਰਾਹੀਂ ਆਮਦਨ ਵਧਾਉਣ ਤੇ ਸੰਸਥਾ ਨੂੰ ਆਰਥਿਕ ਤੌਰ 'ਤੇ ਹੋਰ ਮਜ਼ਬੂਤ ਕਰਨ ਲਈ ਉਪਰਾਲੇ ਕੀਤੇ ਜਾ ਰਹੇ ਹਨ।

## 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਜ਼ਿਲ੍ਹੇ 'ਚ ਪ੍ਰਗਤੀ ਦਾ ਲਿਆ ਜਾਇਜ਼ਾ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਨਸ਼ਾ ਮੁਕਤ ਬਣਾਉਣ ਲਈ ਚਲਾਈ ਗਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਜ਼ਿਲ੍ਹੇ 'ਚ ਅਹਿਮ ਮੀਟਿੰਗ ਦੌਰਾਨ ਸਮੁੱਚੀ ਪ੍ਰਗਤੀ ਦਾ ਬਰੀਕੀ ਨਾਲ ਜਾਇਜ਼ਾ ਲਿਆ ਗਿਆ।ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ, ਡਿਪਟੀ ਕਮਿਸ਼ਨਰ ਨਵਜੋਤ ਕੌਰ ਤੇ ਐਸ.ਐਸ.ਪੀ. ਵੈਭਵ ਚੌਧਰੀ, ਵਧੀਕ ਡਿਪਟੀ ਕਮਿਸ਼ਨਰ ਕ੍ਰਿਤਿਕਾ ਗੋਇਲ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਮੀਟਿੰਗ 'ਚ ਨਸ਼ਾ ਮੁਕਤੀ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ ਸਰਪੰਚ ਸਮੂਹ ਵਿਲੇਜ ਡਿਫੈਂਸ ਕਮੇਟੀ ਦੇ ਅਹੁਦੇਦਾਰਾਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵਿਧਾਇਕ ਬਣਾਂਵਾਲੀ ਨੇ ਕਿਹਾ ਕਿ ਸਮੂਹ ਵੀ.ਡੀ.ਸੀ. ਮੈਂਬਰ ਵਧਾਈ ਦੇ ਪਾਤਰ ਹਨ, ਜੋ ਆਪਣਾ ਕੀਮਤੀ ਸਮਾਂ ਕੱਢ ਕੇ ਸਮਾਜ ਸੇਵਾ 'ਚ ਵਡਮੁੱਲਾ ਯੋਗਦਾਨ ਪਾ ਰਹੇ ਹਨ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਨਸ਼ਿਆਂ ਜਿਹੇ ਸੰਵੇਦਨਸ਼ੀਲ ਮੁੱਦੇ 'ਤੇ ਕਦੇ ਵੀ ਸਾਰਥਕ ਕਦਮ ਨਹੀਂ ਚੁੱਕੇ, ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਨਸ਼ਿਆਂ ਖ਼ਿਲਾਫ਼ ਜ਼ਮੀਨੀ ਪੱਧਰ 'ਤੇ ਫ਼ੈਸਲਾਕੁੰਨ ਜੰਗ ਛੇੜੀ ਹੈ, ਜਿਸ ਦੇ ਸਾਰਥਿਕ ਨਤੀਜੇ ਵੀ ਸਾਹਮਣੇ ਆ ਰਹੇ ਹਨ। ਡਿਪਟੀ ਕਮਿਸ਼ਨਰ ਨਵਜੋਤ ਕੌਰ ਨੇ ਕਿਹਾ ਕਿ ਇਹ ਇੱਕ ਸਾਂਝੀ ਜਨਤਕ ਮੁਹਿੰਮ ਹੈ, ਜਿਸ 'ਚ ਹਰੇਕ ਨਾਗਰਿਕ ਦੀ ਭਾਗੀਦਾਰੀ ਬੇਹੱਦ ਅਹਿਮ ਹੈ।

## ਸੇਵਾਮੁਕਤ ਪੁਲਸ ਅਧਿਕਾਰੀਆਂ ਨੂੰ ਵਿਦਾਇਗੀ ਪਾਰਟੀ ਤੇ ਸਨਮਾਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸੇਵਾਮੁਕਤ ਹੋ ਰਹੇ ਪੁਲਿਸ ਅਧਿਕਾਰੀ ਨੂੰ ਵਿਦਾਇਗੀ ਪਾਰਟੀ ਦਿੱਤੀ ਗਈ। ਐਸ.ਐਸ.ਪੀ ਸ੍ਰੀ ਅਭਿਮੰਨਿਊ ਰਾਣਾ ਆਈ.ਪੀ.ਐਸ ਨੇ ਸੇਵਾ ਮੁਕਤ ਹੋ ਰਹੇ ਅਧਿਕਾਰੀ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਚੰਗੀ ਸਿਹਤ ਤੇ ਖੁਸ਼ਹਾਲ ਜੀਵਨ ਲਈ ਸ਼ੁਭਕਾਮਨਾਵਾਂ ਪ੍ਰਗਟਾਈਆਂ ਅਤੇ ਉਨ੍ਹਾਂ ਲਈ ਵਿਦਾਇਗੀ ਪਾਰਟੀ ਦਾ ਆਯੋਜਨ ਕਰਾਇਆ।ਜਿਲਾ ਸ੍ਰੀ ਮੁਕਤਸਰ ਸਾਹਿਬ ਵਿੱਚ 6 ਪੁਲਸ ਕ੍ਰਮਚਾਰੀ ਆਪਣੀ ਸਰਵਿਸ ਪੂਰੇ ਕਰਦੇ ਹੋਏ ਰਿਟਾਇਰ ਹੋਏ ਹਨ, ਜਿਨ੍ਹਾਂ ਵਿੱਚ ਇੰਸਪੈਕਟਰ ਸਿੰਘ ਏ.ਐਸ.ਆਈ ਸੁਖਪਾਲ ਸਿੰਘ, ਏ.ਐਸ.ਆਈ ਕੁਲਬੀਰ ਸਿੰਘ, ਏ.ਐਸ.ਆਈ ਖੁਸ਼ਬਲਵਿੰਦਰ ਸਿੰਘ, ਏਐਸਸੀ ਸੁਰਜੀਤ ਸਿੰਘ, ਏ.ਐਸ.ਆਈ ਗੁਰਜਿੰਦਰ ਸਿੰਘ ਏ.ਐਸ.ਆਈ ਪੂਰਨ ਚੰਦ ਵਿਦਾਇਗੀ ਸਮਾਰੋਹ ਕਾਨਫਰੰਸ ਹਾਲ ਐਸ.ਐਸ.ਪੀ ਦਫਤਰ ਵਿੱਚ ਆਯੋਜਿਤ ਕੀਤਾ ਗਿਆ, ਜਿੱਥੇ ਸ੍ਰੀ ਅਸ਼ੋਕ ਮੀਨਾ ਆਈਪੀਐਸ ਐਸਪੀਡੀ, ਗੁਰਿੰਦਰਜੀਤ ਸਿੰਘ ਸੰਧੂ ਐਸਪੀ ਐਚ, ਜੋਰਾ ਸਿੰਘ ਡੀ.ਐਸ.ਪੀ ਐਚ) ਤੇ ਦਫਤਰੀ ਸਟਾਫ ਵੀ ਮੌਜੂਦ ਸਨ। ਐਸ.ਐਸ.ਪੀ ਨੇ ਕਿਹਾ ਕਿ ਇਹ ਸਮਾਂ ਸਾਡੇ ਪੁਲਿਸ ਪਰਿਵਾਰ ਲਈ ਬਹੁਤ ਹੀ ਖਾਸ ਅਤੇ ਗੌਰਵਪੂਰਨ ਹੈ, ਜਦੋਂ ਅਸੀਂ ਆਪਣੇ ਉਹਨਾਂ ਅਧਿਕਾਰੀ ਨੂੰ ਸਨਮਾਨਤ ਕਰ ਰਹੇ ਹਾਂ, ਜਿਨ੍ਹਾਂ ਨੇ ਤਨਦੇਹੀ ਨਾਲ ਡਿਊਟੀ ਕੀਤੀ ਹੈ। ਸੇਵਾ ਮੁਕਤੀ ਦਾ ਮਤਲਬ ਸਿਰਫ਼ ਕੰਮ ਤੋਂ ਅਲੱਗ ਹੋਣਾ ਨਹੀਂ, ਸਗੋਂ ਇੱਕ ਨਵੀਂ ਯਾਤਰਾ ਦੀ ਸ਼ੁਰੂਆਤ ਵੀ ਹੈ।

## ਪਟਿਆਲਾ 'ਚ 'ਪਲਾਸਟਿਕ-ਮੁਕਤ ਲੰਚ' ਮੁਹਿੰਮ ਦੀ ਸ਼ੁਰੂਆਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਨੂੰ ਹੋਰ ਸਾਫ਼-ਸੁਥਰਾ ਬਣਾਉਣ ਦੇ ਉਦੇਸ਼ ਨਾਲ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀ ਪੀ ਸੀ ਬੀ) ਨੇ ਪੀ ਪੀ ਸੀ ਬੀ ਦੀ ਚੇਅਰਪਰਸਨ ਰੀਨਾ ਗੁਪਤਾ ਦੀ ਅਗਵਾਈ ਹੇਠ ਅਪ੍ਰੈਲ 2026 ਵਿੱਚ ਸ਼ੁਰੂ ਕੀਤੀ ਲਗਾਤਾਰ ਸਫ਼ਾਈ ਅਤੇ ਸੁੰਦਰੀਕਰਨ ਮੁਹਿੰਮ 'ਮਿਸ਼ਨ ਕਲੀਨ ਪਟਿਆਲਾ' ਦੇ ਦੋ ਪੜਾਅ ਸਫਲਤਾਪੂਰਵਕ ਪੂਰੇ ਕਰ ਲਏ ਗਏ ਹਨ। ਪਟਿਆਲਾ ਵਿਖੇ ਇੱਕ ਸਮਾਗਮ ਦੌਰਾਨ ਚੇਅਰਪਰਸਨ ਰੀਨਾ ਗੁਪਤਾ ਅਤੇ ਕਮਿਸ਼ਨਰ, ਨਗਰ ਨਿਗਮ ਪੂਜਾ ਸਿਆਲ ਗਰੇਵਾਲ ਨੇ ਨਿਯਮਤ ਗਤੀਵਿਧੀਆਂ ਦੀ ਨਿਗਰਾਨੀ ਲਈ ਡੈਸ਼ਬੋਰਡ ਦਾ ਉਦਘਾਟਨ ਕੀਤਾ।ਇਸ ਦੇ ਨਾਲ ਹੀ ਪਲਾਸਟਿਕ ਦੀ ਵਰਤੋਂ ਨੂੰ ਘਟਾਉਣ ਦੇ ਉਦੇਸ਼ ਨਾਲ 'ਪਲਾਸਟਿਕ-ਮੁਕਤ ਲੰਚ' ਮੁਹਿੰਮ ਦੀ ਸ਼ੁਰੂਆਤ ਵੀ ਕੀਤੀ ਗਈ।'ਮਿਸ਼ਨ ਕਲੀਨ ਏਅਰ ਪਟਿਆਲਾ' ਤਹਿਤ ਚਲਾਈ ਜਾ ਰਹੀ 'ਮਿਸ਼ਨ ਕਲੀਨ ਪਟਿਆਲਾ' ਮੁਹਿੰਮ ਵਿੱਚ ਹੁਣ ਤੱਕ 50 ਤੋਂ ਵੱਧ ਸੰਸਥਾਵਾਂ ਨੇ ਭਾਗ ਲਿਆ ਹੈ, ਜਿਨ੍ਹਾਂ ਵਿੱਚ ਮੁੱਖ/ਭਾਗੀਦਾਰ ਅਤੇ ਸਹਿਯੋਗੀ ਸੰਸਥਾਵਾਂ ਸ਼ਾਮਲ ਹਨ। ਹੁਣ ਤੱਕ 72 ਗਤੀਵਿਧੀਆਂ ਕੀਤੀਆਂ ਜਾ ਚੁੱਕੀਆਂ ਹਨ, ਜਿਨ੍ਹਾਂ ਵਿੱਚ ਸਫ਼ਾਈ, ਜਾਗਰੂਕਤਾ ਅਤੇ ਬੂਟੇ ਲਗਾਉਣ ਨਾਲ ਸਬੰਧਤ ਗਤੀਵਿਧੀਆਂ ਸ਼ਾਮਲ ਹਨ।ਚੇਅਰਪਰਸਨ ਰੀਨਾ ਗੁਪਤਾ ਨੇ ਕਿਹਾ ਮਿਸ਼ਨ ਕਲੀਨ ਪਟਿਆਲਾ ਦਾ ਮੁੱਖ ਉਦੇਸ਼ ਸਭ ਤੋਂ ਪਹਿਲਾਂ ਸ਼ਹਿਰ ਨੂੰ ਸਾਫ਼-ਸੁਥਰਾ ਬਣਾਉਣਾ ਅਤੇ ਸੜਕਾਂ ਤੇ ਜਨਤਕ ਥਾਵਾਂ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਹੈ।

# ਚਾਵਲਾਂ 'ਚ ਟੋਟੇ ਦੀ ਮਾਤਰਾ ਨੂੰ ਲੈ ਕੇ ਸ਼ੈਲਰ ਮਾਲਕਾਂ ਵੱਲੋਂ ਚਿਤਾਵਨੀ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨਵੇਂ ਝੋਨੇ ਦੀ ਪਿੜਾਈ ਨੂੰ ਲੈ ਕੇ ਮਾਛੀਵਾੜਾ ਦੇ ਸ਼ੈਲਰ ਮਾਲਕਾਂ ਅਤੇ ਸਰਕਾਰ ਵਿਚਕਾਰ ਟਕਰਾਅ ਦੇ ਆਸਾਰ ਬਣ ਗਏ ਹਨ। ਸ਼ੈਲਰ ਮਾਲਕਾਂ ਦਾ ਦਾਅਵਾ ਹੈ ਕਿ ਨਵੇਂ ਹਾਈਬ੍ਰਿਡ ਝੋਨੇ ਦੀ ਪਿੜਾਈ ਦੌਰਾਨ 50 ਫੀਸਦੀ ਤੱਕ ਚਾਵਲ ਦਾ ਟੋਟਾ ਨਿਕਲ ਰਿਹਾ ਹੈ, ਜਦ ਕਿ ਸਰਕਾਰ ਵੱਲੋਂ ਸਿਰਫ 10 ਫੀਸਦੀ ਟੋਟਾ ਹੀ ਮਨਜ਼ੂਰ ਕੀਤਾ ਜਾ ਰਿਹਾ ਹੈ। ਐਸੋਸੀਏਸ਼ਨ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਜੇਕਰ ਨਿਯਮਾਂ ਵਿੱਚ ਰਾਹਤ ਨਾ ਦਿੱਤੀ ਗਈ ਤਾਂ ਸ਼ੈਲਰ ਮਾਲਕ ਮੰਡੀਆਂ 'ਚੋਂ ਝੋਨਾ ਪਿੜਾਈ ਲਈ ਨਹੀਂ ਚੁੱਕਣਗੇ। ਮਾਛੀਵਾੜਾ ਸ਼ੈਲਰ ਐਸੋਸੀਏਸ਼ਨ ਦੇ ਪ੍ਰਧਾਨ ਅਸ਼ੋਕ ਸੂਦ ਦੀ ਅਗਵਾਈ ਹੇਠ ਸ਼ੈਲਰ ਮਾਲਕਾਂ ਨੇ ਖੁਰਾਕ ਤੇ ਸਪਲਾਈ ਵਿਭਾਗ ਨੂੰ ਮੰਗ ਪੱਤਰ ਸੌਂਪਦਿਆਂ ਕਿਹਾ ਕਿ ਮੰਡੀਆਂ ਵਿੱਚ ਆ ਰਿਹਾ ਝੋਨਾ ਵੱਡੀ ਪੱਧਰ 'ਤੇ ਹਾਈਬ੍ਰਿਡ ਹੈ। ਐਸੋਸੀਏਸ਼ਨ ਅਨੁਸਾਰ ਟਰਾਇਲ ਦੌਰਾਨ ਇਸ ਝੋਨੇ ਦੀ ਪਿੜਾਈ ਕੀਤੀ ਗਈ ਤਾਂ ਲਗਭਗ ਅੱਧਾ ਚਾਵਲ ਟੋਟੇ ਦੀ ਸ਼ਕਲ 'ਚ ਨਿਕਲਿਆ। ਸ਼ੈਲਰ ਮਾਲਕਾਂ ਨੇ ਕਿਹਾ ਕਿ ਜਦੋਂ ਅਸਲ ਪਿੜਾਈ ਵਿੱਚ ਟੋਟੇ ਦੀ ਮਾਤਰਾ 50 ਫੀਸਦੀ ਤੱਕ ਆ ਰਹੀ ਹੈ ਤਾਂ 10 ਫੀਸਦੀ ਦੀ ਸਰਕਾਰੀ ਸ਼ਰਤ ਪੂਰੀ ਕਰਨਾ ਵਿਵਹਾਰਕ ਤੌਰ 'ਤੇ ਸੰਭਵ ਨਹੀਂ। ਉਨ੍ਹਾਂ ਦੱਸਿਆ ਕਿ ਪਹਿਲਾਂ 25 ਫੀਸਦੀ ਟੋਟੇ ਦੀ ਰਾਹਤ ਸੀ।

ਐਸੋਸੀਏਸ਼ਨ ਨੇ ਚਿਤਾਵਨੀ ਦਿੱਤੀ ਕਿ ਮੌਜੂਦਾ ਸ਼ਰਤਾਂ 'ਤੇ ਸ਼ੈਲਰ ਮਾਲਕਾਂ ਲਈ ਝੋਨੇ ਦੀ ਪਿੜਾਈ ਕਰਨਾ ਸਿੱਧਾ ਘਾਟੇ ਦਾ ਸੌਦਾ ਹੈ। ਇਸ ਲਈ ਜਦੋਂ ਤੱਕ ਸਰਕਾਰ ਵੱਲੋਂ ਟੋਟੇ ਦੀ ਸ਼ਰਤ ਵਿੱਚ ਰਾਹਤ ਨਹੀਂ ਦਿੱਤੀ ਜਾਂਦੀ, ਉਹ ਮੰਡੀਆਂ ਤੋਂ ਨਵਾਂ ਝੋਨਾ ਚੁੱਕਣ ਲਈ ਤਿਆਰ ਨਹੀਂ ਹੋਣਗੇ। ਸਾਬਕਾ ਪ੍ਰਧਾਨ ਰੁਪਿੰਦਰ ਸਿੰਘ ਬੈਨੀਪਾਲ ਨੇ ਕਿਹਾ ਕਿ ਸ਼ੈਲਰ ਉਦਯੋਗ ਪਹਿਲਾਂ ਹੀ ਗੰਭੀਰ ਆਰਥਿਕ ਦਬਾਅ ਹੇਠ ਹੈ। ਪਿਛਲੇ ਸਾਲ ਦੇ ਝੋਨੇ ਤੋਂ ਤਿਆਰ ਹੋਇਆ ਚਾਵਲ ਅਜੇ ਵੀ ਸ਼ੈਲਰਾਂ ਵਿੱਚ ਪਿਆ ਹੈ ਤੇ ਸਰਕਾਰੀ ਗੋਦਾਮਾਂ ਵਿੱਚ ਥਾਂ ਦੀ ਘਾਟ ਕਾਰਨ ਨਵਾਂ ਚਾਵਲ ਰੱਖਣ ਦੀ ਸਮੱਸਿਆ ਬਣੀ ਹੋਈ ਹੈ। ਇਸ ਮੌਕੇ ਸਤੀਸ਼ ਮਿੱਤਲ, ਅਜੇ ਬਾਂਸਲ, ਹਰਿੰਦਰ ਸਿੰਘ ਬੈਨੀਪਾਲ, ਜਤਿੰਦਰ ਗੁਪਤਾ, ਮਨੋਹਰ ਲਾਲ, ਸੰਤ ਰਾਮ, ਨਿਤਿਨ ਲੂਥਰਾ, ਸੌਰਵ ਗੋਇਲ, ਹਨੀ ਆਨੰਦ, ਅਭੈ ਗੋਇਲ, ਅਜੈ ਗੋਇਲ, ਚਿਰਾਗ ਬਾਂਸਲ, ਰਾਕੇਸ਼ ਕੁਮਾਰ, ਪੁਨੀਤ ਜੈਨ, ਰਮਨਦੀਪ ਸਿੰਘ ਸੈਣੀ, ਨਿਖਿਲ ਕੁਮਾਰ ਅਤੇ ਵਿੱਕੀ ਕੁੰਦਰਾ ਸਮੇਤ ਹੋਰ ਸ਼ੈਲਰ ਮਾਲਕ ਮੌਜੂਦ ਸਨ।

## ਕਮਲਜੀਤ ਕੌਰ ਨੇ ਐੱਸ ਐੱਚ ਓ ਵਜੋਂ ਸੰਭਾਲਿਆ ਅਹੁਦਾ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਜ਼ਿਲ੍ਹਾ ਪੁਲਿਸ ਮੁਖੀ ਬਰਨਾਲਾ ਸਰਫ਼ਰਾਜ਼ ਆਲਮ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਇਲਾਕੇ ਵਿਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹਰ ਹੀਲੇ ਕਾਇਮ ਰੱਖਿਆ ਜਾਵੇਗਾ ਅਤੇ ਕਿਸੇ ਵੀ ਸਮਾਜ ਵਿਰੋਧੀ ਜਾਂ ਸ਼ਰਾਰਤੀ ਅਨਸਰ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ।ਇਹ ਪ੍ਰਗਟਾਵਾ ਇੱਥੇ ਪੁਲਿਸ ਥਾਣਾ ਮਹਿਲ ਕਲਾਂ ਦੇ ਨਵ-ਨਿਯੁਕਤ ਮੁੱਖ ਅਫ਼ਸਰ ਇੰਸਪੈਕਟਰ ਕਮਲਜੀਤ ਕੌਰ ਨੇ ਅਹੁਦਾ ਸੰਭਾਲਣ ਉਪਰੰਤ ਗੱਲਬਾਤ ਕਰਦਿਆਂ ਕੀਤਾ।

ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਕੁਰਾਹੇ ਪੈਣ ਤੋਂ ਰੋਕਣ ਲਈ ਨਸ਼ਿਆਂ ਖ਼ਿਲਾਫ਼ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਜਾਵੇਗੀ ਅਤੇ ਨਸ਼ਾ ਤਸਕਰਾਂ 'ਤੇ ਤਿੱਖੀ ਨਜ਼ਰ ਰੱਖੀ ਜਾਵੇਗੀ।

## ਨਵੀਂ ਪਾਈਪ ਲਾਈਨ ਦਾ ਉਦਘਾਟਨ



**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਵਿਧਾਇਕ ਨਰਿੰਦਰਪਾਲ ਸਿੰਘ ਸਵਨਾ ਵਲੋਂ ਪਿੰਡ ਬੋਦੀਵਾਲਾ ਪਿੱਥਾ ਵਿਖੇ ਬਣੀ ਪੀਣ ਵਾਲੇ ਪਾਣੀ ਦੀ ਨਵੀਂ ਪਾਈਪ ਲਾਈਨ ਦਾ ਉਦਘਾਟਨ ਕੀਤਾ ਤੇ ਪਿੰਡ ਵਾਸੀਆਂ ਨੂੰ ਵਧਾਈ ਦਿੱਤੀ। ਸਵਨਾ ਨੇ ਕਿਹਾ ਕਿ ਇਹ ਪਾਈਪ ਲਾਈਨ ਦਾ ਨਿਰਮਾਣ ਕਾਰਜ 50 ਲੱਖ ਦੀ ਲਾਗਤ ਨਾਲ ਹੋਇਆ ਹੈ।ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਦੀ ਲੰਬੇ ਸਮੇਂ ਤੋਂ ਮੰਗ ਸੀ ਕਿ ਇੱਥੇ ਪੀਣ ਵਾਲੇ ਪਾਣੀ ਦੀ ਨਵੀਂ ਪਾਈਪ ਪਾਈ ਜਾਵੇ ਤੇ ਉਨ੍ਹਾਂ ਦੀ ਇਹ ਮੰਗ ਅੱਜ ਪੂਰੀ ਹੋਈ ਹੈ।ਉਨ੍ਹਾਂ ਪਿੰਡ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਅੱਜ ਤੋਂ ਤੁਹਾਨੂੰ ਨਿਰਵਿਘਨ ਸਾਫ ਪੀਣ ਯੋਗ ਪਾਣੀ ਮਿਲੇਗਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਸਰਵਪੱਖੀ ਵਿਕਾਸ ਲਈ ਯਤਨਸ਼ੀਲ ਹੈ ਤੇ ਇਸੇ ਤਹਿਤ ਜਿੱਥੇ ਪਿੰਡਾਂ ਵਿੱਚ ਨਵੀਆਂ ਸੜਕਾਂ ਬਣਾਈਆਂ ਜਾ ਰਹੀਆਂ ਉਥੇ ਹੀ ਪਿੰਡਾਂ ਵਿੱਚ ਨਵੀਆਂ ਗਲੀਆਂ, ਆਧੁਨਿਕ ਖੇਡ ਸਟੇਡੀਅਮ, ਪਾਰਕ, ਖੇਡ ਗ੍ਰਾਊਂਡ ਤੇ ਸਕੂਲਾਂ ਦਾ ਆਧੁਨਿਕੀਕਰਨ ਕੀਤਾ ਜਾ ਰਿਹਾ ਹੈ।

## ਰੂਪ ਵਾਟਿਕਾ ਸੀਨੀ. ਸੈਕੰ. ਸਕੂਲ ਵਿਖੇ ਐਡਵੈਂਚਰ ਕੈਂਪ



**ਜਗਰਾਉਂ (ਅਮਿਤ ਖੰਨਾ)**-ਰੂਪ ਵਾਟਿਕਾ ਸੀਨੀਅਰ ਸੈਕੰਡਰੀ ਸਕੂਲ ਜਗਰਾਉਂ ਵਿਖੇ ਕਲਾਸ ਐੱਲ ਕੇ ਜੀ ਤੋਂ ਪੰਜਵੀਂ ਤੱਕ ਦੇ ਵਿਦਿਆਰਥੀਆਂ ਲਈ ਇੱਕ ਰੋਮਾਂਚਕ ਤੇ ਗਿਆਨਵਰਧਕ ਐਡਵੈਂਚਰ ਕੈਂਪ ਲਾਇਆ ਗਿਆ।ਇਸ ਕੈਂਪ ਦਾ ਉਦੇਸ਼ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਹਿੰਮਤ, ਟੀਮ ਭਾਵਨਾ ਤੇ ਨਵੀਆਂ ਗਤੀਵਿਧੀਆਂ ਰਾਹੀਂ ਸਿੱਖਣ ਦੀ ਰੁਚੀ ਪੈਦਾ ਕਰਨਾ ਸੀ।ਕੈਂਪ ਦੌਰਾਨ ਵਿਦਿਆਰਥੀਆਂ ਨੇ ਜਿਪ ਲਾਈਨ, ਬਰਮਾ ਬ੍ਰਿਜ, ਕਮਾਂਡੋ ਨੈੱਟ, ਰੋਪ ਕਲਾਈਂਬਿੰਗ ਟਾਇਰੇਲਿੰਗ ਟਰੈਕਟਰ, ਮੰਕੀ ਕਰਾਲ, ਵਰਟੀਕਲ ਰੋਪ ਲੈਡਰ ਤੇ ਸਕਾਈ ਵਾੱਕ ਵਰਗੀ ਗਤੀਵਿਧੀਆਂ ਵਿੱਚ ਭਾਗ ਲਿਆ।ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਵਿੰਮੀ ਠਾਕੁਰ ਨੇ ਕਿਹਾ ਕਿ ਅਜਿਹੇ ਕੈਂਪ ਬੱਚਿਆਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਕਿਹਾ ਕਿ ਪੜ੍ਹਾਈ ਦੇ ਨਾਲ-ਨਾਲ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਨੂੰ ਆਤਮ-ਨਿਰਭਰ, ਆਤਮ-ਵਿਸ਼ਵਾਸੀ ਤੇ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਤਿਆਰ ਕਰਦੀਆਂ ਹਨ।ਕੈਂਪ ਦੀ ਸਫਲਤਾ ਲਈ ਸਕੂਲ ਦੇ ਸਮੂਹ ਸਟਾਫ ਤੇ ਅਧਿਆਪਕਾਂ ਨੇ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਲਈ ਉਨ੍ਹਾਂ ਦੀ ਸ਼ਲਾਘਾ ਕੀਤੀ।

## ਵਿਧਾਨ ਸਭਾ ਚੋਣਾਂ 'ਚ ਪੰਜਾਬ ਦੇ ਲੋਕ ਕਾਂਗਰਸ ਨੂੰ ਸਮਰਥਨ ਦੇਣਗੇ : ਭੋਲਾ ਮਸਤੇਵਾਲਾ



**ਕੋਟ ਈਸੇ ਖਾਂ (ਅਰੋੜਾ)**-ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਕਾਂਗਰਸ ਪਾਰਟੀ ਵੱਲੋਂ ਆਪਣੀਆਂ ਸਿਆਸੀ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ।ਪਾਰਟੀ ਆਗੂਆਂ ਅਤੇ ਵਰਕਰਾਂ ਵੱਲੋਂ ਲੋਕਾਂ ਨਾਲ ਰਾਬਤਾ ਕਾਇਮ ਕਰਦਿਆਂ ਉਨ੍ਹਾਂ ਨੂੰ ਸਰਕਾਰ ਦੀ ਕਾਰਗੁਜ਼ਾਰੀ ਤੇ ਵੱਖ-ਵੱਖ ਮੁੱਦਿਆਂ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬਲਾਕ ਪ੍ਰਧਾਨ ਤੇ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਸ਼ਵਾਜ ਸਿੰਘ ਭੋਲਾ ਮਸਤੇਵਾਲਾ ਨੇ ਸਾਂਝਾ ਕੀਤਾ।ਕਾਂਗਰਸ ਆਗੂਆਂ ਦਾ ਕਹਿਣਾ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਲੋਕਾਂ ਦਾ ਮੋਹ ਭੰਗ ਹੋ ਰਿਹਾ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ ਵਿਰੋਧੀ ਨੀਤੀਆਂ ਤੇ ਫ਼ੈਸਲੇ ਲੋਕ ਹਿੱਤਾਂ ਦੇ ਅਨੁਕੂਲ ਨਹੀਂ ਰਹੇ, ਜਿਸ ਕਾਰਨ ਲੋਕਾਂ ਵਿੱਚ ਨਿਰਾਸ਼ਾ ਪੈਦਾ ਹੋਈ ਹੈ ਤੇ ਉਨ੍ਹਾਂ ਦਾ ਸੱਤਾਧਾਰੀ ਪਾਰਟੀ ਤੋਂ ਮੋਹ ਭਾਗ ਹੋ ਚੁੱਕਾ ਹੈ।ਉਨ੍ਹਾਂ ਨੇ ਕਿਹਾ ਕਿ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਪਾਰਟੀ ਵੱਲੋਂ ਜ਼ਮੀਨੀ ਪੱਧਰ 'ਤੇ ਲੋਕਾਂ ਨਾਲ ਸੰਪਰਕ ਵਧਾਇਆ ਜਾ ਰਿਹਾ ਹੈ ਤੇ ਪਾਰਟੀ ਦੀਆਂ ਨੀਤੀਆਂ ਅਤੇ ਮੁੱਦਿਆਂ ਨੂੰ ਲੋਕਾਂ ਤੱਕ ਪੁਚਾਇਆ ਜਾ ਰਿਹਾ ਹੈ।

# ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਡਰੋਨ ਸ਼ੋਅ




**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਪੰਜਾਬ ਸਰਕਾਰ ਵੱਲੋਂ ਕਰਾਏ ਜਾ ਰਹੇ ਵਿਸ਼ੇਸ਼ ਸਮਾਗਮਾਂ ਦੀ ਲੜੀ ਤਹਿਤ ਖੇਡ ਸਟੇਡੀਅਮ ਜੈਤੋ ਵਿਖੇ ਡਰੋਨ ਸ਼ੋਅ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ ਗਿਆ।ਇਸ ਦੌਰਾਨ 500 ਡਰੋਨਾਂ ਨੇ ਅਸਮਾਨ ਵਿੱਚ ਰੌਸ਼ਨੀਆਂ ਦੀ ਮਨਮੋਹਕ ਪੇਸ਼ਕਾਰੀ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫ਼ਲਸਫ਼ੇ ਤੇ ਮਹਾਨ ਸਿੱਖਿਆਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਦਰਸਾਇਆ।ਭਾਰੀ ਗਿਣਤੀ ਵਿੱਚ ਮੌਜੂਦ ਸੰਗਤ ਨੇ ਇਸ ਵਿਲੱਖਣ ਪੇਸ਼ਕਾਰੀ ਨੂੰ ਸ਼ਰਧਾ ਅਤੇ ਉਤਸ਼ਾਹ ਨਾਲ ਦੇਖਿਆ।ਸੁਰਿੰਦਰ ਸਿੰਘ ਪਾਰਸ ਦੇ ਢਾਡੀ ਜੱਥੇ ਵੱਲੋਂ ਢਾਡੀ ਵਾਰਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਸਿੱਖਿਆਵਾਂ ਅਤੇ ਬਰਾਬਰੀ ਤੇ ਭਾਈਚਾਰੇ ਦੇ ਸੰਦੇਸ਼ ਨੂੰ ਵੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ।ਢਾਡੀ ਵਾਰਾਂ ਦੀ ਗੂੰਜ ਅਤੇ ਆਕਾਸ਼ ਵਿੱਚ ਚਮਕਦੀਆਂ ਰੌਸ਼ਨ ਆਕ੍ਰਿਤੀਆਂ ਨੇ ਸਮਾਗਮ ਨੂੰ ਰੂਹਾਨੀ ਮਾਹੌਲ ਪ੍ਰਦਾਨ ਕੀਤਾ।ਵਿਧਾਇਕ ਅਮੋਲਕ ਸਿੰਘ ਨੇ ਸੰਗਤ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦਾ 650ਵਾਂ ਪ੍ਰਕਾਸ਼ ਪੁਰਬ ਪੂਰੀ ਸ਼ਰਧਾ ਨਾਲ ਵੱਡੇ ਪੱਧਰ 'ਤੇ ਮਨਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਮਾਗਮਾਂ ਦੀ ਲੜੀ ਤਹਿਤ ਸੂਬੇ ਭਰ ਵਿੱਚ ਡਰੋਨ ਸ਼ੋਅ, ਡਾਕੂਮੈਂਟਰੀ ਆਦਿ ਸਮਾਗਮ ਕਰਾਏ ਜਾ ਰਹੇ ਹਨ, ਉਨ੍ਹਾਂ ਕਿਹਾ ਕਿ 500 ਡਰੋਨਾਂ ਰਾਹੀਂ ਕੀਤੀ ਗਈ ਇਹ ਪੇਸ਼ਕਾਰੀ ਸ੍ਰੀ ਗੁਰੂ ਰਵਿਦਾਸ ਜੀ ਨੂੰ ਢੁਕਵੀਂ ਸ਼ਰਧਾਂਜਲੀ ਹੈ।ਇਸ ਰਾਹੀਂ ਗੁਰੂ ਜੀ ਦੇ ਬਰਾਬਰੀ, ਭਾਈਚਾਰਕ ਸਾਂਝ, ਦਇਆ, ਸਮਾਜਿਕ ਨਿਆਂ ਅਤੇ ਮਨੁੱਖੀ ਸਨਮਾਨ ਦੇ ਸਦੀਵੀ ਸੰਦੇਸ਼ ਨੂੰ ਨਵੀਂ ਪੀੜ੍ਹੀ ਤੱਕ ਪਹੁੰਚਾਉਣ ਦਾ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸੂਬੇ ਭਰ ਵਿੱਚ 92 ਡਰੋਨ ਸ਼ੋਅ ਕਰਵਾਏ ਜਾ ਰਹੇ ਹਨ, ਜਿਨ੍ਹਾਂ ਦਾ ਉਦੇਸ਼ ਨੌਜਵਾਨਾਂ ਨੂੰ ਗੁਰੂ ਜੀ ਦੇ ਮਹਾਨ ਫਲਸਫ਼ੇ ਅਤੇ ਸਿੱਖਿਆਵਾਂ ਨਾਲ ਜੋੜਨਾ ਹੈ।ਉਨ੍ਹਾਂ ਦੱਸਿਆ ਕਿ ਮਿਤੀ 30 ਸਤੰਬਰ ਨੂੰ ਡਾ.ਹਰੀ ਸਿੰਘ ਸੇਵਕ ਸਕੂਲ ਆਫ਼ ਐਮੀਨਸ ਕੋਟਕਪੂਰਾ ਵਿਖੇ ਤੇ 1 ਅਕਤੂਬਰ ਨੂੰ ਨਹਿਰੂ ਸਟੇਡੀਅਮ ਵਿਖੇ ਡਰੋਨ ਸ਼ੋਅ ਦਾ ਆਯੋਜਨ ਕੀਤਾ ਜਾਵੇਗਾ।

## ਨੌਜਵਾਨ 62 ਕਿਲੋਮੀਟਰ ਦੌੜ ਕੇ ਗੁਰਦੁਆਰਾ ਸਾਹਿਬ ਹੋਇਆ ਨਤਮਸਤਕ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਗੁਰਸਿੱਖ ਪਰਿਵਾਰ ਨਾਲ ਸਬੰਧਤ ਲੋਹਗੜ੍ਹ ਵਾਸੀ ਮਨਜਿੰਦਰ ਸਿੰਘ ਚੁੰਬਰ ਨੇ ਆਪਣੇ 32ਵੇਂ ਜਨਮ ਦਿਨ ਮੌਕੇ ਸ਼ਰਧਾ, ਹੌਸਲੇ ਅਤੇ ਜਜ਼ਬੇ ਦੀ ਮਿਸਾਲ ਪੇਸ਼ ਕਰਦਿਆਂ ਆਪਣੇ ਘਰ ਅੱਬੂਵਾਲ ਰੋਡ ਤੋਂ ਹੰਡਿਆਇਆ ਸਥਿਤ ਇਤਿਹਾਸਕ ਗੁਰਦੁਆਰਾ ਅੜੀਸਰ ਸਾਹਿਬ ਤੱਕ ਕਰੀਬ 62 ਕਿਲੋਮੀਟਰ ਦਾ ਸਫ਼ਰ ਦੌੜ ਕੇ ਪੂਰਾ ਕੀਤਾ ਅਤੇ ਗੁਰੂ ਘਰ ਵਿਖੇ ਨਤਮਸਤਕ ਹੋ ਕੇ ਆਪਣੀ ਅਰਦਾਸ ਪੂਰੀ ਕੀਤੀ।ਮਨਜਿੰਦਰ ਸਿੰਘ, ਜੋ ਭਾਰਤੀ ਫੌਜ ਵਿੱਚ ਸੇਵਾ ਨਿਭਾਅ ਰਹੇ ਹਨ, ਨੇ ਦੱਸਿਆ ਕਿ ਉਨ੍ਹਾਂ ਦੇ ਪਰਿਵਾਰ ਦੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਨਾਲ ਸਬੰਧਿਤ ਗੁਰਦੁਆਰਾ ਅੜੀਸਰ ਸਾਹਿਬ ਪ੍ਰਤੀ ਡੂੰਘੀ ਸ਼ਰਧਾ ਹੈ।ਉਨ੍ਹਾਂ ਨੇ ਕੁਝ ਸਮਾਂ ਪਹਿਲਾਂ ਗੁਰੂ ਘਰ ਵਿਖੇ ਅਰਦਾਸ ਕੀਤੀ ਸੀ ਕਿ ਉਹ ਆਪਣੇ 32ਵੇਂ ਜਨਮ ਦਿਨ ਮੌਕੇ ਘਰ ਤੋਂ ਦੌੜ ਕੇ ਗੁਰਦੁਆਰਾ ਅੜੀਸਰ ਸਾਹਿਬ ਪਹੁੰਚਣਗੇ।ਇਸੇ ਅਰਦਾਸ ਨੂੰ ਉਨ੍ਹਾਂ ਨੇ ਸਿਰੇ ਚੜ੍ਹਾਇਆ ਹੈ।

## ਡੀ ਸੀ ਦਫ਼ਤਰ ਦੇ ਘਿਰਾਓ ਦੀਆਂ ਤਿਆਰੀਆਂ ਜਾਰੀ



**ਰਾਏਕੋਟ (ਸੰਤੋਖ ਗਿੱਲ)**-ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਵੱਲੋਂ 5 ਅਕਤੂਬਰ ਨੂੰ ਡਿਪਟੀ ਕਮਿਸ਼ਨਰ ਲੁਧਿਆਣਾ ਦੇ ਘਿਰਾਓ ਦੀਆਂ ਤਿਆਰੀਆਂ ਸਬੰਧੀ ਪਿੰਡ ਕੋਟ ਆਗਾਂ ਵਿੱਚ ਮੀਟਿੰਗ ਕੀਤੀ ਗਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਜਨਰਲ ਸਕੱਤਰ ਸੁਦਾਗਰ ਸਿੰਘ ਘੁਡਾਣੀ ਤੇ ਸੰਗਠਨ ਸਕੱਤਰ ਚਰਨਜੀਤ ਸਿੰਘ ਫੱਲੇਵਾਲ ਨੇ ਕਿਹਾ ਕਿ ਕਿਸਾਨਾਂ-ਮਜ਼ਦੂਰਾਂ ਦੀਆਂ ਹੱਕੀ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।ਆਗੂਆਂ ਨੇ ਕਿਹਾ ਕਿ 5 ਅਕਤੂਬਰ ਨੂੰ ਡੀ ਸੀ ਦਫ਼ਤਰਾਂ ਦੇ ਘਿਰਾਓ ਦੌਰਾਨ ਪੰਜਾਬ ਤੇ ਕੇਂਦਰ ਸਰਕਾਰ ਤੋਂ ਭਾਰਤ-ਅਮਰੀਕਾ ਮੁਕਤ ਵਪਾਰ ਸਮਝੌਤਾ ਰੱਦ ਕਰਨ, ਕਿਸਾਨਾਂ-ਮਜ਼ਦੂਰਾਂ ਦੇ ਕਰਜ਼ੇ ਖ਼ਤਮ ਕਰਨ, ਸੰਘਰਸ਼ਾਂ ਦੌਰਾਨ ਦਰਜ ਕੇਸ ਵਾਪਸ ਲੈਣ ਤੇ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਦਰਜ ਕੇਸ ਰੱਦ ਕਰਨ ਦੀ ਮੰਗ ਕੀਤੀ ਜਾਵੇਗੀ।ਉਨ੍ਹਾਂ ਬਿਜਲੀ ਤੇ ਬੀਜ ਬਿੱਲ ਰੱਦ ਕੀਤੇ ਜਾਣ, ਕਾਰਪੋਰੇਟ ਘਰਾਣਿਆਂ 'ਤੇ ਟੈਕਸ ਲਗਾ ਕੇ ਸਰਕਾਰੀ ਖ਼ਜ਼ਾਨਾ ਭਰਨ ਤੇ ਪੰਜਾਬ ਸਰਕਾਰ ਵੱਲੋਂ ਲਿਆਂਦੀ ਲੈਂਡ ਪੂਲਿੰਗ ਨੀਤੀ ਵਾਪਸ ਲੈਣ ਦੀ ਮੰਗ ਕੀਤੀ।ਇਸ ਤੋਂ ਇਲਾਵਾ ਹੜ੍ਹ ਪੀੜਤਾਂ ਨੂੰ ਬਣਦਾ ਮੁਆਵਜ਼ਾ ਦੇਣ ਤੇ ਆਬਾਦਕਾਰਾਂ ਨੂੰ ਮਾਲਕੀ ਹੱਕ ਦੇਣ ਦੀ ਵੀ ਮੰਗ ਕੀਤੀ।ਮੀਟਿੰਗ ਵਿੱਚ ਬਲਾਕ ਪ੍ਰਧਾਨ ਹਾਕਮ ਸਿੰਘ ਜਰਗੜੀ ਤੋਂ ਇਲਾਵਾ ਜਸਵੀਰ ਸਿੰਘ, ਮੁਕੰਦ ਸਿੰਘ, ਹਰਜੀਤ ਸਿੰਘ, ਹਰਮਿੰਦਰ ਸਿੰਘ, ਸਵਰਨਜੀਤ ਸਿੰਘ, ਕੁਲਦੀਪ ਸਿੰਘ, ਬਲਜੀਤ ਸਿੰਘ ਤੇ ਸੁਰਜੀਤ ਸਿੰਘ ਸਮੇਤ ਹੋਰ ਕਿਸਾਨ ਆਗੂ ਤੇ ਵਰਕਰ ਹਾਜ਼ਰ ਸਨ।

## ਰਾਤ ਸਮੇਂ ਕੰਬਾਈਨਾਂ ਨਾਲ ਝੋਨਾ ਕੱਟਣ 'ਤੇ ਪਾਬੰਦੀ

**ਮਾਨਸਾ (ਆਤਮਾ ਸਿੰਘ ਪਮਾਰ)**-ਜ਼ਿਲ੍ਹਾ ਮੈਜਿਸਟ੍ਰੇਟ ਨਵਜੋਤ ਕੌਰ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਖੁਰਾਕ ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਵਿਭਾਗ ਪੰਜਾਬ ਵੱਲੋਂ ਜਾਰੀ ਹਦਾਇਤਾਂ ਦੇ ਸਨਮੁੱਖ ਜ਼ਿਲ੍ਹਾ ਮਾਨਸਾ ਅੰਦਰ ਸ਼ਾਮ 06 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਈਨਾਂ ਨਾਲ ਝੋਨਾ ਕੱਟਣ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ।ਹੁਕਮਾਂ ਅਨੁਸਾਰ ਕਿਹਾ ਗਿਆ ਹੈ ਕਿ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਖੁਰਾਕ ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਵਿਭਾਗ ਪੰਜਾਬ ਵੱਲੋਂ ਪੱਤਰ ਰਾਹੀਂ ਲਿਖਿਆ ਗਿਆ ਹੈ ਕਿ ਖਰੀਫ਼ ਸੀਜ਼ਨ 2025-26 ਦੌਰਾਨ ਰਾਜ ਵਿਚ ਝੋਨੇ ਦੀ ਖਰੀਦ ਦਾ ਸੀਜ਼ਨ 01 ਅਕਤੂਬਰ ਤੋਂ ਸ਼ੁਰੂ ਹੋ ਕੇ 30 ਨਵੰਬਰ ਨੂੰ ਮੁਕੰਮਲ ਹੋਵੇਗਾ, ਇਸ ਨੂੰ ਮੁੱਖ ਰੱਖਦੇ ਹੋਏ ਕੰਬਾਈਨ/ਹਾਰਵੈਸਟਰ ਮਾਲਕਾਂ ਨੂੰ ਹਦਾਇਤ ਕੀਤੀ ਜਾਵੇ ਕਿ ਉਹ ਸ਼ਾਮ 06 ਵਜੇ ਤੋਂ ਲੈ ਕੇ ਅਗਲੇ ਦਿਨ ਸਵੇਰੇ 10 ਵਜੇ ਤੱਕ ਕੰਬਾਈਨਾਂ ਨਾਲ ਝੋਨੇ ਦੀ ਕਟਾਈ ਨਾ ਕਰਨ, ਕਿਉਂਕਿ ਰਾਤ ਸਮੇਂ ਝੋਨੇ ਦੀ ਕਟਾਈ ਕਰਨ ਨਾਲ ਨਮੀ ਦੀ ਮਾਤਰਾ ਵੱਧ ਜਾਂਦੀ ਹੈ ਤੇ ਅਜਿਹੇ ਝੋਨੇ ਨੂੰ ਜਦੋਂ ਮੰਡੀਆਂ ਵਿਚ ਲਿਜਾਇਆ ਜਾਂਦਾ ਹੈ ਤਾਂ ਨਿਰਧਾਰਤ ਮਾਪਦੰਡਾਂ ਮੁਤਾਬਿਕ ਨਾ ਹੋਣ ਕਰਕੇ ਖਰੀਦ ਏਜੰਸੀਆਂ ਵੱਲੋਂ ਉਸ ਦੀ ਖਰੀਦ ਨਹੀਂ ਕੀਤੀ ਜਾਂਦੀ ਤੇ ਉਸ ਨੂੰ ਮੰਡੀਆਂ 'ਚ ਸੁਕਾਉਣਾ ਪੈਂਦਾ ਹੈ। ਇਹ ਹੁਕਮ 30 ਨਵੰਬਰ, 2026 ਤੱਕ ਲਾਗੂ ਰਹਿਣਗੇ।

# ਮਾਤਾ ਦਰਸ਼ਨਾ ਰਾਣੀ ਨੂੰ ਵੱਖ-ਵੱਖ ਆਗੂਆਂ ਨੇ ਕੀਤੇ ਸ਼ਰਧਾ ਦੇ ਫੁੱਲ ਭੇਟ



**ਮਮਦੋਟ (ਹਰਪਾਲ ਸਿੰਘ ਸੋਢੀ)**-ਪੰਜਾਬ ਐਂਡ ਚੰਡੀਗੜ੍ਹ ਜਰਨਲਿਸਟ ਯੂਨੀਅਨ ਦੇ ਸਟੇਟ ਵਰਕਿੰਗ ਕਮੇਟੀ ਮੈਂਬਰ ਬਲਦੇਵ ਰਾਜ ਸ਼ਰਮਾ ਚੇਅਰਮੈਨ ਬ੍ਰਾਹਮਣ ਭਲਾਈ ਬੋਰਡ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਮਾਤਾ ਸ੍ਰੀਮਤੀ ਦਰਸ਼ਨਾ ਰਾਣੀ (85) ਦੀ ਪਰਮਾਰਥ ਭਵਨ ਫਿਰੋਜ਼ਪੁਰ ਵਿਖੇ ਅੰਤਿਮ ਅਰਦਾਸ ਮੌਕੇ ਵੱਖ ਵੱਖ ਸਿਆਸੀ ਪਾਰਟੀ ਦੇ ਆਗੂਆਂ, ਪ੍ਰੈੱਸ ਕਲੱਬਾਂ, ਰਿਸ਼ਤੇਦਾਰਾਂ ਤੇ ਸਾਕ ਸਬੰਧੀਆਂ ਵੱਲੋਂ ਆਪਣੀ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।ਐਡਵੋਕੇਟ ਰਜਨੀਸ਼ ਕੁਮਾਰ ਦਹੀਆ ਐਮ ਐਲ ਏ ਹਲਕਾ ਫ਼ਿਰੋਜ਼ਪੁਰ ਦਿਹਾਤੀ, ਪ੍ਰਕਾਸ਼ ਸਿੰਘ ਵਾਰਵਲ ਚੈਅਰਮੈਨ ਰਾਏ ਸਿੱਖ ਭਲਾਈ ਬੋਰਡ ਪੰਜਾਬ, ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਜ਼ਿਲ੍ਹਾ ਭਾਜਪਾ ਪ੍ਰਧਾਨ ਸਰਬਜੀਤ ਸਿੰਘ ਬੌਬੀ ਬਾਠ, ਸੀਨੀਅਰ ਪੱਤਰਕਾਰ ਕੁਲਦੀਪ ਸਿੰਘ ਭੁੱਲਰ, ਗੁਰਨਾਮ ਸਿੰਘ ਸਿੱਧੂ ਪ੍ਰਧਾਨ ਸੱਤਲੁਜ ਪ੍ਰੈਸ ਕਲੱਬ ਫਿਰੋਜ਼ਪੁਰ,ਵਿਜੇ ਸ਼ਰਮਾ ਚੇਅਰਮੈਨ ਸਤਲੁਜ ਪ੍ਰੈਸ ਕਲੱਬ, ਗੁਰਦਰਸ਼ਨ ਸਿੰਘ ਸੰਧੂ, ਅਸ਼ੋਕ ਭਾਰਦਵਾਜ, ਜਸਵੰਤ ਸਿੰਘ ਥਿੰਦ ਪ੍ਰਧਾਨ ਪ੍ਰੈਸ ਕਲੱਬ ਫ਼ਿਰੋਜ਼ਪੁਰ ਦਿਹਾਤੀ, ਜਸਵਿੰਦਰ ਸਿੰਘ ਬਲਾਕ ਸਿੱਖਿਆ ਅਫ਼ਸਰ ਮਮਦੋਟ, ਸੀਨੀਅਰ ਭਾਜਪਾ ਆਗੂ ਅੰਗਰੇਜ ਸਿੰਘ ਵੜਵਾਲ, ਭਾਜਪਾ ਆਗੂ ਦਵਿੰਦਰ ਬਜਾਜ ਨੇ ਮਾਤਾ ਜੀ ਦੇ ਸਾਦੇ ਜੀਵਨ ਤੇ ਪਰਵਾਰ ਨੂੰ ਦਿੱਤੇ ਚੰਗੇ ਸੰਸਕਾਰਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਆਪਣੀ ਸ਼ਰਧਾ ਦੇ ਫੁੱਲ ਭੇਟ ਕੀਤੇ।ਮਾਤਾ ਜੀ ਦੇ ਸਪੁੱਤਰ ਬਲਦੇਵ ਰਾਜ ਸ਼ਰਮਾ ਨੇ ਇਸ ਦੁੱਖ ਦੀ ਘੜੀ ਵਿਚ ਆਏ ਮੀਡੀਆ ਦੇ ਸਾਥੀਆਂ, ਸਿਆਸੀ ਤੇ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਤੇ ਇਲਾਕਾ ਨਿਵਾਸੀਆਂ ਦਾ ਨਮ ਅੱਖਾਂ ਨਾਲ ਧੰਨਵਾਦ ਕੀਤਾ।ਸੁਰਜੀਤ ਸਿੰਘ ਸਦਰਦੀਨ ਭਾਜਪਾ ਆਗੂ, ਰਾਜ ਕੁਮਾਰ ਮਦਾਨ, ਮਨਪ੍ਰੀਤ ਸਿੰਘ ਸੰਧੂ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਕਾਦੀਆਂ, ਰਵਿੰਦਰ ਸਿੰਘ ਕਾਲਾ ਸਟੇਟ ਕਮੇਟੀ ਮੈਂਬਰ, ਨਾਇਬ ਤਹਿਸੀਲਦਾਰ ਰਮੇਸ਼ ਕੁਮਾਰ ਢੀਂਗਰਾ, ਸਾਬਕਾ ਨਾਇਬ ਤਹਿਸੀਲਦਾਰ ਵਿਜੈ ਬਹਿਲ, ਸੀਨੀਅਰ ਅਕਾਲੀ ਆਗੂ ਪਵਨ ਕੁਮਾਰ ਦੁੱਗਲ ਸਾਬਕਾ ਸਰਪੰਚ, ਹਰਪਾਲ ਸੋਢੀ ਚੇਅਰਮੈਨ ਪ੍ਰੈੱਸ ਕਲੱਬ ਮਮਦੋਟ, ਤਜਿੰਦਰ ਢੀਂਗੜਾ ਪ੍ਰਧਾਨ ਪ੍ਰੈੱਸ ਕਲੱਬ ਮਮਦੋਟ, ਅਨਿਲ ਕੁਮਾਰ ਦੁੱਗਲ, ਦੀਪਕ ਭੋਲੇਵਾਸੀਆਂ, ਮੋਨੂੰ ਮਹਿਤਾ, ਜੰਗੀਰ (ਬੱਬੂ) ਗਰੋਵਰ (ਨੋਟਰੀ ਪਬਲਿਕ), ਬੌਬੀ ਬਿੰਦਰਾ, ਭਾਜਪਾ ਆਗੂ ਰਵੀ ਦੱਤ ਚਾਵਲਾ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਵਿੱਕੀ ਮਦਾਨ, ਸੰਦੀਪ ਚਾਵਲਾ, ਭਗਵਾਨ ਦਾਸ ਸ਼ਰਮਾ, ਵਰਦੇਵ ਸਿੰਘ ਨੋਨੀਮਾਨ ਹਲਕਾ ਇੰਚਾਰਜ ਸ਼੍ਰੋਮਣੀ ਅਕਾਲੀ ਦਲ ਗੁਰੂ ਹਰਸਹਾਏ ਆਦਿ ਨੇ ਮਾਤਾ ਦਰਸ਼ਨਾ ਰਾਣੀ ਦੇ ਸਪੁੱਤਰ ਤਰਸੇਮ ਲਾਲ ਸ਼ਰਮਾ, ਬਲਦੇਵ ਰਾਜ ਸ਼ਰਮਾ, ਪ੍ਰੇਮ ਚੰਦ ਸ਼ਰਮਾ ਤੇ ਸੁਖਦੇਵ ਰਾਜ ਸ਼ਰਮਾ ਨਾਲ ਦੁੱਖ ਪ੍ਰਗਟ ਕੀਤਾ।

## ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਖ਼ੂਨਦਾਨ ਕੈਂਪ ਅੱਜ

**ਕੋਟ ਈਸੇ ਖਾਂ (ਅਰੋੜਾ)**-ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਮਨੁੱਖਤਾ ਦੀ ਸੇਵਾ ਨੂੰ ਸਮਰਪਤ ਖੂਨਦਾਨ ਕੈਂਪ ਲਾਇਆ ਜਾ ਰਿਹਾ ਹੈ।ਸ਼ਾਖਾ ਦੇ ਪ੍ਰਧਾਨ ਅਮਰਜੀਤ ਸ਼ਰਮਾ ਤੇ ਹੋਰ ਅਹੁਦੇਦਾਰਾਂ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਕੈਂਪ 2 ਅਕਤੂਬਰ ਨੂੰ ਸ੍ਰੀ ਬਜਰੰਗ ਭਵਨ ਮੰਦਰ, ਨੇੜੇ ਗਊਸ਼ਾਲਾਵਿਖੇ ਲਾਇਆ ਜਾਵੇਗਾ। ਕੈਂਪ ਦਾ ਸਮਾਂ ਸਵੇਰੇ 9:30 ਵਜੇ ਤੋਂ ਦੁਪਹਿਰ 3:00 ਵਜੇ ਤੱਕ ਰਹੇਗਾ।ਉਨ੍ਹਾਂ ਦੱਸਿਆ ਕਿ ਇਸ ਕੈਂਪ ਵਿੱਚ ਬਲੱਡ ਬੈਂਕ ਗਰਗ ਹੋਸਪਿਟਲ ਮੋਗਾ ਦੀ ਟੀਮ ਪਹੁੰਚੇਗੀ, ਜਿਨ੍ਹਾਂ ਵੱਲੋਂ ਭਰਪੂਰ ਸਹਿਯੋਗ ਦਿੱਤਾ ਜਾਵੇਗਾ।ਪ੍ਰੀਸ਼ਦ ਵੱਲੋਂ ਲੋਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਖ਼ੂਨਦਾਨ ਕਰਨ ਤੇ ਲੋੜਵੰਦ ਮਰੀਜ਼ਾਂ ਦੀ ਜ਼ਿੰਦਗੀ ਬਚਾਉਣ ਵਿੱਚ ਆਪਣਾ ਯੋਗਦਾਨ ਪਾਉਣ।ਖ਼ੂਨਦਾਨ ਨੂੰ ਮਹਾਨਦਾਨ ਮੰਨਿਆ ਜਾਂਦਾ ਹੈ ਅਤੇ ਇੱਕ ਵਿਅਕਤੀ ਵੱਲੋਂ ਕੀਤਾ ਗਿਆ ਖੂਨ ਦਾਨ ਕਿਸੇ ਦੀ ਜ਼ਿੰਦਗੀ ਬਚਾਉਣ ਵਿੱਚ ਸਹਾਇਕ ਹੋ ਸਕਦਾ ਹੈ।

## ਐੱਮ ਏ ਐੱਮ ਸਕੂਲ 'ਚ ਰਾਸ਼ਟਰੀ ਪਾਠਕ੍ਰਮ 'ਤੇ ਸੈਮੀਨਾਰ



**ਸਮਰਾਲਾ (ਸੁਰਜੀਤ ਸਿੰਘ)**-ਸਥਾਨਕ ਮੈਕਸ ਆਰਥਰ ਮੈਕਾਲਿਫ ਪਬਲਿਕ ਸਕੂਲ ਵਿੱਚ ਅਧਿਆਪਕਾਂ ਦੇ ਪੇਸ਼ੇਵਰ ਵਿਕਾਸ ਤੇ ਆਧੁਨਿਕ ਸਿੱਖਿਆ ਪ੍ਰਣਾਲੀ ਦੀ ਸਮਝ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ 'ਰਾਸ਼ਟਰੀ ਪਾਠਕ੍ਰਮ ਰੂਪਰੇਖਾ ਵਿਸ਼ੇ 'ਤੇ ਇੱਕ ਰੋਜ਼ਾ ਸਿਖਲਾਈ ਪ੍ਰੋਗਰਾਮ ਕਰਵਾਇਆ ਗਿਆ।ਪ੍ਰੋਗਰਾਮ ਦੀ ਸ਼ੁਰੂਆਤ ਸ਼ਮ੍ਹਾ ਰੌਸ਼ਨ ਕਰਕੇ ਕੀਤੀ ਗਈ।ਸਕੂਲ ਦੀ ਪ੍ਰਿੰਸੀਪਲ ਮੈਡਮ ਦੀਪਤੀ ਵੱਲੋਂ ਰਿਸੋਰਸ ਪਰਸਨ ਸੁਨੀਤਾ ਕੁਮਾਰੀ, ਪ੍ਰਿੰਸੀਪਲ ਜੀ.ਏ.ਡੀ. ਅਕੈਡਮੀ ਲੁਧਿਆਣਾ ਤੇ ਮਿਸ ਸੀਮਾ ਗੁਪਤਾ, ਪ੍ਰਿੰਸੀਪਲ, ਭਾਰਤੀ ਵਿਦਿਆ ਮੰਦਰ ਸੀਨੀਅਰ ਸੈਕੰਡਰੀ ਸਕੂਲ, ਲੁਧਿਆਣਾ ਦਾ ਨਿੱਘਾ ਸਵਾਗਤ ਕੀਤਾ ਗਿਆ।ਸਿਖਲਾਈ ਦੌਰਾਨ ਰਿਸੋਰਸ ਪਰਸਨਾਂ ਨੇ ਅਧਿਆਪਕਾਂ ਨਾਲ ਰਾਸ਼ਟਰੀ ਪਾਠਕ੍ਰਮ ਦੇ ਮੁੱਖ ਉਦੇਸ਼ਾਂ, ਵਿਸ਼ੇਸ਼ਤਾਵਾਂ ਤੇ ਪ੍ਰਭਾਵਸ਼ਾਲੀ ਅਧਿਆਪਨ ਵਿਧੀਆਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ।ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ, ਰਚਨਾਤਮਕ ਸਮਝ, ਆਲੋਚਨਾਤਮਕ ਚਿੰਤਨ, ਰਚਨਾਤਮਕਤਾ ਮੁੱਲਾਂ ਤੇ ਜੀਵਨ-ਕੌਸ਼ਲਾਂ ਨੂੰ ਸਿੱਖਿਆ ਦਾ ਅਹਿਮ ਹਿੱਸਾ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ।ਅਧਿਆਪਕਾਂ ਨੂੰ ਗਤੀਵਿਧੀ-ਆਧਾਰਿਤ, ਤਜਰਬਿਆਂ ਤੇ ਵਿਦਿਆਰਥੀ-ਕੇਂਦਰਿਤ ਸਿੱਖਿਆ ਦੇ ਮਹੱਤਵ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਸਕੂਲ ਮੈਨੇਜਮੈਂਟ, ਪ੍ਰਿੰਸੀਪਲ ਮੈਡਮ ਦੀਪਤੀ ਅਤੇ ਹੈੱਡਮਿਸਟ੍ਰੈੱਸ ਚਰਨਪ੍ਰੀਤ ਕੌਰ ਸੌਂਦ ਵੱਲੋਂ ਰਿਸੋਰਸ ਪਰਸਨਾਂ ਨੂੰ ਪੌਦਾ ਤੇ ਟਰਾਫੀ ਭੇਟ ਕਰਕੇ ਸਨਮਾਨਤ ਕੀਤਾ ਗਿਆ।ਪ੍ਰਿੰਸੀਪਲ ਦੀਪਤੀ ਚੋਪੜਾ ਨੇ ਕਿਹਾ ਕਿ ਅਜਿਹੇ ਸਿਖਲਾਈ ਪ੍ਰੋਗਰਾਮ ਅਧਿਆਪਕਾਂ ਨੂੰ ਬਦਲਦੇ ਸਿੱਖਿਆ ਮਾਹੌਲ ਦੇ ਅਨੁਕੂਲ ਬਣਾਉਣ ਤੇ ਵਿਦਿਆਰਥੀਆਂ ਨੂੰ ਗੁਣਵੱਤਾਪੂਰਨ ਸਿੱਖਿਆ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਅੰਤ ਵਿੱਚ ਉਨ੍ਹਾ ਰਿਸੋਰਸ ਪਰਸਨਾਂ, ਸਮੂਹ ਅਧਿਆਪਕਾਂ ਤੇ ਪ੍ਰਬੰਧਨ ਕਮੇਟੀ ਦਾ ਧੰਨਵਾਦ ਕੀਤਾ।

# ਸ਼ਹੀਦ ਪ੍ਰਿਥੀਪਾਲ ਸਿੰਘ ਚੱਕ ਅਲੀਸ਼ੇਰ ਦੇ ਬਰਸੀ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ 'ਤੇ



**ਬੋਹਾ (ਨਿਰੰਜਣ ਬੋਹਾ)**-ਜ਼ਮੀਨ ਬਚਾਓ ਮੋਰਚੇ ਦੇ ਪਹਿਲੇ ਸ਼ਹੀਦ ਪ੍ਰਿਥੀਪਾਲ ਸਿੰਘ ਚੱਕ ਅਲੀਸ਼ੇਰ ਦੀ ਬਰਸੀ ਮਨਾਉਣ ਲਈ ਹਜ਼ਾਰਾਂ ਦੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਅੇ ਬੀਬੀਆਂ ਪਿੰਡ ਚੱਕ ਅਲੀਸ਼ੇਰ ਪਹੁੰਚਣਗੇ।ਇਹ ਜਾਣਕਾਰੀ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ, ਜਨਰਲ ਸਕੱਤਰ ਹਰਨੇਕ ਸਿੰਘ ਮਹਿਮਾ ਤੇ ਸੀਨੀਅਰ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਮਪੁਰਾ ਨੇ ਪ੍ਰੈਸ ਨਾਲ ਸਾਂਝੀ ਕੀਤੀ।ਉਨਾ ਕਿਹਾ ਕਿ ਬਰਸੀ ਸਮਾਗਮ ਲਈ ਤਿਆਰੀਆਂ ਜ਼ੋਰਾਂ ਤੇ ਚੱਲ ਰਹੀਆਂ ਹਨ।ਪਿੰਡ ਚੱਕ ਅਲੀਸ਼ੇਰ ਵਿਖੇ ਬਰਸੀ ਨਾਲ ਸੰਬੰਧਿਤ ਪੋਸਟਰ ਮਾਨਸਾ ਜ਼ਿਲ੍ਹੇ ਦੇ ਆਗੂਆਂ ਤਾਰਾ ਚੰਦ ਬਰੇਟਾ ਤੇ ਤਰਸੇਮ ਸਿੰਘ ਚੱਕ ਅਲੀਸ਼ੇਰ ਦੀ ਹਾਜ਼ਰੀ ਵਿੱਚ ਜਾਰੀ ਕੀਤਾ ਗਿਆ।28 ਸਤੰਬਰ ਨੂੰ ਮਾਨਸਾ ਜ਼ਿਲ੍ਹੇ ਦੀ ਵਧਵੀਂ ਮੀਟਿੰਗ ਸੂਬਾ ਪ੍ਰਧਾਨ ਮਨਜੀਤ ਸਿੰਘ ਧਨੇਰ ਦੀ ਅਗਵਾਈ ਹੇਠ ਕੀਤੀ ਗਈ ਸੀ, ਜਿਸ ਵਿੱਚ ਮਾਨਸਾ ਜ਼ਿਲ੍ਹੇ ਦੇ ਸਾਰੇ ਬਲਾਕਾਂ ਦੇ ਆਗੂ ਇਕੱਤਰ ਹੋਏ ਤੇ ਬਰਸੀ ਸਮਾਗਮ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ।ਆਉਣ ਵਾਲੇ ਦਿਨਾਂ ਵਿੱਚ ਮਾਨਸਾ ਸਮੇਤ 13 ਜ਼ਿਲ੍ਹਿਆਂ ਵਿੱਚ ਮੋਟਰਸਾਈਕਲ ਮਾਰਚ ਤੇ ਝੰਡਾ ਮਾਰਚ ਕਰਕੇ ਕਿਸਾਨਾਂ ਮਜ਼ਦੂਰਾਂ ਨੂੰ ਬਰਸੀ ਸਮਾਗਮ ਤੇ ਪਹੁੰਚਣ ਦੀ ਅਪੀਲ ਕੀਤੀ ਜਾਵੇਗੀ।ਸਮਾਗਮ ਨੂੰ ਜਥੇਬੰਦੀ ਦੇ ਸੂਬਾਈ ਆਗੂ ਸੰਬੋਧਨ ਕਰਨਗੇ। ਜਥੇਬੰਦੀ ਦੇ ਸੂਬਾ ਜਥੇਬੰਦਕ ਸਕੱਤਰ ਕੁਲਵੰਤ ਸਿੰਘ ਕਿਸ਼ਨਗੜ੍ਹ ਤੇ ਸੂਬਾ ਕਮੇਟੀ ਮੈਂਬਰ ਮੱਖਣ ਸਿੰਘ ਭੈਣੀ ਬਾਘਾ ਨੇ ਕਿਹਾ ਕਿ ਸਰਕਾਰਾਂ ਨੇ ਕਿਸਾਨਾਂ ਤੋਂ ਜ਼ਮੀਨਾਂ ਖੋਹਣ ਲਈ ਅੱਡੀ ਚੋਟੀ ਦਾ ਜ਼ੋਰ ਲਾਇਆ ਹੈ, ਪਰ ਜ਼ਮੀਨਾਂ ਬਚਾਉਣ ਲਈ ਕਿਸਾਨਾਂ ਮਜ਼ਦੂਰਾਂ ਦੀ ਏਕਤਾ ਹੀ ਇੱਕੋ ਇੱਕ ਹਥਿਆਰ ਹੈ।

ਉਨ੍ਹਾਂ ਕਿਹਾ ਕਿ ਪਿੰਡ ਕੁੱਲਰੀਆਂ ਦੇ ਕਿਸਾਨਾਂ ਦੀ ਜ਼ਮੀਨ 'ਤੇ ਵੀ ਆਬਾਦਕਾਰ ਕਿਸਾਨਾਂ ਦਾ ਕਬਜ਼ਾ ਹਰ ਹਾਲਤ ਬਰਕਰਾਰ ਰੱਖਿਆ ਜਾਵੇਗਾ।ਸੂਬਾ ਕਮੇਟੀ ਨੇ ਪੰਜਾਬ ਸਰਕਾਰ ਵੱਲੋਂ ਸੰਯੁਕਤ ਕਿਸਾਨ ਮੋਰਚੇ ਦੀਆਂ ਜਥੇਬੰਦੀਆਂ ਨਾਲ 7 ਸਤੰਬਰ ਨੂੰ ਕੀਤੀਆਂ ਸਹਿਮਤੀਆਂ ਹੁਣ ਤੱਕ ਲਾਗੂ ਨਾ ਕਰਨ ਦੀ ਸਖਤ ਨਿਖੇਧੀ ਕੀਤੀ।ਇਸ ਮੌਕੇ ਸੂਬਾ ਕਮੇਟੀ ਨੇ ਸ਼ਹੀਦ ਅਵਤਾਰ ਸਿੰਘ ਪਾਸ਼ ਦੀ ਯਾਦਗਾਰ 'ਤੇ ਕਬਜ਼ਾ ਕਰਨ ਦੀਆਂ ਕੋਸ਼ਿਸ਼ਾਂ ਦੀ ਨਿਖੇਧੀ ਕਰਦਿਆਂ ਇਸ ਸਬੰਧੀ ਚੱਲਣ ਵਾਲੇ ਹਰ ਸੰਘਰਸ਼ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਡਟਵੇਂ ਸਾਥ ਦੇਣ ਦੀ ਗੱਲ ਕਹੀ।

# ਜ਼ਿਲ੍ਹਾ ਪੱਧਰੀ ਖੇਡ ਮੁਕਾਬਲੇ ਸ਼ਾਨੋ-ਸ਼ੌਕਤ ਨਾਲ ਸਮਾਪਤ, ਕਿੱਕ ਬੌਕਸਿੰਗ 'ਚ ਅਮਨਦੀਪ ਸਿੰਘ ਛਾਇਆ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**-ਪੰਜਾਬ ਸਰਕਾਰ, ਖੇਡ ਵਿਭਾਗ ਪੰਜਾਬ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਖੇਡਾਂ ਵਤਨ ਪੰਜਾਬ ਦੀਆਂ 2026 ਸੀਜ਼ਨ-4 ਤਹਿਤ ਜ਼ਿਲ੍ਹਾ ਪੱਧਰੀ ਖੇਡਾਂ ਕਰਾਈਆਂ, ਜਿਸ ਦੀ ਜਾਣਕਾਰੀ ਜ਼ਿਲ੍ਹਾ ਖੇਡ ਅਫਸਰ ਸ਼੍ਰੀਮਤੀ ਅਨਿੰਦਰਵੀਰ ਕੌਰ ਬਰਾੜ ਨੇ ਸਾਂਝੀ ਕਰਦੇ ਹੋਏ ਦੱਸਿਆ ਕਿ ਗੁਰੂ ਗੋਬਿੰਦ ਸਿੰਘ ਖੇਡ ਸਟੇਡੀਅਮ ਵਿਖੇ ਤੀਜੇ ਦਿਨ ਅੰਡਰ 14 ਤੇ ਅੰਡਰ 17 ਉਮਰ ਵਰਗ ਦੇ ਖੇਡ ਮੁਕਾਬਲੇ ਸ਼ਾਨੋ-ਸ਼ੌਕਤ ਨਾਲ ਸਮਾਪਤ ਹੋ ਗਏ ਹਨ। ਖਿਡਾਰੀਆਂ ਦੇ ਨਤੀਜੇ ਬਹੁਤ ਹੀ ਸ਼ਾਨਦਾਰ ਰਹੇ। ਗੇਮ ਕਿੱਕ ਬਾਕਸਿੰਗ ਅੰਡਰ 14 ਲੜਕੇ 28 ਕਿਲੋ ਵਿੱਚ ਅਮਨਦੀਪ ਸਿੰਘ ਨੇ ਪਹਿਲਾ ਸਥਾਨ, ਦੂਜਾ ਸਥਾਨ ਗੁਰਨੂਰ ਸਿੰਘ, ਨਵੀਨ ਕੁਮਾਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ 32 ਕਿਲੋ ਵਿੱਚ ਅੰਮ੍ਰਿਤਪਾਲ ਸਿੰਘ ਨੇ ਪਹਿਲਾ ਸਥਾਨ, ਦੂਜਾ ਸਥਾਨ ਏਕਮਜੋਤ ਸਿੰਘ ਨੇ ਤੇ ਨਵਜੋਤ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ।37 ਕਿਲੋ ਵਿੱਚ ਗੁਰਪ੍ਰੀਤ ਸਿੰਘ ਨੇ ਪਹਿਲਾ ਸਥਾਨ, ਆਰਵ ਨੇ ਦੂਜਾ ਸਥਾਨ ਤੇ ਹਰਸਾਹਿਬ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ।42 ਕਿਲੋ 'ਚ ਹਿਮਾਂਸ਼ੂ ਨੇ ਪਹਿਲਾ ਸਥਾਨ, ਬੌਬੀ ਨੇ ਦੂਜਾ ਸਥਾਨ ਤੇ ਅਨੰਤਵੀਰ ਅਤੇ ਮਨਵੀਰ ਸਿੰਘ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਫੁੱਟਬਾਲ ਅੰਡਰ 17 ਲੜਕੇ ਵਿੱਚ ਭੁਲੇਰੀਆਂ ਦੀ ਟੀਮ ਨੇ ਪਹਿਲਾ ਸਥਾਨ, ਭਲਾਈਆਣਾ ਦੀ ਟੀਮ ਨੇ ਦੂਜਾ ਸਥਾਨ ਤੇ ਐਫ.ਏ ਮੁਕਤਸਰ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਵਾਲੀਬਾਲ ਸਮੈਸ਼ਿੰਗ ਅੰ-17 ਲੜਕੇ 'ਚ ਸ.ਸ.ਸ.ਸ ਸਿੱਖਵਾਲਾ ਦੀ ਟੀਮ ਨੇ ਪਹਿਲਾ ਸਥਾਨ, ਪਿੰਡ ਮਲੋਟ ਦੀ ਟੀਮ ਨੇ ਦੂਜਾ ਸਥਾਨ ਤੇ ਪਿੰਡ ਸਿੱਖਵਾਲਾ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਗੇਮ ਬੈਡਮਿੰਟਨ ਅੰਡਰ 14 ਲੜਕੇ ਵਿੱਚ ਸਮਰਪ੍ਰਤਾਪ ਸਿੰਘ ਵੜਿੰਗ ਨੇ ਪਹਿਲਾ ਸਥਾਨ, ਅਰਿਹੰਤ ਗੋਇਲ ਨੇ ਦੂਜਾ ਸਥਾਨ ਅਤੇ ਜੈਵਿਨ ਸਿੰਘ ਤੇ ਰੇਹਾਨ ਗਰਗ ਨੇ ਤੀਜਾ ਸਥਾਨ ਹਾਸਿਲ ਕੀਤਾ।ਇਸੇ ਤਰ੍ਹਾਂ ਅੰਡਰ 14 ਲੜਕੀਆਂ ਵਿੱਚ ਅਨੁਰੀਤ ਕੌਰ ਨੇ ਪਹਿਲਾ ਸਥਾਨ, ਵੰਸ਼ਜੋਤ ਕੌਰ ਨੇ ਦੂਜਾ ਸਥਾਨ, ਸਾਰਾ ਤੇ ਸੁਗੰਧਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਅੰ-17 ਲੜਕੇ ਵਿੱਚ ਵੈਭਵ ਸ਼ਰਮਾਂ ਨੇ ਪਹਿਲਾ ਸਥਾਨ, ਮਨਜੋਤ ਸਿੰਘ ਨੇ ਦੂਜਾ ਸਥਾਨ ਤੇ ਅਮੋਲਿਕ ਡਾਬਰਾ ਅਤੇ ਸ਼ਕਸ਼ਮ ਗਰਗ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਅੰਡਰ 17 ਲੜਕੀਆਂ ਵਿੱਚ ਤਨਵੀਰ ਕੌਰ ਬਰਾੜ ਨੇ ਪਹਿਲਾ, ਯਸ਼ਵੀ ਨੇ ਦੂਜਾ ਤੇ ਸੁਖਵੀਰ ਕੌਰ ਅਤੇ ਸਹਿਜਦੀਪ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਤਰਾਂ ਸਾਰੀਆਂ ਗੇਮਾਂ ਦੇ ਨਤੀਜੇ ਬਹੁਤ ਹੀ ਸ਼ਾਨਦਾਰ ਰਹੇ।ਇਨ੍ਹਾਂ ਜਿਲ੍ਹਾ ਪੱਧਰੀ ਖੇਡਾਂ ਵਿੱਚ ਵਾਲੀਬਾਲ (ਸ਼ੂਟਿੰਗ/ਸਮੈਸ਼ਿੰਗ), ਖੋ-ਖੋ, ਕਬੱਡੀ (ਸਰਕਲ/ਨੈਸ਼ਨਲ), ਅਥਲੈਟਿਕਸ, ਫੁੱਟਬਾਲ, ਹੈਂਡਬਾਲ, ਬੈਡਮਿੰਟਨ, ਬਾਸਕਿਟਬਾਲ, ਕਿੱਕ ਬਾਕਸਿੰਗ, ਬਾਕਸਿੰਗ, ਕੁਸ਼ਤੀ, ਪਾਵਰ ਲਿਫਟਿੰਗ, ਵੇਟ ਲਿਫਟਿੰਗ, ਗੱਤਕਾ , ਰੋਲਰ ਸਕੇਟਿੰਗ, ਸ਼ੂਟਿੰਗ ਗੇਮ ਦੇ ਖੇਡ ਮੁਕਾਬਲੇ ਕਰਵਾਏ ਗਏ।

## ਨੌਜਵਾਨਾਂ ਦੇ ਵਿਦੇਸ਼ਾਂ 'ਚ ਪਰਵਾਸ ਕਾਰਨ ਬਜ਼ੁਰਗਾਂ ਦੀ ਇਕੱਲਤਾ ਮਹਾਂਮਾਰੀ ਦਾ ਰੂਪ ਧਾਰਨ ਕਰ ਰਹੀ : ਸਰਦਾਰੀ ਲਾਲ ਕਾਮਰਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਨੌਜਵਾਨਾਂ ਨੂੰ ਵਿਦੇਸ਼ਾਂ ਵਿੱਚ ਪਰਵਾਸ ਕਰਨ ਤੇ ਸਿੱਖਿਆ ਪ੍ਰਾਪਤ ਕਰਨ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ।ਅੱਜ ਪਰਵਾਰ ਇੱਕ ਜਾਂ ਦੋ ਬੱਚਿਆਂ ਤੱਕ ਸੀਮਤ ਹੋਣ ਕਾਰਨ ਬਜ਼ੁਰਗ ਇਕੱਲਤਾ ਦੀ ਸਮੱਸਿਆ ਦਾ ਸਾਹਮਣਾ ਕਰ ਰਹੇ ਹਨ ਅਤੇ ਮਾਨਸਿਕ ਤੇ ਸਰੀਰਕ ਤੌਰ 'ਤੇ ਬਿਮਾਰ ਹੋ ਰਹੇ ਹਨ।ਬੱਚਿਆਂ ਨੂੰ ਆਪਣੇ ਮਾਪਿਆਂ ਦੀ ਇਕੱਲਤਾ ਬਾਰੇ ਗੰਭੀਰਤਾ ਨਾਲ ਸੋਚਣਾ ਚਾਹੀਦਾ ਹੈ ਤੇ ਬਜ਼ੁਰਗਾਂ ਨੂੰ ਆਪਣੇ ਬਾਰੇ ਵੀ ਸੋਚਣਾ ਚਾਹੀਦਾ ਹੈ।ਉਨ੍ਹਾਂ ਆਪਣੇ ਆਂਢ-ਗੁਆਂਢ, ਗਲੀ ਤੇ ਸਮਾਜ ਨਾਲ ਆਪਣੀ ਗੱਲਬਾਤ ਵਧਾਉਣੀ ਚਾਹੀਦੀ ਹੈ, ਤਾਂ ਜੋ ਉਹ ਬਿਹਤਰ ਜ਼ਿੰਦਗੀ ਜੀ ਸਕਣ।ਇਕੱਠੇ ਸਮਾਂ ਬਿਤਾ ਸਕਣ।ਇਹ ਵਿਚਾਰ ਸੀਨੀਅਰ ਸਿਟੀਜ਼ਨ ਕੌਂਸਲ ਮੋਗਾ ਦੇ ਪ੍ਰਧਾਨ ਤੇ ਫੈਡਰੇਸ਼ਨ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਸਰਦਾਰੀ ਨੇ ਪ੍ਰਗਟ ਕੀਤੇ।ਲਾਲ ਕਾਮਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਇਹ ਪ੍ਰਗਟਾਵਾ ਕੀਤਾ।ਉਨ੍ਹਾਂ ਕਿਹਾ ਕਿ ਲੰਬੇ ਸਮੇਂ ਤੱਕ ਇਕੱਲਤਾ ਦਾ ਸਾਹਮਣਾ ਕਰਨ ਕਾਰਨ, ਬਜ਼ੁਰਗਾਂ ਨੂੰ ਨੀਂਦ ਦੀ ਘਾਟ, ਘੱਟ ਬਲੱਡ ਪ੍ਰੈਸ਼ਰ ਤੇ ਦਬਾਅ ਅਤੇ ਦਿਲ ਦੀਆਂ ਬਿਮਾਰੀਆਂ ਵਰਗੀਆਂ ਸਿਹਤ ਸਮੱਸਿਆਵਾਂ ਵੱਧ ਸਕਦੀਆਂ ਹਨ।ਇਸ ਕਾਰਨ, ਬਹੁਤ ਸਾਰੇ ਬਜ਼ੁਰਗ ਆਪਣੀ ਜ਼ਿੰਦਗੀ ਬਿਮਾਰੀਆਂ ਨਾਲ ਲੜਦੇ ਹੋਏ ਬਿਤਾਉਣ ਲਈ ਮਜਬੂਰ ਹਨ।ਸਰਦਾਰ ਲਾਲ ਕਾਮਰਾ ਨੇ ਕਿਹਾ ਕਿ ਅੱਜਕੱਲ੍ਹ ਬੱਚੇ ਆਪਣੇ ਮਾਪਿਆਂ ਨੂੰ ਲੋੜੀਂਦਾ ਸਮਾਂ ਨਹੀਂ ਦਿੰਦੇ ਤੇ ਵਿਦੇਸ਼ ਜਾਂਦੇ ਹਨ।ਬਹੁਤ ਸਾਰੇ ਬਜ਼ੁਰਗ ਜਾਣ ਦੀ ਕਾਹਲੀ ਕਾਰਨ ਇਕੱਲਤਾ ਮਹਿਸੂਸ ਕਰਦੇ ਹਨ।ਬੱਚਿਆਂ ਦੀ ਗੈਰਹਾਜ਼ਰੀ ਤੇ ਸਮਾਜਿਕ ਸੰਪਰਕ ਘੱਟ ਹੋਣ ਕਾਰਨ ਉਨ੍ਹਾਂ 'ਤੇ ਮਾਨਸਿਕ ਦਬਾਅ ਵੀ ਪੈਦਾ ਹੁੰਦਾ ਹੈ।ਲੰਬੇ ਸਮੇਂ ਤੱਕ ਸਮਾਜਿਕ ਤੌਰ 'ਤੇ ਦੂਰ ਰਹਿਣ ਨਾਲ ਬਜ਼ੁਰਗ ਆਪਣੇ ਪਰਵਾਰਾਂ, ਬੱਚਿਆਂ ਤੇ ਸਮਾਜ ਤੋਂ ਅਲੱਗ-ਥਲੱਗ ਮਹਿਸੂਸ ਕਰ ਸਕਦੇ ਹਨ।ਇਸ ਸਥਿਤੀ ਨਾਲ ਨਜਿੱਠਣ ਲਈ, ਬਜ਼ੁਰਗਾਂ ਨੂੰ ਸਮਾਜਿਕ ਤੇ ਸਮਾਜ ਸੇਵਾ ਦੇ ਕੰਮਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣਾ ਚਾਹੀਦਾ ਹੈ।ਸਾਨੂੰ ਆਪਣੇ ਆਪ ਨੂੰ ਦੂਜਿਆਂ ਨਾਲ ਜੋੜਨਾ ਚਾਹੀਦਾ ਹੈ ਤੇ ਰੱਖਣਾ ਚਾਹੀਦਾ ਹੈ ਤੇ ਆਪਣੀ ਸਿਹਤ ਦੀ ਜਾਂਚ ਕਰਵਾਉਂਦੇ ਰਹਿਣਾ ਚਾਹੀਦਾ ਹੈ।

# ਅਮਰੀਕਾ ਨਾਲ ਕਰ-ਮੁਕਤ ਸਮਝੌਤਾ ਕਿਸਾਨੀ ਤੇ ਛੋਟੇ ਉਦਯੋਗਾਂ ਲਈ ਖ਼ਤਰਨਾਕ : ਉਗਰਾਹਾਂ

*5 ਨੂੰ ਪੰਜਾਬ ਦੇ ਸਾਰੇ ਡੀ ਸੀ ਦਫ਼ਤਰਾਂ ਦਾ ਕੀਤਾ ਜਾਵੇਗਾ ਘਿਰਾਓ



ਚੇਤਨਪੁਰਾ (ਸੁਖਵੰਤ ਚੇਤਨਪੁਰੀ) - ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਅੰਮ੍ਰਿਤਸਰ ਦੀ ਵਧਵੀਂ ਮੀਟਿੰਗ ਗੁਰਦੁਆਰਾ ਬਾਬਾ ਜੀਵਨ ਸਿੰਘ ਕਸਬਾ ਗੱਗੋਮਾਹਲ ਵਿਖੇ ਜ਼ਿਲ੍ਹਾ ਪ੍ਰਧਾਨ ਕਸ਼ਮੀਰ ਸਿੰਘ ਧੰਗਾਈ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਅਤੇ ਪਿੰਡਾਂ ਤੋਂ ਕਿਸਾਨਾਂ, ਮਜ਼ਦੂਰਾਂ ਅਤੇ ਔਰਤਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਮੀਟਿੰਗ ਕਰਵਾਉਣ ਲਈ ਜਥੇਬੰਦੀ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾਂ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਕੱਠ ਨੂੰ ਸੰਬੋਧਨ ਕਰਦਿਆਂ ਉਗਰਾਹਾਂ ਨੇ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰਾਂ ਦੀਆਂ ਨੀਤੀਆਂ ਕਿਸਾਨਾਂ, ਮਜ਼ਦੂਰਾਂ ਅਤੇ ਆਮ ਲੋਕਾਂ ਦੇ ਹਿੱਤਾਂ ਦੇ ਉਲਟ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਕਿਸਾਨੀ ਪਹਿਲਾਂ ਹੀ ਕਰਜ਼ੇ, ਮਹਿੰਗੇ ਖੇਤੀ ਖਰਚਿਆਂ, ਫ਼ਸਲਾਂ ਦੇ ਉਚਿਤ ਭਾਅ ਅਤੇ ਖੇਤੀ ਸੈਕਟਰ ਵਰਗੀਆਂ ਸਮੱਸਿਆਵਾਂ ਨਾਲ ਜੂਝ ਰਹੀ ਹੈ, ਪਰ ਸਰਕਾਰਾਂ ਇਨ੍ਹਾਂ ਮਸਲਿਆਂ ਦਾ ਪੱਕਾ ਹੱਲ ਕਰਨ ਦੀ ਬਜਾਏ ਅਜਿਹੀਆਂ ਨੀਤੀਆਂ ਲਾਗੂ ਕਰ ਰਹੀਆਂ ਹਨ, ਜਿਨ੍ਹਾਂ ਨਾਲ ਕਿਸਾਨਾਂ ਅਤੇ ਛੋਟੇ ਉਤਪਾਦਕਾਂ 'ਤੇ ਹੋਰ ਆਰਥਿਕ ਦਬਾਅ ਪੈ ਸਕਦਾ ਹੈ। ਉਨ੍ਹਾਂ ਕਿਹਾ ਕਿ ਜਥੇਬੰਦੀ 13 ਮੰਗਾਂ ਦੀ ਪੂਰਤੀ ਲਈ ਲਗਾਤਾਰ ਸੰਘਰਸ਼ ਕਰ ਰਹੀ ਹੈ। ਇਨ੍ਹਾਂ ਮੰਗਾਂ ਨੂੰ ਲੈ ਕੇ ਪਿਛਲੇ ਦਿਨੀਂ ਪੰਜਾਬ ਭਰ ਦੇ ਡੀ ਸੀ ਦਫ਼ਤਰਾਂ ਅੱਗੇ ਲਗਾਤਾਰ 15 ਦਿਨ ਧਰਨੇ ਦੇ ਕੇ ਸਰਕਾਰਾਂ ਤੱਕ ਆਪਣੀ ਆਵਾਜ਼ ਪਹੁੰਚਾਈ ਗਈ। ਉਨ੍ਹਾਂ ਕਿਹਾ ਕਿ ਇਨ੍ਹਾਂ ਧਰਨਿਆਂ ਦੌਰਾਨ ਕਿਸਾਨਾਂ, ਮਜ਼ਦੂਰਾਂ ਅਤੇ ਆਮ ਲੋਕਾਂ ਨਾਲ ਜੁੜੇ ਵੱਖ-ਵੱਖ ਮੁੱਦਿਆਂ ਨੂੰ ਜ਼ੋਰਦਾਰ ਢੰਗ ਨਾਲ ਉਭਾਰਿਆ ਗਿਆ, ਪਰ ਸਰਕਾਰਾਂ ਵੱਲੋਂ ਅਜੇ ਤੱਕ ਇਨ੍ਹਾਂ ਮੰਗਾਂ ਦੇ ਹੱਲ ਲਈ ਠੋਸ ਕਦਮ ਨਹੀਂ ਚੁੱਕੇ ਗਏ। ਇਸ ਕਰਕੇ ਕਿਸਾਨਾਂ ਵੱਲੋਂ ਸੰਘਰਸ਼ ਨੂੰ ਹੋਰ ਅੱਗੇ ਵਧਾਉਂਦਿਆਂ 5 ਅਕਤੂਬਰ ਨੂੰ ਪੰਜਾਬ ਦੇ ਸਾਰੇ ਡੀ ਸੀ ਦਫ਼ਤਰਾਂ ਦੇ ਘਿਰਾਓ ਕਰਨ ਦਾ ਐਲਾਨ ਕੀਤਾ ਗਿਆ ਹੈ। ਇਸ ਸਬੰਧੀ ਜਥੇਬੰਦੀ ਦੇ ਵਰਕਰ ਪਿੰਡ-ਪਿੰਡ ਜਾ ਕੇ ਲੋਕਾਂ ਨੂੰ ਇਨ੍ਹਾਂ ਮੰਗਾਂ ਅਤੇ ਸਰਕਾਰ ਦੀਆਂ ਨੀਤੀਆਂ ਬਾਰੇ ਜਾਣੂ ਕਰਵਾ ਰਹੇ ਹਨ ਅਤੇ 5 ਅਕਤੂਬਰ ਦੇ ਐਕਸ਼ਨ ਵਿੱਚ ਵੱਡੀ ਗਿਣਤੀ ਵਿੱਚ ਕਿਸਾਨਾਂ, ਮਜ਼ਦੂਰਾਂ ਸਮੇਤ ਵੱਡੀ ਗਿਣਤੀ ਵਿੱਚ ਔਰਤਾਂ ਦੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਲਾਮਬੰਦੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੈਂਡ ਪੂਲਿੰਗ ਪਾਲਿਸੀ ਤੇ ਪਾਣੀਆਂ ਦੇ ਨਿੱਜੀਕਰਨ ਤੇ ਵਪਾਰੀਕਰਨ ਦੀ ਨੀਤੀ ਰੱਦ ਕੀਤੀ ਜਾਵੇ, ਕਿਸਾਨਾਂ ਦੇ ਕਰਜ਼ੇ ਮੁਆਫ਼ ਕਰਨ ਦੀ ਮੰਗ, ਬਿਜਲੀ ਅਤੇ ਬੀਜ ਬਿੱਲ, ਚਾਰ ਕਿਰਤ ਕੋਡ ਰੱਦ ਕੀਤੇ ਜਾਣ, ਸੰਘਰਸ਼ ਦੌਰਾਨ ਕਿਸਾਨਾਂ, ਮਜ਼ਦੂਰਾਂ ਆਗੂਆਂ ਦੇ ਪਰਚੇ ਖਾਰਜ ਕਰਨ ਦੀ ਮੰਗ ਸਮੇਤ ਨਸ਼ਿਆਂ ਦਾ ਪੂਰਨ ਸਰੂਪ ਬਧਾਲ ਕਰਨ ਦੀਆਂ ਮੰਗਾਂ ਨੂੰ ਲੈ ਕੇ ਵੀ ਜਥੇਬੰਦੀ ਆਪਣੀ ਆਵਾਜ਼ ਬੁਲੰਦ ਕਰ ਰਹੀ ਹੈ। ਇਸ ਮੌਕੇ ਬਖਸ਼ੀਸ਼ ਸਿੰਘ ਕੋਟਮਗਲ, ਪਰਗਟ ਸਿੰਘ ਧਰਮਕੋਟ, ਜਸਪਾਲ ਸਿੰਘ ਧੰਗਾਈ, ਰੁਪਿੰਦਰ ਸਿੰਘ ਮੱਦੂਵਾਂ, ਕੁਲਦੀਪ ਕੌਰ ਚਾਹਪੁਰ, ਸਤਿੰਦਰ ਕੌਰ, ਡਾ. ਪਰਮਿੰਦਰ ਸਿੰਘ ਪੰਡੋਰੀ, ਬਾਬਾ ਰਾਜਨ ਸਿੰਘ ਨਰਿੰਦਰ ਸਿੰਘ ਭਿੱਟੇਵੱਡ, ਅਜੈਬ ਸਿੰਘ ਟਰਪਈ, ਕੁਲਬੀਰ ਜੇਠੂਵਾਲ, ਪ੍ਰਿਥੀਪਾਲ ਸਿੰਘ ਬੱਬਾ ਆਦਿ ਹਾਜ਼ਰ ਸਨ।

# ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਵੱਲੋਂ ਥਾਣਾ ਚੋਹਲਾ ਸਾਹਿਬ ਦਾ ਘਿਰਾਓ ਅੱਜ



ਚੋਹਲਾ ਸਾਹਿਬ (ਰਮਨ ਚੱਢਾ)-ਇਲਾਕੇ ਦੇ ਲਮਕਦੇ ਆ ਰਹੇ ਮਸਲਿਆਂ ਅਤੇ ਇੱਕ ਗਰੀਬ ਪਰਵਾਰ ਨਾਲ ਹੋਈ ਧੱਕੇਸ਼ਾਹੀ ਖ਼ਿਲਾਫ਼ ਆਵਾਜ਼ ਬੁਲੰਦ ਕਰਦਿਆਂ ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਵੱਲੋਂ ਇੱਕ ਬਹੁਤ ਵੱਡਾ ਐਕਸ਼ਨ ਉਲੀਕਿਆ ਗਿਆ ਹੈ। ਜਥੇਬੰਦੀ ਵੱਲੋਂ 2 ਅਕਤੂਬਰ ਨੂੰ ਥਾਣਾ ਚੋਹਲਾ ਸਾਹਿਬ ਦਾ ਘਿਰਾਓ ਕਰਨ ਦਾ ਵੱਡਾ ਐਲਾਨ ਕੀਤਾ ਗਿਆ ਹੈ। ਕਿਸਾਨ ਆਗੂਆਂ ਨੇ ਸਾਫ਼ ਸ਼ਬਦਾਂ ਵਿੱਚ ਚੇਤਾਵਨੀ ਦਿੱਤੀ ਹੈ ਕਿ ਜਦੋਂ ਤੱਕ ਪੀੜਤ ਪਰਵਾਰ ਨੂੰ ਇਨਸਾਫ਼ ਨਹੀਂ ਮਿਲਦਾ, ਇਹ ਧਰਨਾ ਨਿਰੰਤਰ ਜਾਰੀ ਰਹੇਗਾ।ਇਸ ਵਿਸ਼ਾਲ ਰੋਸ ਧਰਨੇ ਅਤੇ ਘਿਰਾਓ ਦੀ ਅਗਵਾਈ ਸੀਨੀਅਰ ਮੀਤ ਪ੍ਰਧਾਨ ਅਜੀਤ ਸਿੰਘ ਚੰਬਾ ਕਰਨਗੇ ਅਤੇ ਇਹ ਪੂਰਾ ਐਕਸ਼ਨ ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਮਹਿੰਦੀਪੁਰ ਦੀ ਪ੍ਰਧਾਨਗੀ ਹੇਠ ਲਗਾਇਆ ਜਾ ਰਿਹਾ ਹੈ।ਇਸ ਘਿਰਾਓ ਨੂੰ ਸਫ਼ਲ ਬਣਾਉਣ ਅਤੇ ਵੱਡੇ ਇਕੱਠ ਲਈ ਜਥੇਬੰਦੀ ਦੇ ਪ੍ਰਮੁੱਖ ਆਗੂ ਪੂਰੀ ਤਰ੍ਹਾਂ ਡਟ ਚੁੱਕੇ ਹਨ। ਇਸ ਪ੍ਰਦਰਸ਼ਨ ਵਿੱਚ ਕਾਰਜ ਸਿੰਘ (ਬਲਾਕ ਪ੍ਰਧਾਨ) ਗੁਰਦੇਵ ਸਿੰਘ ਪਿੰਡੀਆ ਸਿੰਘ ਗੁੱਜਰਪੁਰ । ਕੁਲਵੰਤ ਸਿੰਘ ਮੁੰਡਾ ਪਿੰਡ ਜਸਵਿੰਦਰ ਸਿੰਘ ਰੱਤੋਕੇ ,ਸਰਵਣ ਸਿੰਘ ਘੜਕਾ ਬਲਾਕ ਪ੍ਰਧਾਨ ਰਤਨ ਸਿੰਘ ਚੋਹਲਾ ਸਾਹਿਬ ਅਤੇ ਹੋਰ ਉੱਘੇ ਕਿਸਾਨ ਆਗੂ ਆਪਣੇ ਸਮਰਥਕਾਂ ਅਤੇ ਵੱਡੀ ਗਿਣਤੀ ਵਰਕਰਾਂ ਸਮੇਤ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕਰਨਗੇ।ਕਿਸਾਨ ਆਗੂਆਂ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਆਖਿਆ ਕਿ ਥਾਣਾ ਚੋਹਲਾ ਸਾਹਿਬ ਵਿੱਚ ਕਈ ਅਹਿਮ ਮਸਲੇ ਲੰਮੇ ਸਮੇਂ ਤੋਂ ਲਟਕਦੇ ਆ ਰਹੇ ਹਨ, ਜਿਨ੍ਹਾਂ 'ਤੇ ਪੁਲਸ ਪ੍ਰਸ਼ਾਸਨ ਵੱਲੋਂ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ। ਇਸ ਦੇ ਨਾਲ ਹੀ ਪੁਲਸ ਵੱਲੋਂ ਇੱਕ ਗਰੀਬ ਪਰਿਵਾਰ ਨਾਲ ਕੀਤੀ ਗਈ ਧੱਕੇਸ਼ਾਹੀ ਨੇ ਇਲਾਕੇ ਦੇ ਲੋਕਾਂ ਵਿੱਚ ਭਾਰੀ ਰੋਸ ਪੈਦਾ ਕਰ ਦਿੱਤਾ ਹੈ।ਆਗੂਆਂ ਨੇ ਸਪੱਸ਼ਟ ਕੀਤਾ ਕਿ ਹੁਣ ਪ੍ਰਸ਼ਾਸਨ ਦੀ ਇਸ ਟਾਲਮਟੋਲ ਨੀਤੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। 2 ਅਕਤੂਬਰ ਨੂੰ ਵੱਡੀ ਗਿਣਤੀ ਵਿੱਚ ਕਿਸਾਨ ਅਤੇ ਆਮ ਲੋਕਾਂ ਨੂੰ ਨਾਲ ਲੈ ਕੇ ਥਾਣਾ ਚੋਹਲਾ ਸਾਹਿਬ ਅੱਗੇ ਡੇਰੇ ਲਾਉਣਗੇ ਅਤੇ ਜਦੋਂ ਤੱਕ ਗਰੀਬ ਪਰਵਾਰ ਨੂੰ ਇਨਸਾਫ਼ ਅਤੇ ਲਟਕਦੇ ਮਸਲਿਆਂ ਦਾ ਹੱਲ ਨਹੀਂ ਹੁੰਦਾ, ਉਦੋਂ ਤੱਕ ਧਰਨਾ ਕਿਸੇ ਵੀ ਕੀਮਤ 'ਤੇ ਚੁੱਕਿਆ ਨਹੀਂ ਜਾਵੇਗਾ।

# ਕਟਾਰੂ ਚੱਕ ਨੇ ਝੋਨੇ ਦੀ ਸਰਕਾਰੀ ਖਰੀਦ ਕਰਵਾਈ ਸ਼ੁਰੂ



ਬਟਾਲਾ (ਤਰਲੋਕ ਬੱਗਾ)- ਲਾਲ ਚੰਦ ਕਟਾਰੂਚੱਕ ਕੈਬਨਿਟ ਮੰਤਰੀ ਪਵਿੱਤਰ ਧਰਤੀ ਬਟਾਲਾ ਵਿਖੇ ਪਹੁੰਚੇ ਅਤੇ ਦਾਣਾ ਮੰਡੀ ਵਿਖੇ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ। ਉਨ੍ਹਾਂ ਗੁਰਪ੍ਰੀਤ ਸਿੰਘ ਪਿੰਡ ਡੁੱਲਟ ਅਤੇ ਪ੍ਰਭਜੋਤ ਕੰਬ ਵਲੋਂ ਲਿਆਂਦੀ ਫਸਲ ਦੀਆਂ ਢੇਰੀਆਂ ਦੀ ਖਰੀਦ ਕਰਵਾਈ। ਇਸ ਮੌਕੇ ਰਜਨੀਸ਼ ਕੁਮਾਰੀ ਡਿਪਟੀ ਡਾਇਰੈਕਟਰ ਫੂਡ ਸਪਲਾਈ ਵਿਭਾਗ ਪੰਜਾਬ, ਸਾਰੰਗਪ੍ਰੀਤ ਸਿੰਘ ਔਜਲਾ ਐੱਸ ਡੀ ਐੱਮ ਬਟਾਲਾ, ਮਾਨਿਕ ਮਹਿਤਾ, ਚੇਅਰਮੈਨ ਮਾਰਕਿਟ ਕਮੇਟੀ ਬਟਾਲਾ, ਚੇਅਰਮੈਨ ਰਵਿੰਦਰ ਸਿੰਘ, ਅਮਨਜੀਤ ਸਿੰਘ ਡੀ ਐੱਫ ਐੱਸ ਸੀ ਗੁਰਦਾਸਪੁਰ, ਪ੍ਰਧਾਨ ਮਨਬੀਰ ਸਿੰਘ ਰੰਧਾਵਾ, ਪ੍ਰਧਾਨ ਗੁਰਬਿੰਦਰ ਸਿੰਘ ਜੌਲੀ, ਕੁਲਜੀਤ ਸਿੰਘ ਜ਼ਿਲ੍ਹਾ ਮੰਡੀ ਅਫਸਰ ਸਮੇਤ ਸਬੰਧਤ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ। ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਿਛਲੇ 9 ਸੀਜ਼ਨ ਫ਼ਸਲਾਂ ਦੀ ਖਰੀਦ ਸਫਲਤਾਪੂਰਵਕ ਕਰਵਾਈ ਹੈ ਅਤੇ ਇਹ ਸੀਜ਼ਨ ਵੀ ਸਫਲਤਾਪੂਰਵਕ ਸੰਪੰਨ ਹੋਵੇਗਾ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਮੰਡੀਆਂ ਵਿੱਚ ਫਸਲ ਸੁਕਾ ਕੇ ਹੀ ਮੰਡੀਆਂ ਵਿੱਚ ਲਿਆਉਣ ਤਾਂ ਜੋ ਉਨ੍ਹਾਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ।ਖੁਰਾਕ, ਸਿਵਲ ਸਪਲਾਈ ਖਪਤਕਾਰ ਮਾਮਲੇ ਪੰਜਾਬ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਸੂਬੇ ਵਿਚ ਪਹਿਲੀ ਅਕਤੂਬਰ ਤੋਂ ਸ਼ੁਰੂ ਹੋਏ ਝੋਨੇ ਦੇ ਆਗਾਮੀ ਖਰੀਦ ਸੀਜ਼ਨ ਤੋਂ ਪਹਿਲਾਂ, ਪੰਜਾਬ ਰਾਜ ਨੂੰ ਅਕਤੂਬਰ ਮਹੀਨੇ ਲਈ 42786.68 ਰੁਪਏ ਦੀ ਨਕਦ ਕਰਜ਼ਾ ਹੱਦ ਦੀ ਮਨਜ਼ੂਰੀ ਦੇ ਰੂਪ ਵਿਚ ਵੱਡੀ ਰਾਹਤ ਦਿੱਤੀ ਗਈ ਹੈ।ਕੈਬਨਿਟ ਮੰਤਰੀ ਨੇ ਦੱਸਿਆ ਕਿ ਕਿਸਾਨਾਂ ਵੱਲੋਂ ਮੰਡੀਆਂ ਵਿਚ ਲਿਆਂਦੇ ਜਾਣ ਵਾਲੇ ਝੋਨੇ ਦੀ ਪੈਕਿੰਗ ਲਈ ਵਿਭਾਗ ਵੱਲੋਂ ਲੋੜੀਂਦਾ ਬਾਰਦਾਨਾ ਵੀ ਪ੍ਰਾਪਤ ਹੋ ਗਿਆ ਹੈ ਤੇ ਸੂਬੇ ਨੂੰ ਸੀਜ਼ਨ 2026-27 ਲਈ 180 ਲੱਖ ਮੀਟ੍ਰਿਕ ਟਨ ਝੋਨੇ ਦੀ ਖਰੀਦ ਦਾ ਟੀਚਾ ਮਿਲਿਆ ਹੈ। ਉਨ੍ਹਾਂ ਨੇ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਕਿਸਾਨਾਂ ਦੀ ਫਸਲ 2461 ਰੁਪਏ ਪ੍ਰਤੀ ਕੁਇੰਟਲ ਦੇ ਹਿਸਾਬ ਨਾਲ ਖਰੀਦੀ ਜਾਵੇਗੀ।

ਖ਼ਰੀਦ ਕਾਰਜਾਂ ਨੂੰ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਚਲਾਉਣ ਲਈ ਹੁਣ ਤੱਕ 1887 ਮੰਡੀਆਂ ਨੋਟੀਫਾਈ ਕੀਤੀਆਂ ਜਾ ਚੁੱਕੀਆਂ ਹਨ ਤੇ ਜ਼ਰੂਰਤ ਅਨੁਸਾਰ ਹੋਰ ਮੰਡੀਆਂ ਵੀ ਕਾਰਜਸ਼ੀਲ ਕੀਤੀਆਂ ਜਾਣਗੀਆਂ। ਇਸ ਮੌਕੇ ਮਾਨਿਕ ਮਹਿਤਾ, ਚੇਅਰਮੈਨ ਮਾਰਕਿਟ ਕਮੇਟੀ ਬਟਾਲਾ ਅਤੇ ਉਨ੍ਹਾਂ ਦੀ ਪੂਰੀ ਟੀਮ ਵੱਲੋਂ ਕੈਬਨਿਟ ਮੰਤਰੀ ਕਟਾਰੂਚੱਕ ਨੂੰ ਸਨਮਾਨਤ ਵੀ ਕੀਤਾ ਗਿਆ।

# ਹਾੜ੍ਹੀ ਦੀਆਂ ਫਸਲਾਂ ਦੇ ਐਲਾਨੇ ਭਾਅ ਗੈਰ-ਵਾਜਬ : ਡਾ. ਸਤਨਾਮ ਸਿੰਘ

ਅਜਨਾਲਾ (ਸੁੱਖਇੰਦਰ ਸਿੰਘ ਰਾਜੂ)-ਖੇਤੀ ਮਾਹਰ ਡਾ. ਸਤਨਾਮ ਸਿੰਘ ਅਜਨਾਲਾ ਨੇ ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਕਿਹਾ ਕਿ ਜਿਹੜੇ ਭਾਰਤ ਸਰਕਾਰ ਵੱਲੋਂ ਹਾੜ੍ਹੀ ਦੀਆਂ ਫਸਲਾਂ ਦੇ ਭਾਅ ਐਲਾਨੇ ਹਨ ਉਹ ਗੈਰ ਵਾਜਬ ਹਨ , ਜੇਕਰ ਹਾੜ੍ਹੀ ਦੀ ਮੁੱਖ ਫਸਲ ਕਣਕ ਦੇ ਰੇਟ ਦੀ ਗੱਲ ਕਰੀਏ, ਇਸ ਵਿੱਚ 25 ਰੁਪਏ ਦਾ ਹੀ ਨਿਗੂਣਾ ਵਾਧਾ ਕੀਤਾ ਹੈ ਜਿਹੜਾ 1% ਤੋਂ ਵੀ ਘੱਟ ਬਣਦਾ ਹੈ ਯਾਨੀ 2585 ਰੁਪਏ ਤੋਂ 2610 ਰੁਪਏ ਪ੍ਰਤੀ ਕੁਇੰਟਲ ਕੀਤਾ ਹੈ। ਡਾ. ਅਜਨਾਲਾ ਨੇ ਅੱਗੇ ਦੱਸਿਆ ਕਿ ਮਹਿੰਗਾਈ 8% ਵਧ ਗਈ ਹੈ, ਖੇਤੀ ਲਾਗਤਾਂ ਅਸਮਾਨੀ ਚੜ੍ਹ ਗਈਆਂ ਹਨ। ਉਹਨਾਂ ਕਣਕ ਦੀ ਲਾਗਤ ਡਾਕਟਰ ਸਵਾਮੀਨਾਥਨ ਦੇ ਫਾਰਮੂਲੇ ਅਨੁਸਾਰ ਅਨੁਸਾਰ ਉਹ 3284 ਰੁਪਏ ਪ੍ਰਤੀ ਕੁਇੰਟਲ ਬਣਦੀ ਹੈ। ਇਸ ਹਿਸਾਬ ਨਾਲ ਇੱਕ ਏਕੜ ਪਿੱਛੇ ਕਿਸਾਨ ਨੂੰ 13485 ਰੁਪਏ ਦਾ ਘਾਟਾ ਪੈਂਦਾ ਹੈ। ਡਾ. ਅਜਨਾਲਾ ਨੇ ਅੱਗੇ ਦੱਸਿਆ ਕਿ ਅਜਿਹਾ ਹੀ ਹਾਲ ਬਾਕੀ ਫਸਲਾਂ ਦਾ ਹੈ। ਪਿਛਲਿਆਂ ਕੀਤੀ 10-15 ਸਾਲਾਂ ਚ ਕਿਸਾਨਾਂ ਨੂੰ ਘੱਟ ਭਾਅ ਮਿਲਣ ਕਰਕੇ ਹੀ ਦੇਸ਼ ਦੇ ਕਿਸਾਨਾਂ ਸਿਰ 19 ਲੱਖ ਕਰੋੜ ਦਾ ਕਰਜ਼ਾ ਚੜ੍ਹ ਗਿਆ ਹੈ ਜਿਹੜਾ ਤੁਰੰਤ ਰੱਦ ਹੋਣਾ ਚਾਹੀਦਾ ਹੈ।

# ਸੰਤ ਰਾਜਿੰਦਰ ਸਿੰਘ 7 ਤੇ 8 ਨੂੰ ਅੰਮ੍ਰਿਤਸਰ 'ਚ



ਅੰਮ੍ਰਿਤਸਰ/ਛੇਹਰਟਾ, (ਜਸਬੀਰ ਸਿੰਘ ਪੱਟੀ/ਮਨੋਜ ਕੁਮਾਰ)- ਸਾਵਣ ਕਿਰਪਾਲ ਰੂਹਾਨੀ ਮਿਸ਼ਨ ਦੇ ਮੁਖੀ ਸੰਤ ਰਾਜਿੰਦਰ ਸਿੰਘ 7 ਅਕਤੂਬਰ ਨੂੰ ਸਤਿਸੰਗ ਤੇ ਨਾਮਦਾਨ ਪ੍ਰੋਗਰਾਮ ਲਈ ਅੰਮ੍ਰਿਤਸਰ ਆ ਰਹੇ ਹਨ। ਇਸ ਸਬੰਧ ਵਿਚ ਜਾਣਕਾਰੀ ਦਿੰਦੇ ਹੋਏ ਮਿਸ਼ਨ ਦੇ ਜ਼ੋਨ ਇੰਚਾਰਜ ਭੁਪਿੰਦਰ ਸਿੰਘ, ਸਕੱਤਰ ਦੀਪਕ ਸੇਠ, ਜ਼ੋਨ ਕੋਆਰਡੀਨੇਟਰ ਆਊਟਰੀਚ ਬਲਦੇਵ ਰਾਜ ਹੀਰਾ ਤੇ ਮੀਡੀਆ ਇੰਚਾਰਜ ਸੌਰਭ ਨਰੂਲਾ ਨੇ ਦੱਸਿਆ ਕਿ ਸੰਤ ਰਾਜਿੰਦਰ ਸਿੰਘ 7 ਅਕਤੂਬਰ ਸ਼ਾਮ 7 ਵਜੇ ਰਣਜੀਤ ਐਵੀਨਿਊ ਦੇ ਡੀ ਬਲਾਕ ਸਥਿਤ ਦੁਸ਼ਹਿਰਾ ਗਰਾਊਂਡ ਵਿਚ ਸੰਗਤ ਨੂੰ ਦਰਸ਼ਨ ਦੇਣਗੇ। 8 ਅਕਤੂਬਰ ਨੂੰ ਉਹ ਸ਼ਾਮ 7 ਵਜੇ ਸਤਿਸੰਗ ਕਰਨਗੇ ਤੇ ਰਾਤ 9 ਵਜੇ ਨਾਮਦਾਨ ਦਾ ਪ੍ਰੋਗਰਾਮ ਹੋਵੇਗਾ। ਉਨ੍ਹਾਂ ਦੱਸਿਆ ਕਿ ਸੰਤ ਰਾਜਿੰਦਰ ਸਿੰਘ ਕਰੀਬ 15 ਸਾਲਾਂ ਬਾਅਦ ਅੰਮ੍ਰਿਤਸਰ ਆ ਰਹੇ ਹਨ। ਸਤਿਸੰਗ ਦੇ ਇਸ ਪ੍ਰੋਗਰਾਮ ਵਿਚ ਹਿੱਸਾ ਲੈਣ ਲਈ ਪੰਜਾਬ ਤੋਂ ਇਲਾਵਾ ਵੱਖ-ਵੱਖ ਸੂਬਿਆਂ ਤੇ ਵਿਦੇਸ਼ ਤੋਂ ਵੀ ਸ਼ਰਧਾਲੂ ਵੱਡੀ ਗਿਣਤੀ ਵਿਚ ਅੰਮ੍ਰਿਤਸਰ ਪੁੱਜਣਗੇ। ਇਸ ਮੌਕੇ ਸੁਸ਼ੀਲ ਖੰਨਾ ਤੇ ਸੁਨੀਲ ਮਹਿਰਾ ਆਦਿ ਵੀ ਹਾਜ਼ਰ ਸਨ।

# ਤਿੰਨ ਉਤਰਾਖੰਡ ਨਿਵਾਸੀਆਂ ਸਣੇ ਚਾਰ ਗ੍ਰਿਫ਼ਤਾਰ ; ਸੱਤ ਆਧੁਨਿਕ ਪਿਸਤੌਲ ਬਰਾਮਦ



ਗੁਰਦਾਸਪੁਰ (ਦਿਨੇਸ਼ ਕੁਮਾਰ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫਲਤਾ ਤਹਿਤ ਗੁਰਦਾਸਪੁਰ ਪੁਲਸ ਨੇ ਅੰਤਰਰਾਜੀ ਹਥਿਆਰ ਤਸਕਰੀ ਕਰਨ ਵਾਲੇ ਰੈਕੇਟ ਦਾ ਪਰਦਾਫਾਸ਼ ਕਰਦਿਆਂ ਚਾਰ ਵਿਅਕਤੀਆਂ, ਜਿਨ੍ਹਾਂ ਵਿੱਚੋਂ ਤਿੰਨ ਉਤਰਾਖੰਡ ਦੇ ਰਹਿਣ ਵਾਲੇ ਹਨ, ਨੂੰ ਸੱਤ ਆਧੁਨਿਕ ਪਿਸਤੌਲਾਂ ਸਮੇਤ ਗ੍ਰਿਫਤਾਰ ਕੀਤਾ ਹੈ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਸ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਲਵਪ੍ਰੀਤ ਸਿੰਘ (26), ਲਵਪ੍ਰੀਤ ਸਿੰਘ (25) ਅਤੇ ਜਸ਼ਨਦੀਪ ਸਿੰਘ (25), ਸਾਰੇ ਵਾਸੀ ਸਿਤਾਰਗੰਜ, ਉਧਮ ਸਿੰਘ ਨਗਰ, ਉਤਰਾਖੰਡ ਅਤੇ ਹਰਜਿੰਦਰ ਸਿੰਘ (23), ਵਾਸੀ ਲਖਨ ਕਲਾਂ, ਕਲਾਨੌਰ, ਗੁਰਦਾਸਪੁਰ, ਵਜੋਂ ਹੋਈ ਹੈ। ਬਰਾਮਦ ਕੀਤੇ ਗਏ ਹਥਿਆਰਾਂ ਵਿੱਚ ਇੱਕ ਗਲੋਕ (ਆਸਟ੍ਰੀਆ ਦਾ ਬਣਿਆ), ਚਾਰ .30 ਬੋਰ (ਚੀਨ ਦੇ ਬਣੇ ) ਅਤੇ ਦੋ .30 ਬੋਰ ਪਿਸਤੌਲਾਂ ਸਮੇਤ ਅੱਠ ਮੈਗਜ਼ੀਨ ਸ਼ਾਮਲ ਹਨ। ਹਥਿਆਰ ਬਰਾਮਦ ਕਰਨ ਤੋਂ ਇਲਾਵਾ, ਪੁਲਸ ਟੀਮਾਂ ਨੇ ਉਨ੍ਹਾਂ ਦੀ ਸਿਲਵਰ ਮਾਰੂਤੀ ਸਵਿਫਟ ਕਾਰ ਨੂੰ ਵੀ ਜ਼ਬਤ ਕਰ ਲਿਆ ਹੈ, ਜਿਸ ਦੀ ਵਰਤੋਂ ਉਹ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਕਰ ਰਹੇ ਸਨ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਮੁਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮਾਂ ਦੇ ਦੁਬਈ ਅਤੇ ਅਮਰੀਕਾ ਸਥਿਤ ਹੈਂਡਲਰਾਂ ਨਾਲ ਸੰਬੰਧ ਸਨ, ਜਿਨਾਂ ਵੱਲੋਂ ਮੁਲਜ਼ਮਾਂ ਨੂੰ ਗੈਰ-ਕਾਨੂੰਨੀ ਹਥਿਆਰ ਬਰਾਮਦ ਕਰਨ ਦਾ ਕੰਮ ਸੌਂਪਿਆ ਗਿਆ ਸੀ ।ਆਪ੍ਰੇਸ਼ਨ ਬਾਰੇ ਵੇਰਵੇ ਸਾਂਝੇ ਕਰਦੇ ਹੋਏ ਆਈ ਜੀ ਪੀ ਬਾਰਡਰ ਰੇਂਜ ਗੁਰਪ੍ਰੀਤ ਸਿੰਘ ਭੁੱਲਰ ਨੇ ਕਿਹਾ ਕਿ ਗੁਰਦਾਸਪੁਰ ਪੁਲਸ ਨੂੰ ਪੁਖ਼ਤਾ ਇਤਲਾਹ ਮਿਲੀ ਸੀ ਕਿ ਲਵਪ੍ਰੀਤ ਸਿੰਘ, ਲਵਪ੍ਰੀਤ ਸਿੰਘ, ਜਸ਼ਨਦੀਪ ਸਿੰਘ ਅਤੇ ਹਰਜਿੰਦਰ ਸਿੰਘ ਵਜੋਂ ਪਛਾਣੇ ਗਏ ਸ਼ੱਕੀਆਂ ਨੇ ਹਥਿਆਰਾਂ ਦੀ ਇੱਕ ਖੇਪ ਬਰਾਮਦ ਕੀਤੀ ਹੈ, ਜਿਸ ਨੂੰ ਉਹ ਅੱਗੇ ਸਪਲਾਈ ਕਰਨ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਤੇਜ਼ੀ ਨਾਲ ਕਾਰਵਾਈ ਕਰਦਿਆਂ ਪੁਲਸ ਟੀਮਾਂ ਨੇ ਨਾਕਾਬੰਦੀ ਕੀਤੀ ਅਤੇ ਆਪਣੀ ਕਾਰ ਵਿੱਚ ਜਾ ਰਹੇ ਚਾਰੇ ਦੋਸ਼ੀਆਂ ਨੂੰ ਸੱਤ ਗੈਰ-ਕਾਨੂੰਨੀ ਪਿਸਤੌਲਾਂ ਅਤੇ ਅੱਠ ਮੈਗਜ਼ੀਨਾਂ ਸਮੇਤ ਗ੍ਰਿਫ਼ਤਾਰ ਕਰ ਲਿਆ। ਆਈ ਜੀ ਪੀ ਨੇ ਦੱਸਿਆ ਕਿ ਇਹ ਕਾਰਵਾਈ ਐਸ ਐਸ ਪੀ ਗੁਰਦਾਸਪੁਰ ਆਦਿੱਤਿਆ ਦੀ ਨਿਗਰਾਨੀ ਹੇਠ ਕੀਤੀ ਗਈ । ਉਨ੍ਹਾਂ ਅੱਗੇ ਕਿਹਾ ਕਿ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਅਗਲੇਰੀ ਜਾਂਚ ਜਾਰੀ ਹੈ ਅਤੇ ਅਗਲੇ -ਪਿਛਲੇ ਸਬੰਧ ਸਥਾਪਿਤ ਕੀਤੇ ਜਾ ਰਹੇ ਹਨ । ਇਸ ਸਬੰਧ ਵਿੱਚ ਕਲਾਨੌਰ ਪੁਲਸ ਸਟੇਸ਼ਨ ਵਿਖੇ ਆਰਮਜ਼ ਐਕਟ ਦੀ ਧਾਰਾ 25 ਤਹਿਤ ਕੇਸ ਦਰਜ ਕੀਤਾ ਗਿਆ ਹੈ।

# ਪ੍ਰਵਾਸੀ ਸਰਦਾਰ ਸਿੰਘ ਸੈਣੀ ਦੀ ਆਸਟ੍ਰੇਲੀਆ 'ਚ ਮੌਤ



ਗੁਰਦਾਸਪੁਰ (ਜਨਕ ਮਹਾਜਨ)- ਗੁਰਦਾਸਪੁਰ ਦੇ ਪਿੰਡ ਨੌਸ਼ਹਿਰਾ ਦੇ ਸਭ ਤੋਂ ਪੁਰਾਣੇ ਪ੍ਰਵਾਸੀ ਸਰਦਾਰ ਸਿੰਘ ਸੈਣੀ ਦੀ ਆਸਟ੍ਰੇਲੀਆ ਦੇ ਮੈਲਬੌਰਨ ਸ਼ਹਿਰ ਵਿਚ ਅਚਾਨਕ ਮੌਤ ਹੋਣ ਨਾਲ ਪਰਵਾਰ ਨੂੰ ਗਹਿਰਾ ਸਦਮਾ ਪੁੱਜਾ ਹੈ। ਇਸ ਸੰਬੰਧੀ ਪਰਵਾਰਕ ਮੈਂਬਰ ਸਰਵਣ ਸਿੰਘ ਸੈਣੀ, ਸੁਲੱਖਣ ਸਿੰਘ, ਸੁਖਵਿੰਦਰ ਸਿੰਘ, ਰਵਿੰਦਰ ਸਿੰਘ, ਮੋਹਨ ਸਿੰਘ, ਬਲਜਿੰਦਰ ਸਿੰਘ ਅਤੇ ਹਰਮਨਪ੍ਰੀਤ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਸਰਦਾਰ ਸਿੰਘ ਪੁੱਤਰ ਨਾਨਕ ਸਿੰਘ ਵਾਸੀ ਨੁਸ਼ਹਿਰਾ 1996 ਵਿੱਚ ਇੰਗਲੈਂਡ ਚਲੇ ਗਏ ਸਨ ਉੱਥੇ ਵਧੀਆ ਕਾਰੋਬਾਰ ਹੋਣ ਨਾਲ ਉਨ੍ਹਾਂ ਦੀਆਂ ਦੋ ਬੇਟੀਆਂ ਆਸਟ੍ਰੇਲੀਆ ਸੈਟਲ ਹੋ ਗਈਆਂ ਤਾਂ ਉਹ ਵੀ 2008 ਵਿਚ ਆਸਟ੍ਰੇਲੀਆ ਪਤਨੀ ਨਰਿੰਦਰ ਕੌਰ ਸਮੇਤ ਚਲੇ ਗਏ, ਉੱਥੇ ਵੀ 2 ਬੇਟੀਆਂ ਨੇ ਚੰਗਾ ਨਾਮਣਾ ਕਾਰੋਬਾਰ ਵਿਚ ਖੱਟਿਆ। ਉਨ੍ਹਾਂ ਦੀ ਹੋਈ ਕੱਲ੍ਹ ਅਚਾਨਕ ਮੌਤ ਨੇ ਪਰਵਾਰ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਸਰਦਾਰ ਸਿੰਘ ਦਾ ਅੰਤਿਮ ਸੰਸਕਾਰ ਆਸਟ੍ਰੇਲੀਆ ਦੇ ਸ਼ਹਿਰ ਮੈਲਬੌਰਨ ਵਿਚ ਕੀਤਾ ਜਾਵੇਗਾ। ਇਸ ਦੁੱਖ ਦੀ ਘੜੀ ਵਿਚ ਇਲਾਕੇ ਦੇ ਲੋਕਾਂ ਨੇ ਪਰਵਾਰ ਨਾਲ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।

# ਫਸਲਾਂ ਦੇ ਭਾਅ 'ਚ ਮਾਮੂਲੀ ਵਾਧਾ ਜ਼ਖ਼ਮਾਂ 'ਤੇ ਲੂਣ ਪਾਉਣ ਦੇ ਬਰਾਬਰ : ਵਿਰਕ



ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)-ਕੇਂਦਰ ਸਰਕਾਰ ਵੱਲੋਂ ਫਸਲ ਦੇ ਭਾਅ ਵਿੱਚ ਕੀਤੇ ਗਏ 25 ਰੁਪਏ ਦੇ ਵਾਧੇ 'ਤੇ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਖਵਾਸਪੁਰ ਦੇ ਕਿਸਾਨ ਆਗੂ ਜਗਰੂਪ ਸਿੰਘ ਵਿਰਕ ਨੇ ਤਿੱਖੀ ਪ੍ਰਤੀਕਿਰਿਆ ਦਿੰਦਿਆਂ ਇਸ ਨੂੰ ਕਿਸਾਨਾਂ ਨਾਲ ਕੋਝਾ ਮਜ਼ਾਕ ਕਰਾਰ ਦਿੱਤਾ ਹੈ। ਉਹਨਾਂ ਕਿਹਾ ਕਿ ਇਹ ਵਾਧਾ ਨਹੀਂ ਸਗੋਂ ਕਿਸਾਨਾਂ ਦੇ ਜ਼ਖ਼ਮਾਂ 'ਤੇ ਲੂਣ ਭੁੱਕਣ ਦੇ ਬਰਾਬਰ ਹੈ। ਉਹਨਾਂ ਨੇ ਇਸ ਮਾਮੂਲੀ ਵਾਧੇ ਨੂੰ ਮੁੱਢੋਂ ਰੱਦ ਕੀਤਾ ਅਤੇ ਸਰਕਾਰ ਨੂੰ ਕਿਹਾ ਕਿ ਉਹ ਇਸ 'ਤੇ ਦੁਬਾਰਾ ਵਿਚਾਰ ਕਰੇ ਅਤੇ ਵਾਜਬ ਮੁੱਲ ਤੈਅ ਕਰਕੇ ਕਿਸਾਨਾਂ ਦੀ ਹੱਕਰਸੀ ਕਰੇ। ਵਿਰਕ ਨੇ ਕਿਹਾ ਕਿ ਖੇਤੀਬਾੜੀ ਦੀਆਂ ਲਾਗਤਾਂ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ। ਡੀਜ਼ਲ, ਖਾਦਾਂ, ਬੀਜਾਂ, ਦਵਾਈਆਂ ਅਤੇ ਮਜ਼ਦੂਰੀ ਦੇ ਖਰਚੇ ਵਧਣ ਕਾਰਨ ਕਿਸਾਨ ਪਹਿਲਾਂ ਹੀ ਆਰਥਿਕ ਦਬਾਅ ਹੇਠ ਹਨ। ਅਜਿਹੇ ਸਮੇਂ ਫਸਲ ਦੇ ਭਾਅ ਵਿੱਚ ਸਿਰਫ਼ 25 ਰੁਪਏ ਦਾ ਵਾਧਾ ਕਿਸਾਨਾਂ ਦੀਆਂ ਮੁਸ਼ਕਲਾਂ ਦਾ ਹੱਲ ਨਹੀਂ ਕਰ ਸਕਦਾ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਕਿਸਾਨਾਂ ਦੀ ਅਸਲ ਲਾਗਤ ਨੂੰ ਧਿਆਨ ਵਿੱਚ ਰੱਖਦਿਆਂ ਫਸਲਾਂ ਦੇ ਲਾਹੇਵੰਦ ਭਾਅ ਯਕੀਨੀ ਬਣਾਉਣੇ ਚਾਹੀਦੇ ਹਨ। ਕਿਸਾਨ ਆਗੂ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਕਿ ਕਿਸਾਨਾਂ ਦੀਆਂ ਮੰਗਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਖੇਤੀ ਸੰਕਟ ਦੇ ਹੱਲ ਲਈ ਠੋਸ ਕਦਮ ਚੁੱਕੇ ਜਾਣ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਸੰਤੋਖ ਪ੍ਰਧਾਨ, ਗੁਰਬਿੰਦਰ ਸਿੰਘ, ਸੁਖਦੀਪ ਸਿੰਘ ਮੰਗਾ, ਮਨਜੀਤ ਸਿੰਘ, ਪਰਮਜੀਤ ਸਿੰਘ, ਜਗਜੀਤ ਸਿੰਘ, ਨਿਰਵੈਲ ਸਿੰਘ, ਹਰਦੀਪ ਸਿੰਘ, ਰਾਜ ਸਿੰਘ, ਬੀਬੀ ਰੰਜੂ ਪੁਰੀ, ਬੀਬੀ ਜਸਵਿੰਦਰ ਕੌਰ, ਬੀਬੀ ਭਜਨ ਕੌਰ ਆਦਿ ਹਾਜ਼ਰ ਸਨ।

# ਮੁੱਖ ਚੋਣ ਕਮਿਸ਼ਨਰ ਨੂੰ ਚਲਦਾ ਕਰੋ : ਸਹਿਗਲ



ਪਠਾਨਕਟ (ਦਵਿੰਦਰ ਸਿੰਘ)- ਪਠਾਨਕੋਟ ਵਿਖੇ ਖੱਬੀਆਂ ਪਾਰਟੀਆਂ ਸੀ ਪੀ ਆਈ ਐਮ ਅਤੇ ਸੀ ਪੀ ਆਈ ਵੱਲੋਂ ਮੁੱਖ ਚੋਣ ਕਮਿਸ਼ਨਰ ਦੇ ਵਿਰੁੱਧ ਬਜ਼ਾਰ ਵਿੱਚ ਰੋਸ ਮਾਰਚ ਕਰਨ ਉਪਰੰਤ ਮੁੱਖ ਚੋਣ ਕਮਿਸ਼ਨਰ ਦਾ ਪੁਤਲਾ ਫੂਕਿਆ ਗਿਆ। ਇਸ ਵੇਲੇ ਹੋਏ ਇਕੱਠ ਨੂੰ ਕਾ. ਸੁਰਿੰਦਰ ਸਹਿਗਲ, ਕਾ. ਸੁਧਾ ਰਾਣੀ, ਪਰਸ਼ੋਤਮ ਕੁਮਾਰ, ਕੇਵਲ ਕਾਲੀਆ, ਬਿਕਰਮਜੀਤ, ਵਿਜੈ ਕੁਮਾਰ, ਅਵਿਨਾਸ਼ ਸੈਣੀ, ਜਗਦੀਸ਼ ਰਾਜ, ਚਮਨ ਲਾਲ, ਸਤ ਪ੍ਰਕਾਸ਼, ਪ੍ਰਕਾਸ਼ ਸਿੰਘ, ਸੁਰੇਸ਼ ਕੁਮਾਰ, ਇਕਬਾਲ ਸਿੰਘ, ਬਾਲ ਕ੍ਰਿਸ਼ਨ, ਸੰਤੋਖ ਸਿੰਘ, ਸੁਦਰਸ਼ਨ ਕੁਮਾਰ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਮੰਗ ਕੀਤੀ ਕਿ ਮੁੱਖ ਚੋਣ ਕਮਿਸ਼ਨਰ ਨੂੰ ਚਲਦਾ ਕਰੋ ਕਿਉਂਕਿ ਐੱਸ ਆਈ ਆਰ ਨਾਲ 13 ਕਰੋੜ ਵੋਟਰਾਂ ਦੇ ਨਾਂਅ ਕੱਟੇ ਗਏ ਹਨ। ਵਿਸ਼ੇਸ਼ ਤੀਖਣ ਸੋਧ ਦੀ ਪੂਰੀ ਪ੍ਰਕਿਰਿਆ ਹੀ ਸ਼ੱਕ ਦੇ ਘੇਰੇ ਵਿੱਚ ਰਹੀ ਹੈ। ਤੀਖਣ ਸੋਧ ਪ੍ਰਕਿਰਿਆ ਬਾਬਤ ਦੋਹਾਂ ਚੋਣ ਕਮਿਸ਼ਨਰਾਂ ਨੇ ਇਤਰਾਜ਼ ਉਠਾਏ ਅਤੇ ਕਈ ਫੈਸਲੇ ਕਮਿਸ਼ਨਰਾਂ ਦੀ ਪ੍ਰਵਾਨਗੀ ਤੋਂ ਬਗੈਰ ਹੀ ਕੀਤੇ ਗਏ ਹਨ। ਕਈ ਫੈਸਲਿਆਂ ਬਾਰੇ ਬਾਕੀ ਦੋਹਾਂ ਚੋਣ ਕਮਿਸ਼ਨਰਾਂ ਨੂੰ ਦੱਸਿਆ ਨਹੀਂ ਗਿਆ। ਮੁੱਖ ਚੋਣ ਕਮਿਸ਼ਨਰ ਗਿਆਨੇਸ਼ਵਰ ਕੁਮਾਰ ਨੇ ਗੰਭੀਰ ਅਪਰਾਧ ਕੀਤਾ ਹੈ, ਇਸ ਲਈ ਮੁੱਖ ਚੋਣ ਕਮਿਸ਼ਨਰ ਨੂੰ ਚਲਦਾ ਕਰੋ। ਉਹਨਾਂ ਮੰਗ ਕੀਤੀ ਕਿ ਮੁੱਖ ਚੋਣ ਕਮਿਸ਼ਨਰ 'ਤੇ ਅਪਰਾਧਕ ਮਾਮਲਾ ਦਰਜ ਕੀਤਾ ਜਾਵੇ।ਆਈ ਐਸ ਆਰ ਦੀ ਪ੍ਰਕਿਰਿਆ ਨੂੰ ਤਰੁੰਤ ਰੋਕਿਆ ਜਾਵੇ, ਹਟਾਏ ਗਏ ਅਸਲ ਵੋਟਰਾਂ ਨੂੰ ਮੁੜ ਸ਼ਾਮਲ ਕੀਤਾ ਜਾਵੇ। ਚੋਣ ਕਮਿਸ਼ਨਰਾਂ ਨੂੰ ਨਿਯੁਕਤ ਕਰਨ ਲਈ 2023 ਦਾ ਕਨੂੰਨ ਰੱਦ ਕੀਤਾ ਜਾਵੇ ਅਤੇ ਚੋਣ ਕਮਿਸ਼ਨਰਾਂ ਦੀ ਨਿਯੁਕਤੀ ਵਿੱਚ ਸੁਪਰੀਮ ਕੋਰਟ ਦੇ ਦਿਸ਼ਾ ਨਿਰਦੇਸ਼ਾ ਦੀ ਪਾਲਣਾ ਕੀਤੀ ਜਾਵੇ।

# ਇੰਜੀ. ਕੁਲਵਿੰਦਰ ਸਿੰਘ ਐੱਸ ਡੀ ਓ ਨੂੰ ਸਦਮਾ, ਪਿਤਾ ਦਾ ਦੇਹਾਂਤ



ਤਰਨ ਤਾਰਨ-ਪਾਵਰਕੌਮ ਦੀ ਖਡੂਰ ਸਾਹਿਬ ਸਬ ਡਵੀਜ਼ਨ ਵਿਖੇ ਤਾਇਨਾਤ ਐਸ ਡੀ ਓ ਅਤੇ ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਇੰਜੀ. ਕੁਲਵਿੰਦਰ ਸਿੰਘ ਬਾਗੜੀਆਂ ਦੇ ਪਿਤਾ ਮਾਸਟਰ ਅਮਰੀਕ ਸਿੰਘ ਸੰਖੇਪ ਬਿਮਾਰੀ ਤੋਂ ਬਾਅਦ ਬੀਤੇ ਕੱਲ੍ਹ ਸਦੀਵੀਂ ਵਿਛੋੜਾ ਦੇ ਗਏ ਸਨ, ਜਿਨ੍ਹਾਂ ਦਾ ਅੰਤਿਮ ਸੰਸਕਾਰ ਸਥਾਨਕ ਸੱਚਖੰਡ ਰੋਡ ਵਾਲੀ ਸ਼ਮਸ਼ਾਨਘਾਟ ਵਿਖੇ ਕਰ ਦਿੱਤਾ ਗਿਆ। ਉਨ੍ਹਾਂ ਦੀ ਚਿਖਾ ਨੂੰ ਅਗਨੀ ਉਨ੍ਹਾਂ ਦੇ ਪੁੱਤਰਾਨ ਇੰਜੀ. ਕੁਲਵਿੰਦਰ ਸਿੰਘ ਅਤੇ ਹੈਡਮਾਸਟਰ ਜਸਵਿੰਦਰ ਸਿੰਘ ਨੇ ਵਿਖਾਈ। ਮਾਸਟਰ ਅਮਰੀਕ ਸਿੰਘ ਦੀ ਅੰਤਿਮ ਯਾਤਰਾ ਵਿੱਚ ਸ਼ਹਿਰ ਦੇ ਪਤਵੰਤੇ ਸੱਜਣਾਂ, ਰਿਸ਼ਤੇਦਾਰਾਂ ਤੋਂ ਇਲਾਵਾ ਪਾਵਰਕੌਮ ਦੀ ਦਿਹਾਤੀ ਡਵੀਜ਼ਨ ਦੇ ਵਧੀਕ ਨਿਗਰਾਨ ਇੰਜੀ. ਹਰਪ੍ਰੀਤ ਸਿੰਘ , ਐਸ ਡੀ ਓ ਸਟੋਰ ਇੰਜੀ. ਬਲਜਿੰਦਰ ਸਿੰਘ, ਐਸ ਡੀ ਓ ਫੋਕਲ ਪੁਆਇੰਟ ਇੰਜੀ. ਮਨਪ੍ਰੀਤ ਸਿੰਘ, ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦੇ ਸੂਬਾ ਪ੍ਰਧਾਨ ਮਨਜੀਤ ਸਿੰਘ ਬਾਸਰਕੇ, ਸਰਕਲ ਸਕੱਤਰ ਪੂਰਨ ਦਾਸ , ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਗੁਰਪ੍ਰੀਤ ਸਿੰਘ ਗੰਡੀਵਿੰਡ, ਪਾਵਰਕੌਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਏਟਕ ਦੇ ਸੂਬਾ ਆਗੂ ਤਾਰਾ ਸਿੰਘ ਖਹਿਰਾ, ਸਰਕਲ ਪ੍ਰਧਾਨ ਪੂਰਨ ਸਿੰਘ ਮਾੜੀਮੇਘਾ, ਡਵੀਜ਼ਨ ਸਕੱਤਰ ਜਸਬੀਰ ਸਿੰਘ ਸ਼ੇਰੋਂ, ਇੰਪਲਾਈਜ਼ ਫੈਡਰੇਸ਼ਨ ( ਪਹਿਲਵਾਨ ) ਦੇ ਸੂਬਾ ਪ੍ਰਧਾਨ ਇੰਜੀ. ਗੁਰਭੇਜ ਸਿੰਘ ਢਿੱਲੋਂ, ਸੀ ਪੀ ਆਈ ਦੇ ਜਿਲ੍ਹਾ ਸਕੱਤਰ ਕਾ. ਦਵਿੰਦਰ ਸੋਹਲ, ਵਾਰਿਸ ਪੰਜਾਬ ਪਾਰਟੀ ਦੇ ਹਲਕਾ ਇੰਚਾਰਜ ਇਕਬਾਲ ਸਿੰਘ ਸੰਧੂ, ਸਰਕਲ ਸੁਪਰਡੈਂਟ ਕੰਵਲਜੀਤ ਕੌਰ, ਮੰਡਲ ਲੇਖਾਕਾਰ ਸਿਮਰਨਜੀਤ ਸਿੰਘ, ਇਜੀ. ਹਰਪ੍ਰੀਤ ਸਿੰਘ, ਇੰਜੀ. ਅਮਨਦੀਪ ਸਿੰਘ, ਇੰਜੀ. ਪੁਨੀਤ ਸਿੰਘ, ਇੰਜੀ. ਪ੍ਰਗਟ ਸਿੰਘ, ਇੰਜੀ. ਦਵਿੰਦਰ ਸਿੰਘ ਸ਼ੇਰੋਂ, ਇੰਜੀ. ਰਾਕੇਸ਼ ਕੁਮਾਰ ਮਲਹੋਤਰਾ, ਗੁਰਨਾਮ ਸਿੰਘ ਪੰਡੋਰੀ, ਲਖਵਿੰਦਰ ਸਿੰਘ ਬਹਿਲਾ ਆਦਿ ਤੋਂ ਇਲਾਵਾ ਪਾਵਰਕੌਮ ਅਤੇ ਸਿੱਖਿਆ ਮਹਿਕਮੇ ਦੇ ਵੱਡੀ ਗਿਣਤੀ ਕਰਮਚਾਰੀਆਂ ਨੇ ਸ਼ਾਮਲ ਹੋ ਕੇ ਇੰਜੀ. ਕੁਲਵਿੰਦਰ ਸਿੰਘ ਬਾਗੜੀਆਂ ਅਤੇ ਹੈਡਮਾਸਟਰ ਜਸਵਿੰਦਰ ਸਿੰਘ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਹਾਜ਼ਰੀਨ ਨੂੰ ਪਰਿਵਾਰਕ ਮੈਂਬਰਾਂ ਨੇ 8 ਅਕਤੂਬਰ ਨੂੰ ਮਾਸਟਰ ਅਮਰੀਕ ਸਿੰਘ ਦੀ ਅੰਤਿਮ ਅਰਦਾਸ ਜੋ ਸਥਾਨਕ ਲਕੀਰ ਸਾਹਿਬ ਗੁਰਦੁਆਰਾ ਸਾਹਿਬ ਵਿਖੇ ਰੱਖੀ ਗਈ ਹੈ ਵਿੱਚ ਸ਼ਾਮਿਲ ਹੋਣ ਬਾਰੇ ਅਪੀਲ ਕੀਤੀ ।

# ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਬਾਬਾ ਰਾਇਆ ਜੀ ਦੀ ਹੰਗਾਮੀ ਮੀਟਿੰਗ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਬਾਬਾ ਰਾਇਆ ਜੀ (ਇਕਾਈ ਲਾਲਪੁਰਾ) ਵੱਲੋਂ ਗੁਰਦਆਰਾ ਬਾਬਾ ਰਾਇਆਂ ਜੀ ਦੇ ਸਥਾਨ 'ਤੇ ਪ੍ਰਧਾਨ ਪਾਖਰ ਸਿੰਘ ਦੀ ਅਗਵਾਈ ਵਿੱਚ ਹੇਠ ਵੱਖ ਵੱਖ ਮੁੱਦਿਆਂ ਨੂੰ ਲੈ ਕੇ ਅਹਿਮ ਮੀਟਿੰਗ ਕੀਤੀ ਗਈ, ਜਿਸ ਵਿੱਚ ਲੋਕ ਮੁੱਦਿਆਂ 'ਤੇ ਵਿਚਾਰ ਚਰਚਾ ਕੀਤੀ ਗਈ। ਕਿਸਾਨ ਆਗੂ ਪਾਖਰ ਸਿੰਘ ਨੇ ਕਿਹਾ ਕਿ ਸੈਂਟਰ ਸਰਕਾਰ ਵੱਲੋਂ ਐਮ ਐਸ ਪੀ ਤੇ ਕੁਝ ਰੇਟ ਫਸਲਾਂ 'ਤੇ ਕੀਤੇ ਵਾਧੇ ਵਿੱਚ ਕਿਸਾਨਾਂ ਨਾਲ ਮਜ਼ਾਕ ਕੀਤਾ ਗਿਆ ਹੈ। ਕਿਸਾਨ ਦਾ ਝੋਨਾ ਸਰਕਾਰੀ ਖਰੀਦ ਵਿੱਚ ਪਾਇਆ ਜਾਵੇ ਅਤੇ ਸਰਕਾਰ ਨੂੰ ਪਰਾਲੀ ਦਾ ਕੋਈ ਪੱਕਾ ਹੱਲ ਕਰਨਾ ਚਾਹੀਦਾ। ਖਜ਼ਾਨਚੀ ਵਿਰਸਾ ਸਿੰਘ ਨੇ ਕਿਹਾ ਕਿ ਸੈਂਟਰ ਅਤੇ ਕਾਰਪੋਰੇਟ ਘਰਾਣਿਆਂ ਦੀਆਂ ਲੋਕ ਮਾਰੂ ਨੀਤੀਆਂ ਸਾਡੇ ਪੰਜਾਬ ਦੀਆਂ ਖੇਤੀ ਯੋਗ ਜ਼ਮੀਨਾਂ ਖੋਹ ਕੇ ਅਡਾਨੀ ਅੰਬਾਨੀ ਵਰਗੇ ਸੈਂਟਰ ਦੇ ਦਲਾਲਾਂ ਨੂੰ ਦੇਣ ਦੀ ਸਾਜਿਸ਼ ਕੀਤੀ ਜਾ ਰਹੀ ਹੈ। ਲੈਂਡ ਪੂਲਿੰਗ ਦਾ ਪੰਜਾਬ ਦੀ ਮਾਨ ਸਰਕਾਰ ਵੱਲੋਂ ਸਮਝੌਤਾ ਕਰ ਲਿਆ ਜਿਹੜਾ ਪੰਜਾਬ ਲਈ ਬਹੁਤ ਘਾਤਕ ਸਾਬਤ ਹੋਵੇਗਾ। ਕਿਸਾਨ ਆਗੂ ਹਰਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਗੈਸ, ਡੀਜ਼ਲ ਅਤੇ ਪੈਟਰੋਲ ਦੀਆਂ ਕੀਮਤਾਂ ਲਗਾਤਾਰ ਵਧਾ ਕੇ ਪੰਜਾਬ ਦੇ ਕਿਰਤੀ ਕਿਸਾਨਾਂ ਮਜ਼ਦੂਰਾਂ ਉਪਰ ਮਹਿੰਗਾਈ ਦਾ ਵੱਡਾ ਬੋਝ ਪਾਇਆ ਜਾ ਰਿਹਾ ਹੈ। ਇਹ ਮੌਕੇ ਪ੍ਰੈਸ ਸਕੱਤਰ ਗੁਰਸ਼ਰਨ ਸਿੰਘ, ਸੁਰਜੀਤ ਸਿੰਘ, ਸੰਦੀਪ ਸਿੰਘ, ਕੁਲਦੀਪ ਸਿੰਘ, ਰਛਪਾਲ ਸਿੰਘ, ਦੁਰਗਾ ਸਿੰਘ, ਬੀਚਾ ਸਿੰਘ, ਚਰਨਜੀਤ ਸਿੰਘ, ਦਲਬੀਰ ਸਿੰਘ, ਲੱਖਾ ਸਿੰਘ, ਮਿੱਠੂ ਬਾਈ, ਕੁਲਵੰਤ ਸਿੰਘ, ਹਰਦੇਵ ਸਿੰਘ ਪਰਮਜੀਤ ਸਿੰਘ ਗੁਰਦੇਵ ਸਿੰਘ ਡੀ ਜੇ, ਗੁਰਦੇਵ ਸਿੰਘ, ਦਿਲਬਾਗ ਸਿੰਘ ਆਦਿ ਆਗੂ ਹਾਜ਼ਰ ਸਨ ।

# ਮਾਨ ਦਾ ਘਨੀਏ ਕੇ ਬਾਂਗਰ ਵਿਖੇ ਪਹੁੰਚਣ 'ਤੇ ਕੀਤਾ ਜਾਵੇਗਾ ਭਰਵਾਂ ਸਵਾਗਤ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪਿੰਡ ਘਨੀਏ ਕੇ ਬਾਂਗਰ ਵਿਖੇ ਹੋ ਰਹੀ ਤਿੰਨ ਅਕਤੂਬਰ ਨੂੰ ਲੋਕ ਮਿਲਣੀ ਦੌਰਾਨ ਭਰਵਾਂ ਸਵਾਗਤ ਕੀਤਾ ਜਾਵੇਗਾ। ਹਲਕਾ ਫਤਿਹਗੜ੍ਹ ਚੂੜੀਆਂ ਤੋਂ ਆਮ ਆਦਮੀ ਪਾਰਟੀ ਦੇ ਪਿੰਡ ਮਾਨ ਸੈਂਡਵਾਲ ਤੋਂ ਸਰਪੰਚ ਜਸਪਾਲ ਸਿੰਘ, ਪਿੰਡ ਭਾਲੋਵਾਲੀ ਦੇ ਸਰਪੰਚ ਜਸਬੀਰ ਸਿੰਘ ਅਤੇ ਪਿੰਡ ਮਾਨ ਸੈਂਡਵਾਲ ਦੇ ਸਰਪੰਚ ਬਖਸ਼ੀਸ਼ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਤਿੰਨ ਅਕਤੂਬਰ ਨੂੰ ਪਿੰਡ ਘਨੀਏ ਕੇ ਬਾਂਗਰ ਵਿਖੇ ਹੋ ਰਹੀ ਲੋਕ ਮਿਲਣੀ ਦਾ ਸਮੂਹ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ। ਉਹਨਾਂ ਕਿਹਾ ਕਿ ਇਸ ਸਬੰਧੀ ਤਿਆਰੀਆਂ ਚੱਲ ਰਹੀਆਂ ਹਨ। ਉਹਨਾਂ ਸਮੂਹ ਇਲਾਕਾ ਨਿਵਾਸੀਆਂ ਨੂੰ ਵੱਡੀ ਗਿਣਤੀ ਵਿੱਚ ਇਸ ਜਨ ਸਭਾ ਵਿੱਚ ਪਹੁੰਚਣ ਦੀ ਅਪੀਲ ਕੀਤੀ। ਇਸ ਤੋਂ ਇਲਾਵਾ ਉਹਨਾਂ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਵੀ ਸ਼ਲਾਘਾ ਕੀਤੀ । ਉਹਨਾਂ ਕਿਹਾ ਕਿ ਲੋਕ 27 ਵਿੱਚ ਆਮ ਆਦਮੀ ਪਾਰਟੀ ਦੇ ਕੰਮਾਂ ਨੂੰ ਦੇਖਦੇ ਹੋਏ ਵੋਟਾਂ ਪਾਉਣਗੇ ਅਤੇ ਮੁੱਖ ਮੰਤਰੀ ਮਾਨ ਨੂੰ ਫਿਰ ਤੋਂ ਪੰਜਾਬ ਦੇ ਮੁੱਖ ਮੰਤਰੀ ਬਣਾਉਣਗੇ।

# ਧਾਰੀਵਾਲ ਇਲਾਕੇ 'ਚ ਚੋਰੀਆਂ ਤੇ ਲੁੱਟਾਂ-ਖੋਹਾਂ ਤੋਂ ਲੋਕ ਪ੍ਰੇਸ਼ਾਨ



ਧਾਰੀਵਾਲ (ਮਨਦੀਪ ਵਿੱਕੀ)- ਧਾਰੀਵਾਲ ਇਲਾਕੇ ਅੰਦਰ ਚੋਰੀਆਂ ਅਤੇ ਲੁੱਟਾਂ-ਖੋਹਾਂ ਦਾ ਸਿਲਸਿਲਾ ਲਗਾਤਾਰ ਜਾਰੀ ਰਹਿਣ ਕਾਰਨ ਲੋਕਾਂ ਵਿੱਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ। ਬੀਤੀ ਕੱਲ੍ਹ ਸ਼ਾਮ ਕਰੀਬ 6 ਵਜੇ ਧਾਰੀਵਾਲ ਦੀ ਸਾਬਕਾ ਕੌਂਸਲਰ ਹਰਜਿੰਦਰ ਕੌਰ ਜਦੋਂ ਆਪਣੇ ਘਰ ਦੇ ਨਜ਼ਦੀਕ ਸੈਰ ਕਰ ਰਹੀ ਸੀ ਤਾਂ ਸੇਵਾ ਕੇਂਦਰ ਪੁਰਾਣਾ ਧਾਰੀਵਾਲ ਨੇੜੇ ਦੋ ਮੋਟਰਸਾਈਕਲ ਸਵਾਰ ਨੌਜਵਾਨ ਉਨ੍ਹਾਂ ਦੀਆਂ ਸੋਨੇ ਦੀਆਂ ਵਾਲੀਆਂ ਝਪਟ ਕੇ ਪਿੰਡ ਪੀਰ ਦੀ ਸੈਨ ਵੱਲ ਫਰਾਰ ਹੋ ਗਏ।

ਸਾਬਕਾ ਕੌਂਸਲਰ ਹਰਜਿੰਦਰ ਕੌਰ ਨੇ ਦੱਸਿਆ ਕਿ ਉਹ ਰੋਜ਼ਾਨਾ ਦੀ ਤਰ੍ਹਾਂ ਆਪਣੇ ਘਰ ਤੋਂ ਥੋੜ੍ਹੀ ਦੂਰ ਸੈਰ ਕਰ ਰਹੀ ਸੀ। ਜਦੋਂ ਉਹ ਸੇਵਾ ਕੇਂਦਰ ਨੇੜੇ ਪਹੁੰਚੀ ਤਾਂ ਦੋ ਮੋਟਰਸਾਈਕਲ ਸਵਾਰਾਂ ਨੇ ਰੁਕ ਕੇ ਕਿਸੇ ਵਿਅਕਤੀ ਦਾ ਪਤਾ ਪੁੱਛਿਆ। ਇਸੇ ਦੌਰਾਨ ਉਨ੍ਹਾਂ ਨੇ ਅਚਾਨਕ ਝਪਟ ਮਾਰ ਕੇ ਉਸ ਦੇ ਕੰਨਾਂ ਦੀਆਂ ਸੋਨੇ ਦੀਆਂ ਵਾਲੀਆਂ ਖਿੱਚ ਲਈਆਂ ਅਤੇ ਮੌਕੇ ਤੋਂ ਫਰਾਰ ਹੋ ਗਏ। ਸਮਾਜ ਸੇਵਕ ਦਲਬੀਰ ਸਿੰਘ ਚਾਹਲ ਨੇ ਕਿਹਾ ਕਿ ਇਲਾਕੇ ਵਿੱਚ ਦੁਕਾਨਾਂ 'ਤੇ ਚੋਰੀਆਂ ਅਤੇ ਰਾਹਗੀਰਾਂ ਨਾਲ ਲੁੱਟ-ਖੋਹ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ। ਉਨ੍ਹਾਂ ਪੁਲਸ ਪ੍ਰਸ਼ਾਸਨ ਤੋਂ ਇਨ੍ਹਾਂ ਘਟਨਾਵਾਂ 'ਤੇ ਤੁਰੰਤ ਰੋਕ ਲਗਾਉਣ ਦੀ ਮੰਗ ਕੀਤੀ।

ਸਾਬਕਾ ਕੌਂਸਲਰ ਹਰਜਿੰਦਰ ਕੌਰ, ਦਲਬੀਰ ਸਿੰਘ ਚਾਹਲ ਸਮੇਤ ਇਲਾਕਾ ਵਾਸੀਆਂ ਨੇ ਐਸ ਐਸ ਪੀ ਗੁਰਦਾਸਪੁਰ ਤੋਂ ਮੰਗ ਕੀਤੀ ਕਿ ਆਮ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇ ਅਤੇ ਲੁੱਟਾਂ-ਖੋਹਾਂ ਤੇ ਚੋਰੀਆਂ ਨੂੰ ਠੱਲ੍ਹ ਪਾਉਣ ਲਈ ਸਖ਼ਤ ਕਾਰਵਾਈ ਕੀਤੀ ਜਾਵੇ।

# ਜੋੜ ਮੇਲਾ ਸ਼ਰਧਾ ਭਾਵਨਾ ਨਾਲ ਮਨਾਇਆ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਬਾਬਾ ਭਾਈ ਪੂਰੋ ਜੀ ਅਤੇ ਬਾਬਾ ਭਾਈ ਫੰਦੀ ਜੀ ਦੇ ਅਸਥਾਨ ਗੁਰਦੁਆਰਾ ਬਾਬਾ ਭਾਈ ਪੂਰੋ ਜੀ ਅਤੇ ਭਾਈ ਫੰਦੀ ਜੀ ਪਿੰਡ ਵਡਾਲਾ ਭਿੱਟੇਵੱਡ ਵਿਖੇ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਭਾਵਨਾ ਸਹਿਤ ਮਨਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਰੀ ਦੀਵਾਨ ਸਜਾਏ ਗਏ। ਦੀਵਾਨ ਦੌਰਾਨ ਭਾਈ ਬਲਦੇਵ ਸਿੰਘ ਵਡਾਲਾ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ।

ਇਸ ਉਪਰੰਤ ਭਾਈ ਸੁਖਪ੍ਰੀਤ ਸਿੰਘ ਸਭਰਾਵਾਂ ਵਾਲੇ, ਭਾਈ ਮੁਖਤਾਰ ਸਿੰਘ ਗੁਮਾਨਪੁਰਾ, ਭਾਈ ਬਲਵਿੰਦਰ ਸਿੰਘ ਦਾਦੂਪੁਰਾ, ਭਾਈ ਨਿਰੰਜਨ ਸਿੰਘ ਬੋਪਾਰਾਏ, ਭਾਈ ਪ੍ਰਿਤਪਾਲ ਸਿੰਘ ਬੋਪਾਰਾਏ, ਭਾਈ ਗੱਜਣ ਸਿੰਘ ਗਹਿਰੀ, ਭਾਈ ਗੁਰਦੇਵ ਸਿੰਘ ਪੱਧਰੀ, ਭਾਈ ਅਜਮੇਰ ਸਿੰਘ ਚੰਨ ਅਦਲੀਵਾਲਾ, ਭਾਈ ਕਸ਼ਮੀਰ ਸਿੰਘ ਤਾਜੇਚੱਕ, ਭਾਈ ਕਸ਼ਮੀਰ ਸਿੰਘ ਰਡਾਲਾ, ਭਾਈ ਕੁਲਦੀਪ ਸਿੰਘ ਦਰਾਜਕੇ, ਭਾਈ ਸਵਿੰਦਰ ਸਿੰਘ ਘਨੂੰਪੁਰ ਕਾਲੇ ਅਤੇ ਭਾਈ ਪਲਵਿੰਦਰ ਸਿੰਘ ਖਾਸਾ ਦੇ ਕਵੀਸ਼ਰੀ ਤੇ ਢਾਡੀ ਜਥਿਆਂ ਨੇ ਗੁਰ ਇਤਿਹਾਸ ਦੀਆਂ ਵਾਰਾਂ ਅਤੇ ਪ੍ਰਸੰਗ ਪੇਸ਼ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਕਥਾਵਾਚਕ ਭਾਈ ਹਰਪ੍ਰੀਤ ਸਿੰਘ ਮੱਖੂ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਸੰਗਤਾਂ ਨੂੰ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਅਤੇ ਗੁਰਬਾਣੀ ਨਾਲ ਜੁੜਨ ਦੀ ਪ੍ਰੇਰਨਾ ਦਿੱਤੀ। ਭਾਈ ਹਰਚਰਨ ਸਿੰਘ ਨੇ ਸਟੇਜ ਸਕੱਤਰ ਦੇ ਫਰਜ਼ ਨਿਭਾਏ।

ਇਸ ਮੌਕੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸੁਖਵਿੰਦਰ ਸਿੰਘ, ਮੀਤ ਪ੍ਰਧਾਨ ਸੁਰਜੀਤ ਸਿੰਘ, ਮਹਿਤਾਬ ਸਿੰਘ ਵਡਾਲਾ, ਦਲਬੀਰ ਸਿੰਘ, ਰਜਵੰਤ ਸਿੰਘ ਵਡਾਲਾ, ਵਜ਼ੀਰ ਸਿੰਘ, ਦਿਲਬਾਗ ਸਿੰਘ, ਗੁਰਜੀਤ ਸਿੰਘ ਮਿੰਟੂ, ਬਲਜੀਤ ਸਿੰਘ, ਬਲਕਾਰ ਸਿੰਘ ਦੋਧੀ, ਕਰਨਜੀਤ ਸਿੰਘ, ਯੂਸਫ਼, ਸਰਪੰਚ ਮਦਨ ਸਿੰਘ ਅਤੇ ਲਵ ਮੈਂਬਰ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਸਰਾਧਾਂ ਦੀ ਚੌਥ ਮੌਕੇ ਵੱਖ-ਵੱਖ ਪਕਵਾਨਾਂ ਦੇ ਲੰਗਰ ਲਗਾਏ



ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਧੰਨ ਧੰਨ ਬ੍ਰਹਮ ਗਿਆਨੀ ਬਾਬਾ ਬੁੱਢਾ ਜੀ ਦੇ ਜੋੜ ਮੇਲੇ ਸਰਾਧਾਂ ਦੀ ਚੌਥ ਮੌਕੇ ਹਰ ਸਾਲ ਦੀ ਤਰ੍ਹਾਂ ਪਿੰਡ ਛਾਂਗਿਆਵਾਲੀ ਵਿਖੇ ਬਾਬਾ ਪਲਵਿੰਦਰ ਸਿੰਘ ਦੇ ਗ੍ਰਹਿ ਵਿਖੇ ਪਿੰਡ ਮਾਨ ਸੈਂਡਵਾਲ ਦੀ ਸਮੂਹ ਸਾਧ ਸੰਗਤ ਵੱਲੋਂ ਚਾਹ ਪਕੌੜਿਆਂ ਅਤੇ ਛੋਲੇ ਪੂਰੀਆਂ ਦੇ ਲੰਗਰ ਲਗਾਏ ਗਏ। ਇਸ ਮੌਕੇ ਬਾਬਾ ਪਲਵਿੰਦਰ ਸਿੰਘ ਦੇ ਗ੍ਰਹਿ ਵਿਖੇ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਉਪਰੰਤ ਸੰਗਤਾਂ ਨੂੰ ਲੰਗਰ ਛਕਾਏ ਗਏ। ਗੁਰਦੁਆਰਾ ਪ੍ਰਬੰਧਕ ਕਮੇਟੀ ਮਾਨ ਸੈਂਡਵਾਲ ਦੇ ਪ੍ਰਧਾਨ ਸੁਖਜਿੰਦਰ ਸਿੰਘ ਅਤੇ ਗ੍ਰੰਥੀ ਬਾਬਾ ਬਲਦੇਵ ਸਿੰਘ ਨੇ ਹਾਜ਼ਰ ਸੰਗਤਾਂ ਦਾ ਧੰਨਵਾਦ ਕੀਤਾ ਤੇ ਵਿਸ਼ੇਸ਼ ਤੌਰ 'ਤੇ ਕਾਹਲੋਂ ਪਰਿਵਾਰ ਦਾ ਧੰਨਵਾਦ ਕਰਦਿਆਂ ਕਿਹਾ ਕੇ ਇਸ ਪਰਵਾਰ ਵੱਲੋਂ ਹਰ ਸਾਲ ਗੁਰੂ ਦੇ ਲੰਗਰਾਂ ਲਈ ਵੱਧ ਤੋਂ ਵੱਧ ਸੇਵਾ ਦਿੱਤੀ ਜਾਂਦੀ ਹੈ। ਇਸ ਮੌਕੇ ਪ੍ਰਧਾਨ ਸੁਖਜਿੰਦਰ ਸਿੰਘ, ਬਾਬਾ ਬਲਦੇਵ ਸਿੰਘ, ਮਾਸਟਰ ਨਰਿੰਦਰ ਸਿੰਘ, ਡਾ ਕੰਵਲਜੀਤ ਸਿੰਘ, ਬਲਵਿੰਦਰ ਸਿੰਘ ਮੁਲਾਜ਼ਮ, ਹਰਪਾਲ ਸਿੰਘ ਮੈਂਬਰ, ਮਨਜਿੰਦਰ ਸਿੰਘ, ਆੜ੍ਹਤੀ ਸਰਬਜੀਤ ਸਿੰਘ ਕਾਹਲੋਂ, ਆਸ਼ੂ, ਅਮਰਜੀਤ ਸਿੰਘ, ਜਗਤਾਰ ਸਿੰਘ, ਭਿੰਦਾ, ਘੁੱਲਾ ਮਕੈਨਿਕ, ਕਸ਼ਮੀਰ ਸਿੰਘ, ਬਗੀਚਾ ਸਿੰਘ, ਹਰਜਿੰਦਰ ਸਿੰਘ, ਮਨਜੀਤ ਸਿੰਘ ਟੇਲਰ, ਰਣਬੀਰ ਸਿੰਘ, ਜੋਨੀ ਆਦਿ ਹਾਜ਼ਰ ਸਨ।

# ਗੌਂਸਪੁਰਾ ਦੇ ਸਰਕਾਰੀ ਹਾਈ ਸਕੂਲ 'ਚ ਗਾਈਡੈਂਸ ਗਤੀਵਿਧੀਆਂ ਦੀ ਸਮੀਖਿਆ



ਬਟਾਲਾ (ਡਾਕਟਰ ਮਲਵਿੰਦਰ ਸਿੰਘ)-ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਗੁਰਦਾਸਪੁਰ ਰਾਜੇਸ਼ ਕੁਮਾਰ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਵੱਲੋਂ ਬਟਾਲਾ ਬਲਾਕ ਅਧੀਨ ਸਰਕਾਰੀ ਹਾਈ ਸਕੂਲ ਗੌਂਸਪੁਰਾ ਦਾ ਵਿਸ਼ੇਸ਼ ਵਿਜ਼ਿਟ ਕਰਕੇ ਸਕੂਲ ਵਿੱਚ ਚੱਲ ਰਹੀਆਂ ਗਾਈਡੈਂਸ ਅਤੇ ਕਰੀਅਰ ਕੌਂਸਲਿੰਗ ਗਤੀਵਿਧੀਆਂ ਦਾ ਜਾਇਜ਼ਾ ਲਿਆ ਗਿਆ। ਸਕੂਲ ਪਹੁੰਚਣ 'ਤੇ ਪ੍ਰਿੰਸੀਪਲ ਚਰਨਜੀਤ ਕੌਰ ਰੰਧਾਵਾ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।

ਵਿਜ਼ਿਟ ਦੌਰਾਨ ਪ੍ਰਿੰਸੀਪਲ ਨੇ ਸਕੂਲ ਵਿੱਚ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਕਰਵਾਈਆਂ ਜਾ ਰਹੀਆਂ ਗਾਈਡੈਂਸ, ਕਰੀਅਰ ਕੌਂਸਲਿੰਗ ਅਤੇ ਹੋਰ ਵਿਦਿਆਰਥੀ-ਕੇਂਦਰਿਤ ਗਤੀਵਿਧੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਸਕੂਲ ਦੇ ਗਾਈਡੈਂਸ ਸਬੰਧੀ ਰਿਕਾਰਡ ਅਤੇ ਗਤੀਵਿਧੀਆਂ ਦੀ ਵੀ ਸਮੀਖਿਆ ਕੀਤੀ ਗਈ। ਇਸ ਤੋਂ ਇਲਾਵਾ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਅਤੇ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸਕੂਲ ਵਿੱਚ ਕਰਵਾਈਆਂ ਜਾ ਰਹੀਆਂ ਵੱਖ-ਵੱਖ ਜਾਗਰੂਕਤਾ ਅਤੇ ਰਚਨਾਤਮਕ ਗਤੀਵਿਧੀਆਂ ਨਾਲ ਸੰਬੰਧਤ ਰਿਕਾਰਡ ਦਾ ਵੀ ਜਾਇਜ਼ਾ ਲਿਆ ਗਿਆ।

ਮੁਕੇਸ਼ ਵਰਮਾ ਨੇ ਸਕੂਲ ਪ੍ਰਬੰਧਨ ਨੂੰ ਇਨ੍ਹਾਂ ਗਤੀਵਿਧੀਆਂ ਨੂੰ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ।ਇਸ ਮੌਕੇ ਮੁਕੇਸ਼ ਵਰਮਾ ਨੇ ਵਿਦਿਆਰਥੀਆਂ ਨੂੰ ਕਿੱਤਾ-ਮੁਖੀ ਕੋਰਸਾਂ, ਉੱਚ ਸਿੱਖਿਆ ਦੇ ਮੌਕਿਆਂ, ਵੱਖ-ਵੱਖ ਕਰੀਅਰ ਵਿਕਲਪਾਂ ਅਤੇ ਪ੍ਰਤਿਯੋਗੀ ਪ੍ਰੀਖਿਆਵਾਂ ਸਬੰਧੀ ਜਾਣਕਾਰੀ ਦਿੱਤੀ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਭਵਿੱਖ ਲਈ ਸਪਸ਼ਟ ਟੀਚਾ ਨਿਰਧਾਰਤ ਕਰਕੇ ਉਸ ਦੀ ਪ੍ਰਾਪਤੀ ਵਾਸਤੇ ਨਿਰੰਤਰ ਮਿਹਨਤ, ਅਨੁਸ਼ਾਸਨ ਅਤੇ ਪੂਰੇ ਫੋਕਸ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

# ਸੰਪਰਕ ਸੜਕ 'ਤੇ ਮੋਟਾ ਪੱਥਰ ਪਾਉਣ ਨਾਲ ਲੋਕਾਂ ਨੂੰ ਆ ਰਹੀਆਂ ਭਾਰੀ ਮੁਸ਼ਕਲਾਂ

ਗੁਰਦਾਸਪੁਰ (ਜਨਕ ਮਹਾਜਨ)- ਵਿਧਾਨ ਸਭਾ ਹਲਕਾ ਦੀਨਾਨਗਰ ਅੰਦਰ ਪੈਂਦੇ ਪਿੰਡ ਪੱਖੋਵਾਲ ਨਡਾਲਾ ਤੋਂ ਚੇਚੀਆਂ ਛਾਉੜੀਆਂ ਨੂੰ ਜਾਣ ਵਾਲੇ ਸੰਪਰਕ ਸੜਕ 'ਤੇ ਠੇਕੇਦਾਰ ਨੇ ਸੜਕ ਦੀ ਮੁਰੰਮਤ ਵਾਸਤੇ ਮੋਟਾ ਪੱਥਰ ਪਾ ਦਿੱਤਾ ਹੈ ਪਰ ਹੁਣ ਪ੍ਰੀਮਕਸ ਨਹੀਂ ਪਾਈ ਜਾ ਰਹੀ, ਜਿਸ ਕਰਕੇ ਇਲਾਕੇ ਦੇ ਲੋਕਾਂ ਦਾ ਮਹਿਕਮੇ ਤੇ ਠੇਕੇਦਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਇਲਾਕਾ ਨਿਵਾਸੀ ਅਵਤਾਰ ਸਿੰਘ, ਰਵੀ ਸਿੰਘ, ਰਾਜਵੀਰ ਸਿੰਘ, ਬੱਬੂ ਅਤੇ ਸੁੱਖਾ ਸਿੰਘ ਨੇ ਦੱਸਿਆ ਕਿ ਪਹਿਲਾਂ ਹੀ ਸੜਕਾਂ ਦੀ ਹਾਲਤ ਕਾਫੀ ਮਾੜੀ ਹੋਈ ਪਈ ਸੀ ਅਤੇ ਹੁਣ ਮਹਿਕਮੇ ਨੇ ਸੜਕ 'ਤੇ ਮੋਟਾ ਪੱਥਰ ਪਾ ਦਿੱਤਾ ਹੈ ਜਿਥੋਂ ਲੋਕਾਂ ਦਾ ਲੰਘਣਾ ਮੁਸ਼ਕਲ ਹੋ ਚੁੱਕਾ ਹੈ। ਉਨ੍ਹਾਂ ਕਿਹਾ ਇਸ ਨਾਲ ਇਕ ਦਰਜਨ ਤੋਂ ਵੱਧ ਪਿੰਡਾਂ ਦੇ ਲੋਕ ਪੂਰੀ ਤਰ੍ਹਾਂ ਨਾਲ ਪ੍ਰਭਾਵਿਤ ਹੋ ਰਹੇ ਹਨ। ਉਨ੍ਹਾਂ ਨੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਸੜਕ 'ਤੇ ਪ੍ਰੀਮਿਕਸ ਪਾਉਣ ਲਈ ਸੰਬੰਧਤ ਵਿਭਾਗ ਨੂੰ ਹੁਕਮ ਜਾਰੀ ਕੀਤੇ ਜਾਣ ਤਾਂ ਜੋ ਲੋਕਾਂ ਨੂੰ ਆ ਰਹੀ ਮੁਸ਼ਕਿਲ ਤੋਂ ਰਾਹਤ ਮਿਲ ਸਕੇ।

# ਐੱਨ ਐੱਚ ਐੱਮ ਮੁਲਾਜ਼ਮਾਂ ਵੱਲੋਂ ਰੋਸ ਮਾਰਚ



ਤਰਨ ਤਾਰਨ/ਚੋਹਲਾ ਸਾਹਿਬ (ਰਮਨ ਚੱਡਾ)-ਐਨ.ਐਚ.ਐਮ. ਇੰਪਲਾਈਜ਼ ਯੂਨੀਅਨ ਪੰਜਾਬ ਦੇ ਸੱਦੇ 'ਤੇ ਜ਼ਿਲ੍ਹੇ ਦੇ ਸਮੂਹ ਐਨ.ਐਚ.ਐਮ. ਮੁਲਾਜ਼ਮਾਂ ਵੱਲੋਂ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਲੈ ਕੇ ਸਿਵਲ ਹਸਪਤਾਲ ਤਰਨ ਤਾਰਨ ਤੋਂ ਬੋਹੜੀ ਚੌਂਕ ਤੱਕ ਰੋਸ ਮਾਰਚ ਕੱਢਿਆ ਗਿਆ। ਇਹਨਾਂ ਵਿਚਾਰਾਂ ਪ੍ਰਗਟਾਵਾ ਯੂਨੀਅਨ ਦੇ ਪ੍ਰਧਾਨ ਮਨਦੀਪ ਸਿੰਘ, ਜੈਸਮੀਨ ਕੌਰ, ਰਵਿੰਦਰ ਕੌਰ ਨੇ ਸਾਂਝੇ ਰੂਪ ਵਿੱਚ ਕੀਤਾ। ਉਹਨਾਂ ਦੱਸਿਆ ਕਿ ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਾਮਲ ਹੋਏ ਮੁਲਾਜ਼ਮਾਂ ਵੱਲੋਂ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਗਟ ਕਰਦਿਆਂ ਨਾਅਰੇਬਾਜ਼ੀ ਕੀਤੀ ਅਤੇ ਆਪਣੀਆਂ ਜਾਇਜ਼ ਅਤੇ ਹੱਕੀ ਮੰਗਾਂ ਸਬੰਧੀ ਅਤੇ ਸਰਕਾਰ ਦੇ ਝੂਠੇ ਵਾਅਦਿਆਂ ਬਾਰੇ ਆਮ ਜਨਤਾ ਨੂੰ ਜਾਗਰੂਕ ਕੀਤਾ ਗਿਆ। ਜਦੋਂ ਸ਼ਾਂਤਮਈ ਰੋਸ ਮਾਰਚ ਕਰਦੇ ਹੋਏ ਮੁਲਾਜ਼ਮ ਬੋਹੜੀ ਚੌਕ ਪਹੁੰਚੇ ਤਾਂ ਓਥੋਂ ਸਰਕਾਰੀ ਬੱਸਾਂ ਚ ਬੈਠ ਮਾਵਾਂ ਧੀਆਂ ਸਤਿਕਾਰ ਯੋਜਨਾ ਸੰਬੰਧੀ ਰੈਲੀ 'ਚ ਸ਼ਾਮਲ ਹੋਣ ਜਾ ਰਹੇ ਆਪ ਵਰਕਰਾਂ ਵੱਲੋਂ ਆਪਣੀਆਂ ਰੈਲੀ ਦੀਆਂ ਬੱਸਾਂ ਨੂੰ ਪਹਿਲਾਂ ਕੱਢਣ ਲਈ ਮੁਲਾਜ਼ਮਾਂ (ਜਿਸ ਵਿੱਚ ਵੱਡੀ ਗਿਣਤੀ 'ਚ ਮਹਿਲਾ ਮੁਲਾਜ਼ਮ ਸ਼ਾਮਲ ਸਨ) ਦੇ ਮਾਰਚ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਗਈ ਜਿਸ ਦਾ ਐਨ.ਐਚ.ਐਮ ਮੁਲਾਜ਼ਮਾਂ ਵੱਲੋਂ ਡਟ ਕੇ ਵਿਰੋਧ ਕੀਤਾ ਗਿਆ ਅਤੇ ਕਿਹਾ ਕਿ ਉਹ ਵੀ ਇਸ ਪੰਜਾਬ ਦੀਆਂ ਹੀ ਮਾਵਾਂ-ਧੀਆਂ ਹਨ, ਜਿਨ੍ਹਾਂ ਨੂੰ ਸਰਕਾਰ ਦੀਆਂ ਮਾਰੂ ਨੀਤੀਆਂ ਕਰਕੇ ਸੜਕਾਂ ਤੇ ਉੱਤਰ ਕੇ ਮਜਬੂਰਨ ਰੋਸ ਪ੍ਰਦਰਸ਼ਨ ਕਰਨਾ ਪੈ ਰਿਹਾ ਹੈ। ਇਸ ਮੌਕੇ ਯੂਨੀਅਨ ਆਗੂ ਮਨਦੀਪ ਸਿੰਘ ਨੇ ਕਿਹਾ ਕਿ ਐਨ.ਐਚ.ਐਮ. ਮੁਲਾਜ਼ਮ ਪਿਛਲੇ ਲੰਮੇ ਸਮੇਂ ਤੋਂ ਸਿਹਤ ਵਿਭਾਗ ਦੇ ਵੱਖ-ਵੱਖ ਪ੍ਰੋਗਰਾਮਾਂ ਅਤੇ ਸਿਹਤ ਸੇਵਾਵਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਹਨ। ਇਸ ਦੇ ਬਾਵਜੂਦ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਨੂੰ ਲੰਬੇ ਸਮੇਂ ਤੋਂ ਅਣਗੌਲਿਆ ਕੀਤਾ ਜਾ ਰਿਹਾ ਹੈ। ਯੂਨੀਅਨ ਆਗੂ ਰਵਿੰਦਰ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੰਗਾਂ ਦੇ ਸਥਾਈ ਅਤੇ ਸਾਰਥਕ ਹੱਲ ਲਈ ਕੋਈ ਠੋਸ ਕਾਰਵਾਈ ਨਹੀਂ ਕੀਤੀ ਗਈ ਹੈ। ਯੂਨੀਅਨ ਆਗੂ ਰਜਨੀ ਸ਼ਰਮਾ ਨੇ ਵਿਸ਼ੇਸ਼ ਤੌਰ 'ਤੇ ਪਿਛਲੇ ਦਿਨੀਂ ਵਿੱਤ ਮੰਤਰੀ ਪੰਜਾਬ ਅਤੇ ਸਿਹਤ ਮੰਤਰੀ ਪੰਜਾਬ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਸ ਮੀਟਿੰਗ ਵਿੱਚ ਐਨ.ਐਚ.ਐਮ. ਮੁਲਾਜ਼ਮਾਂ ਦੀਆਂ ਸਮੱਸਿਆਵਾਂ ਅਤੇ ਮੰਗਾਂ ਦੇ ਹੱਲ ਲਈ ਐਨ.ਐਚ.ਐਮ. ਇੰਪਲਾਈਜ਼ ਵੈੱਲਫੇਅਰ ਕਮੇਟੀ ਗਠਿਤ ਕਰਨ ਦਾ ਫ਼ੈਸਲਾ ਕੀਤਾ ਗਿਆ ਸੀ। ਵਿੱਤ ਮੰਤਰੀ ਵੱਲੋਂ ਇਸ ਸਬੰਧੀ 15 ਦਿਨਾਂ ਦੀ ਡੈਡਲਾਈਨ ਦਿੱਤੀ ਗਈ ਸੀ, ਪਰ ਡੈਡਲਾਈਨ ਬੀਤ ਜਾਣ ਦੇ ਬਾਵਜੂਦ ਅਜੇ ਤੱਕ ਐਨ.ਐਚ.ਐਮ. ਇੰਪਲਾਈਜ਼ ਵੈਲਫੇਅਰ ਕਮੇਟੀ ਦੀ ਇੱਕ ਵੀ ਮੀਟਿੰਗ ਨਹੀਂ ਕੀਤੀ ਗਈ। ਇਸ ਕਾਰਨ ਐਨ.ਐਚ.ਐਮ. ਮੁਲਾਜ਼ਮਾਂ ਵਿੱਚ ਸਰਕਾਰ ਪ੍ਰਤੀ ਭਾਰੀ ਰੋਸ ਅਤੇ ਨਿਰਾਸ਼ਾ ਪਾਈ ਜਾ ਰਹੀ ਹੈ। ਮੁਲਾਜ਼ਮਾਂ ਵੱਲੋਂ ਮੰਗ ਕੀਤੀ ਗਈ ਕਿ ਐਨ.ਐਚ.ਐਮ. ਇੰਪਲਾਈਜ਼ ਵੈਲਫੇਅਰ ਕਮੇਟੀ ਦੀ ਤੁਰੰਤ ਮੀਟਿੰਗ ਬੁਲਾਈ ਜਾਵੇ ਅਤੇ ਮੰਗਾਂ ਦੇ ਹੱਲ ਲਈ ਸਮਾਂਬੱਧ ਢੰਗ ਨਾਲ ਠੋਸ ਫ਼ੈਸਲੇ ਕੀਤੇ ਜਾਣ, ਤਾਂ ਜੋ ਐਨ.ਐਚ.ਐਮ. ਮੁਲਾਜ਼ਮ ਬਿਨਾਂ ਕਿਸੇ ਰੁਕਾਵਟ ਦੇ ਸਿਹਤ ਵਿਭਾਗ ਦੀਆਂ ਸੇਵਾਵਾਂ ਨੂੰ ਹੋਰ ਬਿਹਤਰ ਢੰਗ ਨਾਲ ਜਾਰੀ ਰੱਖ ਸਕਣ। ਇਸ ਸਮੇਂ ਤਰਸੇਮ ਸਿੰਘ, ਸੰਦੀਪ ਸਿੰਘ ਬੀ ਐਸ ਏ, ਸੰਦੀਪ ਸਿੰਘ ਆਈ ਏ, ਰਮਨਦੀਪ ਕੌਰ ਸੀ.ਐਚ.ਓ. ਕੈਰੋਂ, ਜੁਗਰਾਜ ਸਿੰਘ, ਵਿਦਿਆ ਦੇਵੀ, ਅਮਰਜੀਤ ਕੌਰ ਸੀ.ਐਚ.ਓ ਖੇਮਕਰਨ, ਕੁਲਵੰਤ ਕੌਰ, ਸੁਪ੍ਰੀਤ ਕੌਰ, ਨਵਜੋਤ ਕੌਰ ਸਰਹਾਲੀ, ਜੈਸਮੀਨ ਕੌਰ, ਜੀਵਨਜੋਤ ਸਿੰਘ, ਮਨਦੀਪ ਕੌਰ ਸੀ.ਐਚ.ਓ ਝਬਾਲ, ਮਨਜਿੰਦਰ ਸਿੰਘ, ਕਮਲਜੀਤ ਕੌਰ, ਮਨਿੰਦਰ ਕੌਰ ਆਦਿ ਐਨ.ਐਚ.ਐਮ ਕਰਮਚਾਰੀ ਹਾਜ਼ਰ ਸਨ।

# ਕੇਂਦਰ ਸਰਕਾਰ ਨਵਾਂ ਕਾਨੂੰਨ ਰੱਦ ਕਰਕੇ ਮਨਰੇਗਾ ਬਹਾਲ ਕਰੇ : ਗੁਰਮੇਸ਼ ਸਿੰਘ



ਪਠਾਨਕੋਟ (ਦਵਿੰਦਰ ਸਿੰਘ)- ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਪਠਾਨਕੋਟ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਕਾ. ਰਾਮ ਸਰਨ ਦੀ ਪ੍ਰਧਾਨਗੀ ਹੇਠ ਜਥੇਬੰਦੀ ਦੇ ਦਫ਼ਤਰ ਗਾਂਧੀ ਚੌਂਕ ਪਠਾਨਕੋਟ ਵਿਖੇ ਹੋਈ। ਜਿਸ ਮੀਟਿੰਗ ਨੂੰ ਸੂਬਾਈ ਆਗੂ ਕਾ ਗੁਰਮੇਸ਼ ਸਿੰਘ ਨੇ ਸੰਬੋਧਨ ਕੀਤਾ। ਇਸ ਵੇਲੇ ਮੀਟਿੰਗ ਵਿੱਚ ਕਾ. ਰਾਮ ਸਰਨ, ਪਰਸ਼ੋਤਮ ਕੁਮਾਰ, ਸੂਬਾਈ ਆਗੂ ਕਾ. ਸੁਧਾ ਰਾਣੀ, ਗੁੱਡੋ ਦੇਵੀ ਸ਼ਾਹਪੁਰ ਕੰਡੀ, ਭਗਤ ਰਾਮ, ਜਗਦੀਸ਼ ਰਾਜ ਦੌਲਤਪੁਰ, ਤਰਸੇਮ ਲਾਲ ਭੁਲਚਕ, ਲੇਖ ਰਾਜ ਐਮਾ ਹਾਜ਼ਰ ਸਨ। ਸੰਬੋਧਨ ਕਰਦਿਆਂ ਸੂਬਾਈ ਆਗੂ ਕਾ. ਗੁਰਮੇਸ਼ ਸਿੰਘ ਨੇ ਮੰਗ ਕੀਤੀ ਕਿ ਮਨਰੇਗਾ ਨੂੰ ਤੋੜ ਕੇ ਲਿਆਂਦਾ ਕਨੂੰਨ ਮਜ਼ਦੂਰ ਵਿਰੋਧੀ ਹੈ।ਇਸ ਨੂੰ ਰੱਦ ਕੀਤਾ ਜਾਵੇ ਅਤੇ ਮਨਰੇਗਾ ਨੂੰ ਬਹਾਲ ਕੀਤਾ ਜਾਵੇ। ਨਵਾਂ ਕਨੂੰਨ ਮਜ਼ਦੂਰ ਦੇ ਕੰਮ ਦੀ ਗਰੰਟੀ ਨੂੰ ਖਤਮ ਕਰਦਾ ਹੈ। ਕੰਮ ਨਾ ਮਿਲਣ ਦੀ ਸੂਰਤ ਵਿੱਚ ਕੋਈ ਮੁਆਵਜ਼ਾ ਨਹੀਂ ਦੇਂਦਾ। ਇਸ ਵਿਚ ਰਾਜਾਂ ਦਾ ਹਿੱਸਾ ਵਧਾ ਦਿੱਤਾ ਹੈ। ਰਾਜ ਸਰਕਾਰਾਂ ਇਹ ਹਿੱਸਾ ਨਹੀਂ ਪਾ ਸਕਣਗੀਆਂ। ਗਰਾਂਟ ਨਾ ਮਿਲਣ ਕਾਰਨ ਮਨਰੇਗਾ ਵਿੱਚ ਰੁਜ਼ਗਾਰ ਖਤਮ ਹੋ ਜਾਵੇਗਾ। ਮਨਰੇਗਾ ਦੇ ਅਧਿਕਾਰ ਸਥਾਨਕ ਪ੍ਰਸ਼ਾਸ਼ਨ ਤੋਂ ਖੋਹ ਕੇ ਕੇਂਦਰ ਕੋਲ ਚਲੇ ਗਏ ਹਨ। ਹੁਣ ਫੈਸਲਾ ਕੇਂਦਰ ਕਰੇਗਾ ਕਿ ਕਿਸ ਚੋਣਵੇਂ ਇਲਾਕੇ ਵਿੱਚ ਰੁਜ਼ਗਾਰ ਮਿਲੇਗਾ। ਇਸ ਤਰ੍ਹਾ ਮਜ਼ਦੂਰ ਬੇਰੁਜ਼ਗਾਰ ਹੋ ਜਾਵੇਗਾ। ਉਹਨਾਂ ਮੰਗ ਕੀਤੀ ਕਿ ਬਿਜਲੀ ਬਿੱਲ 2025 ਰੱਦ ਕੀਤਾ ਜਾਵੇ। ਬੀਜ ਬਿੱਲ 2026 ਕਿਸਾਨ ਕੋਲੋਂ ਬੀਜ ਦਾ ਅਧਿਕਾਰ ਖੋਹ ਲੈਂਦਾ ਹੈ। ਕਿਸਾਨ ਵਿਰੋਧੀ ਬੀਜ ਬਿੱਲ ਵਾਪਸ ਲਿਆ ਜਾਵੇ। ਲੇਬਰ ਕੋਡ ਰੱਦ ਕਰਕੇ ਲੇਬਰ ਲਾਅ ਬਹਾਲ ਕੀਤੇ ਜਾਣ। ਮਜ਼ਦੂਰ ਦੇ ਦਿਹਾੜੀ ਦੇ ਘੰਟੇ 12 ਕਰ ਦਿੱਤੇ ਹਨ। ਉਹਨਾਂ ਕਿਹਾ ਕਿ ਕਾਲੇ ਕਾਨੂੰਨਾਂ ਨੂੰ ਰੱਦ ਕਰਾਉਣ ਅਤੇ ਮੰਗਾਂ ਨੂੰ ਮਨਵਾਉਣ ਲਈ ਜਥੇਬੰਦੀ ਨੂੰ ਮਜ਼ਬੂਤ ਕਰੋ।ਜਨਰਲ ਸਕੱਤਰ ਕਾ ਪਰਸ਼ੋਤਮ ਕੁਮਾਰ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਮੈਂਬਰਸ਼ਿਪ ਵਿੱਚ ਵਾਧਾ ਕੀਤਾ ਜਾਵੇਗਾ। ਸਾਰੇ ਯੂਨਿਟ ਦੀਆ ਚੋਣਾਂ ਕਰਵਾਈਆਂ ਜਾਣਗੀਆਂ। ਲੱਗੇ ਬਿਲਡੰਗ ਫੰਡ ਦਾ ਕੋਟੇ ਪੂਰੇ ਕੀਤੇ ਜਾਣਗੇ। ਅੰਤ ਵਿੱਚ ਪ੍ਰਧਾਨ ਕਾ. ਰਾਮ ਸਰਨ ਨੇ ਆਏ ਆਗੂਆਂ ਦਾ ਧੰਨਵਾਦ ਕੀਤਾ।

# ਈ ਟੀ ਓ ਵੱਲੋਂ ਸੀ ਬੀ ਐੱਸ ਈ ਨੈਸ਼ਨਲ ਹਾਕੀ ਚੈਂਪੀਅਨਸ਼ਿਪ ਦਾ ਉਦਘਾਟਨ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਅਕੈਡਮੀ, ਮਹਿਤਾ ਚੌਂਕ ਵਿਖੇ ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ-2026 ਦੇ ਪਹਿਲੇ ਦਿਨ ਖਿਡਾਰੀਆਂ ਵਿਚਕਾਰ ਜ਼ਬਰਦਸਤ ਅਤੇ ਰੋਮਾਂਚਕ ਮੁਕਾਬਲੇ ਕਰਵਾਏ ਗਏ। ਇਸ ਮੌਕੇ ਅੰਡਰ-17 ਵਰਗ ਵਿੱਚ ਓ.ਪੀ. ਜਿੰਦਲ ਸਕੂਲ, ਛੱਤੀਸਗੜ੍ਹ ਅਤੇ ਕੋਡਾਗੂ ਵਿਦਿਆਲੇ ਸਕੂਲ, ਕਰਨਾਟਕਾ ਦੀਆਂ ਟੀਮਾਂ ਵਿਚਕਾਰ ਦਿਲਚਸਪ ਮੁਕਾਬਲਾ ਹੋਇਆ। ਦੋਵਾਂ ਟੀਮਾਂ ਦੇ ਖਿਡਾਰੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ, ਜਿਸ ਵਿੱਚ ਕੋਡਾਗੂ ਵਿਦਿਆਲੇ ਸਕੂਲ, ਕਰਨਾਟਕਾ ਦੀ ਟੀਮ ਨੇ ਸ਼ਾਨਦਾਰ ਜਿੱਤ ਦਰਜ ਕੀਤੀ। ਚੈਂਪੀਅਨਸ਼ਿਪ ਦੇ ਉਦਘਾਟਨੀ ਮੁਕਾਬਲੇ ਮੌਕੇ ਮੁੱਖ ਮਹਿਮਾਨ ਵਜੋਂ ਸਰਦਾਰ ਹਰਭਜਨ ਸਿੰਘ ਈ.ਟੀ.ਓ., ਕੈਬਨਿਟ ਮੰਤਰੀ, ਲੋਕ ਨਿਰਮਾਣ ਵਿਭਾਗ, ਪੰਜਾਬ ਸਰਕਾਰ ਲਖਵਿੰਦਰ ਸਿੰਘ ਚੇਅਰਮੈਨ ਮਾਰਕੀਟ ਕਮੇਟੀ ਵਿਸ਼ੇਸ਼ ਤੌਰ 'ਤੇ ਪਹੁੰਚੇ। ਇਸ ਤੋਂ ਇਲਾਵਾ ਐੱਸ.ਐੱਚ.ਓ. ਮਹਿਤਾ ਅਤੇ ਸਰਪੰਚ ਮਹਿਤਾ ਚੌਂਕ ਅਜੇ ਗਾਂਧੀ ਨੇ ਵੀ ਸਕੂਲ ਵਿਖੇ ਪਹੁੰਚ ਕੇ ਖਿਡਾਰੀਆਂ ਦਾ ਹੌਸਲਾ ਵਧਾਇਆ । ਇਸ ਮੌਕੇ ਈ.ਟੀ.ਓ. ਨੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਪਹੁੰਚੇ ਸਾਰੇ ਖਿਡਾਰੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਵੱਧ-ਚੜ੍ਹ ਕੇ ਭਾਗ ਲੈਣ ਅਤੇ ਆਪਣੇ ਸਰੀਰਕ ਤੇ ਮਾਨਸਿਕ ਵਿਕਾਸ ਵੱਲ ਵਿਸ਼ੇਸ਼ ਧਿਆਨ ਦੇਣ ਲਈ ਪ੍ਰੇਰਿਤ ਕੀਤਾ।

ਉਨ੍ਹਾਂ ਨੇ ਵੱਖ-ਵੱਖ ਰਾਜਾਂ ਤੋਂ ਆਪਣੇ ਖਿਡਾਰੀਆਂ ਨੂੰ ਲੈ ਕੇ ਪਹੁੰਚੇ ਕੋਚ ਸਾਹਿਬਾਨ ਅਤੇ ਸਕੂਲ ਪ੍ਰਬੰਧਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਖਿਡਾਰੀਆਂ ਨੂੰ ਰਾਸ਼ਟਰੀ ਪੱਧਰ 'ਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਸਕੂਲ ਦੇ ਡਾਇਰੈਕਟਰ-ਕਮ-ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ, ਹਰਸ਼ਦੀਪ ਸਿੰਘ, ਪ੍ਰਿੰਸੀਪਲ ਦਸ਼ਮੇਸ਼ ਪਬਲਿਕ ਸਕੂਲ, ਅਵਤਾਰ ਸਿੰਘ ਬੁੱਟਰ, ਕੋਚ ਬਲਜਿੰਦਰ ਸਿੰਘ, ਕੋਚ ਮਨਮੀਤ ਸਿੰਘ ਅਤੇ ਹੋਰ ਅਧਿਆਪਕ ਸਾਹਿਬਾਨ ਹਾਜ਼ਰ ਰਹੇ।

# ਨੌਜਵਾਨ ਦੀ ਐਕਸੀਡੈਂਟ ਹੋਣ 'ਤੇ ਗੱਡੀ 'ਚ ਸੜਨ ਨਾਲ ਮੌਤ



**ਸ੍ਰੀ ਗੋਇੰਦਵਾਲ ਸਾਹਿਬ (ਕਾਬਲ ਸਿੰਘ ਮੱਲ੍ਹੀ)**-ਨੈਸ਼ਨਲ ਹਾਈਵੇ 54 'ਤੇ ਕਸਬਾ ਬੰਡਾਲਾ ਕੋਲ ਪੈਂਦੇ ਬੁੱਤਾਂ ਵਾਲੇ ਮੋੜ ਨੇੜੇ ਲੁੱਕ ਪਲਾਂਟ ਦੇ ਟਰੱਕ ਤੇ ਸਕਾਰਪੀਓ ਦਾ ਐਕਸੀਡੈਂਟ ਹੋਣ ਨਾਲ 1 ਨੌਜਵਾਨ ਦੀ ਮੌਤ ਹੋ ਜਾਣ ਦੀ ਖਬਰ ਹੈ। ਮ੍ਰਿਤਕ ਦੀ ਪਛਾਣ ਗੁਰਵਿੰਦਰ ਸਿੰਘ ਵਾਸੀ ਗੋਇੰਦਵਾਲ ਸਾਹਿਬ ਵਜੋਂ ਹੋਈ ਹੈ। ਇਹ ਨੌਜਵਾਨ ਪੀ ਵੀ ਸੀ ਫਿਟਿੰਗ ਦਾ ਕੰਮ ਕਰਦਾ ਸੀ। ਤਰਨ ਤਾਰਨ ਤੋਂ ਅੰਮ੍ਰਿਤਸਰ ਵਾਲੇ ਪਾਸੇ ਨੂੰ ਜਾ ਰਹੇ ਲੁੱਕ ਪਲਾਂਟ ਦੇ ਟਰੱਕ ਜਿਸ ਵਿਚ ਸੜਕ ਬਣਾਉਣ ਵਾਲਾ ਬੱਜਰੀ ਦਾ ਮਟੀਰੀਅਲ ਭਰਿਆ ਹੋਇਆ ਸੀ, ਨਾਲ ਭਿਆਨਕ ਟੱਕਰ ਹੋਣ ਕਾਰਨ ਬਹੁਤ ਜ਼ਿਆਦਾ ਭਿਆਨਕ ਅੱਗ ਲੱਗ ਗਈ ਤੇ ਸਕਾਰਪੀਓ ਵਿਚ ਸਵਾਰ ਦੀ ਵਿੱਚੇ ਸੜ ਜਾਣ ਕਾਰਨ ਮੌਤ ਹੋ ਗਈ। ਸਕਾਰਪੀਓ ਗੱਡੀ ਅਤੇ ਮਰਨ ਵਾਲਾ ਵਿਅਕਤੀ ਸ੍ਰੀ ਗੋਇੰਦਵਲ ਸਾਹਿਬ ਦਾ ਵਸਨੀਕ ਦੱਸਿਆ ਜਾ ਰਿਹਾ ਹੈ। ਟਰੱਕ ਸਵਾਰ ਗੱਡੀ ਛੱਡ ਕੇ ਭੱਜ ਗਿਆ। ਅੱਗ ਜ਼ਿਆਦਾ ਭਿਆਨਕ ਹੋਣ ਕਾਰਨ ਕੋਈ ਵੀ ਨੇੜੇ ਜਾਣ ਦੀ ਹਿੰਮਤ ਨਹੀਂ ਜੁਟਾ ਸਕਿਆ। ਫਾਇਰ ਬ੍ਰਿਗੇਡ ਦੀ ਗੱਡੀ ਮੌਕੇ 'ਤੇ ਜਲਦੀ ਨਾ ਪਹੁੰਚਣ ਕਾਰਨ ਲੋਕਾਂ ਵਿਚ ਭਾਰੀ ਰੋਸ ਪਾਇਆ ਜਾ ਰਿਹਾ ਸੀ। ਤਰਨ ਤਾਰਨ ਨਗਰ ਕੌਂਸਲ ਦੀ ਫਾਇਰ ਬ੍ਰਿਗੇਡ ਲਗਭਗ ਅੱਗ ਲੱਗਣ ਤੋਂ ਇੱਕ ਘੰਟੇ ਦੀ ਵੱਧ ਦੇਰੀ ਨਾਲ ਪਹੁੰਚੀ, ਉਸ ਸਮੇਂ ਤੱਕ ਲੋਕਾਂ ਵੱਲੋਂ ਹਾਈਵੇ 'ਤੇ ਸਥਿਤ ਹੋਟਲ ਤੋਂ ਪਾਣੀ ਵਾਲੀ ਨਾਲੀ ਲਗਾ ਅਤੇ ਸਪਰੇਅ ਵਾਲੇ ਪੰਪਾਂ ਵਿਚ ਪਾਣੀ ਭਰ ਕੇ ਬੁਝਾ ਦਿੱਤੀ ਸੀ। ਅੰਮ੍ਰਿਤਸਰ ਅਤੇ ਜੰਡਿਆਲਾ ਗੁਰੂ ਤੋਂ ਫਾਇਰ ਬ੍ਰਿਗੇਡ ਵਾਲੀਆਂ ਗੱਡੀਆਂ ਨਹੀਂ ਪਹੁੰਚ ਸਕੀਆਂ। ਮੌਕੇ 'ਤੇ ਪੁੱਜੀ ਪੁਲਸ ਨੇ ਅਗਲੇਰੀ ਕਰਵਾਈ ਸ਼ੁਰੂ ਕਰ ਦਿੱਤੀ ।

# ਗਾਂਜੇ ਸਮੇਤ ਪਰਵਾਸੀ ਔਰਤ ਕਾਬੂ



**ਡੇਰਾਬੱਸੀ (ਵਿਨੈ ਕੁਮਾਰ ਜੈਨ)** ਮੁਬਾਰਕਪੁਰ ਪੁਲਿਸ ਟੀਮ ਨੇ ਗਸ਼ਤ ਦੌਰਾਨ ਇੱਕ ਪਰਵਾਸੀ ਔਰਤ ਨੂੰ 8 ਕਿਲੋਗ੍ਰਾਮ ਗਾਂਜੇ ਸਮੇਤ ਗ੍ਰਿਫ਼ਤਾਰ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ ਹੈ। ਫੜੀ ਗਈ ਔਰਤ ਦੀ ਪਛਾਣ ਸਾਵਿਤਰੀ ਦੇਵੀ ਵਾਸੀ ਪਿੰਡ ਰੰਗਦਾ, ਜ਼ਿਲ੍ਹਾ ਭਾਗਲਪੁਰ (ਬਿਹਾਰ) ਵਜੋਂ ਹੋਈ ਹੈ। ?ਮੁਬਾਰਕਪੁਰ ਪੁਲਿਸ ਚੌਕੀ ਦੇ ਇੰਚਾਰਜ ਕੁਲਵੰਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੁਲਸ ਟੀਮ ਸ਼ੱਕੀ ਅਤੇ ਸ਼ਰਾਰਤੀ ਅਨਸਰਾਂ ਦੀ ਚੈਕਿੰਗ ਲਈ ਪੀ ਡਬਲਿਊ ਡੀ. ਰੈਸਟ ਹਾਊਸ ਮੁਬਾਰਕਪੁਰ ਨੇੜੇ ਮੌਜੂਦ ਸੀ। ਇਸੇ ਦੌਰਾਨ ਸ਼ਾਮ ਲਗਭਗ 5:30 ਵਜੇ ਇੱਕ ਔਰਤ ਸਨੌਲੀ ਵੱਲੋਂ ਪੈਦਲ ਆਉਂਦੀ ਦਿਖਾਈ ਦਿੱਤੀ। ਪੁਲਿਸ ਟੀਮ ਨੂੰ ਦੇਖ ਕੇ ਉਕਤ ਔਰਤ ਨੇ ਤੇਜ਼ ਕਦਮੀਂ ਚੱਲਣਾ ਸ਼ੁਰੂ ਕਰ ਦਿੱਤਾ, ਜਿਸ 'ਤੇ ਸ਼ੱਕ ਪੈਣ 'ਤੇ ਮਹਿਲਾ ਪੁਲਸ ਕਰਮਚਾਰੀ ਦੀ ਮਦਦ ਨਾਲ ਉਸ ਨੂੰ ਰੋਕ ਕੇ ਪੁੱਛਗਿੱਛ ਕੀਤੀ ਗਈ। ?ਤਲਾਸ਼ੀ ਦੌਰਾਨ ਔਰਤ ਦੇ ਕਾਲੇ ਰੰਗ ਦੇ ਬੈਗ ਵਿੱਚੋਂ 8 ਕਿਲੋਗ੍ਰਾਮ ਗਾਂਜਾ ਬਰਾਮਦ ਹੋਇਆ। ਪੁਲਸ ਨੇ ਔਰਤ ਖ਼ਿਲਾਫ਼ ਮਾਮਲਾ ਦਰਜ ਕਰਕੇ ਉਸ ਨੂੰ ਅਦਾਲਤ ਵਿੱਚ ਪੇਸ਼ ਕੀਤਾ, ਜਿੱਥੋਂ ਅਦਾਲਤ ਨੇ ਔਰਤ ਦਾ ਇੱਕ ਦਿਨ ਦਾ ਪੁਲਿਸ ਰਿਮਾਂਡ ਮੰਜ਼ੂਰ ਕੀਤਾ ਹੈ।

# ਬੁਰਜ ਹਸਨ ਦੀ ਜ਼ਮੀਨ 'ਚੋਂ ਮਿੱਟੀ ਚੁੱਕਣ ਖਿਲਾਫ ਧਰਨਾ

**ਫਿਲੌਰ (ਹਰਜਿੰਦਰ ਕੌਰ ਚਾਹਲ)**- ਪਿੰਡ ਬੁਰਜ ਹਸਨ ਦੀ ਜ਼ਮੀਨ 'ਚੋਂ ਮਿੱਟੀ ਚੁੱਕਣ ਤੋਂ ਖ਼ਫ਼ਾ ਲੋਕਾਂ ਨੇ ਤਲਵਣ ਵਿਖੇ ਧਰਨਾ ਦੇ ਕੇ ਆਪਣੇ ਰੋਹ ਦਾ ਪ੍ਰਗਟਾਵਾ ਕੀਤਾ। ਸੜਕ ਬਣਾਉਣ ਵਾਲੀ ਇੱਕ ਕੰਪਨੀ ਵਲੋਂ ਭਰਤੀ ਪਾਉਣ ਲਈ ਲਈ ਇਹ ਮਿੱਟੀ ਚੁੱਕੀ ਜਾ ਰਹੀ ਹੈ, ਜਿਸ ਦਾ ਲੋਕਾਂ ਨੇ ਕੁੱਝ ਦਿਨ ਪਹਿਲਾ ਸਖਤ ਵਿਰੋਧ ਕੀਤਾ ਸੀ।



ਇਸ ਦਾ ਜਥੇਬੰਦਕ ਵਿਰੋਧ ਕੀਤਾ ਗਿਆ, ਜਿਸ ਦੀ ਅਗਵਾਈ ਜਮਹੂਰੀ ਕਿਸਾਨ ਸਭਾ ਨੇ ਕੀਤੀ, ਜਿਸ ਦੀ ਭਾਰਤੀ ਕਿਸਾਨ ਯੂਨੀਅਨ ਕਾਦੀਆ ਨੇ ਵੀ ਡਟਵੀਂ ਹਮਾਇਤ ਕੀਤੀ। ਬਣ ਰਹੀ ਸੜਕ ਦੇ ਪੁਲ ਹੇਠ ਲਗਾਏ ਇਸ ਧਰਨੇ ਨੂੰ ਆਲ ਇੰਡੀਆ ਕਿਸਾਨ ਮਹਾਸਭਾ ਦੇ ਕੇਂਦਰੀ ਕਮੇਟੀ ਮੈਂਬਰ ਅਤੇ ਜਮਹੂਰੀ ਕਿਸਾਨ ਸਭਾ ਦੇ ਜ਼ਿਲ੍ਹਾ ਸਕੱਤਰ ਸੰਤੋਖ ਸਿੰਘ ਬਿਲਗਾ, ਜਮਹੂਰੀ ਕਿਸਾਨ ਸਭਾ ਦੇ ਸੂਬਾ ਕਮੇਟੀ ਮੈਂਬਰ ਜਸਵਿੰਦਰ ਸਿੰਘ ਢੇਸੀ ਅਤੇ ਭਾਕਿਯੂ ਕਾਦੀਆ ਦੇ ਬੂਟਾ ਸਿੰਘ ਤਲਵਣ ਨੇ ਸੰਬੋਧਨ ਕਰਦਿਆ ਕਿਹਾ ਕਿ ਭਰਤੀ ਪਾਉਣ ਵਾਲੀ ਕੰਪਨੀ ਮਾਲ ਮਹਿਕਮੇ ਦੀ ਕਥਿਤ ਸ਼ਹਿ 'ਤੇ ਅਬਾਦਕਾਰਾਂ ਦੀ ਜ਼ਮੀਨ ਉਪਰ ਅੱਖ ਰੱਖ ਕੇ ਬੈਠੀ ਹੈ। ਕੁੱਝ ਦਿਨ ਪਹਿਲਾ ਇਹ ਕੰਪਨੀ ਖੇਤਾਂ ਦੀ ਨਿਸ਼ਾਨਦੇਹੀ ਕਰਨ ਵੀ ਪੁੱਜੀ ਸੀ, ਜਿਸ ਦਾ ਲੋਕਾਂ ਨੇ ਡਟਵਾਂ ਵਿਰੋਧ ਕੀਤਾ ਸੀ। ਆਗੂਆਂ ਨੇ ਚਿਤਾਵਨੀ ਦਿੱਤੀ ਕਿ ਅਬਾਦਕਾਰ ਕਿਸੇ ਵੀ ਕੀਮਤ ਉਪਰ ਆਪਣੀਆਂ ਜ਼ਮੀਨਾਂ ਦਾ ਉਜਾੜਾ ਨਹੀਂ ਹੋਣ ਦੇਣਗੇ। ਮੰਡ ਬੇਟ ਅਬਾਦਕਾਰ ਸੰਘਰਸ਼ ਕਮੇਟੀ ਦੇ ਜ਼ਿਲ੍ਹਾ ਸਕੱਤਰ ਕੁਲਵੰਤ ਖਹਿਰਾ ਨੇ ਕਿਹਾ ਕਿ ਇਹ ਕੰਪਨੀ ਮਹਿਤਪੁਰ ਦੇ ਲੋਕਾਂ ਨੂੰ ਵੀ ਸਬਜ਼ਬਾਗ ਦਿਖਾ ਕੇ ਮਿੱਟੀ ਚੁੱਕ ਕੇ ਲੈ ਗਈ ਸੀ ਅਤੇ ਹੁਣ ਅਬਾਦਕਾਰ ਵਾਅਦਾ ਕੀਤੀ ਕੀਮਤ ਲੈਣ ਲਈ ਇਸ ਕੰਪਨੀ ਦੇ ਪਿੱਛੇ ਪਿੱਛੇ ਫਿਰ ਰਹੇ ਹਨ।

ਇਸ ਧਰਨੇ ਨੂੰ ਹੋਰਨਾਂ ਤੋਂ ਇਲਾਵਾ ਸਰਬਜੀਤ ਸੰਗੋਵਾਲ, ਕੁਲਜਿੰਦਰ ਸਿੰਘ ਤਲਵਣ, ਰਣਜੀਤ ਸਿੰਘ ਰੰਧਾਵਾ, ਜਸਵਿੰਦਰ ਸਿੰਘ ਬੁਰਜ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਆਗੂ ਮੇਜਰ ਫਿਲੌਰ, ਤਹਿਸੀਲ ਸਕੱਤਰ ਅਮ੍ਰਿਤਪਾਲ ਨੰਗਲ, ਹਰਬੰਸ ਸਿੰਘ ਨੰਬਰਦਾਰ ਪ੍ਰੀਤਪਾਲ ਸਿੰਘ ਆਦਿ ਨੇ ਸੰਬੋਧਨ ਕੀਤਾ।

# ਵਾਟਰ ਸਪਲਾਈ ਸੀਵਰਮੈਨ ਯੂਨੀਅਨ ਦੀ ਸੱਤ ਰੋਜ਼ਾ ਹੜਤਾਲ ਸ਼ੁਰੂ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਪੰਜਾਬ ਵਾਟਰ ਸਪਲਾਈ ਸੀਵਰਮੈਨ ਯੂਨੀਅਨ ਵੱਲੋਂ ਯੂਨੀਅਨ ਦੇ ਸੂਬਾ ਪ੍ਰਧਾਨ ਦੀ ਅਗਵਾਈ ਵਿੱਚ ਸੀਵਰੇਜ਼ ਬੋਰਡ ਦੇ ਆਊਟਸੋਰਸ ਕਾਮਿਆਂ ਨੂੰ ਵਿਭਾਗ ਵਿੱਚ ਸਰਕਾਰੀ ਪ੍ਰਬੰਧ ਅਧੀਨ ਲਿਆਉਣ ਦੀ ਮੰਗ ਨੂੰ ਲੈ ਕੇ ਐਲਾਨੀ ਗਈ 7 ਰੋਜ਼ਾ ਹੜਤਾਲਾਂ ਸ਼ੁਰੂ ਹੋ ਗਈ ਹੈ। ਹੜਤਾਲ ਦੇ ਪਹਿਲੇ ਦਿਨ ਸੀਵਰੇਜ਼ ਦੇ ਆਊਟਸੋਰਸ ਕਾਮਿਆਂ ਨੇ ਸਮੁੱਚੇ ਪੰਜਾਬ ਵਿੱਚ ਰੋਸ ਧਰਨੇ ਦਿੱਤੇ ਅਤੇ ਸਰਕਾਰ ਖ਼ਿਲਾਫ ਨਾਅਰੇਬਾਜ਼ੀ ਕੀਤੀ।



ਇਸ ਮੌਕੇ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਸੰਜੀਵ ਕੁਮਾਰ ਸੰਜੂ, ਦਵਿੰਦਰ ਸਿੰਘ, ਜਤਿੰਦਰ ਸਿੰਘ ਆਦਿ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜੋ ਆਊਟਸੋਰਸ ਕਾਮਿਆਂ ਨੂੰ ਸਰਕਾਰੀ ਪ੍ਰਬੰਧ ਅਧੀਨ ਲਿਆਉਣ ਲਈ ਬਿੱਲ ਲਿਆਂਦਾ ਗਿਆ ਹੈ ਉਸ ਵਿੱਚ ਸੀਵਰੇਜ ਬੋਰਡ ਦੇ ਆਊਟਸੋਰਸ ਕਾਮਿਆਂ ਪ੍ਰਤੀ ਸਥਿਤੀ ਅਜੇ ਤੱਕ ਸਪਸ਼ਟ ਨਹੀਂ ਕੀਤੀ ਜਾ ਰਹੀ ਅਤੇ ਨਾ ਹੀ ਵਿਭਾਗ ਦੇ ਅਧਿਕਾਰੀਆਂ ਵੱਲੋਂ ਕੋਈ ਗੱਲ ਪੱਲੇ ਪਾਈ ਜਾ ਰਹੀ ਹੈ। ਬੋਰਡ ਆਫ਼ ਡਾਇਰੈਕਟਰਜ਼ ਦੀ ਮੀਟਿੰਗ ਵਿੱਚ ਵੀ ਇਨ੍ਹਾਂ ਕਾਮਿਆਂ ਨੂੰ ਪੱਕੇ ਕਰਨ ਸਬੰਧੀ ਕੋਈ ਠੋਸ ਫ਼ੈਸਲਾ ਨਹੀਂ ਲਿਆ ਗਿਆ ਬਲਕਿ ਡੰਗ ਟਪਾਊ ਅਤੇ ਲਾਰੇ ਲੱਪੇ ਦੀ ਨੀਤੀ ਉੱਤੇ ਚੱਲ ਕਿ ਚੋਣ ਜਾਬਤਾ ਲੱਗਣ ਦੀ ਉਡੀਕ ਕੀਤੀ ਜਾ ਰਹੀ ਹੈ।ਬੁਲਾਰਿਆਂ ਨੇ ਕਿਹਾ ਕਿ ਜੇ ਸਰਕਾਰ ਨੇ ਆਊਟਸੋਰਸ ਕਾਮਿਆਂ ਨੂੰ ਵਿਭਾਗ ਦੇ ਸਰਕਾਰੀ ਪ੍ਰਬੰਧ ਹੇਠ ਨਾ ਲਿਆਂਦਾ ਤਾਂ ਹੜਤਾਲ ਨੂੰ 7 ਅਕਤੂਬਰ ਤੋਂ ਅੱਗੇ ਵਧਾ ਕੇ ਹੋਰ ਸਖਤ ਐਕਸ਼ਨ ਵੀ ਲਿਆ ਜਾ ਸਕਦਾ ਹੈ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਛੇਤੀ ਤੋਂ ਛੇਤੀ ਆਊਟਸੋਰਸ ਕਾਮਿਆਂ ਨੂੰ ਸਰਕਾਰੀ ਪ੍ਰਬੰਧ ਅਧੀਨ ਲਿਆਉਣ ਦੀ ਕਾਰਵਾਈ ਨੂੰ ਅਮਲ ਵਿੱਚ ਲਿਆਵੇ। ਇਸ ਮੌਕੇ ਪ੍ਰਧਾਨ ਨਰਿੰਦਰ ਸ਼ਰਮਾ, ਵਿਨੀਤ, ਜਗਜੀਵਨ ਰਾਮ, ਕ੍ਰਿਸ਼ਨ ਸਿੰਘ ਰਾਣਾ, ਹਰਪਾਲ ਸਿੰਘ, ਜਸਪ੍ਰੀਤ ਸਿੰਘ, ਗੁਰਪ੍ਰੀਤ ਸਿੰਘ ਰਾਣਾ, ਜਸਪਾਲ ਸਿੰਘ ਸਹੇੜੀ, ਗੋਲਡੀ ਕੁਰਾਲੀ, ਪਿੰਕਾ ਹਾਜ਼ਰ ਸਨ।

# ਸ਼ੇਰੋਵਾਲੀਆ ਵੱਲੋਂ ਮਾਣਕਪੁਰ, ਨਵਾਂ ਪਿੰਡ ਅਕਾਲੀਆਂ, ਰੇੜ੍ਹਵਾਂ ਤੇ ਪੂਨੀਆਂ 'ਚ ਮੀਟਿੰਗਾਂ



**ਸ਼ਾਹਕੋਟ (ਅਮਨਦੀਪ ਸੈਦਪੁਰੀ)**- ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਹਲਕੇ ਦੇ ਪਿੰਡ ਮਾਣਕਪੁਰ, ਨਵਾਂ ਪਿੰਡ ਅਕਾਲੀਆਂ, ਰੇੜ੍ਹਵਾਂ ਤੇ ਪੂਨੀਆ ਵਿੱਚ ਨੁੱਕੜ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਅੱਜ ਤੋਂ ਹੀ ਕਮਰਕੱਸੇ ਕਰਨ ਦੀ ਲੋੜ ਹੈ। ਇਨ੍ਹਾਂ ਮੀਟਿੰਗਾਂ ਵਿੱਚ ਹੋਰਨਾਂ ਤੋਂ ਇਲਾਵਾ ਸੋਨੂੰ ਕੰਗ ਪੀ ਏ, ਦਰਸ਼ਨ ਸਿੰਘ ਮਾਣਕਪੁਰ ਸਾਬਕਾ ਚੇਅਰਮੈਨ ਬਲਾਕ ਸੰਮਤੀ ਸ਼ਾਹਕੋਟ, ਚਰਨਜੀਤ ਸਿੰਘ ਸਾਬਕਾ ਪੰਚ, ਦਵਿੰਦਰ ਕੁਮਾਰ ਪੰਚ, ਧਰਮ ਪਾਲ ਪੰਚ, ਹਰਵਿੰਦਰ ਸਿੰਘ ਸਾਬਕਾ ਪੰਚ, ਮਲਕੀਤ ਸਿੰਘ ਦੋਜੀ, ਅਮਰੀਕ ਸਿੰਘ ਬਾਰੀਆ, ਸੁਰਜੀਤ ਸਿੰਘ ਠੇਕੇਦਾਰ, ਪਹਿਲਵਾਨ ਮਹਿਤਾਬ ਸਿੰਘ, ਪਹਿਲਵਾਨ ਹਰਬੰਸ ਸਿੰਘ, ਕੁਲਸ਼ਨ ਸਿੰਘ ਨਵਾਂ ਪਿੰਡ ਅਕਾਲੀਆਂ, ਪਹਿਲਵਾਨ ਲੈਹਿੰਬਰ ਸਿੰਘ, ਗੁਰਦੇਵ ਸਿੰਘ, ਬਬਨਦੀਪ ਸਿੰਘ, ਤਰਸੇਮ ਸਿੰਘ ਠੇਕੇਦਾਰ, ਗੁਰਮੇਲ ਸਿੰਘ ਗੇਲੂ, ਬੂਟਾ ਸਿੰਘ, ਮੇਜਰ ਸਿੰਘ ਤਲਵੰਡੀ ਬੂਟੀਆਂ, ਤਾਰਾ ਸਿੰਘ ਸਰਪੰਚ ਰੇੜ੍ਹਵਾਂ, ਰੇਸ਼ਮ ਸਿੰਘ ਸਾਬਕਾ ਸਰਪੰਚ ਰੇੜ੍ਹਵਾਂ, ਜਸਵਿੰਦਰ ਸਿੰਘ ਤੂਰ, ਮੇਜਰ ਸਿੰਘ ਨੰਬਰਦਾਰ, ਰਣਜੀਤ ਸਿੰਘ ਤੂਰ, ਮੱਖਣ ਸਿੰਘ, ਬਲਜਿੰਦਰ ਸਿੰਘ ਭੱਠੇ ਵਾਲੇ ਪੂਨੀਆ, ਡਾ. ਮੁਖਤਿਆਰ ਸਿੰਘ, ਜਗਤਾਰ ਸਿੰਘ ਮੰਡ ਪੂਨੀਆ, ਬਾਬਾ ਜ਼ੀਰਾ, ਰਣਜੀਤ ਸਿੰਘ ਪੰਚ, ਬਲਕਾਰ ਸਿੰਘ, ਗੁਰਦੇਵ ਸਿੰਘ ਨੰਬਰਦਾਰ ਪੂਨੀਆ, ਮਲਕੀਤ ਸਿੰਘ ਖਾਲਸਾ, ਗੁਰਬਖਸ਼ ਸਿੰਘ ਪੂਨੀਆ, ਜਸਵੀਰ ਸਿੰਘ ਜੱਸਾ, ਨਿਰਮਲ ਸਿੰਘ ਮੰਡ ਪੂਨੀਆ, ਮਨਦੀਪ ਸਿੰਘ ਪਟਵਾਰੀ ਆਦਿ ਮੌਜੂਦ ਸਨ।

# ਕੰਗ ਵੱਲੋਂ ਪਿੰਡਾਂ ਨੂੰ ਵਿਕਾਸ ਕਾਰਜਾਂ ਲਈ ਗ੍ਰਾਂਟ ਜਾਰੀ



**ਪੋਜੇਵਾਲ (ਰਾਮ ਲਾਲ)**- ਸਾਂਸਦ ਮੈਂਬਰ ਸਰਦਾਰ ਮਲਵਿੰਦਰ ਸਿੰਘ ਕੰਗ ਵੱਲੋਂ ਵਿਧਾਨ ਸਭਾ ਹਲਕਾ ਬਲਾਚੌਰ ਦੇ ਵੱਖ-ਵੱਖ ਪਿੰਡਾਂ ਵਿੱਚ ਲੋਕਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਐੱਮ ਪੀ ਲੈਡ ਸਕੀਮ ਤਹਿਤ ਵਿਕਾਸ ਕਾਰਜਾਂ ਲਈ ਗ੍ਰਾਂਟਾਂ ਮੁਹੱਈਆ ਕਰਵਾਈਆਂ ਗਈਆਂ।ਇਸ ਤਹਿਤ ਪਿੰਡ ਰੱਤੇਵਾਲ-ਜੱਟਮਾਜਰੀ ਵਿਖੇ ਪਾਣੀ ਦੇ ਟੈਂਕਰ ਦੀ ਵਿਵਸਥਾ ਲਈ 5 ਲੱਖ ਰੁਪਏ ਦਾ ਚੈੱਕ ਸੌਂਪਿਆ ਗਿਆ। ਇਸ ਤੋਂ ਇਲਾਵਾ ਪਿੰਡ ਮੋਹਰਾਂ ਵਿਖੇ ਪਾਣੀ ਦਾ ਟੈਂਕਰ ਅਤੇ ਪਿੰਡ ਗਹੂੰਣ ਵਿਖੇ ਵੀ ਪਾਣੀ ਦੀ ਸਹੂਲਤ ਲਈ ਟੈਂਕਰ ਮੁਹੱਈਆ ਕਰਵਾਇਆ ਗਿਆ। ਇਸੇ ਤਰ੍ਹਾਂ ਪਿੰਡ ਬੰਨਾ ਵਿਖੇ ਨੌਜਵਾਨਾਂ ਅਤੇ ਪਿੰਡ ਵਾਸੀਆਂ ਲਈ ਓਪਨ ਜਿੰਮ ਦੀ ਸਹੂਲਤ ਵੀ ਐੱਮ ਪੀ ਲੈਡ ਫੰਡ ਵਿੱਚੋਂ ਮੁਹੱਈਆ ਕਰਵਾਈ ਗਈ।ਇਸ ਮੌਕੇ ਸੰਸਦੀ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣਾ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਪੀਣ ਵਾਲੇ ਪਾਣੀ ਵਰਗੀਆਂ ਬੁਨਿਆਦੀ ਲੋੜਾਂ ਦੇ ਨਾਲ-ਨਾਲ ਨੌਜਵਾਨਾਂ ਨੂੰ ਖੇਡਾਂ ਅਤੇ ਸਿਹਤਮੰਦ ਜੀਵਨਸ਼ੈਲੀ ਨਾਲ ਜੋੜਨ ਲਈ ਖੇਡ ਸਹੂਲਤਾਂ ਨੂੰ ਵੀ ਉਤਸ਼ਾਹਿਤ ਕੀਤਾ ਜਾ ਰਿਹਾ ਹੈ।

ਉਨ੍ਹਾਂ ਕਿਹਾ ਕਿ ਐੱਮ.ਪੀ. ਲੈਡ ਤਹਿਤ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚ ਲੋਕਾਂ ਦੀ ਮੰਗ ਅਤੇ ਲੋੜ ਅਨੁਸਾਰ ਵਿਕਾਸ ਕਾਰਜ ਕਰਵਾਉਣ ਦਾ ਸਿਲਸਿਲਾ ਜਾਰੀ ਰਹੇਗਾ। ਇਸ ਮੌਕੇ ਵਿਧਾਇਕਾ ਸੰਤੋਸ਼ ਕਟਾਰੀਆ, ਅਸ਼ੋਕ ਕਟਾਰੀਆ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਕਰਨ ਕਟਾਰੀਆ, ਸਾਬਕਾ ਜ਼ਿਲ੍ਹਾ ਪ੍ਰਧਾਨ ਅਤੇ ਚੇਅਰਮੈਨ ਸਤਨਾਮ ਸਿੰਘ ਜਲਾਲਪੁਰ, ਸੈਣੀ ਵੈਲਫੇਅਰ ਬੋਰਡ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਸੈਣੀ,ਬੀ.ਡੀ.ਪੀ.ਓ. ਵਰਿੰਦਰ ਕੁਮਾਰ ਸਮੇਤ ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ਾਂਤਮਈ ਰੋਸ ਵਿਖਾਵੇ ਲਈ 9 ਥਾਵਾਂ ਨਿਰਧਾਰਿਤ

**ਜਲੰਧਰ (ਸੁਰਿੰਦਰ ਕੁਮਾਰ)**- ਵਧੀਕ ਜ਼ਿਲ੍ਹਾ ਮੈਜਿਸਟ੍ਰੇਟ-ਕਮ-ਵਧੀਕ ਡਿਪਟੀ ਕਮਿਸ਼ਨਰ (ਜਨਰਲ) ਅਮਨਿੰਦਰ ਕੌਰ ਵੱਲੋਂ ਵੱਖ-ਵੱਖ ਸੰਗਠਨਾਂ ਵੱਲੋਂ ਸ਼ਾਂਤਮਈ ਪ੍ਰਦਰਸ਼ਨਾਂ ਲਈ ਜ਼ਿਲ੍ਹੇ ਵਿੱਚ 9 ਥਾਵਾਂ ਨਿਰਧਾਰਿਤ ਕੀਤੀਆਂ ਹਨ। ਜਾਰੀ ਹੁਕਮਾਂ ਅਨੁਸਾਰ ਸ਼ਾਂਤਮਈ ਪ੍ਰਦਰਸ਼ਨਾਂ ਲਈ ਨਿਰਧਾਰਿਤ ਕੀਤੀਆਂ ਥਾਵਾਂ ਵਿੱਚ ਪੁੱਡਾ ਗਰਾਊਂਡ ਤਹਿਸੀਲ ਕੰਪਲੈਕਸ ਜਲੰਧਰ ਦੇ ਸਾਹਮਣੇ, ਦੇਸ਼ ਭਗਤ ਯਾਦਗਾਰ ਹਾਲ, ਬਰਲਟਨ ਪਾਰਕ, ਦੁਸਹਿਰਾ ਗਰਾਊਂਡ ਜਲੰਧਰ ਛਾਉਣੀ, ਇੰਪਰੂਵਮੈਂਟ ਟਰੱਸਟ ਗਰਾਊਂਡ ਕਰਤਾਰਪੁਰ, ਦਾਣਾ ਮੰਡੀ ਭੋਗਪੁਰ, ਕਪੂਰਥਲਾ ਰੋਡ, ਨਕੋਦਰ ਦੇ ਪੱਛਮੀ ਪਾਸੇ, ਦਾਣਾ ਮੰਡੀ ਪਿੰਡ ਸੈਫਾਵਾਲਾ (ਫਿਲੌਰ) ਅਤੇ ਨਗਰ ਪੰਚਾਇਤ ਕੰਪਲੈਕਸ ਸ਼ਾਹਕੋਟ ਸ਼ਾਮਿਲ ਹਨ। ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਪ੍ਰਦਰਸ਼ਨਕਾਰੀਆਂ ਨੂੰ ਪੁਲਸ ਕਮਿਸ਼ਨਰ ਜਾਂ ਉਪ ਮੰਡਲ ਮੈਜਿਸਟ੍ਰੇਟ, ਜੋ ਵੀ ਲਾਗੂ ਹੋਵੇ, ਪਾਸੋਂ ਅਗਾਊਂ ਪ੍ਰਵਾਨਗੀ ਲੈਣੀ ਹੋਵੇਗੀ। ਪ੍ਰਦਰਸ਼ਨ ਦੌਰਾਨ ਕਿਸੇ ਵੀ ਤਰ੍ਹਾਂ ਦਾ ਹਥਿਆਰ ਜਿਵੇਂ ਚਾਕੂ, ਲਾਠੀ ਜਾਂ ਇਸ ਤਰ੍ਹਾਂ ਕੋਈ ਹੋਰ ਹਥਿਆਰ ਲੈ ਕੇ ਜਾਣ ਦੀ ਇਜਾਜ਼ਤ ਨਹੀਂ ਹੋਵੇਗੀ। ਆਰਗੇਨਾਈਜ਼ਰ ਨੂੰ ਹਰੇਕ ਢੁੱਕਵੇਂ ਜੰਕਸ਼ਨ 'ਤੇ ਪ੍ਰਦਰਸ਼ਨ ਦੇ ਨਾਲ ਮਾਰਸ਼ਲ ਅਤੇ ਸ਼ਾਂਤੀਪੂਰਣ ਮਾਰਚ ਯਕੀਨੀ ਬਣਾਉਣ ਸਬੰਧੀ ਲਿਖਤੀ ਦੇਣਾ ਹੋਵੇਗਾ। ਰੋਸ ਵਿਖਾਵੇ ਦੌਰਾਨ ਆਪਣੀ ਕਿਸੇ ਵੀ ਤਰ੍ਹਾਂ ਦੀ ਗੈਰ ਕਾਨੂੰਨੀ ਕਾਰਵਾਈ ਕਰਕੇ ਹੋਣ ਵਾਲੇ ਜਾਨੀ ਜਾਂ ਮਾਲੀ ਨੁਕਸਾਨ ਲਈ ਆਗਰੇਨਾਈਜ਼ਰ/ਪ੍ਰਦਰਸ਼ਨਕਾਰੀ ਜ਼ਿੰਮੇਵਾਰ ਹੋਣਗੇ। ਇਹ ਹੁਕਮ ਜਾਰੀ ਹੋਣ ਦੀ ਮਿਤੀ ਤੋਂ ਅਗਲੇ ਦੋ ਮਹੀਨੇ ਤੱਕ ਲਾਗੂ ਰਹਿਣਗੇ।

# ਜ਼ਿਲ੍ਹਾ ਪੱਧਰੀ ਖੇਡਾਂ ਅੰਡਰ-21 ਤੇ 21 ਤੋਂ 30 ਉਮਰ ਵਰਗ ਦੀ ਹੋਈ ਸ਼ੁਰੂਆਤ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**- ਪੰਜਾਬ ਸਰਕਾਰ ਖੇਡ ਵਿਭਾਗ ਪੰਜਾਬ ਤੇ ਜ਼ਿਲ੍ਹਾ ਪ੍ਰਸ਼ਾਸਨ ਸ੍ਰੀ ਮੁਕਤਸਰ ਸਾਹਿਬ ਦੇ ਸਹਿਯੋਗ ਨਾਲ ਖੇਡਾਂ ਵਤਨ ਪੰਜਾਬ ਦੀਆਂ 2026 ਸੀਜ਼ਨ-4 ਤਹਿਤ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਜ਼ਿਲ੍ਹਾ ਪੱਧਰੀ ਖੇਡਾਂ ਕਰਵਾਈਆਂ ਜਾ ਰਹੀਆਂ ਹਨ।ਇਸੇ ਲੜੀ ਤਹਿਤ ਅੱਜ ਗੁਰੂ ਗੋਬਿੰਦ ਸਿੰਘ ਖੇਡ ਸਟੇਡੀਅਮ ਸ੍ਰੀ ਮੁਕਤਸਰ ਸਾਹਿਬ ਵਿਖੇ ਅੰਡਰ-21 ਤੇ 21-30 ਉਮਰ ਵਰਗ (ਲੜਕੇ/ਲੜਕੀਆਂ) ਦੇ ਖੇਡ ਮੁਕਾਬਲਿਆਂ ਦੀ ਸ਼ੁਰੂਆਤ ਕੀਤੀ ਗਈ। ਇਸ ਦੌਰਾਨ ਜ਼ਿਲ੍ਹਾ ਪ੍ਰਧਾਨ ਤੇ ਚੇਅਰਮੈਨ ਮਾਰਕਿਟ ਕਮੇਟੀ ਮਲੋਟ ਜਸ਼ਨ ਬਰਾੜ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਸ੍ਰ. ਜਸ਼ਨ ਬਰਾੜ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਖੇਡਾਂ ਵਤਨ ਪੰਜਾਬ ਦੀਆਂ' ਰਾਹੀਂ ਪਿੰਡ ਪੱਧਰ ਤੋਂ ਲੈ ਕੇ ਜ਼ਿਲ੍ਹਾ ਤੇ ਸੂਬਾ ਪੱਧਰ ਤੱਕ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਲਈ ਵਧੀਆ ਮੰਚ ਮੁਹੱਈਆ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਖੇਡ ਮੁਕਾਬਲਿਆਂ ਵਿੱਚ ਭਾਗ ਲੈਣ ਤੇ ਖੇਡਾਂ ਨੂੰ ਆਪਣੇ ਜੀਵਨ ਦਾ ਅਹਿਮ ਹਿੱਸਾ ਬਣਾਉਣ।ਉਨ੍ਹਾਂ ਕਿਹਾ ਕਿ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹੇ ਦੇ ਖਿਡਾਰੀਆਂ ਵਿੱਚ ਬੇਹੱਦ ਸਮਰੱਥਾ ਹੈ ਤੇ ਅਜਿਹੇ ਖੇਡ ਮੁਕਾਬਲੇ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਜ਼ਿਲ੍ਹਾ ਖੇਡ ਅਫਸਰ ਸ਼੍ਰੀਮਤੀ ਅਨਿੰਦਰਵੀਰ ਕੌਰ ਨੇ ਖੇਡ ਮੁਕਾਬਲਿਆਂ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਗੇਮ ਅਥਲੈਟਿਕਸ ਅੰ-21 ਉਮਰ ਵਰਗ ਲੜਕਿਆਂ ਦੇ ਖੇਡ ਮੁਕਾਬਲਿਆਂ ਵਿੱਚ 400 ਮੀਟਰ ਈਵੇਂਟ ਵਿੱਚ ਪਰਮਜੀਤ ਸਿੰਘ ਮਲੋਟ ਨੇ ਪਹਿਲਾ ਸਥਾਨ, ਕੁਲਵੰਤ



ਸਿੰਘ ਲੰਬੀ ਨੇ ਦੂਜਾ ਸਥਾਨ, ਰਵਿੰਦਰ ਸਿੰਘ ਮੁਕਤਸਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਅੰ-21 ਲੜਕੀਆਂ 400 ਮੀ ਵਿੱਚ ਕਿਰਨਦੀਪ ਕੌਰ ਨੇ ਪਹਿਲਾ ਸਥਾਨ, ਐਸ਼ਨੂਰ ਕੌਰ ਮਲੋਟ ਨੇ ਦੂਜਾ ਸਥਾਨ, ਸੁਨੀਤਾ ਰਾਣੀ ਗਿੱਦੜਬਾਹਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਿੱਕਬਾਕਸਿੰਗ 21-30 ਲੜਕਿਆਂ ਵਿੱਚ ਨੀਰਜ ਕੁਮਾਰ, ਪ੍ਰਭਜੋਤ ਸਿੰਘ ਤੇ ਜਸਕਰਨ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ।ਅੰ-21 ਲੜਕੇ ਕਿੱਕਬਾਕਸਿੰਗ ਵਿੱਚ ਬਲਵਿੰਦਰ ਸਿੰਘ ਨੇ ਪਹਿਲਾ, ਕ੍ਰਿਸ਼ਨ ਸਿੰਘ ਨੇ ਦੂਜਾ ਤੇ ਅਨਿਰੁੱਧ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਜ਼ਿਲ੍ਹਾ ਖੇਡ ਅਫਸਰ ਨੇ ਦੱਸਿਆ ਕਿ ਗੇਮ ਹੈਂਡਬਾਲ ਅੰ-21 ਲੜਕਿਆਂ ਵਿੱਚ ਐਸ.ਡੀ.ਸ. ਸ.ਸ ਰਥੜੀਆਂ ਦੀ ਟੀਮ ਨੇ ਪਹਿਲਾ ਸਥਾਨ, ਪਿੰਡ ਭੁੱਲਰ ਦੀ ਟੀਮ ਨੇ ਦੂਜਾ ਸਥਾਨ, ਸ.ਸ.ਸ.ਸ. ਦੋਦਾ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸ ਮੌਕੇ ਖੇਡ ਵਿਭਾਗ ਸ੍ਰੀ ਮੁਕਤਸਰ ਸਾਹਿਬ ਦੇ ਸਮੂਹ ਕੋਚ, ਦਫਤਰੀ ਸਟਾਫ, ਸਿੱਖਿਆ ਵਿਭਾਗ ਦੇ ਸਮੂਹ ਡੀ.ਪੀ.ਈ/ਪੀ.ਟੀ.ਆਈ, ਸਿਹਤ ਵਿਭਾਗ ਦੀ ਟੀਮ, ਸਕਿਊਰਿਟੀ ਦੀ ਟੀਮ, ਹੋਰ ਕਈ ਪਤਵੰਤੇ ਵਿਅਕਤੀ ਆਦਿ ਹਾਜ਼ਰ ਰਹੇ।

# ਗੋਲਡੀ ਵੱਲੋਂ ਵਾਰਡ 9 ਤੇ 10 'ਚ 1.18 ਕਰੋੜ ਦੇ ਵਿਕਾਸ ਕਾਰਜ ਸ਼ੁਰੂ

**ਖਰੜ (ਹਰਨਾਮ ਸਿੰਘ ਡੱਲਾ)**- ਖਰੜ ਦੇ ਵਾਰਡ ਨੰਬਰ 9 ਅਤੇ 10 ਵਿੱਚ ਕਰੀਬ 1 ਕਰੋੜ 18 ਲੱਖ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਹਲਕਾ ਖਰੜ ਦੇ ਇੰਚਾਰਜ ਅਤੇ ਚੇਅਰਮੈਨ, ਯੂਥ ਡਿਵੈਲਪਮੈਂਟ ਬੋਰਡ, ਪੰਜਾਬ ਪਰਮਿੰਦਰ ਸਿੰਘ ਗੋਲਡੀ ਵੱਲੋਂ ਕੀਤੀ ਗਈ।ਇਨ੍ਹਾਂ ਵਿਕਾਸ ਕਾਰਜਾਂ ਤਹਿਤ ਸੜਕਾਂ ਦੇ ਨਿਰਮਾਣ ਅਤੇ ਸਟਾਰਮ ਵਾਟਰ ਡਰੇਨੇਜ ਸਿਸਟਮ ਨੂੰ ਬਿਹਤਰ ਬਣਾਉਣ ਲਈ ਕੰਮ ਕੀਤੇ ਜਾਣਗੇ।ਵਾਰਡ ਨੰਬਰ 9 ਵਿੱਚ ਸ਼ਹੀਦ ਭਗਤ ਸਿੰਘ ਮਾਰਕਿਟ, ਸਨਾਤਨ ਧਰਮ ਮੰਦਰ ਨੇੜੇ ਸੜਕ ਦਾ ਕੰਮ 49.50 ਲੱਖ ਰੁਪਏ ਦੀ ਲਾਗਤ ਨਾਲ ਸ਼ੁਰੂ ਕੀਤਾ ਗਿਆ।ਵਾਰਡ ਨੰਬਰ 10 ਵਿੱਚ ਬੀ ਬਲਾਕ ਵਿੱਚ ਸਟਾਰਮ ਪਾਈਪ ਪਾਉਣ ਲਈ 24.97 ਲੱਖ ਰੁਪਏ, ਸੀ ਬਲਾਕ ਦੀਆਂ ਗਲੀਆਂ ਵਿੱਚ ਸਟਾਰਮ ਪਾਈਪ ਲਈ 18.88 ਲੱਖ ਰੁਪਏ ਅਤੇ 3 ਬਲਾਕ ਵਿੱਚ ਸੜਕ ਨਿਰਮਾਣ ਲਈ 24.60 ਲੱਖ ਰੁਪਏ ਖਰਚ ਕੀਤੇ ਜਾਣਗੇ।ਇਸ ਮੌਕੇ ਗੋਲਡੀ ਨੇ ਕਿਹਾ ਕਿ ਖਰੜ ਸ਼ਹਿਰ ਦੇ ਵੱਖ-ਵੱਖ ਵਾਰਡਾਂ ਵਿੱਚ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਦੇਣ ਲਈ ਵਿਕਾਸ ਕਾਰਜ ਲਗਾਤਾਰ ਕਰਵਾਏ ਜਾ ਰਹੇ ਹਨ।ਇਸ ਮੌਕੇ ਕਾਰਜ ਸਾਧਕ ਅਧਿਕਾਰੀ ਅਸ਼ੋਕ ਪਥਰੀਆ ਸਮੇਤ ਨਗਰ ਕੌਂਸਲ ਦਾ ਦਫ਼ਤਰੀ ਸਟਾਫ਼, ਹਾਕਮ ਸਿੰਘ, ਰਾਮ ਸਰੂਪ, ਹਰਮੀਤ ਸਿੰਘ, ਪ੍ਰਿੰਸ ਧਾਲੀਵਾਲ, ਮਾਸਟਰ ਜਗਦੀਸ਼, ਸੁਖਵਿੰਦਰ ਬਾਠ ਸਮੇਤ ਸਥਾਨਕ ਆਗੂ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।



# ਮੈਕਸ ਹਸਪਤਾਲ ਵਿਖੇ ਮੋਢੇ ਦੀ ਹੱਡੀ ਦੇ ਦੁਰਲੱਭ ਟਿਊਮਰ ਦਾ ਇਲਾਜ

**ਮੁਹਾਲੀ (ਗੁਰਜੀਤ ਬਿੱਲਾ)**- ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ ਮੋਹਾਲੀ ਵਿੱਚ ਇੱਕ 31 ਸਾਲਾ ਨੌਜਵਾਨ ਵਿੱਚ ਦੁਰਲੱਭ 'ਓਸਟੀਓਆਇਡ ਓਸਟੀਓਮਾ' ਦਾ ਸਫਲਤਾਪੂਰਵਕ ਨਿਦਾਨ ਅਤੇ ਇਲਾਜ ਕੀਤਾ ਗਿਆ। ਚੰਡੀਗੜ੍ਹ ਦੇ ਰਹਿਣ ਵਾਲੇ ਧਰੁਵ ਸੇਠ ਪਿਛਲੇ ਇੱਕ ਸਾਲ ਤੋਂ ਸੱਜੇ ਮੋਢੇ ਦੇ ਲਗਾਤਾਰ ਦਰਦ ਤੋਂ ਪੀੜਤ ਸਨ।ਸਟੀਕ ਨਿਦਾਨ ਅਤੇ ਅਡਵਾਂਸਡ ਇਲਾਜ ਲਈ ਧਰੁਵ ਨੇ ਮੈਕਸ ਹਸਪਤਾਲ ਦੇ ਆਰਥੋਪੈਡਿਕਸ ਅਤੇ ਜੁਆਇੰਟ ਰਿਪਲੇਸਮੈਂਟ ਦੇ ਪ੍ਰਿੰਸੀਪਲ ਕੰਸਲਟੈਂਟ ਡਾ. ਹਰਜੋਬਨ ਸਿੰਘ ਨਾਲ ਸਲਾਹ ਕੀਤੀ। ਉਨ੍ਹਾਂ ਦੇ ਪਿਛਲੇ ਸਕੈਨਾਂ ਦੀ ਸਮੀਖਿਆ ਤੋਂ ਹੱਡੀ ਦੇ ਦੁਰਲੱਭ ਟਿਊਮਰ ਦਾ ਖਦਸ਼ਾ ਜਤਾਇਆ ਗਿਆ।ਇਸ ਤੋਂ ਬਾਅਦ ਕੀਤੇ ਗਏ ਸੀ ਟੀ ਸਕੈਨ ਨੇ ਨਿਦਾਨ ਦੀ ਪੁਸ਼ਟੀ ਕੀਤੀ। ਇਹ ਟਿਊਮਰ ਸੱਜੇ ਮੋਢੇ ਦੇ ਬਲੇਡ ਦੇ ਨੇੜੇ ਸਥਿਤ ਸੀ, ਜੋ ਕਿ ਓਸਟੀਓਆਇਡ ਓਸਟੀਓਮਾ ਲਈ ਇੱਕ ਅਸਧਾਰਨ ਜਗ੍ਹਾ ਹੈ।ਨਿਦਾਨ ਤੋਂ ਬਾਅਦ, ਡਾ. ਹਰਜੋਬਨ ਸਿੰਘ ਅਤੇ ਉਨ੍ਹਾਂ ਦੀ ਟੀਮ ਨੇ ਇੰਟਰਵੈਨਸ਼ਨਲ ਰੇਡੀਓਲੋਜੀ ਦੇ ਪ੍ਰਿੰਸੀਪਲ ਕੰਸਲਟੈਂਟ ਡਾ. ਤੇਗਬੀਰ ਸਿੰਘ ਸਿੱਧੂ ਦੀ ਅਗਵਾਈ ਵਾਲੀ ਇੰਟਰਵੈਨਸ਼ਨਲ ਰੇਡੀਓਲੋਜੀ ਟੀਮ ਨਾਲ ਮਿਲ ਕੇ ਓਪਨ ਸਰਜਰੀ ਤੋਂ ਬਿਨਾਂ ਟਿਊਮਰ ਦਾ ਇਲਾਜ ਕਰਨ ਲਈ ਇੱਕ ਮਿਨੀਮਲੀ ਇਨਵੇਸਿਵ ਸੀ.ਟੀ.-ਗਾਈਡਿਡ ਮਾਈਕ੍ਰੋਵੇਵ ਅਬਲੇਸ਼ਨ ਦੀ ਯੋਜਨਾ ਬਣਾਈ। ਇਹ ਪ੍ਰਕਿਰਿਆ ਸਫਲਤਾਪੂਰਵਕ ਕੀਤੀ ਗਈ ਅਤੇ ਮਰੀਜ਼ ਨੂੰ ਅਗਲੇ ਦਿਨ ਸਥਿਰ ਸਥਿਤੀ ਵਿੱਚ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ।



# ਕਣਕ ਦਾ ਰੇਟ 25 ਰੁਪਏ ਵਧਾ ਕੇ ਕਿਸਾਨਾਂ ਨਾਲ ਕੀਤਾ ਕੋਝਾ ਮਜ਼ਾਕ : ਚੌਹਾਨ

**ਅੱਡਾ ਸਰਾ (ਜਸਵੀਰ ਕਾਜਲ)**- ਕੇਂਦਰ ਸਰਕਾਰ ਨੇ ਆਉਣ ਵਾਲੀ ਕਣਕ ਦੀ ਫਸਲ ਪਿਛਲੇ ਸਾਲ ਨਾਲੋਂ 25 ਰੁਪਏ ਪ੍ਰਤੀ ਕੁਇੰਟਲ ਰੇਟ ਵਧਾ ਕੇ ਕਿਸਾਨਾਂ ਨਾਲ ਇਕ ਬਹੁਤ ਵੱਡਾ ਮਜਾਕ ਕੀਤਾ ਹੈ।



ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਜਸਵਿੰਦਰ ਸਿੰਘ ਚੌਹਾਨ ਵਾਰਸ ਪੰਜਾਬ ਸਰਕਲ ਪ੍ਰਧਾਨ ਅੱਡਾ ਸਰਾ ਨੇ ਸਥਾਨਕ ਪੱਤਰਕਾਰਾਂ ਨਾਲ ਕੀਤਾ। ਉਨ੍ਹਾਂ ਨੇ ਕਿਹਾ ਪਿਛਲੇ ਸਾਲਾਂ ਦੇ ਮੁਕਾਬਲੇ ਖੇਤੀ ਲਾਗਤ ਵਿੱਚ ਦੋ ਹਜ਼ਾਰ ਤੋਂ ਤਿੰਨ ਹਜ਼ਾਰ ਰੁਪਏ ਪ੍ਰਤੀ ਏਕੜ ਵਿੱਚ ਵਾਧਾ ਹੋਇਆ ਹੈ ਜਿਸ ਵਿਚ ਡੀਜ਼ਲ, ਖਾਦਾਂ, ਸਪਰੇਅ ਅਤੇ ਮਿਸਤਰੀ ਰਿਪੇਅਰ ਵਿਚ ਵੀ ਭਾਰੀ ਵਾਧਾ ਹੋਇਆ ਹੈ। ਉਨ੍ਹਾਂ ਕਿਹਾ ਏਸੇ ਹੀ ਛੇ ਤੋਂ ਸਤ ਪਰਸੈਂਟ ਮਹਿੰਗਾਈ ਹਰ ਸਾਲ ਵਧਦੀ ਹੈ ਅਤੇ ਜਿਮੀਂਦਾਰ ਦੇ 25 ਰੁਪਏ ਕਣਕ ਦਾ ਮੁਲ ਵਧਾਕੇ ਉਸ ਨੂੰ ਇਕ ਪਰਸੈਂਟ ਵਾਧਾ ਨਹੀ ਦਿਤਾ ਗਿਆ।ਉਨ੍ਹਾਂ ਕਿਹਾ ਪੰਜਾਬ ਦੇ ਕਿਸਾਨਾ ਨਾਲ ਇਕ ਕੋਝਾ ਮੁਜਾਕ ਕੀਤਾ ਗਿਆ ਹੈ ਜੋ ਕਿ ਕਿਸਾਨ ਨੂੰ ਉਸਦੀ ਲਾਗਤ ਅਤੇ ਮਿਹਨਤ ਦਾ ਬਣਦਾ ਮੁਲ ਵੀ ਨਹੀ ਮਿਲ ਰਿਹਾ ਹੈ। ਇਸ ਮੌਕੇ ਸੁਖਜੀਤ ਸਿੰਘ, ਪਰਮਿੰਦਰ ਸਿੰਘ, ਸੋਨੂ ਪੰਡਤ ਭਾਗੀਆ, ਅਮਨਪ੍ਰੀਤ ਸਿੰਘ ਚੌਹਾਨ, ਅਮਰਜੀਤ ਸਿੰਘ ਆਦਿ ਹਾਜ਼ਰ ਸਨ।

# ਡੀ ਏ ਵੀ ਆਈ ਈ ਟੀ ਨੇ 'ਦ੍ਰੋਣ ਪੁਰਸਕਾਰ 2026' ਕਰਵਾਇਆ

**ਜਲੰਧਰ (ਨ ਜ਼ ਸ)**- ਡੀ ਏ ਵੀ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਡੀ ਏ ਵੀ ਆਈ ਈ ਟੀ) ਵੱਲੋਂ 92.7 ਬਿਗ ਐਫਐਮ ਦੇ ਸਹਿਯੋਗ ਨਾਲ ਪ੍ਰਸਿੱਧ ਦ੍ਰੋਣ ਪੁਰਸਕਾਰ 2026 ਦਾ ਸਫਲਤਾਪੂਰਵਕ ਆਯੋਜਨ ਕੀਤਾ



ਗਿਆ। ਇਹ ਸਮਾਰੋਹ ਇਨੋਸੈਂਸ ਆਈਲ ਵੱਲੋਂ ਪੇਸ਼ ਕੀਤਾ ਗਿਆ ਅਤੇ ਸੂਦ ਹਸਪਤਾਲ, ਆਕਾਸ਼ ਇੰਸਟੀਟਿਊਟ ਅਤੇ ਐਮੇਨ ਨਿਊਰੋ ਐਂਡ ਕ੍ਰਿਟੀਕਲ ਕੇਅਰ ਸੈਂਟਰ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਸਮਾਗਮ ਦਾ ਉਦੇਸ਼ ਜਲੰਧਰ ਅਤੇ ਆਸ-ਪਾਸ ਦੇ ਖੇਤਰਾਂ ਦੇ ਸਕੂਲ ਪ੍ਰਿੰਸੀਪਲਾਂ, ਅਧਿਆਪਕਾਂ ਅਤੇ ਵਿਦਿਆਰਥੀਆਂ ਦੀ ਅਥਾਹ ਮਿਹਨਤ, ਸਮਰਪਣ ਅਤੇ ਯੋਗਦਾਨ ਨੂੰ ਪਛਾਣਨਾ, ਸਨਮਾਨਿਤ ਕਰਨਾ ਅਤੇ ਉਤਸ਼ਾਹਿਤ ਕਰਨਾ ਸੀ। ਮਹਾਨ ਗੁਰੂ ਦ੍ਰੋਣਾਚਾਰਿਆ ਦੇ ਨਾਂਅ ਅਤੇ ਪ੍ਰੇਰਨਾ ਤੋਂ ਪ੍ਰੇਰਿਤ ਇਹ ਸਮਾਰੋਹ ਅਧਿਆਪਕਾਂ ਦੀ ਬਦਲਾਅ ਲਿਆਉਣ ਵਾਲੀ ਭੂਮਿਕਾ ਨੂੰ ਸਮਰਪਿਤ ਰਿਹਾ। ਡੀ ਏ ਵੀ ਆਈ ਈ ਟੀ ਦੇ ਨਿਰਦੇਸ਼ਕ-ਕਮ-ਪ੍ਰਿੰਸੀਪਲ ਡਾ. ਸੰਦੀਪ ਵਿਜ ਨੇ ਪ੍ਰੇਰਨਾਦਾਇਕ ਸਵਾਗਤੀ ਸੰਬੋਧਨ ਕਰਦਿਆਂ ਸਮਾਗਮ ਦੀ ਰਸਮੀ ਸ਼ੁਰੂਆਤ ਕੀਤੀ। ਉਨ੍ਹਾਂ ਨੇ ਨੌਜਵਾਨ ਮਨਾਂ ਨੂੰ ਸਹੀ ਦਿਸ਼ਾ ਦੇਣ, ਉਨ੍ਹਾਂ ਵਿੱਚ ਜੀਵਨ-ਮੁੱਲਾਂ ਦਾ ਵਿਕਾਸ ਕਰਨ ਅਤੇ ਇੱਕ ਤਰੱਕੀਸ਼ੀਲ ਸਮਾਜ ਦੀ ਨੀਂਹ ਰੱਖਣ ਵਿੱਚ ਅਧਿਆਪਕਾਂ ਦੀ ਮਹੱਤਵਪੂਰਨ ਭੂਮਿਕਾ ਉੱਤੇ ਜ਼ੋਰ ਦਿੱਤਾ। ਉਨ੍ਹਾਂ ਨੇ 92.7 ਬਿਗ ਐੱਫ ਐੱਮ, ਡੀ ਏ ਵੀ ਆਈ ਈ ਟੀ ਦੇ ਅਧਿਆਪਕ ਵਰਗ ਅਤੇ ਸਮਾਗਮ ਦੇ ਪ੍ਰਾਯੋਜਕਾਂ ਵੱਲੋਂ ਦਿੱਤੇ ਕੀਮਤੀ ਸਹਿਯੋਗ ਲਈ ਧੰਨਵਾਦ ਪ੍ਰਗਟ ਕੀਤਾ। ਡਾ. ਵਿਜ ਨੇ ਡਾ. ਅਨਿਲ ਸੋਨੀ ਅਤੇ ਪ੍ਰਬੰਧਕੀ ਕਮੇਟੀ ਵੱਲੋਂ ਕੀਤੀ ਗਈ ਵਿਸਥਾਰਪੂਰਵਕ ਯੋਜਨਾਬੰਦੀ, ਸਾਂਝੇ ਯਤਨਾਂ ਅਤੇ ਸਮਾਗਮ ਨੂੰ ਸਫਲ ਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਉਨ੍ਹਾਂ ਦੀ ਵਚਨਬੱਧਤਾ ਦੀ ਵੀ ਸ਼ਲਾਘਾ ਕੀਤੀ। ਸਮਾਗਮ ਵਿੱਚ ਅਕਾਦਮਿਕ ਸਨਮਾਨ ਦੇ ਨਾਲ ਰੰਗਾਰੰਗ ਸੱਭਿਆਚਾਰਕ ਪੇਸ਼ਕਾਰੀਆਂ ਵੀ ਸ਼ਾਮਲ ਰਹੀਆਂ। ਸਨਮਾਨ ਸਮਾਰੋਹ ਵਿੱਚ ਜਲੰਧਰ ਅਤੇ ਨੇੜਲੇ ਖੇਤਰਾਂ ਦੇ ਤੀਹ ਤੋਂ ਵੱਧ ਪ੍ਰਮੁੱਖ ਸਿੱਖਿਆ ਸੰਸਥਾਨਾਂ ਦੇ ਸਕੂਲ ਮੁਖੀਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ।

# ਝੋਨੇ ਦੇ ਸੀਜ਼ਨ ਨੂੰ ਲੈ ਕੇ ਆੜ੍ਹਤੀ ਐਸੋਸੀਏਸ਼ਨ ਵੱਲੋਂ ਸ਼ੁਕਰਾਨਾ ਸਮਾਗਮ

**ਮੋਰਿੰਡਾ (ਨਿਹਾਲ ਸਿੰਘ ਕਲਸੀ)**- ਆੜਤੀ ਐਸੋਸੀਏਸ਼ਨ ਮੋਰਿੰਡਾ ਵੱਲੋਂ ਕਿਸਾਨ ਯੂਨੀਅਨ, ਮਜ਼ਦੂਰਾਂ ਅਤੇ ਮਾਰਕੀਟ ਕਮੇਟੀ ਮੋਰਿੰਡਾ ਦੇ ਸਮੂਹ ਸਟਾਫ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ



ਸਾਲ ਵੀ ਝੋਨੇ ਦੇ ਸੀਜ਼ਨ ਨੂੰ ਲੈ ਕੇ ਸ਼ੁਕਰਾਨਾ ਸਮਾਗਮ ਕਰਵਾਇਆ ਗਿਆ। ਇਸ ਸੰਬੰਧੀ ਜਾਣਕਾਰੀ ਦਿੰਦਿਆ ਐਸੋਸੀਏਸ਼ਨ ਦੇ ਆਗੂ ਪਰਮਿੰਦਰ ਸਿੰਘ ਖੱਟੜਾ ਨੇ ਦੱਸਿਆ ਕਿ ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਇਸ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਆਮ ਆਦਮੀ ਪਾਰਟੀ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਇੰਚਾਰਜ ਡਾਕਟਰ ਜਸਬੀਰ ਸਿੰਘ ਗੜ੍ਹੀ ਨੇ ਕਿਹਾ ਕਿ ਝੋਨੇ ਦੇ ਸੀਜਨ ਨੂੰ ਲੈ ਕੇ ਆੜਤੀਆਂ, ਕਿਸਾਨਾਂ, ਸੈਲਰ ਮਾਲਕਾਂ ਅਤੇ ਮੰਡੀ ਵਿੱਚ ਕੰਮ ਕਰਨ ਵਾਲੇ ਮਜ਼ਦੂਰਾਂ ਨੂੰ ਕਿਸੇ ਪ੍ਰਕਾਰ ਦੀ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ, ਝੋਨੇ ਦੀ ਖਰੀਦ ਉਪਰੰਤ ਅਦਾਇਗੀ ਨਾਲ ਦੀ ਨਾਲ ਅਦਾ ਕੀਤੀ ਜਾਵੇਗੀ। ਇਸ ਮੌਕੇ ਆੜਤੀ ਐਸੋਸੀਏਸ਼ਨ ਮੋਰਿੰਡਾ ਦੇ ਪ੍ਰਧਾਨ ਜੁਝਾਰ ਸਿੰਘ ਮਾਵੀ ਸੈਲਰ ਐਸੋਸੀਏਸ਼ਨ ਪੰਜਾਬ ਦੇ ਆਗੂ ਜਤਿੰਦਰ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਪ੍ਰਧਾਨ ਦਲਜੀਤ ਸਿੰਘ ਚਲਾਕੀ, ਕਿਸਾਨ ਯੂਨੀਅਨ ਰਾਜੇਵਾਲ ਦੇ ਆਗੂ ਪਰਮਿੰਦਰ ਸਿੰਘ ਚਲਾਕੀ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਆੜਤੀ ਐਸੋਸੀਏਸ਼ਨ ਦੇ ਆਗੂ ਅਜੀਤ ਸਿੰਘ ਸੰਧੂ ਢੋਲਣ ਮਾਜਰਾ, ਗੁਰਜੀਤ ਸਿੰਘ ਸਿੱਧੂ, ਵਰੁਣ ਚਾਵਲਾ, ਜਰਨੈਲ ਸਿੰਘ ਸੱਖੋਮਾਜਰਾ, ਮਨਪ੍ਰੀਤ ਸਿੰਘ ਮਾਵੀ, ਉਧਮ ਸਿੰਘ ਰਾਣਾ,ਸਾਬਕਾ ਸਰਪੰਚ ਭੁਪਿੰਦਰ ਸਿੰਘ ਮੁੰਡੀਆ, ਆਪ ਦੇ ਆਗੂ ਨਵਦੀਪ ਸਿੰਘ ਟੋਨੀ, ਮਾਰਕੀਟ ਕਮੇਟੀ ਮੋਰਿੰਡਾ ਦੇ ਚੇਅਰਮੈਨ ਐਨਪੀ ਰਾਣਾ, ਨਿਰਮਲ ਪ੍ਰੀਤ ਸਿੰਘ ਮਿਹਰਬਾਨ, ਮੰਡੀ ਸੁਪਰਵਾਈਜ਼ਰ ਜਸਵੰਤ ਸਿੰਘ ਮਾਹਲ ਆਦਿ ਹਾਜ਼ਰ ਸਨ।

# ਥੱਥਲਾਂ ਵਿਖੇ ਸੁੰਦਰ ਸ਼ਾਮ ਅਰੋੜਾ ਵੱਲੋਂ ਲੋਕ ਮਿਲਣੀ

**ਸ਼ਾਮਚੁਰਾਸੀ (ਬਲਵੀਰ ਸਿੰਘ ਸੈਣੀ)**- ਸੁੰਦਰ ਸ਼ਾਮ ਅਰੋੜਾ ਵੱਲੋਂ ਪਿੰਡ ਥੱਥਲਾਂ ਵਿਖੇ ਇਕ ਲੋਕ ਮਿਲਣੀ ਕੀਤੀ ਗਈ, ਜਿਸ ਦੌਰਾਨ ਪਿੰਡ ਵਾਸੀਆਂ ਵੱਲੋਂ ਉਨ੍ਹਾਂ ਨੂੰ ਭਰਪੂਰ ਪਿਆਰ ਅਤੇ ਸਮਰਥਨ ਦਿੱਤਾ ਗਿਆ।



ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਦੇ ਵਸਨੀਕ ਮੌਜੂਦ ਰਹੇ ਅਤੇ ਉਨ੍ਹਾਂ ਨੇ ਇਸ ਲੋਕ ਮਿਲਣੀ ਵਿੱਚ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਸੁੰਦਰ ਸ਼ਾਮ ਅਰੋੜਾ ਨੇ ਕਾਂਗਰਸ ਪਾਰਟੀ ਦੀਆਂ ਨੀਤੀਆਂ, ਵਿਚਾਰਧਾਰਾ ਅਤੇ ਲੋਕ ਭਲਾਈ ਪ੍ਰਤੀ ਪਾਰਟੀ ਦੇ ਨਜ਼ਰੀਏ ਬਾਰੇ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਲੋਕਾਂ ਨਾਲ ਗੱਲਬਾਤ ਕਰਦਿਆਂ ਇਲਾਕੇ ਦੇ ਵਿਕਾਸ, ਲੋਕਾਂ ਦੀਆਂ ਲੋੜਾਂ ਅਤੇ ਵੱਖ-ਵੱਖ ਜਨਤਕ ਮੁੱਦਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਇਸ ਦੌਰਾਨ ਸੁੰਦਰ ਸ਼ਾਮ ਅਰੋੜਾ ਨੇ ਪਿੰਡ ਵਾਸੀਆਂ ਦੀਆਂ ਗੱਲਾਂ ਸੁਣੀਆਂ ਅਤੇ ਉਨ੍ਹਾਂ ਨਾਲ ਸਿੱਧਾ ਸੰਵਾਦ ਸਥਾਪਤ ਕੀਤਾ। ਲੋਕ ਮਿਲਣੀ ਦਾ ਮੁੱਖ ਉਦੇਸ਼ ਲੋਕਾਂ ਨਾਲ ਆਪਸੀ ਸਾਂਝ ਨੂੰ ਮਜ਼ਬੂਤ ਕਰਨਾ ਅਤੇ ਉਨ੍ਹਾਂ ਦੇ ਵਿਚਾਰਾਂ ਤੇ ਸਮੱਸਿਆਵਾਂ ਨੂੰ ਸਮਝਣਾ ਰਿਹਾ। ਪਿੰਡ ਥੱਥਲਾਂ ਵਿਖੇ ਹੋਈ ਇਸ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਦੀ ਵੱਡੀ ਸ਼ਮੂਲੀਅਤ ਦੇਖਣ ਨੂੰ ਮਿਲੀ।

# ਡਰੋਨ ਸ਼ੋਅ ਨੇ ਸੰਗਤਾਂ ਨੂੰ ਗੁਰੂ ਰਵਿਦਾਸ ਦੇ ਜੀਵਨ, ਬਾਣੀ ਤੇ ਫ਼ਲਸਫ਼ੇ ਤੋਂ ਕਰਵਾਇਆ ਜਾਣੂ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ, ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਕਰਵਾਏ ਜਾ ਰਹੇ ਵਿਸ਼ੇਸ਼ ਸਮਾਗਮਾਂ ਦੀ ਲੜੀ ਤਹਿਤ



ਸਰਕਾਰੀ ਕਾਲਜ ਡੇਰਾਬੱਸੀ ਵਿਖੇ ਇੱਕੋ ਸਮੇਂ ਉਡੇ 500 ਡਰੋਨਾਂ ਨੇ ਸੰਗਤਾਂ ਨੂੰ ਸ਼ਰਧਾ ਨਾਲ ਆਨੰਦਿਤ ਕਰ ਦਿੱਤਾ।

ਰਾਤ ਨੂੰ ਅਸਮਾਨ ਵਿੱਚ ਰੌਸ਼ਨੀਆਂ ਨਾਲ ਜਗਮਗਾਉਂਦੇ ਸੈਂਕੜੇ ਡਰੋਨਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਜੀਵਨ, ਬਾਣੀ, ਵਿਚਾਰਧਾਰਾ ਅਤੇ ਮਹਾਨ ਫ਼ਲਸਫ਼ੇ ਨੂੰ ਦਿਲਕਸ਼ ਢੰਗ ਨਾਲ ਪੇਸ਼ ਕੀਤਾ ਗਿਆ, ਜਿਸ ਨੇ ਹਾਜ਼ਰ ਸੰਗਤ ਨੂੰ ਰੂਹਾਨੀ ਅਨੰਦ ਨਾਲ ਭਰ ਦਿੱਤਾ।ਇਸ ਮੌਕੇ ਵਿਧਾਨ ਸਭਾ ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ, ਐੱਸ ਡੀ ਐੱਮ ਡੇਰਾਬੱਸੀ ਅਮਿਤ ਗੁਪਤਾ ਤੇ ਵੱਡੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ। ਸੰਗਤ ਨੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਇਸ ਵਿਲੱਖਣ ਡਰੋਨ ਸ਼ੋਅ ਦਾ ਆਨੰਦ ਮਾਣਿਆ।

ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਦਿਆਂ ਸਮਾਜ ਦੇ ਹਰ ਵਰਗ ਦੀ ਭਲਾਈ, ਬਰਾਬਰੀ ਅਤੇ ਭਾਈਚਾਰਕ ਸਾਂਝ ਲਈ ਵਚਨਬੱਧ ਹੈ।

ਉਨ੍ਹਾਂ ਕਿਹਾ ਕਿ ਡਰੋਨ ਸ਼ੋਅ ਵਰਗੀ ਆਧੁਨਿਕ ਡਿਜੀਟਲ ਤਕਨੀਕ ਰਾਹੀਂ ਗੁਰੂ ਸਾਹਿਬ ਦੇ ਜੀਵਨ, ਬਾਣੀ ਅਤੇ ਸਿੱਖਿਆਵਾਂ ਨੂੰ ਨੌਜਵਾਨ ਪੀੜ੍ਹੀ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਦਾ ਉਪਰਾਲਾ ਕੀਤਾ ਗਿਆ ਹੈ।

ਇਸ ਮੌਕੇ ਵੱਡੀ ਗਿਣਤੀ ਵਿੱਚ ਪਹੁੰਚੀ ਸੰਗਤ ਨੇ ਪੰਜਾਬ ਸਰਕਾਰ ਵੱਲੋਂ ਕਰਵਾਏ ਗਏ ਇਸ ਵਿਲੱਖਣ ਉਪਰਾਲੇ ਦੀ ਸ਼ਲਾਘਾ ਕੀਤੀ।

# 26 ਸਕੂਲੀ ਬੱਸਾਂ ਦੀ ਚੈਕਿੰਗ, 14 ਚਲਾਨ ਕੱਟੇ

**ਹੁਸ਼ਿਆਰਪੁਰ (ਓ ਪੀ ਰਾਣਾ)**- ਸੇਫ ਸਕੂਲ ਵਾਹਨ ਪਾਲਿਸੀ ਤਹਿਤ ਸਕੂਲ ਦੇ ਬੱਚਿਆਂ ਦੀ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਸਕੂਲ ਮੁਖੀ ਵੱਲੋ ਬੱਸਾਂ ਵਿਚ ਸਾਰੇ ਨਾਰਮਜ਼/ਸ਼ਰਤਾਂ ਦੀ ਪਾਲਣਾ ਕਰਨੀ ਅਤੀ ਜਰੂਰੀ ਹੈ। ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਪੰਜਾਬ ਰਾਜ ਬਾਲ ਅਧਿਕਾਰ ਰੱਖਿਆ ਕਮੀਸ਼ਨ ਵੱਲੋਂ ਜਾਰੀ ਹਦਾਇਤਾਂ ਅਤੇ ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਦੇ ਹੁਕਮਾਂ ਅਨੁਸਾਰ ਬਲਾਕ ਟਾਂਡਾ ਅਤੇ ਹੁਸ਼ਿਆਰਪੁਰ ਵਿਖੇ ਸੇਫ ਸਕੂਲ ਵਾਹਨਾ



ਪਾਲਿਸੀ ਤਹਿਤ ਬੱਸਾਂ ਚੈੱਕ ਕੀਤੀਆਂ ਗਈਆ। ਜਿਲ੍ਹਾ ਹੁਸ਼ਿਆਰਪੁਰ ਦੇ ਬਲਾਕ ਟਾਂਡਾ ਵਿਖੇ ਸੇਂਟ ਮੈਰੀ ਕੋਨਵੈਂਟ ਸਕੂਲ ਟਾਂਡਾ, ਡੀ ਏ ਵੀ ਸੀਨੀਅਰ ਸੈਕੰਡਰੀ ਸਕੂਲ, ਉੜਮੜ ਟਾਂਡਾ ਅਤੇ ਵਿਕਟੋਰੀਆ ਇੰਟਰਨੈਸ਼ਨਲ ਸਕੂਲ ਪਿੰਡ ਬੈਂਚ, ਟਾਂਡਾ ਅਤੇ ਐਸ.ਏ.ਵੀ ਜੈਨ ਡੇ ਬੋਡਿੰਗ ਸਕੂਲ ਊਨਾ ਰੋਡ ਹੁਸ਼ਿਆਰਪੁਰ, ਸੇਂਟ ਸੋਲਜਰ ਡਿਵਾਇਨ ਪਬਲਿਕ ਸਕੂਲ ਊਨਾ ਰੋਡ ਹੁਸ਼ਿਆਰਪੁਰ ਅਤੇ ਚੌਧਰੀ ਬਲਵੀਰ ਸਿੰਘ ਸੀਨੀਅਰ ਸੈਕੰਡਰੀ ਸਕੂਲ ਹੁਸ਼ਿਆਰਪੁਰ ਵਿਖੇ ਸਕੂਲੀ ਬੱਸਾਂ ਦੀ ਚੈਕਿੰਗ ਕੀਤੀ ਗਈ। ਇਸ ਦੌਰਾਨ ਜਿਲ੍ਹਾ ਹੁਸ਼ਿਆਰਪੁਰ ਵਿੱਚ ਕੁੱਲ 26 ਸਕੂਲ ਬੱਸਾਂ ਚੈੱਕ ਕੀਤੀਆਂ ਗਈਆਂ ਅਤੇ 14 ਚਲਾਨ ਕੱਟੇ ਗਏ। ਇਸ ਮੌਕੇ ਜਿਲ੍ਹਾ ਬਾਲ ਸੁਰੱਖਿਆ ਯੂਨਿਟ, ਹੁਸ਼ਿਆਰਪੁਰ ਵੱਲੋਂ ਜਿਲ੍ਹਾ ਬਾਲ ਸੁਰੱਖਿਆ ਯੂਨਿਟ ਵੱਲੋਂ ਸ਼੍ਰੀਮਤੀ ਰਣਜੀਤ ਕੌਰ, ਅਮਨਦੀਪ ਸਿੰਘ, ਸ਼੍ਰੀਮਤੀ ਅਮਨਦੀਪ ਕੌਰ, ਪੁਲਿਸ ਵਿਭਾਗ ਵੱਲੋਂ ਰਾਕੇਸ਼ ਸਿੰਘ ਟਾਂਡਾ, ਮੁਖਤਿਆਰ ਸਿੰਘ ਸਿਟੀ ਟ੍ਰੈਫਿਕ ਪੁਲਿਸ ਹੁਸ਼ਿਆਰਪੁਰ, ਸਿੱਖਿਆ ਵਿਭਾਗ ਵੱਲੋਂ ਰਣਦੀਵ ਸਿੰਘ, ਸਿਮਰਨਜੀਤ ਕੌਰ ਅਤੇ ਸਮੂਹ ਟੀਮ ਹਾਜ਼ਰ ਸਨ। ਚੈਕਿੰਗ ਦੌਰਾਨ ਜਿਨ੍ਹਾਂ ਸਕੂਲੀ ਬੱਸਾਂ ਵਿਚ ਮਿਆਦ ਖਤਮ ਹੋ ਚੁੱਕੀਆਂ ਫਸਟ ਏਡ ਕਿੱਟਾਂ, ਬਿਨਾਂ ਲੇਡੀ ਅਟੈਂਡੈਂਟ, ਬਿਨ੍ਹਾ ਅੱਗ ਬੁਝਾਊ ਯੰਤਰ, ਬਿਨ੍ਹਾਂ ਯੂਨੀਫਾਰਮ ਆਦਿ ਕਮੀਆਂ ਪਾਈਆਂ ਗਈਆਂ।

# ਭਾਰਤ ਬਨਾਮ ਵੈਸਟ ਇੰਡੀਜ਼ ਤੀਜਾ ਵਨਡੇ ਭਲਕੇ

**ਚੰਡੀਗੜ੍ਹ (ਸੁਰਜੀਤ ਸੁਮਨ)**- ਭਾਰਤ ਅਤੇ ਵੈਸਟਇੰਡੀਜ਼ ਦਰਮਿਆਨ ਮੈਚ ਵਾਲੇ ਦਿਨ ਦਰਸ਼ਕਾਂ ਅਤੇ ਵਾਹਨਾਂ ਦੀ ਸੰਭਾਵਿਤ ਆਵਾਜਾਈ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਕ੍ਰਿਕਟ ਐਸੋਸੀਏਸ਼ਨ ਵੱਲੋਂ ਟ੍ਰੈਫਿਕ ਅਤੇ ਪਾਰਕਿੰਗ ਸਬੰਧੀ ਐਡਵਾਈਜ਼ਰੀ ਜਾਰੀ ਕੀਤੀ ਗਈ ਹੈ। ਇਸ ਐਡਵਾਈਜ਼ਰੀ ਰਾਹੀਂ ਮੈਚ ਦੇਖਣ ਆਉਣ ਵਾਲ਼ੇ ਦਰਸ਼ਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਸਟੇਡੀਅਮ ਦੇ ਆਲੇ-ਦੁਆਲੇ ਟ੍ਰੈਫਿਕ ਨੂੰ ਸੁਚਾਰੂ ਬਣਾਈ ਰੱਖਣ ਲਈ ਨਿਰਧਾਰਤ ਰੂਟ ਅਤੇ ਪਾਰਕਿੰਗ ਸਬੰਧੀ ਹਦਾਇਤਾਂ ਦੀ ਪਾਲਣਾ ਕਰਨ। ਐਸੋਸੀਏਸ਼ਨ ਦੇ ਬੁਲਾਰੇ ਨੇ ਕਿਹਾ ਕਿ ਪੇਡ ਪਾਰਕਿੰਗ ਦੀ ਵਰਤੋਂ ਕਰਨ ਵਾਲੇ ਦਰਸ਼ਕਾਂ ਅਤੇ ਟੈਕਸੀਆਂ ਲਈ ਓਮੈਕਸ ਚੌਂਕ ਰੂਟ ਨਿਰਧਾਰਤ ਕੀਤਾ ਗਿਆ ਹੈ। ਦਰਸ਼ਕ ਅਤੇ ਟੈਕਸੀਆਂ ਇਸ ਰੂਟ ਰਾਹੀਂ ਸਟੇਡੀਅਮ ਵੱਲ ਆਉਣ ਅਤੇ ਆਪਣੀ ਨਿਰਧਾਰਤ ਪਾਰਕਿੰਗ ਲਈ ਦਿੱਤੇ ਰੂਟ ਦੀ ਪਾਲਣਾ ਕਰਨ। ਇਸੇ ਤਰ੍ਹਾਂ ਪੀ ਏ ਪੀ ਬੀ ਤੇ ਪੀ ਸੀ ਲਈ ਵੈਧ ਪਾਰਕਿੰਗ ਸਟਿਕਰ ਵਾਲੇ ਵਾਹਨ ਮਾਰਬਲ ਮਾਰਕਿਟ ਲਾਈਟਸ ਵਾਲੇ ਪਾਸਿਉਂ ਸਟੇਡੀਅਮ ਵੱਲ ਆਉਣ ਅਤੇ ਸਟਿਕਰ ਪਾਰਕਿੰਗ ਲਈ ਨਿਰਧਾਰਤ ਰੂਟ ਦੀ ਪਾਲਣਾ ਕਰਨ। ਦਰਸ਼ਕਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਆਪਣੀ ਪਾਰਕਿੰਗ 'ਸ਼ੋਅ ਮਾਈ ਪਾਰਕਿੰਗ' ਰਾਹੀਂ ਪਹਿਲਾਂ ਹੀ ਬੁੱਕ ਕਰਨ, ਇਸ ਮੈਚ ਦਾ ਆਫੀਸ਼ੀਅਲ ਪਾਰਕਿੰਗ ਐਪ ਹੈ। ਪੀ ਡੀ ਪਾਰਕਿੰਗ ਵਿਖੇ ਮੈਚ ਡੇਅ ਬਾਕਸ ਆਫਿਸ ਉਪਲਬਧ ਰਹੇਗਾ, ਜਿਸ ਦਾ ਸਮਾਂ ਸਵੇਰੇ 9:00 ਵਜੇ ਤੋਂ ਸ਼ਾਮ 6:00 ਵਜੇ ਤੱਕ ਹੋਵੇਗਾ। ਮੈਚ ਵਾਲੇ ਦਿਨ ਸਟੇਡੀਅਮ ਦੇ ਗੇਟ ਦੁਪਹਿਰ 12:00 ਵਜੇ ਖੁੱਲ੍ਹਣਗੇ। ਉਨ੍ਹਾਂ ਕਿਹਾ ਕਿ ਭਾਰਤ ਬਨਾਮ ਵੈਸਟਇੰਡੀਜ਼ ਤੀਜਾ ਵਨਡੇ 3 ਅਕਤੂਬਰ ਨੂੰ ਦੁਪਹਿਰ 2:00 ਵਜੇ ਸ਼ੁਰੂ ਹੇਵੇਗਾ।

# ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਤਿੰਨ ਬੱਸਾਂ ਡੇਰਾ ਬੱਸੀ ਤੋਂ ਰਵਾਨਾ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਡੇਰਾਬੱਸੀ ਵਿਧਾਨ ਸਭਾ ਹਲਕੇ ਦੇ ਪਿੰਡ ਭੁਖੜੀ, ਭਾਗਸੀ ਅਤੇ ਸਮਗੌਲੀ ਤੋਂ ਸੰਗਤਾਂ ਨੂੰ ਧਾਰਮਿਕ ਅਤੇ ਇਤਿਹਾਸਕ ਤੀਰਥ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਤਿੰਨ ਬੱਸਾਂ ਰਵਾਨਾ ਕੀਤੀਆਂ ਗਈਆਂ। ਇਸ ਮੌਕੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।ਇਸ ਮੌਕੇ ਵਿਧਾਇਕ





ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਦਾ ਉਦੇਸ਼ ਸੂਬੇ ਦੇ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਤੇ ਇਤਿਹਾਸਕ ਅਸਥਾਨਾਂ ਦੇ ਦਰਸ਼ਨ ਕਰਨ ਦੀ ਸਹੂਲਤ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਅਜਿਹੇ ਉਪਰਾਲਿਆਂ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ, ਜਿਸ ਨਾਲ ਸੰਗਤਾਂ ਨੂੰ ਸੁਵਿਧਾਜਨਕ ਢੰਗ ਨਾਲ ਤੀਰਥ ਅਸਥਾਨਾਂ ਦੀ ਯਾਤਰਾ ਕਰਨ ਦਾ ਮੌਕਾ ਮਿਲਦਾ ਹੈ।ਉਨ੍ਹਾਂ ਕਿਹਾ ਕਿ ਤੀਰਥ ਯਾਤਰਾ 'ਤੇ ਜਾਣ ਵਾਲੀਆਂ ਸੰਗਤਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਅਤੇ ਸੰਗਤਾਂ ਨੇ ਇਸ ਉਪਰਾਲੇ ਲਈ ਖੁਸ਼ੀ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਪਿੰਡ ਭੁਖੜੀ, ਭਾਗਸੀ ਤੇ ਸਮਗੌਲੀ ਦੇ ਸਰਪੰਚ, ਪੰਚਾਇਤ ਮੈਂਬਰ, ਬਲਾਕ ਸੰਮਤੀ ਮੈਂਬਰ, ਸਥਾਨਕ ਪਤਵੰਤੇ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਗਿਆਨੀ ਹਰਜਿੰਦਰ ਸਿੰਘ ਪਰਵਾਨਾ ਯੂਰਪ ਦੇ ਦੌਰੇ ਤੋਂ 5 ਨਵੰਬਰ ਨੂੰ ਵਤਨ ਪਰਤਣਗੇ



**ਨਕੋਦਰ (ਮਨਜੀਤ ਮਾਨ)**- ਇੰਟਰਨੈਸ਼ਨਲ ਗੋਲਡ ਮੈਡਲਿਸਟ ਢਾਡੀ ਜਥਾ ਗਿਆਨੀ ਹਰਜਿੰਦਰ ਸਿੰਘ ਪਰਵਾਨਾ ਯੂਰਪ ਦੇ ਵੱਖ ਵੱਖ ਮੁਲਕਾਂ ਵਿੱਚੋਂ ਵਿਚਰਦੇ ਹੋਏ ਪੰਜ ਨਵੰਬਰ 2026 ਨੂੰ ਪੰਜਾਬ ਪਰਤ ਰਹੇ ਹਨ। ਸੰਗਤਾਂ ਦੀਆਂ ਭਾਵਨਾਵਾਂ ਦਾ ਖਿਆਲ ਰੱਖਦੇ ਹੋਏ ਆਪਣੇ ਵਤਨ ਪੰਜਾਬ ਆ ਕੇ ਧਾਰਮਿਕ ਸਮਾਗਮ ਕਰਨਗੇ। ਗਿਆਨੀ ਹਰਜਿੰਦਰ ਸਿੰਘ ਪਰਵਾਨਾ ਨੇ ਪੱਤਰਕਾਰਾਂ ਦੇ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਉਹ ਪੰਜ ਨਵੰਬਰ ਨੂੰ ਆਪਣੇ ਜਥੇ ਸਾਥੀ ਭਾਈ ਸਰੰਗੀ ਵਾਦਕ ਗਿਆਨੀ ਸਰਬਜੀਤ ਸਿੰਘ, ਢਾਡੀ ਜਗਤਾਰ ਸਿੰਘ ਰਤਨ, ਢਾਡੀ ਲਵਪ੍ਰੀਤ ਸਿੰਘ ਨਾਲ ਆਪਣੇ ਵਤਨ ਪੰਜਾਬ ਪਹੁੰਚ ਰਹੇ ਹਨ।

# ਵਿਸ਼ਵ ਦਿਲ ਦਿਵਸ ਮੌਕੇ ਜਾਗਰੂਕਤਾ ਪ੍ਰੋਗਰਾਮ ਕਰਵਾਇਆ

**ਜਲੰਧਰ (ਸ਼ੈਲੀ ਐਲਬਰਟ)**- ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਸ਼ਾਹਪੁਰ ਵਿਖੇ ਵਿਸ਼ਵ ਦਿਲ ਦਿਵਸ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਮੈਡੀਕਲ ਲੈਬ





ਸਾਇੰਸਜ਼ ਅਤੇ ਬਾਇਓਟੈਕਨਾਲੋਜੀ ਵਿਭਾਗਾਂ ਵੱਲੋਂ ਦਿਲ ਦੀ ਸਿਹਤ, ਰੋਕਥਾਮ ਅਤੇ ਸਿਹਤਮੰਦ ਜੀਵਨਸ਼ੈਲੀ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਸਮਾਗਮ ਦੌਰਾਨ ਡਾ. ਮਨੁਪ੍ਰਿਆ ਅਤੇ ਡਾ. ਯੂਸਫ਼ ਨੇ ਵਿਸ਼ੇਸ਼ ਲੈਕਚਰ ਦਿੱਤੇ। ਉਨ੍ਹਾਂ ਨੇ ਕਾਰਡਿਐਕ ਰਿਸਰਚ ਅਤੇ ਮਰੀਜ਼ਾਂ ਦੀ ਦੇਖਭਾਲ ਨਾਲ ਸਬੰਧਤ ਆਪਣੇ ਤਜਰਬੇ ਸਾਂਝੇ ਕਰਦਿਆਂ ਵਿਦਿਆਰਥੀਆਂ ਨੂੰ ਦਿਲ ਦੀ ਸਿਹਤ ਅਤੇ ਬਚਾਅ ਦੇ ਤਰੀਕਿਆਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਵਿਦਿਆਰਥੀਆਂ ਨੇ ਵਿਗਿਆਨਕ ਹਰਬਲ ਰੰਗੋਲੀ ਮੁਕਾਬਲੇ, 3ਡੀ ਮਾਡਲ ਅਤੇ ਪੋਸਟਰ ਪ੍ਰਸਤੁਤੀਆਂ, ਸਿਹਤਮੰਦ ਭੋਜਨ ਮੁਕਾਬਲੇ ਅਤੇ 'ਲੈਟਰ ਟੂ ਮਾਈ ਹਾਰਟ' ਗਤੀਵਿਧੀ ਵਿੱਚ ਉਤਸ਼ਾਹ ਨਾਲ ਭਾਗ ਲਿਆ। ਇਸ ਗਤੀਵਿਧੀ ਰਾਹੀਂ ਵਿਦਿਆਰਥੀਆਂ ਨੇ ਸਿਹਤਮੰਦ ਦਿਲ ਪ੍ਰਤੀ ਆਪਣੇ ਵਿਚਾਰਾਂ ਅਤੇ ਸੰਕਲਪਾਂ ਨੂੰ ਪ੍ਰਗਟ ਕੀਤਾ। ਸਮਾਗਮ ਦੇ ਅੰਤ ਵਿੱਚ ਵਿਦਿਆਰਥੀਆਂ ਵੱਲੋਂ ਜਾਗਰੂਕਤਾ ਰੈਲੀ ਕੱਢੀ ਗਈ, ਜਿਸ ਰਾਹੀਂ ਕੈਂਪਸ ਵਿੱਚ ਦਿਲ ਦੀ ਸਿਹਤ ਅਤੇ ਦਿਲ ਦੀਆਂ ਬਿਮਾਰੀਆਂ ਤੋਂ ਬਚਾਅ ਦਾ ਸੰਦੇਸ਼ ਦਿੱਤਾ ਗਿਆ। ਸੀਟੀ ਗਰੁੱਪ ਦੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਦਿਲ ਦੀ ਸਿਹਤ ਸਿਰਫ਼ ਡਾਕਟਰੀ ਵਿਸ਼ਾ ਨਹੀਂ, ਸਗੋਂ ਜਾਗਰੂਕਤਾ ਅਤੇ ਰੋਜ਼ਾਨਾ ਜੀਵਨ ਵਿੱਚ ਸਿਹਤਮੰਦ ਚੋਣਾਂ ਨਾਲ ਜੁੜੀ ਜ਼ਿੰਮੇਵਾਰੀ ਹੈ।

# ਹਜ਼ਾਰਾਂ ਨਮ ਅੱਖਾਂ ਵੱਲੋਂ ਅਧਿਆਪਕ ਤੇ ਲੇਖਕ ਕੇ ਐੱਲ ਗਰਗ ਨੂੰ ਅੰਤਮ ਵਿਦਾਇਗੀ

**ਮੋਗਾ (ਇਕਬਾਲ ਸਿੰਘ ਖਹਿਰਾ)**- ਅਧਿਆਪਨ ਤੇ ਹਾਸ ਵਿਅੰਗ ਵਿੱਚ ਆਪਣੀ ਅਮਿੱਟ ਛਾਪ ਛੱਡਣ ਵਾਲੇ ਕੇ ਐੱਲ ਗਰਗ ਸੰਖੇਪ ਜਿਹੀ ਬਿਮਾਰੀ ਤੋਂ ਬਾਅਦ ਇਸ ਫਾਨੀ

**● ਗਗਨਦੀਪ ਗਰਗ ਨੇ ਦਿੱਤੀ ਪਿਤਾ ਦੀ ਚਿਤਾ ਨੂੰ ਅਗਨੀ**

ਸੰਸਾਰ ਨੂੰ ਸਦਾ ਲਈ ਅਲਵਿਦਾ ਕਹਿ ਗਏ।ਸ਼੍ਰੀ ਕੇ ਐੱਲ ਗਰਗ ਵੱਲੋਂ 80 ਤੋਂ ਵੀ ਵਧੇਰੇ ਕਿਤਾਬਾਂ ਪਾਠਕਾਂ ਦੀ ਝੋਲੀ ਪਾਈਆਂ, ਜਿਨ੍ਹਾਂ ਵਿੱਚ ਕਹਾਣੀ ਸੰਗ੍ਰਹਿ, ਵਿਅੰਗ ਲੇਖ, ਨਾਵਲ ਤੇ ਅੰਗਰੇਜ਼ੀ ਤੋਂ ਪੰਜਾਬੀ ਅਨੁਵਾਦ, ਲਿਖ ਕੇ ਪੰਜਾਬੀ ਸਾਹਿਤ ਵਿੱਚ ਵੱਡਮੁੱਲਾ ਯੋਗਦਾਨ ਹੀ ਨਹੀਂ ਪਾਇਆ, ਬਲਕਿ ਪੰਜਾਬ ਦੀਆਂ ਹੱਦਾਂ ਟੱਪ ਕੇ ਭਾਰਤ ਹੀ ਨਹੀਂ ਵਿਦੇਸ਼ਾਂ ਵਿੱਚ ਵੀ ਮੋਗਾ ਦਾ ਨਾਂ ਰੌਸ਼ਨ ਕੀਤਾ।ਕੇ ਐੱਲ ਗਰਗ, ਜਿੱਥੇ ਸਰਕਾਰਾਂ ਦੀਆਂ ਅਣਦੇਖੀਆਂ 'ਤੇ ਸਮੇਂ ਸਮੇਂ 'ਤੇ ਤੰਜ ਕਸਦੇ ਰਹੇ, ਉੱਥੇ ਹੀ ਏਡਡ ਸਕੂਲ ਟੀਚਰ ਯੂਨੀਅਨ ਦੇ ਆਗੂ ਵਜੋਂ ਕੰਮ ਕਰਦਿਆਂ ਅਧਿਆਪਕਾਂ ਦੇ ਹੱਕਾਂ ਦੀ ਪ੍ਰਾਪਤੀ ਲਈ ਜੇਲਾਂ ਵੀ ਕੱਟੀਆਂ।ਕੇ. ਐੱਲ. ਗਰਗ ਦੀ ਮ੍ਰਿਤਕ ਦੇਹ ਦਾ ਅੰਤਿਮ ਸੰਸਕਾਰ ਸਵਰਗ ਆਸ਼ਰਮ ਗਾਂਧੀ ਰੋਡ ਮੋਗਾ ਵਿਖੇ



ਕੀਤਾ ਗਿਆ। ਉਨ੍ਹਾਂ ਦੀ ਚਿਤਾ ਨੂੰ ਅਗਨੀ ਉਨ੍ਹਾਂ ਦੇ ਸਪੁੱਤਰ ਗਗਨਦੀਪ ਗਰਗ ਵੱਲੋਂ ਦਿੱਤੀ ਗਈ।ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਦੀ ਧਰਮ ਪਤਨੀ ਜਨਕ ਰਾਣੀ ਗਰਗ, ਸਪੁੱਤਰ ਗਗਨਦੀਪ ਗਰਗ ਯੂ ਐੱਸ, ਧੀ ਕਰੁਨਾ ਅਗਰਵਾਲ ਯੂ ਐੱਸ, ਜਵਾਈ ਸਤੀਸ਼ ਕੁਮਾਰ ਅਗਰਵਾਲ, ਧੀ ਵਿਸ਼ਵ ਜੋਤੀ ਰੇਨੂੰ, ਜਵਾਈ ਸੁਭਾਸ਼ ਕੁਮਾਰ ਫਰੀਦਕੋਟ, ਭਰਾ ਤਰਸੇਮ ਲਾਲ ਗਰਗ ਤੇ ਸੁਰਿੰਦਰ ਕੁਮਾਰ ਗਰਗ ਨਾਲ ਦੁੱਖ ਸਾਂਝਾ ਕਰਨ ਵਾਲਿਆਂ ਵਿੱਚ ਸਾਬਕਾ ਮੰਤਰੀ ਡਾ. ਮਾਲਤੀ ਥਾਪਰ, ਡਾ. ਪਵਨ ਥਾਪਰ, ਸਾਬਕਾ ਵਿਧਾਇਕ ਤੇ ਸੀਨੀਅਰ ਕਾਂਗਰਸੀ ਆਗੂ ਵਿਜੇ ਸਾਥੀ, ਕਾਂਗਰਸ ਦੀ ਮੋਗਾ ਦੀ ਹਲਕਾ ਇੰਚਾਰਜ ਮਾਲਵਿਕਾ ਸੂਦ, ਲੇਖਕ ਬਲਦੇਵ ਸਿੰਘ ਸੜਕਨਾਮਾ, ਡਾ. ਸੁਰਜੀਤ ਬਰਾੜ ਘੋਲੀਆ, ਚਰਨਜੀਤ ਸਮਾਲਸਰ, ਜਗੀਰ ਸਿੰਘ ਖੋਖਰ, ਗੁਰਮੀਤ ਕੜਿਆਲਵੀ, ਜਸਬੀਰ ਸਿੰਘ ਕਲਸੀ, ਗੁਰਮੇਲ ਸਿੰਘ ਬੌਡੇ, ਮਾਸਟਰ ਪ੍ਰੇਮ ਕੁਮਾਰ, ਸਰਬਜੀਤ ਕੌਰ, ਚਰਨਜੀਤ ਸਿੰਘ, ਨਵਨੀਤ ਸਿੰਘ ਸੇਖਾ, ਐੱਸ. ਡੀ. ਪਬਲਿਕ ਸਕੂਲ ਪ੍ਰਧਾਨ ਡਾ. ਅਸ਼ੋਕ ਕੁਮਾਰ ਗਰਗ, ਸਕੱਤਰ ਮਹਿੰਦਰ ਜਿੰਦਲ, ਪ੍ਰਿੰਸੀਪਲ ਹਰਪ੍ਰੀਤ ਕੌਰ, ਐੱਸ. ਡੀ. ਸੀਨੀਅਰ ਸੈਕੰਡਰੀ ਸਕੂਲ ਫਾਰ ਗਰਲਜ਼ ਪ੍ਰਿੰਸੀਪਲ ਸੋਨੀਆ ਹਰਸ਼, ਏਡਡ ਸਕੂਲ ਟੀਚਰ ਯੂਨੀਅਨ ਦੇ ਸਾਬਕਾ ਸੂਬਾ ਪ੍ਰਧਾਨ ਗੁਰਚਰਨ ਸਿੰਘ ਚਾਹਲ, ਸਾਬਕਾ ਪ੍ਰਿੰਸੀਪਲ ਪੂਰਨ ਸਿੰਘ ਸੰਧੂ, ਪ੍ਰਿੰਸੀਪਲ ਦਰਸ਼ਨ ਸਿੰਘ, ਬਿਕਰਮ ਸਿੰਘ ਰਾਣਾ, ਏਡਡ ਸਕੂਲ ਟੀਚਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਵੀਨ ਪ੍ਰਵੀਨ, ਆਰੀਆ ਸਕੂਲ ਦੇ ਪ੍ਰਿੰਸੀਪਲ ਤੇ ਸਮੂਹ ਅਧਿਆਪਕ, ਚੇਅਰਮੈਨ ਇੰਦਰਜੀਤ ਸਿੰਘ ਤਲਵੰਡੀ ਭੰਗੇਰੀਆਂ, ਖੱਤਰੀ ਸਭਾ ਦੇ ਪ੍ਰਧਾਨ ਤੇ ਮਜ਼ਦੂਰ ਆਗੂ ਐਡਵੋਕੇਟ ਵਿਜੇ ਧੀਰ, ਡਾ. ਇੰਦਰਵੀਰ ਗਿੱਲ, ਸਿਵਲ ਸਰਜਨ ਮੋਗਾ ਡਾ. ਅਸ਼ੋਕ, ਡਾ. ਨਵਰਾਜ ਸਿੰਘ, ਕ੍ਰਿਸ਼ਨ ਸੂਦ, ਸਾਬਕਾ ਡੀ.ਪੀ.ਆਰ.ਓ ਗਿਆਨ ਸਿੰਘ, ਪ੍ਰਸਿੱਧ ਨਾਟਕਕਾਰ ਮਨੋਜ ਸ਼ਰਮਾ, ਲਿਖਾਰੀ ਸਭਾ ਦੇ ਪ੍ਰਧਾਨ ਡਾ. ਬਲਦੇਵ ਸਿੰਘ ਢਿੱਲੋਂ, ਜਤਿੰਦਰ ਪਾਲ ਸਿੰਘ ਖੰਨਾ, ਅਜੇ ਸੂਦ ਗੋਰਾ, ਕੁਮਾਰ ਸੀਗਾ ਖੱਤਰੀ ਸਭਾ ਦੇ ਜ਼ਿਲ੍ਹਾ ਪ੍ਰਧਾਨ ਐੱਲ ਕੇ ਜੈਦਕਾ, ਕ੍ਰਿਸ਼ਨ ਕੁਮਾਰ ਪ੍ਰਧਾਨ ਸੀਨੀਅਰ ਸਿਟੀਜਨ ਮੰਚ, ਚੰਦਰਕਾਂਤ ਕਾਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਹਿਰ ਤੇ ਪਤਵੰਤਿਆਂ ਤੇ ਧਾਰਮਿਕ, ਸਿਆਸੀ, ਸਮਾਜ ਸੇਵੀ ਸੰਸਥਾਵਾਂ ਦੇ ਨੁਮਾਇੰਦਿਆਂ ਵੱਲੋਂ ਸ਼ਮੂਲੀਅਤ ਕੀਤੀ।

# ਵਿਦਿਆਰਥੀਆਂ ਨੇ ਸ਼ੂਟਿੰਗ ਮੁਕਾਬਲਿਆਂ 'ਚ ਗੋਲਡ ਮੈਡਲ ਜਿੱਤੇ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਪੰਡਿਤ ਮਿਥਲੇਸ਼)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਤੇ ਖੇਡ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸਕੂਲ ਸ਼ਾਹਬਾਜ਼ਪੁਰ ਦੇ ਖਿਡਾਰੀਆਂ ਨੇ ਲਗਾਤਾਰ ਚੋਟੀ ਦਾ ਪ੍ਰਦਰਸ਼ਨ ਜਾਰੀ ਰੱਖਦੇ ਹੋਏ ਖੇਡਾਂ ਵਤਨ ਪੰਜਾਬ ਦੀਆਂ ਦੇ ਜਿਲਾ ਪੱਧਰੀ ਸ਼ੂਟਿੰਗ ਮੁਕਾਬਲਿਆਂ ਦੇ ਵਿੱਚ ਚਾਰ ਗੋਲਡ ਮੈਡਲਾਂ ਤੇ ਕਬਜ਼ਾ ਕੀਤਾ। ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ



ਸੰਗਰ ਦੀ ਅਗਵਾਈ ਦੇ ਵਿੱਚ ਸਕੂਲ ਤੇ ਸ਼ੂਟਿੰਗ ਕੋਚ ਪੰਕਜ ਕੁਮਾਰ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਦੇ ਵੱਲੋਂ ਖੇਡਾਂ ਨੂੰ ਉਤਸ਼ਾਹਿਤ ਕਰਨ ਦੇ ਲਈ ਸ਼ੁਰੂ ਕੀਤੀਆਂ ਖੇਡਾਂ ਵਤਨ ਪੰਜਾਬ ਦੀਆਂ ਦੇ ਦੌਰਾਨ ਸਕੂਲ ਦੇ ਚਾਰ ਖਿਡਾਰੀ ਏਕਮ ਨੂਰ ਕੌਰ, ਲਕਸ਼ ਟੰਡਨ ਹਰਕੀਰਤ ਸਿੰਘ ਅਤੇ ਸਿਮਰਨਪ੍ਰੀਤ ਸਿੰਘ ਨੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਚਾਰ ਗੋਲਡ ਮੈਡਲ ਜਿੱਤੇ। ਪ੍ਰਿੰਸੀਪਲ ਸੰਗਰ ਨੇ ਕਿਹਾ ਕਿ ਇਹਨਾਂ ਬੱਚਿਆਂ ਨੇ ਪੰਜਾਬ ਸਕੂਲ ਖੇਡਾਂ ਦੇ ਵਿੱਚ ਵੀ ਸਟੇਟ ਲੈਵਲ ਤੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਅਤੇ ਨੈਸ਼ਨਲ ਪੱਧਰ ਲਈ ਕੁਆਲੀਫਾਈ ਕਰ ਚੁੱਕੇ ਹਨ। ਇਸ ਮੌਕੇ ਤੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਜਗਬੰਧਨ ਸਿੰਘ, ਅਮਰਜੀਤ ਕੌਰ ਸੈਣੀ, ਸੁਰੇਸ਼, ਬਲਦੇਵ, ਹਰਮਿੰਦਰ, ਹਰਜੀਤ, ਵਿਨੇ, ਸੁਸ਼ੀਲ, ਆਰਤੀ, ਰੁਪਿੰਦਰ, ਅਰਚਨਾ, ਗੁਰਪ੍ਰੀਤ, ਕੰਚਨ, ਬਲਜੀਤ, ਪੂਜਾ, ਨੇਹਾ, ਸੁਮਨ, ਪਰਮਜੀਤ, ਸੁਮਿਤ ਅਤੇ ਹੋਰ ਸਟਾਫ ਮੌਜੂਦ ਸੀ।